ਬੁੱਧਵਾਰ, 8 ਜੁਲਾਈ, 2026

24 ਹਾੜ੍ਹ { ਨਾਨਕਸ਼ਾਹੀ 558 / ਬਿਕ੍ਰਮੀ 2083

ਜਿਲਦ/VOL. : 75

ਅੰਕ/NO. : 37

ਰੋਜ਼ਾਨਾ

# ਨਵਾਂ ਜ਼ਮਾਨਾ

DAILY NAWAN ZAMANA • WEDNESDAY, 8 JULY, 2026 ਜਲੰਧਰ

| 'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12


# ਮੋਦੀ ਸਰਕਾਰ ਨੇ ਈ-20 ਪੈਟਰੋਲ ਮੜ੍ਹਨ ਲਈ ਆਟੋ ਕੰਪਨੀਆਂ ਤੋਂ ਝੂਠ ਬੁਲਵਾਇਆ : ਕੇਜਰੀਵਾਲ

**ਨਵੀਂ ਦਿੱਲੀ (ਨਵਾਂ ਜ਼ਮਾਨਾ ਸਰਵਿਸ)**

ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਮੋਦੀ ਸਰਕਾਰ ਨੂੰ ਕਰੜੇ ਹੱਥੀਂ ਲਿਆ ਹੈ।ਉਨ੍ਹਾ ਕਿਹਾ ਕਿ ਸਰਕਾਰ ਨੇ ਆਟੋ ਕੰਪਨੀਆਂ ਮਾਰੂਤੀ ਸੁਜ਼ੂਕੀ, ਟੋਇਟਾ ਕਿਰਲੋਸਕਰ ਅਤੇ ਹੀਰੋ ਮੋਟੋਕਾਰਪ ਤੋਂ ਝੂਠ ਬੁਲਵਾਇਆ ਕਿ ਈ-10 ਵਾਹਨ ਵਿੱਚ ਈ-20 ਦੀ ਵਰਤੋਂ ਨਾਲ ਕੋਈ ਨੁਕਸਾਨ ਨਹੀਂ ਹੋਵੇਗਾ, ਜਦਕਿ ਟੋਇਟਾ, ਮਾਰੂਤੀ ਸਮੇਤ ਹੋਰ ਕੰਪਨੀਆਂ ਨੇ ਓਨਰ ਮੈਨੂਅਲ ਵਿੱਚ ਮੰਨਿਆ ਹੈ ਕਿ 10 ਫੀਸਦੀ ਤੋਂ ਵੱਧ ਐਥਨੌਲ ਦੀ ਵਰਤੋਂ ਨਹੀਂ ਕਰਨੀ ਹੈ। ਉਨ੍ਹਾਂ ਕਿਹਾ, 'ਮੈਂ ਸਾਰੀਆਂ ਆਟੋ ਕੰਪਨੀਆਂ ਨੂੰ ਚਿੱਠੀ ਲਿਖਾਂਗਾ ਅਤੇ ਲਿਖਤੀ ਰੂਪ ਵਿੱਚ ਮੰਗਾਂਗਾ ਕਿ ਉਹ ਈ-20 ਕਾਰਨ ਗੱਡੀ ਦੀ ਮਾਈਲੇਜ ਘਟਣ ਜਾਂ ਪਾਰਟਸ ਖ਼ਰਾਬ ਹੋਣ 'ਤੇ ਭਰਪਾਈ ਕਰਨ ਦਾ ਭਰੋਸਾ ਦੇਣ।ਅਗਲੇ ਹਫ਼ਤੇ ਮੈਂ ਪੀ ਐੱਮ ਨੂੰ ਵੀ ਚਿੱਠੀ ਲਿਖਾਂਗਾ ਅਤੇ ਪੁੱਛਾਂਗਾ ਕਿ ਜੇਕਰ ਕਿਸੇ ਗੱਡੀ ਵਿੱਚ ਕੋਈ ਸਮੱਸਿਆ ਆਉਂਦੀ ਹੈ ਤਾਂ ਉਸ ਦਾ ਹਰਜਾਨਾ ਸਰਕਾਰ ਦੇਵੇਗੀ ਜਾਂ ਕੰਪਨੀ ?'



ਮੰਗਲਵਾਰ 'ਆਪ' ਮੁੱਖ ਦਫ਼ਤਰ ਵਿਖੇ ਪ੍ਰੈੱਸ ਕਾਨਫਰੰਸ ਕਰਦਿਆਂ ਕੇਜਰੀਵਾਲ ਨੇ ਕਿਹਾ ਕਿ ਕੇਂਦਰ ਸਰਕਾਰ ਪੂਰੇ ਦੇਸ਼ 'ਤੇ ਜ਼ਬਰਦਸਤੀ ਈ-20 ਪੈਟਰੋਲ ਮੜ੍ਹ ਰਹੀ ਹੈ। ਰੋਜ਼ ਝੂਠ 'ਤੇ ਝੂਠ ਬੋਲਿਆ ਜਾ ਰਿਹਾ ਹੈ, ਕਦੇ ਇੱਕ ਮੰਤਰੀ ਝੂਠ ਬੋਲ ਰਿਹਾ ਹੈ, ਤਾਂ ਕਦੇ ਦੂਜਾ ਮੰਤਰੀ।ਝੂਠ ਦੇ ਪੁਲੰਦੇ ਬੰਨ੍ਹੇ ਜਾ ਰਹੇ ਹਨ।ਕੇਂਦਰ ਸਰਕਾਰ ਵੱਲੋਂ ਲੋਕਾਂ ਨੂੰ ਮਨਾਉਣ ਅਤੇ ਇਹ ਸਮਝਾਉਣ ਲਈ ਨਵੇਂ-ਨਵੇਂ ਹੱਥਕੰਡੇ ਅਪਨਾਏ ਜਾ ਰਹੇ ਹਨ ਕਿ ਉਹ ਈ-20 ਦੀ ਵਰਤੋਂ ਕਰ ਲੈਣ।

ਕੇਜਰੀਵਾਲ ਨੇ ਕਿਹਾ ਕਿ 3 ਜੁਲਾਈ ਨੂੰ ਕੇਂਦਰ ਸਰਕਾਰ ਨੇ ਛੇ ਆਟੋ ਮੈਨੂਫੈਕਚਰਿੰਗ ਕੰਪਨੀਆਂ ਮਾਰੂਤੀ ਸੁਜ਼ੂਕੀ, ਟੋਇਟਾ ਕਿਰਲੋਸਕਰ, ਹੀਰੋ ਮੋਟੋਕਾਰਪ, ਹੁੰਡਈ ਮੋਟਰ, ਬਜਾਜ ਆਟੋ ਅਤੇ ਟੀ ਵੀ ਐੱਸ ਮੋਟਰ ਕੰਪਨੀ ਨੂੰ ਕਿਹਾ ਕਿ ਉਹ ਪ੍ਰੈੱਸ ਕਾਨਫਰੰਸ ਕਰਨ ਅਤੇ ਜਨਤਾ ਨੂੰ ਦੱਸਣ ਕਿ ਈ-20 ਸਹੀ ਪੈਟਰੋਲ ਹੈ। ਜੇਕਰ ਕਿਸੇ ਦਾ ਵਾਹਨ ਈ-10 ਹੈ, ਤਾਂ ਵੀ ਈ-20 ਚੱਲੇਗਾ।ਉਨ੍ਹਾਂ ਦਾ ਵਾਹਨ ਈ-20 ਨਹੀਂ ਹੈ, ਤਾਂ ਵੀ ਚੱਲੇਗਾ।ਉਨ੍ਹਾਂ ਦਾ ਵਾਹਨ ਜੇਕਰ ਈ-0 ਜਾਂ ਈ-5 'ਤੇ ਚੱਲਣ ਵਾਲਾ ਹੈ, ਤਾਂ ਵੀ ਈ-20 ਪੈਟਰੋਲ ਚੱਲੇਗਾ।

ਛੇ ਵਿੱਚੋਂ ਤਿੰਨ ਕੰਪਨੀਆਂ ਨੇ ਸਰਕਾਰ ਨੂੰ ਇਹ ਕਹਿੰਦੇ ਹੋਏ ਮਨ੍ਹਾ ਕਰ ਦਿੱਤਾ ਕਿ ਉਹ ਇੰਨਾ ਵੱਡਾ ਝੂਠ ਨਹੀਂ ਬੋਲ ਸਕਦੀਆਂ, ਪਰ ਮਾਰੂਤੀ ਸੁਜ਼ੂਕੀ, ਟੋਇਟਾ ਕਿਰਲੋਸਕਰ ਅਤੇ ਹੀਰੋ ਮੋਟੋਕਾਰਪ ਨੇ ਪ੍ਰੈੱਸ ਕਾਨਫਰੰਸ ਵਿੱਚ ਜਨਤਾ ਨਾਲ ਝੂਠ ਬੋਲਿਆ।ਇਹਨਾਂ ਤਿੰਨਾਂ ਦੇ ਨੁਮਾਇੰਦਿਆਂ ਨੇ ਕਿਹਾ ਕਿ ਜੇਕਰ ਕਿਸੇ ਦਾ ਵਾਹਨ ਈ-0,

• ਬਾਕੀ ਸਫਾ 2 'ਤੇ

## ਕੀ ਕਹਿੰਦੇ ਹਨ ਟੋਇਟਾ ਤੇ ਮਾਰੂਤੀ ਦੇ ਓਨਰ ਮੈਨੂਅਲ

ਕੇਜਰੀਵਾਲ ਨੇ ਦੱਸਿਆ ਕਿ ਟੋਇਟਾ ਦਾ ਓਨਰ ਮੈਨੂਅਲ ਕਹਿੰਦਾ ਹੈ ਕਿ ਟੋਇਟਾ 10 ਫੀਸਦੀ ਤੱਕ ਐਥਨੌਲ ਵਾਲੇ ਪੈਟਰੋਲ ਦੀ ਵਰਤੋਂ ਦੀ ਇਜਾਜ਼ਤ ਦਿੰਦਾ ਹੈ। ਉਸ ਵਿੱਚ ਹੇਠਾਂ ਨੋਟ ਵਿੱਚ ਲਿਖਿਆ ਹੈ ਕਿ ਜੇਕਰ ਲੋਕ ਅਲਕੋਹਲ (ਐਥਨੌਲ) ਮਿਲਿਆ ਪੈਟਰੋਲ ਵਰਤਦੇ ਸਮੇਂ ਆਪਣੇ ਵਾਹਨ ਨੂੰ ਚਲਾਉਣ ਦੀ ਸਮਰੱਥਾ ਜਾਂ ਮਾਈਲੇਜ ਤੋਂ ਸੰਤੁਸ਼ਟ ਨਹੀਂ ਹਨ, ਤਾਂ ਉਹਨਾਂ ਨੂੰ ਬਿਨਾਂ ਅਲਕੋਹਲ (ਐਥਨੌਲ) ਵਾਲੇ ਪੈਟਰੋਲ 'ਤੇ ਵਾਪਸ ਆ ਜਾਣਾ ਚਾਹੀਦਾ ਹੈ।ਇਸ ਦਾ ਮਤਲਬ ਇਹ ਹੋਇਆ ਕਿ 10 ਫੀਸਦੀ ਤੋਂ ਵੱਧ ਵਰਤੋਂ ਨਹੀਂ ਕਰਨੀ। 10 ਫੀਸਦੀ ਵਰਤੋਂ ਕਰਨ ਵਿੱਚ ਵੀ ਜੇਕਰ ਦਿੱਕਤ ਆਵੇ, ਤਾਂ ਉਹ ਵੀ ਵਰਤੋਂ ਨਹੀਂ ਕਰਨੀ

• ਬਾਕੀ ਸਫਾ 2 'ਤੇ

# ਰੋਨਾਲਡੋ ਦੀ ਤਮੰਨਾ ਅਧੂਰੀ ਰਹਿ ਗਈ

**ਨਿਊ ਯਾਰਕ (ਨ ਜ਼ ਸ)**

ਸਟਾਰ ਫੁੱਟਬਾਲਰ ਕ੍ਰਿਸਟੀਆਨੋ ਰੋਨਾਲਡੋ ਦਾ ਪੁਰਤਗਾਲ ਅਤੇ ਮੇਜ਼ਬਾਨ ਅਮਰੀਕਾ ਮੰਗਲਵਾਰ ਫੁੱਟਬਾਲ ਵਿਸ਼ਵ ਕੱਪ ਤੋਂ ਬਾਹਰ ਹੋ ਗਏ। ਪੁਰਤਗਾਲ ਸਪੇਨ ਤੋਂ 1-0, ਜਦੋਂ ਕਿ ਅਮਰੀਕਾ ਬੈਲਜੀਅਮ ਤੋਂ 4-1 ਨਾਲ ਹਾਰ ਗਿਆ। ਹਾਰ ਨਾਲ 41 ਸਾਲਾ ਰੋਨਾਲਡੋ ਦਾ ਵਿਸ਼ਵ ਕੱਪ ਜਿੱਤਣ ਦਾ ਸੁਫਨਾ ਪੂਰਾ ਨਹੀਂ ਹੋ ਸਕਿਆ। ਉਹ ਰੋ ਪਿਆ, ਪਰ ਡਲਾਸ ਸਟੇਡੀਅਮ ਵਿੱਚ ਉਸ ਦੇ ਦੀਵਾਨਿਆਂ ਨੇ ਖੜ੍ਹੇ ਹੋ ਕੇ ਤਾੜੀਆਂ ਮਾਰ ਕੇ ਉਸ ਦਾ ਹੌਸਲਾ ਵਧਾਇਆ। ਸਪੇਨ ਵਿਸ਼ਵ ਕੱਪ ਦੇ ਇਤਿਹਾਸ ਵਿੱਚ ਸਭ ਤੋਂ ਲੰਮਾ ਸਮਾਂ ਬਿਨਾਂ ਗੋਲ ਖਾਧਿਆਂ ਖੇਡਿਆ ਹੈ। ਇਹ ਉਸ ਦਾ ਲਗਾਤਾਰ ਛੇਵਾਂ ਮੈਚ ਸੀ, ਜਿਸ ਵਿੱਚ ਵਿਰੋਧੀ ਟੀਮ ਉਸ ਵਿਰੁੱਧ ਗੋਲ ਨਹੀਂ ਕਰ ਸਕੀ। ਸਪੇਨ ਨੇ ਇਟਲੀ (1990) ਅਤੇ ਸਵਿਟਜ਼ਰਲੈਂਡ (2006-10) ਦੇ ਰਿਕਾਰਡ ਨੂੰ ਤੋੜਿਆ ਹੈ। ਦੋਵੇਂ ਟੀਮਾਂ ਲਗਾਤਾਰ ਪੰਜ ਵਿਸ਼ਵ ਕੱਪ ਮੈਚ ਬਿਨਾਂ ਗੋਲ ਖਾਧੇ ਖੇਡੀਆਂ ਸਨ। ਸਪੇਨ ਦੇ 29 ਸਾਲਾ ਗੋਲਕੀਪਰ ਉਨਾਈ ਸਿਮਿਓਨ ਨੇ ਲਗਾਤਾਰ 609 ਮਿੰਟ ਬਿਨਾਂ ਕੋਈ ਗੋਲ ਖਾਧੇ ਨਵਾਂ ਵਿਸ਼ਵ ਕੱਪ ਰਿਕਾਰਡ ਕਾਇਮ ਕੀਤਾ। ਉਸ ਨੇ ਆਸਟਰੀਆ ਵਿਰੁੱਧ ਨਾਕਆਊਟ ਮੈਚ ਵਿੱਚ ਇਟਲੀ ਦੇ ਮਹਾਨ ਗੋਲਕੀਪਰ ਵਾਲਟਰ ਜ਼ੇਂਗਾ ਦੇ 517 ਮਿੰਟ ਦੇ ਰਿਕਾਰਡ ਨੂੰ ਪਾਰ ਕੀਤਾ। ਸਿਮਿਓਨ ਨੇ ਪੁਰਤਗਾਲ ਵਿਰੁੱਧ ਪਹਿਲੇ ਹਾਫ ਵਿੱਚ ਕ੍ਰਿਸਟੀਆਨੋ ਰੋਨਾਲਡੋ ਦੀਆਂ ਦੋ ਕੋਸ਼ਿਸ਼ਾਂ ਨੂੰ ਨਾਕਾਮ ਕਰ ਦਿੱਤਾ। ਇਸ ਵਿੱਚ ਇੱਕ ਸ਼ਾਨਦਾਰ ਡਾਈਵਿੰਗ ਸੇਵ ਵੀ ਸ਼ਾਮਲ ਸੀ, ਜਦੋਂ ਉਸ ਨੇ ਗੇਂਦ ਨੂੰ ਹਵਾ ਵਿੱਚ ਦੋਵਾਂ ਹੱਥਾਂ ਨਾਲ ਫੜ ਲਿਆ। ਇਸ ਮਜ਼ਬੂਤ ਡਿਫੈਂਸ ਦੇ ਕਾਰਨ ਸਪੇਨ ਹੁਣ ਵਿਸ਼ਵ ਕੱਪ ਖਿਤਾਬ ਦੇ ਸਭ ਤੋਂ ਮਜ਼ਬੂਤ ਦਾਅਵੇਦਾਰਾਂ ਵਿੱਚੋਂ ਇੱਕ ਬਣ ਗਿਆ ਹੈ। ਰੋਨਾਲਡੋ ਨੇ 2006 ਵਿੱਚ ਪਹਿਲਾ ਵਿਸ਼ਵ ਕੱਪ ਖੇਡਿਆ ਸੀ। ਉਸ ਨੇ ਉਸ ਟੂਰਨਾਮੈਂਟ ਵਿੱਚ ਪੁਰਤਗਾਲ ਨੂੰ ਸੈਮੀਫਾਈਨਲ ਵਿੱਚ ਪਹੁੰਚਾਇਆ, ਜੋ ਕਿ ਉਸ ਦੇ ਵਿਸ਼ਵ ਕੱਪ ਕੈਰੀਅਰ ਦਾ ਸਭ ਤੋਂ ਵਧੀਆ ਪ੍ਰਦਰਸ਼ਨ ਰਿਹਾ। 2018 ਦੇ ਵਿਸ਼ਵ ਕੱਪ ਵਿੱਚ, ਉਸ ਨੇ ਸਪੇਨ ਵਿਰੁੱਧ ਇੱਕ ਗਰੁੱਪ ਮੈਚ ਵਿੱਚ ਇੱਕ ਯਾਦਗਾਰ ਹੈਟ੍ਰਿਕ ਬਣਾਈ। ਉਸ ਮੈਚ, ਜੋ 3-3 ਨਾਲ ਖਤਮ ਹੋਇਆ, ਨੂੰ ਵਿਸ਼ਵ ਕੱਪ ਇਤਿਹਾਸ ਦੇ ਸਭ ਤੋਂ ਰੋਮਾਂਚਕ ਮੈਚਾਂ ਵਿੱਚੋਂ ਇੱਕ ਮੰਨਿਆ ਜਾਂਦਾ ਹੈ।



ਸੀਏਟਲ ਸਟੇਡੀਅਮ ਵਿੱਚ ਮੇਜ਼ਬਾਨ ਅਮਰੀਕਾ ਨੂੰ ਰੱਖਿਆਤਮਕ ਗਲਤੀਆਂ ਕਾਰਨ ਭਿਆਨਕ ਹਾਰ ਦਾ ਸਾਹਮਣਾ ਕਰਨਾ ਪਿਆ। ਬੈਲਜੀਅਮ ਦੇ ਚਾਰਲਸ ਡੀ ਕੇਟੇਲੇਅਰ ਨੇ ਦੋ ਗੋਲ ਕੀਤੇ ਅਤੇ ਇੱਕ ਹੋਰ ਗੋਲ ਕਰਨ ਵਿੱਚ ਸਹਾਇਤਾ ਕੀਤੀ। ਬੈਲਜੀਅਮ ਨੇ 8ਵੇਂ ਮਿੰਟ ਵਿੱਚ ਲੀਡ ਲੈ ਲਈ। ਚਾਰਲਸ ਡੀ ਕੇਟੇਲੇਅਰ ਨੇ ਇੱਕ ਉਲਝੇ ਹੋਏ ਅਮਰੀਕੀ ਡਿਫੈਂਸ ਦਾ ਫਾਇਦਾ ਉਠਾ ਕੇ ਇੱਕ ਆਸਾਨ ਗੋਲ ਕੀਤਾ। 31ਵੇਂ ਮਿੰਟ ਵਿੱਚ ਬ੍ਰੈਂਡਨ ਮੇਖੇਲੇ ਨੇ ਫੋਲਾਰਿਨ ਬਾਲੋਗਨ ਨੂੰ ਫਾਊਲ ਕੀਤਾ, ਜਿਸ ਨਾਲ ਅਮਰੀਕਾ ਨੂੰ ਫ੍ਰੀ ਕਿੱਕ

• ਬਾਕੀ ਸਫਾ 2 'ਤੇ

## ਅਮਰੀਕਾ ਨੂੰ ਹਰਾਉਣ ਤੋਂ ਬਾਅਦ ਬੈਲਜੀਅਮ ਖਿਡਾਰੀਆਂ ਦਾ ਟਰੰਪ ਡਾਂਸ

ਅਮਰੀਕਾ ਦੀ ਵਿਸ਼ਵ ਕੱਪ ਦੀ ਕਹਾਣੀ 48 ਘੰਟਿਆਂ ਵਿੱਚ ਨਾਟਕੀ ਢੰਗ ਨਾਲ ਬਦਲੀ। ਫੀਫਾ ਨੇ ਅਮਰੀਕਾ ਦੇ ਖਿਡਾਰੀ ਫੋਲਾਰਿਨ ਬਾਲੋਗਨ ਨੂੰ ਪਿਛਲੇ ਮੈਚ ਵਿੱਚ ਫਾਊਲ ਕਾਰਨ ਰੈਫਰੀ ਵੱਲੋਂ ਦਿਖਾਏ ਰੈੱਡ ਕਾਰਡ ਨੂੰ ਉਲਟਾ ਦਿੱਤਾ ਸੀ, ਜਿਸ ਨਾਲ ਉਹ ਇੱਕ ਮੈਚ ਲਈ ਬਾਹਰ ਹੋਣ ਦੀ ਥਾਂ ਬੈਲਜੀਅਮ ਵਿਰੁੱਧ ਮੁਕਾਬਲੇ ਲਈ ਉਪਲੱਬਧ ਹੋ ਗਿਆ। ਦਰਅਸਲ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਫੀਫਾ ਪ੍ਰਧਾਨ ਗਿਆਨੀ ਇਨਫੈਂਟੀਨੋ ਨੂੰ ਫੋਨ ਕਰਕੇ ਫੈਸਲਾ ਬਦਲਵਾਇਆ ਸੀ। ਅਮਰੀਕਾ ਨੂੰ ਹਰਾਉਣ ਤੋਂ ਬਾਅਦ ਬੈਲਜੀਅਮ ਖਿਡਾਰੀਆਂ ਦਾ ਟਰੰਪ ਡਾਂਸ ਕਾਫੀ ਵਾਇਰਲ ਹੋ ਰਿਹਾ ਹੈ।




## 38 ਦੋਸ਼ੀਆਂ ਦੀ ਮੌਤ ਦੀ ਸਜ਼ਾ ਬਰਕਰਾਰ

**ਅਹਿਮਦਾਬਾਦ :** ਗੁਜਰਾਤ ਹਾਈ ਕੋਰਟ ਨੇ 2008 ਦੇ ਅਹਿਮਦਾਬਾਦ ਲੜੀਵਾਰ ਬੰਬ ਧਮਾਕਿਆਂ ਦੇ ਮਾਮਲੇ ਵਿੱਚ ਵਿਸ਼ੇਸ਼ ਅਦਾਲਤ ਦੇ ਫੈਸਲੇ ਨੂੰ ਬਰਕਰਾਰ ਰੱਖਿਆ ਹੈ, ਜਿਸ ਵਿੱਚ ਇੰਡੀਅਨ ਮੁਜਾਹਦੀਨ ਨਾਲ ਸੰਬੰਧਤ 38 ਦੋਸ਼ੀਆਂ ਨੂੰ ਮੌਤ ਦੀ ਸਜ਼ਾ ਅਤੇ 11 ਨੂੰ ਉਮਰ ਕੈਦ ਸੁਣਾਈ ਗਈ ਸੀ। ਇਸ ਘਟਨਾ ਵਿੱਚ 56 ਲੋਕਾਂ ਦੀ ਮੌਤ ਹੋ ਗਈ ਸੀ। ਹਾਈ ਕੋਰਟ ਨੇ ਸੂਬਾ ਸਰਕਾਰ ਨੂੰ ਮ੍ਰਿਤਕਾਂ ਦੇ ਪਰਵਾਰਾਂ ਨੂੰ 10 ਲੱਖ ਰੁਪਏ ਅਤੇ ਗੰਭੀਰ ਜ਼ਖ਼ਮੀਆਂ ਨੂੰ 5 ਲੱਖ ਰੁਪਏ ਦਾ ਮੁਆਵਜ਼ਾ 30 ਮਾਰਚ 2027 ਤੱਕ ਦੇਣ ਦੇ ਨਿਰਦੇਸ਼ ਦਿੱਤੇ ਹਨ। ਜਸਟਿਸ ਏ ਵਾਈ ਕੋਗਜੇ ਅਤੇ ਜਸਟਿਸ ਸਮੀਰ ਦਵੇ ਦੀ ਬੈਂਚ ਨੇ ਦੋਸ਼ੀਆਂ ਦੀਆਂ ਅਪੀਲਾਂ ਖਾਰਜ ਕਰ ਦਿੱਤੀਆਂ। ਜ਼ਿਕਰਯੋਗ ਹੈ ਕਿ 26 ਜੁਲਾਈ 2008 ਨੂੰ ਅਹਿਮਦਾਬਾਦ ਦੇ ਵੱਖ-ਵੱਖ ਇਲਾਕਿਆਂ ਵਿੱਚ 70 ਮਿੰਟਾਂ ਦੇ ਅੰਦਰ ਲੜੀਵਾਰ 21 ਬੰਬ ਧਮਾਕੇ ਹੋਏ ਸਨ।

## ਐੱਸ ਆਈ ਆਰ ਨੂੰ ਲੈ ਕੇ ਪੰਜਾਬ 'ਚ ਪਹਿਲੀ ਮੌਤ, ਟੀਚਰ ਨੇ ਨਹਿਰ 'ਚ ਮਾਰੀ ਛਾਲ

**ਗੁਰਦਾਸਪੁਰ :** ਸਰਕਾਰੀ ਪ੍ਰਾਇਮਰੀ ਸਕੂਲ ਭੈਣੀ ਮੀਆਂ ਖਾਂ ਵਿੱਚ ਤਾਇਨਾਤ ਅਧਿਆਪਕ ਗੁਰਪ੍ਰੀਤ ਸਿੰਘ ਵਾਸੀ ਪਿੰਡ ਸੱਲੋਪੁਰ ਨੇ ਭੱਟੀਆਂ ਪੁਲ ਨੇੜੇ ਅਪਰਬਾਰੀ ਦੁਆਬਾ ਨਹਿਰ 'ਚ ਛਾਲ ਮਾਰ ਕੇ ਖੁਦਕੁਸ਼ੀ ਕਰ ਲਈ। ਉਸ ਦੀ ਲਾਸ਼ 5 ਘੰਟਿਆਂ ਬਾਅਦ ਤੁਗਲਵਾਲ ਕੋਲ ਮਿਲੀ।

ਗੁਰਪ੍ਰੀਤ ਦੀ ਕਾਰ ਨਹਿਰ ਦੇ ਕੋਲ ਖੜ੍ਹੀ ਸੀ। ਛਾਲ ਮਾਰਨ ਤੋਂ ਪਹਿਲਾਂ ਉਸ ਨੇ ਆਪਣੇ ਅਧਿਆਪਕ ਸਾਥੀ ਗੁਰਪ੍ਰਤਾਪ ਨੂੰ ਫੋਨ ਕਰਕੇ ਦੱਸਿਆ ਕਿ ਉਹ ਐੱਸ ਆਈ ਆਰ ਵਿੱਚ ਲੱਗੀ ਡਿਊਟੀ ਤੋਂ ਬਹੁਤ ਪਰੇਸ਼ਾਨ ਹੈ। ਇਸ ਕਾਰਨ ਉਹ ਆਤਮ ਹੱਤਿਆ ਕਰਨ ਲੱਗਾ ਹੈ। ਉਸ ਨੇ ਦੱਸਿਆ ਕਿ ਉਸ ਦਾ ਫੋਨ, ਪਰਸ ਤੇ ਕੁਝ ਜ਼ਰੂਰੀ ਮੋਹਰਾਂ ਗੱਡੀ ਵਿੱਚ ਹੀ ਪਈਆਂ ਹਨ। ਗੁਰਪ੍ਰੀਤ ਦੀ ਪਤਨੀ ਵੀ ਸਰਕਾਰੀ ਟੀਚਰ ਹੈ।



## ਕੇਂਦਰ ਸਰਕਾਰ ਕਰੇਗੀ 'ਸਤਲੁਜ' ਦੀ ਸਮੀਖਿਆ

**ਨਵੀਂ ਦਿੱਲੀ :** ਕੇਂਦਰੀ ਸੂਚਨਾ ਅਤੇ ਪ੍ਰਸਾਰਨ ਮੰਤਰਾਲੇ ਦੀ ਇੱਕ ਉੱਚ-ਪੱਧਰੀ ਅੰਤਰ-ਵਿਭਾਗੀ ਕਮੇਟੀ ਦਿਲਜੀਤ ਦੁਸਾਂਝ ਦੀ ਮਨੁੱਖੀ ਅਧਿਕਾਰਾਂ ਦੇ ਪੈਰੋਕਾਰ ਜਸਵੰਤ ਸਿੰਘ ਖਾਲੜਾ ਦੀ ਜ਼ਿੰਦਗੀ 'ਤੇ ਅਧਾਰਿਤ ਬਣੀ ਫ਼ਿਲਮ 'ਸਤਲੁਜ' ਦੀ ਸਮੀਖਿਆ ਕਰੇਗੀ। ਇਸ ਫ਼ਿਲਮ 'ਤੇ ਪਾਬੰਦੀ ਨੂੰ ਲੈ ਕੇ ਉਠੇ ਰੋਹ ਨੂੰ ਦੇਖਦਿਆਂ ਕੇਂਦਰ ਸਰਕਾਰ ਨੇ ਆਪਣੇ ਫ਼ੈਸਲੇ 'ਤੇ ਮੁੜ ਗ਼ੌਰ ਕਰਨ ਲਈ ਕਦਮ ਉਠਾਏ ਹਨ। ਅੰਤਰ ਵਿਭਾਗੀ ਕਮੇਟੀ ਹੁਣ ਇਨਫਰਮੇਸ਼ਨ ਟੈਕਨਾਲੋਜੀ ਐਕਟ ਦੀ ਧਾਰਾ 69-ਏ ਤਹਿਤ ਸਮੀਖਿਆ ਕਰੇਗੀ।

ਯਾਦ ਰਹੇ ਕਿ ਫ਼ਿਲਮ 'ਸਤਲੁਜ' ਨੂੰ ਓ ਟੀ ਟੀ ਪਲੇਟਫ਼ਾਰਮ ਤੋਂ ਐਤਵਾਰ ਦੀ ਰਾਤ ਨੂੰ ਹਟਾ ਦਿੱਤਾ ਗਿਆ ਸੀ। ਕੇਂਦਰ ਸਰਕਾਰ ਦੀ ਸਮੀਖਿਆ ਮਗਰੋਂ ਹੁਣ ਫ਼ਿਲਮ ਤੋਂ ਪਾਬੰਦੀ ਹਟਣ ਦੀ ਸੰਭਾਵਨਾ ਬਣ ਸਕਦੀ ਹੈ।

## ਭਾਜਪਾ ਰਾਜ 'ਚ ਨਕਲੀ ਮੰਗਲ ਸੂਤਰ ਵੰਡ'ਤੇ

**ਰਾਏਪੁਰ (ਨ ਜ਼ ਸ)**-ਛੱਤੀਸਗੜ੍ਹ ਦੇ ਕੋਰੀਆ ਜ਼ਿਲ੍ਹੇ ਦੇ ਖੜਗਵਾਂ ਦੇ ਮਹਾਮਾਇਆ ਮੰਦਰ ਕੰਪਲੈਕਸ ਵਿੱਚ 'ਮੁੱਖ ਮੰਤਰੀ ਕੰਨਿਆ ਸਮੂਹਕ ਵਿਆਹ ਯੋਜਨਾ' ਦੇ ਪ੍ਰੋਗਰਾਮ ਵਿੱਚ ਗਰੀਬ ਲਾੜੀਆਂ ਨੂੰ ਅਸਲੀ ਦੀ ਥਾਂ ਨਕਲੀ ਚਾਂਦੀ ਦੇ ਮੰਗਲ ਸੂਤਰ ਦਿੱਤੇ ਗਏ, ਜਿਹੜੇ ਦੋ ਹਫਤਿਆਂ ਬਾਅਦ ਕਾਲੇ ਪੈ ਗਏ। ਜਾਂਚ ਕਰਨ ਤੋਂ ਬਾਅਦ ਇਸ ਲਈ ਮਹਿਲਾ ਅਤੇ ਬਾਲ ਵਿਕਾਸ ਵਿਭਾਗ ਦੇ ਜ਼ਿਲ੍ਹਾ ਪ੍ਰੋਗਰਾਮ ਅਧਿਕਾਰੀ ਆਦਿਤਿਆ ਸ਼ਰਮਾ ਨੂੰ ਭ੍ਰਿਸ਼ਟਾਚਾਰ, ਘੋਰ ਲਾਪਰਵਾਹੀ ਅਤੇ ਵਿੱਤੀ ਨਿਯਮਾਂ ਦੀ ਸਪੱਸ਼ਟ ਉਲੰਘਣਾ ਲਈ ਦੋਸ਼ੀ ਠਹਿਰਾਇਆ ਗਿਆ ਹੈ। ਕਾਂਗਰਸੀ ਆਗੂਆਂ ਅਤੇ ਪੀੜਤ ਲਾਭਪਾਤਰੀਆਂ ਵੱਲੋਂ ਦਾਇਰ ਰਸਮੀ ਸ਼ਿਕਾਇਤਾਂ ਤੋਂ ਬਾਅਦ ਡੀ ਸੀ ਸੰਤਨ ਦੇਵੀ ਜਾਂਗੜੇ ਨੇ ਜਾਂਚ ਕਰਵਾਈ ਸੀ। ਜਾਂਚ ਰਿਪੋਰਟ ਮੁਤਾਬਕ ਮਹਿਲਾ ਅਤੇ ਬਾਲ ਵਿਕਾਸ ਵਿਭਾਗ ਨੇ ਵਿਆਹ ਤੋਂ ਬਾਅਦ ਦੇ ਤੋਹਫਿਆਂ ਅਤੇ ਮੰਗਲ ਸੂਤਰਾਂ ਦੀ ਲਾਜ਼ਮੀ ਤਸਦੀਕ ਨੂੰ ਪੂਰੀ ਤਰ੍ਹਾਂ ਬਾਈਪਾਸ ਕਰ ਦਿੱਤਾ।

## ਰੁਲਦੂ ਸਿੰਘ ਮਾਨਸਾ ਦੀ ਸਿਹਤ ਵਿਗੜੀ

**ਮਾਨਸਾ :** ਸੰਯੁਕਤ ਕਿਸਾਨ ਮੋਰਚੇ ਦੇ ਮੁੱਖ ਆਗੂ ਅਤੇ ਪੰਜਾਬ ਕਿਸਾਨ ਯੂਨੀਅਨ ਦੇ ਸੂਬਾ ਪ੍ਰਧਾਨ, ਜਿਨ੍ਹਾ ਨੂੰ ਲੋਕ 'ਖੂੰਡੇ ਵਾਲਾ ਬਾਬਾ' ਦੇ ਨਾਂਅ ਨਾਲ ਵੀ ਜਾਣਦੇ ਹਨ, ਰੁਲਦੂ ਸਿੰਘ ਮਾਨਸਾ ਦੀ ਸਿਹਤ ਅਚਾਨਕ ਖ਼ਰਾਬ ਹੋ ਗਈ। ਉਨ੍ਹਾ ਨੂੰ ਲੁਧਿਆਣਾ ਦੇ ਡੀ ਐੱਮ ਸੀ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ ਹੈ। ਉਨ੍ਹਾ ਨੂੰ ਨਮੂਨੀਆ ਤੇ ਛਾਤੀ ਦੀ ਇਨਫੈਕਸ਼ਨ ਹੈ। ਉਨ੍ਹਾ ਦਾ ਹਾਲ-ਚਾਲ ਪੁੱਛਣ ਲਈ ਕਿਸਾਨ ਮੋਰਚੇ ਦੇ ਸੀਨੀਅਰ ਆਗੂ ਬਲਬੀਰ ਸਿੰਘ ਰਾਜੇਵਾਲ ਤੇ ਚਰਨਜੀਤ ਸਿੰਘ ਚੰਨੀ ਹਸਪਤਾਲ ਪਹੁੰਚੇ।

## ਜ਼ਮੀਨ ਖਿਸਕਣ ਨਾਲ ਭਾਰੀ ਤਬਾਹੀ

**ਵਾਇਨਾਡ :** ਮੰਗਲਵਾਰ ਨੂੰ ਕੇਰਲ ਦੇ ਵਾਇਨਾਡ ਵਿੱਚ ਜ਼ਮੀਨ ਖਿਸਕਣ ਕਾਰਨ ਦੋ ਲੋਕਾਂ ਦੀ ਮੌਤ ਹੋ ਗਈ ਅਤੇ 7 ਹੋਰ ਜ਼ਖਮੀ ਹੋ ਗਏ। ਭਾਰਤੀ ਮੌਸਮ ਵਿਭਾਗ ਨੇ ਜ਼ਿਲ੍ਹੇ ਲਈ ਰੈੱਡ ਅਲਰਟ ਜਾਰੀ ਕੀਤਾ ਹੈ। ਮੇਪਾਡੀ ਨੇੜੇ ਕਲਾਡੀ ਵਿਖੇ ਜ਼ਮੀਨ ਖਿਸਕਣ ਨਾਲ ਇੱਕ ਚੱਲ ਰਹੇ ਸੁਰੰਗ ਪ੍ਰੋਜੈਕਟ ਵਿੱਚ ਕਈ ਮਜ਼ਦੂਰ ਫਸ ਗਏ ਹਨ। ਇਕ ਨਿਊਜ਼ ਏਜੰਸੀ ਨੇ ਮੁੱਖ ਮੰਤਰੀ ਵੀ ਡੀ ਸਤੀਸਨ ਦੇ ਹਵਾਲੇ ਨਾਲ ਦੱਸਿਆ ਕਿ 7 ਮਜ਼ਦੂਰ ਅਜੇ ਵੀ ਲਾਪਤਾ ਹਨ। ਸਤੀਸਨ ਨੇ ਕਿਹਾ ਕਿ ਇਹ ਇੱਕ ਮੰਦਭਾਗੀ ਘਟਨਾ ਹੈ ਤੇ ਬਚਾਅ ਯਤਨ ਜਾਰੀ ਹਨ।

## ਚੰਪਤ ਰਾਏ ਤੇ ਅਨਿਲ ਮਿਸ਼ਰਾ ਟਰੱਸਟ 'ਚੋਂ ਵੀ ਬਾਹਰ

**ਅਯੁੱਧਿਆ (ਨ ਜ਼ ਸ)**

ਸ੍ਰੀ ਰਾਮ ਜਨਮ ਭੂਮੀ ਤੀਰਥ ਖੇਤਰ ਟਰੱਸਟ ਨੇ ਮੰਗਲਵਾਰ ਸਪੱਸ਼ਟ ਕੀਤਾ ਕਿ ਚੰਪਤ ਰਾਏ ਅਤੇ ਅਨਿਲ ਮਿਸ਼ਰਾ ਦੇ ਅਸਤੀਫੇ ਸੋਮਵਾਰ ਨੂੰ ਮਨਜ਼ੂਰ ਹੋਣ ਤੋਂ ਬਾਅਦ ਉਹ ਹੁਣ ਟਰੱਸਟ ਦੇ ਮੈਂਬਰ ਨਹੀਂ ਰਹੇ। ਟਰੱਸਟ ਨੇ ਦੱਸਿਆ ਕਿ ਕ੍ਰਿਸ਼ਨਾ ਮੋਹਨ ਨੂੰ ਫਿਲਹਾਲ ਅੰਤਰਮ ਜਨਰਲ ਸਕੱਤਰ ਨਿਯੁਕਤ ਕੀਤਾ ਗਿਆ ਹੈ। 22 ਜੁਲਾਈ ਦੀ ਬੈਠਕ ਵਿੱਚ ਉਨ੍ਹਾ ਨੂੰ ਪੱਕਾ ਕਰਨ ਅਤੇ ਹੋਰ ਖਾਲੀ ਅਹੁਦਿਆਂ 'ਤੇ ਨਿਯੁਕਤੀਆਂ ਬਾਰੇ ਫੈਸਲਾ ਲਿਆ ਜਾ ਸਕਦਾ ਹੈ। ਟਰੱਸਟ ਨੇ ਗੋਪਾਲ ਨਾਗਰਾਕੱਟੇ (ਗੋਪਾਲ ਰਾਓ) ਨੂੰ ਵੀ ਵਿਸ਼ੇਸ਼ ਤੌਰ 'ਤੇ ਸੱਦੇ ਜਾਣ ਵਾਲੇ ਮੈਂਬਰਾਂ ਦੀ ਸੂਚੀ ਵਿੱਚੋਂ ਹਟਾਉਣ ਦਾ ਫੈਸਲਾ ਕੀਤਾ ਹੈ।

ਦਾਨ ਰਾਸ਼ੀ ਵਿੱਚ ਗਬਨ ਦੇ ਦੋਸ਼ਾਂ ਤੋਂ ਬਾਅਦ ਜਨਰਲ ਸਕੱਤਰ ਚੰਪਤ ਰਾਏ ਅਤੇ ਅਨਿਲ ਮਿਸ਼ਰਾ ਨੇ ਅਸਤੀਫੇ ਦਿੱਤੇ ਸਨ। ਇਸੇ ਦੌਰਾਨ ਚੰਪਤ ਰਾਏ ਦੇ ਅਸਤੀਫੇ ਨੂੰ ਲੈ ਕੇ ਇੱਕ ਨਵਾਂ ਵਿਵਾਦ ਖੜ੍ਹਾ ਹੋ ਗਿਆ ਹੈ। ਟਰੱਸਟੀ ਮਹੰਤ ਦਿਨੇਂਦਰ ਦਾਸ ਨੇ

• ਬਾਕੀ ਸਫਾ 2 'ਤੇ

## 'ਕਾਕਰੋਚਾਂ' ਦੀ ਵੱਡੀ ਜਿੱਤ, ਐੱਕਸ ਅਕਾਊਂਟ ਅਨਬਲੌਕ

**ਨਵੀਂ ਦਿੱਲੀ :** ਦਿੱਲੀ ਹਾਈ ਕੋਰਟ ਨੇ ਮੰਗਲਵਾਰ 'ਕਾਕਰੋਚ ਜਨਤਾ ਪਾਰਟੀ' ਦੇ ਐੱਕਸ ਅਕਾਊਂਟ ਨੂੰ ਬਹਾਲ ਕਰਨ ਦਾ ਹੁਕਮ ਦਿੱਤਾ ਹੈ। ਅਦਾਲਤ ਨੇ ਮੰਨਿਆ ਕਿ ਨੀਟ ਪ੍ਰੀਖਿਆ ਖ਼ਤਮ ਹੋਣ ਤੋਂ ਬਾਅਦ ਹੁਣ ਉਹ ਚਿੰਤਾ ਬਾਕੀ ਨਹੀਂ ਰਹੀ, ਜਿਸ ਕਾਰਨ ਇਸ ਅਕਾਊਂਟ ਨੂੰ ਬਲੌਕ ਕੀਤਾ ਗਿਆ ਸੀ। ਜਸਟਿਸ ਸਵਰਨ ਕਾਂਤਾ ਸ਼ਰਮਾ ਨੇ ਪਾਰਟੀ ਦੇ ਸੰਸਥਾਪਕ ਅਭਿਜੀਤ ਦੀਪਕੇ ਵੱਲੋਂ ਅਕਾਊਂਟ ਬਲੌਕ ਕਰਨ ਦੇ ਫੈਸਲੇ ਨੂੰ ਚੁਣੌਤੀ ਦੇਣ ਵਾਲੀ ਪਟੀਸ਼ਨ ਨੂੰ ਮਨਜ਼ੂਰੀ ਦੇ ਦਿੱਤੀ ਹੈ। ਸੁਣਵਾਈ ਦੌਰਾਨ ਭਾਰਤ ਦੇ ਸਾਲੀਸਿਟਰ ਜਨਰਲ ਤੁਸ਼ਾਰ ਮਹਿਤਾ ਨੇ ਦਲੀਲ ਦਿੱਤੀ ਕਿ ਕੇਂਦਰ ਸਰਕਾਰ ਦੀ ਮੁੱਖ ਚਿੰਤਾ ਇਹ ਸੀ ਕਿ ਇਸ ਅਕਾਊਂਟ 'ਤੇ ਪਾਈਆਂ ਜਾਣ ਵਾਲੀਆਂ ਪੋਸਟਾਂ ਨੀਟ ਪ੍ਰੀਖਿਆ ਦੌਰਾਨ ਵਿਦਿਆਰਥੀਆਂ ਅਤੇ ਮਾਪਿਆਂ ਵਿੱਚ ਭੰਬਲਭੂਸਾ ਜਾਂ ਹਫੜਾ-ਦਫੜੀ ਪੈਦਾ ਕਰ ਸਕਦੀਆਂ ਹਨ। ਕੇਂਦਰ ਦੀ ਇਸ ਦਲੀਲ ਦਾ ਨੋਟਿਸ ਲੈਂਦਿਆਂ ਅਦਾਲਤ ਨੇ ਕਿਹਾ ਕਿ ਕਿਉਂਕਿ ਪ੍ਰੀਖਿਆ ਹੁਣ ਖ਼ਤਮ ਹੋ ਚੁੱਕੀ ਹੈ, ਇਸ ਲਈ ਕੇਂਦਰ ਸਰਕਾਰ ਵੱਲੋਂ ਜਤਾਈ ਗਈ ਚਿੰਤਾ ਹੁਣ ਪ੍ਰਾਸੰਗਿਕ ਨਹੀਂ ਰਹੀ।

ਅਦਾਲਤ ਨੇ ਕਾਕਰੋਚ ਜਨਤਾ ਪਾਰਟੀ ਦੇ ਐਗਰ ਅਕਾਊਂਟ ਨੂੰ ਤੁਰੰਤ ਖੋਲ੍ਹਣ ਦਾ ਨਿਰਦੇਸ਼ ਦਿੱਤਾ। ਪਾਰਟੀ ਦੇ ਸੰਸਥਾਪਕ ਅਭਿਜੀਤ ਦੀਪਕੇ ਨੇ ਇਸ ਫੈਸਲੇ 'ਤੇ ਪ੍ਰਤੀਕਿਰਿਆ ਦਿੰਦੇ ਹੋਏ ਆਪਣੇ ਐੱਕਸ ਅਕਾਊਂਟ 'ਤੇ ਪੋਸਟ ਕੀਤਾ, 'ਕਾਕਰੋਚ ਜਨਤਾ ਪਾਰਟੀ ਲਈ ਇੱਕ ਵੱਡੀ ਜਿੱਤ, ਦਿੱਲੀ ਹਾਈ ਕੋਰਟ ਨੇ ਸਾਡੇ ਅਸਲੀ ਐੱਕਸ ਅਕਾਊਂਟ ਨੂੰ ਅਨਬਲੌਕ ਕਰਨ ਦਾ ਹੁਕਮ ਦਿੱਤਾ ਹੈ। ਇਹ ਨਾ ਸਿਰਫ਼ ਸੀ ਜੇ ਪੀ ਤੇ ਸਾਡੀ ਮੁਹਿੰਮ ਲਈ, ਬਲ ਕਿ ਪ੍ਰਗਟਾਵੇ ਦੀ ਆਜ਼ਾਦੀ ਅਤੇ ਡਿਜੀਟਲ ਅਧਿਕਾਰਾਂ ਦੀ ਵੀ ਇੱਕ ਵੱਡੀ ਜਿੱਤ ਹੈ। ਅਸੀਂ ਆਨਲਾਈਨ ਅਤੇ ਆਫਲਾਈਨ ਦੋਵਾਂ ਤਰੀਕਿਆਂ ਨਾਲ ਨੌਜਵਾਨਾਂ ਦੀ ਆਵਾਜ਼ ਬੁਲੰਦ ਕਰਨਾ ਜਾਰੀ ਰੱਖਾਂਗੇ।'

## ਖੇਤੀ ਤੇ ਪੇਂਡੂ ਕਾਮਿਆਂ ਦੀਆਂ ਜਥੇਬੰਦੀਆਂ ਵੱਲੋਂ ਭੁੱਖ ਹੜਤਾਲੀ ਵਾਂਗਚੁੱਕ ਤੇ ਵਿਦਿਆਰਥੀਆਂ ਨਾਲ ਇਕਜੁਟਤਾ ਦਾ ਪ੍ਰਗਟਾਵਾ

**ਜਲੰਧਰ (ਗਿਆਨ ਸੈਦਪੁਰੀ)**

ਕੁਲ ਹਿੰਦ ਖੇਤ ਮਜ਼ਦੂਰ ਯੂਨੀਅਨ ਦੇ ਜਨਰਲ ਸਕੱਤਰ ਬੀ. ਵੈਂਕਟ ਤੇ ਸਾਹਿਲ, ਭਾਰਤੀ ਖੇਤ ਮਜ਼ਦੂਰ ਯੂਨੀਅਨ ਦੇ ਜਨਰਲ ਸਕੱਤਰ ਗੁਲਜ਼ਾਰ ਸਿੰਘ ਗੋਰੀਆ ਨੇ ਸੋਨਮ ਵਾਂਗਚੁੱਕ ਅਤੇ 22 ਵਿਦਿਆਰਥੀਆਂ ਨਾਲ ਇੱਕਜੁਟਤਾ ਦਾ ਪ੍ਰਗਟਾਵਾ ਕੀਤਾ ਹੈ, ਜਿਹੜੇ ਜੰਤਰ ਮੰਤਰ ਦਿੱਲੀ ਵਿਖੇ ਭੁੱਖ ਹੜਤਾਲ 'ਤੇ ਬੈਠੇ ਹਨ। ਉਕਤ ਆਗੂਆਂ ਦਾ ਇੱਕ ਸਾਂਝਾ ਵਫ਼ਦ ਜੰਤਰ-ਮੰਤਰ ਵਿਖੇ ਉਸ ਥਾਂ 'ਤੇ ਜਾ ਕੇ ਮਿਲਿਆ, ਜਿੱਥੇ ਸੋਨਮ ਵਾਂਗਚੁੱਕ ਤੇ 22 ਵਿਦਿਆਰਥੀ ਭੁੱਖ ਹੜਤਾਲ ਰਾਹੀਂ ਸਖ਼ਤ ਰੋਸ ਪ੍ਰਗਟ ਕਰ ਰਹੇ ਹਨ। ਕਮਿਊਨਿਸਟ ਆਗੂਆਂ ਨੇ ਉਨ੍ਹਾਂ ਸੈਂਕੜੇ ਵਿਦਿਆਰਥੀਆਂ ਨਾਲ ਵੀ ਯਕਯਹਿਤੀ ਦਾ ਪ੍ਰਗਟਾਵਾ ਕੀਤਾ, ਜਿਹੜੇ ਕੇਂਦਰੀ ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਦੇ ਅਸਤੀਫੇ ਦੀ ਮੰਗ ਕਰ ਰਹੇ ਹਨ। ਆਗੂਆਂ

• ਬਾਕੀ ਸਫਾ 2 'ਤੇ




## ਕੈਨੇਡਾ ਵਿੱਚ ਦੋ ਪੰਜਾਬੀ ਨੌਜਵਾਨਾਂ ਦੀ ਨਹਿਰ 'ਚ ਡੁੱਬਣ ਕਾਰਨ ਮੌਤ

**ਬਾਬਾ ਬਕਾਲਾ ਸਾਹਿਬ (ਨਿਰਮਲ ਸਿੰਘ ਸੰਘਾ)**-ਪੰਜਾਬ ਦੇ ਦੋ ਨੌਜਵਾਨਾਂ ਦੀ ਮਾਂਟਰੀਅਲ ਦੀ ਲਾਚੀਨੇ ਨਹਿਰ ਵਿੱਚ ਡੁੱਬਣ ਕਾਰਨ ਮੌਤ ਹੋ ਗਈ। ਮ੍ਰਿਤਕਾਂ ਦੀ ਪਛਾਣ ਤਪਾ ਮੰਡੀ ਦੇ 26 ਸਾਲਾ ਲਵਪ੍ਰੀਤ ਸਿੰਘ ਅਤੇ ਬਾਬਾ ਬਕਾਲਾ ਸਾਹਿਬ ਦੇ ਪਿੰਡ ਨੌਰੰਗਪੁਰ-ਬੁਤਾਲਾ ਦੇ 23 ਸਾਲਾ ਯੋਗਰਾਜ ਸਿੰਘ ਯੁਵੀ ਵਜੋਂ ਹੋਈ ਹੈ। ਯੋਗਰਾਜ ਦਾ ਅਚਾਨਕ ਪੈਰ ਫਿਸਲ ਗਿਆ ਤੇ ਲਵਪ੍ਰੀਤ ਸਿੰਘ ਨੇ ਉਸ ਨੂੰ ਬਚਾਉਣ ਲਈ ਛਾਲ ਮਾਰ ਦਿੱਤੀ, ਪਰ ਉਹ ਵੀ ਬਚਾਉਂਦਾ-ਬਚਾਉਂਦਾ ਨਹਿਰ ਵਿੱਚ ਡੁੱਬ ਗਿਆ। ਸੁਖਰਾਜ ਸਿੰਘ ਤੇ ਜਸਵੰਤ ਕੌਰ ਦਾ ਪੁੱਤਰ ਬੀ ਏ ਪਾਸ ਯੁਵੀ ਅਗਸਤ 2023 ਵਿੱਚ ਕੈਨੇਡਾ ਗਿਆ ਸੀ। ਉਸ ਦਾ ਦੂਜਾ ਭਰਾ ਜਸ਼ਨਪ੍ਰੀਤ ਸਿੰਘ ਦੁਬਈ ਵਿੱਚ ਹੈ।



ਇਸ ਘਟਨਾ ਨੇ ਤਪਾ ਮੰਡੀ ਦੇ ਸਾਬਕਾ ਫੌਜੀ ਬਲਵੀਰ ਸਿੰਘ ਦੇ ਪਰਵਾਰ ਨੂੰ ਵੀ ਝੰਜੋੜ ਕੇ ਰੱਖ ਦਿੱਤਾ ਹੈ। ਲਵਪ੍ਰੀਤ ਸਿੰਘ ਮਾਪਿਆਂ ਦਾ ਇਕਲੌਤਾ ਪੁੱਤਰ ਸੀ। ਕਰੀਬ ਦੋ-ਢਾਈ ਸਾਲ ਪਹਿਲਾਂ ਹੀ ਵਰਕ ਪਰਮਿਟ 'ਤੇ ਕੈਨੇਡਾ ਗਿਆ ਲਵਪ੍ਰੀਤ ਮਾਂਟਰੀਅਲ 'ਚ ਟਰਾਲਾ ਡਰਾਈਵਰ ਵਜੋਂ ਕੰਮ ਕਰ ਰਿਹਾ ਸੀ।

## ਇੰਡੋਨੇਸ਼ੀਆ ਨੂੰ 'ਬ੍ਰਹਮੋਸ' ਦੇਵੇਗਾ ਭਾਰਤ

**ਨਵੀਂ ਦਿਲੀ :** ਭਾਰਤ ਅਤੇ ਇੰਡੋਨੇਸ਼ੀਆ ਵਿਚਾਲੇ ਦੁਵੱਲੇ ਅਤੇ ਰੱਖਿਆ ਸਬੰਧਾਂ ਨੂੰ ਹੋਰ ਮਜ਼ਬੂਤ ਕਰਦਿਆਂ ਇੱਕ ਵੱਡਾ ਫੈਸਲਾ ਲਿਆ ਗਿਆ ਹੈ, ਜਿਸ ਤਹਿਤ ਭਾਰਤ ਹੁਣ ਇੰਡੋਨੇਸ਼ੀਆ ਫੌਜ ਨੂੰ ਸੁਪਰਸੋਨਿਕ 'ਬ੍ਰਹਮੋਸ ਮਿਜ਼ਾਈਲਾਂ' ਸਪਲਾਈ ਕਰੇਗਾ। ਮੰਗਲਵਾਰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਇੰਡੋਨੇਸ਼ੀਆ ਦੇ ਰਾਸ਼ਟਰਪਤੀ ਪ੍ਰਾਬੋਵੋ ਸੁਬੀਆਨਤੋ ਵਿਚਾਲੇ ਜਕਾਰਤਾ ਵਿਖੇ ਹੋਈ ਇੱਕ ਉੱਚ-ਪੱਧਰੀ ਬੈਠਕ ਦੌਰਾਨ ਇਹ ਅਹਿਮ ਸਹਿਮਤੀ ਬਣੀ। ਇਸ ਦੇ ਨਾਲ ਹੀ ਦੋਵਾਂ ਦੇਸ਼ਾਂ ਨੇ ਸਮੁੰਦਰੀ ਸੁਰੱਖਿਆ ਨੂੰ ਹੁਲਾਰਾ ਦੇਣ ਅਤੇ ਮਹੱਤਵਪੂਰਨ ਖਣਿਜਾਂ ਦੀ ਸਪਲਾਈ ਚੇਨ ਨੂੰ ਮਜ਼ਬੂਤ ਕਰਨ ਵਰਗੇ ਅਹਿਮ ਫੈਸਲਿਆਂ 'ਤੇ ਮੋਹਰ ਲਗਾਈ। ਦੋਵਾਂ ਨੇਤਾਵਾਂ ਦੀ ਮੌਜੂਦਗੀ ਵਿੱਚ ਵੱਖ-ਵੱਖ ਖੇਤਰਾਂ, ਜਿਵੇਂ ਕਿ ਤਕਨਾਲੋਜੀ, ਖੁਰਾਕ ਸੁਰੱਖਿਆ, ਦਵਾਈਆਂ, ਸਮੁੰਦਰੀ ਵਪਾਰ ਅਤੇ ਅਹਿਮ ਖਣਿਜਾਂ ਬਾਰੇ ਲਗਭਗ ਇੱਕ ਦਰਜਨ ਅਹਿਮ ਸਮਝੌਤਿਆਂ 'ਤੇ ਦਸਤਖ਼ਤ ਕੀਤੇ ਗਏ।

## ਸਾਬਕਾ ਵਿਧਾਇਕ ਬਲਵਿੰਦਰ ਸਿੰਘ ਲਾਡੀ 'ਆਪ' 'ਚ



**ਚੰਡੀਗੜ੍ਹ (ਗੁਰਜੀਤ ਬਿੱਲਾ)**

ਭਾਜਪਾ ਨੂੰ ਮੰਗਲਵਾਰ ਵੱਡਾ ਸਿਆਸੀ ਝਟਕਾ ਲੱਗਾ, ਜਦੋਂ ਸ੍ਰੀ ਹਰਗੋਬਿੰਦਪੁਰ ਦੇ ਸਾਬਕਾ ਵਿਧਾਇਕ ਬਲਵਿੰਦਰ ਸਿੰਘ ਲਾਡੀ ਆਪਣੇ ਸਮਰਥਕਾਂ ਸਮੇਤ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਗਏ। ਇਸ ਮੌਕੇ 'ਆਪ' ਦੇ ਪੰਜਾਬ ਇੰਚਾਰਜ ਮਨੀਸ਼ ਸਿਸੋਦੀਆ, ਪੰਜਾਬ ਪ੍ਰਧਾਨ ਅਮਨ ਅਰੋੜਾ, ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀਆਂ ਅਤੇ ਮੁੱਖ ਮੰਤਰੀ ਭਗਵੰਤ ਮਾਨ ਦੇ ਓ ਐੱਸ ਡੀ ਰਾਜਬੀਰ ਸਿੰਘ ਮੌਜੂਦ ਸਨ। ਬਲਵਿੰਦਰ ਸਿੰਘ ਲਾਡੀ 2017-2022 ਦੌਰਾਨ ਸ੍ਰੀ ਹਰਗੋਬਿੰਦਪੁਰ ਤੋਂ ਕਾਂਗਰਸ ਦੇ ਵਿਧਾਇਕ ਰਹੇ ਹਨ।

## ਅੱਜ-ਨਾਮਾ

ਮੌਸਮ ਮੀਂਹ ਦਾ ਆਇਆ ਈ ਦਰਾਂ ਲਾਗੇ,
ਫਿਕਰ ਲੋਕਾਂ ਨੂੰ ਲੱਗਾ ਪਿਆ ਹੋਣ ਮੀਆਂ।
ਕਿਸੇ ਨੇ ਨਾਲੀ-ਪਰਨਾਲਾ ਹੈ ਚੈੱਕ ਕੀਤਾ,
ਫਿਰ ਤੋਂ ਛੱਤ ਨਾ ਲੱਗ ਜਾਏ ਚੋਣ ਮੀਆਂ।
ਸਾਰੀ ਕਸਰ ਰਹਿੰਦੀ ਕਰ'ਤੀ ਕਿਸੇ ਪੂਰੀ,
ਪਿਛਲੀ ਵਾਰੀ ਦਾ ਧੋਣ ਲਈ ਧੋਣ ਮੀਆਂ।
ਕੁਝ ਤੇ ਕੱਖ ਨਹੀਂ ਕਰਨ ਕਰਾਉਣ ਜੋਗੇ,
ਹਮੇਸ਼ਾ ਮਿਲਣਗੇ ਤਾਂ ਜਿਹੜੇ ਰੋਣ ਮੀਆਂ।
ਸਰਕਾਰੀ ਪੱਖ ਆ ਅਜੇ ਵੀ ਸੁਸਤ ਕਾਫੀ,
ਮੁੱਕਦਾ ਮੀਟਿੰਗਾਂ ਦਾ ਨਹੀਉਂ ਦੌਰ ਮੀਆਂ।
ਮੁਸ਼ਕਲ ਜਿਹੜੀ ਦੇ ਬਾਰੇ ਵੀ ਆਖ ਵੇਖੋ,
ਕਹਿੰਦੇ ਹੋ ਰਿਹਾ ਇਹਦਾ ਵੀ ਗੌਰ ਮੀਆਂ।

-ਤੀਸ ਮਾਰ ਖਾਂ

## ਤਨਖਾਹ-ਪੈਨਸ਼ਨ ਨਾ ਮਿਲਣ 'ਤੇ ਵਿਸ਼ਾਲ ਰੈਲੀ ਤੇ ਰੋਸ ਮਾਰਚ

**ਪਟਿਆਲਾ (ਰਜਿੰਦਰ ਸਿੰਘ ਥਿੰਦ)**

ਇੱਥੇ ਪਟਿਆਲਾ ਬੱਸ ਸਟੈਂਡ ਵਿਖੇ ਪੀ.ਆਰ.ਟੀ.ਸੀ. ਵਰਕਰਜ਼ ਐਕਸ਼ਨ ਕਮੇਟੀ ਦੇ ਸੱਦੇ 'ਤੇ ਵਰਕਰਾਂ ਦੀਆਂ ਮੰਗਾਂ ਅਤੇ ਤਨਖਾਹਾਂ-ਪੈਨਸ਼ਨ ਦੀ ਅਦਾਇਗੀ ਨਾ ਕੀਤੇ ਜਾਣ ਦੇ ਵਿਰੋਧ ਵਿੱਚ ਮੰਗਲਵਾਰ ਵਿਸ਼ਾਲ ਰੈਲੀ ਅਤੇ ਰੋਸ ਮਾਰਚ ਕੀਤਾ ਗਿਆ।ਰੈਲੀ ਅਤੇ ਰੋਸ ਮਾਰਚ ਦੀ ਅਗਵਾਈ ਸਰਵਸ੍ਰੀ ਨਿਰਮਲ ਸਿੰਘ ਧਲੀਵਾਲ ਕਨਵੀਨਰ ਅਤੇ ਮੈਂਬਰਾਨ ਬਲਦੇਵ ਰਾਜ ਬੱਤਾ, ਹਰਪ੍ਰੀਤ ਸਿੰਘ ਖੱਟੜਾ, ਰਾਕੇਸ਼ ਕੁਮਾਰ ਦਾਤਾਰਪੁਰੀ, ਤਰਸੇਮ ਸਿੰਘ ਅਤੇ ਉਤਮ ਸਿੰਘ ਬਾਗੜੀ ਕਰ ਰਹੇ ਸਨ।



ਐਕਸ਼ਨ ਕਮੇਟੀ ਦੇ ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਔਰਤਾਂ ਲਈ ਦਿੱਤੀਆਂ ਮੁਫ਼ਤ ਸਫਰ ਸਹੂਲਤਾਂ ਬਦਲੇ ਬਣਦੀ ਲੱਗਭੱਗ 700 ਕਰੋੜ ਰੁਪਏ ਦੀ ਰਾਸ਼ੀ ਪੀ.ਆਰ.ਟੀ.ਸੀ. ਨੂੰ ਨਹੀਂ ਦਿੱਤੀ ਜਾ ਰਹੀ, ਜਿਸ ਕਾਰਨ ਪੀ.ਆਰ.ਟੀ.ਸੀ. ਵਿੱਤੀ ਸੰਕਟ ਦਾ ਸ਼ਿਕਾਰ ਹੋ ਗਈ ਹੈ, ਜਿਸ ਦਾ ਖਮਿਆਜ਼ਾ ਹੱਡ ਭੰਨਵੀਂ ਮਿਹਨਤ ਕਰਨ ਵਾਲੇ ਕਰਮਚਾਰੀ ਭੁਗਤ ਰਹੇ ਹਨ, ਜਿਨ੍ਹਾਂ ਨੂੰ ਕਦੇ ਵੀ ਤਨਖਾਹ ਅਤੇ ਪੈਨਸ਼ਨ ਸਮੇਂ ਸਿਰ ਨਹੀਂ ਮਿਲਦੀ।ਇਸ ਤੋਂ ਇਲਾਵਾ ਸੇਵਾ-ਮੁਕਤ ਹੋਏ ਕਰਮਚਾਰੀਆਂ ਨੂੰ ਡੇਢ ਸਾਲ ਤੋਂ ਉਹਨਾਂ ਦੇ ਸੇਵਾ-ਮੁਕਤੀ ਲਾਭ ਨਹੀਂ ਮਿਲ ਰਹੇ, ਮੈਡੀਕਲ ਬਿੱਲਾਂ ਦਾ ਭੁਗਤਾਨ ਨਹੀਂ ਕੀਤਾ ਜਾਂਦਾ, ਪੇ ਕਮਿਸ਼ਨ ਦੇ ਬਕਾਏ ਵੀ ਦੇਣੇ ਸ਼ੁਰੂ ਨਹੀਂ ਕੀਤੇ ਗਏ, ਹੋਰ ਅਨੇਕਾਂ ਕਿਸਮ ਦੇ ਬਕਾਏ ਵੀ ਅਦਾ ਨਹੀਂ ਕੀਤੇ ਜਾ ਰਹੇ।100 ਕਰੋੜ ਰੁਪਏ ਤੋਂ ਵੱਧ ਦੀ ਰਕਮ ਕਰਮਚਾਰੀਆਂ ਦੀ ਬਕਾਇਆ ਦੇ ਰੂਪ ਵਿੱਚ ਖੜੀ ਹੈ, ਜਿਸ ਦੀ ਚਿੰਤਾ ਨਾ ਹੀ ਮੈਨੇਜਮੈਂਟ ਨੂੰ ਹੈ ਤੇ ਨਾ ਹੀ ਹੰਕਾਰ ਦੇ ਘੋੜੇ 'ਤੇ ਸਵਾਰ ਇਸ ਮੁਲਾਜ਼ਮ-ਮਜ਼ਦੂਰ ਵਿਰੋਧੀ ਸਾਬਤ ਹੋ ਚੁੱਕੀ ਸਰਕਾਰ ਨੂੰ ਹੈ।

ਰੈਲੀ ਨੂੰ ਸੰਬੋਧਨ ਕਰਦਿਆਂ ਆਗੂਆਂ ਨੇ ਵਰਕਰਾਂ ਦੀਆਂ ਅਤੇ ਅਦਾਰੇ ਦੀਆਂ ਹੋਰ ਮੰਗਾਂ ਸੰਬੰਧੀ ਕਿਹਾ ਕਿ ਪੰਜਾਬ ਸਰਕਾਰ ਨੇ ਸਾਢੇ ਚਾਰ ਸਾਲ ਦੇ ਸਮੇਂ ਵਿੱਚ ਪੀ.ਆਰ.ਟੀ.ਸੀ. ਦੀ ਆਪਣੀ ਮਾਲਕੀ ਵਾਲੀ ਇੱਕ ਵੀ ਬਸ ਨਹੀਂ ਪੈਣ ਦਿੱਤੀ, ਜਿਸ ਦਾ ਫਾਇਦਾ ਪ੍ਰਾਈਵੇਟ ਬੱਸ ਮਾਫੀਏ ਨੂੰ ਹੋ ਰਿਹਾ ਹੈ। ਕੰਟਰੈਕਟ/ਆਊਟ ਸੋਰਸ ਵਰਕਰਾਂ ਨੂੰ ਅਦਾਲਤ ਵੱਲੋਂ ਰੈਗੂਲਰ ਕਰਨ ਦੇ ਫੈਸਲੇ ਦੀ ਰੋਸ਼ਨੀ ਵਿੱਚ ਸਾਰੇ ਕੰਟਰੈਕਟ ਵਰਕਰਾਂ ਨੂੰ ਰੈਗੂਲਰ ਨਹੀਂ ਕੀਤਾ ਜਾ ਰਿਹਾ, ਇੱਕ ਸਾਲ ਤੋਂ ਵੱਧ ਸਮਾਂ ਹੋ ਚੁੱਕਾ ਹੈ ਟੀ.ਏ./ਡੀ.ਏ. ਰੇਟਾਂ ਵਿੱਚ ਸਰਕਾਰ ਵੱਲੋਂ ਵਾਧਾ ਕੀਤਾ ਗਿਆ ਸੀ, ਪਰ ਪੀ.ਆਰ.ਟੀ.ਸੀ. ਮੈਨੇਜਮੈਂਟ ਨੇ ਅਜੇ ਤੱਕ ਇਹ ਵੀ ਲਾਗੂ ਨਹੀਂ ਕੀਤੇ, ਮਿਤੀ 01.01.2004 ਤੋਂ ਬਾਅਦ ਭਰਤੀ ਹੋਏ ਕੁੱਝ ਕਰਮਚਾਰੀਆਂ ਨੂੰ ਪੁਰਾਣੀ ਪੈਨਸ਼ਨ ਸਕੀਮ ਦਾ ਲਾਭ ਮਿਲਣਾ ਸੀ, ਉਹ ਵੀ ਨਹੀਂ ਦਿੱਤਾ ਜਾ ਰਿਹਾ। ਸੇਵਾ-ਮੁਕਤ ਕਰਮਚਾਰੀਆਂ ਨੂੰ ਹਰ ਦੋ ਸਾਲ ਬਾਅਦ ਇੱਕ ਬੇਸਿਕ ਪੇਅ ਦੇ ਬਰਾਬਰ ਮਿਲਣਯੋਗ ਯਾਤਰਾ ਭੱਤਾ ਨਹੀਂ ਦਿੱਤਾ ਜਾ ਰਿਹਾ, 1992 ਦੀ ਪੈਨਸ਼ਨ ਸਕੀਮ ਤੋਂ ਵਾਂਝੇ

• ਬਾਕੀ ਸਫਾ 2 'ਤੇ

## ਫਾਸ਼ੀਵਾਦੀ ਹਮਲਿਆਂ ਵਿਰੋਧੀ ਫਰੰਟ ਵੱਲੋਂ ਜਨ-ਜਾਗ੍ਰਤੀ ਮੁਹਿੰਮ ਤੇਜ਼ ਕਰਨ ਦਾ ਐਲਾਨ



**ਜਲੰਧਰ (ਰਾਜੇਸ਼ ਥਾਪਾ)**

'ਫਾਸ਼ੀ ਹਮਲਿਆਂ ਵਿਰੋਧੀ ਫਰੰਟ ਪੰਜਾਬ' ਦੀ ਦੇਸ਼ ਭਗਤ ਯਾਦਗਾਰ ਜਲੰਧਰ ਵਿਖੇ ਸੁਖਦਰਸ਼ਨ ਸਿੰਘ ਨੱਤ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ ਨੇ ਆਰ ਐੱਸ ਐੱਸ- ਭਾਜਪਾ ਦੇ ਦੇਸ਼ ਨੂੰ ਪੂਰੀ ਤਰ੍ਹਾਂ ਅਮਰੀਕੀ ਸਾਮਰਾਜ ਤੇ ਕਾਰਪੋਰੇਟ ਘਰਾਣਿਆਂ ਦੇ ਹਵਾਲੇ ਕਰਨ ਦੇ ਕੋਝੇ ਮਨਸੂਬਿਆਂ ਅਤੇ ਸੰਵਿਧਾਨਕ ਲੋਕਤੰਤਰ ਦੀ ਥਾਂ ਤਾਨਾਸ਼ਾਹ ਫਾਸ਼ੀਵਾਦੀ ਨਿਜ਼ਾਮ ਪੱਕਾ ਕਰਨ ਦੇ ਮਨੂੰਵਾਦੀ ਏਜੰਡੇ ਖਿਲਾਫ ਸਿਆਸੀ ਜਾਗਰਤੀ ਮੁਹਿੰਮ ਜ਼ਮੀਨੀ ਪੱਧਰ 'ਤੇ ਹੋਰ ਤੇਜ਼ ਕਰਨ ਦਾ ਨਿਰਣਾ ਲਿਆ ਹੈ।ਮੀਟਿੰਗ ਵਿੱਚ ਆਰ ਐੱਮ ਪੀ ਆਈ. ਵੱਲੋਂ ਮੰਗਤ ਰਾਮ ਪਾਸਲਾ, ਪਰਗਟ ਸਿੰਘ ਜਾਮਾਰਾਏ ਤੇ ਮਹੀਪਾਲ, ਸੀ ਪੀ ਆਈ ਵੱਲੋਂ ਪ੍ਰਿਥੀਪਾਲ ਸਿੰਘ ਮਾੜੀਮੇਘਾ, ਸੀ ਪੀ ਆਈ (ਐੱਮ ਐੱਲ) ਨਿਊ ਡੈਮੋਕ੍ਰੇਸੀ ਵੱਲੋਂ ਅਜਮੇਰ ਸਿੰਘ ਸਮਰਾ ਤੇ ਸ ਸ ਮਾਹਲ, ਸੀ ਪੀ ਆਈ (ਐੱਮ ਐੱਲ) ਲਿਬਰੇਸ਼ਨ ਵੱਲੋਂ ਸੁਖਦੇਵ ਸਿੰਘ ਭਾਮਕਾ, ਐੱਮ ਸੀ ਪੀ ਆਈ-ਯੂ ਵੱਲੋਂ ਕਿਰਨਜੀਤ ਸਿੰਘ ਸੇਖੋਂ ਸ਼ਾਮਲ ਹੋਏ।ਮੀਟਿੰਗ ਨੇ ਲੰਘੀ 22 ਜੂਨ ਨੂੰ ਫਿਰਕੂ-ਫਾਸ਼ੀ ਹੱਲਿਆਂ ਅਤੇ

• ਬਾਕੀ ਸਫਾ 2 'ਤੇ

## ਗੋਲਡੀ ਖੰਗੂੜਾ ਵੱਲੋਂ ਯੂਥ ਕਾਂਗਰਸ ਦੇ ਨਵੇਂ ਅਹੁਦੇਦਾਰਾਂ ਦਾ ਸਨਮਾਨ



**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਹਾਲ ਹੀ 'ਚ ਯੂਥ ਕਾਂਗਰਸ ਦੇ ਚੁਣੇ ਗਏ ਨਵੇਂ ਅਹੁਦੇਦਾਰਾਂ ਦਾ ਸਾਬਕਾ ਵਿਧਾਇਕ ਧੂਰੀ ਦਲਵੀਰ ਸਿੰਘ ਗੋਲਡੀ ਖੰਗੂੜਾ ਨੇ ਆਪਣੇ ਗ੍ਰਹਿ ਵਿਖੇ ਸਨਮਾਨ ਕਰਦਿਆਂ ਮੁਬਾਰਕਬਾਦ ਦਿੱਤੀ।ਸ੍ਰੀ ਗੋਲਡੀ ਖੰਗੂੜਾ ਨੇ ਕਿਹਾ ਕਿ ਯੂਥ ਕਾਂਗਰਸ ਪਾਰਟੀ ਦੀ ਤਾਕਤ ਹੈ ਤੇ ਨੌਜਵਾਨਾਂ ਦੀ ਭੂਮਿਕਾ ਸੰਗਠਨ ਨੂੰ ਨਵੀਂ ਦਿਸ਼ਾ ਤੇ ਊਰਜਾ ਪ੍ਰਦਾਨ ਕਰਦੀ ਹੈ।ਉਨ੍ਹਾਂ ਵਿਸ਼ਵਾਸ ਪ੍ਰਗਟਾਇਆ ਕਿ ਨਵੇਂ ਚੁਣੇ ਗਏ ਅਹੁਦੇਦਾਰ ਪਾਰਟੀ ਦੀ ਵਿਚਾਰਧਾਰਾ ਨੂੰ ਘਰ-ਘਰ ਤੱਕ ਪਹੁੰਚਾਉਣ ਤੇ ਲੋਕਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਪੂਰੀ ਲਗਨ ਤੇ ਜ਼ਿੰਮੇਵਾਰੀ ਨਾਲ ਕੰਮ ਕਰਨਗੇ।ਸ੍ਰੀ ਦਲਵੀਰ ਸਿੰਘ ਗੋਲਡੀ ਖੰਗੂੜਾ ਨੇ ਸਮੂਹ ਨਵੇਂ ਅਹੁਦੇਦਾਰਾਂ ਨੂੰ ਵਧਾਈ ਦਿੰਦਿਆਂ ਆਸ ਪ੍ਰਗਟਾਈ ਕਿ ਉਹ ਯੂਥ ਕਾਂਗਰਸ ਨੂੰ ਹੋਰ ਮਜ਼ਬੂਤ ਬਣਾਉਣ ਤੇ ਲੋਕ ਹਿੱਤਾਂ ਦੀ ਆਵਾਜ਼ ਬੁਲੰਦ ਕਰਨ ਲਈ ਪੂਰੀ ਤਨਦੇਹੀ ਨਾਲ ਕੰਮ ਕਰਨਗੇ।ਉਨ੍ਹਾਂ ਕਿਹਾ ਕਿ ਨੌਜਵਾਨਾਂ ਦੀ ਮਜ਼ਬੂਤ ਟੀਮ ਆਉਣ ਵਾਲੇ ਸਮੇਂ ਵਿੱਚ ਪਾਰਟੀ ਲਈ ਇੱਕ ਵੱਡੀ ਤਾਕਤ ਸਾਬਤ ਹੋਵੇਗੀ।

## ਜਗਦੀਪ ਗੋਲਡੀ ਦੀ ਅਗਵਾਈ ਹੇਠ ਧੰਨਵਾਦੀ ਰੋਡ ਸ਼ੋਅ



**ਜਲਾਲਾਬਾਦ (ਬਲਵਿੰਦਰ ਸਿੰਘ)**-ਨਗਰ ਕੌਂਸਲ ਚੋਣਾਂ 'ਚ ਆਮ ਆਦਮੀ ਪਾਰਟੀ ਨੂੰ ਮਿਲੀ ਸ਼ਾਨਦਾਰ ਜਿੱਤ ਤੋਂ ਬਾਅਦ ਵਿਧਾਇਕ ਜਗਦੀਪ ਕੰਬੋਜ ਗੋਲਡੀ ਦੀ ਅਗਵਾਈ ਹੇਠ ਨਵੇਂ ਚੁਣੇ ਗਏ 12 ਕੌਂਸਲਰਾਂ ਨਾਲ ਇੱਕ ਵਿਸ਼ਾਲ ਧੰਨਵਾਦੀ ਰੋਡ ਸ਼ੋਅ ਕੱਢਿਆ ਗਿਆ।ਸ਼ਹਿਰ ਦੇ ਵੱਖ-ਵੱਖ ਬਾਜ਼ਾਰਾਂ, ਮੁੱਖ ਸੜਕਾਂ ਤੇ ਚੌਕਾਂ ਵਿੱਚ ਹਜ਼ਾਰਾਂ ਲੋਕਾਂ ਨੇ ਫੁੱਲਾਂ ਦੀ ਵਰਖਾ ਕਰਕੇ ਵਿਧਾਇਕ ਤੇ ਜੇਤੂ ਉਮੀਦਵਾਰਾਂ ਦਾ ਨਿੱਘਾ ਸਵਾਗਤ ਕੀਤਾ ਤੇ ਭਾਰੀ ਉਤਸ਼ਾਹ ਨਾਲ ਜਿੱਤ ਦੀਆਂ ਵਧਾਈਆਂ ਦਿੱਤੀਆਂ।ਧੰਨਵਾਦੀ ਰੋਡ ਸ਼ੋਅ ਦੀ ਸ਼ੁਰੂਆਤ ਮਾਰਕੀਟ ਕਮੇਟੀ ਦਫ਼ਤਰ ਤੋਂ ਹੋਈ, ਜੋ ਸ਼ਹਿਰ ਦੇ ਮੁੱਖ ਬਜ਼ਾਰਾਂ 'ਚੋਂ ਹੁੰਦਾ ਹੋਇਆ ਬਾਹਮਣੀ ਵਾਲਾ ਚੁੰਗੀ ਤੱਕ ਪਹੁੰਚਿਆ।ਪੂਰੇ ਰੂਟ ਦੌਰਾਨ ਲੋਕਾਂ ਦੀ ਵੱਡੀ ਭੀੜ ਦੇਖਣ ਨੂੰ ਮਿਲੀ।ਕਈ ਥਾਵਾਂ 'ਤੇ ਨਾਗਰਿਕਾਂ ਨੇ ਖੁਦ ਰੋਡ ਸ਼ੋਅ 'ਚ ਸ਼ਾਮਲ ਹੋ ਕੇ ਆਮ ਆਦਮੀ ਪਾਰਟੀ ਪ੍ਰਤੀ ਆਪਣਾ ਵਿਸ਼ਵਾਸ ਤੇ ਸਮਰਥਨ ਪ੍ਰਗਟਾਇਆ।ਸ਼ਹਿਰ ਦਾ ਮਾਹੌਲ ਜਿੱਤ ਦੇ ਜਸ਼ਨ 'ਚ ਰੰਗਿਆ ਹੋਇਆ ਨਜ਼ਰ ਆਇਆ ਤੇ ਹਰ ਪਾਸੇ ਵਧਾਈਆਂ ਦਾ ਸਿਲਸਿਲਾ ਜਾਰੀ ਰਿਹਾ।ਵਿਧਾਇਕ ਜਗਦੀਪ ਕੰਬੋਜ ਗੋਲਡੀ ਨੇ ਜਲਾਲਾਬਾਦ ਦੇ ਸਮੂਹ ਵੋਟਰਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਜਿੱਤ ਸਿਰਫ਼ ਆਮ ਆਦਮੀ ਪਾਰਟੀ ਦੇ ਉਮੀਦਵਾਰਾਂ ਦੀ ਨਹੀਂ, ਸਗੋਂ ਹਰ ਉਸ ਨਾਗਰਿਕ ਦੀ ਜਿੱਤ ਹੈ, ਜਿਸ ਨੇ ਇਮਾਨਦਾਰ ਸ਼ਾਸਨ, ਪਾਰਦਰਸ਼ੀ ਪ੍ਰਸ਼ਾਸਨ ਤੇ ਵਿਕਾਸ ਦੀ ਰਾਜਨੀਤੀ 'ਤੇ ਭਰੋਸਾ ਜਤਾਇਆ ਹੈ।ਉਨ੍ਹਾਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸਰਕਾਰ ਵੱਲੋਂ ਕੀਤੇ ਗਏ ਲੋਕ-ਭਲਾਈ ਦੇ ਫ਼ੈਸਲਿਆਂ ਤੇ ਵਿਕਾਸ ਕਾਰਜਾਂ 'ਚ ਲੋਕਾਂ ਦੇ ਭਰੋਸੇ ਨੂੰ ਮਜ਼ਬੂਤ ਸਮਰਥਨ ਦਿੱਤਾ ਹੈ, ਜਿਸ ਦੀ ਇਹ ਜਿੱਤ ਸਪਸ਼ਟ ਤਸਦੀਕ ਕਰਦੀ ਹੈ।ਵਿਧਾਇਕ ਨੇ ਕਿਹਾ ਕਿ ਲੋਕਾਂ ਨੇ ਪਾਰਟੀ ਨੂੰ ਦਿਲੋਂ ਪਿਆਰ, ਸਤਿਕਾਰ ਤੇ ਆਸ਼ੀਰਵਾਦ ਦਿੱਤਾ ਹੈ, ਜਿਸ ਲਈ ਉਹ ਹਮੇਸ਼ਾ ਇਲਾਕਾ ਵਾਸੀਆਂ ਦੇ ਰਿਣੀ ਰਹਿਣਗੇ।ਉਨ੍ਹਾਂ ਭਰੋਸਾ ਦਿਵਾਇਆ ਕਿ ਨਗਰ ਕੌਂਸਲ ਦਾ ਨਵਾਂ ਬੋਰਡ ਬਣਦੇ ਹੀ ਸ਼ਹਿਰ ਦੇ ਸਰਬਪੱਖੀ ਵਿਕਾਸ ਨੂੰ ਹੋਰ ਗਤੀ ਦਿੱਤੀ ਜਾਵੇਗੀ।ਹਰ ਵਾਰਡ 'ਚ ਬਿਨਾਂ ਕਿਸੇ ਭੇਦਭਾਵ ਦੇ ਵਿਕਾਸ ਕਾਰਜ ਕਰਵਾਏ ਜਾਣਗੇ ਤੇ ਲੋਕਾਂ ਨਾਲ ਕੀਤੇ ਹਰ ਵਾਅਦੇ ਨੂੰ ਤਰਜੀਹ ਦੇ ਆਧਾਰ 'ਤੇ ਪੂਰਾ ਕੀਤਾ ਜਾਵੇਗਾ।

## ਭਾਕਿਯੂ ਡਕੌਂਦਾ ਵੱਲੋਂ 10 ਨੂੰ ਚੰਡੀਗੜ੍ਹ ਧਰਨੇ 'ਚ ਸੈਂਕੜੇ ਕਿਸਾਨ ਸ਼ਾਮਲ ਹੋਣਗੇ : ਮਾਂਗੇਵਾਲ, ਹਰਦਾਸਪੁਰਾ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਭਾਰਤੀ ਕਿਸਾਨ ਯੂਨੀਅਨ ਡਕੌਂਦਾ ਸੂਬਾ ਕਮੇਟੀ ਵੱਲੋਂ 10 ਜੁਲਾਈ ਨੂੰ ਭਾਕਿਯੂ ਡਕੌਂਦਾ ਤੇ ਭਾਕਿਯੂ ਉਗਰਾਹਾਂ ਵੱਲੋਂ ਸਾਂਝੇ ਤੌਰ 'ਤੇ ਧਰਨਾ ਦੇ ਕੇ ਮੰਗ ਪੱਤਰ ਦੇਣ ਦੀਆਂ ਸਰਗਰਮੀਆਂ ਪੂਰੇ ਜ਼ੋਰਾਂ 'ਤੇ ਹਨ। ਭਾਕਿਯੂ ਡਕੌਂਦਾ ਬਲਾਕ ਮਹਿਲ ਕਲਾਂ ਦੀਆਂ ਤਿਆਰੀਆਂ ਕਰਨ ਦੌਰਾਨ ਕਿਹਾ ਕਿ ਅਮਰੀਕਾ ਈਰਾਨ ਨਿਹੱਕੀ ਜੰਗ ਦਾ ਬੋਝ ਲੋਕਾਂ 'ਤੇ ਪਾਉਣ ਦੇ ਖ਼ਿਲਾਫ਼, ਸਾਮਰਾਜੀ ਦੇਸ਼ਾਂ ਨਾਲ ਕੀਤੇ ਜਾ ਰਹੇ ਮੁਕਤ ਵਪਾਰ ਸਮਝੌਤਿਆਂ ਦੀ ਗੱਲਬਾਤ ਰੱਦ ਕਰਨ, ਡੀਜ਼ਲ ਪੈਟਰੋਲ ਰਸੋਈ ਗੈਸ ਦੀਆਂ ਵਧੀਆਂ ਕੀਮਤਾਂ ਦੇ ਖ਼ਿਲਾਫ਼, ਭਾਰਤ ਤੇ ਪੰਜਾਬ ਵਿੱਚ ਮਜ਼ਦੂਰਾਂ ਤੇ ਹੋ ਰਹੇ ਜਬਰ ਦੇ ਖ਼ਿਲਾਫ਼, ਖਾਦਾਂ ਦਾ ਪੂਰਾ ਪ੍ਰਬੰਧ ਕਰਾਉਣ ਲਈ, ਬਿਜਲੀ ਸੋਧ ਬਿੱਲ-2025 ਅਤੇ ਬੀਜ ਬਿੱਲ-2025 ਰੱਦ ਕਰਾਉਣ ਲਈ 10 ਨੂੰ ਚੰਡੀਗੜ੍ਹ ਵਿਖੇ ਇਕ ਰੋਜ਼ਾ ਧਰਨਾ ਅਤੇ ਮੁਜ਼ਾਹਰਾ ਕਰਕੇ ਮੁੱਖ ਮੰਤਰੀ ਪੰਜਾਬ ਦੇ ਨਾਂਅ ਮੰਗ ਪੱਤਰ ਦਿੱਤਾ ਜਾਵੇਗਾ।ਸੰਘਰਸ਼ ਦੀ ਤਿਆਰੀਆਂ ਸਬੰਧੀ ਬਲਾਕ ਮਹਿਲ ਕਲਾਂ ਦੇ ਪਿੰਡਾਂ ਛੀਨੀਵਾਲ ਖੁਰਦ, ਮੂੰਮ, ਧਨੇਰ, ਕਲਾਲ ਮਾਜਰਾ, ਮਹਿਲ ਕਲਾਂ, ਰਾਏਸਰ ਆਦਿ 'ਚ ਲਾਮਬੰਦੀ ਕਰਨ ਹਿੱਤ ਨਾਨਕ ਸਿੰਘ ਅਮਲਾ ਸਿੰਘ ਵਾਲਾ, ਸਤਨਾਮ ਸਿੰਘ ਮੂੰਮ ਦੀ ਅਗਵਾਈ ਵਿੱਚ ਮੀਟਿੰਗਾਂ ਕਰਾਈਆਂ ਗਈਆਂ।ਗੁਰਦੇਵ ਸਿੰਘ ਮਾਂਗੇਵਾਲ, ਜਗਰਾਜ ਸਿੰਘ ਹਰਦਾਸਪੁਰਾ ਨੇ ਕਿਹਾ ਕਿ ਬਲਾਕ ਮਹਿਲ ਕਲਾਂ 'ਚੋਂ ਵੱਡੀ ਗਿਣਤੀ 'ਚ ਕਿਸਾਨ ਅਤੇ ਬੀਬੀਆਂ ਦਾ ਕਾਫ਼ਲਾ 10 ਜੁਲਾਈ ਨੂੰ ਧੂਮ ਧੂਮ ਕੇ ਚੰਡੀਗੜ੍ਹ ਪਹੁੰਚੇਗਾ।ਇਸੇ ਹੀ ਤਰ੍ਹਾਂ ਹੀ ਜਥੇਬੰਦੀ ਦੇ ਬਾਨੀ ਪ੍ਰਧਾਨ ਮਰਹੂਮ ਬਲਕਾਰ ਸਿੰਘ ਡਕੌਂਦਾ ਦੀ 16 ਵੀਂ ਬਰਸੀ ਸੰਗਰਾਮੀ ਜੋਸ਼ ਨਾਲ 13 ਜੁਲਾਈ ਨੂੰ ਬਰਨਾਲਾ ਦੇ ਤਰਕਸ਼ੀਲ ਭਵਨ ਵਿਖੇ ਮਨਾਈ ਜਾਵੇਗੀ।ਜਥੇਬੰਦੀ ਵੱਲੋਂ 22 ਨੂੰ ਸੰਯੁਕਤ ਕਿਸਾਨ ਮੋਰਚੇ ਦੇ ਸੱਦੇ ਤੇ ਅਮਰੀਕਾ ਅਤੇ ਹੋਰ ਦੇਸ਼ਾਂ ਨਾਲ ਹੋ ਰਹੇ ਮੁਕਤ ਵਪਾਰ ਸਮਝੌਤਿਆਂ ਦੇ ਖ਼ਿਲਾਫ਼ ਸਾਰੇ ਪੰਜਾਬ ਦੇ ਟੋਲ ਪਲਾਜ਼ੇ 12 ਤੋਂ ਤਿੰਨ ਵਜੇ ਤੱਕ ਫ਼ਰੀ ਕਰਕੇ ਭਾਜਪਾ ਆਗੂਆਂ ਦੇ ਘਰਾਂ ਮੂਹਰੇ ਧਰਨੇ ਲਾਏ ਜਾਣਗੇ।

## ਸਿਵਲ ਹਸਪਤਾਲ ਦੇ ਬਲੱਡ ਬੈਂਕ 'ਚ ਸਟਾਫ਼ ਦੀ ਘਾਟ ਦਾ ਮਸਲਾ 12 ਘੰਟਿਆਂ 'ਚ ਹੱਲ



**ਮਾਨਸਾ (ਆਤਮਾ ਸਿੰਘ ਪਮਾਰ)**-ਮਾਨਸਾ ਸ਼ਹਿਰ ਦੀਆਂ ਸਮਾਜਿਕ ਤੇ ਸਿਵਲ ਸਹੂਲਤਾਂ ਲਈ ਸਰਗਰਮ 21 ਮੈਂਬਰੀ ਕਮੇਟੀ ਨੇ ਵੱਡੀ ਜਿੱਤ ਦਰਜ ਕਰਦਿਆਂ ਸਿਵਲ ਹਸਪਤਾਲ ਦੇ ਬਲੱਡ ਬੈਂਕ 'ਚ ਆ ਰਹੀ ਸਟਾਫ਼ ਦੀ ਘਾਟ ਤੇ ਸਮਾਂ ਸੀਮਾ ਦੀ ਸਮੱਸਿਆ ਨੂੰ ਮਹਿਜ਼ 12 ਘੰਟਿਆਂ ਦੇ ਅੰਦਰ-ਅੰਦਰ ਹੱਲ ਕਰਾ ਲਿਆ ਹੈ।ਕਮੇਟੀ ਮੈਂਬਰ ਐਡਵੋਕੇਟ ਗੁਰਲਾਭ ਸਿੰਘ ਮਾਹਲ ਨੇ ਦੱਸਿਆ ਕਿ ਬਲੱਡ ਬੈਂਕ 'ਚ ਸਟਾਫ਼ ਦੀ ਕਮੀ ਕਾਰਨ ਇਸ ਨੂੰ ਦੁਪਹਿਰ 2 ਵਜੇ ਤੋਂ ਬਾਅਦ ਬੰਦ ਕਰ ਦਿੱਤਾ ਜਾਂਦਾ ਸੀ, ਜਿਸ ਨਾਲ ਐਮਰਜੈਂਸੀ ਸਮੇਂ ਮਰੀਜ਼ਾਂ ਨੂੰ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਸੀ।ਹਾਲ ਹੀ 'ਚ ਬੁਢਲਾਡਾ ਤੋਂ ਆਏ ਇੱਕ ਮਰੀਜ਼ ਨੂੰ ਪੇਸ਼ ਆਈ ਪ੍ਰੇਸ਼ਾਨੀ ਤੋਂ ਬਾਅਦ ਇਹ ਮਾਮਲਾ ਬਲਜੀਤ ਸ਼ਰਮਾ, ਸੰਜੀਵ ਪਿੰਕਾ ਤੇ ਨੇਕੀ ਫਾਊਂਡੇਸ਼ਨ ਦੇ ਮਨਦੀਪ ਸ਼ਰਮਾ ਵੱਲੋਂ ਕਮੇਟੀ ਦੇ ਧਿਆਨ ਵਿੱਚ ਲਿਆਂਦਾ ਗਿਆ ਸੀ।ਇਸ ਗੰਭੀਰ ਮੁੱਦੇ 'ਤੇ ਤੁਰੰਤ ਕਾਰਵਾਈ ਕਰਦਿਆਂ 21 ਮੈਂਬਰੀ ਕਮੇਟੀ ਦੇ ਮੈਂਬਰਾਂ ਐਡਵੋਕੇਟ ਗੁਰਲਾਭ ਸਿੰਘ ਮਾਹਲ, ਡਾ.ਜਨਕ ਰਾਜ ਸਿੰਗਲਾ ਤੇ ਡਾ. ਧੰਨਾ ਮੱਲ ਗੋਇਲ ਨੇ ਸੀਐਮਓ ਡਾ. ਰਣਜੀਤ ਰਾਏ ਨਾਲ ਮੁਲਾਕਾਤ ਕੀਤੀ ਅਤੇ ਮੰਗ ਪੱਤਰ ਸੌਂਪਿਆ।ਮਾਮਲੇ ਦੀ ਗੰਭੀਰਤਾ ਨੂੰ ਸਮਝਦਿਆਂ ਡਾ. ਰਾਏ ਨੇ ਮੌਕੇ 'ਤੇ ਹੀ ਉੱਚ ਅਧਿਕਾਰੀਆਂ ਨਾਲ ਤਾਲਮੇਲ ਕਰਕੇ ਲੋੜੀਂਦਾ ਸਟਾਫ਼ ਤੁਰੰਤ ਮੁਹੱਈਆ ਕਰਾ ਦਿੱਤਾ।ਉਨ੍ਹਾਂ ਕਮੇਟੀ ਨੂੰ ਭਰੋਸਾ ਦਿੱਤਾ ਕਿ ਬਾਕੀ ਰਹਿੰਦੀਆਂ ਮੰਗਾਂ 'ਤੇ ਵੀ ਜਲਦ ਅਮਲ ਕੀਤਾ ਜਾਵੇਗਾ ਤਾਂ ਜੁ ਬਲੱਡ ਬੈਂਕ ਦੀਆਂ ਸੇਵਾਵਾਂ ਨੂੰ ਹੋਰ ਸੁਚਾਰੂ ਬਣਾਇਆ ਜਾ ਸਕੇ।ਐਡਵੋਕੇਟ ਮਾਹਲ ਨੇ ਕਿਹਾ ਕਿ 21 ਮੈਂਬਰੀ ਕਮੇਟੀ ਸ਼ਹਿਰ ਦੇ ਲੋਕਾਂ ਨੂੰ ਬਿਹਤਰ ਸਿਹਤ ਸਹੂਲਤਾਂ ਦਿਵਾਉਣ ਲਈ ਵਚਨਬੱਧ ਹੈ ਅਤੇ ਭਵਿੱਖ 'ਚ ਵੀ ਜਨਤਕ ਹਿੱਤਾਂ ਲਈ ਇਸੇ ਤਰ੍ਹਾਂ ਸੰਘਰਸ਼ ਜਾਰੀ ਰਹੇਗਾ।

## ਬਿਸ਼ਨਗੜ੍ਹ 'ਚ ਜਾਗਦੇ ਰਹੋ ਕਲੱਬ ਵੱਲੋਂ ਕੈਂਪ




**ਸਨੌਰ/ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਜਾਗਦੇ ਰਹੋ ਕਲੱਬ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਪਿੰਡ ਬਿਸ਼ਨਗੜ੍ਹ ਵਿੱਚ ਜਾਗਰੂਕਤਾ ਪ੍ਰੋਗਰਾਮ ਕੀਤਾ ਗਿਆ।ਇਸ ਮੁਹਿੰਮ ਨੂੰ ਸਫਲ ਬਣਾਉਣ ਲਈ ਬਲਜਿੰਦਰ ਸਿੰਘ ਢਿੱਲੋਂ ਚੇਅਰਮੈਨ ਪੰਜਾਬ ਐਗਰੋ ਫੂਡ ਗ੍ਰੇਨ ਕਾਰਪੋਰੇਸ਼ਨ ਲਿਮਟਿਡ ਤੇ ਲੋਕ ਸਭਾ ਇੰਚਾਰਜ ਪਟਿਆਲਾ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।ਚੇਅਰਮੈਨ ਬਲਜਿੰਦਰ ਸਿੰਘ ਢਿੱਲੋਂ ਨੇ ਕਿਹਾ ਕਿ ਜਾਗਦੇ ਰਹੋ ਕਲੱਬ ਦੇ ਕਾਰਜ ਸ਼ਲਾਘਾਯੋਗ ਹਨ, ਜੋ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਤੋਂ ਬਚਾਉਣ ਲਈ ਕੰਮ ਕਰ ਰਹੇ ਹਨ।ਨਸ਼ੇ ਸਾਡੀ ਜ਼ਿੰਦਗੀ ਨੂੰ ਤਬਾਹ ਕਰ ਦਿੰਦੇ ਹਨ।ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਦੀ ਅਪੀਲ ਕੀਤੀ।ਇਹ ਜਾਗਰੂਕ ਪ੍ਰੋਗਰਾਮ ਨੌਜਵਾਨ ਪੀੜ੍ਹੀ ਨੂੰ ਸਹੀ ਰਾਹ ਦਿਖਾਉਣ ਤੇ ਨਸ਼ਿਆਂ ਵਰਗੀ ਭਿਆਨਕ ਬੁਰਾਈ ਤੋਂ ਬਚਾਉਣ ਲਈ ਕੀਤਾ ਗਿਆ ਹੈ।ਉਨ੍ਹਾਂ ਕਿਹਾ ਕਿ ਨਸ਼ੇ ਸਮਾਜ ਨੂੰ ਅੰਦਰੋਂ ਖੋਖਲਾ ਕਰ ਰਹੇ ਹਨ ਅਤੇ ਹਰ ਇੱਕ ਨੂੰ ਇਸਦੇ ਖ਼ਿਲਾਫ਼ ਖੜ੍ਹਾ ਹੋਣਾ ਚਾਹੀਦਾ ਹੈ।ਪੰਜਾਬ ਸਰਕਾਰ ਦਾ ਇਹ ਉਪਰਾਲਾ ਸ਼ਲਾਘਾਯੋਗ ਕਦਮ ਹੈ।ਕਲੱਬ ਵੱਲੋਂ ਲੋਕਾਂ ਨੂੰ ਅਪੀਲ ਕੀਤੀ ਗਈ ਕਿ ਉਹ ਨਸ਼ਿਆਂ ਨੂੰ ਅਲਵਿਦਾ ਕਹਿਣ ਤੇ ਆਪਣੇ ਪਰਵਾਰ ਤੇ ਸਮਾਜ ਨੂੰ ਇਸ ਬੁਰਾਈ ਤੋਂ ਬਚਾਉਣ ਲਈ ਅੱਗੇ ਆਉਣ।ਚੇਅਰਮੈਨ ਬਲਜਿੰਦਰ ਸਿੰਘ ਢਿੱਲੋਂ ਨੇ ਦੱਸਿਆ ਕਿ 15 ਜੁਲਾਈ ਨੂੰ ਢਿੱਲੋਂ ਫਨ ਵਰਲਡ ਦੇਵੀਗੜ੍ਹ ਰੋਡ ਜੋੜੀਆਂ ਪਟਿਆਲਾ ਵਿਖੇ ਵਿਸ਼ਾਲ ਖ਼ੂਨਦਾਨ ਕੈਂਪ ਲਾਇਆ ਜਾਵੇਗਾ।

## ਆਪਸੀ ਰੰਜਿਸ਼ ਦੇ ਚੱਲਦਿਆਂ ਦੋ ਨੌਜਵਾਨਾਂ ਦੀ ਮੌਤ

**ਧੂਰੀ (ਮਨੋਹਰ ਸੱਗੂ, ਮੋਹਿਤ ਗਰਗ, ਬਿੰਨੀ ਗਰਗ)**-ਮੁੱਖ ਮੰਤਰੀ ਦੇ ਹਲਕਾ ਧੂਰੀ ਸ਼ਹਿਰ 'ਚ ਉਸ ਵੇਲੇ ਦਹਿਸ਼ਤ ਵਾਲਾ ਮਾਹੌਲ ਬਣ ਗਿਆ, ਜਦੋਂ ਸ਼ਹਿਰ ਦੀ ਕੱਕੜਵਾਲ ਰੋਡ 'ਤੇ ਇੱਕ ਦੁਕਾਨ 'ਚ ਬੈਠੇ ਦੋ ਜਣਿਆਂ ਨੂੰ ਹਮਲਾਵਰਾਂ ਨੇ ਤੇਜ਼ਧਾਰ ਹਥਿਆਰਾਂ ਨਾਲ ਬੁਰੀ ਤਰ੍ਹਾਂ ਜ਼ਖ਼ਮੀ ਕਰ ਦਿੱਤਾ। ਘਟਨਾ ਸਥਾਨ ਤੋਂ ਮਿਲੀ ਜਾਣਕਾਰੀ ਅਨੁਸਾਰ ਧੂਰੀ-ਬਰਨਾਲਾ ਰੋਡ 'ਤੇ ਸਥਿਤ ਇੱਕ ਸੈਲੂਨ ਅੰਦਰ ਬੈਠੇ ਦੋ ਵਿਅਕਤੀਆਂ 'ਤੇ ਮੋਟਰਸਾਈਕਲਾਂ ਉੱਪਰ ਆਏ ਪੰਜ/ਛੇ ਅਣਪਛਾਤੇ ਵਿਅਕਤੀਆਂ ਨੇ ਤੇਜ਼ਧਾਰ ਹਥਿਆਰਾਂ ਨਾਲ ਹਮਲਾ ਕਰ ਦਿੱਤਾ।ਹਮਲੇ ਦੌਰਾਨ ਹਮਲਾਵਰਾਂ ਨੇ ਦੋਵਾਂ ਵਿਅਕਤੀਆਂ ਨੂੰ ਬੁਰੀ ਤਰ੍ਹਾਂ ਜ਼ਖ਼ਮੀ ਕਰ ਦਿੱਤਾ।ਲੋਕਾਂ ਦੇ ਦੱਸਣ ਅਨੁਸਾਰ ਹਮਲਾਵਰਾਂ ਵੱਲੋਂ ਦੁਕਾਨ 'ਚ ਬੈਠੇ ਵਿਅਕਤੀਆਂ 'ਤੇ ਕੀਤੇ ਗਏ ਵਹਿਸ਼ੀਆਨਾ ਹਮਲੇ ਕਾਰਨ ਆਲੇ ਦੁਆਲੇ ਦੇ ਇਲਾਕੇ 'ਚ ਦਹਿਸ਼ਤ ਵਾਲਾ ਮਾਹੌਲ ਬਣ ਗਿਆ। ਬਾਅਦ 'ਚ ਗੰਭੀਰ ਜ਼ਖ਼ਮੀਆਂ ਨੂੰ ਸਿਵਲ ਹਸਪਤਾਲ ਧੂਰੀ ਵਿਖੇ ਭੇਜਿਆ ਗਿਆ।ਲੋਕਾਂ ਦੇ ਦੱਸਣ ਅਨੁਸਾਰ ਦੋਵਾਂ ਧਿਰਾਂ ਦਰਮਿਆਨ ਪਿਛਲੇ ਕੁੱਝ ਸਮੇਂ ਤੋਂ ਰੰਜਿਸ਼ਬਾਜ਼ੀ ਚੱਲਦੀ ਆ ਰਹੀ ਸੀ।ਘਟਨਾ ਸਥਾਨ 'ਤੇ ਪੁੱਜੇ ਡੀ.ਐੱਸ.ਪੀ. ਧੂਰੀ ਗੁਰਪ੍ਰੀਤ ਸਿੰਘ ਨੇ ਦੱਸਿਆ ਕਿ ਸੂਚਨਾ ਮਿਲਣ ਤੋਂ ਬਾਅਦ ਪੁਲਸ ਵੱਲੋਂ ਪੜਤਾਲ ਕੀਤੀ ਜਾ ਰਹੀ ਹੈ ਤੇ ਮਾਮਲੇ ਸਬੰਧੀ ਮੁਕੱਦਮਾ ਦਰਜ ਕਰਕੇ ਮੁਲਜ਼ਮਾਂ ਨੂੰ ਜਲਦੀ ਹੀ ਗ੍ਰਿਫਤਾਰ ਕਰ ਲਿਆ ਜਾਵੇਗਾ।ਸਿਵਲ ਹਸਪਤਾਲ ਧੂਰੀ ਦੇ ਐਮਰਜੈਂਸੀ ਵਿਭਾਗ ਦੇ ਡਾ. ਜਸ਼ਨਪ੍ਰੀਤ ਸਿੰਘ ਅਨੁਸਾਰ ਦੋ ਜ਼ਖ਼ਮੀਆਂ ਨੂੰ ਸਿਵਲ ਹਸਪਤਾਲ ਧੂਰੀ ਲਿਆਂਦਾ ਗਿਆ ਸੀ, ਜ਼ਖ਼ਮੀਆਂ ਵਿੱਚੋਂ ਦੇਵ ਕੁਮਾਰ ਦੀ ਪਹਿਲਾਂ ਹੀ ਮੌਤ ਹੋ ਚੁੱਕੀ ਸੀ, ਜਦਕਿ ਅਨਿਲ ਕੁਮਾਰ ਦੀ ਇਲਾਜ ਦੌਰਾਨ ਮੌਤ ਹੋ ਗਈ।

## ਡੀ ਸੀ ਦਫ਼ਤਰਾਂ 'ਚ 9 ਤੋਂ 12 ਤੱਕ ਦਫ਼ਤਰੀ ਕੰਮ ਠੱਪ ਰਹਿਣਗੇ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਪੰਜਾਬ ਰਾਜ ਜ਼ਿਲ੍ਹਾ ਡੀਸੀ ਦਫ਼ਤਰ ਕਰਮਚਾਰੀ ਯੂਨੀਅਨ ਦੀਆਂ ਚਿਰੋਕੇ ਸਮੇਂ ਤੋਂ ਲਟਕਦੀਆਂ ਆ ਰਹੀਆਂ ਮੰਗਾਂ ਦੀ ਸਰਕਾਰ ਵੱਲੋਂ ਪੂਰਤੀ ਨਾ ਕਰਨ ਦੇ ਰੋਸ ਵਜੋਂ ਡੀਸੀ ਦਫ਼ਤਰ ਕਰਮਚਾਰੀਆਂ ਵੱਲੋਂ ਮੁੜ ਸੰਘਰਸ਼ ਦਾ ਰਾਹ ਉਲੀਕ ਲਿਆ ਹੈ, ਜਿਸ ਦੇ ਚਲਦਿਆਂ ਸੂਬੇ ਭਰ ਦੇ ਡੀ ਸੀ ਦਫ਼ਤਰਾਂ, ਸਬ ਡਵੀਜ਼ਨ ਦਫ਼ਤਰਾਂ, ਤਹਿਸੀਲਾਂ ਤੇ ਸਬ ਤਹਿਸੀਲਾਂ 'ਚ 9 ਜੁਲਾਈ ਤੋਂ 12 ਜੁਲਾਈ ਤੱਕ ਮੁਕੰਮਲ ਕਲਮਛੋੜ ਹੜਤਾਲ ਤੇ ਕੰਪਿਊਟਰ ਬੰਦ ਕਰਕੇ ਸਰਕਾਰ ਵਿਰੁੱਧ ਆਪਣਾ ਰੋਸ ਜ਼ਾਹਰ ਕਰਨ ਦਾ ਫੈਸਲਾ ਲਿਆ ਗਿਆ ਹੈ।ਆਗੂਆਂ ਨੇ ਇਹ ਜਾਣਕਾਰੀ ਡੀ ਸੀ ਦਫ਼ਤਰ ਕਰਮਚਾਰੀ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਹਰਜਿੰਦਰ ਸਿੰਘ ਸਿੱਧੂ ਤੇ ਜਨਰਲ ਸਕੱਤਰ ਪੁਸ਼ਪਿੰਦਰ ਸਿੰਘ ਵੱਲੋਂ ਡਿਪਟੀ ਕਮਿਸ਼ਨਰ ਸ੍ਰੀ ਮੁਕਤਸਰ ਸਾਹਿਬ ਨੂੰ ਮੰਗ ਪੱਤਰ ਦੇਣ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦਿੱਤੀ।ਉਨ੍ਹਾਂ ਦੱਸਿਆ ਕਿ ਸਰਕਾਰ ਵੱਲੋਂ ਜਥੇਬੰਦੀ ਦੀਆਂ ਮੰਗਾਂ 'ਤੇ ਵਿਚਾਰ ਕਰਨ ਲਈ ਕ੍ਰਮਵਾਰ 7 ਮਈ ਤੇ 30 ਜੂਨ ਨੂੰ ਜਥੇਬੰਦੀ ਦੀ ਸੂਬਾ ਬਾਡੀ ਨਾਲ ਮੀਟਿੰਗ ਕੀਤੀ ਗਈ ਸੀ, ਪ੍ਰੰਤੂ ਹਰ ਵਾਰ ਦੀ ਤਰ੍ਹਾਂ ਜਥੇਬੰਦੀ ਨੂੰ ਕੇਵਲ ਲਾਰੇ ਲਗਾ ਕੇ ਹੀ ਤੋਰ ਦਿੱਤਾ ਗਿਆ, ਜਿਸ ਦੇ ਰੋਸ ਵਜੋਂ 4 ਜੁਲਾਈ ਨੂੰ ਮੋਗਾ ਵਿਖੇ ਸੂਬਾ ਪੱਧਰੀ ਮੀਟਿੰਗ ਕਰਦਿਆਂ ਜਥੇਬੰਦੀ ਨੇ 9 ਤੋਂ 12 ਜੁਲਾਈ ਤੱਕ ਕਲਮਛੋੜ ਹੜਤਾਲ ਕਰਨ ਦਾ ਐਲਾਨ ਕੀਤਾ ਹੈ।ਆਗੂਆਂ ਨੇ ਇਹ ਵੀ ਦੱਸਿਆ ਕਿ ਜੇਕਰ ਸਰਕਾਰ ਵੱਲੋਂ 12 ਜੁਲਾਈ ਤੱਕ ਕਰਮਚਾਰੀਆਂ ਦੀਆਂ ਮੰਗਾਂ ਨੂੰ ਸਾਕਾਰਾਤਮਕ ਢੰਗ ਨਾਲ ਲੈਂਦੇ ਹੋਏ ਪੂਰਾ ਨਾ ਕੀਤਾ ਤਾਂ 12 ਜੁਲਾਈ ਨੂੰ ਹੀ ਵਰਚੂਅਲ ਮੀਟਿੰਗ ਕਰਕੇ ਤਿੱਖੇ ਸੰਘਰਸ਼ ਦਾ ਐਲਾਨ ਕਰ ਦਿੱਤਾ ਜਾਵੇਗਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਰਾਕੇਸ਼ ਕੁਮਾਰ ਸੁਪਰਡੈਂਟ, ਗੁਰਮੀਤ ਪਾਲ ਰੀਡਰ ਟੂ ਡੀ. ਸੀ., ਰੁਪਿੰਦਰ ਸਿੰਘ ਬਾਠ, ਜਸਵੀਰ ਕੌਰ, ਕੁਲਵੰਤ ਕੌਰ ਤੇ ਜਗਪ੍ਰੀਤ ਸਿੰਘ ਸਟੈਨੋ ਮੌਜੂਦ ਸਨ।

## ਕੇ ਵਾਈ ਸੀ ਬਣੀ ਜਾਨ ਦਾ ਖੌਅ



**ਰਾਂਚੀ (ਨ ਜ਼ ਸ)**-75 ਸਾਲਾ ਰਤਨ ਲਾਕੜਾ ਦੀ ਮੌਤ ਹੋ ਗਈ, ਕਿਉਂਕਿ ਉਹ ਈ-ਕੇ ਵਾਈ ਸੀ ਰਸਮਾਂ ਪੂਰੀਆਂ ਨਾ ਕਰਨ ਕਰਕੇ ਆਪਣੇ ਇਲਾਜ ਲਈ ਆਪਣੀ ਪੈਨਸ਼ਨ ਦੇ ਪੈਸੇ ਨਹੀਂ ਕਢਾ ਸਕਿਆ। ਉਸ ਨੂੰ ਇਸ ਸੰਬੰਧੀ ਮਹੀਨਿਆਂ ਤੱਕ ਬੈਂਕ ਨੇ ਖੱਜਲ-ਖੁਆਰ ਕੀਤਾ। ਇਹ ਘਟਨਾ ਝਾਰਖੰਡ ਦੇ ਗੜ੍ਹਵਾ ਜ਼ਿਲ੍ਹੇ ਵਿੱਚ ਝਾਰਖੰਡ ਗ੍ਰਾਮੀਣ ਬੈਂਕ ਦੀ ਬਾਰਗੜ੍ਹ ਸ਼ਾਖਾ ਵਿੱਚ ਵਾਪਰੀ। ਰਤਨ ਲਾਕੜਾ ਦੀ ਮੌਤ ਤੋਂ ਬਾਅਦ ਪਰਵਾਰਕ ਮੈਂਬਰਾਂ ਅਤੇ ਹੋਰ ਪਿੰਡ ਵਾਸੀਆਂ ਨੇ ਉਸ ਦੀ ਲਾਸ਼ ਬੈਂਕ ਦੇ ਅੱਗੇ ਰੱਖ ਕੇ ਵਿਰੋਧ ਪ੍ਰਦਰਸ਼ਨ ਕੀਤਾ ਤੇ ਉਸ ਨੂੰ ਉੱਥੇ ਹੀ ਦਫਨਾਉਣ 'ਤੇ ਅੜੇ ਰਹੇ। ਘਟਨਾ ਸੋਸ਼ਲ ਮੀਡੀਆ 'ਤੇ ਵਾਇਰਲ ਹੋਣ 'ਤੇ ਮੁੱਖ ਮੰਤਰੀ ਹੇਮੰਤ ਸੋਰੇਨ ਨੇ ਮਾਮਲੇ ਦੀ ਜਾਂਚ ਦੇ ਹੁਕਮ ਦਿੱਤੇ ਹਨ। ਰਤਨ ਲਾਕੜਾ ਪਿਛਲੇ ਕੁਝ ਦਿਨਾਂ ਤੋਂ ਬਿਮਾਰ ਸੀ ਅਤੇ ਉਸ ਨੂੰ ਪੈਸਿਆਂ ਦੀ ਲੋੜ ਸੀ। ਹਾਲਾਂਕਿ ਉਸ ਦੇ ਬੈਂਕ ਖਾਤੇ ਵਿੱਚ ਪੈਸੇ ਸਨ, ਪਰ ਉਹ ਪੈਸੇ ਕਢਵਾਉਣ ਵਿੱਚ ਅਸਮਰੱਥ ਸੀ, ਕਿਉਂਕਿ ਉਸ ਦੀਆਂ ਕੇ ਵਾਈ ਸੀ ਰਸਮਾਂ ਪੂਰੀਆਂ ਨਹੀਂ ਹੋਈਆਂ ਸਨ। ਪਰਵਾਰਕ ਮੈਂਬਰਾਂ ਮੁਤਾਬਕ ਬੈਂਕ ਮੈਨੇਜਰ ਨੇ ਉਸ ਨੂੰ ਕੇ ਵਾਈ ਸੀ ਪ੍ਰਕਿਰਿਆ ਦੇ ਸੰਬੰਧ ਵਿੱਚ ਤਿੰਨ ਮਹੀਨੇ ਵਾਰ-ਵਾਰ ਮਿਲਣ ਲਈ ਮਜਬੂਰ ਕੀਤਾ। ਅਖੀਰ ਰਿਜਨਲ ਮੈਨੇਜਰ ਦੀਆਂ ਹਦਾਇਤਾਂ ਦੀ ਪਾਲਣਾ ਕਰਦੇ ਹੋਏ ਉਸ ਦੇ ਪਰਵਾਰਕ ਮੈਂਬਰ ਬਜ਼ੁਰਗ ਲਾਕੜਾ ਨੂੰ ਕੇ ਵਾਈ ਸੀ ਪ੍ਰਕਿਰਿਆ ਪੂਰੀ ਕਰਨ ਲਈ ਬੈਂਕ ਲਿਆਏ। ਬਹੁਤ ਟੱਕਰਾਂ ਮਾਰਨ ਦੇ ਬਾਵਜੂਦ ਪੈਸੇ ਫਿਰ ਵੀ ਨਹੀਂ ਮਿਲੇ। ਰਤਨ ਲਾਕੜਾ ਦਾ ਸੋਮਵਾਰ ਦੇਹਾਂਤ ਹੋ ਗਿਆ। ਲਾਕੜਾ ਦੀ ਨੂੰਹ ਫੂਲਮਣੀ ਲਾਕੜਾ ਨੇ ਕਿਹਾ, 'ਮੈਂ ਆਪਣੇ ਬਿਮਾਰ ਸਹੁਰੇ ਨੂੰ ਇੱਕ ਆਟੋ ਵਿੱਚ ਬੈਂਕ ਲੈ ਕੇ ਆਈ ਅਤੇ ਬੈਂਕ ਮੈਨੇਜਰ ਨੂੰ ਖੁਦ ਆ ਕੇ ਤਸਦੀਕ ਕਰਨ ਲਈ ਕਿਹਾ। ਉਸ ਨੇ ਮੈਨੂੰ ਆਪਣੇ ਚਪੜਾਸੀ ਰਾਹੀਂ ਬੈਂਕ ਤੋਂ ਬਾਹਰ ਕੱਢ ਦਿੱਤਾ ਅਤੇ ਕੇ ਵਾਈ ਸੀ ਪ੍ਰਕਿਰਿਆ ਪੂਰੀ ਨਹੀਂ ਕੀਤੀ। ਨਤੀਜੇ ਵਜੋਂ ਸਹੁਰਾ ਦਮ ਤੋੜ ਗਿਆ।' ਦੂਜੇ ਪਾਸੇ ਬੈਂਕ ਅਧਿਕਾਰੀਆਂ ਨੇ ਦਲੀਲ ਦਿੱਤੀ ਹੈ ਕਿ ਕੇ ਵਾਈ ਸੀ ਪ੍ਰਕਿਰਿਆ ਸੱਚਮੁੱਚ ਪੂਰੀ ਹੋ ਗਈ ਸੀ, ਪਰ ਬਾਅਦ ਵਿੱਚ ਪਰਵਾਰ ਦਾ ਕੋਈ ਵੀ ਮੈਂਬਰ ਪੈਸੇ ਕਢਵਾਉਣ ਲਈ ਬੈਂਕ ਨਹੀਂ ਆਇਆ। ਇਸ ਲਈ ਪੈਸੇ ਕਢਵਾਏ ਨਹੀਂ ਜਾ ਸਕੇ। ਜਦੋਂ ਪੁੱਛਿਆ ਗਿਆ ਕਿ ਕੇ ਵਾਈ ਸੀ ਦੀ ਕਾਰਵਾਈ ਪਹਿਲਾਂ ਕਿਉਂ ਨਹੀਂ ਪੂਰੀ ਕੀਤੀ ਗਈ ਤਾਂ ਕੈਸ਼ੀਅਰ ਨੇ ਜਵਾਬ ਦਿੱਤਾ ਕਿ ਉਹ ਇਸ ਮਾਮਲੇ ਤੋਂ ਅਣਜਾਣ ਸੀ, ਕਿਉਂਕਿ ਉਹ ਹਾਲ ਹੀ ਵਿੱਚ ਸ਼ਾਖਾ ਵਿੱਚ ਸ਼ਾਮਲ ਹੋਇਆ ਸੀ।

## ਢਿੱਲੋਂ ਨਾਲ ਆਰ ਟੀ ਆਈ ਸੈੱਲ ਦੇ ਕੋ-ਕਨਵੀਨਰ ਦੀ ਵਿਸ਼ੇਸ਼ ਮੁਲਾਕਾਤ

### ਪੰਜਾਬ ਦੇ ਸਿਆਸੀ ਹਾਲਾਤ, ਬਾਘਾ ਪੁਰਾਣਾ ਦੇ ਵਿਕਾਸ ਤੇ ਆਗਾਮੀ ਵਿਧਾਨ ਸਭਾ ਚੋਣਾਂ ਦੀ ਰਣਨੀਤੀ 'ਤੇ ਕੀਤੀ ਚਰਚਾ

**ਬਾਘਾ ਪੁਰਾਣਾ (ਮਨੀ ਸਿੰਗਲਾ)**

ਪੰਜਾਬ ਭਾਜਪਾ ਦੇ ਸੂਬਾ ਪ੍ਰਧਾਨ ਕੇਵਲ ਸਿੰਘ ਢਿੱਲੋਂ ਨਾਲ ਆਰ.ਟੀ.ਆਈ. ਸੈੱਲ ਪੰਜਾਬ ਦੇ ਕੋ-ਕਨਵੀਨਰ ਐਡਵੋਕੇਟ ਅਮਿਤ ਅਗਰਵਾਲ ਨੇ ਵਿਸ਼ੇਸ਼ ਮੁਲਾਕਾਤ ਕੀਤੀ।ਇਸ ਦੌਰਾਨ ਦੋਵਾਂ ਆਗੂਆਂ ਵਿੱਚ ਪੰਜਾਬ ਦੇ ਮੌਜੂਦਾ ਸਿਆਸੀ ਹਾਲਾਤ, ਪਾਰਟੀ ਦੀਆਂ ਭਵਿੱਖੀ ਰਣਨੀਤੀਆਂ ਤੇ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਨੂੰ ਲੈ ਕੇ ਵਿਸਤ੍ਰਿਤ ਵਿਚਾਰ-ਵਟਾਂਦਰਾ ਹੋਇਆ।ਮੀਟਿੰਗ ਵਿੱਚ ਖਾਸ ਤੌਰ 'ਤੇ ਹਲਕਾ ਬਾਘਾ ਪੁਰਾਣਾ ਦੇ ਵਿਕਾਸ, ਇਲਾਕੇ ਦੇ ਲੋਕਾਂ ਨੂੰ ਦਰਪੇਸ਼ ਮੁੱਖ ਸਮੱਸਿਆਵਾਂ ਤੇ ਉਨ੍ਹਾਂ ਦੇ ਹੱਲ ਲਈ ਬਣਾਈ ਜਾਣ ਵਾਲੀ ਕਾਰਜ-ਯੋਜਨਾ 'ਤੇ ਵੀ ਚਰਚਾ ਕੀਤੀ ਗਈ।



ਐਡਵੋਕੇਟ ਅਮਿਤ ਅਗਰਵਾਲ ਨੇ ਕਿਹਾ ਕਿ ਬਾਘਾ ਪੁਰਾਣਾ ਹਲਕੇ ਦੇ ਲੋਕ ਬੁਨਿਆਦੀ ਸਹੂਲਤਾਂ, ਵਿਕਾਸ ਕਾਰਜਾਂ ਤੇ ਬਿਹਤਰ ਪ੍ਰਸ਼ਾਸਨ ਦੀ ਉਮੀਦ ਕਰ ਰਹੇ ਹਨ।ਉਨ੍ਹਾਂ ਕਿਹਾ ਕਿ ਪਾਰਟੀ ਦੀ ਕੋਸ਼ਿਸ਼ ਹੈ ਕਿ ਲੋਕਾਂ ਦੀਆਂ ਮੁਸ਼ਕਲਾਂ ਨੂੰ ਤਰਜੀਹ ਦੇ ਆਧਾਰ 'ਤੇ ਹੱਲ ਕਰਵਾਇਆ ਜਾਵੇ ਤੇ ਹਲਕੇ ਦੇ ਸਰਵਪੱਖੀ ਵਿਕਾਸ ਲਈ ਪ੍ਰਭਾਵਸ਼ਾਲੀ ਯੋਜਨਾਵਾਂ ਤਿਆਰ ਕੀਤੀਆਂ ਜਾਣ।ਉਨ੍ਹਾਂ ਕਿਹਾ ਕਿ ਸੂਬਾ ਪ੍ਰਧਾਨ ਕੇਵਲ ਸਿੰਘ ਢਿੱਲੋਂ ਦੀ ਅਗਵਾਈ ਹੇਠ ਭਾਰਤੀ ਜਨਤਾ ਪਾਰਟੀ ਪੰਜਾਬ ਵਿੱਚ ਮਜ਼ਬੂਤੀ ਨਾਲ ਆਪਣਾ ਜਨ ਅਧਾਰ ਵਧਾ ਰਹੀ ਹੈ।ਉਨ੍ਹਾਂ ਨੂੰ ਪੂਰਾ ਵਿਸ਼ਵਾਸ ਹੈ ਕਿ ਉਨ੍ਹਾਂ ਦੀ ਅਗਵਾਈ ਵਿੱਚ ਪਾਰਟੀ ਨੂੰ ਨਵੀਂ ਦਿਸ਼ਾ ਮਿਲੇਗੀ ਤੇ ਪੰਜਾਬ ਦੇ ਵਿਕਾਸ ਨੂੰ ਵੀ ਨਵੀਂ ਰਫ਼ਤਾਰ ਪ੍ਰਾਪਤ ਹੋਵੇਗੀ। ਐਡਵੋਕੇਟ ਅਮਿਤ ਅਗਰਵਾਲ ਨੇ ਕਿਹਾ ਕਿ ਪਾਰਟੀ ਸੂਬੇ ਦੇ ਹਰ ਵਰਗ ਦੀਆਂ ਉਮੀਦਾਂ 'ਤੇ ਖਰਾ ਉੱਤਰਨ ਲਈ ਵਚਨਬੱਧ ਹੈ ਤੇ ਲੋਕ ਹਿੱਤਾਂ ਨੂੰ ਧਿਆਨ ਵਿੱਚ ਰੱਖਦਿਆਂ ਆਪਣੀਆਂ ਨੀਤੀਆਂ ਤੇ ਪ੍ਰੋਗਰਾਮਾਂ ਨੂੰ ਅੱਗੇ ਵਧਾਇਆ ਜਾਵੇਗਾ। ਆਗਾਮੀ ਵਿਧਾਨ ਸਭਾ ਚੋਣਾਂ ਸਬੰਧੀ ਗੱਲ ਕਰਦਿਆਂ ਅਮਿਤ ਅਗਰਵਾਲ ਨੇ ਦਾਅਵਾ ਕੀਤਾ ਕਿ ਇਸ ਵਾਰ ਸੂਬਾ ਪ੍ਰਧਾਨ ਕੇਵਲ ਸਿੰਘ ਢਿੱਲੋਂ ਦੀ ਅਗਵਾਈ ਹੇਠ ਭਾਰਤੀ ਜਨਤਾ ਪਾਰਟੀ ਪੰਜਾਬ ਵਿਚ ਸ਼ਾਨਦਾਰ ਪ੍ਰਦਰਸ਼ਨ ਕਰੇਗੀ।

ਉਨ੍ਹਾਂ ਕਿਹਾ ਕਿ ਬਾਘਾ ਪੁਰਾਣਾ ਹਲਕੇ ਵਿਚ ਵੀ ਪਾਰਟੀ ਮਜ਼ਬੂਤ ਸਥਿਤੀ ਵਿੱਚ ਹੈ ਤੇ ਵਰਕਰ ਪੂਰੀ ਤਨਦੇਹੀ ਨਾਲ ਲੋਕਾਂ ਵਿਚ ਜਾ ਕੇ ਪਾਰਟੀ ਦੀਆਂ ਨੀਤੀਆਂ ਤੇ ਵਿਚਾਰਧਾਰਾ ਨੂੰ ਪਹੁੰਚਾ ਰਹੇ ਹਨ।ਉਨ੍ਹਾਂ ਵਿਸ਼ਵਾਸ ਜਤਾਇਆ ਕਿ ਆਉਣ ਵਾਲੀਆਂ ਚੋਣਾਂ ਵਿੱਚ ਭਾਜਪਾ ਬਾਘਾ ਪੁਰਾਣਾ ਦੀ ਸੀਟ ਜਿੱਤ ਕੇ ਇਸ ਨੂੰ ਪਾਰਟੀ ਦੀ ਝੋਲੀ ਪਾਵੇਗੀ।ਇਸ ਮੌਕੇ ਦੋਵਾਂ ਆਗੂਆਂ ਨੇ ਸੰਗਠਨ ਨੂੰ ਹੋਰ ਮਜ਼ਬੂਤ ਬਣਾਉਣ ਤੇ ਪਾਰਟੀ ਦੀਆਂ ਗਤੀਵਿਧੀਆਂ ਨੂੰ ਹੋਰ ਤੇਜ਼ ਕਰਨ ਲਈ ਵੀ ਵਿਚਾਰ ਸਾਂਝੇ ਕੀਤੇ।

## ਹਲਵਾਰਾ ਵਿਖੇ ਨੌਜਵਾਨ ਦੀ ਭੇਦਭਰੀ ਹਾਲਤ 'ਚ ਲਾਸ਼ ਮਿਲੀ

**ਰਾਏਕੋਟ (ਸੰਤੋਖ ਗਿੱਲ)**-ਥਾਣਾ ਸੁਧਾਰ ਅਧੀਨ ਪਿੰਡ ਹਲਵਾਰਾ ਵਿਖੇ ਮੰਗਲਵਾਰ ਸਵੇਰੇ 26 ਸਾਲਾ ਨੌਜਵਾਨ ਕਰਨਜੋਤ ਸਿੰਘ ਪੁੱਤਰ ਅਜੀਤਪਾਲ ਸਿੰਘ ਦੀ ਲਾਸ਼ ਪਿੰਡ ਤੋਂ ਕਰੀਬ ਤਿੰਨ ਕਿੱਲੋਮੀਟਰ ਦੂਰ ਪੱਕੇ ਫੜ ਵਾਲੀ ਅਨਾਜ ਮੰਡੀ ਵਿੱਚੋਂ ਸ਼ੱਕੀ ਹਾਲਤਾਂ ਵਿੱਚ ਮਿਲੀ ਹੈ।ਮ੍ਰਿਤਕ ਦੇ ਸਿਰ ਸਮੇਤ ਸਰੀਰ ਦੇ ਹੋਰ ਹਿੱਸਿਆਂ 'ਤੇ ਗੰਭੀਰ ਸੱਟਾਂ ਦੇ ਨਿਸ਼ਾਨ ਮਿਲਣ ਕਾਰਨ ਭੇਤ ਹੋਰ ਵੀ ਗਹਿਰਾ ਹੋ ਗਿਆ ਹੈ।ਡੀ.ਐੱਸ.ਪੀ. ਦਾਖਾ ਕਰਨ ਸਿੰਘ ਸੰਧੂ ਨੇ ਕਿਹਾ ਕਿ ਮ੍ਰਿਤਕ ਦੇ ਪਿਤਾ ਅਜੀਤਪਾਲ ਸਿੰਘ ਦੇ ਬਿਆਨਾਂ 'ਤੇ ਮੌਤ ਲਈ ਜ਼ਿੰਮੇਵਾਰ ਅਗਿਆਤ ਵਿਅਕਤੀਆਂ ਖ਼ਿਲਾਫ਼ ਕੇਸ ਦਰਜ ਕਰ ਕੇ ਜਾਂਚ ਅਰੰਭ ਦਿੱਤੀ ਹੈ।ਪੋਸਟਮਾਰਟਮ ਰਿਪੋਰਟ ਮਿਲਣ ਬਾਅਦ ਲੋੜ ਅਨੁਸਾਰ ਜੁਰਮ ਵਿੱਚ ਵਾਧਾ ਕਰ ਦਿੱਤਾ ਜਾਵੇਗਾ।



## ਨਈਂ ਰੀਸਾਂ ਕਾਂਗੜੇ ਵਾਲੇ ਮਿਲਖੀ ਰਾਮ ਦੀਆਂ



**ਧਰਮਸ਼ਾਲਾ (ਨ ਜ਼ ਸ)**-ਹਿਮਾਚਲ ਦੇ ਕਾਂਗੜਾ ਜ਼ਿਲ੍ਹੇ ਦੇ ਗੰਦੜ ਪਿੰਡ ਦੇ 75 ਸਾਲਾ ਮਿਲਖੀ ਰਾਮ ਨੇ 30 ਜੂਨ ਨੂੰ ਹਮੀਰਪੁਰ ਵਿੱਚ ਇਗਨੂ ਦੇ ਅਧਿਐਨ ਕੇਂਦਰ ਵਿੱਚ ਸੰਸਕ੍ਰਿਤ ਦੀ ਪ੍ਰੀਖਿਆ ਦਿੱਤੀ। ਉਨ੍ਹਾ ਕੋਲ 32 ਡਿਗਰੀਆਂ ਪਹਿਲਾਂ ਹੀ ਹਨ। ਇਗਨੂ ਵਿਖੇ ਸੰਸਕ੍ਰਿਤ ਪ੍ਰੋਗਰਾਮ ਵਿੱਚ ਐੱਮ ਏ ਨੂੰ 'ਆਚਾਰੀਆ' ਡਿਗਰੀ ਦੇ ਬਰਾਬਰ ਮਾਨਤਾ ਪ੍ਰਾਪਤ ਹੈ। 10 ਫਰਵਰੀ 1952 ਨੂੰ ਜਨਮੇ ਮਿਲਖੀ ਰਾਮ ਨੇ 1972 ਵਿੱਚ ਜੰਗਲਾਤ ਵਿਭਾਗ ਵਿੱਚ ਸ਼ਾਮਲ ਹੋਣ ਤੋਂ ਬਾਅਦ 1976 ਵਿੱਚ ਧਰਮਸ਼ਾਲਾ ਦੇ ਇੱਕ ਨਿੱਜੀ ਕਾਲਜ ਤੋਂ ਆਪਣੀ ਬੈਚਲਰ ਦੀ ਡਿਗਰੀ ਪ੍ਰਾਪਤ ਕੀਤੀ। ਜ਼ਿੰਮੇਵਾਰੀਆਂ ਦੇ ਬਾਵਜੂਦ ਪੜ੍ਹਾਈ ਨਹੀਂ ਛੱਡੀ। 2010 ਵਿੱਚ ਜਦੋਂ ਉਹ ਗ੍ਰੇਡ-1 ਦੇ ਅਹੁਦੇ ਤੋਂ ਸੇਵਾਮੁਕਤ ਹੋਏ ਤਾਂ ਉਨ੍ਹਾ ਕੋਲ 26 ਡਿਗਰੀਆਂ ਸਨ। ਉਨ੍ਹਾ ਦੀਆਂ ਅਕਾਦਮਿਕ ਪ੍ਰਾਪਤੀਆਂ ਦੀ ਸੂਚੀ ਵਿੱਚ ਬੀ ਐੱਡ, ਪ੍ਰਭਾਕਰ, ਐੱਲ ਐੱਲ ਬੀ, ਪੱਤਰਕਾਰੀ (ਜੇ ਐੱਮ ਸੀ), ਬੀ ਏ (ਸੰਸਕ੍ਰਿਤ), ਐੱਮ ਏ (ਹਿੰਦੀ, ਰਾਜਨੀਤੀ ਸ਼ਾਸਤਰ, ਸਮਾਜ ਸ਼ਾਸਤਰ, ਇਤਿਹਾਸ, ਅੰਗਰੇਜ਼ੀ, ਅਰਥ ਸ਼ਾਸਤਰ), ਐੱਮ ਬੀ ਏ, ਐੱਮ ਫਿਲ ਅਤੇ ਹਿੰਦੀ ਵਿੱਚ ਪੀ ਐੱਚ ਡੀ ਸ਼ਾਮਲ ਹਨ। ਉਨ੍ਹਾ ਨੌਜਵਾਨਾਂ ਨੂੰ ਨਸੀਹਤ ਦਿੱਤੀ ਹੈ ਕਿ ਗਿਆਨ ਇੱਕ ਅਜਿਹੀ ਸੰਪਤੀ ਹੈ, ਜਿਸ ਨੂੰ ਕਦੇ ਵੀ ਖੋਹਿਆ ਨਹੀਂ ਜਾ ਸਕਦਾ। ਸਿੱਖਿਆ ਸਮਾਜ ਅਤੇ ਵਿਅਕਤੀ ਦੋਵਾਂ ਦੇ ਵਿਕਾਸ ਲਈ ਸਭ ਤੋਂ ਸ਼ਕਤੀਸ਼ਾਲੀ ਮਾਧਿਅਮ ਹੈ। ਉਹ ਆਪਣੀ ਲੰਮੀ ਅਕਾਦਮਿਕ ਯਾਤਰਾ ਵਿੱਚ ਆਪਣਾ ਸਾਥ ਦੇਣ ਦਾ ਸਿਹਰਾ ਆਪਣੀ ਪਤਨੀ ਵਿਦਿਆ ਦੇਵੀ ਨੂੰ ਦਿੰਦੇ ਹਨ। ਦੇਵੀ ਵੀ ਜੰਗਲਾਤ ਵਿਭਾਗ ਦੀ ਇੱਕ ਸੇਵਾਮੁਕਤ ਗ੍ਰੇਡ-1 ਅਧਿਕਾਰੀ ਹੈ, ਜਦੋਂ ਕਿ ਉਨ੍ਹਾਂ ਦਾ ਪੁੱਤਰ, ਰਾਕੇਸ਼ ਕੁਮਾਰ ਰੇਲਵੇ ਟ੍ਰੈਫਿਕ ਸੇਵਾ ਅਧਿਕਾਰੀ ਹੈ।

## ਜਵਾਹਰ ਨਵੋਦਿਆ ਲਈ ਚੁਣੇ 29 ਵਿਦਿਆਰਥੀਆਂ ਸਮੇਤ ਅਧਿਆਪਕ ਤੇ ਵਲੰਟੀਅਰ ਸਨਮਾਨਤ




**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਭਾਈ ਜੈਤਾ ਜੀ ਫਾਊਂਡੇਸ਼ਨ ਇੰਡੀਆ ਦੇ ਸੰਸਥਾਪਕ ਹਰਪਾਲ ਸਿੰਘ ਦੀ ਯੋਗ ਅਗਵਾਈ ਤੇ ਦਿਸ਼ਾ ਨਿਰਦੇਸ਼ਾਂ ਤਹਿਤ ਜਸਵਿੰਦਰ ਸਿੰਘ ਪਸਰੀਚਾ, ਰਿਟਾ. ਪ੍ਰਿੰਸੀਪਲ ਬਹਾਦਰ ਸਿੰਘ ਗੋਸਲ ਤੇ ਸਟੇਟ ਕੋ-ਆਰਡੀਨੇਟਰ ਸੰਦੀਪ ਸਿੰਘ ਦੀ ਦੇਖ-ਰੇਖ ਹੇਠ ਬਠਿੰਡਾ ਤੇ ਬਰਨਾਲਾ ਜ਼ਿਲ੍ਹਿਆਂ ਵਿੱਚ ਚਲਾਏ ਗਏ 21 ਕੋਚਿੰਗ ਸੈਂਟਰਾਂ ਵਿੱਚੋਂ ਜਵਾਹਰ ਨਵੋਦਿਆ ਵਿਦਿਆਲਯ ਦੇ ਛੇਵੀਂ ਕਲਾਸ ਦੇ ਵਿੱਦਿਅਕ ਸੈਸ਼ਨ 2026-27 ਲਈ ਚੁਣੇ ਗਏ 29 ਵਿਦਿਆਰਥੀਆਂ, ਉਨ੍ਹਾਂ ਨੂੰ ਪੜ੍ਹਾਉਣ ਵਾਲੇ ਅਧਿਆਪਕਾਂ/ਵਲੰਟੀਅਰਾਂ ਲਈ ਸਨਮਾਨ ਸਮਾਰੋਹ ਦਾ ਆਯੋਜਨ ਰਾਮਪੁਰਾ ਫੂਲ ਵਿਖੇ ਕੀਤਾ ਗਿਆ। ਸਮਾਗਮ ਵਿੱਚ ਬੱਚਿਆਂ ਦੇ ਮਾਪਿਆਂ ਨੇ ਵੀ ਸ਼ਮੂਲੀਅਤ ਕੀਤੀ। ਅਧਿਆਪਕਾਂ 'ਚੋਂ ਕੁਲਵੰਤ ਸਿੰਘ ਖੋਖਰ, ਹੈੱਡ ਟੀਚਰ ਗੁਰਜੰਟ ਸਿੰਘ ਬੱਲੋ, ਪੰਜਾਬੀ ਟੀਚਰ ਅਮਰਜੀਤ ਸਿੰਘ (ਸ. ਸ. ਸ. ਸਕੂਲ ਪਿੱਥੋ), ਰਿਟਾ. ਪ੍ਰਿੰਸੀਪਲ ਬਲਜਿੰਦਰ ਸਿੰਘ ਲਹਿਰਾ ਮੁਹੱਬਤ (ਜ਼ਿਲ੍ਹਾ ਕੋ-ਆਰਡੀਨੇਟਰ ਬਠਿੰਡਾ ਤੇ ਬਰਨਾਲਾ) ਨੇ ਮੁੱਖ ਮਹਿਮਾਨਾਂ, ਅਧਿਆਪਕਾਂ, ਮਾਪਿਆਂ ਤੇ ਵਿਦਿਆਰਥੀਆਂ ਨੂੰ 'ਜੀ ਆਇਆਂ ਨੂੰ' ਕਿਹਾ ਤੇ ਫਾਊਂਡੇਸ਼ਨ ਦੁਆਰਾ ਵਿਦਿਆਰਥੀਆਂ ਦੀ ਭਲਾਈ ਅਤੇ ਪੜ੍ਹਾਈ ਨੂੰ ਕੇਂਦਰਤ ਚਲਾਈਆਂ ਜਾ ਰਹੀਆਂ ਵੱਖ-ਵੱਖ ਗਤੀਵਿਧੀਆਂ ਤੇ ਕੋਰਸਾਂ ਬਾਰੇ ਜਾਣਕਾਰੀ ਦਿੰਦੇ ਹੋਏ ਵਲ਼ਟੀਅਰਾਂ, ਅਧਿਆਪਕਾਂ ਤੇ ਮਾਪਿਆਂ ਨੂੰ ਇਸ ਅਭਿਆਨ ਨੂੰ ਪੂਰਾ ਸਹਿਯੋਗ ਦੇਣ ਅਤੇ ਵਿਦਿਆਰਥੀਆਂ ਨੂੰ ਆਪਣੇ ਜੀਵਨ ਵਿੱਚ ਸਖਤ ਲਗਨ ਤੇ ਮਿਹਨਤ ਨਾਲ ਪੜ੍ਹਾਈ ਕਰਨ ਲਈ ਪ੍ਰੇਰਿਤ ਕੀਤਾ। ਇਸ ਦੌਰਾਨ ਵਲੰਟੀਅਰਾਂ ਤੇ ਵਿਦਿਆਰਥੀਆਂ ਨੂੰ ਸਨਮਾਨਿਤ ਵੀ ਕੀਤਾ ਗਿਆ। ਰਿਟਾ. ਪ੍ਰਿੰਸੀਪਲ ਬਹਾਦਰ ਸਿੰਘ ਗੋਸਲ ਨੇ ਫਾਊਂਡੇਸ਼ਨ ਦੁਆਰਾ ਕੀਤੇ ਜਾ ਰਹੇ ਵੱਖ-ਵੱਖ ਉੱਦਮਾਂ ਬਾਰੇ ਜਾਣਕਾਰੀ ਦਿੰਦਿਆਂ ਸਾਰਿਆਂ ਦਾ ਧੰਨਵਾਦ ਕੀਤਾ।

## ਸਫਾ 1 ਦੇ ਬਾਕੀ...

### ਮੋਦੀ ਸਰਕਾਰ ਨੇ ਈ-20...

ਈ-5 ਜਾਂ ਈ-10 ਹੈ ਅਤੇ ਜੇਕਰ ਉਹ ਉਸ ਵਿੱਚ ਈ-20 ਪੈਟਰੋਲ ਪਾ ਦਿੰਦੇ ਹਨ, ਤਾਂ ਕੋਈ ਸਮੱਸਿਆ ਨਹੀਂ ਹੈ। ਸਿਰਫ਼ 5-7 ਫੀਸਦੀ ਮਾਈਲੇਜ ਘਟੇਗੀ, ਪਰ ਫਿਊਲ ਟੈਂਕ, ਫਿਊਲ ਸਿਸਟਮ ਅਤੇ ਇੰਜਣ ਨੂੰ ਕੋਈ ਨੁਕਸਾਨ ਨਹੀਂ ਹੋਵੇਗਾ।ਇਹਨਾਂ ਤਿੰਨਾਂ ਕੰਪਨੀਆਂ ਨੇ ਜਨਤਾ ਨਾਲ ਝੂਠ ਬੋਲਿਆ।ਜਦੋਂ ਲੋਕ ਗੱਡੀ ਖਰੀਦਦੇ ਹਨ ਤਾਂ ਗੱਡੀ ਦੇ ਨਾਲ ਇੱਕ ਓਨਰ ਮੈਨੂਅਲ ਮਿਲਦਾ ਹੈ।ਉਸ ਵਿੱਚ ਸਾਰੀਆਂ ਸ਼ਰਤਾਂ ਹੁੰਦੀਆਂ ਹਨ।ਉਹ ਇੱਕ ਤਰ੍ਹਾਂ ਨਾਲ ਗਾਹਕ ਅਤੇ ਆਟੋ ਕੰਪਨੀ ਵਿਚਕਾਰ ਸਮਝੌਤਾ ਹੁੰਦਾ ਹੈ।

ਕੇਜਰੀਵਾਲ ਨੇ ਕਿਹਾ, 'ਬੁੱਧਵਾਰ ਨੂੰ ਮੈਂ ਝੂਠ ਬੋਲਣ ਵਾਲੀਆਂ ਇਹਨਾਂ ਤਿੰਨਾਂ ਕੰਪਨੀਆਂ ਨੂੰ ਚਿੱਠੀ ਲਿਖਾਂਗਾ ਅਤੇ ਉਹਨਾਂ ਨੂੰ ਕਹਾਂਗਾ ਕਿ ਉਹਨਾਂ ਦਾ ਓਨਰ ਮੈਨੂਅਲ ਤਾਂ ਇਹ ਕਹਿੰਦਾ ਹੈ ਅਤੇ ਉਹ ਪ੍ਰੈੱਸ ਕਾਨਫਰੰਸ ਵਿੱਚ ਕੁਝ ਹੋਰ ਕਹਿੰਦੇ ਹਨ।ਉਹ ਲਿਖਤੀ ਰੂਪ ਵਿੱਚ ਦੇਣ ਕਿ ਜੇਕਰ ਕਿਸੇ ਗੱਡੀ ਦੀ ਮਾਈਲੇਜ 10 ਫੀਸਦੀ ਤੋਂ ਵਧ-ਘਟ ਜਾਂਦੀ ਹੈ, ਤਾਂ ਕੀ ਉਹ ਉਸ ਵਿਅਕਤੀ ਨੂੰ ਮਾਈਲੇਜ ਲਈ ਮੁਆਵਜ਼ਾ ਦੇਣਗੇ ? ਜੇਕਰ ਈ-20 ਦੀ ਵਰਤੋਂ ਕਰਨ ਨਾਲ ਗੱਡੀ ਖ਼ਰਾਬ ਹੋ ਜਾਂਦੀ ਹੈ ਜਾਂ ਕੋਈ ਟੁੱਟ-ਭੱਜ ਹੁੰਦੀ ਹੈ, ਤਾਂ ਕੀ ਉਹ ਉਸ ਗੱਡੀ ਦੇ ਪੁਰਜ਼ੇ ਬਦਲਣ ਦਾ ਮੁਆਵਜ਼ਾ ਦੇਣਗੇ ? ਉਹ ਇੱਕ ਵਾਰ ਹਾਂ ਕਹਿ ਦੇਣ, ਪੂਰੇ ਦੇਸ਼ ਵਿੱਚ ਉਹਨਾਂ ਦੇ ਪਲਾਂਟਾਂ ਦੇ ਸਾਹਮਣੇ ਗੱਡੀਆਂ ਦੀਆਂ ਲਾਈਨਾਂ ਲੱਗ ਜਾਣਗੀਆਂ।ਮੈਂ ਦੂਜੀਆਂ ਕੰਪਨੀਆਂ ਨੂੰ ਵੀ ਚਿੱਠੀ ਲਿਖਾਂਗਾ, ਜਿਨ੍ਹਾਂ ਸਰਕਾਰ ਦੇ ਕਹਿਣ ਦੇ ਬਾਵਜੂਦ ਝੂਠ ਨਹੀਂ ਬੋਲਿਆ।ਉਹਨਾਂ ਨੂੰ ਬੱਸ ਇਹ ਪੁੱਛਾਂਗਾ ਕਿ ਇੱਕ ਵਾਰ ਸਪੱਸ਼ਟ ਕਰ ਦੇਣ ਕਿ ਕੀ ਉਹ ਵੀ ਮੰਨਦੇ ਹਨ ਕਿ ਈ-10 ਵਿੱਚ ਈ-20 ਪੈਟਰੋਲ ਦੀ ਵਰਤੋਂ ਕੀਤੀ ਜਾ ਸਕਦੀ ਹੈ ? ਅਗਲੇ ਹਫ਼ਤੇ ਪ੍ਰਧਾਨ ਮੰਤਰੀ ਨੂੰ ਚਿੱਠੀ ਲਿਖਾਂਗਾ ਕਿ ਉਹਨਾਂ ਦੇ ਇਸ ਗਲਤ ਕਦਮ ਦਾ ਨੁਕਸਾਨ ਜਨਤਾ ਕਿਉਂ ਭੁਗਤੇ ? ਉਹ ਇਹ ਦੱਸ ਦੇਣ ਕਿ ਜੇਕਰ ਲੋਕਾਂ ਦੀ ਗੱਡੀ ਦੀ ਮਾਈਲੇਜ ਘਟਦੀ ਹੈ, ਤਾਂ ਹਰਜਾਨਾ ਉਹਨਾਂ ਦੀ ਸਰਕਾਰ ਦੇਵੇਗੀ ਜਾਂ ਕੰਪਨੀ ਦੇਵੇਗੀ ? ਜੇਕਰ ਲੋਕਾਂ ਦੀ ਗੱਡੀ ਦਾ ਇੰਜਣ ਜਾਂ ਫਿਊਲ ਸਿਸਟਮ ਖ਼ਰਾਬ ਹੁੰਦਾ ਹੈ, ਤਾਂ ਹਰਜਾਨਾ ਤਾਂ ਦੇਣਾ ਹੀ ਪਵੇਗਾ।ਜਨਤਾ ਹਰਜਾਨਾ ਕਿਉਂ ਭੁਗਤੇ ? ਹਰਜਾਨਾ ਮੋਦੀ ਜੀ ਦੀ ਸਰਕਾਰ ਦੇਵੇਗੀ ਜਾਂ ਕੰਪਨੀ ਦੇਵੇਗੀ ? '

ਕੇਜਰੀਵਾਲ ਨੇ ਕਿਹਾ ਕਿ ਸਰਕਾਰ ਨੇ ਇੱਕ ਹੋਰ ਝੂਠ ਚਲਾ ਰੱਖਿਆ ਹੈ ਕਿ ਭਾਰਤ ਕੋਈ ਪਹਿਲਾ ਦੇਸ਼ ਥੋੜ੍ਹੀ ਹੈ, ਜੋ ਐਥਨੌਲ ਦੀ ਵਰਤੋਂ ਕਰ ਰਿਹਾ ਹੈ, ਹੋਰ ਵੀ ਬਹੁਤ ਸਾਰੇ ਦੇਸ਼ ਹਨ, ਜੋ ਐਥਨੌਲ ਦੀ ਵਰਤੋਂ ਕਰ ਰਹੇ ਹਨ, ਉੱਥੇ ਤਾਂ ਲੋਕ ਰੌਲਾ ਨਹੀਂ ਪਾ ਰਹੇ।ਇਹ ਅੱਧਾ ਸੱਚ ਹੈ।ਬਾਕੀ ਦੇਸ਼ਾਂ ਵਿੱਚ ਜੋ ਐਥਨੌਲ ਵਰਤਿਆ ਜਾ ਰਿਹਾ ਹੈ, ਉਹ ਈ-10 ਤੋਂ ਘੱਟ ਵਰਤਿਆ ਜਾ ਰਿਹਾ ਹੈ।ਨਾਰਮਲ ਗੱਡੀਆਂ ਵੀ ਈ-10 ਤੱਕ ਤਾਂ ਵਰਤੋਂ ਕਰ ਲੈਂਦੀਆਂ ਹਨ, ਉਸ ਤੋਂ ਵੱਧ ਨਹੀਂ ਕਰ ਪਾਉਂਦੀਆਂ।ਜਰਮਨੀ, ਅਮਰੀਕਾ, ਫਰਾਂਸ ਅਤੇ ਥਾਈਲੈਂਡ ਵਿੱਚ ਅਜੇ ਤੱਕ ਈ-10 ਤੋਂ ਘੱਟ ਵਰਤੋਂ ਹੁੰਦੀ ਹੈ। ਉਹਨਾ ਦੱਸਿਆ ਕਿ ਜਾਪਾਨ ਵਿੱਚ ਈ-3 ਦੀ ਵਰਤੋਂ ਹੁੰਦੀ ਹੈ ਅਤੇ ਉੱਥੇ ਈ-10 ਦਾ ਟੀਚਾ 2030 ਰੱਖਿਆ ਗਿਆ ਹੈ।ਉਨ੍ਹਾਂ ਨੇ 7-8 ਸਾਲਾਂ ਦਾ ਫੇਜ਼ ਆਊਟ ਪੀਰੀਅਡ ਦਿੱਤਾ ਹੈ।ਈ-3 ਤੋਂ ਈ-10 ਤੱਕ ਜਾਣ ਲਈ ਜਾਪਾਨ ਨੇ 7 ਸਾਲ ਰੱਖੇ ਹਨ। ਈ-20 ਦਾ ਟੀਚਾ ਜਾਪਾਨ ਨੇ 2040 ਰੱਖਿਆ ਹੈ।ਅੱਜ ਤੋਂ 16 ਸਾਲ ਬਾਅਦ ਈ-20 ਵਿੱਚ ਜਾਣ ਲਈ ਜਾਪਾਨ 16 ਸਾਲ ਦਾ ਸਮਾਂ ਲਵੇਗਾ।ਥਾਈਲੈਂਡ ਨੇ 2008 ਵਿੱਚ ਟਰਾਇਲ ਅਤੇ ਪਾਇਲਟ ਬੇਸਿਸ 'ਤੇ ਕੁਝ ਪੈਟਰੋਲ ਪੰਪਾਂ 'ਤੇ ਈ-20 ਟ੍ਰਾਈ ਕੀਤਾ ਸੀ।ਅੱਜ 2026 ਹੋ ਗਿਆ ਹੈ, 18 ਸਾਲ ਬੀਤ ਚੁੱਕੇ ਹਨ, ਪਰ ਅਜੇ ਤੱਕ ਉੱਥੇ ਦੋਵੇਂ ਵਿਕਲਪ ਮੌਜੂਦ ਹਨ। ਲੋਕ ਈ-20 ਲੈ ਸਕਦੇ ਹਨ ਜਾਂ ਈ-10 ਲੈ ਸਕਦੇ ਹਨ।ਉੱਥੇ 18 ਸਾਲਾਂ ਦਾ ਫੇਜ਼ ਆਊਟ ਪੀਰੀਅਡ ਚੱਲ ਰਿਹਾ ਹੈ।

ਅਰਵਿੰਦ ਕੇਜਰੀਵਾਲ ਨੇ ਦੱਸਿਆ ਕਿ ਪੂਰੇ ਦੇਸ਼ ਵਿੱਚ ਬ੍ਰਾਜ਼ੀਲ ਇਕੱਲਾ ਦੇਸ਼ ਹੈ, ਜਿੱਥੇ ਈ-100 ਦੀ ਵਰਤੋਂ ਹੁੰਦੀ ਹੈ, ਯਾਨੀ ਜ਼ੀਰੋ ਪੈਟਰੋਲ।ਉੱਥੇ ਇਹਨਾਂ ਗੱਡੀਆਂ ਨੂੰ ਫਲੈਕਸੀ ਫਿਊਲ ਵ੍ਹੀਕਲ ਕਿਹਾ ਜਾਂਦਾ ਹੈ।ਬ੍ਰਾਜ਼ੀਲ ਨੇ ਬਦਲਾਅ ਲਈ 50 ਸਾਲ ਲਏ।1931 ਵਿੱਚ ਬ੍ਰਾਜ਼ੀਲ ਵਿੱਚ ਈ-5 ਲਿਆਂਦਾ ਗਿਆ ਸੀ ਅਤੇ 1985 ਵਿੱਚ ਈ-20 ਲਿਆਂਦਾ ਗਿਆ।ਉਹਨਾਂ ਨੂੰ 50 ਸਾਲ ਲੱਗ ਗਏ।1975 ਵਿੱਚ ਬ੍ਰਾਜ਼ੀਲ ਨੇ ਬਦਲਾਅ ਸ਼ੁਰੂ ਕੀਤਾ ਅਤੇ 1975 ਤੋਂ 1985 ਦਰਮਿਆਨ 10 ਸਾਲ ਦਾ ਸਮਾਂ ਲਿਆ। 1985 ਤੋਂ ਅੱਜ ਤੱਕ ਉਹਨਾਂ ਹੋਰ ਸਮਾਂ ਲਿਆ।ਹੁਣ ਬ੍ਰਾਜ਼ੀਲ ਵਿੱਚ ਲੋਕਾਂ ਨੂੰ ਵਿਕਲਪ ਮਿਲਦਾ ਹੈ ਕਿ ਉਹ ਈ-100 ਲੈ ਲੈਣ, ਈ-20 ਲੈ ਲੈਣ ਜਾਂ ਈ-30 ਲੈ ਲੈਣ।ਉੱਥੇ ਈ-30 ਬੇਸਿਕ ਹੈ।ਉਹਨਾਂ ਏਨੇ ਸਾਲਾਂ ਵਿੱਚ ਆਪਣੇ ਸਾਰੇ ਵਾਹਨਾਂ ਨੂੰ ਇਸਦੇ ਅਨੁਕੂਲ ਬਣਾ ਲਿਆ ਹੈ।

ਕੇਜਰੀਵਾਲ ਨੇ ਦੱਸਿਆ ਕਿ ਭਾਰਤ ਵਿੱਚ 6 ਫਰਵਰੀ 2023 ਨੂੰ ਟਰਾਇਲ ਬੇਸਿਸ 'ਤੇ ਪੂਰੇ ਦੇਸ਼ ਦੇ ਕੇਵਲ 1900 ਪੈਟਰੋਲ ਪੰਪਾਂ 'ਤੇ ਈ-20 ਲਿਆਂਦਾ ਗਿਆ ਸੀ ਅਤੇ ਮਾਤਰ 3 ਸਾਲ ਬਾਅਦ, 1 ਅਪ੍ਰੈਲ 2026 ਨੂੰ ਪੂਰੇ ਦੇਸ਼ ਦੇ 90 ਹਜ਼ਾਰ ਪੈਟਰੋਲ ਪੰਪਾਂ 'ਤੇ ਇਸ ਨੂੰ ਜ਼ਬਰਦਸਤੀ ਥੋਪ ਦਿੱਤਾ ਗਿਆ।ਸਾਡੇ ਦੇਸ਼ ਵਿੱਚ 22 ਕਰੋੜ ਮੋਟਰਸਾਈਕਲ ਅਜਿਹੇ ਹਨ, ਜੋ ਈ-20 ਦੇ ਅਨੁਕੂਲ ਨਹੀਂ ਹਨ ਅਤੇ ਉਹ ਈ-20 ਦੀ ਵਰਤੋਂ ਨਹੀਂ ਕਰ ਸਕਦੇ।8 ਕਰੋੜ ਕਾਰਾਂ ਅਜਿਹੀਆਂ ਹਨ, ਜੋ ਈ-20 ਦੇ ਅਨੁਕੂਲ ਨਹੀਂ ਹਨ ਅਤੇ ਉਹ ਈ-20 ਦੀ ਵਰਤੋਂ ਨਹੀਂ ਕਰ ਸਕਦੀਆਂ।ਸਰਕਾਰ ਦੀ ਇਸ ਜ਼ਿੱਦ ਕਾਰਨ 30 ਕਰੋੜ ਵਾਹਨ ਜੋਖਮ 'ਤੇ ਹਨ।ਇਹਨਾਂ 30 ਕਰੋੜ ਵਾਹਨਾਂ ਦਾ ਕਬਾੜਾ ਹੋ ਜਾਵੇਗਾ।ਕੇਜਰੀਵਾਲ ਨੇ ਕਿਹਾ ਕਿ ਉਹਨਾ ਦੀ ਮੋਦੀ ਜੀ ਅੱਗੇ ਹੱਥ ਜੋੜ ਕੇ ਬੇਨਤੀ ਹੈ ਕਿ ਉਹ ਜ਼ਿੱਦ ਨਾ ਕਰਨ ਅਤੇ ਮੰਨ ਜਾਣ।ਜਨਤਾ ਕੇਵਲ ਇੱਕ ਹੀ ਚੀਜ਼ ਮੰਗ ਰਹੀ ਹੈ ਕਿ ਵਿਕਲਪ ਦੇ ਦਿੱਤਾ ਜਾਵੇ।ਉਹ ਈ-20 ਰੱਖਣ, ਪਰ ਜਦੋਂ ਆਦਮੀ ਪੈਟਰੋਲ ਪੰਪ 'ਤੇ ਜਾਵੇ ਤਾਂ ਉਸ ਨੂੰ ਈ-0 ਵੀ ਮਿਲਣਾ ਚਾਹੀਦਾ ਹੈ, ਈ-10 ਵੀ ਮਿਲਣਾ ਚਾਹੀਦਾ ਹੈ ਅਤੇ ਈ-20 ਵੀ ਮਿਲਣਾ ਚਾਹੀਦਾ ਹੈ।ਇਹਨਾਂ ਦੇ ਵੱਖ-ਵੱਖ ਰੇਟ ਰੱਖ ਦਿੱਤੇ ਜਾਣ, ਜਿਸ ਨੂੰ ਜੋ ਸਮਝ ਆਵੇ, ਜਿਸ ਦੀ ਜੇਬ ਜੋ ਇਜਾਜ਼ਤ ਦੇਵੇ, ਜਿਸ ਦਾ ਜੋ ਵਿਚਾਰ ਬਣੇ ਅਤੇ ਜਿਸ ਦੀ ਬੁੱਧੀ ਜੋ ਇਜਾਜ਼ਤ ਦੇਵੇ, ਉਹ ਉਹੀ ਪੈਟਰੋਲ ਖਰੀਦ ਲਵੇ।

### ਰੋਨਾਲਡੋ ਦੀ ਤਮੰਨਾ...

ਮਿਲੀ। ਮਲਿਕ ਟਿਲਮੈਨ ਦੀ ਫ੍ਰੀ ਕਿੱਕ ਬੈਲਜੀਅਮ ਦੇ ਇੱਕ ਖਿਡਾਰੀ ਵਿੱਚ ਵੱਜ ਕੇ ਨੈੱਟ ਵਿੱਚ ਚਲੀ ਗਈ, ਜਿਸ ਨਾਲ ਸਕੋਰ 1-1 ਹੋ ਗਿਆ। ਹਾਲਾਂਕਿ, ਅਮਰੀਕਾ ਦੀ ਇਹ ਖੁਸ਼ੀ ਥੋੜ੍ਹੇ ਸਮੇਂ ਲਈ ਰਹੀ। ਸਿਰਫ 61 ਸਕਿੰਟਾਂ ਬਾਅਦ, ਡੀ ਕੇਟੇਲੇਅਰ ਨੇ ਟ੍ਰਾਸਾਰਡ ਦੇ ਕਰਾਸ ਤੋਂ ਇੱਕ ਸ਼ਾਨਦਾਰ ਹੈਡਰ ਨਾਲ ਗੋਲ ਕਰਕੇ ਬੈਲਜੀਅਮ ਨੂੰ 2-1 ਦੀ ਬੜ੍ਹਤ ਦਿਵਾਈ। 57ਵੇਂ ਮਿੰਟ ਵਿੱਚ, ਅਮਰੀਕੀ ਗੋਲਕੀਪਰ ਮੈਟ ਫਰੇਈ ਨੇ ਇੱਕ ਲੰਮੀ ਕਿੱਕ ਨੂੰ ਕੰਟਰੋਲ ਕਰਦੇ ਹੋਏ ਗਲਤੀ ਕੀਤੀ। ਗੇਂਦ ਉਛਲ ਕੇ ਹੰਸ ਵਨਾਕੇਨ ਦੇ ਰਸਤੇ ਵਿੱਚ ਜਾ ਡਿੱਗੀ, ਜਿਸ ਨੇ ਬੈਲਜੀਅਮ ਲਈ ਤੀਜਾ ਗੋਲ ਠੋਕ ਦਿੱਤਾ। ਫਿਰ 67ਵੇਂ ਮਿੰਟ ਵਿੱਚ ਆਏ ਰੋਮੇਲੂ ਲੁਕਾਕੂ ਨੇ ਵਾਧੂ ਸਮੇਂ (90+3) ਦੇ ਤੀਜੇ ਮਿੰਟ ਵਿੱਚ ਅਮਰੀਕਾ ਦੀ ਇੱਕ ਹੋਰ ਗਲਤੀ ਦਾ ਫਾਇਦਾ ਉਠਾਇਆ ਅਤੇ ਚੌਥਾ ਗੋਲ ਠੋਕ ਦਿੱਤਾ।

### ਤਨਖਾਹ-ਪੈਨਸ਼ਨ...

ਰਹਿੰਦੇ ਕੁੱਝ ਕੁ ਬਜ਼ੁਰਗ ਕਰਮਚਾਰੀਆਂ ਨੂੰ ਪੈਨਸ਼ਨ ਦਾ ਲਾਭ ਨਹੀਂ ਦਿੱਤਾ ਜਾ ਰਿਹਾ, ਵਰਕਰਾਂ ਦੀਆਂ ਤਰੱਕੀਆਂ ਨੂੰ ਲੰਮੇ ਸਮੇਂ ਤੱਕ ਬਿਨਾਂ ਵਜ੍ਹਾ ਤੋਂ ਲਟਕਾਅ ਕੇ ਰੱਖਿਆ ਜਾਂਦਾ ਹੈ।ਡਰਾਈਵਰਾਂ-ਕੰਡਕਟਰਾਂ ਦੀ ਘਾਟ ਪੂਰੀ ਨਹੀਂ ਕੀਤੀ ਜਾ ਰਹੀ, ਆਗੂਆਂ ਨੇ ਮੈਨੇਜਮੈਂਟ ਨੂੰ ਚਿਤਾਵਨੀ ਦਿੱਤੀ ਹੈ ਕਿ ਜੇਕਰ ਇਹ ਸਾਰੀਆਂ ਕਾਨੂੰਨੀ ਤੌਰ 'ਤੇ ਵਾਜਬ ਮੰਗਾਂ ਦੇ ਬਿਨਾਂ ਦੇਰੀ ਹੱਲ ਨਾ ਕੀਤੇ ਗਏ ਤਾਂ ਲਗਾਤਾਰ ਧਰਨੇ-ਮੁਜ਼ਾਹਰੇ ਹੋਰ ਵੀ ਵੱਧ ਤਾਕਤ ਨਾਲ ਕੀਤੇ ਜਾਣਗੇ। ਰੈਲੀ ਨੂੰ ਸਰਵਸ੍ਰੀ ਨਿਰਮਲ ਸਿੰਘ ਧਾਲੀਵਾਲ, ਗੰਡਾ ਸਿੰਘ, ਹਰਪ੍ਰੀਤ ਸਿੰਘ ਖੱਟੜਾ, ਰਾਕੇਸ਼ ਕੁਮਾਰ ਦਾਤਾਰਪੁਰੀ, ਇੰਦਰਪਾਲ ਸਿੰਘ ਅਤੇ ਮੁਹੰਮਦ ਖਲੀਲ ਨੇ ਸੰਬੋਧਨ ਕੀਤਾ ਅਤੇ ਰਮੇਸ਼ ਕੁਮਾਰ ਨੇ ਸਟੇਜ ਸਕੱਤਰ ਦੀ ਜ਼ਿੰਮੇਵਾਰੀ ਨਿਭਾਈ।

### ਫਾਸ਼ੀਵਾਦੀ ਹਮਲਿਆਂ ...

ਸਾਮਰਾਜੀ ਤੇ ਕਾਰਪੋਰੇਟੀ ਲੁੱਟ-ਖਸੁੱਟ ਵਿਰੁੱਧ ਜ਼ਿਲ੍ਹਾ ਕੇਂਦਰਾਂ 'ਤੇ ਜਥੇਬੰਦ ਕੀਤੇ ਗਏ ਰੈਲੀਆਂ-ਮੁਜ਼ਾਹਰਿਆਂ ਬਾਰੇ ਤਸੱਲੀ ਜ਼ਾਹਿਰ ਕਰਦਿਆਂ ਇਨ੍ਹਾਂ ਮੁੱਦਿਆਂ ਨੂੰ ਲੈ ਕੇ ਪਿੰਡਾਂ ਤੇ ਸ਼ਹਿਰਾਂ-ਕਸਬਿਆਂ 'ਚ ਜਾਗਰੂਕਤਾ ਮੁਹਿੰਮ ਨਿਰੰਤਰ ਜਾਰੀ ਰੱਖਣ ਦਾ ਫੈਸਲਾ ਕੀਤਾ ਹੈ।ਇਹ ਵੀ ਫੈਸਲਾ ਕੀਤਾ ਗਿਆ ਕਿ ਉਕਤ ਮੁਹਿੰਮ ਦੇ ਸਿਖਰ 'ਤੇ ਫਰੰਟ 'ਚ ਸ਼ਾਮਲ ਪਾਰਟੀਆਂ ਵੱਲੋਂ ਸੂਬਾ ਪੱਧਰ ਦੀ ਇਕ ਵਿਸ਼ਾਲ ਜਨਤਕ ਰੈਲੀ ਵੀ ਕੀਤੀ ਜਾਵੇਗੀ।ਬਿਆਨ ਰਾਹੀਂ ਜਾਣਕਾਰੀ ਸਾਂਝੀ ਕੀਤੀ ਗਈ ਕਿ ਫਰੰਟ 'ਚ ਸ਼ਾਮਲ ਕੁਝ ਇਕ ਪਾਰਟੀਆਂ ਨੇ ਫਰੰਟ ਦੀ ਰਾਜਸੀ ਸੇਧ ਅਤੇ ਐਕਸ਼ਨਾਂ ਨਾਲ ਪੂਰੀ ਸਹਿਮਤੀ ਦਾ ਇਜ਼ਹਾਰ ਕਰਦਿਆਂ ਆਪਣੇ ਜਥੇਬੰਦਕ ਰੁਝੇਵਿਆਂ ਕਰਕੇ ਆਰਜ਼ੀ ਤੌਰ 'ਤੇ ਫਰੰਟ ਦੀ ਮੁਹਿੰਮ ਤੇ ਇਕੱਠ 'ਚ ਸ਼ਾਮਲ ਹੋਣ ਤੋਂ ਅਸਮਰੱਥਾ ਪ੍ਰਗਟਾਈ ਹੈ।

### ਚੰਪਤ ਰਾਏ ਤੇ ਅਨਿਲ...

ਦਾਅਵਾ ਕੀਤਾ ਹੈ ਕਿ ਉਨ੍ਹਾ ਸਣੇ ਟਰੱਸਟ ਦੇ ਜ਼ਿਆਦਾਤਰ ਮੈਂਬਰ ਚੰਪਤ ਰਾਏ ਦੇ ਅਸਤੀਫੇ ਨੂੰ ਸਵੀਕਾਰ ਕਰਨ ਦੇ ਵਿਰੁੱਧ ਸਨ। ਮਹੰਤ ਦਿਨੇਂਦਰ ਦਾਸ ਨੇ ਦੋਸ਼ ਲਗਾਇਆ ਕਿ ਟਰੱਸਟ ਦੇ ਖਜ਼ਾਨਚੀ ਸਵਾਮੀ ਗੋਵਿੰਦ ਦੇਵ ਗਿਰੀ ਨੇ ਚੰਪਤ ਰਾਏ ਦਾ ਅਸਤੀਫਾ ਸਵੀਕਾਰ ਕਰਾਉਣ ਵਿੱਚ ਮੁੱਖ ਭੂਮਿਕਾ ਨਿਭਾਈ। ਮੀਟਿੰਗ ਵਿੱਚ ਚੰਪਤ ਰਾਏ ਦੇ ਅਸਤੀਫੇ ਦੀ ਕਾਪੀ ਜਨਤਕ ਨਹੀਂ ਕੀਤੀ ਗਈ, ਜਿਸ ਨਾਲ ਪੂਰੀ ਪ੍ਰਕਿਰਿਆ 'ਤੇ ਸਵਾਲ ਖੜ੍ਹੇ ਹੁੰਦੇ ਹਨ। ਉਨ੍ਹਾ ਕਿਹਾ ਕਿ ਮੀਟਿੰਗ ਵਿੱਚ ਆਨਲਾਈਨ ਸ਼ਾਮਲ ਹੋਏ ਇੱਕ ਮੈਂਬਰ ਪਰਾਸਰਨ ਨੇ ਟਰੱਸਟ ਡੀਡ ਦਾ ਹਵਾਲਾ ਦਿੱਤਾ ਅਤੇ ਕਿਹਾ ਕਿ ਚੰਪਤ ਰਾਏ ਦਾ ਅਸਤੀਫਾ ਮਿਲਣ ਦੇ ਬਾਅਦ ਆਪਣੇ ਆਪ ਸਵੀਕਾਰ ਹੋ ਗਿਆ ਸੀ। ਇਸ ਆਧਾਰ 'ਤੇ ਅਸਤੀਫਾ ਸਵੀਕਾਰ ਕਰ ਲਿਆ ਗਿਆ। ਹਾਲਾਂਕਿ, ਮਹੰਤ ਦਿਨੇਂਦਰ ਦਾਸ ਨੇ ਕਿਹਾ ਕਿ ਇਸ ਮਾਮਲੇ ਵਿੱਚ ਟਰੱਸਟ ਡੀਡ ਵਿੱਚ ਨਿਰਧਾਰਤ ਅਸਤੀਫਾ ਪ੍ਰਕਿਰਿਆਵਾਂ ਅਤੇ ਨਿਯਮਾਂ ਦੀ ਪਾਲਣਾ ਨਹੀਂ ਕੀਤੀ ਗਈ। ਉਨ੍ਹਾ ਕਿਹਾ ਕਿ ਪ੍ਰਕਿਰਿਆ ਪੂਰੀ ਤਰ੍ਹਾਂ ਪਾਰਦਰਸ਼ੀ ਹੋਣੀ ਚਾਹੀਦੀ ਸੀ ਅਤੇ ਸਾਰੇ ਟਰੱਸਟ ਮੈਂਬਰਾਂ ਨੂੰ ਸੂਚਤ ਕੀਤਾ ਜਾਣਾ ਚਾਹੀਦਾ ਸੀ। ਇਹ ਬਿਆਨ, ਜੋ ਕਿ ਚੱਲ ਰਹੇ ਚੰਦਾ ਚੋਰੀ ਵਿਵਾਦ ਦੇ ਵਿਚਕਾਰ ਆਇਆ ਹੈ, ਸ੍ਰੀ ਰਾਮ ਜਨਮ ਭੂਮੀ ਤੀਰਥ ਖੇਤਰ ਟਰੱਸਟ ਦੇ ਅੰਦਰ ਫੁੱਟ ਨੂੰ ਹੋਰ ਡੂੰਘਾ ਕਰਦਾ ਜਾਪਦਾ ਹੈ। ਹੁਣ ਚੋਰੀ ਦੀ ਜਾਂਚ ਦੇ ਨਾਲ ਚੰਪਤ ਰਾਏ ਦੇ ਅਸਤੀਫੇ ਦੀ ਪ੍ਰਕਿਰਿਆ ਵੀ ਨਵੇਂ ਵਿਵਾਦ ਦਾ ਵਿਸ਼ਾ ਬਣ ਗਈ ਹੈ।

### ਕੀ ਕਹਿੰਦੇ ਹਨ ਟੋਇਟਾ...

ਹੈ।ਇਹ ਉਹਨਾਂ ਦੇ ਓਨਰ ਮੈਨੂਅਲ ਵਿੱਚ ਲਿਖਿਆ ਹੈ।ਫਿਰ ਵੀ ਉਹ ਸਰਕਾਰੀ ਪ੍ਰੈੱਸ ਕਾਨਫਰੰਸ ਵਿੱਚ ਕਹਿੰਦੇ ਹਨ ਕਿ ਈ-10 ਵਿੱਚ ਈ-20 ਪੈਟਰੋਲ ਵੀ ਵਰਤ ਲਓ, ਕੋਈ ਦਿੱਕਤ ਨਹੀਂ ਹੈ।ਇਹ ਗੱਲ ਟੋਇਟਾ ਦੀ ਇਨੋਵਾ ਹਾਈਕ੍ਰਾਸ, ਫਾਰਚੂਨਰ, ਗਲੈਂਜ਼ਾ, ਅਰਬਨ ਕਰੂਜ਼ਰ, ਇਨੋਵਾ ਕ੍ਰਿਸਟਾ ਸਮੇਤ ਉਹਨਾਂ ਦੇ ਸਾਰੇ ਮਾਡਲਾਂ ਦੇ ਓਨਰ ਮੈਨੂਅਲ ਵਿੱਚ ਲਿਖੀ ਹੋਈ ਹੈ।ਮਾਰੂਤੀ ਨੇ ਵੀ ਸਰਕਾਰੀ ਪ੍ਰੈੱਸ ਕਾਨਫਰੰਸ ਵਿੱਚ ਜਾ ਕੇ ਕਿਹਾ ਕਿ ਈ-10 ਵਾਹਨ ਵਿੱਚ ਈ-20 ਵਰਤ ਲਓ।ਮਾਰੂਤੀ ਦਾ ਮੈਨੂਅਲ ਕਹਿੰਦਾ ਹੈ ਕਿ ਬਿਨਾਂ ਲੈੱਡ ਵਾਲੇ ਪੈਟਰੋਲ ਅਤੇ ਅਲਕੋਹਲ (ਐਥਨੌਲ) ਦਾ ਮਿਸ਼ਰਣ, ਜਿਸ ਨੂੰ ਗੈਸੋਹੋਲ ਵੀ ਕਿਹਾ ਜਾਂਦਾ ਹੈ, ਕੁਝ ਖੇਤਰਾਂ ਵਿੱਚ ਵਪਾਰਕ ਤੌਰ 'ਤੇ ਉਪਲੱਬਧ ਹੈ। ਇਸ ਤਰ੍ਹਾਂ ਦੇ ਮਿਸ਼ਰਣ ਦੀ ਵਰਤੋਂ ਵਾਹਨ ਵਿੱਚ ਕੀਤੀ ਜਾ ਸਕਦੀ ਹੈ, ਜੇਕਰ ਉਹਨਾਂ ਵਿੱਚ 10 ਫੀਸਦੀ ਤੋਂ ਵੱਧ ਐਥਨੌਲ ਨਾ ਹੋਵੇ।ਯਾਨੀ 10 ਫੀਸਦੀ ਤੋਂ ਘੱਟ ਐਥਨੌਲ ਹੋਣਾ ਚਾਹੀਦਾ ਹੈ।ਨੋਟ ਵਿੱਚ ਲਿਖਿਆ ਹੈ ਕਿ ਜੇਕਰ ਲੋਕ ਅਲਕੋਹਲ (ਐਥਨੌਲ) ਮਿਸ਼ਰਣ ਦੀ ਵਰਤੋਂ ਕਰਦੇ ਸਮੇਂ ਆਪਣੇ ਵਾਹਨ ਨੂੰ ਚਲਾਉਣ ਦੀ ਸਮਰੱਥਾ ਜਾਂ ਮਾਈਲੇਜ ਤੋਂ ਸੰਤੁਸ਼ਟ ਨਹੀਂ ਹਨ, ਤਾਂ ਉਹਨਾਂ ਨੂੰ ਬਿਨਾਂ ਅਲਕੋਹਲ ਵਾਲੇ ਪੈਟਰੋਲ 'ਤੇ ਵਾਪਸ ਆ ਜਾਣਾ ਚਾਹੀਦਾ ਹੈ।10 ਫੀਸਦੀ ਤੋਂ ਵੱਧ ਵਰਤੋਂ ਨਹੀਂ ਕਰਨੀ। 10 ਫੀਸਦੀ ਨਾਲ ਵੀ ਦਿੱਕਤ ਆਵੇ, ਤਾਂ ਕੋਈ ਅਲਕੋਹਲ (ਐਥਨੌਲ) ਵਰਤੋਂ ਨਹੀਂ ਕਰਨੀ। ਇਹ ਗੱਲ ਮਾਰੂਤੀ ਵਾਲੇ ਕਹਿ ਰਹੇ ਹਨ।ਮਾਰੂਤੀ ਦੀ ਬਲੇਨੋ, ਡਿਜ਼ਾਇਰ ਸਮੇਤ ਸਾਰੇ ਮਾਡਲਾਂ ਵਿੱਚ ਇਹ ਲਿਖਿਆ ਹੋਇਆ ਹੈ।

### ਖੇਤੀ ਤੇ ਪੇਂਡੂ ਕਾਮਿਆਂ ਦੀਆਂ ...

ਨੇ ਕਿਹਾ ਕਿ ਭਾਰਤ ਦੀ ਜਵਾਨੀ ਪਿਛਲੇ ਇੱਕ ਮਹੀਨੇ ਤੋਂ ਸੜਕਾਂ 'ਤੇ ਹੈ।

ਉਹ ਨੈਸ਼ਨਲ ਟੈਸਟਿੰਗ ਏਜੰਸੀ, ਜਿਹੜੀ ਭਾਰਤ ਦੇ ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਦੀ ਸਰਪ੍ਰਸਤੀ ਹੇਠ ਵਿਦਿਆਰਥੀਆਂ ਨਾਲ ਖਿਲਵਾੜ ਕਰਨ ਲਈ ਬਦਨਾਮ ਹੋ ਚੁੱਕੀ ਹੈ। ਵਿਦਿਆਰਥੀ ਮੰਗ ਕਰ ਰਹੇ ਹਨ ਕਿ ਕੇਂਦਰੀ ਸਿੱਖਿਆ ਮੰਤਰੀ ਅਸਤੀਫ਼ਾ ਦੇਵੇ। ਐੱਨ ਟੀ ਏ ਦੀ ਅਯੋਗਤਾ ਸਭ ਦੇ ਸਾਹਮਣੇ ਹੈ। ਪਿਛਲੇ ਸਮੇਂ 89 ਪੇਪਰ ਲੀਕ ਹੋ ਚੁੱਕੇ ਹਨ। ਪ੍ਰੀਖਿਆਵਾਂ ਦੀ ਇਸ ਭਿਆਨਕ ਸਥਿਤੀ ਨੇ ਨੌਜਵਾਨਾਂ ਅਤੇ ਵਿਦਿਆਰਥੀਆਂ ਨੂੰ ਬੇਹੱਦ ਦਰਦ ਤੇ ਪੀੜਾ ਦਿੱਤੀ ਹੈ।ਉਹ ਆਪਣੇ ਪਰਵਾਰਾਂ ਦੀਆਂ ਉਮੀਦਾਂ ਪੂਰੀਆਂ ਕਰਨ ਲਈ ਅਣਥੱਕ ਮਿਹਨਤ ਨਾਲ ਤਿਆਰੀ ਕਰਦੇ ਹਨ।

ਇਸ ਸਾਲ ਨੀਟ ਪ੍ਰੀਖਿਆ ਦੌਰਾਨ ਜਦੋਂ ਪੇਪਰ ਰੱਦ ਹੋ ਗਿਆ ਤਾਂ ਭਾਰਤ ਦੇ ਮੁੱਖ ਜੱਜ ਸੂਰਿਆ ਕਾਂਤ ਨੇ ਦੇਸ਼ ਦੇ ਨੌਜਵਾਨਾਂ ਨੂੰ ਕਾਕਰੋਚ ਕਹਿ ਦਿੱਤਾ।ਇਸ ਨਾਲ ਨੌਜਵਾਨਾਂ ਦੇ ਸਬਰ ਦਾ ਪਿਆਲਾ ਛਲਕ ਪਿਆ। ਦੇਸ਼ ਦੇ ਸਿਸਟਮ ਨੂੰ ਨੌਜਵਾਨਾਂ ਦੇ ਸਖ਼ਤ ਵਿਰੋਧ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਨੌਜਵਾਨਾਂ ਦਾ ਖ਼ੂਨ ਉਬਾਲੇ ਖਾ ਰਿਹਾ ਹੈ। ਇਹ ਉਬਾਲ ਦਾ ਹੀ ਨਤੀਜਾ ਹੈ ਕਿ ਸੋਨਮ ਵਾਂਗਚੁੱਕ ਅਤੇ 22 ਨੌਜਵਾਨ ਜੰਤਰ-ਮੰਤਰ 'ਤੇ ਅਣਮਿੱਥੇ ਸਮੇਂ ਲਈ ਭੁੱਖ ਹੜਤਾਲ 'ਤੇ ਬੈਠੇ ਹਨ। ਇਹ ਧਰਮਿੰਦਰ ਪ੍ਰਧਾਨ ਸਿਰਫ ਪੇਪਰ ਲੀਕ ਹੋਣ ਦਾ ਹੀ ਜ਼ਿੰਮੇਵਾਰ ਨਹੀਂ, ਸਗੋਂ ਉਹ ਖੁਦਕੁਸ਼ੀਆਂ ਕਰ ਗਏ ਸੈਂਕੜੇ ਨੌਜਵਾਨਾਂ ਦੀ ਮੌਤ ਲਈ ਵੀ ਜ਼ਿੰਮੇਵਾਰ ਹੈ।

ਆਗੂਆਂ ਕਿਹਾ ਕਿ ਖੇਤੀ ਤੇ ਪੇਂਡੂ ਮਜ਼ਦੂਰ ਸਿੱਖਿਆ ਪ੍ਰਣਾਲੀ ਦੀ ਅਸਫਲਤਾ ਕਾਰਨ ਪੀੜਤ ਸਾਰੇ ਵਿਦਿਆਰਥੀਆਂ ਦੇ ਨਾਲ ਖੜੇ ਹਨ। ਅਸੀਂ ਧਰਮਿੰਦਰ ਪ੍ਰਧਾਨ ਦੇ ਤਰੁੰਤ ਅਸਤੀਫ਼ੇ ਦੀ ਮੰਗ ਕਰਦੇ ਹਾਂ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ।
**ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in**

# ਪੈਟਰੋਲ ਪੰਪਾਂ 'ਤੇ ਛਾਪਾਮਾਰੀ ਕਰਕੇ ਇਥੋਨੋਲ ਰਲੇ ਪੈਟਰੋਲ ਦੇ ਨਮੂਨੇ ਲਏ

## • ਤੇਲ ਦੀਆਂ ਡਿੱਗੀਆਂ ਕੀਮਤਾਂ ਦੇ ਮੱਦੇਨਜ਼ਰ ਸਰਕਾਰ ਪੈਟਰੋਲ ਤੇ ਡੀਜ਼ਲ ਦੇ ਮੁੱਲ 'ਚ ਕਟੌਤੀ ਕਰੇ: ਧਾਲੀਵਾਲ



**ਅੰਮ੍ਰਿਤਸਰ/ਅਜਨਾਲਾ (ਸੁਖਤਿੰਦਰ ਸਿੰਘ ਰਾਜੂ)**-ਆਮ ਆਦਮੀ ਪਾਰਟੀ ਦੇ ਸੂਬਾਈ ਮੁੱਖ ਬੁਲਾਰੇ, ਵਿਧਾਇਕ ਤੇ ਸਾਬਕਾ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਵੱਲੋਂ ਜ਼ਿਲ੍ਹਾ ਖੁਰਾਕ ਤੇ ਸਿਵਲ ਸਪਲਾਈ ਕੰਟਰੋਲਰ ਸੁਖਜਿੰਦਰ ਸਿੰਘ ਤੇ ਤੋਲ ਤੇ ਮਾਪ ਇੰਸਪੈਕਟਰ ਗਗਨਦੀਪ ਸਿੰਘ ਤੇ ਇੰਸਪੈਕਟਰ ਸੁਮਿਤ ਪ੍ਰਭਾਕਰ ਆਦਿ ਵਿਭਾਗੀ ਅਧਿਕਾਰੀਆਂ ਦੀ ਟੀਮ ਨਾਲ ਪੈਟਰੋਲ 'ਚ ਪਾਈ ਜਾਂਦੀ ਇਥੋਨੋਲ ਦੀ ਮਿਕਦਾਰ ਦੀ ਪੜਤਾਲ ਕਰਨ ਲਈ ਅਜਨਾਲਾ ਖੇਤਰ ਦੇ ਵੱਖ-ਵੱਖ ਪੈਟਰੋਲ ਪੰਪਾਂ ਦੀ ਚੈਕਿੰਗ ਕੀਤੀ ਗਈ ਅਤੇ ਪੜਤਾਲ ਲਈ ਮੌਕੇ 'ਤੇ ਪੈਟਰੋਲ ਦੇ ਨਮੂਨੇ ਲਏ ਗਏ।ਪੈਟਰੋਲ 'ਚ ਇਥੋਨੋਲ ਦੀ ਮਿਕਦਾਰ ਸਬੰਧੀ ਅਧਿਕਾਰੀਆਂ ਦੀ ਮੌਜੂਦਗੀ ਚ ਸੈਂਪਲ ਲੈਣ ਮੌਕੇ ਸ. ਧਾਲੀਵਾਲ ਨੇ ਗੱਲਬਾਤ ਦੌਰਾਨ ਪ੍ਰਗਟਾਵਾ ਕੀਤਾ ਕਿ ਪੈਟਰੋਲ ਨਾਲ ਚਲਦੇ ਚਾਰ ਤੇ ਦੁਪਹੀਆ ਵਾਹਨਾਂ 'ਚ ਪਾਏ 'ਤੇ ਇਥੋਨੋਲ ਦੀ ਮਿਕਦਾਰ ਵਾਲਾ ਪੈਟਰੋਲ ਪਾਏ ਜਾਣ ਦੇ ਨਤੀਜੇ ਵਜੋਂ ਇਨਾਂ ਵਾਹਨਾਂ 'ਚ ਕਥਿਤ ਤੌਰ ਤੇ ਭਾਰੀ ਖ਼ਰਾਬੀ ਪੈਦਾ ਹੋਣ ਕਾਰਣ ਵਾਹਨ ਮਾਲਕਾਂ ਚ ਹਾਹਾਕਾਰ ਮਚਣ 'ਤੇ ਇਸ ਬਾਬਤ ਸ਼ਿਕਾਇਤਾਂ ਆਉਣ ਦੇ ਮੱਦੇਨਜ਼ਰ ਉਨ੍ਹਾਂ (ਸ. ਧਾਲੀਵਾਲ) ਵੱਲੋਂ ਅਧਿਕਾਰੀਆਂ ਦੀ ਟੀਮ ਨਾਲ ਪੈਟਰੋਲ ਦੇ ਨਮੂਨੇ ਲੈਣ ਲਈ ਉਚ ਤਾਕਤੀ ਛਾਪਾਮਾਰੀ ਕਦਮ ਚੁੱਕਣਾ ਪਿਆ ਹੈ। ਸ. ਧਾਲੀਵਾਲ ਨੇ ਇਥੋਨੋਲ ਦੀ ਮਿਕਦਾਰ ਵਾਲੇ ਪੈਟਰੋਲ ਦੀ ਵਰਤੋਂ ਨਾਲ ਵਾਹਨਾਂ ਦੇ ਇੰਜਣਾਂ ਸਮੇਤ ਹੋਰ ਚਾਲਕ ਪੁਰਜ਼ਿਆਂ 'ਚ ਪੈ ਰਹੀ ਖ਼ਰਾਬੀ ਕਾਰਣ ਵਾਹਨ ਮਾਲਕਾਂ ਨੂੰ ਪ੍ਰਤੀ ਵਾਹਨ ਪੁੱਜ ਰਹੇ ਹਜ਼ਾਰਾਂ ਰੁਪਏ ਦੇ ਨੁਕਸਾਨ ਲਈ ਸਿੱਧੇ ਤੌਰ 'ਤੇ ਕੇਂਦਰ ਸਰਕਾਰ ਦੀ ਵਾਹਨ ਚਾਲਕਾਂ ਨੂੰ ਕਥਿਤ ਤੌਰ 'ਤੇ ਵਿੱਤੀ ਚੂਨਾ ਲਗਾ ਕੇ ਪੈਟਰੋਲੀਅਮ ਦੇ ਅੰਨ੍ਹੇ ਮੁਨਾਫੇ ਵਾਲੀ ਨੀਤੀ ਨੂੰ ਸਿੱਧੇ ਤੌਰ ਤੇ ਜ਼ਿੰਮੇਵਾਰ ਠਹਿਰਾਇਆ।ਉਨ੍ਹਾਂ ਨੇ ਕੇਂਦਰ ਸਰਕਾਰ ਦੀ ਤਿੱਖੀ ਸ਼ਬਦੀ ਨਾਕਾਬੰਦੀ ਕੀਤੀ ਅਤੇ ਕਿਹਾ ਕਿ ਕੇਂਦਰ ਸਰਕਾਰ ਦੇ ਇਸ ਤਰਕ ਨੂੰ ਮੁੱਢੋਂ ਰੱਦ ਕਰ ਦਿੱਤਾ ਜਿਸ 'ਚ ਭਾਰਤ ਦੇ ਮੁਕਾਬਲੇ ਵਿਦੇਸ਼ਾਂ 'ਚ ਸੜਕਾਂ ਤੇ ਪੈਟਰੋਲ ਚ ਇਥੋਨੋਲ ਦੀ 50 ਫ਼ੀਸਦ ਤੋਂ ਵੀ ਵੱਧ ਮਿਕਦਾਰ ਵਾਲੇ ਪੈਟਰੋਲ ਦੀ ਵਰਤੋਂ ਨਾਲ ਤੇਜ਼ ਰਫ਼ਤਾਰ ਵਾਹਨ ਦੌੜਨ ਦੀ ਕੇਂਦਰ ਸਰਕਾਰ ਵੱਲੋਂ ਵਕਾਲਤ ਕੀਤੀ ਗਈ ਹੈ। ਸ. ਧਾਲੀਵਾਲ ਨੇ ਕਿਹਾ ਕਿ ਕੇਂਦਰ ਸਰਕਾਰ ਅਜਿਹਾ ਬੇਹੂਦਾ ਤਰਕ ਦੇ ਕੇ ਆਪਣੇ ਦੇਸ਼ ਦੇ ਅਤਿ ਦੀ ਮਹਿੰਗਾਈ 'ਚ ਪਿਸ ਰਹੇ ਮੱਧ ਵਰਗੀ ਤੇ ਛੋਟੇ ਕਾਰੋਬਾਰੀਆਂ, ਮੁਲਾਜ਼ਮਾਂ ਆਦਿ ਵਾਹਨ ਮਾਲਕਾਂ ਦੇ ਹੱਕ 'ਚ ਖੜ੍ਹਨ ਦੀ ਬਜਾਏ ਪਹਿਲਾਂ ਹੀ ਅੰਨ੍ਹੇ ਮੁਨਾਫ਼ੇ ਕਾਰਣ ਅਮੀਰ ਹੋ ਚੁੱਕੀਆਂ ਪੈਟਰੋਲੀਅਮ ਕੰਪਨੀਆਂ ਨੂੰ ਹੋਰ ਅਮੀਰ ਬਣਾਉਣ ਲਈ ਐਲਾਨੀਆਂ ਤੌਰ ਤੇ ਖੁੱਲ੍ਹ ਦੇਣ 'ਤੇ ਉਤਰ ਆਈ ਹੈ, ਜਦੋਂ ਕਿ ਕੇਂਦਰ ਸਰਕਾਰ ਦਾ ਵਿਦੇਸ਼ਾਂ 'ਚ ਸੜਕਾਂ ਤੇ ਇਥੋਨੋਲ ਦੀ ਭਾਰੀ ਮਿਕਦਾਰ ਵਾਲੇ ਤੇਲ ਨਾਲ ਤੇਜ਼ ਦੌੜਦੇ ਵਿਦੇਸ਼ੀ ਵਾਹਨਾਂ ਨਾਲ ਤੁਲਨਾਤਮਿਕ ਇਹ ਐਲਾਨ ਇਸ ਕਰਕੇ ਪੂਰੀ ਤਰ੍ਹਾਂ ਤਰਕਹੀਣ ਹੈ ਕਿਉਂਕਿ ਵਿਦੇਸ਼ੀ ਵਾਹਨਾਂ ਦੀ ਤਕਨੀਕੀ ਬਣਤਰ ਤੇ ਸੜਕਾਂ ਦੇ ਮੁਕਾਬਲੇ ਕੇਂਦਰ ਸਰਕਾਰ ਭਲੀ ਭਾਂਤ ਜਾਣਦੀ ਹੈ ਕਿ ਆਪਣੇ ਦੇਸ਼ ਦੇ ਵਾਹਨਾਂ ਦੀ ਤਕਨੀਕੀ ਬਣਤਰ ਤੇ ਸੜਕਾਂ ਦੀ ਹਾਲਤ ਕਮਜ਼ੋਰ ਹੈ।ਉਨ੍ਹਾਂ ਨੇ ਇਹ ਵੀ ਇਲਜ਼ਾਮ ਲਾਏ ਕਿ ਕੇਂਦਰੀ ਸਰਕਾਰ ਅਜਿਹੇ ਬੇਤੁਕੇ ਫੈਸਲੇ ਨੁਮਾ ਐਲਾਨ ਸੁਣਾ ਕੇ ਆਪਣੇ ਹੀ ਇੱਕ ਕੇਂਦਰੀ ਵਜ਼ੀਰ ਦੇ ਇਥੋਨੋਲ ਵਿਕਰੀ ਦਾ ਦੇਸ਼ ਭਰ ਚ ਵਪਾਰ ਚਲਾ ਰਹੇ ਉਸਦੇ ਪੁੱਤਰ ਮੋਹ ਨੂੰ ਅੰਨ੍ਹਾ ਮੁਨਾਫ਼ਾ ਪਹੁੰਚਾਉਣ ਲਈ ਲੋਕ ਵਿਰੋਧੀ ਨੀਤੀ ਦੀ ਸੀਮਾ ਨੂੰ ਉਲੰਘਣ ਤੋਂ ਵੀ ਨਹੀਂ ਝਿਜਕ ਰਹੀ। ਵਿਧਾਇਕ ਤੇ ਆਪ ਦੇ ਮੁੱਖ ਬੁਲਾਰੇ ਸ. ਧਾਲੀਵਾਲ ਨੇ ਕੇਂਦਰ ਸਰਕਾਰ 'ਤੇ ਜ਼ੋਰ ਦਿੱਤਾ ਕਿ ਪੈਟਰੋਲੀਅਮ ਕੰਪਨੀਆਂ ਦੇ ਹੱਕ 'ਚ ਭੁਗਤਣ ਦੀ ਬਜਾਏ ਕੇਂਦਰ ਸਰਕਾਰ ਫੌਰੀ ਤੌਰ ਤੇ ਕੌਮਾਂਤਰੀ ਮੰਡੀ 'ਚ ਘੱਟ ਕੇ ਲਗਭਗ ਪਹਿਲੇ ਰੇਟ ਤੇ ਪੁੱਜ ਚੁੱਕੇ ਪ੍ਰਤੀ ਬੈਰਲ ਕੱਚੇ ਤੇਲ ਦੀਆਂ ਕੀਮਤਾਂ ਨੂੰ ਮੁੱਖ ਰੱਖਦੇ ਹੋਏ ਪੈਟਰੋਲ, ਡੀਜ਼ਲ, ਘਰੇਲੂ ਰਸੋਈ ਗੈਸ, ਵਪਾਰਕ ਗੈਸ ਆਦਿ ਤੇਲ ਕੀਮਤਾਂ ਨੂੰ ਘਟਾ ਕੇ ਹੋਰ ਰਾਹਤ ਨਹੀਂ ਤਾਂ, ਘੱਟੋ-ਘੱਟ ਪਹਿਲੀਆਂ ਕੀਮਤਾਂ ਹੀ ਬਹਾਲ ਕਰਕੇ ਅਤਿ ਦੀ ਮਹਿੰਗਾਈ 'ਚ ਖਪਤਕਾਰਾਂ ਨੂੰ ਊਠ ਤੋਂ ਛਾਨਣੀ ਲਾਹੁਣ ਜਿੰਨੀ ਰਾਹਤ ਪਹੁੰਚਾਏ।

# ਲੋਕਾਂ ਦਾ ਭਰੋਸਾ ਹੀ ਸਭ ਤੋਂ ਵੱਡੀ ਤਾਕਤ : ਦਿਨੇਸ਼ ਬੱਸੀ



**ਛੇਹਰਟਾ, (ਮਨੋਜ ਕੁਮਾਰ)** : ਇੰਪਰੂਵਮੈਂਟ ਟਰੱਸਟ ਦੇ ਸਾਬਕਾ ਚੇਅਰਮੈਨ ਤੇ ਹਲਕਾ ਪੂਰਬੀ ਦੇ ਸੀਨੀਅਰ ਕਾਂਗਰਸੀ ਆਗੂ ਦਿਨੇਸ਼ ਬੱਸੀ ਨੇ ਕਿਹਾ ਕਿ ਲੋਕਾਂ ਵਿਚ ਜਾ ਕੇ ਉਨ੍ਹਾਂ ਦੀਆਂ ਸਮੱਸਿਆਵਾਂ ਸੁਣਨਾ ਤੇ ਉਨ੍ਹਾਂ ਦਾ ਹੱਲ ਕਰਵਾਉਣਾ ਉਨ੍ਹਾਂ ਦਾ ਪਹਿਲਾ ਕਾਰਜ ਹੈ। ਇਸੇ ਲੜੀ ਤਹਿਤ ਵਾਰਡ ਨੰਬਰ 33 ਦੀ ਵਰਨਲ ਕਾਲੋਨੀ ਵਿਚ ਅਮਰਜੀਤ ਸਿੰਘ ਦੀ ਪ੍ਰਧਾਨਗੀ ਹੇਠ ਇਲਾਕਾ ਵਾਸੀਆਂ ਨਾਲ ਵਿਸ਼ੇਸ਼ ਜਨ-ਸੰਵਾਦ ਪ੍ਰੋਗਰਾਮ ਕਰਵਾਇਆ ਗਿਆ। ਮੀਟਿੰਗ ਦੌਰਾਨ ਇਲਾਕਾ ਵਾਸੀਆਂ ਨੇ ਪੀਣ ਵਾਲੇ ਪਾਣੀ, ਸੀਵਰੇਜ, ਸੜਕਾਂ, ਸਫ਼ਾਈ ਤੇ ਹੋਰ ਬੁਨਿਆਦੀ ਸਹੂਲਤਾਂ ਨਾਲ ਸਬੰਧਤ ਸਮੱਸਿਆਵਾਂ ਪ੍ਰਮੁੱਖਤਾ ਨਾਲ ਰੱਖੀਆਂ। ਦਿਨੇਸ਼ ਬੱਸੀ ਨੇ ਹਰ ਸਮੱਸਿਆ ਨੂੰ ਗੰਭੀਰਤਾ ਨਾਲ ਸੁਣਦਿਆਂ ਭਰੋਸਾ ਦਿੱਤਾ ਕਿ ਸਬੰਧਤ ਵਿਭਾਗਾਂ ਕੋਲ ਇਹ ਮਸਲੇ ਮਜ਼ਬੂਤੀ ਨਾਲ ਉਠਾ ਕੇ ਉਨ੍ਹਾਂ ਦਾ ਜਲਦ ਤੋਂ ਜਲਦ ਹੱਲ ਕਰਵਾਉਣ ਲਈ ਹਰ ਸੰਭਵ ਯਤਨ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਕਿਸੇ ਵੀ ਜਨ-ਪ੍ਰਤੀਨਿਧੀ ਦੀ ਅਸਲੀ ਪਛਾਣ ਲੋਕਾਂ ਦੇ ਵਿਚ ਰਹਿ ਕੇ ਉਨ੍ਹਾਂ ਦੀ ਆਵਾਜ਼ ਬਣਨਾ ਹੁੰਦਾ ਹੈ। ਹਲਕਾ ਪੂਰਬੀ ਦਾ ਹਰ ਵਾਰਡ ਉਨ੍ਹਾਂ ਲਈ ਬਰਾਬਰ ਮਹੱਤਵ ਰੱਖਦੀ ਹੈ ਅਤੇ ਇਲਾਕੇ ਦੇ ਵਿਕਾਸ ਲਈ ਲੋਕਾਂ ਨਾਲ ਸਿੱਧਾ ਸੰਵਾਦ ਲਗਾਤਾਰ ਜਾਰੀ ਰਹੇਗਾ। ਉਨ੍ਹਾਂ ਕਿਹਾ ਕਿ ਲੋਕਾਂ ਦਾ ਭਰੋਸਾ ਹੀ ਉਨ੍ਹਾਂ ਦੀ ਸਭ ਤੋਂ ਵੱਡੀ ਤਾਕਤ ਹੈ ਤੇ ਉਹ ਹਮੇਸ਼ਾ ਆਮ ਲੋਕਾਂ ਦੇ ਹਿੱਤਾਂ ਲਈ ਕੰਮ ਕਰਦੇ ਰਹਿਣਗੇ। ਦਿਨੇਸ਼ ਬੱਸੀ ਨੇ ਕਿਹਾ ਕਿ ਇਲਾਕੇ ਦੇ ਵਿਕਾਸ, ਬੁਨਿਆਦੀ ਸਹੂਲਤਾਂ ਦੇ ਵਿਸਥਾਰ ਤੇ ਲੋਕਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਉਹ ਲਗਾਤਾਰ ਸਰਗਰਮ ਰਹਿਣਗੇ ਅਤੇ ਇਸੇ ਤਹਿਤ ਵੀ ਹਰ ਵਾਰਡ ਵਿਚ ਇਸੇ ਤਰ੍ਹਾਂ ਲੋਕਾਂ ਨਾਲ ਮਿਲ ਕੇ ਉਨ੍ਹਾਂ ਦੀਆਂ ਮੁਸ਼ਕਲਾਂ ਸੁਣਦੇ ਰਹਿਣਗੇ। ਉਨ੍ਹਾਂ ਕਿਹਾ ਕਿ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਤੋਂ ਬਾਅਦ ਕਾਂਗਰਸ ਦੀ ਸਰਕਾਰ ਬਣਨ ਉਪਰੰਤ ਰੁਕੇ ਹੋਏ ਵਿਕਾਸ ਕਾਰਜਾਂ ਨੂੰ ਤੇਜ਼ੀ ਨਾਲ ਅੱਗੇ ਵਧਾਇਆ ਜਾਵੇਗਾ, ਬੁਨਿਆਦੀ ਸਹੂਲਤਾਂ ਨੂੰ ਹੋਰ ਮਜ਼ਬੂਤ ਕੀਤਾ ਜਾਵੇਗਾ ਅਤੇ ਹਰ ਵਰਗ ਦੇ ਹਿੱਤਾਂ ਨੂੰ ਪਹਿਲ ਦਿੱਤੀ ਜਾਵੇਗੀ। ਉਨ੍ਹਾਂ ਵਿਸ਼ਵਾਸ ਪ੍ਰਗਟਾਇਆ ਕਿ ਹਲਕਾ ਪੂਰਬੀ ਦੀ ਜਨਤਾ ਇਸ ਵਾਰ ਵਿਕਾਸ, ਇਮਾਨਦਾਰ ਲੀਡਰਸ਼ਿਪ ਤੇ ਲੋਕ-ਸੇਵਾ ਦੇ ਹੱਕ ਵਿਚ ਫ਼ੈਸਲਾ ਕਰਦਿਆਂ ਕਾਂਗਰਸ ਨੂੰ ਮਜ਼ਬੂਤ ਕਰੇਗੀ। ਇਸ ਮੌਕੇ ਹਰਜੀਤ ਸਿੰਘ (ਮੰਗਾ ਠੇਕੇਦਾਰ), ਕੁਲਬੀਰ ਸਿੰਘ, ਵਾਰਡ ਇੰਚਾਰਜ ਬਿੱਲਾ, ਲਾਡੀ ਤੇ ਇਲਾਕੇ ਦੇ ਹੋਰ ਪਤਵੰਤੇ ਸਾਥੀ ਤੇ ਵੱਡੀ ਗਿਣਤੀ ਵਿਚ ਇਲਾਕਾ ਵਾਸੀ ਹਾਜ਼ਰ ਸਨ।

# ਕਰਮਜੀਤ ਸਿੰਘ ਰਿੰਟੂ ਵੱਲੋਂ ਨਵੇਂ ਸੀਵਰੇਜ ਸਿਸਟਮ ਦੀ ਸਥਾਪਨਾ

## ਨਵੀਆਂ ਸੜਕਾਂ ਦੀ ਉਸਾਰੀ ਸਮੇਤ ਵਿਕਾਸ ਕਾਰਜਾਂ ਦਾ ਕੀਤਾ ਉਦਘਾਟਨ



**ਅੰਮ੍ਰਿਤਸਰ, (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**-ਨਗਰ ਸੁਧਾਰ ਟਰੱਸਟ ਅੰਮ੍ਰਿਤਸਰ ਦੇ ਚੇਅਰਮੈਨ ਅਤੇ ਉੱਤਰੀ ਵਿਧਾਨ ਸਭਾ ਹਲਕੇ ਲਈ ਆਮ ਆਦਮੀ ਪਾਰਟੀ ਦੇ ਇੰਚਾਰਜ ਕਰਮਜੀਤ ਸਿੰਘ ਰਿੰਟੂ ਨੇ ਨਵੇਂ ਸੀਵਰੇਜ ਸਿਸਟਮ ਦੀ ਸਥਾਪਨਾ ਅਤੇ ਸੜਕਾਂ ਦੀ ਉਸਾਰੀ ਸਮੇਤ ਵਿਕਾਸ ਕਾਰਜਾਂ ਦਾ ਉਦਘਾਟਨ ਕੀਤਾ। ਚੇਅਰਮੈਨ ਰਿੰਟੂ ਨੇ ਸਿਟੀ ਐਨਕਲੇਵ, ਮਜੀਠਾ ਰੋਡ ਵਿੱਚ ਨਵੇਂ ਸੀਵਰੇਜ ਪ੍ਰੋਜੈਕਟ ਦਾ ਉਦਘਾਟਨ ਕੀਤਾ। ਉਨ੍ਹਾਂ ਨੇ ਵਾਰਡ ਨੰਬਰ 15, ਗੁਰੂ ਨਾਨਕ ਨਗਰ ਵਿੱਚ ਬੰਦ ਸੀਵਰੇਜ ਦੀ ਸਮੱਸਿਆ ਦਾ ਮੌਕੇ 'ਤੇ ਹੀ ਜਾਇਜ਼ਾ ਲਿਆ ਅਤੇ ਸਬੰਧਤ ਅਧਿਕਾਰੀਆਂ ਨੂੰ ਇਸ ਨੂੰ ਜਲਦੀ ਤੋਂ ਜਲਦੀ ਹੱਲ ਕਰਨ ਦੀਆਂ ਸਖ਼ਤ ਹਦਾਇਤਾਂ ਜਾਰੀ ਕੀਤੀਆਂ। ਉਨ੍ਹਾਂ ਕਿਹਾ ਕਿ ਇਲਾਕੇ ਦੇ ਲੋਕਾਂ ਦੀਆਂ ਸਮੱਸਿਆਵਾਂ ਦਾ ਸਮੇਂ ਸਿਰ ਹੱਲ ਕਰਨਾ ਅਤੇ ਉਨ੍ਹਾਂ ਨੂੰ ਬਿਹਤਰ ਸਹੂਲਤਾਂ ਪ੍ਰਦਾਨ ਕਰਨਾ ਸਾਡੀ ਮੁੱਖ ਤਰਜੀਹ ਹੈ। ਉਨ੍ਹਾਂ ਕਿਹਾ ਕਿ ਰੋਜ਼ਾਨਾ ਜਨਤਕ ਮੰਗ ਦੇ ਆਧਾਰ 'ਤੇ ਵਿਕਾਸ ਕਾਰਜ ਤੇਜ਼ੀ ਨਾਲ ਕੀਤੇ ਜਾ ਰਹੇ ਹਨ। ਉਨ੍ਹਾਂ ਜੋਸ਼ੀ ਕਲੋਨੀ ਵਿੱਚ ਚੱਲ ਰਹੇ ਸੜਕ ਨਿਰਮਾਣ ਕਾਰਜ ਦਾ ਜਾਇਜ਼ਾ ਲਿਆ। ਉਨ੍ਹਾਂ ਕਿਹਾ ਕਿ ਮਾਵਾਂ-ਧੀਆਂ ਸਤਿਕਾਰ ਯੋਜਨਾ ਤਹਿਤ ਪੰਜਾਬ ਦੀਆਂ ਮਹਿਲਾਵਾਂ ਨੂੰ ਦਿੱਤੀ ਜਾ ਰਹੀ ਸਨਮਾਨ ਰਾਸ਼ੀ ਨੂੰ ਭਰਵਾਂ ਹੁੰਗਾਰਾ ਮਿਲਿਆ ਹੈ। ਉਨ੍ਹਾਂ ਕਿਹਾ ਕਿ ਇਹ ਯੋਜਨਾ ਮਹਿਲਾਵਾਂ ਦੇ ਸਨਮਾਨ ਅਤੇ ਆਰਥਿਕ ਸਸ਼ਕਤੀਕਰਨ ਵੱਲ ਇੱਕ ਇਤਿਹਾਸਕ ਕਦਮ ਹੈ ਅਤੇ ਇਸ ਨਾਲ ਸੂਬੇ ਦੀਆਂ ਲੱਖਾਂ ਔਰਤਾਂ ਨੂੰ ਸਿੱਧਾ ਲਾਭ ਮਿਲੇਗਾ। ਇਸ ਮੌਕੇ ਆਮ ਆਦਮੀ ਪਾਰਟੀ ਦੇ ਵਾਰਡ ਇੰਚਾਰਜ, ਆਮ ਆਦਮੀ ਪਾਰਟੀ ਦੇ ਵਲੰਟੀਅਰ ਅਤੇ ਇਲਾਕੇ ਦੇ ਪਤਵੰਤੇ ਹਾਜ਼ਰ ਸਨ।

# ਖਾਲਸਾ ਕਾਲਜ ਦੇ ਵਿਦਿਆਰਥੀਆਂ ਦੇ ਦਿਲਾਂ 'ਚ ਹਮੇਸ਼ਾ ਜ਼ਿੰਦਾ ਰਹਿਣਗੇ 'ਨੰਜੀ ਚਾਚਾ' : ਔਜਲਾ



**ਛੇਹਰਟਾ/ਖਾਸਾ, (ਮਨੋਜ ਕੁਮਾਰ/ਸ਼ਸ਼ਪਾਲ ਸਿੰਘ)** : ਅੰਮ੍ਰਿਤਸਰ ਤੋਂ ਸੰਸਦ ਮੈਂਬਰ ਗੁਰਜੀਤ ਸਿੰਘ ਔਜਲਾ ਨੇ ਖਾਲਸਾ ਕਾਲਜ ਦੇ ਬੇਹੱਦ ਹਰਮਨਪਿਆਰੇ ਤੇ ਵਿਦਿਆਰਥੀਆਂ ਵਿਚ 'ਨੰਜੀ ਚਾਚਾ' ਦੇ ਨਾਂਅ ਨਾਲ ਪ੍ਰਸਿੱਧ ਰਹੇ ਮਰਹੂਮ ਨਿਰੰਜਨ ਸਿੰਘ ਦੇ ਦੇਹਾਂਤ 'ਤੇ ਉਨ੍ਹਾਂ ਦੇ ਗ੍ਰਹਿ ਪੁੱਜ ਕੇ ਪਰਿਵਾਰ ਨਾਲ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ। ਇਸ ਮੌਕੇ ਉਨ੍ਹਾਂ ਕਿਹਾ ਕਿ ਨੰਜੀ ਚਾਚਾ ਸਿਰਫ਼ ਇਕ ਵਿਅਕਤੀ ਨਹੀਂ ਸਨ, ਸਗੋਂ ਖਾਲਸਾ ਕਾਲਜ ਵਿਚ ਪੜ੍ਹੇ ਹਜ਼ਾਰਾਂ ਵਿਦਿਆਰਥੀਆਂ ਦੀਆਂ ਯਾਦਾਂ ਦਾ ਅਟੁੱਟ ਹਿੱਸਾ ਸਨ। ਔਜਲਾ ਨੇ ਭਾਵੁਕ ਹੁੰਦਿਆਂ ਕਿਹਾ ਕਿ ਨੰਜੀ ਚਾਚਾ ਨੇ ਖਾਲਸਾ ਕਾਲਜ ਨੇ ਵਿਦਿਆਰਥੀਆਂ ਨੂੰ ਸਿਰਫ਼ ਸਿੱਖਿਆ ਹੀ ਨਹੀਂ ਦਿੱਤੀ, ਸਗੋਂ ਜ਼ਿੰਦਗੀ ਜਿਊਣ ਦੇ ਅਨਮੋਲ ਸੰਸਕਾਰ ਵੀ ਦਿੱਤੇ ਹਨ। ਉਨ੍ਹਾਂ ਕਿਹਾ ਕਿ ਮਿਹਨਤ, ਇਮਾਨਦਾਰੀ, ਪਿਆਰ, ਅਪਣਾਪਣ ਤੇ ਹਰ ਕਿਸੇ ਨੂੰ ਨਾਲ ਲੈ ਕੇ ਚੱਲਣ ਦੀ ਭਾਵਨਾ ਨੰਜੀ ਚਾਚਾ ਦੇ ਵਿਹਾਰ ਤੋਂ ਸਿੱਖਣ ਨੂੰ ਮਿਲਦੀ ਸੀ। ਉਹ ਹਮੇਸ਼ਾ ਹਰ ਕਿਸੇ ਦੀ ਮਦਦ ਲਈ ਤਿਆਰ ਰਹਿੰਦੇ ਸਨ ਤੇ ਕਿਸੇ ਨੇ ਵੀ ਉਨ੍ਹਾਂ ਨੂੰ ਕਦੇ ਗੁੱਸੇ ਵਿਚ ਨਹੀਂ ਵੇਖਿਆ। ਉਨ੍ਹਾਂ ਕਿਹਾ ਕਿ ਅੱਜ ਭਾਵੇਂ ਮੋਬਾਈਲ ਤੇ ਸੋਸ਼ਲ ਮੀਡੀਆ ਨੇ ਲੋਕਾਂ ਨੂੰ ਇਕ-ਦੂਜੇ ਨਾਲ ਜੋੜ ਦਿੱਤਾ ਹੈ, ਪਰ ਇਕ ਸਮਾਂ ਅਜਿਹਾ ਵੀ ਸੀ ਜਦੋਂ ਖਾਲਸਾ ਕਾਲਜ ਦੇ ਵਿਦਿਆਰਥੀਆਂ ਦੇ ਸੁੱਖ-ਦੁੱਖ ਦੀ ਸਭ ਤੋਂ ਪਹਿਲਾਂ ਜਾਣਕਾਰੀ ਨੰਜੀ ਚਾਚਾ ਕੋਲ ਹੀ ਹੁੰਦੀ ਸੀ। ਕਿਸੇ ਵਿਦਿਆਰਥੀ ਨੂੰ ਛੋਟੀ ਤੋਂ ਛੋਟੀ ਲੋੜ ਵੀ ਪੈਂਦੀ ਤਾਂ ਉਹ ਆਪਣੀ ਸਮਰੱਥਾ ਅਨੁਸਾਰ ਉਸ ਦੀ ਮਦਦ ਕਰਨ ਦੀ ਪੂਰੀ ਕੋਸ਼ਿਸ਼ ਕਰਦੇ ਸਨ। ਇਸੇ ਕਾਰਨ ਦੇਸ਼-ਵਿਦੇਸ਼ ਵਿਚ ਵੱਸਦੇ ਹਜ਼ਾਰਾਂ ਸਾਬਕਾ ਵਿਦਿਆਰਥੀਆਂ ਦੇ ਦਿਲਾਂ ਵਿਚ ਅੱਜ ਵੀ ਉਨ੍ਹਾਂ ਲਈ ਵਿਸ਼ੇਸ਼ ਸਤਿਕਾਰ ਤੇ ਪਿਆਰ ਹੈ। ਔਜਲਾ ਨੇ ਕਿਹਾ ਕਿ ਨੰਜੀ ਚਾਚਾ ਦੇ ਦੇਹਾਂਤ ਦੀ ਖ਼ਬਰ ਸੁਣ ਕੇ ਦੇਸ਼ ਤੇ ਵਿਦੇਸ਼ ਵਿਚ ਰਹਿੰਦੇ ਸਾਬਕਾ ਵਿਦਿਆਰਥੀਆਂ ਦੀਆਂ ਅੱਖਾਂ ਨਮ ਹੋ ਗਈਆਂ ਹਨ। ਸੋਸ਼ਲ ਮੀਡੀਆ 'ਤੇ ਜਿਸ ਤਰ੍ਹਾਂ ਲੋਕਾਂ ਨੇ ਉਨ੍ਹਾਂ ਨੂੰ ਸ਼ਰਧਾਂਜਲੀਆਂ ਭੇਟ ਕੀਤੀਆਂ ਹਨ, ਉਸ ਤੋਂ ਸਪੱਸ਼ਟ ਹੈ ਕਿ ਉਹ ਹਰ ਇਕ ਦੇ ਦਿਲ ਵਿਚ ਵੱਸਦੇ ਸਨ। ਉਨ੍ਹਾਂ ਸਮੂਹ ਸਾਬਕਾ ਵਿਦਿਆਰਥੀਆਂ, ਜਾਣ-ਪਛਾਣ ਵਾਲਿਆਂ ਤੇ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਕਿ 13 ਜੁਲਾਈ (ਸੋਮਵਾਰ) ਨੂੰ ਕਬੀਰ ਬਾਗ ਗੁਰਦੁਆਰਾ ਸਾਹਿਬ ਵਿਖੇ ਹੋਣ ਵਾਲੀ ਅੰਤਿਮ ਅਰਦਾਸ ਵਿਚ ਸ਼ਾਮਲ ਹੋ ਕੇ ਸ਼ਰਧਾਂਜਲੀ ਭੇਟ ਕਰਨ। ਔਜਲਾ ਨੇ ਕਿਹਾ ਕਿ ਨੰਜੀ ਚਾਚਾ ਦੀ ਸਾਦਗੀ, ਸੇਵਾ ਭਾਵਨਾ ਤੇ ਹਰ ਇਕ ਪ੍ਰਤੀ ਉਨ੍ਹਾਂ ਦਾ ਪਿਆਰ ਹਮੇਸ਼ਾ ਲੋਕਾਂ ਦੇ ਦਿਲਾਂ ਵਿਚ ਜ਼ਿੰਦਾ ਰਹੇਗਾ ਅਤੇ ਖਾਲਸਾ ਕਾਲਜ ਦਾ ਪਰਿਵਾਰ ਉਨ੍ਹਾਂ ਨੂੰ ਕਦੇ ਵੀ ਭੁੱਲ ਨਹੀਂ ਸਕੇਗਾ।

# ਕਾਮਰੇਡ ਜੋਸ਼ ਯਾਦਗਾਰ ਦੀ ਰੈਨੋਵੇਸ਼ਨ ਦਾ ਕੰਮ ਆਰੰਭ



**ਚੇਤਨਪੁਰਾ (ਸੁਖਵੰਤ ਚੇਤਨਪੁਰੀ)**-ਉਘੇ ਦੇਸ਼ ਭਗਤ ਮਹਾਨ, ਆਜ਼ਾਦੀ ਘੁਲਾਟੀਏ, ਇਨਕਲਾਬੀ ਲਹਿਰਾਂ ਦੇ ਮੋਢੀ ਅਤੇ ਸ਼ਹੀਦ ਭਗਤ ਸਿੰਘ ਦੇ ਬਹੁਤ ਹੀ ਨਜ਼ਦੀਕੀ ਸਾਥੀ ਕਾਮਰੇਡ ਸੋਹਨ ਸਿੰਘ ਜੋਸ਼ ਜਿਨ੍ਹਾਂ ਦਾ 29 ਜੁਲਾਈ 1982 ਨੂੰ ਦੇਹਾਂਤ ਹੋ ਗਿਆ ਸੀ, ਦੇ ਜੱਦੀ ਪਿੰਡ ਚੇਤਨਪੁਰਾ, ਤਹਿਸੀਲ ਅਜਨਾਲਾ, ਜ਼ਿਲ੍ਹਾ ਅੰਮ੍ਰਿਤਸਰ ਵਿਖੇ ਉਨ੍ਹਾਂ ਵੱਲੋਂ ਸਥਾਪਤ ਕੀਤੇ ਪੁਸਤਕ ਦੁਆਰਾ (ਲਾਇਬਰੇਰੀ) ਵਿਖੇ ਸਥਿਤ ਯਾਦਗਾਰ ਦੀ ਰੇਨੋਵੇਸ਼ਨ ਦਾ ਕੰਮ ਅੱਜ ਆਰੰਭ ਕਰ ਦਿੱਤਾ ਗਿਆ।ਇਸ ਸਮੇਂ ਉਨ੍ਹਾਂ ਦੇ ਪੋਤਰੇ ਡਾ: ਪਰਮਜੀਤ ਸਿੰਘ ਜੋਸ਼, ਸੁਖਵੰਤ ਸਿੰਘ ਚੇਤਨਪੁਰਾ, ਕਾ: ਲਖਬੀਰ ਸਿੰਘ ਨਿਜ਼ਾਮਪੁਰਾ, ਕਾਮਰੇਡ ਟਹਿਲ ਸਿੰਘ ਚੇਤਨਪੁਰਾ, ਅਮਰਜੀਤ ਸਿੰਘ ਗਿੱਲ, ਸਤਪਾਲ ਸਿੰਘ ਚੇਤਨਪੁਰਾ ਅਤੇ ਦਲਜੀਤ ਸਿੰਘ ਆਦਿ ਨੇ ਮਿਸਤਰੀ ਹਰਜੀਤ ਸਿੰਘ ਸਾਬੂ ਅਤੇ ਅਮਰੀਕ ਸਿੰਘ ਨਾਲ ਮਿਲ ਕੇ ਕੰਮ ਦੀ ਸ਼ੁਰੂਆਤ ਕਰਵਾਈ।ਜ਼ਿਕਰ ਯੋਗ ਹੈ ਕਿ ਪੁਸਤਕ ਦੁਆਰਾ ਚੇਤਨਪੁਰਾ ਦਾ ਉਦਘਾਟਨ ਸ੍ਰੀਮਤੀ ਬਿਮਲਾ ਡਾਂਗ ਵੱਲੋਂ ਕੀਤਾ ਗਿਆ ਸੀ ਅਤੇ ਹੁਣ ਇੱਥੇ ਉਨ੍ਹਾਂ ਦੀ ਯਾਦਗਾਰ ਵੀ ਬਣਾਈ ਜਾ ਰਹੀ ਹੈ।ਪੰਜਾਬ ਵਿੱਚ ਕਾ: ਜੋਸ਼ ਭਾਰਤੀ ਕਮਿਊਨਿਸਟ ਪਾਰਟੀ ਦੇ ਬਾਨੀਆਂ ਵਿੱਚੋਂ ਇੱਕ ਸਨ।ਉਨ੍ਹਾਂ 1920 ਵਿੱਚ ਚੱਲੀ ਅਕਾਲੀ ਲਹਿਰ ਤੋਂ ਆਪਣਾ ਰਾਜਨੀਤਿਕ ਜੀਵਨ ਦਾ ਸਫਰ ਸ਼ੁਰੂ ਕੀਤਾ।ਉਹ ਸ਼੍ਰੋਮਣੀ ਕਮੇਟੀ ਮੈਂਬਰ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਜਨਰਲ ਸਕੱਤਰ ਵੀ ਰਹੇ।ਉਨ੍ਹਾਂ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਜਰਨਲ ਸਕੱਤਰ ਵਜੋਂ ਵੀ ਸੇਵਾਵਾਂ ਨਿਭਾਈਆਂ।ਭਾਈ ਸੰਤੋਖ ਸਿੰਘ ਧਰਦਿਉ ਵੱਲੋਂ ਸ਼ੁਰੂ ਕੀਤੇ ਕਿਰਤੀ ਅਖਬਾਰ ਤੋਂ ਇਲਾਵਾ ਉਨ੍ਹਾਂ ਹੋਰ ਕਈ ਅਖਬਾਰਾਂ ਵਿੱਚ ਸੰਪਾਦਕ ਵਜੋਂ ਸੇਵਾਵਾਂ ਨਿਭਾਉਣ ਉਪਰੰਤ 1956 ਵਿੱਚ ਸ਼ੁਰੂ ਹੋਏ ਰੋਜ਼ਾਨਾ 'ਨਵਾਂ ਜਮਾਨਾ' ਅਖਬਾਰ ਵਿੱਚ ਵੀ ਕਾਫੀ ਲੰਮਾ ਸਮਾਂ ਸੰਪਾਦਕ ਵਜੋਂ ਕੰਮ ਕੀਤਾ। ਉਨ੍ਹਾਂ ਕਈ ਖੋਜ ਭਰਪੂਰ ਪੁਸਤਕਾਂ ਵੀ ਲਿਖੀਆਂ।ਉਹ ਇੱਕ ਅਜਿਹੇ ਯੁੱਗ ਪੁਰਸ਼ ਸਨ ਜਿਨ੍ਹਾਂ ਦਾ ਸਾਰਾ ਜੀਵਨ ਲੋਕਾਂ ਲੇਖੇ ਲੱਗਿਆ।

# ਰੂਸਾ ਸਕੀਮ ਤਹਿਤ ਪਿੰਡ ਮਾਣਕਿਆਣਾ ਵਿਖੇ ਸਿਹਤ ਜਾਗਰੂਕਤਾ ਸਬੰਧੀ ਸੈਮੀਨਾਰ ਕਰਵਾਇਆ



**ਮਜੀਠਾ (ਸੋਇਮ ਆਨੰਦ)**-ਪਿੰਡ ਮਾਣਕਿਆਣਾ ਵਿਖੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਦੇ ਮਾਹਰਾਂ ਵੱਲੋਂ ਰੂਸਾ ਸਕੀਮ ਤਹਿਤ ਪਿੰਡ ਦੇ ਲੋਕਾਂ ਲਈ ਸਿਹਤ ਸਬੰਧੀ ਜਾਗਰੂਕਤਾ ਸੈਮੀਨਾਰ ਕਰਵਾਇਆ ਗਿਆ। ਇਸ ਪ੍ਰੋਗਰਾਮ ਦੀ ਸ਼ੁਰੂਆਤ ਪਿੰਡ ਨਿਵਾਸੀ ਅਤੇ ਸਪੋਰਟਸ ਕਾਲਜ ਜਲੰਧਰ ਦੇ ਸਹਾਇਕ ਪ੍ਰੋਫੈਸਰ ਡਾ. ਮਨਦੀਪ ਸਿੰਘ ਵੱਲੋਂ ਆਏ ਹੋਏ ਮਾਹਰ ਮਹਿਮਾਨਾਂ ਅਤੇ ਪਿੰਡ ਦੇ ਪਤਵੰਤਿਆਂ ਅਤੇ ਪਿੰਡ ਵਾਸੀਆਂ ਦਾ ਸਵਾਗਤ ਕਰਕੇ ਕੀਤੀ ਗਈ। ਡਾ. ਪਰਮਿੰਦਰ ਸਿੰਘ ਵੱਲੋਂ ਇਸ ਜਾਗਰੂਕਤਾ ਪ੍ਰੋਗਰਾਮ ਦੇ ਮਹੱਤਵ ਬਾਰੇ ਜਾਣਕਾਰੀ ਦਿੱਤੀ ਗਈ। ਇਸ ਉਪਰੰਤ ਡਾ. ਭਾਨੂੰ ਸ਼ਰਮਾ ਵੱਲੋਂ ਆਏ ਹੋਏ ਲੋਕਾਂ ਨੂੰ ਖਾਣ-ਪੀਣ ਦੀਆਂ ਆਦਤਾਂ ਅਤੇ ਪੋਸ਼ਟਿਕ ਭੋਜਨ ਸਬੰਧੀ ਜਾਗਰੂਕ ਕੀਤਾ ਗਿਆ। ਉਨਾਂ ਵੱਲੋਂ ਦੱਸਿਆ ਗਿਆ ਕਿ ਸਾਨੂੰ ਫਾਸਟ ਫੂਡ ਦੀ ਬਜਾਏ ਰਵਾਇਤੀ ਭੋਜਨ ਨੂੰ ਤਰਜੀਹ ਦੇਣੀ ਚਾਹੀਦੀ ਹੈ।ਯੂਨੀਵਰਸਿਟੀ ਤੋਂ ਸਾਈਕਾਲੋਜੀ ਦੇ ਪ੍ਰੋਫੈਸਰ ਡਾ ਦਵਿੰਦਰ ਸਿੰਘ ਵੱਲੋਂ ਮਾਨਸਿਕ ਸਿਹਤ ਪ੍ਰਤੀ ਜਾਗਰੂਕ ਕੀਤਾ ਗਿਆ। ਉਨ੍ਹਾਂ ਵੱਲੋਂ ਮਨ ਨੂੰ ਸ਼ਾਂਤ ਅਤੇ ਕੰਟਰੋਲ ਕਰਨ ਲਈ ਨੁਕਤੇ ਸਾਂਝੇ ਕਰਦੇ ਹੋਏ ਲੋਕਾਂ ਨੂੰ ਚੰਗੀ ਜੀਵਨ ਜਾਚ ਅਪਨਾਉਣ ਲਈ ਪ੍ਰੇਰਿਤ ਕੀਤਾ। ਇਸ ਉਪਰੰਤ ਯੋਗਾ ਮਾਹਰ ਮਨਪ੍ਰੀਤ ਕੌਰ ਵੱਲੋਂ ਸਿਹਤਮੰਦ ਰਹਿਣ ਲਈ ਯੋਗਾ ਦਾ ਮਹੱਤਵ ਦਸਦੇ ਹੋਏ ਆਸਣ ਅਤੇ ਕਸਰਤਾ ਕਰਵਾਈਆਂ ਗਈਆਂ। ਇਸ ਮੌਕੇ ਐੱਸ. ਪੀ. ਐੱਨ. ਕਾਲਜ ਮੁਕੇਰੀਆਂ ਤੋਂ ਸਾਇੰਸ ਵਿਭਾਗ ਦੇ ਮੁਖੀ ਡਾ. ਗੁਰਪ੍ਰੀਤ ਕੌਰ ਅਤੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਤੋਂ ਫੁੱਟਬਾਲ ਕੋਚ ਪ੍ਰਦੀਪ ਕੁਮਾਰ ਵਿਸ਼ੇਸ਼ ਤੌਰ 'ਤੇ ਪਹੁੰਚੇ ਸਨ।ਇਸ ਉਪਰੰਤ ਆਏ ਹੋਏ ਮਹਿਮਾਨਾਂ ਨੂੰ ਸਨਮਾਨ ਚਿੰਨ੍ਹ ਭੇਟ ਕਰਦੇ ਹੋਏ ਸਨਮਾਨਿਤ ਕੀਤਾ ਗਿਆ। ਇਸ ਮੌਕੇ ਪਿੰਡ ਦੇ ਸਰਪੰਚ ਨਿਸ਼ਾਨ ਸਿੰਘ, ਸਾਬਕਾ ਸਰਪੰਚ ਬਿਕਰਮਜੀਤ ਸਿੰਘ, ਲਖਬੀਰ ਸਿੰਘ, ਸਵਿੰਦਰ ਸਿੰਘ, ਬਲਬੀਰ ਸਿੰਘ, ਚੰਨਣ ਸਿੰਘ, ਅਜੀਤ ਸਿੰਘ, ਕਾਬਲ ਸਿੰਘ, ਮਾਸਟਰ ਦਵਿੰਦਰ ਸਿੰਘ ਅਤੇ ਵੱਡੀ ਗਿਣਤੀ ਵਿਚ ਪਿੰਡ ਵਾਸੀਆਂ ਨੇ ਇਸ ਜਾਗਰੂਕਤਾ ਪ੍ਰੋਗਰਾਮ ਵਿੱਚ ਹਿੱਸਾ ਲਿਆ।

# ਦਿਲਬਾਗ ਸਿੰਘ ਜੇ. ਈ. ਦੀ ਸਿਆਸੀ ਆਧਾਰ 'ਤੇ ਕੀਤੀ ਬਦਲੀ ਵਿਰੁੱਧ ਰੋਹ ਭਰਪੂਰ ਰੈਲੀ



**ਮਜੀਠਾ (ਸੋਇਮ ਆਨੰਦ)**-ਬਿਜਲੀ ਬੋਰਡ ਦੀ ਸਾਂਝੀ ਸੰਘਰਸ਼ ਕਮੇਟੀ ਦੇ ਸੱਦੇ ਤੇ ਦਿਲਬਾਗ ਸਿੰਘ ਜੇ. ਈ. ਦੀ ਸਿਆਸੀ ਆਧਾਰ 'ਤੇ ਹੋਈ ਬਦਲੀ ਨੂੰ ਰੱਦ ਕਰਾਉਣ ਲਈ ਬਿਜਲੀ ਘਰ ਮਜੀਠਾ ਵਿਖੇ ਰੋਹ ਭਰਪੂਰ ਰੈਲੀ ਕੀਤੀ ਗਈ।ਬਿਜਲੀ ਕਾਮਿਆਂ ਦੀ ਹਮਾਇਤ ਵਿੱਚ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਅਤੇ ਕਿਸਾਨ ਮਜਦੂਰ ਸੰਘਰਸ਼ ਕਮੇਟੀ ਵੱਲੋਂ ਵੀ ਭਰਵੀਂ ਸ਼ਮੂਲੀਅਤ ਕੀਤੀ ਗਈ। ਸਮੂਹ ਜਥੇਬੰਦੀਆਂ ਨੇ ਸਿਆਸੀ ਆਧਾਰ 'ਤੇ ਕੀਤੀ ਬਦਲੀ ਦੀ ਕਰੜੇ ਸ਼ਬਦਾਂ ਵਿੱਚ ਨਿਖੇਧੀ ਕੀਤੀ ਅਤੇ ਇਸ ਬਦਲੀ ਨੂੰ ਰੱਦ ਕਰਨ ਦੀ ਮੰਗ ਕੀਤੀ।ਵੱਖ-ਵੱਖ ਬੁਲਾਰਿਆਂ ਨੇ ਬੋਲਦਿਆਂ ਕਿਹਾ ਕਿ ਇਹ ਕੋਈ ਸਿਆਸੀ ਆਧਾਰ ਤੇ ਪਹਿਲੀ ਬਦਲੀ ਨਹੀਂ ਕੀਤੀ ਗਈ ਇਸ ਤੋਂ ਪਹਿਲਾਂ ਦੀਆਂ ਜਿੰਨੀਆਂ ਵੀ ਸਰਕਾਰਾਂ ਰਹੀਆਂ ਹਨ, ਉਹ ਵੀ ਬਿਜਲੀ ਮੁਲਾਜ਼ਮਾਂ ਦੀਆਂ ਜਬਰੀ ਬਦਲੀਆਂ ਕਰ ਕੇ ਉਨ੍ਹਾਂ ਨਾਲ ਇਸੇ ਤਰ੍ਹਾਂ ਧੱਕੇਸ਼ਾਹੀ ਕਰਦੀਆਂ ਰਹੀਆਂ ਹਨ ਅਤੇ ਲੋਕਾਂ ਦੇ ਰੋਹ ਅੱਗੇ ਝੁਕਦਿਆਂ ਕੀਤੀਆਂ ਬਦਲੀਆਂ ਰੱਦ ਕਰਨ ਲਈ ਮਜਬੂਰ ਹੋਣਾ ਪਿਆ ਹੈ।ਸਿਆਸੀ ਆਧਾਰ 'ਤੇ ਬਦਲੀ ਕਰਕੇ ਇਸ ਕਹਿਰ ਦੀ ਗਰਮੀ ਵਿੱਚ ਲੋਕਾਂ ਨੂੰ ਨਿਰਵਿਘਨ ਬਿਜਲੀ ਸਪਲਾਈ ਦੇ ਰਹੇ ਮੁਲਾਜ਼ਮਾਂ ਨੂੰ ਲੜਨ ਵਾਸਤੇ ਮਜਬੂਰ ਕੀਤਾ ਜਾ ਰਿਹਾ ਹੈ।ਆਗੂਆਂ ਨੇ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਇਹ ਸਿਆਸੀ ਆਧਾਰ 'ਤੇ ਕੀਤੀ ਬਦਲੀ ਫੌਰੀ ਰੱਦ ਨਾ ਕੀਤੀ ਗਈ ਤਾਂ ਸੰਘਰਸ਼ ਨੂੰ ਤਿੱਖਾ ਕਰਦਿਆਂ ਮਜੀਠਾ ਦੇ ਬਜ਼ਾਰਾਂ ਅਤੇ ਪਿੰਡਾਂ ਵਿੱਚ ਪੰਜਾਬ ਸਰਕਾਰ ਖਿਲਾਫ ਮੁਜ਼ਾਹਰੇ ਕੀਤੇ ਜਾਣਗੇ ਜਿਸ ਦੀ ਜ਼ਿੰਮੇਵਾਰੀ ਪੰਜਾਬ ਸਰਕਾਰ ਤੇ ਪਾਵਰਕਾਮ ਮੈਨੇਜਮੈਂਟ ਦੀ ਹੋਵੇਗੀ।ਰੈਲੀ ਨੂੰ ਰਕੇਸ਼ ਕੁਮਾਰ ਤਰਗੜ, ਰਜਿੰਦਰ ਸਿੰਘ ਕਾਹਲੋਂ, ਹਰਜਿੰਦਰ ਸਿੰਘ ਦੁਧਾਲਾ, ਜਸਪਾਲ ਸਿੰਘ, ਸੁਖਪਾਲ ਸਿੰਘ ਮਜੀਠਾ, ਕ੍ਰਿਸ਼ਨ ਸਿੰਘ ਔਲਖ, ਰਘਬੀਰ ਸਿੰਘ ਮਜੀਠਾ, ਤਲਵਿੰਦਰ ਸਿੰਘ, ਗੁਰਵਿੰਦਰ ਸਿੰਘ, ਕਿਸਾਨ ਆਗੂ ਅਜੈਬ ਸਿੰਘ ਟਰਪਈ, ਬਾਬਾ ਜਗਜੀਵਨ ਸਿੰਘ, ਗੁਰਦੇਵ ਸਿੰਘ ਮੁੱਗੋਸੋਹੀ, ਕੁਲਦੀਪ ਸਿੰਘ ਚਾਚੋਵਾਲੀ, ਟੇਕ ਸਿੰਘ ਝੰਡੇ, ਬਲਕਾਰ ਸਿੰਘ ਦੁਧਾਲਾ ਨੇ ਸੰਬੋਧਨ ਕੀਤਾ।

# ਮੇਅਰ ਭੁਪਿੰਦਰ ਸਿੰਘ ਬਾਜਵਾ ਨੇ ਸ਼ਹਿਰ ਵਾਸੀਆਂ ਦੀਆਂ ਮੁਸ਼ਕਲਾਂ ਸੁਣ ਕੇ ਮੌਕੇ 'ਤੇ ਕੀਤੀਆਂ ਹੱਲ



**ਬਟਾਲਾ, (ਡਾ. ਮਲਵਿੰਦਰ ਸਿੰਘ )**-ਬਟਾਲਾ ਨਗਰ ਨਿਗਮ ਦੇ ਨਵ ਨਿਯੁਕਤ ਮੇਅਰ ਭੁਪਿੰਦਰ ਸਿੰਘ ਬਾਜਵਾ ਨੇ ਨਗਰ ਨਿਗਮ ਬਟਾਲਾ ਦੇ ਦਫਤਰ ਵਿਖੇ ਲੋਕ ਮਿਲਣੀ ਦੌਰਾਨ ਸ਼ਹਿਰ ਵਾਸੀਆਂ ਦੀਆਂ ਮੁਸ਼ਕਿਲਾਂ ਸੁਣਨ ਉਪਰੰਤ ਕਿਹਾ ਕਿ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਸ਼ੈਰੀ ਕਲਸੀ ਦੀ ਅਗਵਾਈ ਵਿੱਚ ਬਟਾਲਾ ਸ਼ਹਿਰ 'ਚ ਪਿਛਲੇ ਚਾਰ ਸਾਲਾਂ ਵਿੱਚ ਵੱਖ ਵੱਖ ਵਿਕਾਸ ਕਾਰਜ ਕਰਵਾ ਕੇ ਸ਼ਹਿਰ ਦੀ ਨੁਹਾਰ ਬਦਲੀ ਗਈ ਹੈ।ਉਨ੍ਹਾਂ ਨੇ ਕਿਹਾ ਕਿ ਬਟਾਲਾ ਸ਼ਹਿਰ ਵਾਸੀਆਂ ਨੇ ਜੋ ਜ਼ਿੰਮੇਵਾਰੀ ਉਨਾਂ ਸੌਂਪੀ ਹੈ, ਉਹ ਦਿਨ-ਰਾਤ ਲੋਕਾਂ ਦੀ ਸੇਵਾ ਵਿੱਚ ਹਾਜ਼ਰ ਹਨ ਅਤੇ ਲੋਕਾਂ ਦੀਆਂ ਚਿਰੋਕਣੀਆਂ ਮੰਗਾਂ ਨੂੰ ਪੂਰਾ ਕੀਤਾ ਜਾ ਰਿਹਾ ਹੈ ਅਤੇ ਲੋਕਾਂ ਨੂੰ ਮਿਲ ਕੇ ਉਨਾਂ ਦੀਆਂ ਦੁੱਖ-ਤਕਲੀਫਾਂ ਦੂਰ ਕੀਤੀਆਂ ਜਾ ਰਹੀਆਂ ਹਨ।ਬਟਾਲਾ ਸ਼ਹਿਰ ਦੇ ਵਿਕਾਸ ਕਾਰਜਾਂ ਦੀ ਗੱਲ ਕਰਦਿਆਂ ਉਨ੍ਹਾਂ ਦੱਸਿਆ ਕਿ ਵਿਧਾਇਕ ਸ਼ੈਰੀ ਕਲਸੀ ਦੀ ਅਗਵਾਈ ਹੇਠ ਬਟਾਲਾ ਵਾਸੀਆਂ ਨੂੰ ਇੱਕ ਛੱਤ ਹੇਠਾਂ ਲੋਕਾਂ ਨੂੰ ਵੱਖ-ਵੱਖ ਸਹੂਲਤਾਂ ਦੇਣ ਦੇ ਮਕਸਦ ਨਾਲ ਨਵੇਂ ਤਹਿਸੀਲ ਕੰਪਲੈਕਸ ਉਸਾਰਿਆ ਗਿਆ ਹੈ, ਜਿੱਥੇ ਲੋਕਾਂ ਨੂੰ ਵੱਖ-ਵੱਖ ਸਰਕਾਰੀ ਸੇਵਾਵਾਂ ਮੁਹੱਇਆ ਕਰਵਾਈਆਂ ਗਈਆਂ ਹਨ।ਇਸੇ ਤਰ੍ਹਾਂ ਲੋਕਾਂ ਦੀ ਆਵਾਜਾਈ ਦੀ ਸਹੂਲਤ ਨੂੰ ਮੁੱਖ ਰੱਖਦਿਆਂ ਸ਼ਹਿਰ ਵਿਚਲੀਆਂ ਸੜਕਾਂ ਅਤੇ ਚੌਂਕਾਂ ਨੂੰ ਚੌੜਾ ਕੀਤਾ ਗਿਆ ਹੈ।ਸ਼ਹਿਰ ਵਿਚਲੇ ਚੌਂਕਾਂ ਨੂੰ ਚੌੜਿਆਂ ਕਰਕੇ ਖ਼ੂਬਸੂਰਤ ਦਿੱਖ ਦਿੱਤੀ ਗਈ ਹੈ। ਸ਼ਹਿਰ ਵਿੱਚ ਲਾਇਬ੍ਰੇਰੀ ਦੀ ਇਮਾਰਤ ਜਿਸਦੀ ਹਾਲਤ ਬਹੁਤ ਖਸਤਾ ਸੀ, ਉਸ ਦੀ ਨਵੀ ਇਮਾਰਤ ਉਸਾਰੀ ਗਈ ਹੈ। ਸੁੱਖਾ ਸਿੰਘ-ਮਹਿਤਾਬ ਸਿੰਘ ਚੌਂਕ ਵਿੱਖੇ ਸ਼ਾਨਦਾਰ ਕਲਾਕ ਟਾਵਰ ਲਗਾ ਕੇ ਉਸਾਰੀ ਕਰਵਾਈ ਗਈ ਹੈ। ਸ਼ਹਿਰ ਵਾਸੀਆਂ ਨੂੰ ਸਾਫ਼ ਸੁਥਰਾ ਪੀਣ ਵਾਲਾ ਪਾਣੀ ਮੁਹੱਈਆ ਕਰਵਾਉਣ ਲਈ ਕਰੀਬ 24 ਕਰੋੜ ਰੁਪਏ ਦੀ ਲਾਗਤ ਨਾਲ ਵਿਕਾਸ ਕੰਮ ਕਰਵਾਇਆ ਗਿਆ ਹੈ। ਇਸ ਤੋਂ ਇਲਾਵਾ ਵੱਖ ਵੱਖ ਵਿਕਾਸ ਕਾਰਜ ਪ੍ਰਗਤੀ ਅਧੀਨ ਹਨ।

# ਸੇਂਟ ਸੋਲਜਰ ਇਲੀਟ ਕਾਨਵੈਂਟ ਸਕੂਲ ਮਜੀਠਾ ਦੇ ਹੋਣਹਾਰ ਵਿਦਿਆਰਥੀ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਵੱਲੋਂ ਸਨਮਾਨਿਤ



**ਮਜੀਠਾ (ਸੋਇਮ ਆਨੰਦ)** ਪੰਜਾਬ ਸਰਕਾਰ ਨੇ ਵਿਦਿਆ ਦੇ ਖੇਤਰ ਵਿਚ ਇੱਕ ਸ਼ਲਾਘਾਯੋਗ ਕਦਮ ਚੁੱਕਿਆ ਹੈ ਜਿਸ ਤਹਿਤ 12ਵੀ ਕਲਾਸ ਦੇ ਵਿਦਿਆਰਥੀ ਜਿਨ੍ਹਾਂ ਨੇ 90 ਫੀਸਦੀ ਤੋਜ਼ ਜਿਆਦਾ ਅੰਕ ਪ੍ਰਾਪਤ ਕੀਤੇ ਹਨ ਉਨ੍ਹਾਂ ਨੂੰ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਜਾ ਰਿਹਾ ਹੈ। ਪਿਛਲੇ ਦਿਨੀ ਦਸਮੇਸ਼ ਆਡੀਟੋਰੀਅਮ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਵਿਖੇ ਇੱਕ ਸਮਾਗਮ ਦੌਰਾਨ ਜਿਲ੍ਹੇ ਭਰ ਵਿਚ 90 ਫੀਸਦੀ ਤੋ ਜਿਆਦਾ ਅੰਕ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਗਿਆ। ਸਿਖਿਆ ਮੰਤਰੀ ਪੰਜਾਬ ਹਰਜੋਤ ਸਿੰਘ ਬੈਸ ਅਤੇ ਮਨੀਸ਼ ਸਿਸੋਦੀਆ ਸਾਬਕਾ ਉਪ ਮੁੱਖ ਮੰਤਰੀ ਦਿੱਲੀ ਨੇ ਇੰਨ੍ਹਾਂ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ। ਇਸ ਸਨਮਾਨ ਸਮਾਰੋਹ ਵਿਚ ਹਲਕਾ ਮਜੀਠਾ ਦੀ ਨਾਮਵਰ ਸਿਖਿਆ ਸੰਸਥਾ ਸੇਜ਼ਟ ਸੋਲਜ਼ਰ ਇਲਿਟ ਕਾਨਵੈਜ਼ਟ ਸਕੂਲ ਮਜੀਠਾ ਦੇ ਹੋਣਹਾਰ ਵਿਦਿਆਰਥੀ ਅਰਸ਼ਦੀਪ ਸਿੰਘ ਜਿਸ ਨੇ ਬਾਹਰਵੀ ਕਲਾਸ ਵਿਚ 97.2 ਫੀਸਦੀ ਅੰਕ, ਹਰਸਿਮਰਤ ਕੌਰ ਨੇ 97 ਫੀਸਦੀ ਅੰਕ ਅਤੇ ਅਨੁਰੀਤ ਕੌਰ ਨੇ 91 ਫੀਸਦੀ ਅੰਕ ਪ੍ਰਾਪਤ ਕੀਤੇ ਸਨ ਨੂੰ ਸਨਮਾਨਿਤ ਕੀਤਾ ਗਿਆ। ਸਕੂਲ ਦੀ ਇਸ ਪ੍ਰਾਪਤੀ ਨਾਲ ਸਕੂਲ ਪ੍ਰਬੰਧਕ ਕਮੇਟੀ, ਸਕੂਲ ਸਟਾਫ ਅਤੇ ਵਿਦਿਆਰਥੀਆਂ ਦੇ ਮਾਪੇ ਅਤੇ ਇਲਾਕੇ ਵਿਚ ਭਾਰੀ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ ਅਤੇ ਇਸ ਸੰਸਥਾ ਦੀ ਤਾਰੀਫ ਕੀਤੀ ਜਾ ਰਹੀ ਹੈ ਜਿਸ ਦੇ ਮਿਹਨਤੀ ਅਧਿਆਪਕਾਂ ਸਦਕਾ ਜ਼ਿਲ੍ਹਾ ਪੱਧਰੀ ਸਮਾਗਮ ਵਿਚ ਇਸ ਸਕੂਲ ਦੇ ਵਿਦਿਆਰਥੀਆਂ ਨੂੰ ਸਨਮਾਨ ਮਿਲਿਆ ਹੈ।ਵਿਦਿਆਰਥੀਆਂ ਨੂੰ ਸਨਮਾਨ ਮਿਲਣ ਤੇ ਮੈਨੇਜਿੰਗ ਡਾਇਰੈਕਟਰ ਡਾ: ਮੰਗਲ ਸਿੰਘ ਕਿਸ਼ਨਪੁਰੀ, ਸਕੂਲ ਮੈਨੇਜਮੈਂਟ ਕਮੇਟੀ ਚੇਅਰਮੈਨ ਜਸਪਿੰਦਰ ਸਿੰਘ ਕਾਹਲੋਂ, ਮੁੱਖ ਪ੍ਰਬੰਧਕ ਮੈਡਮ ਹਰਜਿੰਦਰਪਾਲ ਕੌਰ, ਡਾਇਰੈਕਟਰ ਮੈਡਮ ਅਮਨਦੀਪ ਕੌਰ ਨੇ ਖੁਸ਼ੀ ਦਾ ਇਜ਼ਹਾਰ ਕੀਤਾ ਅਤੇ ਬਚਿਆਂ ਦੀ ਹੌਸਲਾ ਅਫਜ਼ਾਈ ਕੀਤੀ।

# 'ਜ਼ਿਲ੍ਹਾ ਟਰੇਡਰਜ਼ ਕਮਿਸ਼ਨ ਨਾਲ ਸਬੰਧਤ ਮੁਸ਼ਕਿਲਾਂ ਨੂੰ ਅਧਿਕਾਰੀ ਨਿਸ਼ਚਿਤ ਸਮੇਂ ਅੰਦਰ ਹੱਲ ਕਰਨ'




**ਗੁਰਦਾਸਪੁਰ, (ਜਨਕ ਮਹਾਜਨ)**-ਆਦਿਤਿਆ ਉੱਪਲ ਡਿਪਟੀ ਕਮਿਸ਼ਨਰ ਗੁਰਦਾਸਪੁਰ ਵੱਲੋਂ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਟਰੇਡਰਜ਼ ਕਮਿਸ਼ਨ ਨਾਲ ਸਬੰਧਤ ਮੁਸ਼ਕਲਾਂ ਦੇ ਹੱਲ ਲਈ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਕਰਕੇ ਅਧਿਕਾਰੀਆਂ ਨੂੰ ਨਿਸ਼ਚਿਤ ਸਮੇਂ ਅੰਦਰ ਮੁਸ਼ਕਿਲਾਂ ਹੱਲ ਕਰਨ ਲਈ ਦਿਸ਼ਾ-ਨਿਰਦੇਸ਼ ਦਿੱਤੇ ਗਏ। ਇਸ ਮੌਕੇ ਚਰਨਜੀਤ ਸਿੰਘ ਪਾਰੋਵਾਲ ਜ਼ਿਲ੍ਹਾ ਇੰਚਾਰਜ ਟਰੇਡਰਜ਼ ਕਮਿਸ਼ਨ ਗੁਰਦਾਸਪੁਰ, ਜੁਗਰਾਜ ਸਿੰਘ ਐੱਸ ਪੀ (ਐੱਚ) ਗੁਰਦਾਸਪੁਰ, ਰਮਨਦੀਪ ਸਿੰਘ ਐੱਸ ਪੀ ਬਟਾਲਾ ਸਮੇਤ ਹਲਕਿਆਂ ਦੇ ਚੇਅਰਮੈਨ ਅਤੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਮੌਜੂਦ ਸਨ। ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਵਲੋਂ ਟਰੇਡਰਜ਼ ਕਮਿਸ਼ਨ ਨਾਲ ਸਬੰਧਤ ਮੁਸ਼ਕਲਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਨ ਲਈ ਵੱਖ-ਵੱਖ ਅਧਿਕਾਰੀਆਂ ਨੂੰ ਹਦਾਇਤ ਕੀਤੀ ਗਈ। ਉਨ੍ਹਾਂ ਵੱਖ-ਵੱਖ ਵਿਭਾਗਾਂ ਵਲੋਂ ਕੀਤੇ ਗਏ ਕੰਮਾਂ ਅਤੇ ਜਿਨ੍ਹਾਂ ਮੁਸ਼ਕਿਲਾਂ ਦਾ ਨਿਪਟਾਰਾ ਅਜੇ ਤੱਕ ਨਹੀਂ ਕੀਤਾ ਗਿਆ, ਸਬੰਧੀ ਵਿਸਥਾਰ ਵਿੱਚ ਜਾਣਕਾਰੀ ਲਈ ਗਈ। ਡਿਪਟੀ ਕਮਿਸ਼ਨਰ ਵਲੋਂ ਸੀਵਰੇਜ ਵਿਭਾਗ ਦੇ ਅਧਿਕਾਰੀਆਂ ਨੂੰ ਰੋਸਟਰ ਤਿਆਰ ਕਰਕੇ ਨਗਰ ਨਿਗਮ/ਨਗਰ ਕੌਂਸਲਾਂ ਵਿੱਚ ਸੀਵਰੇਜ਼ ਦੀ ਸਫਾਈ ਕਰਵਾਉਣ ਲਈ ਕਿਹਾ ਤਾਂ ਜੋ ਬਰਸਾਤਾਂ ਦੌਰਾਨ ਲੋਕਾਂ ਨੂੰ ਕੋਈ ਦਿੱਕਤ ਪੇਸ਼ ਨਾ ਆਵੇ। ਦੀਨਾਨਗਰ ਸਬੰਧੀ ਅਧਿਕਾਰੀਆਂ ਨੇ ਦੱਸਿਆ ਕਿ ਦੋਰਾਂਗਲਾ ਵਿਖੇ ਸਵਾਰੀਆਂ ਦੀ ਸਹੂਲਤ ਲਈ ਬੱਸ ਸਟਾਪ ਦੀ ਉਸਾਰੀ ਦਾ ਕੰਮ ਚੱਲ ਰਿਹਾ ਹੈ। ਮੀਟਿੰਗ ਵਿਚ ਜਿਲ੍ਹਾ ਟਰੇਡਰਜ਼ ਕਮਿਸ਼ਨ ਵਲੋਂ ਵੱਖ-ਵੱਖ ਮੁਸ਼ਕਲਾਂ ਦੱਸੀਆਂ ਗਈਆਂ ਜਿਵੇਂ ਟਰੈਫਿਕ ਦੀ ਸਮੱਸਿਆ, ਪਾਰਕਿੰਗ, ਸਫਾਈ, ਸਟਰੀਟ ਲਾਈਟਾਂ ਲਗਾਉਣ, ਬਾਜਾਰਾਂ ਵਿਚੋਂ ਨਾਜਾਇਜ਼ ਕਬਜੇ ਹਟਾਉਣ, ਬਿਜਲੀ ਦੀਆਂ ਤਾਰਾਂ ਉੱਚੀਆਂ ਚੁੱਕਣ, ਬਾਜਾਰਾਂ ਵਿੱਚ ਸੀਸੀਟੀਵੀ ਕੈਮਰੇ ਲਗਾਉਣ, ਰਾਤ ਸਮੇਂ ਪੁਲਿਸ ਦੀ ਗਸ਼ਤ ਹੋਰ ਵਧਾਉਣ, ਸੀਵਰੇਜ਼ ਦੀ ਸਮੱਸਿਆ ਦਾ ਹੱਲ ਕਰਨ ਸਬੰਧੀ, ਨਾਲਿਆਂ ਦੀ ਸਫਾਈ ਕਰਵਾਉਣ ਆਦਿ ਸਬੰਧੀ ਮੁਸ਼ਕਿਲਾਂ ਦੱਸੀਆਂ ਗਈਆਂ।

# ਸੇਂਟ ਫਰਾਂਸਿਸ ਸਕੂਲ ਦੇ ਕਰਾਟੇਕਾ ਨੇ ਜਿੱਤੇ ਕਾਂਸੇ ਦੇ ਤਿੰਨ ਮੈਡਲ



**ਬਟਾਲਾ (ਡਾ. ਮਲਵਿੰਦਰ ਸਿੰਘ)**-ਪੰਜੀ ਮਾਈਲੋ ਕੱਪ ਮਲੇਸ਼ੀਆ ਵਿੱਚ ਸੇਂਟ ਫਰਾਂਸਿਸ ਸਕੂਲ ਦੇ ਬੱਚਿਆਂ ਨੇ ਗੁਲਸ਼ਨ ਕੁਮਾਰ ਦੀ ਅਗਵਾਈ ਵਿੱਚ ਕਰਾਟੇ ਖੇਡਦਿਆਂ ਹੋਇਆਂ ਤਿੰਨ ਕਾਂਸੀ ਦੇ ਮੈਡਲ ਜਿੱਤ ਕੇ ਸਕੂਲ ਦਾ ਨਾਂਅ ਰੌਸ਼ਨ ਕੀਤਾ।ਜਿੱਤ ਦਾ ਸਿਹਰਾ ਪ੍ਰਾਪਤ ਕਰਨ ਵਾਲੇ ਸ਼ੁਕਰਨ ਤਾਜ ਸਿੰਘ, ਰਿਆਨ ਰੰਧਾਵਾ, ਨਵਸਹਿਜ ਸਿੰਘ ਨੇ ਅਜਿਹੀ ਨਾਮੀ ਚੈਂਪੀਅਨਸ਼ਿਪ ਵਿੱਚ ਭਾਗ ਲਿਆ ਜਿਸ ਵਿੱਚ ਵੱਖੋ-ਵੱਖ 14 ਦੇਸ਼ਾਂ ਦੇ 1800 ਕਰਾਟੇਕਾ ਨੇ ਭਾਗ ਲਿਆ ।ਸਕੂਲ ਪਹੁੰਚਣ 'ਤੇ ਸਕੂਲ ਦੇ ਫਾਦਰ ਜਸਟਨ ਨੇ ਜੇਤੂ ਬੱਚਿਆਂ ਨੂੰ ਵਧਾਈ ਦਿੱਤੀ।ਇਸ ਮੌਕੇ ਸਪੋਰਟਸ ਅਧਿਆਪਕ ਬਡਿਆਲ ਵੀ ਹਾਜ਼ਰ ਸਨ।

# ਲੋਕ ਸਭਾ ਹਲਕਾ ਅੰਮ੍ਰਿਤਸਰ ਦੇ ਵਿਕਾਸ ਕਾਰਜਾਂ ਸੰਬੰਧੀ ਦਿਸ਼ਾ ਕਮੇਟੀ ਵੱਲੋਂ ਇਕੱਤਰਤਾ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**-ਲੋਕ ਸਭਾ ਮੈਂਬਰ ਅਤੇ ਜ਼ਿਲ੍ਹਾ ਵਿਕਾਸ ਕੋਆਰਡੀਨੇਸ਼ਨ ਅਤੇ ਨਿਗਰਾਨੀ ਕਮੇਟੀ (ਦਿਸ਼ਾ) ਦੇ ਚੇਅਰਮੈਨ ਗੁਰਜੀਤ ਸਿੰਘ ਔਜਲਾ ਦੀ ਪ੍ਰਧਾਨਗੀ ਹੇਠ ਸਥਾਨਿਕ ਬੱਚਤ ਭਵਨ ਵਿਖੇ ਜ਼ਿਲ੍ਹਾ ਵਿਕਾਸ ਕੋਆਰਡੀਨੇਸ਼ਨ ਅਤੇ ਮੁਲਾਂਕਣ ਕਮੇਟੀ ਦੀ ਇੱਕ ਅਹਿਮ ਮੀਟਿੰਗ ਹੋਈ। ਮੀਟਿੰਗ ਵਿੱਚ ਡਿਪਟੀ ਕਮਿਸ਼ਨਰ ਦਲਵਿੰਦਰਜੀਤ ਸਿੰਘ, ਨਗਰ ਨਿਗਮ ਦੇ ਕਮਿਸ਼ਨਰ ਬਿਕਰਮਜੀਤ ਸਿੰਘ ਸ਼ੇਰਗਿੱਲ, ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਸੁਰਿੰਦਰ ਸਿੰਘ, ਐੱਸਡੀਐੱਮ ਅੰਮ੍ਰਿਤਸਰ-2 ਅਲਕਾ ਕਾਲੀਆ, ਡੀਸੀਪੀ ਜਗਜੀਤ ਸਿੰਘ ਵਾਲੀਆ ਸਮੇਤ ਅਤੇ ਹੋਰ ਵਿਭਾਗਾਂ ਦੇ ਸੀਨੀਅਰ ਅਧਿਕਾਰੀਆਂ ਨੇ ਸ਼ਮੂਲੀਅਤ ਕੀਤੀ। ਮੀਟਿੰਗ ਦੌਰਾਨ ਕੇਂਦਰ ਅਤੇ ਪੰਜਾਬ ਸਰਕਾਰ ਦੀਆਂ ਵੱਖ-ਵੱਖ ਲੋਕ ਭਲਾਈ ਅਤੇ ਵਿਕਾਸ ਯੋਜਨਾਵਾਂ ਦੀ ਪ੍ਰਗਤੀ ਦੀ ਵਿਸਥਾਰ ਨਾਲ ਸਮੀਖਿਆ ਕੀਤੀ ਗਈ। ਪਿਛਲੀ ਮੀਟਿੰਗ ਦੇ ਫੈਸਲਿਆਂ ਤੇ ਹੋਈ ਕਾਰਵਾਈ ਦਾ ਰੀਵਿਊ ਕਰਦਿਆਂ ਬਾਕੀ ਰਹਿੰਦੇ ਕੰਮਾਂ ਨੂੰ ਜਲਦੀ ਪੂਰਾ ਕਰਨ ਲਈ ਸਬੰਧਤ ਵਿਭਾਗਾਂ ਨੂੰ ਨਿਰਦੇਸ਼ ਦਿੱਤੇ ਗਏ। ਸਾਂਸਦ ਔਜਲਾ ਨੇ ਕਿਹਾ ਕਿ ਅੰਮ੍ਰਿਤਸਰ ਵਿੱਚ ਹਰ ਰੋਜ਼ ਵੱਡੀ ਗਿਣਤੀ ਵਿੱਚ ਦੇਸ਼-ਵਿਦੇਸ਼ ਤੋਂ ਸ਼ਰਧਾਲੂ ਅਤੇ ਸੈਲਾਨੀ ਆਉਂਦੇ ਹਨ, ਇਸ ਲਈ ਸ਼ਹਿਰ ਦੀ ਸਫ਼ਾਈ ਵਿਵਸਥਾ ਹੋਰ ਬਿਹਤਰ ਬਣਾਈ ਜਾਵੇ। ਉਨ੍ਹਾਂ ਅਧਿਕਾਰੀਆਂ ਨੂੰ ਇਹ ਹਦਾਇਤ ਵੀ ਕੀਤੀ ਕਿ ਸ਼ਹਿਰ ਵਿੱਚ ਝੁੱਗੀਆਂ-ਝੌਂਪੜੀਆਂ ਵਾਲਿਆਂ ਵੱਲੋਂ ਕੀਤੇ ਜਾ ਰਹੇ ਨਜਾਇਜ਼ ਕਬਜ਼ਿਆਂ ਨੂੰ ਹਟਾਇਆ ਜਾਵੇ। ਉਨ੍ਹਾਂ ਕਿਹਾ ਕਿ ਖਾਣ-ਪੀਣ ਦੇ ਪਦਾਰਥਾਂ ਵਿੱਚ ਮਿਲਾਵਟਖੋਰੀ ਕਿਸੇ ਵੀ ਸੂਰਤ ਵਿੱਚ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਉਨ੍ਹਾਂ ਪੀਡਬਲਿਊਡੀ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਸ਼ਹਿਰ ਦੇ ਸਾਰੇ ਮੁੱਖ ਚੌਂਕਾਂ ਅਤੇ ਸੜਕਾਂ 'ਤੇ ਦਿਸ਼ਾ-ਸੂਚਕ ਸਾਈਨ ਬੋਰਡ ਲਗਾਏ ਜਾਣ ਤਾਂ ਜੋ ਬਾਹਰੋਂ ਆਉਣ ਵਾਲੇ ਯਾਤਰੀਆਂ ਨੂੰ ਕੋਈ ਦਿੱਕਤ ਨਾ ਆਵੇ। ਉਨ੍ਹਾਂ ਕਿਹਾ ਕਿ ਜਿੱਥੇ ਵੀ ਸੜਕਾਂ ਦੀ ਮੁਰੰਮਤ ਜਾਂ ਨਿਰਮਾਣ ਦਾ ਕੰਮ ਚੱਲ ਰਿਹਾ ਹੋਵੇ, ਉੱਥੇ ਘੱਟੋ-ਘੱਟ 500 ਮੀਟਰ ਪਹਿਲਾਂ ਚੇਤਾਵਨੀ ਬੋਰਡ ਲਗਾਉਣਾ ਲਾਜ਼ਮੀ ਬਣਾਇਆ ਜਾਵੇ। ਉਨ੍ਹਾਂ ਸਪੱਸ਼ਟ ਕੀਤਾ ਕਿ ਜੇਕਰ ਲਾਪਰਵਾਹੀ ਕਾਰਨ ਕੋਈ ਹਾਦਸਾ ਵਾਪਰਦਾ ਹੈ ਤਾਂ ਸਬੰਧਤ ਅਧਿਕਾਰੀ ਅਤੇ ਠੇਕੇਦਾਰ ਖ਼ਿਲਾਫ਼ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਨਿਊ ਅੰਮ੍ਰਿਤਸਰ, ਵੱਲਾ ਬਾਈਪਾਸ ਪੁੱਲ ਸਮੇਤ ਹੋਰ ਹੋਰ ਚੱਲ ਰਹੇ ਵਿਕਾਸ ਪ੍ਰੋਜੈਕਟਾਂ ਨੂੰ ਬਿਨ੍ਹਾਂ ਕਿਸੇ ਦੇਰੀ ਮੁਕੰਮਲ ਕਰਨ ਦੀਆਂ ਹਦਾਇਤਾਂ ਦਿੱਤੀਆਂ। ਮੀਟਿੰਗ ਵਿੱਚ ਤੁੰਗ ਢਾਬ ਡਰੇਨ, ਕੂੜਾ ਪ੍ਰਬੰਧਨ, ਨਾਜਾਇਜ਼ ਕਬਜ਼ੇ, ਟ੍ਰੈਫਿਕ ਜਾਮ, ਫਤਿਹਗੜ੍ਹ ਚੂੜੀਆਂ ਰੋਡ, ਮਜੀਠਾ ਰੋਡ, ਲੋਹਾਰਕਾ ਰੋਡ, ਰਿੰਗ ਰੋਡ, ਐਲੀਵੇਟਿਡ ਰੋਡ, ਨੈਸ਼ਨਲ ਹਾਈਵੇ ਪ੍ਰੋਜੈਕਟਾਂ ਅਤੇ ਹੜ੍ਹ ਰੋਕੂ ਪ੍ਰਬੰਧਾਂ ਬਾਰੇ ਵੀ ਵਿਸਥਾਰ ਨਾਲ ਚਰਚਾ ਕੀਤੀ ਗਈ। ਉਨ੍ਹਾਂ ਨੇ ਮਾਨਸੂਨ ਦੇ ਮੱਦੇਨਜ਼ਰ ਡਰੇਨਾਂ ਦੀ ਸਫ਼ਾਈ ਯਕੀਨੀ ਬਣਾਉਣ ਅਤੇ ਵੱਖ-ਵੱਖ ਵਿਭਾਗਾਂ ਵਿਚਾਲੇ ਬਿਹਤਰ ਤਾਲਮੇਲ ਬਣਾਈ ਰੱਖਣ ਦੇ ਨਿਰਦੇਸ਼ ਦਿੱਤੇ। ਮੀਟਿੰਗ ਦੌਰਾਨ ਨੈਸ਼ਨਲ ਹੈਲਥ ਮਿਸ਼ਨ, ਸਵੱਛ ਭਾਰਤ ਮਿਸ਼ਨ, ਪ੍ਰਧਾਨ ਮੰਤਰੀ ਕੌਸ਼ਲ ਵਿਕਾਸ ਯੋਜਨਾ, ਪ੍ਰਧਾਨ ਮੰਤਰੀ ਗ੍ਰਾਮ ਸੜਕ ਯੋਜਨਾ, ਪ੍ਰਧਾਨ ਮੰਤਰੀ ਕ੍ਰਿਸ਼ੀ ਸਿੰਚਾਈ ਯੋਜਨਾ, ਰਾਸ਼ਟਰੀ ਖੇਤੀ ਵਿਕਾਸ ਯੋਜਨਾ, ਸਾਇਲ ਹੈਲਥ ਕਾਰਡ, ਨੈਸ਼ਨਲ ਰੂਰਲ ਡ੍ਰਿੰਕਿੰਗ ਵਾਟਰ ਪ੍ਰੋਗਰਾਮ, ਬੇਟੀ ਬਚਾਓ-ਬੇਟੀ ਪੜ੍ਹਾਓ, ਸਰਬ ਸਿੱਖਿਆ ਅਭਿਆਨ, ਮਿਡ-ਡੇ ਮੀਲ ਅਤੇ ਹੋਰ ਕੇਂਦਰ ਅਤੇ ਰਾਜ ਸਰਕਾਰ ਦੀਆਂ ਯੋਜਨਾਵਾਂ ਦੀ ਪ੍ਰਗਤੀ ਦਾ ਵੀ ਜਾਇਜ਼ਾ ਲਿਆ ਗਿਆ। ਡਿਪਟੀ ਕਮਿਸ਼ਨਰ ਦਲਵਿੰਦਰਜੀਤ ਸਿੰਘ ਨੇ ਲੋਕ ਸਭਾ ਮੈਂਬਰ ਅਤੇ ਚੇਅਰਮੈਨ ਦਿਸ਼ਾ ਕਮੇਟੀ ਨੂੰ ਭਰੋਸਾ ਦਿਵਾਇਆ ਕਿ ਸਾਰੇ ਵਿਭਾਗਾਂ ਵਿਚਾਲੇ ਆਪਸੀ ਤਾਲਮੇਲ ਹੋਰ ਮਜ਼ਬੂਤ ਕੀਤਾ ਜਾ ਰਿਹਾ ਹੈ ਅਤੇ ਲੋਕਾਂ ਨੂੰ ਸਰਕਾਰੀ ਸੇਵਾਵਾਂ ਸਮੇਂ ਸਿਰ ਮੁਹੱਈਆ ਕਰਵਾਉਣ ਲਈ ਹਰ ਸੰਭਵ ਯਤਨ ਕੀਤੇ ਜਾਣਗੇ।

# ਦਰਿਆ ਰਾਵੀ 'ਚ ਡੀ-ਸਿਲਟਿੰਗ ਦਾ ਕੰਮ ਜੰਗੀ ਪੱਧਰ 'ਤੇ ਜਾਰੀ: ਐਕਸੀਅਨ ਗੋਇਲ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**-ਰਾਵੀ ਦਰਿਆ ਵਿੱਚ ਵਿਗਿਆਨਕ ਢੰਗ ਨਾਲ ਡੀ-ਸਿਲਟਿੰਗ (ਗਾਰ ਅਤੇ ਮਲਬਾ ਹਟਾਉਣ) ਦਾ ਕੰਮ ਤੇਜ਼ੀ ਨਾਲ ਜਾਰੀ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਜਲ ਸਰੋਤ ਵਿਭਾਗ, ਅੰਮ੍ਰਿਤਸਰ ਦੇ ਕਾਰਜਕਾਰੀ ਇੰਜੀਨੀਅਰ (ਐਕਸੀਅਨ) ਵਿਸ਼ਵਪਾਲ ਗੋਇਲ ਨੇ ਦੱਸਿਆ ਕਿ ਸਾਲ 2023 ਅਤੇ 2025 ਦੌਰਾਨ ਸਤਲੁਜ, ਬਿਆਸ ਅਤੇ ਰਾਵੀ ਦਰਿਆਵਾਂ ਵਿੱਚ ਆਏ ਭਾਰੀ ਹੜ੍ਹਾਂ ਕਾਰਨ 91 ਥਾਵਾਂ 'ਤੇ ਬੰਨ੍ਹਾਂ ਵਿੱਚ ਪਾੜ, ਦਰਿਆ ਸੁਰੱਖਿਆ ਅਤੇ ਨਿਕਾਸੀ ਢਾਂਚੇ ਨੂੰ ਨੁਕਸਾਨ, 86,000 ਹੈਕਟੇਅਰ ਤੋਂ ਵੱਧ ਰਕਬਾ ਪ੍ਰਭਾਵਿਤ ਹੋਇਆ ਅਤੇ ਲਗਭਗ 1,825.46 ਕਰੋੜ ਰੁਪਏ ਦੇ ਨੁਕਸਾਨ ਦਾ ਅਨੁਮਾਨ ਲਗਾਇਆ ਗਿਆ। ਇਸ ਨੁਕਸਾਨ ਦੀ ਭਰਪਾਈ ਅਤੇ ਮੁੜ ਉਸਾਰੀ ਲਈ ਕਰੀਬ 11,855.65 ਕਰੋੜ ਰੁਪਏ ਦੀ ਲੋੜ ਅੰਕਿਤ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਦਰਿਆਵਾਂ ਵਿੱਚ ਗਾਰ ਅਤੇ ਮਲਬੇ ਦੇ ਇਕੱਠੇ ਹੋਣ ਕਾਰਨ ਪਾਣੀ ਦੀ ਨਿਕਾਸੀ ਸਮਰੱਥਾ ਘਟ ਜਾਂਦੀ ਹੈ, ਜਿਸ ਨਾਲ ਪਾਣੀ ਲੰਬੇ ਸਮੇਂ ਤੱਕ ਖੜ੍ਹਾ ਰਹਿੰਦਾ ਹੈ ਅਤੇ ਹੜ੍ਹਾਂ ਦਾ ਖ਼ਤਰਾ ਵਧ ਜਾਂਦਾ ਹੈ। ਇਸ ਲਈ ਵਿਗਿਆਨਕ ਡੀ-ਸਿਲਟਿੰਗ ਹੜ੍ਹ ਰੋਕੂ ਉਪਰਾਲਿਆਂ ਦਾ ਇੱਕ ਮਹੱਤਵਪੂਰਨ ਹਿੱਸਾ ਹੈ। ਐਕਸੀਅਨ ਗੋਇਲ ਨੇ ਦੱਸਿਆ ਕਿ ਜਲ ਸਰੋਤ ਵਿਭਾਗ ਵੱਲੋਂ ਧਰਮਕੋਟ ਘੋਨੇਵਾਲ ਕੰਪਲੈਕਸ ਵਿਖੇ ਰਾਵੀ ਦਰਿਆ ਵਿੱਚ ਨਿਸ਼ਾਨਾਬੱਧ ਡੀ-ਸਿਲਟਿੰਗ ਦਾ ਕੰਮ ਜੰਗੀ ਪੱਧਰ 'ਤੇ ਕੀਤਾ ਜਾ ਰਿਹਾ ਹੈ। ਇਸ ਉਪਰਾਲੇ ਦਾ ਉਦੇਸ਼ ਦਰਿਆ ਵਿੱਚ ਪਾਣੀ ਦੇ ਵਹਾਅ ਵਿੱਚ ਆ ਰਹੀਆਂ ਰੁਕਾਵਟਾਂ ਨੂੰ ਦੂਰ ਕਰਨਾ, ਹੜ੍ਹ ਦੇ ਪਾਣੀ ਦੀ ਸੁਚਾਰੂ ਨਿਕਾਸੀ ਯਕੀਨੀ ਬਣਾਉਣਾ ਅਤੇ ਦਰਿਆ ਦੀ ਪਾਣੀ ਢੋਣ ਦੀ ਸਮਰੱਥਾ ਵਿੱਚ ਵਾਧਾ ਕਰਕੇ ਸਰਹੱਦੀ ਇਲਾਕਿਆਂ ਦੇ ਲੋਕਾਂ ਨੂੰ ਭਵਿੱਖ ਦੀਆਂ ਹੜ੍ਹਾਂ ਤੋਂ ਸੁਰੱਖਿਅਤ ਕਰਨਾ ਹੈ। ਐਕਸੀਅਨ ਵਿਸ਼ਵਪਾਲ ਗੋਇਲ ਨੇ ਦੱਸਿਆ ਕਿ ਪਿਛਲੇ ਸਾਲ ਦੇ ਮਾਨਸੂਨ ਦੌਰਾਨ ਰਾਵੀ ਦਰਿਆ ਨੇ ਅੰਮ੍ਰਿਤਸਰ ਜ਼ਿਲ੍ਹੇ ਵਿੱਚ 23 ਥਾਵਾਂ 'ਤੇ ਬੰਨ੍ਹਾਂ ਨੂੰ ਤੋੜਿਆ, ਜਿਸ ਨਾਲ 198 ਪਿੰਡ ਸਿੱਧੇ ਤੌਰ 'ਤੇ ਪ੍ਰਭਾਵਿਤ ਹੋਏ। ਉਨ੍ਹਾਂ ਦੱਸਿਆ ਕਿ 10 ਵਿਅਕਤੀਆਂ ਦੀ ਮੌਤ ਹੋਈ। 59,793 ਏਕੜ ਫਸਲ ਪੂਰੀ ਤਰ੍ਹਾਂ ਤਬਾਹ ਹੋ ਗਈ, ਜਿਸ ਨਾਲ ਕਿਸਾਨਾਂ ਨੂੰ ਭਾਰੀ ਆਰਥਿਕ ਨੁਕਸਾਨ ਝੱਲਣਾ ਪਿਆ। ਉਨ੍ਹਾਂ ਕਿਹਾ ਕਿ ਸਿਰਫ਼ ਧਰਮਕੋਟ ਘੋਨੇਵਾਲ ਕੰਪਲੈਕਸ ਵਿੱਚ ਹੀ ਬੰਨ੍ਹ 6 ਥਾਵਾਂ ਤੋਂ ਟੁੱਟ ਗਿਆ ਸੀ, ਜਦਕਿ ਹੜ੍ਹ ਦਾ ਪਾਣੀ ਉਤਰਨ ਤੋਂ ਬਾਅਦ ਦਰਿਆ ਵਿੱਚ ਵੱਡੀ ਮਾਤਰਾ ਵਿੱਚ ਗਾਰ ਅਤੇ ਰਿਵਰ ਬੈੱਡ ਮਟੀਰੀਅਲ (ਆਰ.ਬੀ.ਐੱਮ.) ਜਮ੍ਹਾਂ ਹੋ ਗਿਆ, ਜਿਸ ਕਾਰਨ ਦਰਿਆ ਦੀ ਕੁਦਰਤੀ ਧਾਰਾ ਅਤੇ ਪਾਣੀ ਢੋਣ ਦੀ ਸਮਰੱਥਾ ਬੁਰੀ ਤਰ੍ਹਾਂ ਪ੍ਰਭਾਵਿਤ ਹੋਈ। ਐਕਸੀਅਨ ਗੋਇਲ ਨੇ ਦੱਸਿਆ ਕਿ ਸਮੱਸਿਆ ਦੇ ਸਥਾਈ ਹੱਲ ਲਈ ਵਿਭਾਗ ਵੱਲੋਂ ਪੂਰੇ ਖੇਤਰ ਦਾ ਵਿਸਥਾਰਪੂਰਵਕ ਸਰਵੇ ਕਰਕੇ ਰੁਕਾਵਟ ਵਾਲੇ ਸਥਾਨਾਂ ਦੀ ਪਛਾਣ ਕੀਤੀ ਗਈ। ਇਸ ਦੇ ਆਧਾਰ 'ਤੇ ਭਾਰਤ ਸਰਕਾਰ ਵੱਲੋਂ ਜਾਰੀ ਨੈਸ਼ਨਲ ਫਰੇਮਵਰਕ ਫਾਰ ਸੈਡੀਮੈਂਟ ਮੈਨੇਜਮੈਂਟ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਵਿਸਤ੍ਰਿਤ ਪ੍ਰਾਜੈਕਟ ਰਿਪੋਰਟ (ਡੀ.ਪੀ.ਆਰ.) ਤਿਆਰ ਕੀਤੀ ਗਈ। ਉਨ੍ਹਾਂ ਦੱਸਿਆ ਕਿ ਇਸ ਪ੍ਰਾਜੈਕਟ ਨੂੰ ਰਾਜ ਸਰਕਾਰ ਅਤੇ ਭਾਰਤ ਸਰਕਾਰ ਦੇ ਇੰਜੀਨੀਅਰਿੰਗ ਮਾਹਿਰਾਂ ਵਾਲੀ ਸੰਯੁਕਤ ਸਟੇਟ ਟੈਕਨੀਕਲ ਐਡਵਾਈਜ਼ਰੀ ਕਮੇਟੀ ਵੱਲੋਂ ਤਕਨੀਕੀ ਤੌਰ 'ਤੇ ਮਨਜ਼ੂਰੀ ਦਿੱਤੀ ਗਈ ਹੈ। ਉਨ੍ਹਾਂ ਦੱਸਿਆ ਕਿ ਡੀ-ਸਿਲਟਿੰਗ ਦੌਰਾਨ ਕੱਢੀ ਗਈ ਗਾਰ ਅਤੇ ਹੋਰ ਸਮੱਗਰੀ ਨੂੰ ਨੇੜਲੇ ਸੁਰੱਖਿਅਤ ਸਥਾਨਾਂ 'ਤੇ ਸੰਭਾਲ ਕੇ ਰੱਖਿਆ ਜਾ ਰਿਹਾ ਹੈ ਤਾਂ ਜੋ ਲੋੜ ਪੈਣ 'ਤੇ ਹੜ੍ਹ ਨਾਲ ਨਜਿੱਠਣ ਲਈ ਇਸ ਦੀ ਵਰਤੋਂ ਕੀਤੀ ਜਾ ਸਕੇ। ਐਕਸੀਅਨ ਵਿਸ਼ਵਪਾਲ ਗੋਇਲ ਨੇ ਕਿਹਾ ਕਿ ਜਲ ਸਰੋਤ ਵਿਭਾਗ ਅੰਮ੍ਰਿਤਸਰ ਅਤੇ ਗੁਰਦਾਸਪੁਰ ਜ਼ਿਲ੍ਹਿਆਂ ਦੇ ਲੋਕਾਂ ਦੀਆਂ ਜਾਨਾਂ, ਫਸਲਾਂ ਅਤੇ ਰੋਜ਼ੀ-ਰੋਟੀ ਦੀ ਸੁਰੱਖਿਆ ਲਈ ਨਿਰਧਾਰਿਤ ਸਮਾਂ-ਸੀਮਾ ਅੰਦਰ ਇਹ ਕੰਮ ਪੂਰਾ ਕਰਨ ਲਈ ਪੂਰੀ ਤਨਦੇਹੀ ਨਾਲ ਕੰਮ ਕਰ ਰਿਹਾ ਹੈ।

ਨਵਾਂ ਜ਼ਮਾਨਾ
ਬੁੱਧਵਾਰ, 8 ਜੁਲਾਈ 2026

# ਪ੍ਰਤੀਕ ਤੇ ਸਿਧਾਂਤ

*4 ਜੁਲਾਈ, 1776 ਨੂੰ ਅਪਣਾਇਆ ਗਿਆ ਅਮਰੀਕੀ ਆਜ਼ਾਦੀ ਦਾ ਐਲਾਨਨਾਮਾ ਸਿਰਫ਼ ਬਸਤੀਵਾਦੀ ਸ਼ਾਸਨ ਤੋਂ ਸਿਆਸੀ ਮੁਕਤੀ ਦਾ ਦਸਤਾਵੇਜ਼ ਨਹੀਂ ਸੀ; ਇਹ ਆਧੁਨਿਕ ਲੋਕਤੰਤਰੀ ਚੇਤਨਾ ਦਾ ਐਲਾਨ ਵੀ ਸੀ। ਇਸ ਨੇ ਐਲਾਨ ਕੀਤਾ ਕਿ ਸੱਤਾ ਲੋਕਾਂ ਤੋਂ ਆਉਂਦੀ ਹੈ, ਕਿ ਸ਼ਾਸਕ ਕਾਨੂੰਨ ਤੋਂ ਉੱਪਰ ਨਹੀਂ ਹਨ, ਅਤੇ ਜੇ ਸ਼ਾਸਨ ਜ਼ੁਲਮ ਵਿੱਚ ਬਦਲ ਜਾਂਦਾ ਹੈ ਤਾਂ ਲੋਕਾਂ ਨੂੰ ਵਿਰੋਧ ਕਰਨ ਦਾ ਅਧਿਕਾਰ ਹੈ। ਢਾਈ ਸੌ ਸਾਲ ਬਾਅਦ, ਜਿਵੇਂ ਕਿ ਅਮਰੀਕਾ ਆਜ਼ਾਦੀ ਦੇ ਐਲਾਨਨਾਮੇ ਦੀ 250ਵੀਂ ਵਰ੍ਹੇਗੰਢ ਮਨਾ ਰਿਹਾ ਹੈ, ਸਭ ਤੋਂ ਵੱਡਾ ਸਵਾਲ ਇਹ ਨਹੀਂ ਹੈ ਕਿ ਜਸ਼ਨ ਕਿੰਨੇ ਸ਼ਾਨਦਾਰ ਹੋਣਗੇ, ਸਗੋਂ ਇਹ ਹੈ ਕਿ ਕੀ ਉਸ ਐਲਾਨਨਾਮੇ ਦੀ ਮੂਲ ਭਾਵਨਾ ਅਮਰੀਕੀ ਸਿਆਸਤ ਦਾ ਮਾਰਗਦਰਸ਼ਨ ਕਰ ਰਹੀ ਹੈ।*

*ਵਿਡੰਬਨਾ ਹੈ ਕਿ ਇਸ ਇਤਿਹਾਸਕ ਮੌਕੇ ਦੀ ਅਗਵਾਈ ਇੱਕ ਅਜਿਹਾ ਰਾਸ਼ਟਰਪਤੀ ਕਰ ਰਿਹਾ ਹੈ, ਜਿਸ ਦੀ ਸਿਆਸੀ ਸ਼ੈਲੀ ਅਤੇ ਜਨਤਕ ਆਚਰਣ ਨੂੰ ਲੈ ਕੇ ਵਾਰ-ਵਾਰ ਇਹ ਦੋਸ਼ ਲਾਇਆ ਗਿਆ ਹੈ ਕਿ ਉਹ ਲੋਕਤੰਤਰੀ ਸੰਸਥਾਵਾਂ ਨਾਲੋਂ ਨਿੱਜੀ ਸੱਤਾ ਵਿੱਚ ਵਧੇਰੇ ਵਿਸ਼ਵਾਸ ਰੱਖਦਾ ਹੈ। ਇਹੀ ਕਾਰਨ ਹੈ ਕਿ ਬਹੁਤ ਸਾਰੇ ਸੰਵਿਧਾਨਕ ਮਾਹਰ, ਇਤਿਹਾਸਕਾਰ ਅਤੇ ਲੋਕਤੰਤਰ-ਪੱਖੀ ਬੁੱਧੀਜੀਵੀ ਸਵਾਲ ਕਰ ਰਹੇ ਹਨ ਕਿ ਇੱਕ ਦਸਤਾਵੇਜ਼, ਜਿਸ ਦਾ ਮੁੱਖ ਉਦੇਸ਼ ਰਾਜਸ਼ਾਹੀ ਅਤੇ ਤਾਨਾਸ਼ਾਹੀ ਦਾ ਵਿਰੋਧ ਕਰਨਾ ਸੀ, ਉਸ ਦਾ ਉਤਸਵ ਅਜਿਹੀ ਅਗਵਾਈ ਹੇਠ ਕਿਹੜੇ ਅਰਥ ਵਿੱਚ ਮਨਾਇਆ ਜਾਵੇਗਾ।*

*ਆਜ਼ਾਦੀ ਦੇ ਐਲਾਨਨਾਮੇ ਦਾ ਸਭ ਤੋਂ ਮਹੱਤਵਪੂਰਨ ਸੰਦੇਸ਼ ਇਹ ਸੀ ਕਿ ਕੋਈ ਵੀ ਆਦਮੀ-ਇੱਥੋਂ ਤੱਕ ਕਿ ਰਾਜਾ ਵੀ-ਕਾਨੂੰਨ ਤੋਂ ਉੱਪਰ ਨਹੀਂ ਹੈ। ਅਜੋਕੀ ਅਮਰੀਕੀ ਸਿਆਸਤ ਵਿੱਚ ਇਸੇ ਸਿਧਾਂਤ ਦੀ ਸਭ ਤੋਂ ਵੱਧ ਪ੍ਰੀਖਿਆ ਦਿਖਾਈ ਦਿੰਦੀ ਹੈ। ਰਾਸ਼ਟਰਪਤੀ ਡੋਨਾਲਡ ਟਰੰਪ ਨੇ ਕਈ ਮੌਕਿਆਂ 'ਤੇ ਆਪਣੇ-ਆਪ ਨੂੰ ਅਸਾਧਾਰਨ ਅਧਿਕਾਰਾਂ ਵਾਲੇ ਨੇਤਾ ਵਜੋਂ ਪੇਸ਼ ਕੀਤਾ ਹੈ। ਕਈ ਵਾਰ ਉਸ ਨੇ ਆਪਣੇ ਫੈਸਲਿਆਂ ਨੂੰ ਲੱਗਭੱਗ ਅੰਤਮ ਸੱਚ ਦੀ ਤਰ੍ਹਾਂ ਪੇਸ਼ ਕੀਤਾ, ਕਦੇ ਨਿਆਂਪਾਲਿਕਾ ਦੀ ਆਲੋਚਨਾ ਨਿੱਜੀ ਹਮਲਿਆਂ ਦੇ ਰੂਪ ਵਿੱਚ ਕੀਤੀ, ਤਾਂ ਕਦੇ ਅਜਿਹੇ ਬਿਆਨ ਦਿੱਤੇ ਜਿਨ੍ਹਾਂ ਨਾਲ ਇਹ ਧਾਰਨਾ ਬਣੀ ਕਿ ਰਾਸ਼ਟਰਪਤੀ ਦੀਆਂ ਸ਼ਕਤੀਆਂ ਅੱਗੇ ਸੰਵਿਧਾਨਕ ਸੀਮਾਵਾਂ ਬੌਣੀਆਂ ਹਨ।*

*ਲੋਕਤੰਤਰ ਵਿੱਚ, ਅਜਿਹੀਆਂ ਪਰਬਿਰਤੀਆਂ ਸਿਰਫ਼ ਸ਼ਖ਼ਸੀਅਤ ਦਾ ਸਵਾਲ ਨਹੀਂ ਹੁੰਦੀਆਂ; ਉਹ ਸੰਸਥਾਵਾਂ ਦੀ ਭਰੋਸੇਯੋਗਤਾ ਨੂੰ ਵੀ ਪ੍ਰਭਾਵਤ ਕਰਦੀਆਂ ਹਨ। ਲੋਕਤੰਤਰੀ ਵਿਵਸਥਾ ਦੀ ਸਭ ਤੋਂ ਵੱਡੀ ਤਾਕਤ ਸ਼ਕਤੀਆਂ ਦੀ ਵੰਡ ਹੈ। ਵਿਧਾਨਪਾਲਿਕਾ, ਕਾਰਜਪਾਲਿਕਾ ਅਤੇ ਨਿਆਂਪਾਲਿਕਾ ਇੱਕ-ਦੂਜੇ 'ਤੇ ਕੰਟਰੋਲ ਬਣਾਈ ਰੱਖਦੀਆਂ ਹਨ, ਤਾਂ ਜੋ ਕੋਈ ਵੀ ਇੱਕ ਸੰਸਥਾ ਸਰਬ ਸ਼ਕਤੀਮਾਨ ਨਾ ਬਣ ਸਕੇ।*

*ਲੋਕਤੰਤਰ ਸਿਰਫ਼ ਸੰਸਥਾਵਾਂ ਨਾਲ ਨਹੀਂ ਚੱਲਦਾ; ਇਸ ਦੀ ਆਤਮਾ ਸਿਵਲ ਸਮਾਜ ਵਿੱਚ ਵੱਸਦੀ ਹੈ। ਲੋਕਤੰਤਰ ਉਦੋਂ ਵਧਦਾ-ਫੁੱਲਦਾ ਹੈ, ਜਦੋਂ ਨਾਗਰਿਕ ਸ਼ਾਂਤੀ ਨਾਲ ਬੇਇਨਸਾਫ਼ੀ, ਅਸਮਾਨਤਾ ਜਾਂ ਸੱਤਾ ਦੀ ਦੁਰਵਰਤੋਂ ਵਿਰੁੱਧ ਬੋਲਦੇ ਹਨ। ਅਮਰੀਕੀ ਇਤਿਹਾਸ ਇਸ ਦਾ ਗਵਾਹ ਹੈ। ਨਾਗਰਿਕ ਅਧਿਕਾਰ ਅੰਦੋਲਨ ਤੋਂ ਲੈ ਕੇ ਵੀਅਤਨਾਮ ਯੁੱਧ ਵਿਰੋਧੀ ਮੁਹਿੰਮਾਂ ਅਤੇ ਹਾਲ ਹੀ ਦੇ ਸਾਲਾਂ ਦੇ ਜਨਤਕ ਅੰਦੋਲਨਾਂ ਤੱਕ, ਲੋਕਾਂ ਨੇ ਵਾਰ-ਵਾਰ ਸਾਬਤ ਕੀਤਾ ਹੈ ਕਿ ਲੋਕਤੰਤਰ ਵੋਟਿੰਗ ਦੇ ਬਾਅਦ ਖਤਮ ਨਹੀਂ ਹੁੰਦਾ; ਇਹ ਨਿਰੰਤਰ ਨਾਗਰਿਕ ਭਾਗੀਦਾਰੀ ਨਾਲ ਸੰਚਾਲਤ ਹੁੰਦਾ ਹੈ। ਇਸੇ ਸੰਦਰਭ ਵਿੱਚ, 'ਨੋ ਕਿੰਗਜ਼' ਅੰਦੋਲਨ ਵਰਗੀਆਂ ਹਾਲੀਆ ਲਹਿਰਾਂ ਖਾਸ ਤੌਰ 'ਤੇ ਮਹੱਤਵਪੂਰਨ ਹਨ। ਇਨ੍ਹਾਂ ਪ੍ਰਦਰਸ਼ਨਾਂ ਦਾ ਕੇਂਦਰੀ ਸੰਦੇਸ਼ ਸਿਰਫ ਇੱਕ ਵਿਅਕਤੀ ਦਾ ਵਿਰੋਧ-ਭਰ ਨਹੀਂ ਸੀ, ਸਗੋਂ ਇਹ ਸੀ ਕਿ ਅਮਰੀਕਾ ਦੀ ਸੰਵਿਧਾਨਕ ਵਿਵਸਥਾ ਕਿਸੇ ਵੀ ਤਰ੍ਹਾਂ ਦੀ ਵਿਅਕਤੀ ਪੂਜਾ ਜਾਂ ਤਾਨਾਸ਼ਾਹੀ ਲੀਡਰਸ਼ਿਪ ਨੂੰ ਬਰਦਾਸ਼ਤ ਨਹੀਂ ਕਰ ਸਕਦੀ। ਲੋਕਤੰਤਰ ਵਿੱਚ, ਨਾਗਰਿਕਾਂ ਦਾ ਫਰਜ਼ ਸਿਰਫ ਆਪਣੀ ਸਰਕਾਰ ਚੁਣਨਾ ਹੀ ਨਹੀਂ, ਸਗੋਂ ਉਸ ਦੀ ਸੰਵਿਧਾਨਕ ਜਵਾਬਦੇਹੀ ਨੂੰ ਯਕੀਨੀ ਬਣਾਉਣਾ ਵੀ ਹੈ।*

*ਇਤਿਹਾਸ ਦਰਸਾਉਂਦਾ ਹੈ ਕਿ ਲੋਕਤੰਤਰ ਦਾ ਸਭ ਤੋਂ ਵੱਡਾ ਸੰਕਟ ਉਦੋਂ ਪੈਦਾ ਹੁੰਦਾ ਹੈ ਜਦੋਂ ਰਾਸ਼ਟਰਵਾਦ ਅਤੇ ਲੋਕਤੰਤਰ ਵਿਚਕਾਰ ਇੱਕ ਨਕਲੀ ਸਮਾਨਤਾ ਸਥਾਪਤ ਕੀਤੀ ਜਾਂਦੀ ਹੈ। ਤਦ, ਸੱਤਾ ਆਪਣੇ-ਆਪ ਨੂੰ ਰਾਸ਼ਟਰ ਦਾ ਸਮਾਨਾਰਥੀ ਘੋਸ਼ਿਤ ਕਰਦੀ ਹੈ ਅਤੇ ਸਰਕਾਰ ਦੀ ਆਲੋਚਨਾ ਨੂੰ ਰਾਸ਼ਟਰ ਵਿਰੋਧੀ ਦੱਸਿਆ ਜਾਣ ਲਗਦਾ ਹੈ, ਜਦਕਿ ਆਜ਼ਾਦੀ ਦੇ ਐਲਾਨਨਾਮੇ ਦਾ ਮੂਲ ਦਰਸ਼ਨ ਬਿਲਕੁਲ ਉਲਟ ਹੈ। ਉੱਥੇ ਸਰਕਾਰ ਲੋਕਾਂ ਦੀ ਸੇਵਕ ਹੈ, ਰਾਸ਼ਟਰ ਦੀ ਮਾਲਕਣ ਨਹੀਂ। ਰਾਸ਼ਟਰ ਜਨਤਾ ਹੈ, ਸੰਵਿਧਾਨ ਅਤੇ ਨਾਗਰਿਕ ਅਧਿਕਾਰ ਹਨ-ਨਾ ਕਿ ਕੋਈ ਇੱਕ ਨੇਤਾ ਜਾਂ ਪਾਰਟੀ।*

*ਅੱਜ ਪੂਰੀ ਦੁਨੀਆ ਵਿੱਚ ਲੋਕਤੰਤਰ ਇੱਕ ਨਵੇਂ ਸੰਕ੍ਰਮਣ ਕਾਲ ਵਿੱਚੋਂ ਗੁਜ਼ਰ ਰਿਹਾ ਹੈ। ਬਹੁਤ ਸਾਰੇ ਦੇਸ਼ਾਂ ਵਿੱਚ ਚੁਣੀਆਂ ਹੋਈਆਂ ਸਰਕਾਰਾਂ ਲੋਕਤੰਤਰੀ ਪ੍ਰਕਿਰਿਆਵਾਂ ਰਾਹੀਂ ਸੱਤਾ ਵਿੱਚ ਆਉਣ ਤੋਂ ਬਾਅਦ ਹੌਲੀ-ਹੌਲੀ ਸੰਸਥਾਗਤ ਨਿਯੰਤਰਣਾਂ ਨੂੰ ਕਮਜ਼ੋਰ ਕਰਦੀਆਂ ਦਿਖਾਈ ਦਿੰਦੀਆਂ ਹਨ। ਮੀਡੀਆ, ਨਿਆਂਪਾਲਿਕਾ, ਯੂਨੀਵਰਸਿਟੀਆਂ ਅਤੇ ਨਾਗਰਿਕ ਸੰਗਠਨਾਂ ਨੂੰ ਸ਼ੱਕ ਦੀ ਨਜ਼ਰ ਨਾਲ ਦੇਖਿਆ ਜਾਣ ਲੱਗਦਾ ਹੈ। ਇਹ ਪਰਬਿਰਤੀ ਲੋਕਤੰਤਰ ਨੂੰ ਖਤਮ ਨਹੀਂ ਕਰਦੀ, ਸਗੋਂ ਇਸ ਨੂੰ ਅੰਦਰੋਂ ਖੋਖਲਾ ਕਰਦੀ ਹੈ। ਇਸੇ ਕਰਕੇ ਲੋਕਤੰਤਰ ਦੀ ਰੱਖਿਆ ਸਿਰਫ ਚੋਣਾਂ ਨਾਲ ਨਹੀਂ ਹੁੰਦੀ; ਉਸ ਦੀ ਰੱਖਿਆ ਸੁਤੰਤਰ ਸੰਸਥਾਵਾਂ, ਸਰਗਰਮ ਸਿਵਲ ਸਮਾਜ ਅਤੇ ਸੰਵਿਧਾਨਕ ਨੈਤਿਕਤਾ ਨਾਲ ਹੁੰਦੀ ਹੈ।*

*ਅਮਰੀਕੀ ਆਜ਼ਾਦੀ ਦਾ ਐਲਾਨਨਾਮਾ ਅੱਜ ਵੀ ਇਸ ਲਈ ਪ੍ਰਸੰਗਕ ਹੈ, ਕਿਉਂਕਿ ਇਹ ਸਿਰਫ ਅਮਰੀਕੀ ਇਤਿਹਾਸ ਦਾ ਇੱਕ ਦਸਤਾਵੇਜ਼ ਨਹੀਂ ਹੈ, ਸਗੋਂ ਵਿਸ਼ਵਵਿਆਪੀ ਲੋਕਤੰਤਰੀ ਕਦਰਾਂ-ਕੀਮਤਾਂ ਦਾ ਐਲਾਨ ਹੈ। ਇਸ ਵਿੱਚ ਪ੍ਰਗਟ ਕੀਤੇ ਗਏ ਵਿਚਾਰ-ਸਮਾਨਤਾ, ਆਜ਼ਾਦੀ, ਕਾਨੂੰਨ ਦਾ ਰਾਜ ਅਤੇ ਲੋਕਾਂ ਦੀ ਪ੍ਰਭੂਸੱਤਾ-ਕਿਸੇ ਇੱਕ ਦੇਸ਼ ਦੀਆਂ ਸਰਹੱਦਾਂ ਵਿੱਚ ਕੈਦ ਨਹੀਂ ਹਨ। ਉਹ ਹਰ ਉਸ ਸਮਾਜ ਲਈ ਇੱਕ ਮਾਰਗਦਰਸ਼ਕ ਹਨ, ਜੋ ਸੱਤਾ ਨੂੰ ਜਵਾਬਦੇਹ ਬਣਾਉਣ ਅਤੇ ਨਾਗਰਿਕਾਂ ਨੂੰ ਸਨਮਾਨਤ ਦੇਖਣਾ ਚਾਹੁੰਦਾ ਹੈ।*

*250ਵੀਂ ਵਰ੍ਹੇਗੰਢ ਦਾ ਅਸਲ ਜਸ਼ਨ ਆਤਿਸ਼ਬਾਜ਼ੀ, ਪਰੇਡਾਂ ਅਤੇ ਸਰਕਾਰੀ ਸਮਾਰੋਹਾਂ ਵਿੱਚ ਨਹੀਂ ਹੈ, ਸਗੋਂ ਉਨ੍ਹਾਂ ਕਦਰਾਂ-ਕੀਮਤਾਂ ਨੂੰ ਮੁੜ ਯਾਦ ਕਰਨ ਵਿੱਚ ਹੈ, ਜਿਨ੍ਹਾਂ ਲਈ ਆਜ਼ਾਦੀ ਦਾ ਐਲਾਨਨਾਮਾ ਲਿਖਿਆ ਗਿਆ ਸੀ। ਲੋਕਤੰਤਰ ਦਾ ਜਸ਼ਨ ਮਨਾਉਣ ਲਈ ਸੱਤਾ ਦੇ ਕੇਂਦਰੀਕਰਨ ਦੀ ਬਜਾਏ ਸੰਸਥਾਵਾਂ ਨੂੰ ਮਜ਼ਬੂਤ ਕਰਨ ਦੀ ਲੋੜ ਹੈ; ਵਿਅਕਤੀ ਪੂਜਾ ਦੀ ਬਜਾਏ ਸੰਵਿਧਾਨ ਪ੍ਰਤੀ ਨਿਸ਼ਠਾ ਵਿਕਸਤ ਕਰਨ ਦੀ ਲੋੜ ਹੈ; ਅਤੇ ਡਰ ਦੀ ਬਜਾਏ ਅਸਹਿਮਤੀ ਦੇ ਅਧਿਕਾਰ ਦੀ ਰੱਖਿਆ ਕਰਨ ਦੀ ਲੋੜ ਹੈ। ਆਜ਼ਾਦੀ ਕਿਸੇ ਰਾਸ਼ਟਰ ਵੱਲੋਂ ਇੱਕ ਵਾਰ ਹਾਸਲ ਕਰ ਲੈਣ ਵਾਲੀ ਸਥਾਈ ਉਪਲੱਬਧੀ ਨਹੀਂ ਹੈ। ਹਰੇਕ ਪੀੜ੍ਹੀ ਨੂੰ ਉਸ ਨੂੰ ਮੁੜ ਤੋਂ ਹਾਸਲ ਕਰਨਾ ਪੈਂਦਾ ਹੈ। ਲੋਕਤੰਤਰ ਵੀ ਕੋਈ ਸਥਿਰ ਅਵਸਥਾ ਨਹੀਂ ਹੈ, ਸਗੋਂ ਨਿਰੰਤਰ ਜਾਗਰੂਕਤਾ, ਸੰਘਰਸ਼ ਅਤੇ ਨਾਗਰਿਕ ਜ਼ਿੰਮੇਵਾਰੀ ਦੀ ਪ੍ਰਕਿਰਿਆ ਹੈ। ਇਸ ਲਈ ਅਮਰੀਕਾ ਦੀ ਆਜ਼ਾਦੀ ਦੇ ਐਲਾਨ ਦੇ ਢਾਈ ਸੌ ਸਾਲ ਪੂਰੇ ਹੋਣ ਦਾ ਸਭ ਤੋਂ ਵੱਡਾ ਸੰਦੇਸ਼ ਇਹੀ ਹੈ ਕਿ ਲੋਕਤੰਤਰ ਦਾ ਸਨਮਾਨ ਉਸ ਦੇ ਪ੍ਰਤੀਕਾਂ ਨਾਲ ਨਹੀਂ, ਸਗੋਂ ਉਸ ਦੇ ਸਿਧਾਂਤਾਂ ਪ੍ਰਤੀ ਅਟੁੱਟ ਵਚਨਬੱਧਤਾ ਨਾਲ ਹੁੰਦਾ ਹੈ। ਉਹੀ ਕਿਸੇ ਵੀ ਕੌਮ ਦੀ ਸਭ ਤੋਂ ਵੱਡੀ ਦੇਸ਼ ਭਗਤੀ ਹੈ, ਅਤੇ ਉਹੀ ਕਿਸੇ ਵੀ ਆਜ਼ਾਦੀ ਦਿਵਸ ਦਾ ਸਭ ਤੋਂ ਸਾਰਥਕ ਜਸ਼ਨ।*

# ਫ਼ਾਸ਼ੀਵਾਦ ਵਿਰੋਧੀ ਮੋਰਚੇ ਨੂੰ ਵਿਸ਼ਾਲ ਸਿਆਸੀ ਲਾਮਬੰਦੀ ਦੀ ਲੋੜ



ਡਾ. ਅਰੁਣ ਮਿਤਰਾ

ਲੋਕਤੰਤਰ (Democracy) ਸ਼ਬਦ ਪ੍ਰਾਚੀਨ ਯੂਨਾਨੀ ਸ਼ਬਦ ਡੈਮੋਸ (ਲੋਕ) ਅਤੇ ਕਰਾਟੋਸ (ਸ਼ਾਸਨ) ਤੋਂ ਮਿਲ ਕੇ ਬਣਿਆ ਹੈ, ਜਿਸ ਦਾ ਸ਼ਾਬਦਿਕ ਅਰਥ ਹੈ, 'ਲੋਕਾਂ ਦਾ ਸ਼ਾਸਨ' ਲੋਕਤੰਤਰ ਅਜਿਹੀ ਸ਼ਾਸਨ-ਵਿਵਸਥਾ ਹੈ, ਜਿਸ ਵਿੱਚ ਰਾਜਨੀਤਿਕ ਸੱਤਾ ਦਾ ਅੰਤਿਮ ਸਰੋਤ ਲੋਕ ਹੁੰਦੇ ਹਨ। ਇਹ ਸੱਤਾ ਜਾਂ ਤਾਂ ਨਾਗਰਿਕਾਂ ਵੱਲੋਂ ਫ਼ੈਸਲਾ ਲੈਣ ਦੀ ਪ੍ਰਕਿਰਿਆ ਵਿੱਚ ਸਿੱਧੀ ਭਾਗੀਦਾਰੀ ਰਾਹੀਂ ਵਰਤੀ ਜਾਂਦੀ ਹੈ ਜਾਂ ਲੋਕਾਂ ਦੁਆਰਾ ਚੁਣੇ ਗਏ ਨੁਮਾਇੰਦਿਆਂ ਰਾਹੀਂ ਅਸਿੱਧੇ ਤੌਰ 'ਤੇ ਚਲਾਈ ਜਾਂਦੀ ਹੈ।ਹਰ ਬਾਲਗ ਨਾਗਰਿਕ ਨੂੰ ਵੋਟ ਪਾਉਣ, ਚੋਣ ਲੜਨ, ਸੱਤਾ ਵਿੱਚ ਬੈਠੇ ਲੋਕਾਂ ਤੋਂ ਸਵਾਲ ਪੁੱਛਣ ਅਤੇ ਜਨਤਕ ਮਾਮਲਿਆਂ ਵਿੱਚ ਭਾਗ ਲੈਣ ਦਾ ਅਧਿਕਾਰ ਹੁੰਦਾ ਹੈ।

ਇੱਕ ਲੋਕਤੰਤਰੀ ਪ੍ਰਣਾਲੀ ਦਾ ਫ਼ਰਜ਼ ਹੈ ਕਿ ਉਹ ਨਾਗਰਿਕਾਂ ਦੇ ਮੌਲਿਕ ਅਧਿਕਾਰਾਂ ਅਤੇ ਆਜ਼ਾਦੀਆਂ ਦੀ ਰੱਖਿਆ ਕਰੇ। ਇਨ੍ਹਾਂ ਵਿੱਚ ਵਿਚਾਰ ਪ੍ਰਗਟ ਕਰਨ ਦੀ ਆਜ਼ਾਦੀ, ਧਾਰਮਿਕ ਆਜ਼ਾਦੀ ਅਤੇ ਸੰਸਥਾਵਾਂ ਅਤੇ ਸੰਗਠਨਾਂ ਦੇ ਗਠਨ ਦੀ ਆਜ਼ਾਦੀ ਸ਼ਾਮਲ ਹਨ। ਲੋਕਤੰਤਰ ਵਿੱਚ ਸਰਕਾਰ ਲੋਕਾਂ ਪ੍ਰਤੀ ਜਵਾਬਦੇਹ ਹੁੰਦੀ ਹੈ, ਜਦਕਿ ਸੁਤੰਤਰ ਨਿਆਂਪਾਲਿਕਾ ਅਤੇ ਹੋਰ ਸੰਵਿਧਾਨਕ ਸੰਸਥਾਵਾਂ ਸੱਤਾ ਦੀ ਦੁਰਵਰਤੋਂ 'ਤੇ ਨਿਯੰਤਰਣ ਰੱਖਣ ਦਾ ਕੰਮ ਕਰਦੀਆਂ ਹਨ।ਇਸ ਲਈ ਲੋਕਤੰਤਰ ਸਿਰਫ਼ ਸਮੇਂ-ਸਮੇਂ 'ਤੇ ਚੋਣਾਂ ਕਰਵਾਉਣ ਦਾ ਨਾਮ ਨਹੀਂ ਹੈ; ਇਹ ਅਜਿਹੀ ਪ੍ਰਣਾਲੀ ਹੈ, ਜਿਸ ਵਿੱਚ ਸਰਕਾਰ ਆਪਣੀ ਜਾਇਜ਼ਤਾ ਸ਼ਾਸਿਤ ਲੋਕਾਂ ਦੀ ਸਹਿਮਤੀ ਤੋਂ ਪ੍ਰਾਪਤ ਕਰਦੀ ਹੈ, ਲੋਕਾਂ ਪ੍ਰਤੀ ਜਵਾਬਦੇਹ ਰਹਿੰਦੀ ਹੈ, ਕਾਨੂੰਨ ਦੇ ਰਾਜ (Rule of Law) ਦਾ ਸਤਿਕਾਰ ਕਰਦੀ ਹੈ ਅਤੇ ਨਾਗਰਿਕ ਆਜ਼ਾਦੀਆਂ ਦੀ ਰੱਖਿਆ ਕਰਦੀ ਹੈ।

ਮਾਰਕਸਵਾਦੀ ਰਾਜਨੀਤਕ ਸਿਧਾਂਤ ਵਿੱਚ ਬੁਰਜੂਆ ਲੋਕਤੰਤਰ (Bourgeois Democracy) ਸ਼ਬਦ ਉਸ ਲੋਕਤੰਤਰੀ ਪ੍ਰਣਾਲੀ ਲਈ ਵਰਤਿਆ ਜਾਂਦਾ ਹੈ ਜੋ ਪੂੰਜੀਵਾਦੀ ਵਿਵਸਥਾ ਅਧੀਨ ਮੌਜੂਦ ਹੁੰਦੀ ਹੈ। ਮਾਰਕਸਵਾਦੀ ਚਿੰਤਕਾਂ ਅਨੁਸਾਰ, ਭਾਵੇਂ ਅਜਿਹੀ ਵਿਵਸਥਾ ਨਾਗਰਿਕਾਂ ਨੂੰ ਰਾਜਨੀਤਕ ਅਧਿਕਾਰ ਪ੍ਰਦਾਨ ਕਰਦੀ ਹੈ, ਜਿਵੇਂ ਸਾਰੇ ਬਾਲਗਾਂ ਨੂੰ ਵੋਟ ਪਾਉਣ ਦਾ ਅਧਿਕਾਰ, ਚੋਣਾਂ ਵਿੱਚ ਭਾਗ ਲੈਣ ਦਾ ਅਧਿਕਾਰ, ਵਿਅਕਤੀ ਦੀ ਆਜ਼ਾਦੀ ਅਤੇ ਸੰਗਠਨ ਬਣਾਉਣ ਦੀ ਆਜ਼ਾਦੀ ਫਿਰ ਵੀ ਆਰਥਿਕ ਤਾਕਤ ਪੂੰਜੀਪਤੀ ਵਰਗ (ਬੁਰਜੂਆ ਵਰਗ) ਦੇ ਹੱਥਾਂ ਵਿੱਚ ਹੀ ਕੇਂਦਰਤ ਰਹਿੰਦੀ ਹੈ, ਜਿਸ ਕੋਲ ਉਤਪਾਦਨ ਦੇ ਮੁੱਖ ਸਾਧਨਾਂ ਦੀ ਮਲਕੀਅਤ ਅਤੇ ਨਿਯੰਤਰਣ ਹੁੰਦਾ ਹੈ।

ਕੁਝ ਇਤਿਹਾਸਕਾਰ ਪ੍ਰਾਚੀਨ ਭਾਰਤ ਦੇ ਗਣ-ਸੰਘਾਂ ਅਤੇ ਮਹਾਜਨਪਦਾਂ ਨੂੰ ਇਸ ਗੱਲ ਦੇ ਸਬੂਤ ਵਜੋਂ ਪੇਸ਼ ਕਰਦੇ ਹਨ ਕਿ ਭਾਰਤੀ ਉਪ-ਮਹਾਂਦੀਪ ਵਿੱਚ ਲੋਕਤੰਤਰੀ ਸ਼ਾਸਨ ਦੇ ਸ਼ੁਰੂਆਤੀ ਰੂਪ ਮੌਜੂਦ ਸਨ। ਭਾਵੇਂ ਉਨ੍ਹਾਂ ਦੀਆਂ ਆਪਣੀਆਂ ਸੀਮਾਵਾਂ ਸਨ, ਫਿਰ ਵੀ ਲੋਕਤੰਤਰ ਦੇ ਵਿਚਾਰ ਸਦੀਆਂ ਦੌਰਾਨ ਹੌਲੀ-ਹੌਲੀ ਵਿਕਸਤ ਹੁੰਦੇ ਹੋਏ ਆਧੁਨਿਕ ਸੰਵਿਧਾਨਕ ਲੋਕਤੰਤਰ ਦੇ ਰੂਪ ਵਿੱਚ ਸਾਹਮਣੇ ਆਏ।

ਜਿਵੇਂ-ਜਿਵੇਂ ਧਨਾਢ ਵਰਗ ਨੇ ਆਰਥਿਕ ਜੀਵਨ ਉੱਤੇ ਆਪਣਾ ਕਬਜ਼ਾ ਹੋਰ ਮਜ਼ਬੂਤ ਕੀਤਾ, ਉਸ ਨੇ ਰਾਜਸੱਤਾ ਨਾਲ ਆਪਣਾ ਗੱਠਜੋੜ ਵੀ ਹੋਰ ਮਜ਼ਬੂਤ ਕੀਤਾ ਅਤੇ ਲੋਕਤੰਤਰੀ ਸੰਸਥਾਵਾਂ ਨੂੰ ਕਮਜ਼ੋਰ ਕਰਨ ਦੇ ਯਤਨ ਕੀਤੇ। ਇਟਲੀ ਵਿੱਚ ਬੇਨੀਟੋ ਮੁਸੋਲਿਨੀ ਅਤੇ ਜਰਮਨੀ ਵਿੱਚ ਅਡੌਲਫ਼ ਹਿਟਲਰ ਦਾ ਉਭਾਰ ਇਸ ਗੱਲ ਦੀ ਸਪੱਸ਼ਟ ਉਦਾਹਰਨ ਹੈ ਕਿ ਕਿਵੇਂ ਤਾਕਤਵਰ ਆਰਥਿਕ ਹਿੱਤ ਤਾਨਾਸ਼ਾਹੀ ਅਤੇ ਫਾਸ਼ੀਵਾਦੀ ਸ਼ਾਸਨਾਂ ਨੂੰ ਸਹਾਰਾ ਦੇ ਸਕਦੇ ਹਨ। ਇਸ ਗੱਠਜੋੜ ਨੇ ਮਨੁੱਖਤਾ ਨੂੰ ਵਿਨਾਸ਼ ਵੱਲ ਧੱਕ ਦਿੱਤਾ, ਜਿਸ ਦਾ ਸਿੱਟਾ ਦੂਜੇ ਵਿਸ਼ਵ ਯੁੱਧ ਦੇ ਰੂਪ ਵਿੱਚ ਨਿਕਲਿਆ, ਜਿਸ ਵਿੱਚ ਕਰੋੜਾਂ ਲੋਕਾਂ ਦੀਆਂ ਜਾਨਾਂ ਗਈਆਂ।

ਭਾਰਤ ਵਿੱਚ ਆਧੁਨਿਕ ਸੰਵਿਧਾਨਕ ਲੋਕਤੰਤਰ ਦੀ ਸਥਾਪਨਾ ਆਜ਼ਾਦੀ ਤੋਂ ਬਾਅਦ ਸੰਵਿਧਾਨ ਦੇ ਲਾਗੂ ਹੋਣ ਨਾਲ ਹੋਈ। ਭਾਰਤ ਦਾ ਸੰਵਿਧਾਨ ਆਜ਼ਾਦੀ ਦੇ ਸੰਘਰਸ਼ ਦੌਰਾਨ ਵਿਕਸਿਤ ਹੋਏ ਉਨ੍ਹਾਂ ਆਦਰਸ਼ਾਂ ਦਾ ਪ੍ਰਤੀਬਿੰਬ ਸੀ, ਜਿਨ੍ਹਾਂ ਨੂੰ ਆਜ਼ਾਦੀ ਘੁਲਾਟੀਆਂ ਨੇ ਆਪਣੇ ਸੰਘਰਸ਼ਾਂ ਦੌਰਾਨ ਅਪਣਾਇਆ ਸੀ। ਉਨ੍ਹਾਂ ਨੇ ਲੋਕ ਭਾਗੀਦਾਰੀ ਅਤੇ ਲੋਕਤੰਤਰੀ ਅਧਿਕਾਰਾਂ ਦੇ ਮਹੱਤਵ 'ਤੇ ਲਗਾਤਾਰ ਜ਼ੋਰ ਦਿੱਤਾ। ਮਹਾਤਮਾ ਗਾਂਧੀ ਅਤੇ ਜਵਾਹਰ ਲਾਲ ਨਹਿਰੂ ਨੇ ਵਾਰ-ਵਾਰ ਲੋਕਾਂ ਦੀ ਆਵਾਜ਼ ਨੂੰ ਸਰਵਉੱਚ ਮਹੱਤਵ ਦੇਣ ਦੀ ਗੱਲ ਕੀਤੀ। ਕਮਿਊਨਿਸਟ ਅੰਦੋਲਨ, ਸ਼ਹੀਦ-ਏ-ਆਜ਼ਮ ਭਗਤ ਸਿੰਘ ਅਤੇ ਹੋਰ ਕਈ ਇਨਕਲਾਬੀਆਂ ਨੇ ਇਸ ਤੋਂ ਵੀ ਅੱਗੇ ਵਧ ਕੇ ਇਹ ਦਲੀਲ ਦਿੱਤੀ ਕਿ ਅਸਲ ਲੋਕਤੰਤਰ ਉਦੋਂ ਹੀ ਸਥਾਪਿਤ ਹੋ ਸਕਦਾ ਹੈ, ਜਦੋਂ ਉਤਪਾਦਨ ਦੇ ਮੁੱਖ ਸਾਧਨਾਂ ਦੀ ਮਲਕੀਅਤ ਅਤੇ ਨਿਯੰਤਰਣ ਵੀ ਲੋਕਾਂ ਦੇ ਹੱਥਾਂ ਵਿੱਚ ਹੋਵੇ, ਤਾਂ ਜੋ ਰਾਜਨੀਤਕ ਲੋਕਤੰਤਰ ਦੇ ਨਾਲ-ਨਾਲ ਆਰਥਿਕ ਲੋਕਤੰਤਰ ਵੀ ਕਾਇਮ ਹੋ ਸਕੇ।

ਆਜ਼ਾਦ ਭਾਰਤ ਦਾ ਸੰਵਿਧਾਨ, ਜਿਸ ਦੀ ਰਚਨਾ ਵਿੱਚ ਡਾ. ਬੀ. ਆਰ. ਅੰਬੇਡਕਰ ਦੀ ਅਗਵਾਈ ਵਾਲੀ ਸੰਵਿਧਾਨ ਸਭਾ ਨੇ ਇਤਿਹਾਸਕ ਭੂਮਿਕਾ ਨਿਭਾਈ, ਨੇ ਲੋਕਤੰਤਰ ਅਤੇ ਧਰਮ ਨਿਰਪੱਖਤਾ ਨੂੰ ਬਰਾਬਰ ਮਹੱਤਵ ਦਿੱਤਾ।ਸਮੇਂ-ਸਮੇਂ 'ਤੇ ਕੇਂਦਰ ਅਤੇ ਰਾਜਾਂ ਵਿੱਚ ਸਰਕਾਰਾਂ ਬਦਲਦੀਆਂ ਰਹੀਆਂ, ਪਰ ਲੋਕਤੰਤਰੀ ਢਾਂਚਾ ਸਮੁੱਚੇ ਤੌਰ 'ਤੇ ਕਾਇਮ ਰਿਹਾ, ਪਰੰਤੂ ਪਿਛਲੇ ਬਾਰਾਂ ਸਾਲਾਂ ਦੌਰਾਨ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਵਾਲੀ ਭਾਜਪਾ ਸਰਕਾਰ ਅਤੇ ਆਰ ਐੱਸ ਐੱਸ ਦੀ ਵਿਚਾਰਧਾਰਕ ਅਗਵਾਈ ਹੇਠ ਲੋਕਤੰਤਰੀ ਸੰਸਥਾਵਾਂ ਦੇ ਯੋਜਨਾਬੱਧ ਢੰਗ ਨਾਲ ਕਮਜ਼ੋਰ ਹੋਣ ਦੀ ਪ੍ਰਕਿਰਿਆ ਵੇਖਣ ਨੂੰ ਮਿਲੀ ਹੈ।

ਇਹ ਰੁਝਾਨ ਦੀਆਂ ਵਿਚਾਰਧਾਰਕ ਜੜ੍ਹਾਂ ਆਰ ਐੱਸ ਐੱਸ ਦੇ ਸ਼ੁਰੂਆਤੀ ਆਗੂ ਅਤੇ ਸਰਸੰਘਚਾਲਕ ਐਮ. ਐਸ. ਗੋਲਵਾਲਕਰ ਦੀਆਂ ਲਿਖਤਾਂ ਅਤੇ ਭਾਸ਼ਣਾਂ ਵਿੱਚ ਸਪੱਸ਼ਟ ਦਿਖਾਈ ਦਿੰਦੇ ਹਨ। ਉਨ੍ਹਾਂ ਦਾ ਮੰਨਣਾ ਸੀ ਕਿ ਦੇਸ਼ ਦੀ ਸੰਪਤੀ ਕੁਝ ਵੱਡੇ ਉਦਯੋਗਿਕ ਘਰਾਣਿਆਂ ਦੇ ਹੱਥਾਂ ਵਿੱਚ ਕੇਂਦਰਿਤ ਕਰ ਦਿੱਤੀ ਜਾਵੇ ਅਤੇ ਬਾਕੀ ਸਮਾਜ ਨੂੰ ਉਨ੍ਹਾਂ 'ਤੇ ਨਿਰਭਰ ਰਹਿਣ ਦਿੱਤਾ ਜਾਵੇ। ਉਨ੍ਹਾਂ ਦੇ ਵਿਚਾਰ ਅਨੁਸਾਰ ਇਸ ਤਰ੍ਹਾਂ ਦੀ ਵਿਵਸਥਾ ਰਾਜਨੀਤਕ ਨਿਯੰਤਰਣ ਨੂੰ ਹੋਰ ਮਜ਼ਬੂਤ ਕਰੇਗੀ।ਉਨ੍ਹਾ ਅਡੌਲਫ਼ ਹਿਟਲਰ ਦੀ ਵੀ ਪ੍ਰਸੰਸਾ ਕੀਤੀ ਅਤੇ ਉਸ ਦੀਆਂ ਨੀਤੀਆਂ ਨੂੰ ਰਾਸ਼ਟਰੀ ਏਕੀਕਰਨ ਦੀ ਮਿਸਾਲ ਵਜੋਂ ਪੇਸ਼ ਕੀਤਾ। ਅੱਜ ਇਸ ਵਿਚਾਰਧਾਰਾ ਦਾ ਪ੍ਰਭਾਵ ਉਨ੍ਹਾਂ ਨੀਤੀਆਂ ਵਿੱਚ ਨਜ਼ਰ ਆਉਂਦਾ ਹੈ, ਜਿਨ੍ਹਾਂ ਰਾਹੀਂ ਦੇਸ਼ ਦੀਆਂ ਜਨਤਕ ਸੰਪਤੀਆਂ ਨੂੰ ਹੌਲੀ-ਹੌਲੀ ਕੁਝ ਵੱਡੇ ਕਾਰਪੋਰੇਟ ਘਰਾਣਿਆਂ ਦੇ ਹੱਥਾਂ ਵਿੱਚ ਸੌਂਪਿਆ ਜਾ ਰਿਹਾ ਹੈ।

ਜੋ ਵੀ ਲੋਕ ਸਰਕਾਰ ਦੀਆਂ ਨੀਤੀਆਂ 'ਤੇ ਸਵਾਲ ਉਠਾਉਂਦੇ ਹਨ, ਉਨ੍ਹਾਂ ਨੂੰ ਅਕਸਰ 'ਦੇਸ਼-ਵਿਰੋਧੀ' ਕਹਿ ਕੇ ਬਦਨਾਮ ਕੀਤਾ ਜਾਂਦਾ ਹੈ।ਸਮਾਜਿਕ ਕਾਰਕੁਨਾਂ, ਪੱਤਰਕਾਰਾਂ, ਅਕਾਦਮਿਕ ਵਿਅਕਤੀਆਂ ਅਤੇ ਰਾਜਨੀਤਿਕ ਵਿਰੋਧੀਆਂ ਨੂੰ ਲੰਬੀਆਂ ਕਾਨੂੰਨੀ ਕਾਰਵਾਈਆਂ ਅਤੇ ਕੈਦ ਦਾ ਸਾਹਮਣਾ ਕਰਨਾ ਪੈਂਦਾ ਹੈ। ਉਮਰ ਖਾਲਿਦ ਦਾ ਮਾਮਲਾ, ਜੋ ਬਿਨਾਂ ਮੁਕੱਦਮਾ ਚੱਲੇ ਕਈ ਸਾਲਾਂ ਤੋਂ ਜੇਲ੍ਹ ਵਿੱਚ ਬੰਦ ਹੈ, ਲੋਕਤੰਤਰ ਦੇ ਲਗਾਤਾਰ ਸੁੰਗੜਦੇ ਜਾਣ ਦੀ ਇੱਕ ਮਿਸਾਲ ਹੈ।ਫਾਦਰ ਸਟੈਨ ਸਵਾਮੀ ਨੂੰ 84 ਸਾਲ ਦੀ ਉਮਰ ਵਿੱਚ ਉਸ ਵੇਲੇ ਗ੍ਰਿਫ਼ਤਾਰ ਕਰਕੇ ਜੇਲ੍ਹ ਭੇਜ ਦਿੱਤਾ ਗਿਆ, ਜਦੋਂ ਉਹ ਝਾਰਖੰਡ ਵਿੱਚ ਆਦਿਵਾਸੀ ਭਾਈਚਾਰੇ ਦੀ ਸੇਵਾ ਕਰ ਰਹੇ ਸਨ। ਪਾਰਕਿਨਸਨ ਰੋਗ ਨਾਲ ਪੀੜਤ ਹੋਣ ਕਾਰਨ ਉਹ ਬਿਨਾਂ ਸਟਰਾਅ (ਨਲਕੀ) ਦੇ ਪਾਣੀ ਵੀ ਨਹੀਂ ਪੀ ਸਕਦੇ ਸਨ, ਪਰ ਉਨ੍ਹਾਂ ਨੂੰ ਸਟਰਾਅ ਤੱਕ ਮੁਹੱਈਆ ਨਹੀਂ ਕਰਵਾਇਆ ਗਿਆ। ਗਰੀਬ ਅਤੇ ਵਾਂਝੇ ਵਰਗਾਂ ਵਿੱਚ ਕੰਮ ਕਰਨ ਵਾਲੇ ਸਮਾਜਿਕ ਕਾਰਕੁਨਾਂ, ਜਿਵੇਂ ਸੁਧਾ ਭਾਰਦਵਾਜ ਅਤੇ ਜੀ ਐੱਨ ਸਾਈਬਾਬਾ ਨੂੰ ਵੀ ਲੰਬੇ ਸਮੇਂ ਤੱਕ ਦਮਨ ਅਤੇ ਕਾਨੂੰਨੀ ਤਸ਼ੱਦਦ ਦਾ ਸਾਹਮਣਾ ਕਰਨਾ ਪਿਆ। ਸਾਈਬਾਬਾ ਦੀ ਮੌਤ ਲੰਮੇ ਕਾਨੂੰਨੀ ਸੰਘਰਸ਼ ਅਤੇ ਗੰਭੀਰ ਸਿਹਤ ਸੰਬੰਧੀ ਮੁਸ਼ਕਲਾਂ ਤੋਂ ਬਾਅਦ ਹੋਈ। ਉਨ੍ਹਾਂ ਦਾ ਇੱਕੋ-ਇੱਕ ਜੁਰਮ ਇਹ ਸੀ ਕਿ ਉਹ ਸਮਾਜ ਦੇ ਵਾਂਝੇ ਅਤੇ ਦੱਬੇ-ਕੁਚਲੇ ਲੋਕਾਂ ਦੇ ਹੱਕਾਂ ਲਈ ਕੰਮ ਕਰਦੇ ਸਨ ਅਤੇ ਸਰਕਾਰ ਦੀਆਂ ਨੀਤੀਆਂ 'ਤੇ ਸਵਾਲ ਉਠਾਉਂਦੇ ਸਨ।ਇਸ ਤੋਂ ਇਲਾਵਾ ਨਿਆਂ ਪਾਲਿਕਾ ਅਤੇ ਹੋਰ ਸੰਵਿਧਾਨਕ ਸੰਸਥਾਵਾਂ 'ਤੇ ਵਧਦੇ ਦਬਾਅ ਗੰਭੀਰ ਚਿੰਤਾ ਦਾ ਵਿਸ਼ਾ ਹਨ।

ਇਸੇ ਪਿਛੋਕੜ ਵਿੱਚ, 22 ਜੂਨ 2026 ਨੂੰ ਫਾਸ਼ੀਵਾਦ ਵਿਰੋਧੀ ਮੋਰਚੇ ਨੇ ਪੰਜਾਬ ਦੇ ਸਾਰੇ ਜ਼ਿਲ੍ਹਾ ਮੁੱਖ ਦਫ਼ਤਰਾਂ 'ਤੇ ਕਨਵੈਨਸ਼ਨ ਅਤੇ ਪ੍ਰਦਰਸ਼ਨ ਆਯੋਜਿਤ ਕੀਤੇ। ਇਨ੍ਹਾਂ ਰਾਹੀਂ ਮੋਦੀ ਸਰਕਾਰ ਦੀਆਂ ਫ਼ਿਰਕੂ ਅਤੇ ਤਾਨਾਸ਼ਾਹੀ ਨੀਤੀਆਂ ਦਾ ਵਿਰੋਧ ਕੀਤਾ ਗਿਆ। ਭਾਗ ਲੈਣ ਵਾਲੀਆਂ ਜਥੇਬੰਦੀਆਂ ਨੇ ਇਹ ਸੰਕਲਪ ਲਿਆ ਕਿ ਤਾਨਾਸ਼ਾਹੀ ਵਿਰੁੱਧ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇ ਅਤੇ ਇਸ ਦਾ ਸਮਾਜਿਕ ਆਧਾਰ ਹੋਰ ਵਿਸ਼ਾਲ ਬਣਾਇਆ ਜਾਵੇ।ਸੀ ਪੀ ਆਈ, ਆਰ ਐੱਮ ਪੀ ਆਈ, ਸੀ ਪੀ ਆਈ (ਐੱਮ ਐੱਲ) ਲਿਬਰੇਸ਼ਨ ਅਤੇ ਸੀਪੀਆਈ (ਐੱਮ ਐੱਲ) ਨਿਊ ਡੈਮੋਕਰੇਸੀ ਸਮੇਤ ਵੱਖ-ਵੱਖ ਖੱਬੀਆਂ ਪਾਰਟੀਆਂ ਵੱਲੋਂ ਬਣਾਏ ਗਏ ਇਸ ਮੋਰਚੇ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਇਹ ਸੰਘਰਸ਼ ਕੇਵਲ ਖੱਬੀਆਂ ਧਿਰਾਂ ਤੱਕ ਸੀਮਤ ਨਹੀਂ ਰਹਿਣਾ ਚਾਹੀਦਾ।ਬੁਲਾਰਿਆਂ ਨੇ ਕਿਹਾ ਕਿ ਲੋਕਤੰਤਰ, ਧਰਮ ਨਿਰਪੱਖਤਾ ਅਤੇ ਸੰਵਿਧਾਨਕ ਕਦਰਾਂ-ਕੀਮਤਾਂ ਦੀ ਰੱਖਿਆ ਲਈ ਸਾਰੀਆਂ ਜਮਹੂਰੀ ਤਾਕਤਾਂ, ਪ੍ਰਗਤੀਸ਼ੀਲ ਜਥੇਬੰਦੀਆਂ, ਬੁੱਧੀਜੀਵੀਆਂ ਅਤੇ ਸੰਵਿਧਾਨ ਵਿੱਚ ਵਿਸ਼ਵਾਸ ਰੱਖਣ ਵਾਲੇ ਹਰ ਵਿਅਕਤੀ ਨੂੰ ਇਕੱਠੇ ਹੋਣਾ ਚਾਹੀਦਾ ਹੈ।

ਇਸ ਸੰਦਰਭ ਵਿੱਚ ਉੱਘੇ ਇਤਾਲਵੀ ਮਾਰਕਸਵਾਦੀ ਚਿੰਤਕ ਐਂਟੋਨੀਓ ਗ੍ਰਾਮਸ਼ੀ ਦੇ ਵਿਚਾਰ ਅੱਜ ਹੋਰ ਵੀ ਪ੍ਰਸੰਗਿਕ ਹੋ ਜਾਂਦੇ ਹਨ।ਉਨ੍ਹਾ ਦੀਆਂ ਲਿਖਤਾਂ ਨੇ ਫਾਸ਼ੀਵਾਦ ਵਿਰੁੱਧ ਵਿਸ਼ਾਲ ਜਮਹੂਰੀ ਗੱਠਜੋੜ ਬਣਾਉਣ ਦੀ ਧਾਰਨਾ ਨੂੰ ਡੂੰਘਾ ਪ੍ਰਭਾਵਿਤ ਕੀਤਾ।ਗ੍ਰਾਮਸ਼ੀ ਦਾ ਮੰਨਣਾ ਸੀ ਕਿ ਮਜ਼ਦੂਰ ਜਮਾਤ ਇਕੱਲੀ ਫਾਸ਼ੀਵਾਦ ਨੂੰ ਨਹੀਂ ਹਰਾ ਸਕਦੀ।ਇਸ ਲਈ ਮਜ਼ਦੂਰਾਂ, ਕਿਸਾਨਾਂ, ਬੁੱਧੀਜੀਵੀਆਂ ਅਤੇ ਸਮਾਜ ਦੇ ਹੋਰ ਜਮਹੂਰੀ ਵਰਗਾਂ ਦੀ ਏਕਤਾ ਲਾਜ਼ਮੀ ਹੈ।ਉਨ੍ਹਾਂ ਦੀ ਹੈਜਮਨੀ (ਵਿਚਾਰਧਾਰਕ ਪ੍ਰਬਲਤਾ) ਦੀ ਧਾਰਨਾ ਅਨੁਸਾਰ ਹਾਕਮ ਵਰਗ ਸਿਰਫ਼ ਦਮਨ ਦੇ ਜ਼ਰੀਏ ਹੀ ਨਹੀਂ, ਸਗੋਂ ਸੱਭਿਆਚਾਰ, ਸਿੱਖਿਆ, ਧਰਮ ਅਤੇ ਮੀਡੀਆ ਰਾਹੀਂ ਲੋਕਾਂ ਦੀ ਸਹਿਮਤੀ ਪ੍ਰਾਪਤ ਕਰਕੇ ਵੀ ਆਪਣਾ ਰਾਜ ਕਾਇਮ ਰੱਖਦਾ ਹੈ। ਇਸ ਲਈ ਫਾਸ਼ੀਵਾਦ ਵਿਰੋਧੀ ਤਾਕਤਾਂ ਨੂੰ ਲੋਕਾਂ ਦਾ ਭਰੋਸਾ ਅਤੇ ਸਮਰਥਨ ਹਾਸਲ ਕਰਦੇ ਹੋਏ ਇੱਕ ਬਦਲਵੀਂ ਜਮਹੂਰੀ ਹੈਜਮਨੀ ਕਾਇਮ ਕਰਨੀ ਹੋਵੇਗੀ।ਗ੍ਰਾਮਸ਼ੀ ਦਾ ਮੰਨਣਾ ਸੀ ਕਿ ਵਿਕਸਤ ਪੂੰਜੀਵਾਦੀ ਸਮਾਜਾਂ ਵਿੱਚ ਸਮਾਜਿਕ ਤਬਦੀਲੀ ਸਿਰਫ਼ ਸਿੱਧੇ ਟਕਰਾਅ ਰਾਹੀਂ ਸੰਭਵ ਨਹੀਂ।ਇਸ ਲਈ ਟਰੇਡ ਯੂਨੀਅਨਾਂ, ਰਾਜਨੀਤਕ ਪਾਰਟੀਆਂ, ਸਿੱਖਿਆ ਸੰਸਥਾਵਾਂ, ਸੱਭਿਆਚਾਰਕ ਜਥੇਬੰਦੀਆਂ ਅਤੇ ਸੁਤੰਤਰ ਪ੍ਰੈੱਸ ਰਾਹੀਂ ਨਾਗਰਿਕ ਸਮਾਜ ਦੇ ਅੰਦਰ ਲੰਮੇ ਸਮੇਂ ਤੱਕ ਵਿਚਾਰਧਾਰਕ ਅਤੇ ਜਨਤਕ ਸੰਘਰਸ਼ ਚਲਾਉਣਾ ਜ਼ਰੂਰੀ ਹੈ।ਸੰਖੇਪ ਵਿੱਚ ਗ੍ਰਾਮਸ਼ੀ ਦਾ ਦ੍ਰਿਸ਼ਟੀਕੋਣ ਇਹ ਸਪੱਸ਼ਟ ਕਰਦਾ ਹੈ ਕਿ ਫ਼ਾਸ਼ੀਵਾਦ ਨੂੰ ਹਰਾਉਣ ਲਈ ਕੇਵਲ ਚੋਣਾਵੀ ਮੁਕਾਬਲੇ ਜਾਂ ਵੱਖ-ਵੱਖ ਰਾਜਨੀਤਕ ਮੁਹਿੰਮਾਂ ਕਾਫ਼ੀ ਨਹੀਂ ਹਨ।ਇਸ ਲਈ ਇੱਕ ਲਗਾਤਾਰ ਸਮਾਜਿਕ, ਸੱਭਿਆਚਾਰਕ ਅਤੇ ਰਾਜਨੀਤਕ ਅੰਦੋਲਨ ਦੀ ਲੋੜ ਹੈ, ਜੋ ਤਾਨਾਸ਼ਾਹੀ ਵਿਚਾਰਧਾਰਾ ਨੂੰ ਚੁਣੌਤੀ ਦੇ ਸਕੇ, ਲੋਕਤੰਤਰੀ ਸੰਸਥਾਵਾਂ ਦੀ ਰੱਖਿਆ ਕਰ ਸਕੇ ਅਤੇ ਬਹੁਗਿਣਤੀ ਲੋਕਾਂ ਦਾ ਭਰੋਸਾ ਜਿੱਤ ਸਕੇ।

ਇਸੇ ਤਰ੍ਹਾਂ ਜਾਰਜ ਦਿਮਿਤਰੋਵ ਨੇ ਵੀ ਫ਼ਾਸ਼ੀਵਾਦੀ ਤਾਕਤਾਂ ਦਾ ਮੁਕਾਬਲਾ ਕਰਨ ਲਈ ਵਿਚਾਰਧਾਰਕ ਮਤਭੇਦਾਂ ਤੋਂ ਉੱਪਰ ਉੱਠ ਕੇ ਵਿਸ਼ਾਲ ਰਾਜਨੀਤਕ ਗੱਠਜੋੜ ਦੀ ਲੋੜ ਉੱਤੇ ਜ਼ੋਰ ਦਿੱਤਾ।ਉਨ੍ਹਾਂ ਫਾਸ਼ੀਵਾਦ ਵਿਰੋਧੀ ਵਿਸ਼ਾਲ ਲਾਮਬੰਦੀ ਦਾ ਸੱਦਾ ਦਿੰਦਿਆਂ ਕਿਹਾ ਕਿ ਸੰਘਰਸ਼ ਸਿਰਫ਼ ਸੰਸਦ ਤੱਕ ਸੀਮਤ ਨਹੀਂ ਰਹਿਣਾ ਚਾਹੀਦਾ, ਸਗੋਂ ਟਰੇਡ ਯੂਨੀਅਨਾਂ, ਨੌਜਵਾਨ ਅਤੇ ਮਹਿਲਾ ਸੰਗਠਨਾਂ, ਸੱਭਿਆਚਾਰਕ ਜਥੇਬੰਦੀਆਂ ਅਤੇ ਹੋਰ ਜਨਤਕ ਸੰਗਠਨਾਂ ਰਾਹੀਂ ਵੀ ਇਸ ਨੂੰ ਅੱਗੇ ਵਧਾਇਆ ਜਾਣਾ ਚਾਹੀਦਾ ਹੈ।

***# ਮੋਬਾਈਲ: 94170-00360***

# ਭਾਈ ਮਨੀ ਸਿੰਘ ਦੀ ਅਦੁੱਤੀ ਕੁਰਬਾਨੀ

ਪਿਰਥੀਪਾਲ ਸਿੰਘ ਮਾੜੀਮੇਘਾ

ਸਿੱਖ ਸੰਘਰਸ਼ ਵਿੱਚ ਭਾਈ ਮਨੀ ਸਿੰਘ ਅਤੇ ਉਨ੍ਹਾਂ ਦੇ ਪਰਵਾਰ ਦੀ ਬੇਮਿਸਾਲ ਕੁਰਬਾਨੀ ਹੈ। ਉਨ੍ਹਾਂ ਦਾ ਜਨਮ 10 ਮਾਰਚ 1644 ਨੂੰ ਪਿੰਡ ਅਲੀਪੁਰ, ਜ਼ਿਲ੍ਹਾ ਮੁਜ਼ੱਫਰਗੜ੍ਹ ਪਾਕਿਸਤਾਨ ਵਿੱਚ ਹੋਇਆ ਸੀ।ਉਨ੍ਹਾਂ ਦੇ ਪਿਤਾ ਦਾ ਨਾਂਅ ਭਾਈ ਮਾਈ ਦਾਸ ਅਤੇ ਮਾਤਾ ਦਾ ਨਾਂਅ ਮਧਰੀ ਬਾਈ ਸੀ। ਭਾਈ ਮਾਈ ਦਾਸ ਦੀਆਂ ਦੋ ਪਤਨੀਆਂ ਸਨ। ਭਾਈ ਮਨੀ ਸਿੰਘ ਦੇ ਦਾਦਾ ਜੀ ਭਾਈ ਬਲੂ ਰਾਇ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਨਾਲ ਅੰਮ੍ਰਿਤਸਰ ਵਿਖੇ ਤੁਰਕਾਂ ਨਾਲ ਲੜਦੇ ਹੋਏ 1628 ਵਿੱਚ ਸ਼ਹਾਦਤ ਦਾ ਜਾਮ ਪੀ ਗਏ ਸਨ। ਭਾਈ ਮਨੀ ਸਿੰਘ ਜੀ 12 ਭਰਾ ਸਨ।

ਭਾਈ ਮਨੀ ਸਿੰਘ ਨੇ ਮੁੱਢਲੀ ਵਿੱਦਿਆ ਤੇ ਗੁਰਬਾਣੀ ਦਾ ਗਿਆਨ ਪਰਵਾਰ ਤੋਂ ਹੀ ਲਿਆ ਸੀ। ਮਾਈ ਦਾਸ ਆਪਣੇ ਪੁੱਤਰ ਨੂੰ ਛੋਟੀ ਉਮਰ ਵਿੱਚ ਸ੍ਰੀ ਗੁਰੂ ਹਰਿ ਰਾਇ ਸਾਹਿਬ ਦੇ ਦਰਸ਼ਨਾਂ ਲਈ ਕੀਰਤਪੁਰ ਸਾਹਿਬ ਲੈ ਕੇ ਗਏ। ਉਸ ਵਕਤ ਉਨ੍ਹਾਂ ਦਾ ਨਾਂਅ ਮਨੀਆ ਸੀ। ਗੁਰੂ ਜੀ ਮਨੀਏ ਦੇ ਚਿਹਰੇ ਦੇ ਹਾਵ-ਭਾਵ ਨੂੰ ਵੇਖ ਕੇ ਬਹੁਤ ਪ੍ਰਸੰਨ ਹੋਏ ਤੇ ਕਿਹਾ ਕਿ ਇਹ ਬੱਚਾ ਜਗਤ ਵਿੱਚ ਪ੍ਰਸਿੱਧੀ ਪ੍ਰਾਪਤ ਕਰੇਗਾ। ਸ੍ਰੀ ਗੁਰੂ ਹਰਿ ਰਾਇ ਜੀ ਦੇ ਜੋਤੀ ਜੋਤ ਸਮਾਉਣ ਤੋਂ ਬਾਅਦ ਭਾਈ ਮਨੀ ਸਿੰਘ ਸ਼੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਦੀ ਸੇਵਾ ਵਿੱਚ ਲੱਗ ਗਏ। ਗੁਰੂ ਹਰਿ ਕ੍ਰਿਸ਼ਨ ਜੀ ਦੇ ਜੋਤੀ ਜੋਤ ਸਮਾਉਣ ਤੋਂ ਬਾਅਦ ਆਪ ਸ੍ਰੀ ਗੁਰੂ ਤੇਗ ਬਹਾਦਰ ਜੀ ਕੋਲ ਬਾਬੇ ਬਕਾਲੇ ਪਹੁੰਚ ਗਏ।

ਸ੍ਰੀ ਗੁਰੂ ਤੇਗ ਬਹਾਦਰ ਜੀ ਜਦੋਂ ਪੂਰਬੀ ਹਿੰਦੁਸਤਾਨ 'ਚੋਂ ਸਿੱਖੀ ਦਾ ਪ੍ਰਚਾਰ ਕਰਕੇ ਵਾਪਸ ਆਨੰਦਪੁਰ ਸਾਹਿਬ ਆਏ ਤੇ ਭਾਈ ਮਨੀ ਸਿੰਘ ਉਨ੍ਹਾਂ ਕੋਲ ਆ ਗਏ। ਭਾਈ ਮਨੀ ਸਿੰਘ ਨੇ ਉਚੇਰੀ ਪੜ੍ਹਾਈ ਆਨੰਦਪੁਰ ਸਾਹਿਬ ਵਿਖੇ ਗ੍ਰਹਿਣ ਕੀਤੀ। ਉਨ੍ਹਾਂ ਦਾ ਵਿਆਹ ਭਾਈ ਲੱਖੀ ਰਾਏ ਵਣਜਾਰੇ ਦੀ ਧੀ ਬੀਬੀ ਸੀਤੋ ਬਾਈ ਨਾਲ ਹੋਇਆ। ਭਾਈ ਮਨੀ ਸਿੰਘ ਦੇ ਘਰ 10 ਪੁੱਤਰਾਂ ਨੇ ਜਨਮ ਲਿਆ।

ਮੁਗਲ ਹਾਕਮਾਂ ਵੱਲੋਂ ਕਸ਼ਮੀਰ ਵਿੱਚ ਹਿੰਦੂਆਂ 'ਤੇ ਬੜਾ ਜਬਰ ਢਾਹਿਆ ਜਾ ਰਿਹਾ ਸੀ। ਹਿੰਦੂਆਂ ਨੇ ਆਨੰਦਪੁਰ ਆ ਕੇ ਸ੍ਰੀ ਗੁਰੂ ਤੇਗ ਬਹਾਦਰ ਜੀ ਨੂੰ ਆਪਣੇ ਦੁੱਖ ਦੱਸੇ। ਜਦੋਂ ਦਿੱਲੀ ਦੇ ਮੁਗਲ ਬਾਦਸ਼ਾਹ ਨੂੰ ਪਤਾ ਲੱਗਾ ਤੇ ਉਸ ਨੇ ਸ੍ਰੀ ਗੁਰੂ ਤੇਗ ਬਹਾਦਰ ਜੀ ਨੂੰ ਸੱਦਿਆ। ਗੁਰੂ ਜੀ ਭਾਈ ਮਨੀ ਸਿੰਘ ਨੂੰ ਬਾਲ ਗੋਬਿੰਦ ਰਾਇ ਕੋਲ ਛੱਡ ਕੇ ਆਪ ਦਿੱਲੀ ਚਲੇ ਗਏ। ਮੁਗਲ ਹਾਕਮ ਨੇ ਗੁਰੂ ਜੀ 'ਤੇ ਜ਼ੋਰ ਪਾਇਆ ਕਿ ਉਹ ਮੁਸਲਿਮ ਧਰਮ ਗ੍ਰਹਿਣ ਕਰਨ। ਪਰ ਗੁਰੂ ਜੀ ਨਾ ਮੰਨੇ। ਮੁਗਲ ਹਾਕਮ ਨੇ ਸ੍ਰੀ ਗੁਰੂ ਤੇਗ ਬਹਾਦਰ ਜੀ ਨੂੰ ਚਾਂਦਨੀ ਚੌਕ ਦਿੱਲੀ ਵਿਖੇ ਸ਼ਹੀਦ ਕਰ ਦਿੱਤਾ।

ਭਾਈ ਮਨੀਏ ਨੇ ਗੁਰੂ ਗੋਬਿੰਦ ਰਾਇ ਜੀ ਨਾਲ ਪਹਿਲਾ ਵੱਡਾ ਯੁੱਧ 15 ਅਪ੍ਰੈਲ 1687 ਨੂੰ ਭੰਗਾਣੀ ਵਿਖੇ ਪਹਾੜੀ ਰਾਜਿਆਂ ਨਾਲ ਲੜਿਆ। ਭੰਗਾਣੀ ਪਿੰਡ ਹਿਮਾਚਲ ਪ੍ਰਦੇਸ਼ ਵਿੱਚ ਸਿਰਮੌਰ ਜ਼ਿਲ੍ਹੇ ਵਿੱਚ ਪਾਉਂਟਾ ਸਾਹਿਬ ਤੋਂ 20-22 ਕਿਲੋਮੀਟਰ ਦੂਰ ਯਮੁਨਾ ਨਦੀ ਦੇ ਕੰਢੇ 'ਤੇ ਹੈ। ਇਸ ਜੰਗ ਵਿੱਚ ਭਾਈ ਮਨੀਏ ਦਾ ਭਰਾ ਭਾਈ ਹਰੀ ਚੰਦ ਸ਼ਹੀਦ ਹੋ ਗਿਆ ਸੀ।

ਸ੍ਰੀ ਗੁਰੂ ਗੋਬਿੰਦ ਰਾਇ ਜੀ ਨੇ 1699 ਦੀ ਵਿਸਾਖੀ ਵਾਲੇ ਦਿਨ ਸਿੱਖਾਂ ਨੂੰ ਸਿੰਘ ਬਣਾਉਣ ਲਈ ਅੰਮ੍ਰਿਤ ਛਕਾਉਣ ਦਾ ਐਲਾਨ ਕੀਤਾ। ਇਸ ਮਹਾਨ ਕਾਰਜ ਦੇ ਮੁੱਖ ਪ੍ਰਬੰਧਕ ਭਾਈ ਮਨੀਆ ਸਨ। ਭਾਈ ਮਨੀਆ ਤੇ ਉਨ੍ਹਾਂ ਦੇ ਪੁੱਤਰਾਂ ਅਤੇ ਭਰਾਵਾਂ ਨੇ ਅੰਮ੍ਰਿਤ ਛਕਿਆ। ਅੰਮ੍ਰਿਤ ਛਕਣ ਤੋਂ ਬਾਅਦ ਸ੍ਰੀ ਗੁਰੂ ਗੋਬਿੰਦ ਰਾਇ ਜੀ ਗੋਬਿੰਦ ਸਿੰਘ ਅਤੇ ਭਾਈ ਮਨੀਆ ਭਾਈ ਮਨੀ ਸਿੰਘ ਬਣੇ।

ਆਨੰਦਪੁਰ ਸਾਹਿਬ ਸ੍ਰੀ ਗੁਰੂ ਤੇਗ ਬਹਾਦਰ ਜੀ ਨੇ ਸਿੱਖਾਂ ਨਾਲ ਮੁਗਲਾਂ ਦੇ ਯੁੱਧ ਨੂੰ ਸਾਹਮਣੇ ਰੱਖ ਕੇ ਹੀ ਵਸਾਇਆ ਸੀ। ਕਿਉਂਕਿ ਇਸ ਥਾਂ ਦੇ ਨਜ਼ਦੀਕ ਪਹਾੜ ਹਨ। ਜੰਗ ਵਿੱਚ ਸਿੱਖ ਪਹਾੜਾਂ ਨੂੰ ਢਾਲ ਬਣਾ ਸਕਦੇ ਸਨ। ਸਿੱਖਾਂ ਦੀ ਵਧ ਰਹੀ ਤਾਕਤ ਨੂੰ ਰੋਕਣ ਲਈ ਪਹਾੜੀ ਰਾਜਿਆਂ ਨੇ ਆਨੰਦਪੁਰ ਸਾਹਿਬ ਵਿਖੇ ਸਿੱਖਾਂ 'ਤੇ ਧਾਵਾ ਬੋਲ ਦਿੱਤਾ। ਪਹਾੜੀ ਰਾਜਿਆਂ ਨੇ ਇੱਕ ਹਾਥੀ ਨੂੰ ਸ਼ਰਾਬ ਪਿਆ ਕੇ ਆਨੰਦਪੁਰ ਦੇ ਕਿਲ੍ਹੇ ਦਾ ਦਰਵਾਜ਼ਾ ਤੋੜਨ ਲਈ ਭੇਜਿਆ। ਮਹਾਨ ਯੋਧੇ ਭਾਈ ਮਨੀ ਸਿੰਘ ਦੇ ਪੁੱਤਰਾਂ ਭਾਈ ਬਚਿੱਤਰ ਸਿੰਘ ਤੇ ਭਾਈ ਉਦੈ ਸਿੰਘ ਨੇ ਹਾਥੀ ਦਾ ਮੁਕਾਬਲਾ ਕੀਤਾ। ਭਾਈ ਬਚਿੱਤਰ ਸਿੰਘ ਨੇ ਹਾਥੀ ਦੀ ਸੁੰਡ ਵਿੱਚ ਨਾਗਣੀ ਮਾਰੀ ਤੇ ਹਾਥੀ ਚੀਖਦਾ ਹੋਇਆ ਪਿਛਾਂਹ ਨੂੰ ਭੱਜ ਗਿਆ।

ਗੁਰੂ ਗੋਬਿੰਦ ਸਿੰਘ ਜੀ ਨਾਲ ਚਮਕੌਰ ਦੀ ਜੰਗ ਵਿੱਚ ਭਾਈ ਮਨੀ ਸਿੰਘ ਦੇ ਪੰਜ ਪੁੱਤਰ ਸ਼ਹੀਦ ਹੋਏ ਸਨ। ਜਦੋਂ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਅਨੰਦਪੁਰ ਦਾ ਕਿਲ੍ਹਾ ਛੱਡਿਆ ਤੇ ਗੁਰੂ ਜੀ ਨੇ ਭਾਈ ਮਨੀ ਸਿੰਘ ਨੂੰ ਮਾਤਾ ਸਾਹਿਬ ਕੌਰ ਅਤੇ ਮਾਤਾ ਸੁੰਦਰੀ ਨਾਲ ਦਿੱਲੀ ਭੇਜਿਆ। ਭਾਈ ਮਨੀ ਸਿੰਘ 1705-06 ਵਿੱਚ ਮਾਤਾ ਸਾਹਿਬ ਕੌਰ ਨਾਲ ਦਮਦਮਾ ਸਾਹਿਬ ਪਹੁੰਚੇ ਤੇ ਗੁਰੂ ਗੋਬਿੰਦ ਸਿੰਘ ਜੀ ਨੇ ਭਾਈ ਮਨੀ ਸਿੰਘ ਤੋਂ ਗੁਰੂ ਗ੍ਰੰਥ ਸਾਹਿਬ ਦੀ ਦਮਦਮੀ ਬੀੜ ਲਿਖਵਾਈ। ਇੱਥੇ ਗੁਰੂ ਜੀ ਨੇ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਬਾਣੀ ਵੀ ਗ੍ਰੰਥ ਸਾਹਿਬ ਵਿੱਚ ਦਰਜ ਕਰਵਾਈ।

ਮਹਾਨ ਇਨਕਲਾਬੀ ਬਾਬਾ ਬੰਦਾ ਸਿੰਘ ਬਹਾਦਰ ਨੇ ਗੁਰੂ ਗੋਬਿੰਦ ਸਿੰਘ ਜੀ ਦੇ ਵਚਨਾਂ 'ਤੇ ਪੂਰਾ ਉਤਰਦਿਆਂ ਮੁਗਲਾਂ ਦੇ ਆਹੂ ਲਾਹ ਕੇ ਇੱਕ ਵਾਰ ਮੁਗਲਾਂ ਤੋਂ ਪੰਜਾਬ ਦੇ ਵੱਡੇ ਹਿੱਸੇ ਨੂੰ ਮੁਕਤ ਕਰਾਇਆ। ਜ਼ਮੀਨਾਂ ਕਿਸਾਨਾਂ ਵਿੱਚ ਵੰਡੀਆਂ। ਗੁਰੂਆਂ ਦਾ ਸਿੱਕਾ ਵੀ ਚਲਾਇਆ, ਪਰ ਉਨ੍ਹਾਂ ਦੀ ਸ਼ਹਾਦਤ ਤੋਂ ਬਾਅਦ ਸਿੱਖਾਂ ਵਿੱਚ ਪਾੜਾ ਪੈ ਗਿਆ। ਤੱਤ ਖਾਲਸਾ ਤੇ ਬੰਦਈ ਖਾਲਸਾ ਵਿੱਚ ਜ਼ਬਰਦਸਤ ਮੱਤਭੇਦ ਪੈਦਾ ਹੋ ਗਏ। ਤੱਤ ਖਾਲਸਾ 1714 ਦੇ ਆਸ ਪਾਸ ਹੋਂਦ ਵਿੱਚ ਆਇਆ ਸੀ। ਤੱਤ ਖਾਲਸਾ ਗੁਰੂ ਗੋਬਿੰਦ ਸਿੰਘ ਜੀ ਵੱਲੋਂ ਬਣਾਏ ਸਿੱਖੀ ਅਸੂਲਾਂ ਨੂੰ ਮੰਨਦਾ ਸੀ। ਬੰਦਈ ਖਾਲਸਾ ਬੰਦਾ ਸਿੰਘ ਬਹਾਦਰ ਦੇ ਸਿੱਖ ਅਸੂਲਾਂ ਨੂੰ ਮੰਨਦਾ ਸੀ। ਸਿੱਖਾਂ ਦੇ ਇਸ ਝਗੜੇ ਨੂੰ ਨਿਪਟਾਉਣ ਵਾਸਤੇ ਮਾਤਾ ਸੁੰਦਰੀ ਨੇ ਭਾਈ ਮਨੀ ਸਿੰਘ ਨੂੰ ਅੰਮ੍ਰਿਤਸਰ ਭੇਜਿਆ। ਦੋਹਾਂ ਧਿਰਾਂ ਦੀ ਇਹ ਸਹਿਮਤੀ ਹੋਈ ਕਿ ਜੇ ਭਾਈ ਮਨੀ ਸਿੰਘ ਦਰਬਾਰ ਸਾਹਿਬ ਦਾ ਪ੍ਰਬੰਧ ਸੰਭਾਲ ਲੈਣ ਤੇ ਝਗੜਾ ਨਿੱਬੜ ਸਕਦਾ ਹੈ। ਇਸ ਪ੍ਰਸਥਿਤੀ ਵਿੱਚ ਭਾਈ ਮਨੀ ਸਿੰਘ 1721 ਵਿੱਚ ਦਰਬਾਰ ਸਾਹਿਬ ਦੇ ਗ੍ਰੰਥੀ ਬਣੇ। ਆਪ ਦਰਬਾਰ ਸਾਹਿਬ ਦੇ ਤੀਜੇ ਗ੍ਰੰਥੀ ਸਨ। ਪਹਿਲੇ ਬਾਬਾ ਬੁੱਢਾ ਜੀ ਅਤੇ ਦੂਜੇ ਭਾਈ ਗੁਰਦਾਸ ਜੀ ਸਨ।

ਗੋਲਡਨ ਟੈਂਪਲ ਦੀ ਸੇਵਾ ਕਰਦਿਆਂ ਭਾਈ ਮਨੀ ਸਿੰਘ ਨੇ ਦੋ ਪੁਸਤਕਾਂ 'ਗਿਆਨ ਰਤਨਾਵਲੀ ਅਤੇ ਭਗਤ ਰਤਨਾਵਲੀ' ਦੀ ਰਚਨਾ ਕੀਤੀ। ਇੱਥੇ ਰਹਿੰਦਿਆਂ ਗੁਰੂ ਗ੍ਰੰਥ ਸਾਹਿਬ ਦੀ ਇੱਕ ਹੱਥ ਲਿਖਤ ਬੀੜ ਵੀ ਤਿਆਰ ਕੀਤੀ।

ਭਾਈ ਮਨੀ ਸਿੰਘ ਦੇ ਸ਼ਹੀਦ ਭਰਾਵਾਂ ਦੇ ਨਾਂਅ ਭਾਈ ਦਿਆਲਾ ਸਿੰਘ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ ਨਾਲ 11 ਨਵੰਬਰ 1675, ਭਾਈ ਹਰੀ ਚੰਦ ਭੰਗਾਣੀ ਦੇ ਯੁੱਧ 18 ਸਿਤੰਬਰ 1687, ਭਾਈ ਸੋਹਣ ਚੰਦ ਨਾਦੌਣ ਯੁੱਧ ਵਿੱਚ ਮਾਰਚ 1691, ਭਾਈ ਲਹਿਣਾ ਜੀ ਗੁਲੇਰ ਯੁੱਧ 1696, ਭਾਈ ਦਾਨ ਸਿੰਘ ਚਮਕੌਰ ਦੀ ਜੰਗ 1704, ਭਾਈ ਰਾਇ ਸਿੰਘ ਖਿਦਰਾਣੇ ਦੀ ਢਾਬ 1705, ਭਾਈ ਮਾਨ ਸਿੰਘ ਚਿਤੌੜਗੜ੍ਹ 1708, ਭਾਈ ਜੇਠਾ ਸਿੰਘ ਤੇ ਭਾਈ ਰੂਪ ਸਿੰਘ ਆਲੋਵਾਲ 1711, ਲਾਹੌਰ ਵਿਖੇ 1734 ਭਾਈ ਮਨੀ ਸਿੰਘ ਤੇ ਭਾਈ ਜਗਤ ਸਿੰਘ। ਭਾਈ ਮਨੀ ਸਿੰਘ ਦੇ ਸ਼ਹੀਦ ਹੋਏ ਪੁੱਤਰਾਂ ਦੇ ਨਾਂਅ ਭਾਈ ਭਗਵਾਨ ਸਿੰਘ ਸਟਰਗੜ੍ਹ 1700, ਭਾਈ ਉਦੈ ਸਿੰਘ ਸ਼ਾਹੀ ਟਿੱਬੀ 1704, ਭਾਈ ਬਚਿੱਤਰ ਸਿੰਘ ਕੋਟਲਾ ਨਿਹੰਗ ਸਿੰਘ 1704, ਭਾਈ ਅਨਿਕ ਸਿੰਘ, ਭਾਈ ਅਜਬ ਸਿੰਘ ਅਤੇ ਭਾਈ ਅਜਾਇਬ ਸਿੰਘ ਚਮਕੌਰ ਦੀ ਜੰਗ 1704, ਭਾਈ ਮਨੀ ਸਿੰਘ ਆਪ, ਭਾਈ ਚਿਤਰ ਸਿੰਘ ਅਤੇ ਭਾਈ ਗੁਰਬਖ਼ਸ਼ ਸਿੰਘ 1734 ਲਾਹੌਰ।

ਮਹਾਨ ਮਨੁੱਖ ਭਾਈ ਮਨੀ ਸਿੰਘ ਨੂੰ ਗ੍ਰਿਫਤਾਰ ਕਰਨ ਲਈ ਮੁਗਲ ਹਾਕਮਾਂ ਨੇ ਦੁਸ਼ਟ ਲੱਖਪਤ ਰਾਇ ਭੇਜਿਆ। ਉਸ ਨੇ ਦਰਬਾਰ ਸਾਹਿਬ 'ਤੇ ਹਮਲਾ ਕਰਕੇ ਭਾਈ ਮਨੀ ਸਿੰਘ ਨੂੰ ਗ੍ਰਿਫਤਾਰ ਕਰ ਲਿਆ ਤੇ ਲਾਹੌਰ ਵਿਖੇ ਮੁਗਲ ਬਾਦਸ਼ਾਹ ਕੋਲ ਲੈ ਗਿਆ। ਬਾਦਸ਼ਾਹ ਨੇ ਭਾਈ ਮਨੀ ਸਿੰਘ ਨੂੰ ਮੁਸਲਿਮ ਧਰਮ ਗ੍ਰਹਿਣ ਕਰਨ ਲਈ ਕਈ ਲਾਲਚ ਦਿੱਤੇ, ਪਰ ਉਨ੍ਹਾਂ ਨੇ ਕਿਹਾ ਕਿ ਭਾਵੇਂ ਮੇਰਾ ਬੰਦ ਬੰਦ ਕੱਟ ਦਿਓ, ਮੈਂ ਮੁਸਲਮਾਨ ਨਹੀਂ ਬਣਾਂਗਾ। ਅਖੀਰ ਜ਼ਾਲਮਾਂ ਨੇ ਭਾਈ ਮਨੀ ਸਿੰਘ ਦਾ ਬੰਦ ਬੰਦ ਕੱਟ ਕੇ ਸ਼ਹੀਦ ਕਰ ਦਿੱਤਾ।

***ਸੰਪਰਕ : 98760-78731***

# ਐਨਰਜੀ ਡਰਿੰਕਸ : ਤੁਰੰਤ ਊਰਜਾ ਦੇ ਨਾਂਅ 'ਤੇ ਸਿਹਤ ਲਈ ਮਿੱਠਾ ਜ਼ਹਿਰ



ਡਾ. ਕ੍ਰਿਸ਼ਨ ਲਾਲ

ਅੱਜ ਦੇ ਡਿਜੀਟਲ ਅਤੇ ਤੇਜ਼ ਰਫ਼ਤਾਰ ਯੁੱਗ ਵਿੱਚ ਇੰਸਟੈਂਟ ਐਨਰਜੀ (ਤੁਰੰਤ ਊਰਜਾ) ਦਾ ਸੰਕਲਪ ਬਹੁਤ ਪ੍ਰਸਿੱਧ ਹੋ ਚੁੱਕਾ ਹੈ। ਖ਼ਾਸ ਕਰਕੇ ਸਕੂਲਾਂ-ਕਾਲਜਾਂ ਦੇ ਵਿਦਿਆਰਥੀ, ਆਈ ਟੀ ਸੈਕਟਰ ਵਿੱਚ ਰਾਤਾਂ ਨੂੰ ਕੰਮ ਕਰਨ ਵਾਲੇ ਪੇਸ਼ੇਵਰ, ਜਿਮ ਜਾਣ ਵਾਲੇ ਨੌਜਵਾਨ ਅਤੇ ਆਨਲਾਈਨ ਗੇਮਰਜ਼ ਇਸ ਸ਼੍ਰੇਣੀ ਦੇ ਸਭ ਤੋਂ ਵੱਡੇ ਉਪਭੋਗਤਾ ਹਨ। ਪ੍ਰਭਾਵਸ਼ਾਲੀ ਮਾਰਕੀਟਿੰਗ, ਆਕਰਸ਼ਕ ਪੈਕੇਜਿੰਗ ਅਤੇ ਖੇਡਾਂ ਵਿੱਚ ਪ੍ਰਦਰਸ਼ਨ ਵਧਾਉਣ ਦੇ ਦਾਅਵਿਆਂ ਸਦਕਾ ਐਨਰਜੀ ਡਰਿੰਕਸ ਅੱਜ ਹਰ ਘਰ ਤੱਕ ਪਹੁੰਚ ਚੁੱਕੀਆਂ ਹਨ, ਪਰ ਮੈਡੀਕਲ ਵਿਗਿਆਨ ਅਤੇ ਵਿਸ਼ਵ ਸਿਹਤ ਸੰਗਠਨ ਦੀਆਂ ਹਾਲੀਆ ਰਿਪੋਰਟਾਂ ਇੱਕ ਬਹੁਤ ਹੀ ਡਰਾਉਣੀ ਤਸਵੀਰ ਪੇਸ਼ ਕਰਦੀਆਂ ਹਨ। ਇਹ ਪੀਣ ਵਾਲੇ ਪਦਾਰਥ ਸਰੀਰ ਨੂੰ ਅਸਲੀ ਊਰਜਾ ਦੇਣ ਦੀ ਬਜਾਏ, ਅੰਦਰੂਨੀ ਅੰਗਾਂ ਨੂੰ ਹੌਲੀ-ਹੌਲੀ ਖੋਖਲਾ ਕਰ ਰਹੇ ਹਨ।

ਆਮ ਖਪਤਕਾਰ ਐਨਰਜੀ ਡਰਿੰਕ ਨੂੰ ਇੱਕ ਸਾਧਾਰਨ ਕੋਲਡ ਡਰਿੰਕ ਵਾਂਗ ਸਮਝ ਕੇ ਪੀਂਦਾ ਹੈ, ਪਰ ਇਸ ਦਾ ਕੈਮੀਕਲ ਫਾਰਮੂਲੇਸ਼ਨ ਬਹੁਤ ਜ਼ਿਆਦਾ ਤਾਕਤਵਰ ਅਤੇ ਉਤੇਜਕ ਹੁੰਦਾ ਹੈ। ਜਿੱਥੇ ਇੱਕ ਸਾਧਾਰਨ ਚਾਹ ਦੇ ਕੱਪ ਵਿੱਚ 20-30 ਮਿਲੀਗ੍ਰਾਮ ਅਤੇ ਕੌਫੀ ਵਿੱਚ 60-80 ਮਿਲੀਗ੍ਰਾਮ ਕੈਫੀਨ ਹੁੰਦੀ ਹੈ, ਉੱਥੇ ਹੀ ਐਨਰਜੀ ਡਰਿੰਕ ਦੇ ਇੱਕ ਕੈਨ ਵਿੱਚ 80 ਮਿਲੀਗ੍ਰਾਮ ਤੋਂ ਲੈ ਕੇ 300 ਮਿਲੀਗ੍ਰਾਮ ਤੱਕ ਸਿੰਥੈਟਿਕ ਕੈਫੀਨ ਹੁੰਦੀ ਹੈ, ਜੋ ਸਿੱਧਾ ਸਾਡੇ ਨਰਵਸ ਸਿਸਟਮ 'ਤੇ ਹਮਲਾ ਕਰਦੀ ਹੈ। ਇਸ ਤੋਂ ਇਲਾਵਾ ਵਿਸ਼ਵ ਸਿਹਤ ਸੰਗਠਨ ਮੁਤਾਬਕ ਇੱਕ ਇਨਸਾਨ ਨੂੰ ਦਿਨ ਵਿੱਚ 25 ਗ੍ਰਾਮ (5 ਚਮਚ) ਤੋਂ ਵੱਧ ਖੰਡ ਨਹੀਂ ਖਾਣੀ ਚਾਹੀਦੀ, ਜਦੋਂ ਕਿ ਇੱਕ 500 ਮਿਲੀਲੀਟਰ ਦੇ ਕੈਨ ਵਿੱਚ 45 ਤੋਂ 54 ਗ੍ਰਾਮ ਤੱਕ ਖੰਡ ਹੁੰਦੀ ਹੈ। ਯਾਨੀ ਇੱਕੋ ਵਾਰ ਵਿੱਚ ਦੋ ਦਿਨਾਂ ਦਾ ਕੋਟਾ ਸਰੀਰ ਵਿੱਚ ਚਲਾ ਜਾਂਦਾ ਹੈ। ਇਨ੍ਹਾਂ ਵਿੱਚ ਮਿਲਾਏ ਜਾਣ ਵਾਲੇ ਤੱਤ ਜਿਵੇਂ ਕਿ ਟੌਰੀਨ ਅਤੇ ਗੁਆਰਾਨਾ (ਜਿਸ ਵਿੱਚ ਕੌਫੀ ਨਾਲੋਂ ਦੁੱਗਣੀ ਕੈਫੀਨ ਹੁੰਦੀ ਹੈ) ਇਸ ਨੂੰ ਜਾਨਲੇਵਾ ਹੱਦ ਤੱਕ ਵਧਾ ਦਿੰਦੇ ਹਨ ਅਤੇ ਗਲੂਕੁਰੋਨੋਲੈਕਟੋਨ ਵਰਗੇ ਆਰਟੀਫੀਸ਼ੀਅਲ ਰੰਗ ਜਿਗਰ ਨੂੰ ਭਾਰੀ ਨੁਕਸਾਨ ਪਹੁੰਚਾਉਂਦੇ ਹਨ।

ਐਨਰਜੀ ਡਰਿੰਕ ਪੀਣ ਦੇ 24 ਘੰਟਿਆਂ ਦੇ ਅੰਦਰ ਹੀ ਸਰੀਰ ਵਿੱਚ ਸਭ ਤੋਂ ਵੱਡਾ ਅਤੇ ਖ਼ਤਰਨਾਕ ਬਦਲਾਅ ਦਿਲ ਦੇ ਸਿਸਟਮ ਵਿੱਚ ਦੇਖਿਆ ਜਾਂਦਾ ਹੈ। ਕੈਫੀਨ ਅਤੇ ਟੌਰੀਨ ਦਾ ਮਿਸ਼ਰਣ ਦਿਲ ਦੀਆਂ ਮਾਸਪੇਸ਼ੀਆਂ ਨੂੰ ਬਹੁਤ ਤੇਜ਼ੀ ਨਾਲ ਸੁੰਗੜਨ ਲਈ ਮਜਬੂਰ ਕਰਦਾ ਹੈ, ਜਿਸ ਨਾਲ ਦਿਲ ਦੀ ਧੜਕਣ ਅਚਾਨਕ ਅਸੰਤੁਲਿਤ ਹੋ ਕੇ 100 ਤੋਂ ਪਾਰ ਹੋ ਜਾਂਦੀ ਹੈ, ਜਿਸ ਨੂੰ ਮੈਡੀਕਲ ਭਾਸ਼ਾ ਵਿੱਚ ਟੈਚੀਕਾਰਡੀਆ ਕਹਿੰਦੇ ਹਨ। ਇਸ ਦੇ ਨਾਲ ਹੀ ਖ਼ੂਨ ਦੀਆਂ ਨਾੜੀਆਂ ਅਚਾਨਕ ਸੁੰਗੜ ਜਾਣ ਕਾਰਨ ਬਲੱਡ ਪ੍ਰੈਸ਼ਰ ਬਹੁਤ ਤੇਜ਼ੀ ਨਾਲ ਵਧਦਾ ਹੈ, ਜੋ ਬ੍ਰੇਨ ਹੈਮਰੇਜ ਜਾਂ ਹਾਰਟ ਅਟੈਕ ਦਾ ਕਾਰਨ ਬਣ ਸਕਦਾ ਹੈ। ਖੋਜਾਂ ਤੋਂ ਇਹ ਵੀ ਪਤਾ ਲੱਗਾ ਹੈ ਕਿ ਇਹ ਡਰਿੰਕਸ ਖ਼ੂਨ ਨੂੰ ਸੰਘਣਾ ਕਰਦੀਆਂ ਹਨ, ਜਿਸ ਨਾਲ ਨਾੜੀਆਂ ਵਿੱਚ ਬਲਾਕੇਜ ਜਾਂ ਖ਼ੂਨ ਦੇ ਥੱਕੇ ਜੰਮਣ ਦਾ ਖਤਰਾ ਕਈ ਗੁਣਾ ਵਧ ਜਾਂਦਾ ਹੈ।

ਇਹ ਡਰਿੰਕਸ ਦਿਮਾਗ ਵਿੱਚ ਅਡੈਨੋਸਾਈਨ (ਉਹ ਕੈਮੀਕਲ ਜੋ ਸਾਨੂੰ ਥਕਾਵਟ ਦਾ ਅਹਿਸਾਸ ਕਰਵਾਉਂਦਾ ਹੈ) ਨੂੰ ਬਲਾਕ ਕਰਕੇ ਸਾਡੇ ਦਿਮਾਗ ਨੂੰ ਮੂਰਖ ਬਣਾਉਂਦੀਆਂ ਹਨ। ਰਾਤ ਨੂੰ ਇਸ ਦਾ ਸੇਵਨ ਕਰਨ ਨਾਲ ਸਰੀਰ ਦਾ ਕੁਦਰਤੀ ਸਲੀਪ ਸਾਈਕਲ ਪੂਰੀ ਤਰ੍ਹਾਂ ਤਬਾਹ ਹੋ ਜਾਂਦਾ ਹੈ ਅਤੇ ਇਨਸੌਮਨੀਆ (ਨੀਂਦ ਨਾ ਆਉਣਾ) ਦੀ ਬਿਮਾਰੀ ਲੱਗ ਜਾਂਦੀ ਹੈ। ਕੈਫੀਨ ਦੀ ਓਵਰਡੋਜ਼ ਕਾਰਨ ਸਰੀਰ ਵਿੱਚ ਐਡਰੇਨਾਲੀਨ ਹਾਰਮੋਨ ਦਾ ਪੱਧਰ ਵਧਦਾ ਹੈ, ਜਿਸ ਨਾਲ ਬਿਨਾਂ ਕਿਸੇ ਕਾਰਨ ਘਬਰਾਹਟ, ਐਂਗਜ਼ਾਇਟੀ, ਹੱਥਾਂ ਦਾ ਕੰਬਣਾ ਅਤੇ ਚਿੜਚਿੜਾਪਨ ਪੈਦਾ ਹੁੰਦਾ ਹੈ। ਜਦੋਂ ਡਰਿੰਕ ਦਾ ਅਸਰ ਖ਼ਤਮ ਹੁੰਦਾ ਹੈ ਤਾਂ ਬਲੱਡ ਸ਼ੂਗਰ ਅਚਾਨਕ ਡਿੱਗਦੀ ਹੈ, ਜਿਸ ਨਾਲ ਮੂਡ ਸਵਿੰਗਜ਼ ਹੁੰਦੇ ਹਨ ਅਤੇ ਲੰਮੇ ਸਮੇਂ ਵਿੱਚ ਇਨਸਾਨ ਡਿਪਰੈਸ਼ਨ ਦਾ ਸ਼ਿਕਾਰ ਹੋ ਸਕਦਾ ਹੈ।

ਪਾਚਨ ਪ੍ਰਣਾਲੀ ਅਤੇ ਗੁਰਦਿਆਂ 'ਤੇ ਵੀ ਇਸ ਦਾ ਬਹੁਤ ਘਾਤਕ ਅਸਰ ਪੈਂਦਾ ਹੈ। ਕੈਫੀਨ ਇੱਕ ਡਾਇਯੂਰੇਟਿਕ ਤੱਤ ਹੈ, ਜੋ ਸਰੀਰ ਵਿੱਚੋਂ ਪਾਣੀ ਨੂੰ ਪਿਸ਼ਾਬ ਰਾਹੀਂ ਬਾਹਰ ਕੱਢਦਾ ਹੈ। ਜਦੋਂ ਖਿਡਾਰੀ ਜਾਂ ਜਿਮ ਜਾਣ ਵਾਲੇ ਲੋਕ ਪਸੀਨਾ ਵਹਾਉਣ ਤੋਂ ਬਾਅਦ ਇਸ ਨੂੰ ਪੀਂਦੇ ਹਨ ਤਾਂ ਸਰੀਰ ਵਿੱਚ ਭਿਆਨਕ ਡੀਹਾਈਡਰੇਸ਼ਨ (ਪਾਣੀ ਦੀ ਕਮੀ) ਹੋ ਜਾਂਦੀ ਹੈ। ਗੁਰਦਿਆਂ ਨੂੰ ਖ਼ੂਨ ਸਾਫ਼ ਕਰਨ ਲਈ ਲੋੜੀਂਦਾ ਪਾਣੀ ਨਹੀਂ ਮਿਲਦਾ, ਜਿਸ ਨਾਲ ਪੱਥਰੀ ਅਤੇ ਕਿਡਨੀ ਫੇਲ੍ਹ ਹੋਣ ਦੀ ਨੌਬਤ ਆ ਸਕਦੀ ਹੈ। ਇਨ੍ਹਾਂ ਡਰਿੰਕਸ ਦਾ ਬਹੁਤ ਜ਼ਿਆਦਾ ਐਸਿਡਿਕ ਹੋਣਾ ਪੇਟ ਦੀ ਅੰਦਰੂਨੀ ਪਰਤ ਨੂੰ ਨੁਕਸਾਨ ਪਹੁੰਚਾਉਂਦਾ ਹੈ, ਜਿਸ ਨਾਲ ਗੈਸਟ੍ਰਿਕ ਅਲਸਰ ਅਤੇ ਛਾਤੀ ਵਿੱਚ ਜਲਣ ਹੁੰਦੀ ਹੈ। ਰੋਜ਼ਾਨਾ ਏਨੀ ਵੱਧ ਸ਼ੂਗਰ ਲੈਣ ਨਾਲ ਨੌਜਵਾਨ ਉਮਰ ਵਿੱਚ ਹੀ ਟਾਈਪ-2 ਸ਼ੂਗਰ ਦੀ ਬੀਮਾਰੀ ਲੱਗ ਜਾਂਦੀ ਹੈ ਅਤੇ ਜ਼ਿਆਦਾ ਕੈਫੀਨ ਸਰੀਰ ਵਿੱਚ ਕੈਲਸ਼ੀਅਮ ਦੇ ਜਜ਼ਬ ਹੋਣ ਦੀ ਪ੍ਰਕਿਰਿਆ ਨੂੰ ਰੋਕ ਕੇ ਹੱਡੀਆਂ ਅਤੇ ਦੰਦਾਂ ਨੂੰ ਕਮਜ਼ੋਰ ਕਰ ਦਿੰਦੀ ਹੈ।

ਐਨਰਜੀ ਡਰਿੰਕਸ ਦਾ ਕਾਰੋਬਾਰ ਦੁਨੀਆ ਭਰ ਵਿੱਚ ਸਭ ਤੋਂ ਤੇਜ਼ੀ ਨਾਲ ਵਧਣ ਵਾਲਾ ਸੈਕਟਰ ਬਣ ਚੁੱਕਾ ਹੈ, ਜਿਸ ਦੀ ਮਾਰਕੀਟ ਵੈਲਿਊ 83.31 ਬਿਲੀਅਨ ਡਾਲਰ ਨੂੰ ਪਾਰ ਕਰ ਗਈ ਹੈ।ਰੈੱਡ ਬੁੱਲ ਵਰਗੇ ਵੱਡੇ ਬ੍ਰਾਂਡ ਖ਼ੁਦ ਨੂੰ ਐਡਵੈਂਚਰ ਸਪੋਰਟਸ ਅਤੇ ਫਾਰਮੂਲਾ 1 ਰੇਸਿੰਗ ਰਾਹੀਂ ਨੌਜਵਾਨਾਂ ਦੇ ਆਈਕਨ ਵਜੋਂ ਪੇਸ਼ ਕਰਦੇ ਹਨ। ਮੌਨਸਟਰ ਵਰਗੀਆਂ ਕੰਪਨੀਆਂ ਵੱਡੇ ਕੈਨਾਂ ਵਿੱਚ ਰੋਜ਼ਾਨਾ ਲੋੜ ਨਾਲੋਂ ਦੁੱਗਣੀ ਕੈਫੀਨ ਅਤੇ ਖੰਡ ਵੇਚ ਰਹੀਆਂ ਹਨ। ਉੱਥੇ ਹੀ ਪੈਪਸੀਕੋ ਨੇ ਸਟਿੰਗ ਨੂੰ ਮਾਤਰ 20 ਰੁਪਏ ਵਰਗੀ ਸਸਤੀ ਕੀਮਤ 'ਤੇ ਲਾਂਚ ਕਰਕੇ ਇਸ ਨੂੰ ਛੋਟੇ ਬੱਚਿਆਂ ਅਤੇ ਮਜ਼ਦੂਰਾਂ ਤੱਕ ਪਹੁੰਚਾ ਦਿੱਤਾ ਹੈ। ਇਹ ਸਾਰੀਆਂ ਕੰਪਨੀਆਂ ਆਪਣੇ ਡਰਿੰਕਸ ਉੱਤੇ ਵਿਟਾਮਿਨ ਬੀ3, ਬੀ6, ਬੀ12 ਅਤੇ ਜਿਨਸੈਂਗ ਵਰਗੇ ਸ਼ਬਦਾਂ ਨੂੰ ਵੱਡਾ-ਵੱਡਾ ਲਿਖ ਕੇ ਗਾਹਕਾਂ ਨੂੰ

(• ਬਾਕੀ ਸਫ਼ਾ 9 'ਤੇ)

# ਕਿਰਤੀਆਂ, ਕਿਸਾਨਾਂ ਦੀਆਂ ਮੰਗਾਂ ਸੰਬੰਧੀ ਨਾਇਬ ਤਹਿਸੀਲਦਾਰ ਨੂੰ ਸੌਂਪਿਆ ਮੰਗ ਪੱਤਰ

## ਮੋਦੀ ਸਰਕਾਰ ਕਿਰਤੀ ਕਿਸਾਨ ਵਿਰੋਧੀ : ਐਡਵੋਕੇਟ ਦਲਿਓ




**ਭੀਖੀ (ਧਰਮਵੀਰ ਸ਼ਰਮਾ)**

ਮੰਗਲਵਾਰ ਇੱਥੇ ਕੁੱਲ ਹਿੰਦ ਕਿਸਾਨ ਸਭਾ ਤੇ ਕੁੱਲ ਹਿੰਦ ਖੇਤ ਮਜ਼ਦੂਰ ਯੂਨੀਅਨ ਦੇ ਜ਼ਿਲ੍ਹਾ ਆਗੂਆਂ ਐਡਵੋਕੇਟ ਸਵਰਨਜੀਤ ਸਿੰਘ ਦਲਿਓ, ਪਰਵਿੰਦਰ ਸਿੰਘ ਭੀਖੀ, ਨਛੱਤਰ ਸਿੰਘ ਢੈਪਈ ਤੇ ਜਸਵੰਤ ਸਿੰਘ ਬੀਰੋਕੇ ਦੀ ਅਗਵਾਈ ਹੇਠ ਕਿਸਾਨਾਂ-ਮਜ਼ਦੂਰਾਂ ਦੀਆਂ ਭੱਖਦੀਆਂ ਮੰਗਾਂ ਸਬੰਧੀ ਨਾਇਬ ਤਹਿਸੀਲਦਾਰ ਭੀਖੀ ਨੂੰ ਮੁੱਖ ਮੰਤਰੀ ਪੰਜਾਬ ਅਤੇ ਰਾਜਪਾਲ ਪੰਜਾਬ ਦੇ ਨਾਂਅ ਮੰਗ ਪੱਤਰ ਦਿੱਤਾ ਗਿਆ। ਇਸ ਮੌਕੇ ਆਲ ਇੰਡੀਆ ਕਿਸਾਨ ਸਭਾ ਪੰਜਾਬ ਦੇ ਸੂਬਾਈ ਉੱਪ ਪ੍ਰਧਾਨ ਐਡਵੋਕੇਟ ਦਲਿਓ ਨੇ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਨਿੱਤ ਦਿਨ ਕਿਰਤੀਆਂ ਕਿਸਾਨਾਂ ਵਿਰੋਧੀ ਕਦਮ ਚੁੱਕ ਰਹੀ ਹੈ। ਅਮਰੀਕਾ ਤੇ ਯੂਰਪੀ ਮੁਲਕਾਂ ਦੇ ਖੇਤੀ ਨਾਲ ਸਬੰਧਤ ਕਰ-ਮੁਕਤ ਸੰਧੀਆਂ ਕੀਤੀਆਂ ਗਈਆਂ ਹਨ। ਇਨ੍ਹਾਂ ਸੰਧੀਆਂ ਨਾਲ ਦੇਸ਼ ਦੀ ਕਿਸਾਨੀ ਤੇ ਖੇਤੀ ਬਰਬਾਦ ਹੋ ਜਾਵੇਗੀ। ਕਿਸਾਨ ਆਗੂ ਨੇ ਕਿਹਾ ਕਿ ਕੇਂਦਰ ਨੇ ਮਨਰੇਗਾ ਕਾਨੂੰਨ ਨੂੰ ਖ਼ਤਮ ਕਰਕੇ ਵੀ.ਬੀ. ਜੀ ਰਾਮ ਜੀ ਦਾ ਢਕਵੰਜ ਰਚ ਕੇ ਪੇਂਡੂ ਖੇਤਰ ਦੇ ਮਜ਼ਦੂਰਾਂ ਤੋਂ ਰੁਜ਼ਗਾਰ ਖੋਹ ਲਿਆ ਹੈ। ਉਨ੍ਹਾਂ ਇਸ ਮੌਕੇ ਦਿੱਤੇ ਮੰਗ ਪੱਤਰ ਵਿੱਚ ਮੰਗ ਕੀਤੀ ਕਿ ਵੀ.ਬੀ. ਜੀ ਰਾਮ ਜੀ ਕਾਨੂੰਨ ਵਾਪਸ ਲਿਆ ਜਾਵੇ ਤੇ ਮਗਨਰੇਗਾ ਕਾਨੂੰਨ ਬਹਾਲ ਹੋਵੇ। ਤਜਵੀਜ਼ਤ ਬਿਜਲੀ ਬਿੱਲ 2025 ਐਕਟ ਬਿੱਲ ਵਾਪਸ ਲਿਆ ਜਾਵੇ। ਤਜਵੀਜ਼ਤ ਬੀਜ ਸੋਧ ਬਿੱਲ ਵਾਪਸ ਲਿਆ ਜਾਵੇ। ਮੁਕਤ ਵਪਾਰ ਸੰਧੀ ਰੱਦ ਕੀਤੀ ਜਾਵੇ। ਬੇਜ਼ਮੀਨੇ ਖੇਤ ਮਜ਼ਦੂਰਾਂ ਨੂੰ 10-10 ਮਰਲੇ ਦੇ ਪਲਾਟ ਦਿੱਤੇ ਜਾਣ ਤੇ ਕੱਚੇ ਮਕਾਨਾਂ ਵਾਲੇ ਮਜ਼ਦੂਰਾਂ ਨੂੰ ਮਕਾਨ ਬਣਾਉਣ ਲਈ ਪੰਜ ਲੱਖ ਰੁਪਏ ਸਹਾਇਤਾ ਦਿੱਤੀ ਜਾਵੇ। ਕਿਸਾਨਾਂ ਤੇ ਖੇਤ ਮਜ਼ਦੂਰਾਂ ਦੇ ਕਰਜ਼ੇ ਮਾਫ਼ ਕੀਤੇ ਜਾਣ। ਆਜ਼ਾਦੀ ਤੋਂ ਬਾਅਦ ਜਿਨ੍ਹਾਂ ਆਬਾਦਕਾਰਾਂ ਨੇ ਜ਼ਮੀਨਾਂ ਆਬਾਦ ਕੀਤੀਆਂ, ਉਨ੍ਹਾਂ ਨੂੰ ਮਾਲਕੀ ਦੇ ਹੱਕ ਦਿੱਤੇ ਜਾਣ। ਬਾਰਡਰ ਦੇ ਪਾਰ ਜ਼ਮੀਨਾਂ ਦਾ ਤੀਹ ਹਜ਼ਾਰ ਰੁਪਏ ਸਰਕਾਰ ਮੁਆਵਜ਼ਾ ਦੇਵੇ। ਤਾਰ ਤੋਂ ਪਾਰ ਦੀਆਂ ਜ਼ਮੀਨਾਂ ਵਿੱਚ ਕਿਸਾਨੀ ਦੇ ਕੰਮ ਦੇ ਘੰਟੇ ਵਧਾਏ ਜਾਣ। ਡੀਜ਼ਲ, ਪੈਟਰੋਲ ਤੇ ਰਸੋਈ ਗੈਸ ਦੀਆਂ ਕੀਮਤਾਂ ਵਿੱਚ ਕੀਤਾ ਵਾਧਾ ਵਾਪਸ ਲਿਆ ਜਾਵੇ। ਯੂਰੀਆ ਤੇ ਡੀ.ਏ.ਪੀ. ਖਾਦ ਦੇ ਨਾਲ ਹੋਰ ਸਮੱਗਰੀ ਦੇਣ ਦੇ ਨਾਮ 'ਤੇ ਲੁੱਟ ਬੰਦ ਕੀਤੀ ਜਾਵੇ। ਹੜ੍ਹਾਂ ਤੋਂ ਬਚਾਅ ਲਈ ਦਰਿਆਵਾਂ ਦੇ ਧੁੱਸੀ ਬੰਨ੍ਹਾਂ ਦੀ ਤੁਰੰਤ ਮੁਰੰਮਤ ਕੀਤੀ ਜਾਵੇ। ਇਸ ਮੌਕੇ ਦਰਸ਼ਨ ਸਿੰਘ ਧਲੇਵਾਂ, ਸੰਤ ਰਾਮ ਬੀਰੋਕੇ, ਜਸਵਿੰਦਰ ਸਿੰਘ ਭੀਖੀ, ਬਲਜੀਤ ਸਿੰਘ ਖੀਵਾ ਕਲਾਂ, ਗੁਰਜੰਟ ਸਿੰਘ ਕੋਟੜਾ, ਗੁਰਵਿੰਦਰ ਸਿੰਘ ਮੰਨਣ, ਬਿੱਟੂ ਕੋਟੜਾ, ਜਗਦੇਵ ਸਿੰਘ ਖੀਵਾ ਕਲਾਂ, ਮੇਲਾ ਸਿੰਘ ਖੀਵਾ ਆਦਿ ਮੌਜੂਦ ਸਨ।

# ਬਿਸ਼ਨਗੜ੍ਹ ਪਿੰਡ ਦੇ ਵਾਸੀ ਪੀਣ ਵਾਲੇ ਤੋਂ ਹੋਏ ਵਾਂਝੇ, ਔਰਤਾਂ ਵੱਲੋਂ ਰੋਸ ਪ੍ਰਦਰਸ਼ਨ



**ਸਨੌਰ/ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਬਲਾਕ ਭੁੰਨਰਹੇੜੀ ਅਧੀਨ, ਪਿੰਡ ਬਿਸ਼ਨਗੜ੍ਹ ਵਿੱਚ ਪੀਣ ਵਾਲੇ ਪਾਣੀ ਦੀ ਸਮੱਸਿਆ ਹੱਲ ਨਾ ਹੋਣ ਕਾਰਨ ਗਰੀਬ ਪਰਵਾਰਾਂ ਨੂੰ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਜਲ ਸਪਲਾਈ ਵੱਲੋਂ ਢੁੱਕਵੇਂ ਪ੍ਰਬੰਧ ਨਾ ਹੋਣ ਕਾਰਨ ਪ੍ਰੇਸ਼ਾਨ ਔਰਤਾਂ ਵਲੋਂ ਜਲ ਸਪਲਾਈ ਖਿਲਾਫ ਰੋਸ ਪ੍ਰਦਰਸ਼ਨ ਕੀਤਾ।ਲੋਕਾਂ ਨੂੰ ਦੂਰ-ਦੂਰ ਤੋਂ ਪਾਣੀ ਲਿਆਉਣਾ ਪੈ ਰਿਹਾ ਹੈ।ਵਾਟਰ ਬਾਕਸ ਕਟਕਹੇੜੀ ਟੈਂਕੀ ਤੋਂ ਪਾਣੀ ਸਪਲਾਈ ਕੀਤਾ ਜਾਂਦਾ ਹੈ, ਪਰ ਹਕੀਕਤ ਇਹ ਹੈ ਕਿ ਬਿਸ਼ਨਗੜ੍ਹ ਦੇ ਕਈ ਮੁਹੱਲਿਆਂ ਤੱਕ ਪਾਣੀ ਪਹੁੰਚ ਹੀ ਨਹੀਂ ਰਿਹਾ।ਪਾਣੀ ਦੀ ਘਾਟ ਹੋਣ ਸਬੰਧੀ ਵਾਰ-ਵਾਰ ਸ਼ਿਕਾਇਤਾਂ ਕੀਤੀਆਂ ਜਾ ਚੁੱਕੀਆਂ ਹਨ, ਪਰ ਸਬੰਧਤ ਵਿਭਾਗ ਵੱਲੋਂ ਸਿਰਫ ਫਾਈਲ ਬਣਾ ਕੇ ਖਾਨਾਪੂਰਤੀ ਕਰਕੇ ਬੁੱਤਾ ਸਾਰ ਰਿਹਾ ਹੈ।ਸਮਾਜ ਸੇਵੀ ਅਮਰਜੀਤ ਸਿੰਘ 'ਜਾਗਦੇ ਰਹੋ' ਨੇ ਦੱਸਿਆ ਕਿ ਇਸ ਮਸਲੇ ਨੂੰ ਲੈ ਕੇ ਕਈ ਵਾਰ ਜਲ ਸਪਲਾਈ ਵਿਭਾਗ ਦੇ ਅਧਿਕਾਰੀਆਂ ਨੂੰ ਜਾਣੂ ਕਰਾਇਆ ਗਿਆ ਹੈ।ਲੋਕਾਂ ਨੇ ਸ਼ਿਕਾਇਤਾਂ ਕੀਤੀਆਂ ਹਨ, ਪਰ ਹਰ ਵਾਰ ਲੋਕਾਂ ਨੂੰ ਸਿਰਫ ਭਰੋਸਿਆਂ ਨਾਲ ਹੀ ਟਾਲ ਦਿੱਤਾ ਜਾਂਦਾ ਹੈ, ਪਰ ਸਥਾਈ ਹੱਲ ਲਈ ਕੁੱਝ ਨਹੀਂ ਕਰਦੇ।ਉਨ੍ਹਾਂ ਦਾ ਕਹਿਣਾ ਹੈ ਕਿ ਵਿਭਾਗ ਸਿਰਫ ਦਿਖਾਵੇ ਦੀ ਹਮਦਰਦੀ ਕਰ ਰਿਹਾ ਹੈ ਤੇ ਆਪਣੀ ਜ਼ਿੰਮੇਵਾਰੀ ਤੋਂ ਬਚ ਰਿਹਾ ਹੈ।ਕੁੱਝ ਘਰਾਂ ਵਿੱਚ ਤਾਂ ਹਾਲਾਤ ਇੰਨੇ ਬੁਰੇ ਹਨ ਕਿ ਲੋਕਾਂ ਨੂੰ ਪੀਣ ਵਾਲਾ ਪਾਣੀ ਦੂਰ ਤੋਂ ਲਿਆਉਣਾ ਪੈ ਰਿਹਾ ਹੈ।ਪਾਣੀ ਦੀ ਕਮੀ ਕਾਰਨ ਸਿਹਤ ਨਾਲ ਜੁੜੇ ਖਤਰੇ ਵੀ ਵਧ ਰਹੇ ਹਨ।ਪਿੰਡ ਵਿਚ ਪ੍ਰਸ਼ਾਸਨ ਤੇ ਜਲ ਸਪਲਾਈ ਵਿਭਾਗ ਖਿਲਾਫ ਗੁੱਸੇ ਦੀ ਲਹਿਰ ਹੈ।ਲੋਕਾਂ ਦਾ ਕਹਿਣਾ ਹੈ ਕਿ ਜੇ ਹੁਣ ਵੀ ਇਸ ਮਸਲੇ ਨੂੰ ਗੰਭੀਰਤਾ ਨਾਲ ਨਾ ਲਿਆ ਗਿਆ ਤਾਂ ਉਹ ਸੰਘਰਸ਼ ਕਰਨ ਲਈ ਮਜਬੂਰ ਹੋਣਗੇ।'ਜਾਗਦੇ ਰਹੋ' ਨੇ ਸਰਕਾਰ ਤੇ ਸਬੰਧਿਤ ਵਿਭਾਗ ਨੂੰ ਅਪੀਲ ਕੀਤੀ ਹੈ ਕਿ ਤੁਰੰਤ ਤਕਨੀਕੀ ਟੀਮ ਭੇਜ ਕੇ ਪਾਣੀ ਸਪਲਾਈ ਪ੍ਰਣਾਲੀ ਦੀ ਜਾਂਚ ਕਰਾਈ ਜਾਵੇ ਅਤੇ ਪਿੰਡ ਦੇ ਹਰ ਘਰ ਤੱਕ ਨਿਰੰਤਰ ਪਾਣੀ ਪੁਚਾਇਆ ਜਾਵੇ, ਨਹੀਂ ਤਾਂ ਰੋਸ ਪ੍ਰਦਰਸ਼ਨ ਕਰਾਂਗੇ।ਸਮੱਸਿਆ ਸਬੰਧੀ ਜਲ ਸਪਲਾਈ ਵਿਭਾਗ ਦੇ ਐਸ.ਡੀ.ਓ. ਇਮਾਨਜੋਤ ਸਿੰਘ ਸੰਧੂ ਨੂੰ ਪੁੱਛਿਆ ਤਾਂ ਉਨ੍ਹਾਂ ਕਿਹਾ ਕਿ ਸਪਲਾਈ ਤਾਂ ਚੱਲ ਰਹੀ ਹੈ, ਪਰ ਟਿਊਬਵੈਲ ਕਾਫੀ ਸਮੇਂ ਚਲਾਉਣਾ ਪੈਂਦਾ ਹੈ, ਪਾਣੀ ਦੀ ਘਾਟ ਦੂਰ ਕਰਨ ਲਈ ਨਵਾਂ ਬੋਰਵੈਲ ਲਵਾਉਣ ਲਈ ਕਾਰਵਾਈ ਕੀਤੀ ਜਾ ਰਹੀ ਹੈ, ਫਿਲਹਾਲ ਇਸ ਸਮੱਸਿਆ ਨੂੰ ਚੈੱਕ ਕਰਵਾ ਲੈਂਦੇ ਹਾਂ।

# ਵਕੀਲ ਭਾਈਚਾਰੇ ਵੱਲੋਂ ਅਣਮਿੱਥੇ ਸਮੇਂ ਲਈ ਕਲਮ ਛੋੜ ਹੜਤਾਲ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਲੀਗਲ ਏਡ ਡਿਫੈਂਸ ਕੌਂਸਲ ਸਿਸਟਮ ਦੇ ਵਿਰੋਧ ਵਿੱਚ ਪੰਜਾਬ ਭਰ ਦੇ ਵਕੀਲ ਭਾਈਚਾਰੇ ਵੱਲੋਂ ਜੁਆਇੰਟ ਐਕਸ਼ਨ ਕਮੇਟੀ ਦੇ ਸੱਦੇ 'ਤੇ ਅਣਮਿੱਥੇ ਸਮੇਂ ਲਈ ਹੜਤਾਲ ਸ਼ੁਰੂ ਕਰ ਦਿੱਤੀ ਗਈ ਹੈ।ਇਸ ਤਹਿਤ ਅਦਾਲਤੀ ਕੰਮਕਾਰ ਪੂਰੀ ਤਰ੍ਹਾਂ ਠੱਪ ਰਿਹਾ। ਵਕੀਲਾਂ ਦਾ ਦੋਸ਼ ਹੈ ਕਿ ਸਰਕਾਰ ਇਹ ਨੀਤੀ ਅਪਰਾਧ ਤੇ ਅਪਰਾਧੀਆਂ ਨੂੰ ਸ਼ਹਿ ਦੇ ਰਹੀ ਹੈ, ਜਿਸ ਨਾਲ ਕਾਨੂੰਨ ਵਿਵਸਥਾ ਦੀ ਸਥਿਤੀ ਲਗਾਤਾਰ ਵਿਗੜ ਰਹੀ ਹੈ।ਇਸ ਮੌਕੇ ਗੱਲਬਾਤ ਕਰਦਿਆ ਐਸੋਸੀਏਸ਼ਨ ਦੇ ਪ੍ਰਧਾਨ ਐਡਵੋਕੇਟ ਧਲਵੰਤ ਸਿੰਘ ਉੱਪਲ, ਵਾਇਸ ਪ੍ਰਧਾਨ ਕੁਲਦੀਪ ਕੌਰ, ਸੈਕਟਰੀ ਸ਼ੁਭਮ ਸ਼ਰਮਾ ਨੇ ਮੌਜੂਦਾ ਸਿਸਟਮ 'ਤੇ ਤਿੱਖੇ ਸਵਾਲ ਚੁੱਕੇ ਹਨ।ਉਨ੍ਹਾਂ ਕਿਹਾ ਕਿ ਐੱਲ ਏ ਡੀ ਸੀ ਐੱਸ ਦੇ ਤਹਿਤ ਅਪਰਾਧ ਕਰਨ ਵਾਲੇ ਵਿਅਕਤੀ ਨੂੰ ਸਰਕਾਰ ਵੱਲੋਂ ਮੁਫ਼ਤ ਵਕੀਲ ਮੁਹੱਈਆ ਕਰਵਾਇਆ ਜਾਂਦਾ ਹੈ, ਜਿਸ ਨਾਲ ਅਪਰਾਧੀ ਅਦਾਲਤ ਵਿੱਚ ਇੱਕ ਰੁਪਈਆ ਵੀ ਖਰਚ ਨਹੀਂ ਹੁੰਦਾ।ਹੱਦ ਤਾਂ ਉਦੋਂ ਹੋ ਜਾਂਦੀ ਹੈ, ਜਦੋਂ ਕਈ ਮਾਮਲਿਆਂ ਵਿੱਚ ਅਪਰਾਧੀਆਂ ਨੂੰ ਜ਼ਮਾਨਤ ਦੇਣ ਦੀ ਲੋੜ ਨਹੀਂ ਪੈਂਦੀ।ਉਨ੍ਹਾਂ ਚਿੰਤਾ ਜ਼ਾਹਿਰ ਕਰਦਿਆਂ ਕਿਹਾ ਕਿ ਇੱਕ ਪਾਸੇ ਸਰਕਾਰ ਵੱਲੋਂ ਪਿੰਡਾਂ ਦੇ ਪੰਚਾਂ ਸਰਪੰਚਾਂ ਨੂੰ ਨਸ਼ਾ ਤਸਕਰਾਂ ਨੂੰ ਜ਼ਮਾਨਤ ਨਾ ਦੇਣ ਲਈ ਕਿਹਾ ਜਾ ਰਿਹਾ ਹੈ, ਦੂਜੇ ਪਾਸੇ ਇਸੇ ਸਿਸਟਮ ਜ਼ਰੀਏ ਨਸ਼ਾ ਤਸਕਰਾਂ ਨੂੰ ਬਿਨਾਂ ਜਮਾਨਤਦਾਰਾਂ ਦੇ ਮੁਫ਼ਤ ਰਿਹਾਈ ਮਿਲ ਰਹੀ ਹੈ।ਉਨ੍ਹਾਂ ਕਿਹਾ ਕਿ ਇਸ ਸਿਸਟਮ ਕਾਰਨ ਲੁੱਟਾਂ-ਖੋਹਾਂ ਤੇ ਨਸ਼ੇ ਜਿਹੇ ਅਪਰਾਧ ਦਿਨੋਂ ਦਿਨ ਵੱਧ ਰਹੇ ਹਨ।ਜ਼ਿਲ੍ਹਾ ਬਾਰ ਐਸੋਸੀਏਸ਼ਨ ਸ੍ਰੀ ਮੁਕਤਸਰ ਸਾਹਿਬ ਦੇ ਪ੍ਰਧਾਨ ਧਲਵੰਤ ਸਿੰਘ ਉੱਪਲ ਨੇ ਦੱਸਿਆ ਕਿ ਹੜਤਾਲ ਕਿਸੇ ਇੱਕ ਜ਼ਿਲ੍ਹੇ ਦੀ ਨਹੀਂ, ਸਗੋਂ ਪੂਰੇ ਪੰਜਾਬ ਦੀਆਂ ਬਾਰ ਐਸੋਸੀਏਸ਼ਨਾਂ ਵੱਲੋਂ ਸਾਂਝੇ ਰੂਪ ਨਾਲ ਕੀਤੀ ਗਈ ਹੈ।ਉਨ੍ਹਾਂ ਕਿਹਾ ਕਿ ਮੁਫ਼ਤ ਕਾਨੂੰਨ ਸਹਾਇਤਾ ਗਰੀਬ ਤੇ ਲੋੜਵੰਦ ਲੋਕਾਂ ਨੂੰ ਮਿਲਣੀ ਚਾਹੀਦੀ ਹੈ, ਨਾ ਕਿ ਪੇਸ਼ੇਵਰ ਅਪਰਾਧੀਆਂ ਨੂੰ।ਉਨ੍ਹਾਂ ਕਿਹਾ ਕਿ ਇਸ ਪਾਲਿਸੀ ਵਿੱਚ ਕਮੀਆਂ ਦੇ ਕਾਰਨ ਚੋਰੀਆਂ ਕਰਨ 'ਤੇ ਨਸ਼ਾ ਵੇਚਣ ਵਾਲੇ ਅਪਰਾਧੀ ਜੇਲ੍ਹ ਤੋਂ ਬਾਹਰ ਆ ਕੇ ਦੁਬਾਰਾ ਉਹੀ ਕੁਝ ਕਰਦੇ ਹਨ।

ਸੰਘਰਸ਼ ਦੇ ਅਗਲੇ ਪੜਾਅ ਬਾਰੇ ਬੋਲਦਿਆਂ ਸੈਕਟਰੀ ਸ਼ੁਭਮ ਸ਼ਰਮਾ ਨੇ ਦੱਸਿਆ ਕਿ ਇਸ ਤੋਂ ਪਹਿਲਾਂ ਜੁਆਇੰਟ ਐਕਸ਼ਨ ਕਮੇਟੀ ਤੇ ਬਾਰ ਕੌਂਸਲ ਦੇ ਮੈਂਬਰਾਂ ਦੀ ਮਾਨਯੋਗ ਚੀਫ਼ ਜਸਟਿਸ ਆਫ਼ ਇੰਡੀਆ ਦੇ ਨਾਲ ਗੱਲਬਾਤ ਹੋਈ ਹੈ ਤੇ ਉਨ੍ਹਾਂ ਵੱਲੋਂ ਇਸ ਮਸਲੇ ਦੇ ਹੱਲ ਲਈ ਕਮੇਟੀ ਦਾ ਗਠਨ ਕੀਤਾ ਗਿਆ ਸੀ, ਪਰ ਲੰਮਾ ਸਮਾਂ ਬੀਤ ਜਾਣ ਦੇ ਬਾਵਜੂਦ ਕੋਈ ਸਾਰਥਕ ਫੈਸਲਾ ਨਹੀਂ ਲਿਆ ਗਿਆ।ਵਕੀਲ ਆਗੂਆਂ ਨੇ ਸਪੱਸ਼ਟ ਕੀਤਾ ਕਿ ਜਦੋਂ ਤੱਕ ਸਰਕਾਰ ਇਸ ਪਾਲਿਸੀ ਨੂੰ ਰੱਦ ਨਹੀਂ ਕਰਦੀ ਜਾਂ ਇਸ ਵਿੱਚ ਸੁਧਾਰ ਨਹੀਂ ਕਰਦੀ, ਉਦੋਂ ਤੱਕ ਵਕੀਲ ਭਾਈਚਾਰਾ ਮੋਢੇ ਨਾਲ ਮੋਢਾ ਜੋੜ ਕੇ ਅਣਮਿੱਥੇ ਸਮੇਂ ਲਈ ਹੜਤਾਲ 'ਤੇ ਡਟੇ ਰਹਿਣਗੇ।ਇਸ ਮੌਕੇ ਹੋਰਨਾਂ ਤੋਂ ਇਲਾਵਾ ਅਮਨ ਖੁਰਾਣਾ ਜੁਆਇੰਟ ਸੈਕਟਰੀ, ਵਿਪਨ, ਅਨੁਰਾਗ ਸ਼ਰਮਾ, ਅਰੁਣ ਜੀਤ ਮੈਡਮ, ਨਵਦੀਪ ਸਿੰਘ, ਪ੍ਰਿੰਸ ਕੁਮਾਰ, ਗੁਰਤੇਜ ਸਿੰਘ ਕਰਾਈਵਾਲਾ, ਹਰਪ੍ਰੀਤ ਕੌਰ ਸਮਾਇਲੀ, ਵਿੱਕੀ ਰੁਪਾਣਾ ਤੋਂ ਇਲਾਵਾ ਵੱਡੀ ਗਿਣਤੀ 'ਚ ਐਸੋਸੀਏਸ਼ਨ ਦੇ ਅਹੁਦੇਦਾਰ ਤੇ ਮੈਂਬਰ ਮੌਜੂਦ ਸਨ।

## ਕਾਤਰਾਂ

### 'ਜਾਮਨ ਕਾ ਪੇੜ' ਹਿੰਦੀ ਨਾਟਕ ਦਾ ਮੰਚਨ 11 ਨੂੰ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਉੱਤਰੀ ਖੇਤਰ ਸੱਭਿਆਚਾਰਕ ਕੇਂਦਰ (ਭਾਰਤ ਸਰਕਾਰ ਦੇ ਸੱਭਿਆਚਾਰਕ ਮੰਤਰਾਲੇ) ਪਟਿਆਲਾ ਵੱਲੋਂ ਕੇਂਦਰ ਦੇ ਡਾਇਰੈਕਟਰ ਡਾਕਟਰ ਅਸ਼ਵਿਨ ਮਹੇਸ਼ ਦਲਵੀ ਦੀ ਅਗਵਾਈ ਹੇਠ ਐੱਨ ਜ਼ੈੱਡ ਸੀ ਸੀ ਵੱਲੋਂ ਮਾਸਿਕ ਥੀਏਟਰ ਲੜੀ ਦੇ ਹਿੱਸੇ ਵਜੋਂ ਹਿੰਦੀ ਨਾਟਕ 'ਜਾਮਨ ਕਾ ਪੇੜ' ਦਾ ਮੰਚਨ ਰੰਗਸ਼ਿਲਪ ਨਾਟਯ ਸਮਿਤੀ ਜੈਪੁਰ ਦੇ ਕਲਾਕਾਰਾਂ ਵੱਲੋਂ 11 ਜੁਲਾਈ ਸ਼ਨੀਵਾਰ ਨੂੰ ਸ਼ਾਮ 6:30 ਵਜੇ ਕਾਲੀ ਦਾਸ ਆਡੀਟੋਰੀਅਮ, ਵਿਰਸਾ ਵਿਹਾਰ ਸੈਂਟਰ, ਨੇੜੇ ਭਾਸ਼ਾ ਭਵਨ ਸ਼ੇਰਾ ਵਾਲਾ ਗੇਟ, ਪਟਿਆਲਾ ਵਿਖੇ ਕੀਤਾ ਜਾਵੇਗਾ।ਇਹ ਨਾਟਕ ਮਰਹੂਮ ਪ੍ਰਸਿੱਧ ਅਫਸਾਨਾ ਨਿਗਾਰ ਕ੍ਰਿਸ਼ਨ ਚੰਦ ਦੀ ਮੂਲ ਕਹਾਣੀ 'ਤੇ ਅਧਾਰਤ ਹੈ ਅਤੇ ਇਸ ਨਾਟਕ ਦੇ ਲੇਖਕ ਨੀਰਜ ਗੋਸਵਾਮੀ ਤੇ ਇਸ ਦੇ ਨਿਰਦੇਸ਼ਕ ਈਸ਼ਵਰ ਦੱਤ ਮਾਥੁਰ ਹਨ।ਉੱਤਰੀ ਖੇਤਰ ਸੱਭਿਆਚਾਰਕ ਕੇਂਦਰ ਪਟਿਆਲਾ ਦੇ ਨਿਰਦੇਸ਼ਕ ਡਾਕਟਰ ਅਸ਼ਵਿਨ ਮਹੇਸ਼ ਦਲਵੀ ਨੇ ਸਾਰੇ ਥੀਏਟਰ ਕਲਾਕਾਰਾਂ, ਕਲਾ ਪ੍ਰੇਮੀਆਂ ਤੇ ਸ਼ਹਿਰ ਨਿਵਾਸੀਆਂ ਨੂੰ ਨਾਟਕ ਦੇਖਣ ਲਈ ਖੁੱਲ੍ਹਾ ਸੱਦਾ ਦਿੱਤਾ ਹੈ ਅਤੇ ਦਾਖਲਾ ਮੁਫ਼ਤ ਹੈ।

### ਸ਼ੋਰ ਪ੍ਰਦੂਸ਼ਣ ਤੋਂ ਲੋਕ ਪ੍ਰੇਸ਼ਾਨ, ਪ੍ਰਸ਼ਾਸਨ ਤੋਂ ਕਾਰਵਾਈ ਦੀ ਮੰਗ

**ਬਰੇਟਾ (ਰੀਤਵਾਲ)**-ਸਥਾਨਕ ਸ਼ਹਿਰ ਵਿੱਚ ਵਧ ਰਹੇ ਸ਼ੋਰ ਪ੍ਰਦੂਸ਼ਣ ਕਾਰਨ ਲੋਕਾਂ ਨੂੰ ਭਾਰੀ ਪ੍ਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਵਿਆਹ ਸਮਾਗਮਾਂ, ਡੀਜੇ, ਉੱਚੀ ਆਵਾਜ਼ ਵਾਲੇ ਲਾਊਡਸਪੀਕਰਾਂ, ਬੇਲੋੜੇ ਵਾਹਨਾਂ ਦੇ ਹਾਰਨਾਂ ਤੇ ਦੇਰ ਰਾਤ ਤੱਕ ਚੱਲਦੇ ਸ਼ੋਰ ਕਾਰਨ ਆਮ ਲੋਕਾਂ ਦੀ ਸ਼ਾਂਤੀ ਭੰਗ ਹੋ ਰਹੀ ਹੈ।ਸਥਾਨਕ ਵਸਨੀਕਾਂ ਦਾ ਕਹਿਣਾ ਹੈ ਕਿ ਲਗਾਤਾਰ ਸ਼ੋਰ ਕਾਰਨ ਬਜ਼ੁਰਗਾਂ, ਬੱਚਿਆਂ, ਵਿਦਿਆਰਥੀਆਂ ਤੇ ਬਿਮਾਰ ਵਿਅਕਤੀਆਂ ਨੂੰ ਸਭ ਤੋਂ ਵੱਧ ਦਿੱਕਤ ਆ ਰਹੀ ਹੈ। ਵਿਦਿਆਰਥੀਆਂ ਦੀ ਪੜ੍ਹਾਈ ਪ੍ਰਭਾਵਿਤ ਹੋ ਰਹੀ ਹੈ, ਜਦਕਿ ਕਈ ਲੋਕਾਂ ਨੂੰ ਸਿਰਦਰਦ, ਤਣਾਅ ਤੇ ਨੀਂਦ ਨਾ ਆਉਣ ਵਰਗੀਆਂ ਸਮੱਸਿਆਵਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਲੋਕਾਂ ਨੇ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਸ਼ੋਰ ਪ੍ਰਦੂਸ਼ਣ ਸਬੰਧੀ ਨਿਯਮਾਂ ਦੀ ਸਖ਼ਤੀ ਨਾਲ ਪਾਲਣਾ ਕਰਵਾਈ ਜਾਵੇ, ਬੇਲੋੜੇ ਹਾਰਨ ਵਜਾਉਣ ਵਾਲਿਆਂ ਤੇ ਨਿਰਧਾਰਤ ਸਮੇਂ ਤੋਂ ਬਾਅਦ ਉੱਚੀ ਆਵਾਜ਼ ਵਿੱਚ ਡੀਜੇ ਜਾਂ ਲਾਊਡਸਪੀਕਰ ਚਲਾਉਣ ਵਾਲਿਆਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇ।

### ਦੁਕਾਨ 'ਚੋਂ ਸਾਮਾਨ ਚੋਰੀ

**ਜਲਾਲਾਬਾਦ (ਜੀਤ ਕੁਮਾਰ)**-ਥਾਣਾ ਵੈਰੋਕੇ ਦੀ ਪੁਲਸ ਨੇ ਪਿੰਡ ਪੱਕਾ ਕਾਲੇਵਾਲਾ ਵਿਖੇ ਕਰਿਆਨੇ ਦੀ ਦੁਕਾਨ ਵਿੱਚੋਂ ਸਾਮਾਨ ਚੋਰੀ ਕਰਨ ਦੇ ਦੋਸ਼ ਵਿੱਚ ਇਕ ਵਿਅਕਤੀ ਵਿਰੁੱਧ ਮੁਕੱਦਮਾ ਦਰਜ ਕੀਤਾ ਹੈ। ਇਸ ਸਬੰਧੀ ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਮਹਿੰਦਰ ਪਾਲ ਸਿੰਘ ਨੇ ਦੱਸਿਆ ਕਿ ਸ਼ਿਕਾਇਤਕਰਤਾ ਪ੍ਰੇਮ ਚੰਦ ਪੁੱਤਰ ਪ੍ਰਕਾਸ਼ ਸਿੰਘ ਵਾਸੀ ਪੱਕਾ ਕਾਲੇਵਾਲਾ ਵੱਲੋਂ ਇਕ ਦਰਖਾਸਤ ਨੰਬਰ 229 ਲੋਕਲ ਥਾਣਾ ਵੈਰੋਕੇ ਵਿਖੇ 6 ਜੁਲਾਈ 2026 ਨੂੰ ਦਿੱਤੀ ਗਈ ਸੀ ਕਿ ਪਿੰਡ ਵਿੱਚ ਸਥਿਤ ਉਸ ਦੀ ਕਰਿਆਨੇ ਦੀ ਦੁਕਾਨ ਵਿੱਚੋਂ ਯੁਧਵੀਰ ਸਿੰਘ ਉਰਫ ਯੁੱਧੀ ਪੁਤਰ ਹਰਜੀਤ ਸਿੰਘ ਵਾਸੀ ਪੱਕਾ ਕਾਲੇਵਾਲਾ ਨੇ 6 ਜੁਲਾਈ ਨੂੰ ਦੁਪਹਿਰ ਕਰੀਬ 1 ਵਜੇ ਘਰ ਵਿੱਚ ਕੋਈ ਮੌਜੂਦ ਨਹੀਂ ਸੀ ਅਤੇ ਘਰ ਦੇ ਨਾਲ ਬਣੀ ਦੁਕਾਨ ਦਾ ਸ਼ਟਰ ਬੰਦ ਕੀਤਾ ਹੋਇਆ ਸੀ, ਇਸ ਦੌਰਾਨ ਯੁਧਵੀਰ ਸਿੰਘ ਉਰਫ ਯੁਧੀ ਦੁਕਾਨ ਦਾ ਸ਼ਟਰ ਤੋੜ ਕੇ ਅੰਦਰ ਵੜੇ ਤੇ ਗੱਲੇ ਵਿੱਚੋਂ 3 ਹਜ਼ਾਰ ਰੁਪਏ ਤੇ 2 ਵਾਲੀਆਂ (ਰਿੰਗ) ਚੋਰੀ ਕਰਕੇ ਲੈ ਗਿਆ, ਜਿਸ 'ਤੇ ਪੁਲਸ ਨੇ ਸ਼ਿਕਾਇਤਕਰਤਾ ਪ੍ਰੇਮ ਚੰਦ ਦੇ ਬਿਆਨਾਂ ਦੇ ਅਧਾਰ 'ਤੇ ਯੁਧਵੀਰ ਸਿੰਘ ਉਰਫ ਯੁਧੀ ਵਿਰੁੱਧ ਮੁਕੱਦਮਾ ਦਰਜ ਕੀਤਾ ਗਿਆ ਹੈ।

# ਰਾਸ਼ਨ ਡੀਪੂ ਹੋਲਡਰਾਂ ਨੇ ਜ਼ਿਲ੍ਹਾ ਖੁਰਾਕ ਸਪਲਾਈ ਅ.ਫਸਰ ਨੂੰ ਸੌਂਪਿਆ ਮੰਗ ਪੱਤਰ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਰਾਸ਼ਨ ਡੀਪੂ ਹੋਲਡਰ ਫੈਡਰੇਸ਼ਨ (118) ਦੀ ਜ਼ਿਲ੍ਹਾ ਇਕਾਈ ਵੱਲੋਂ ਨਵੇਂ ਨਿਯੁਕਤ ਹੋਏ ਜ਼ਿਲ੍ਹਾ ਖੁਰਾਕ ਸਪਲਾਈ ਅ.ਫਸਰ ਦਲਜੀਤ ਸਿੰਘ ਸੰਧੂ ਨਾਲ ਇੱਕ ਵਿਸ਼ੇਸ਼ ਮੁਲਾਕਾਤ ਕੀਤੀ ਗਈ। ਇਸ ਦੌਰਾਨ ਯੂਨੀਅਨ ਆਗੂਆਂ ਨੇ ਨਵੇਂ ਅਧਿਕਾਰੀ ਦਾ ਸਵਾਗਤ ਕਰਦਿਆਂ ਪੰਜਾਬ ਸਰਕਾਰ ਦੇ ਨਾਂ ਡੀਪੂ ਹੋਲਡਰਾਂ ਦੀਆਂ ਭਖਦੀਆਂ ਮੰਗਾਂ ਤੇ ਮੁਸ਼ਕਲਾਂ ਸਬੰਧੀ ਇੱਕ ਮੰਗ ਪੱਤਰ ਸੌਂਪਿਆ। ਰਾਸ਼ਨ ਡੀਪੂ ਹੋਲਡਰ ਫੈਡਰੇਸ਼ਨ 118 ਦੇ ਪੰਜਾਬ ਪ੍ਰਧਾਨ ਸੁਖਵਿੰਦਰ ਸਿੰਘ ਕਾਂਜਲਾ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਜ਼ਿਲ੍ਹਾ ਪ੍ਰਧਾਨ ਰਜਿੰਦਰ ਸਿੰਘ ਫੁੱਲਰਵਨ ਦੀ ਅਗਵਾਈ ਵਿੱਚ ਇੱਕ ਉੱਚ ਪੱਧਰੀ ਵਫ਼ਦ ਜ਼ਿਲ੍ਹਾ ਖੁਰਾਕ ਸਪਲਾਈ ਦਫ਼ਤਰ ਪਹੁੰਚਿਆ। ਵਫ਼ਦ ਨੇ ਨਵੇਂ ਆਏ ਜ਼ਿਲ੍ਹਾ ਖੁਰਾਕ ਸਪਲਾਈ ਅ.ਫਸਰ ਡੀ.ਐੱਫ.ਐੱਸ.ਓ. ਦਲਜੀਤ ਸਿੰਘ ਸੰਧੂ ਨੂੰ ਫ਼ਿਰੋਜ਼ਪੁਰ ਜ਼ਿਲ੍ਹੇ ਦਾ ਕਾਰਜਭਾਰ ਸੰਭਾਲਣ 'ਤੇ ਨਿੱਘੀ ਮੁਬਾਰਕਬਾਦ ਦਿੱਤੀ ਤੇ ਗੁਲਦਸਤਾ ਭੇਟ ਕਰਕੇ ਉਨ੍ਹਾਂ ਦਾ ਸਵਾਗਤ ਕੀਤਾ। ਇਸ ਮੁਲਾਕਾਤ ਦੌਰਾਨ ਯੂਨੀਅਨ ਵੱਲੋਂ ਪੰਜਾਬ ਸਰਕਾਰ ਨੂੰ ਭੇਜਣ ਲਈ ਇੱਕ ਵਿਸਥਾਰਤ ਮੰਗ ਪੱਤਰ ਡੀ.ਐੱਫ.ਐੱਸ.ਓ. ਨੂੰ ਸੌਂਪਿਆ ਗਿਆ, ਜਿਸ ਵਿੱਚ ਡੀਪੂ ਹੋਲਡਰਾਂ ਨੂੰ ਦਰਪੇਸ਼ ਗੰਭੀਰ ਸਮੱਸਿਆਵਾਂ ਦਾ ਜ਼ਿਕਰ ਕੀਤਾ ਗਿਆ। ਯੂਨੀਅਨ ਆਗੂਆਂ ਨੇ ਮੰਗ ਕੀਤੀ ਕਿ ਰਾਸ਼ਨ ਡੀਪੂ ਹੋਲਡਰਾਂ ਦੀ ਆਰਥਿਕ ਹਾਲਤ ਨੂੰ ਸੁਧਾਰਨ ਲਈ ਉਨ੍ਹਾਂ ਨੂੰ ਮਾਰਕਫੈੱਡ ਸੰਸਥਾ ਦੀ ਤਰਜ਼ 'ਤੇ ਪੱਕੀ ਮਹੀਨਾਵਾਰ ਤਨਖਾਹ ਦਿੱਤੀ ਜਾਵੇ। ਇਸ ਤੋਂ ਇਲਾਵਾ, ਅਨਾਜ ਦੀ ਲੋਡਿੰਗ ਤੇ ਅਨਲੋਡਿੰਗ (ਚੜ੍ਹਾਈ ਤੇ ਲਹਾਈ) ਦਾ ਸਾਰਾ ਕੰਮ ਤੇ ਉਸ ਦਾ ਬਣਦਾ ਮਿਹਨਤਾਨਾ ਸਿੱਧਾ ਡੀਪੂ ਹੋਲਡਰਾਂ ਨੂੰ ਸੌਂਪਿਆ ਜਾਵੇ ਤਾਂ ਜੋ ਉਨ੍ਹਾਂ ਦਾ ਸ਼ੋਸ਼ਣ ਬੰਦ ਹੋ ਸਕੇ। ਮੰਗ ਪੱਤਰ ਵਿੱਚ ਇਸ ਗੱਲ 'ਤੇ ਵੀ ਸਖ਼ਤ ਇਤਰਾਜ਼ ਜਤਾਇਆ ਗਿਆ ਕਿ ਡੀਪੂ ਹੋਲਡਰਾਂ ਦੇ ਰੋਜ਼ਾਨਾ ਦੇ ਕੰਮਕਾਜ ਵਿੱਚ ਬੇਲੋੜੀ ਸਿਆਸੀ ਦਖ਼ਲਅੰਦਾਜ਼ੀ ਵਧ ਰਹੀ ਹੈ, ਜਿਸ ਨੂੰ ਤੁਰੰਤ ਬੰਦ ਕੀਤਾ ਜਾਣਾ ਚਾਹੀਦਾ ਹੈ। ਇਸ ਦੇ ਨਾਲ ਹੀ, ਗਰੀਬ ਵਰਗ ਨੂੰ ਰਾਸ਼ਨ ਦੀ ਵੰਡ ਪ੍ਰਕਿਰਿਆ ਨੂੰ ਸੌਖਾ ਬਣਾਉਣ ਲਈ, ਪਹਿਲਾਂ ਦੀ ਤਰ੍ਹਾਂ ਇੱਕੋ ਪਰਚੀ 'ਤੇ ਰਾਸ਼ਨ ਦੇਣ ਦੀ ਪ੍ਰਣਾਲੀ ਨੂੰ ਮੁੜ ਬਹਾਲ ਕਰਨ ਦੀ ਵਕਾਲਤ ਕੀਤੀ ਗਈ। ਜ਼ਿਲ੍ਹਾ ਖੁਰਾਕ ਸਪਲਾਈ ਅਫ਼ਸਰ ਦਲਜੀਤ ਸਿੰਘ ਸੰਧੂ ਨੇ ਡੀਪੂ ਹੋਲਡਰ ਯੂਨੀਅਨ ਦੀਆਂ ਸਾਰੀਆਂ ਗੱਲਾਂ ਨੂੰ ਬਹੁਤ ਹੀ ਸੁਹਿਰਦਤਾ ਤੇ ਹਮਦਰਦੀ ਨਾਲ ਸੁਣਿਆ। ਉਨ੍ਹਾਂ ਆਗੂਆਂ ਨੂੰ ਵਿਸ਼ਵਾਸ ਦਿਵਾਇਆ ਕਿ ਉਨ੍ਹਾਂ ਦੀਆਂ ਇਹ ਸਾਰੀਆਂ ਵਾਜਬ ਮੰਗਾਂ ਉੱਚ ਅਧਿਕਾਰੀਆਂ ਤੇ ਪੰਜਾਬ ਸਰਕਾਰ ਅੱਗੇ ਰੱਖੀਆਂ ਜਾਣਗੀਆਂ ਤਾਂ ਜੋ ਇਨ੍ਹਾਂ ਦਾ ਜਲਦੀ ਤੋਂ ਜਲਦੀ ਕੋਈ ਸਾਰਥਕ ਹੱਲ ਕਢਵਾਇਆ ਜਾ ਸਕੇ। ਇਸ ਅਹਿਮ ਬੈਠਕ ਦੌਰਾਨ ਸਰਕਾਰੀ ਵਿਭਾਗ ਵੱਲੋਂ ਏ. ਐੱਫ.ਐੱਸ.ਓ. ਸੋਨਾ ਸਿੰਘ, ਇੰਸਪੈਕਟਰ ਪਵਨ ਕੁਮਾਰ, ਅੰਕਿਤ ਬੱਤਾ ਤੇ ਗਗਨਦੀਪ ਸਿੰਘ ਭੁੱਲਰ ਵਿਸ਼ੇਸ਼ ਤੌਰ 'ਤੇ ਮੌਜੂਦ ਸਨ।

# ਗੁੰਡਾ ਅਨਸਰਾਂ ਵੱਲੋਂ ਮੇਰੀ ਕਿਰਦਾਰ-ਕੁਸ਼ੀ ਦੀ ਕੋਸ਼ਿਸ਼ : ਡਾ. ਸੁਰਜੀਤ ਸਿੰਘ



**ਸਮਰਾਲਾ (ਸੁਰਜੀਤ ਸਿੰਘ)**-ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਪੰਜਾਬੀ ਵਿਭਾਗ ਦੇ ਸੀਨੀਅਰ ਪ੍ਰੋਫੈਸਰ ਡਾ. ਸੁਰਜੀਤ ਸਿੰਘ ਵੱਲੋਂ ਮੀਡੀਆ ਨੂੰ ਜਾਰੀ ਇੱਕ ਬਿਆਨ ਵਿੱਚ ਕਿਹਾ ਗਿਆ ਹੈ ਕਿ ਕੁੱਝ ਗੁੰਡਾ ਅਨਸਰਾਂ ਵੱਲੋਂ ਝੂਠੇ ਤੇ ਬੇਬੁਨਿਆਦ ਇਲਜ਼ਾਮ ਲਗਾ ਕੇ ਉਨ੍ਹਾਂ ਦੀ ਕਿਰਦਾਰ-ਕੁਸ਼ੀ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਮੀਡੀਆ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਦੱਸਿਆ ਕਿ ਯੂਨੀਵਰਸਿਟੀ ਵੱਲੋਂ ਉਨ੍ਹਾਂ ਦੀ ਸੀਨੀਅਰਤਾ ਤੇ ਤਜਰਬੇ ਨੂੰ ਧਿਆਨ ਵਿੱਚ ਰੱਖਦਿਆਂ ਉਨ੍ਹਾਂ ਨੂੰ 'ਡੀਨ ਭਾਸ਼ਾਵਾਂ' ਦੇ ਅਹੁਦੇ ਦੀ ਜ਼ਿੰਮੇਵਾਰੀ ਸੌਂਪੀ ਗਈ ਹੈ। ਉਨ੍ਹਾਂ ਦੋਸ਼ ਲਾਇਆ ਕਿ ਅਹੁਦਾ ਸੰਭਾਲਣ ਤੋਂ ਬਾਅਦ ਕੁਝ ਗੁੰਡਾ ਅਨਸਰਾਂ ਵੱਲੋਂ ਉਨ੍ਹਾਂ ਨੂੰ ਲਗਾਤਾਰ ਟ੍ਰੋਲ ਕੀਤਾ ਜਾ ਰਿਹਾ ਹੈ ਅਤੇ ਝੂਠੇ ਤੇ ਬੇਬੁਨਿਆਦ ਇਲਜ਼ਾਮ ਲਗਾ ਕੇ ਉਨ੍ਹਾਂ ਦੀ ਕਿਰਦਾਰ-ਕੁਸ਼ੀ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ।ਡਾ. ਸੁਰਜੀਤ ਸਿੰਘ ਨੇ ਦੱਸਿਆ ਕਿ ਅਸਲ ਵਿੱਚ ਇਹ ਸਾਰਾ ਮਾਮਲਾ ਪੌਣੇ ਤਿੰਨ ਸਾਲ ਪੁਰਾਣਾ ਹੈ, ਜਦੋਂ ਪੰਜਾਬੀ ਯੂਨੀਵਰਸਿਟੀ ਕੈਂਪਸ ਵਿਖੇ ਭੀੜ ਇਕੱਠੀ ਕਰਕੇ ਕੁਝ ਗੁੰਡਾ ਅਨਸਰਾਂ ਵੱਲੋਂ ਉਨ੍ਹਾਂ ਉੱਤੇ ਜਾਨਲੇਵਾ ਹਮਲਾ ਕੀਤਾ ਗਿਆ ਸੀ।ਇਸ ਹਮਲੇ ਨੂੰ ਜਾਇਜ਼ ਠਹਿਰਾਉਣ ਲਈ ਕਈ ਤਰ੍ਹਾਂ ਦੀਆਂ ਅਫ਼ਵਾਹਾਂ ਫੈਲਾਈਆਂ ਗਈਆਂ ਸਨ।ਉਨ੍ਹਾਂ ਦੱਸਿਆ ਕਿ ਸੋਸ਼ਲ ਮੀਡੀਆ ਉੱਤੇ ਕੁਝ ਵਿਅਕਤੀਆਂ ਤੇ ਫਰਜ਼ੀ ਆਈਡੀਆਂ ਰਾਹੀਂ ਲਗਾਤਾਰ ਪ੍ਰਚਾਰ ਕਰਕੇ ਉਨ੍ਹਾਂ ਨੂੰ 'ਕਾਤਲ' ਵਰਗੇ ਗੰਭੀਰ ਦੋਸ਼ਾਂ ਨਾਲ ਨਿਵਾਜਿਆ ਜਾ ਰਿਹਾ ਹੈ।ਉਨ੍ਹਾਂ ਇਸ ਸਬੰਧੀ ਸਾਈਬਰਕ੍ਰਾਈਮ ਵਿਭਾਗ ਨੂੰ ਰਿਪੋਰਟ ਕਰ ਦਿੱਤੀ ਹੈ ਤੇ ਦੋਸ਼ੀਆਂ ਨੂੰ ਜਲਦ ਹੀ ਮਾਨਹਾਨੀ ਦਾ ਨੋਟਿਸ ਭੇਜਿਆ ਜਾਵੇਗਾ।ਉਨ੍ਹਾਂ ਮੰਗ ਕੀਤੀ ਕਿ ਯੂਨੀਵਰਸਿਟੀ ਪ੍ਰਸ਼ਾਸਨ ਅਜਿਹੇ ਗੁੰਡਾ ਅਨਸਰਾਂ ਨੂੰ ਨੱਥ ਪਾਵੇ ਤੇ ਆਪਣੇ ਸੀਨੀਅਰ ਅਧਿਆਪਕ ਦੀ ਸਾਖ ਨੂੰ ਬਚਾਉਣ ਲਈ ਠੋਸ ਯਤਨ ਕਰੇ।ਨਾਲ ਹੀ, ਉਨ੍ਹਾਂ ਪੁਲਸ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਦੋਸ਼ੀਆਂ ਵਿਰੁੱਧ ਸਖ਼ਤ ਕਾਰਵਾਈ ਕਰਦਿਆਂ ਉਨ੍ਹਾਂ ਨੂੰ ਤੁਰੰਤ ਗ੍ਰਿਫ਼ਤਾਰ ਕੀਤਾ ਜਾਵੇ।

# ਪ੍ਰਸ਼ਾਸਨ ਤੇ ਪਰਵਾਰ ਵਿਚਕਾਰ ਸਮਝੌਤੇ ਮਗਰੋਂ ਮ੍ਰਿਤਕ ਦਾ ਸਸਕਾਰ

## ਲੁਧਿਆਣਾ ਦੇ ਜੇਲ੍ਹ ਸਟਾਫ ਤੇ ਏ ਐੱਸ ਆਈ ਖ਼ਿਲਾ.ਫ ਕੇਸ ਦਰਜ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**

ਲੁਧਿਆਣਾ ਦੀ ਜੇਲ੍ਹ ਵਿੱਚ ਬੰਦ ਪਿੰਡ ਸ਼ੁਤਰਾਣਾ ਦੇ ਗੁਰਸਿੱਖ ਨੌਜਵਾਨ ਦੀ ਭੇਦ ਭਰੀ ਹਾਲਤ ਵਿੱਚ ਹੋਈ ਮੌਤ ਦੇ ਮਾਮਲੇ ਵਿੱਚ ਕਥਿਤ ਦੋਸ਼ੀਆਂ ਵਿਰੁੱਧ ਕਾਰਵਾਈ ਦੀ ਮੰਗ ਨੂੰ ਲੈ ਕੇ ਪਰਿਵਾਰਕ ਮੈਂਬਰਾਂ ਤੇ ਪਿੰਡ ਵਾਸੀਆਂ ਵੱਲੋਂ ਦਿੱਲੀ-ਸੰਗਰੂਰ ਕੌਮੀ ਮੁੱਖ ਮਾਰਗ ਉੱਤੇ ਪਿੰਡ ਗੋਬਿੰਦਪੁਰਾ ਪੈਂਦ ਦੇ ਬੱਸ ਸਟੈਂਡ ਉੱਤੇ ਲਾਸ਼ ਰੱਖ ਕੇ ਦਿੱਤੇ ਜਾ ਰਹੇ ਧਰਨੇ ਦੇ ਮਾਮਲੇ ਵਿੱਚ ਪੀੜਤ ਪਰਵਾਰ ਜਨਤਕ ਜਥੇਬੰਦੀਆਂ ਤੇ ਪ੍ਰਸ਼ਾਸਨ ਵਿਚਕਾਰ ਆਖਰ ਸਮਝੌਤਾ ਹੋ ਜਾਣ ਮਗਰੋਂ ਸੋਮਵਾਰ ਦੇਰ ਸ਼ਾਮ ਆਵਾਜਾਈ ਬਹਾਲ ਹੋ ਗਈ।

ਨੈਸ਼ਨਲ ਹਾਈਵੇ ਤੇ ਆਵਾਜਾਈ ਬਹਾਲ ਹੋਣ ਨਾਲ ਪ੍ਰਸ਼ਾਸਨ ਨੂੰ ਜਿੱਥੇ ਸੁੱਖ ਦਾ ਸਾਹ ਆਇਆ। ਐੱਸ ਡੀ ਐੱਮ ਪਾਤੜਾਂ ਕਾਲਾ ਰਾਮ ਕਾਂਸਲ ਤੇ ਡੀਐੱਸਪੀ ਪਾਤੜਾਂ ਗੁਰਦੀਪ ਸਿੰਘ ਸੰਧੂ ਨੇ ਧਰਨਾ ਸਥਾਨ ਉਤੇ ਪਹੁੰਚ ਕੇ ਰੋਸ ਪ੍ਰਦਰਸ਼ਨ ਦੀ ਅਗਵਾਈ ਕਰ ਰਹੇ ਆਗੂਆਂ ਤੇ ਪਰਿਵਾਰਕ ਮੈਂਬਰਾਂ ਨੂੰ ਬਿਆਨਾਂ ਦੇ ਆਧਾਰ ਉੱਤੇ ਕਥਿਤ ਦੋਸ਼ੀਆਂ ਵਿਰੁੱਧ ਐੱਫਆਈਆਰ ਦਰਜ ਕਰਨ ਤੇ ਮ੍ਰਿਤਕ ਦੇ ਵਾਰਸਾਂ ਨੂੰ ਤਿੰਨ ਲੱਖ ਰੁਪਏ ਦੀ ਵਿੱਤੀ ਸਹਾਇਤਾ ਦੇਣ ਦੇ ਦਿੱਤੇ ਗਏ ਭਰੋਸੇ ਉਪਰੰਤ ਬੀਤੀ ਦੇਰ ਸ਼ਾਮ ਪਰਿਵਾਰਕ ਮੈਂਬਰਾਂ ਤੇ ਰਿਸ਼ਤੇਦਾਰਾਂ ਵੱਲੋਂ ਜਨਤਕ ਜਥੇਬੰਦੀਆਂ ਦੇ ਆਗੂਆਂ ਦੀ ਹਾਜ਼ਰੀ ਵਿੱਚ ਮ੍ਰਿਤਕ ਦੀ ਲਾਸ਼ ਦਾ ਅੰਤਿਮ ਸੰਸਕਾਰ ਕਰ ਦਿੱਤਾ ਗਿਆ।ਜਾਣਕਾਰੀ ਦਿੰਦਿਆਂ ਰੋਸ ਪ੍ਰਦਰਸ਼ਨ ਦੀ ਅਗਵਾਈ ਕਰ ਰਹੇ ਸਮਾਜ ਸੇਵੀ ਆਗੂ ਪਲਵਿੰਦਰ ਕੌਰ ਹਰਿਆਉ, ਸਰਪੰਚ ਸੁਰੇਸ਼ ਕੁਮਾਰ ਸ਼ੁਤਰਾਣਾ, ਭਾਰਤੀ ਕਿਸਾਨ ਯੂਨੀਅਨ ਏਕਤਾ ਸਿੱਧੂਪੁਰ ਦੇ ਬਲਾਕ ਪ੍ਰਧਾਨ ਸੁਖਵਿੰਦਰ ਸਿੰਘ, ਦਰਸ਼ਨ ਸਿੰਘ ਮੈਣ ਤੇ ਕਾਂਗਰਸ ਦੇ ਜ਼ਿਲ੍ਹਾ ਮੀਤ ਪ੍ਰਧਾਨ ਅਮਰਜੀਤ ਸਿੰਘ ਘੱਗਾ ਨੇ ਦੱਸਿਆ ਕਿ ਗਰੀਬ ਪਰਵਾਰ ਨਾਲ ਸੰਬੰਧਤ ਨੌਜਵਾਨ ਦੀ ਨਜਾਇਜ਼ ਕੁੱਟਮਾਰ ਕਰਨ ਕਰਕੇ ਉਸ ਦੀ ਮੌਤ ਹੋਈ ਹੈ।ਮਾਮਲੇ ਸਬੰਧੀ ਅਣਗਹਿਲੀ ਵਰਤਣ ਵਾਲੇ ਜੇਲ੍ਹ ਸਟਾਫ ਲੁਧਿਆਣਾ, ਨੌਜਵਾਨ ਨੂੰ ਗ੍ਰਿਫਤਾਰ ਕਰਨ ਵਾਲੇ ਏਐੱਸਆਈ ਗੁਰਮੀਤ ਸਿੰਘ ਤੇ ਸੰਬੰਧਤ ਲੜਕੀ ਦੇ ਪਰਿਵਾਰਕ ਮੈਂਬਰਾਂ ਖਿਲਾਫ ਐੱਫਆਈਆਰ ਦਰਜ ਕੀਤੇ ਜਾਣ ਮਗਰੋਂ ਮ੍ਰਿਤਕ ਨੌਜਵਾਨ ਦਾ ਅੰਤਿਮ ਸੰਸਕਾਰ ਕੀਤਾ ਗਿਆ ਹੈ। ਉਨ੍ਹਾਂ ਪ੍ਰਸ਼ਾਸਨ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਪਰਿਵਾਰਕ ਮੈਂਬਰਾਂ ਤੇ ਜਨਤਕ ਜਥੇਬੰਦੀਆਂ ਨਾਲ ਕੀਤੇ ਗਏ ਸਮਝੌਤੇ ਨੂੰ ਇੰਨ ਬਿੰਨ ਲਾਗੂ ਨਾ ਕੀਤਾ ਗਿਆ ਤਾਂ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ।

# ਨਗਰ ਕੌਂਸਲ ਦੀ ਮਾੜੀ ਕਾਰਗੁਜ਼ਾਰੀ ਕਾਰਨ ਲੋਕਾਂ ਦਾ ਜਿਊਣਾ ਹੋਇਆ ਮੁਹਾਲ

## ਬਰਸਾਤ ਮਗਰੋਂ ਵਿਕਾਸ ਤੇ ਸ.ਫਾਈ ਪ੍ਰਬੰਧਾਂ ਦੀ ਖੁੱਲ੍ਹੀ ਪੋਲ



**ਸਨੌਰ (ਰਾਜਿੰਦਰ ਸਿੰਘ ਥਿੰਦ)**

ਨਗਰ ਕੌਂਸਲ ਸਨੌਰ ਦੀ ਮਾੜੀ ਕਾਰਗੁਜ਼ਾਰੀ ਕਾਰਨ ਸ਼ਹਿਰ ਵਾਸੀਆਂ ਦਾ ਜਿਊਣਾ ਮੁਹਾਲ ਹੋ ਗਿਆ ਹੈ। ਸ਼ਹਿਰ ਵਾਸੀ ਨਗਰ ਕੌਂਸਲ ਸਨੌਰ ਵੱਲੋਂ ਕਰਵਾਏ ਜਾ ਰਹੇ ਵਿਕਾਸ ਕਾਰਜਾਂ 'ਤੇ ਜਿੱਥੇ ਪ੍ਰਸ਼ਨ ਚਿੰਨ੍ਹ ਲਗਾ ਰਹੇ ਹਨ, ਉਥੇ ਬੀਤੇ ਦਿਨੀਂ ਸਨੌਰ 'ਚ ਹੋਈ ਸਿਰਫ 2 ਘੰਟਿਆਂ ਦੀ ਬਾਰਸ਼ ਨੇ ਸ਼ਹਿਰ ਦੇ ਵਿਕਾਸ ਤੇ ਸਫ਼ਾਈ ਪ੍ਰਬੰਧਾਂ ਦੀ ਅਸਲ ਤਸਵੀਰ ਜੱਗ ਜ਼ਾਹਰ ਕਰ ਦਿੱਤੀ ਹੈ।ਬਾਰਸ਼ ਤੋਂ ਬਾਅਦ ਸ਼ਹਿਰ ਦੀਆਂ ਮੁੱਖ ਸੜਕਾਂ, ਗਲੀਆਂ ਤੇ ਚੌਰਾਹੇ ਪਾਣੀ ਨਾਲ ਲਬਾਲਬ ਹੋ ਗਏ।ਕਈ ਥਾਵਾਂ 'ਤੇ ਟੁੱਟੀਆਂ ਸੜਕਾਂ 'ਚ ਗੋਡੇ-ਗੋਡੇ ਤੱਕ ਪਾਣੀ ਭਰ ਗਿਆ, ਜਿਸ ਕਾਰਨ ਆਵਾਜਾਈ ਬੁਰੀ ਤਰ੍ਹਾਂ ਪ੍ਰਭਾਵਿਤ ਹੋਈ। ਬਾਰਸ਼ ਦਾ ਪਾਣੀ ਜਦੋਂ ਟੁੱਟੀਆਂ ਸੜਕਾਂ ਤੇ ਬੰਦ ਪਏ ਸੀਵਰੇਜ ਅੰਦਰ ਗਿਆ ਤਾਂ ਗੰਦਗੀ ਸੜਕਾਂ 'ਤੇ ਤੈਰਦੀ ਨਜ਼ਰ ਆਈ।ਕਈ ਇਲਾਕਿਆਂ 'ਚ ਗੰਦੇ ਪਾਣੀ ਦੀ ਬਦਬੂ ਕਾਰਨ ਲੋਕਾਂ ਨੂੰ ਘਰਾਂ 'ਚੋਂ ਬਾਹਰ ਨਿਕਲਣਾ ਵੀ ਔਖਾ ਹੋ ਗਿਆ।ਨਿਕਾਸੀ ਦੇ ਢੁੱਕਵੇਂ ਪ੍ਰਬੰਧ ਨਾ ਹੋਣ ਕਾਰਨ ਬਾਰਸ਼ ਦਾ ਪਾਣੀ ਘੰਟਿਆਂ ਤੱਕ ਸੜਕਾਂ 'ਤੇ ਖੜ੍ਹਾ ਨਜ਼ਰ ਆਇਆ ਤੇ ਲੋਕ ਪ੍ਰੇਸ਼ਾਨੀਆਂ ਨਾਲ ਦੋ-ਚਾਰ ਹੁੰਦੇ ਨਜ਼ਰ ਆਏ।ਇਲਾਕਾ ਵਾਸੀਆਂ ਨੇ ਦੱਸਿਆ ਕਿ ਸਨੌਰ 'ਚ ਇਹ ਸਮੱਸਿਆ ਹਰ ਬਾਰਸ਼ ਦੌਰਾਨ ਸਾਹਮਣੇ ਆਉਂਦੀ ਹੈ।ਇਸ ਦੇ ਬਾਵਜੂਦ ਨਾ ਤਾਂ ਟੁੱਟੀਆਂ ਸੜਕਾਂ ਦੀ ਸਮੇਂ ਸਿਰ ਮੁਰੰਮਤ ਕੀਤੀ ਜਾਂਦੀ ਹੈ ਤੇ ਨਾ ਹੀ ਸੀਵਰੇਜ ਤੇ ਡਰੇਨੇਜ ਪ੍ਰਬੰਧਾਂ 'ਚ ਕੋਈ ਸੁਧਾਰ ਕੀਤਾ ਜਾਂਦਾ ਹੈ।ਪਾਣੀ ਨਾਲ ਭਰੇ ਡੂੰਘੇ ਖੱਡਿਆਂ ਕਾਰਨ ਦੋਪਹੀਆ ਵਾਹਨ ਚਾਲਕਾਂ ਤੇ ਪੈਦਲ ਲੰਘਣ ਵਾਲਿਆਂ ਨੂੰ ਕਾਫ਼ੀ ਦਿੱਕਤਾਂ ਦਾ ਸਾਹਮਣਾ ਕਰਨਾ ਪਿਆ, ਜਦਕਿ ਕਈ ਥਾਵਾਂ 'ਤੇ ਲੋਕ ਫਿਸਲਣ ਤੇ ਹਾਦਸਿਆਂ ਦਾ ਸ਼ਿਕਾਰ ਵੀ ਹੁੰਦੇ ਰਹੇ।

ਸ਼ਹਿਰ ਦੇ ਦੁਕਾਨਦਾਰਾਂ ਦਾ ਕਹਿਣਾ ਹੈ ਕਿ ਸੜਕਾਂ 'ਤੇ ਪਾਣੀ ਖੜ੍ਹਨ ਕਾਰਨ ਕਾਰੋਬਾਰ 'ਤੇ ਵੀ ਅਸਰ ਪਿਆ ਹੈ।ਲੋਕਾਂ ਨੇ ਦੋਸ਼ ਲਾਇਆ ਕਿ ਸਬੰਧਤ ਵਿਭਾਗ ਤੇ ਪ੍ਰਸ਼ਾਸਨ ਨੂੰ ਕਈ ਵਾਰ ਸਮੱਸਿਆਵਾਂ ਬਾਰੇ ਜਾਣੂ ਕਰਵਾਇਆ ਗਿਆ, ਪਰ ਅਜੇ ਤੱਕ ਕੋਈ ਪੱਕਾ ਹੱਲ ਨਹੀਂ ਕੀਤਾ ਗਿਆ।ਸ਼ਹਿਰ ਵਾਸੀਆਂ ਨੇ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਟੁੱਟੀਆਂ ਸੜਕਾਂ ਦੀ ਤੁਰੰਤ ਮੁਰੰਮਤ ਕਰਵਾਈ ਜਾਵੇ, ਸੀਵਰੇਜ ਤੇ ਡਰੇਨੇਜ ਪ੍ਰਣਾਲੀ ਨੂੰ ਦਰੁਸਤ ਕੀਤਾ ਜਾਵੇ।

# ਨੌਜਵਾਨ ਦੀ ਲਾਸ਼ ਪੁਲ 'ਤੇ ਲਟਕਦੀ ਮਿਲੀ



**ਜਲਾਲਾਬਾਦ (ਜੀਤ ਕੁਮਾਰ)**-ਮੰਗਲਵਾਰ ਤੜਕੇ ਘੁਬਾਇਆ ਤੇ ਭੰਬਾ ਵੱਟੂ (ਫਾਜ਼ਿਲਕਾ ਰੋਡ) 'ਤੇ ਸਥਿਤ ਇਕ ਨਹਿਰ ਦੇ ਪੁਲ 'ਤੇ ਭੇਦਭਰੀ ਹਲਾਤ ਵਿੱਚ ਇਕ ਨੌਜਵਾਨ ਦੀ ਲਟਕਦੀ ਲਾਸ਼ ਮਿਲੀ ਹੈ। ਜਿਵੇਂ ਹੀ ਪੁਲਸ ਨੂੰ ਇਸ ਦੀ ਜਾਣਕਾਰੀ ਬਾਰੇ ਪਤਾ ਲੱਗਾ ਤਾਂ ਘੁਬਾਇਆ ਚੌਕੀ ਦੇ ਇੰਚਾਰਜ ਅਭਿਸ਼ੇਕ ਸ਼ਰਮਾ ਆਪਣੀ ਟੀਮ ਨਾਲ ਘਟਨਾ ਸਥਾਨ 'ਤੇ ਪੁੱਜੇ ਤੇ ਲਾਸ਼ ਨੂੰ ਆਪਣੇ ਕਬਜ਼ੇ ਵਿੱਚ ਲੈ ਲਿਆ ਅਤੇ ਬਾਰੀਕੀ ਨਾਲ ਜਾਂਚ ਸ਼ੁਰੂ ਕਰ ਦਿੱਤੀ।

ਇਸ ਮੌਕੇ ਮੌਜੂਦ ਲੋਕਾਂ ਦਾ ਕਹਿਣਾ ਹੈ ਕਿ ਇਹ ਘਟਨਾ ਤੜਕੇ ਵੇਲੇ ਦੀ ਦੱਸੀ ਜਾ ਰਹੀ ਹੈ ਤੇ ਮ੍ਰਿਤਕ ਬੂਟਾ ਸਿੰਘ (22), ਜੋ ਕਿ ਫਲੈਕਸ ਬਣਾਉਣ ਦਾ ਕੰਮ ਕਰਦਾ ਸੀ ਤੇ ਘੁਬਾਇਆ ਨੇੜੇ ਢਾਣੀ ਦਾ ਰਹਿਣ ਵਾਲਾ ਸੀ। ਪੁਲਸ ਦਾ ਕਹਿਣਾ ਹੈ ਕਿ ਲਾਸ਼ ਦਾ ਪੋਸਟਮਾਰਟਮ ਕਰਵਾਇਆ ਜਾ ਰਿਹਾ ਹੈ। ਜਿਵੇਂ ਵੀ ਰਿਪੋਰਟ ਆਏਗੀ, ਉਸ ਮੁਤਾਬਿਕ ਹੀ ਅਗਲੀ ਕਾਰਵਾਈ ਕੀਤੀ ਜਾਵੇਗੀ। ਫਿਲਹਾਲ 174 ਅਧੀਨ ਕਾਰਵਾਈ ਕੀਤੀ ਗਈ ਹੈ।

# ਭਲਕ ਤੋਂ ਲੱਗਣਗੇ ਡੀ ਸੀ ਦਫਤਰਾਂ ਨੂੰ ਤਾਲੇ, ਕਾਮੇ ਪਏ ਸੰਘਰਸ਼ ਦੇ ਰਾਹ



**ਮਾਲੇਰਕੋਟਲਾ (ਅਸਗਰ ਪਰਿਹਾਰ)**

ਡੀ.ਸੀ. ਦਫਤਰ ਕਰਮਚਾਰੀ ਯੂਨੀਅਨ ਦੀ ਸੂਬਾ ਪੱਧਰੀ ਮੀਟਿੰਗ ਸੂਬਾ ਪ੍ਰਧਾਨ ਤੇਜਿੰਦਰ ਸਿੰਘ ਨੰਗਲ ਤੇ ਸੂਬਾ ਸਕੱਤਰ ਨਰਿੰਦਰ ਸਿੰਘ ਚੀਮਾ ਦੀ ਅਗਵਾਈ ਵਿੱਚ ਹੋਈ।ਮੀਟਿੰਗ ਵਿੱਚ ਪੰਜਾਬ ਭਰ ਦੇ ਸੂਬਾ ਆਗੂਆਂ, ਜ਼ਿਲ੍ਹਾ ਪ੍ਰਧਾਨਾਂ ਤੇ ਜਨਰਲ ਸਕੱਤਰਾਂ ਨੇ ਵੱਡੀ ਗਿਣਤੀ ਵਿੱਚ ਭਾਗ ਲਿਆ ਅਤੇ ਸਰਕਾਰ ਦੇ ਮੁਲਾਜ਼ਮ ਵਿਰੋਧੀ ਵਤੀਰੇ ਖ਼ਿਲਾਫ਼ ਤਿੱਖੇ ਰੋਸ ਦਾ ਪ੍ਰਗਟਾਵਾ ਕੀਤਾ।ਸੂਬਾ ਪ੍ਰਧਾਨ ਤੇਜਿੰਦਰ ਸਿੰਘ ਨੰਗਲ ਤੇ ਸੂਬਾ ਸਕੱਤਰ ਨਰਿੰਦਰ ਸਿੰਘ ਚੀਮਾ ਨੇ ਦੱਸਿਆ ਕਿ ਮੁਲਾਜ਼ਮਾਂ ਦੀਆਂ ਹੱਕੀ ਮੰਗਾਂ ਨੂੰ ਲੈ ਕੇ ਵਿੱਤੀ ਕਮਿਸ਼ਨਰ (ਮਾਲ) ਨਾਲ 7 ਮਈ ਤੇ ਉਸ ਤੋਂ ਬਾਅਦ ਮਾਲ ਮੰਤਰੀ ਪੰਜਾਬ ਨਾਲ 30 ਜੂਨ 2026 ਨੂੰ ਮੀਟਿੰਗਾਂ ਹੋਈਆਂ ਸਨ, ਪਰ ਅਫ਼ਸੋਸ ਕਿ ਸਰਕਾਰ ਵੱਲੋਂ ਇਨ੍ਹਾਂ ਮੀਟਿੰਗਾਂ ਵਿੱਚ ਕਿਸੇ ਵੀ ਮੰਗ ਦੀ ਪੂਰਤੀ ਨਹੀਂ ਕੀਤੀ ਗਈ। ਸਰਕਾਰ ਦੇ ਇਸ ਟਾਲ-ਮਟੋਲ ਵਾਲੇ ਰਵੱਈਏ ਤੋਂ ਖ਼ਫ਼ਾ ਹੋ ਕੇ ਸਮੂਹ ਲੀਡਰਸ਼ਿਪ ਦੀ ਸਹਿਮਤੀ ਨਾਲ 9 ਜੁਲਾਈ ਤੋਂ 12 ਜੁਲਾਈ 2026 ਤੱਕ ਪੂਰੇ ਪੰਜਾਬ ਵਿੱਚ ਕਲਮਛੋੜ ਅਤੇ ਕੰਪਿਊਟਰ ਬੰਦ ਹੜਤਾਲ ਕਰਨ ਦਾ ਐਲਾਨ ਕੀਤਾ ਗਿਆ ਹੈ, ਜਿਸ ਸਬੰਧੀ ਸਰਕਾਰ ਨੂੰ ਨੋਟਿਸ ਭੇਜ ਦਿੱਤਾ ਗਿਆ ਹੈ।

ਕ੍ਰਮਚਾਰੀ ਆਗੂਆਂ ਨੇ ਸਰਕਾਰ ਕੋਲੋਂ ਲੰਬੇ ਸਮੇਂ ਤੋਂ ਲਟਕਦੀਆਂ ਮੰਗਾਂ ਨੂੰ ਤੁਰੰਤ ਪੂਰਾ ਕਰਨ ਦੀ ਮੰਗ ਕੀਤੀ, ਜਿਵੇਂ ਡੀ.ਸੀ. ਦਫ਼ਤਰਾਂ ਵਿੱਚ ਸੀਨੀਅਰ ਸਹਾਇਕਾਂ ਦਾ ਪ੍ਰਮੋਸ਼ਨ ਕੋਟਾ 100 ਫੀਸਦੀ ਕਰਨਾ, ਖਾਲੀ ਅਸਾਮੀਆਂ ਨੂੰ ਤਰੱਕੀਆਂ ਰਾਹੀਂ ਭਰਨਾ, ਅਤੇ ਸੁਪਰਡੈਂਟ ਗ੍ਰੇਡ-2 ਤੋਂ ਤਹਿਸੀਲਦਾਰ ਦੀ ਤਰੱਕੀ ਲਈ ਤਜਰਬਾ ਘਟਾ ਕੇ 2 ਸਾਲ ਕਰਨਾ।ਸੀਨੀਅਰ ਸਹਾਇਕ ਤੋਂ ਨਾਇਬ ਤਹਿਸੀਲਦਾਰ ਪ੍ਰਮੋਸ਼ਨ ਕੋਟਾ ਵਧਾ ਕੇ 25 ਫੀਸਦੀ ਕਰਨਾ, ਤਹਿਸੀਲਾਂ ਵਿੱਚ ਸੁਪਰਡੈਂਟ (ਮਾਲ ਤੇ ਰਿਕਾਰਡ) ਦੀ ਅਸਾਮੀ ਬਣਾਉਣਾ, ਅਤੇ ਜ਼ਿਲ੍ਹਾ ਮਾਲ ਅਫ਼ਸਰਾਂ ਦੀਆਂ ਅਦਾਲਤਾਂ ਵਿੱਚ ਰੀਡਰ ਦੀ ਪੋਸਟ ਸੀਨੀਅਰ ਸਹਾਇਕ ਦੀ ਕਰਕੇ ਨਾਲ ਇੱਕ ਅਹਿਲਮਦ (ਕਲਰਕ) ਦੀ ਅਸਾਮੀ ਸਿਰਜਣਾ।ਡੀ.ਸੀ. ਦਫ਼ਤਰਾਂ, ਐੱਸ.ਡੀ.ਐੱਮ, ਤਹਿਸੀਲ ਅਤੇ ਸਬ-ਤਹਿਸੀਲ ਦਫ਼ਤਰਾਂ ਦੇ ਮੁਲਾਜ਼ਮਾਂ ਨੂੰ 5 ਫੀਸਦੀ ਪ੍ਰਸ਼ਾਸਕੀ ਭੱਤਾ ਦੇਣਾ।17 ਜੁਲਾਈ 2020 ਤੋਂ ਬਾਅਦ ਭਰਤੀ ਹੋਏ ਮੁਲਾਜ਼ਮਾਂ ਨੂੰ ਪੁਰਾਣੇ ਮੁਲਾਜ਼ਮਾਂ ਵਾਂਗ ਪੂਰੀ ਮੁੱਢਲੀ ਤਨਖਾਹ ਦੇਣਾ।ਆਊਟਸੋਰਸ ਤੇ ਠੇਕੇ 'ਤੇ ਕੰਮ ਕਰਦੇ ਕ੍ਰਮਚਾਰੀਆਂ ਦੀਆਂ ਤਨਖਾਹਾਂ ਵਿੱਚ ਵਾਧਾ ਕਰਨਾ ਅਤੇ ਉਨ੍ਹਾਂ ਨੂੰ ਤੁਰੰਤ ਪੱਕਾ ਕਰਨਾ।ਪੁਰਾਣੀ ਪੈਨਸ਼ਨ ਸਕੀਮ ਤੇ ਏ.ਸੀ.ਪੀ. ਸਕੀਮ ਬਹਾਲ ਕਰਨਾ ਅਤੇ ਡੀ.ਏ. ਦੀਆਂ ਬਕਾਇਆ 18 ਫੀਸਦੀ ਕਿਸ਼ਤਾਂ ਤੁਰੰਤ ਜਾਰੀ ਕਰਨਾ।ਥਾਣਾ ਜੰਡਿਆਲਾ ਗੁਰੂ (ਅੰਮ੍ਰਿਤਸਰ) ਦੀ ਪੁਲਿਸ ਪਾਰਟੀ ਵੱਲੋਂ ਜਥੇਬੰਦੀ ਦੇ ਸੂਬਾ ਪ੍ਰਧਾਨ ਤੇਜਿੰਦਰ ਸਿੰਘ ਨੰਗਲ ਨਾਲ ਅਣਮਨੁੱਖੀ ਵਤੀਰਾ ਕਰਕੇ ਤਸ਼ੱਦਦ ਕਰਨ ਵਾਲੇ ਦੋਸ਼ੀ ਪੁਲਸ ਕ੍ਰਮਚਾਰੀਆਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇ।ਜਥੇਬੰਦੀ ਨੇ ਸਰਕਾਰ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਇਸ 4 ਰੋਜ਼ਾ ਹੜਤਾਲ ਦੌਰਾਨ ਵੀ ਸਰਕਾਰ ਨੇ ਉਨ੍ਹਾਂ ਦੀਆਂ ਮੰਗਾਂ ਵੱਲ ਧਿਆਨ ਨਾ ਦਿੱਤਾ ਤਾਂ 12 ਜੁਲਾਈ 2026 ਨੂੰ ਇੱਕ ਵਿਸ਼ੇਸ਼ ਆਨਲਾਈਨ ਮੀਟਿੰਗ ਕਰਕੇ ਸੰਘਰਸ਼ ਨੂੰ ਹੋਰ ਤਿੱਖਾ ਕਰਨ ਲਈ ਵੱਡੇ ਤੇ ਗੰਭੀਰ ਫ਼ੈਸਲੇ ਲਏ ਜਾਣਗੇ, ਜਿਸ ਦੀ ਪੂਰੀ ਜ਼ਿੰਮੇਵਾਰੀ ਪੰਜਾਬ ਸਰਕਾਰ ਦੀ ਹੋਵੇਗੀ।

# ਜਥੇਦਾਰ ਮਾਹਲਾ ਦੀ ਅਗਵਾਈ 'ਚ ਅਕਾਲੀ ਦਲ ਨੇ ਵਿਧਾਨ ਸਭਾ ਚੋਣਾਂ ਲਈ ਕਮਰ ਕੱਸੀ

## ਹਲਕਾ ਬਾਘਾ ਪੁਰਾਣਾ ਦੇ 11 ਸਰਕਲਾਂ ਦੇ ਯੂਥ ਪ੍ਰਧਾਨ ਕੀਤੇ ਨਿਯੁਕਤ



**ਬਾਘਾ ਪੁਰਾਣਾ (ਮਨੀ ਸਿੰਗਲਾ)**

ਅਗਾਮੀ ਪੰਜਾਬ ਵਿਧਾਨ ਸਭਾ ਚੋਣਾਂ ਨੂੰ ਧਿਆਨ ਵਿਚ ਰੱਖਦਿਆਂ ਸ਼੍ਰੋਮਣੀ ਅਕਾਲੀ ਦਲ ਨੇ ਆਪਣੀਆਂ ਸੰਗਠਨਾਤਮਕ ਸਰਗਰਮੀਆਂ ਹੋਰ ਤੇਜ਼ ਕਰ ਦਿੱਤੀਆਂ ਹਨ।ਪਾਰਟੀ ਦੇ ਜਥੇਬੰਧਕ ਢਾਂਚੇ ਨੂੰ ਮਜ਼ਬੂਤ ਕਰਨ ਤੇ ਨੌਜਵਾਨ ਵਰਕਰਾਂ ਨੂੰ ਅਹਿਮ ਜ਼ਿੰਮੇਵਾਰੀਆਂ ਸੌਂਪਣ ਦੇ ਮੰਤਵ ਨਾਲ ਸ਼੍ਰੋਮਣੀ ਅਕਾਲੀ ਦਲ ਦੀ ਇੱਕ ਅਹਿਮ ਮੀਟਿੰਗ ਨਗਰ ਕੌਂਸਲ ਦੇ ਸਾਬਕਾ ਪ੍ਰਧਾਨ ਤੇ ਪਾਰਟੀ ਦੀ ਵਰਕਿੰਗ ਕਮੇਟੀ ਦੇ ਮੈਂਬਰ ਬਾਲ ਕ੍ਰਿਸ਼ਨ ਬਾਲੀ ਦੇ ਦਫ਼ਤਰ ਵਿਖੇ ਹੋਈ। ਮੀਟਿੰਗ ਦੀ ਪ੍ਰਧਾਨਗੀ ਪਾਰਟੀ ਦੀ ਕੋਰ ਕਮੇਟੀ ਦੇ ਮੈਂਬਰ ਤੇ ਹਲਕਾ ਇੰਚਾਰਜ ਜਥੇਦਾਰ ਤੀਰਥ ਸਿੰਘ ਮਾਹਲਾ ਤੇ ਜ਼ਿਲ੍ਹਾ ਪ੍ਰਧਾਨ ਨਿਹਾਲ ਸਿੰਘ ਤਲਵੰਡੀ ਭੰਗੇਰੀਆ ਨੇ ਸਾਂਝੇ ਤੌਰ 'ਤੇ ਕੀਤੀ।ਮੀਟਿੰਗ ਵਿਚ ਵਿਸ਼ੇਸ਼ ਤੌਰ 'ਤੇ ਯੂਥ ਕੋਰ ਕਮੇਟੀ ਦੇ ਮੈਂਬਰ ਸੁਖਜੀਤ ਸਿੰਘ ਮਾਹਲਾ, ਸ਼ਹਿਰੀ ਪ੍ਰਧਾਨ ਪਵਨ ਢੰਡ ਤੇ ਯੂਥ ਅਕਾਲੀ ਦਲ ਦੇ ਹਲਕਾ ਪ੍ਰਧਾਨ ਗੁਰਪ੍ਰੀਤ ਸਿੰਘ ਗੋਪੀ ਕੋਟਲਾ ਸਮੇਤ ਵੱਡੀ ਗਿਣਤੀ ਵਿੱਚ ਪਾਰਟੀ ਆਗੂ ਤੇ ਵਰਕਰ ਹਾਜ਼ਰ ਸਨ।ਇਸ ਦੌਰਾਨ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਦੀ ਰਣਨੀਤੀ, ਸੰਗਠਨ ਦੇ ਵਿਸਥਾਰ ਤੇ ਬੂਥ ਪੱਧਰ ਤੱਕ ਪਾਰਟੀ ਨੂੰ ਮਜ਼ਬੂਤ ਕਰਨ ਸਬੰਧੀ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ।ਇਸ ਮੌਕੇ ਜਥੇਦਾਰ ਤੀਰਥ ਸਿੰਘ ਮਾਹਲਾ ਤੇ ਜ਼ਿਲ੍ਹਾ ਪ੍ਰਧਾਨ ਨਿਹਾਲ ਸਿੰਘ ਤਲਵੰਡੀ ਭੰਗੇਰੀਆਂ ਨੇ ਹਲਕੇ ਦੇ 11 ਸਰਕਲਾਂ ਲਈ ਯੂਥ ਅਕਾਲੀ ਦਲ ਦੇ ਸਰਕਲ ਪ੍ਰਧਾਨਾਂ ਦੀ ਨਿਯੁਕਤੀ ਦਾ ਐਲਾਨ ਕੀਤਾ।ਇਨ੍ਹਾਂ ਵਿੱਚ ਸਰਕਲ ਨੱਥੂਵਾਲਾ ਤੋਂ ਗੁਰਪ੍ਰੀਤ ਸਿੰਘ ਗੋਪੀ ਹਰੀਏਵਾਲਾ, ਸਰਕਲ ਲੰਗੇਆਣਾ ਤੋਂ ਹਰਗੋਪਾਲ ਸਿੰਘ ਹੈਪੀ, ਸਰਕਲ ਗਿੱਲ ਤੋਂ ਭਵਨ ਬਰਾੜ, ਸਰਕਲ ਥਰਾਜ ਤੋਂ ਲਵਦੀਪ ਸਿੰਘ, ਸਰਕਲ ਠੱਠੀ ਭਾਈ ਤੋਂ ਗੁਰਪ੍ਰੀਤ ਸਿੰਘ ਦੱਲੂਵਾਲਾ, ਸਰਕਲ ਸਮਾਲਸਰ ਤੋਂ ਹਰਮਪਾਲ ਸਿੰਘ ਬੱਬੀ, ਸਰਕਲ ਰੋਡੇ ਤੋਂ ਪ੍ਰਿਤਪਾਲ ਸਿੰਘ ਰਾਜੇਆਣਾ, ਸਰਕਲ ਘੋਲੀਆ ਤੋਂ ਅਗਸਤਪ੍ਰੀਤ ਸਿੰਘ, ਸਰਕਲ ਵਾਂਦਰ ਤੋਂ ਹਰਕਰਨ ਸਿੰਘ ਹੈਪੀ, ਸਰਕਲ ਸਮਾਧ ਭਾਈ ਤੋਂ ਸੁਖਪ੍ਰੀਤ ਸਿੰਘ ਮਾਨ ਤੇ ਬਾਘਾ ਪੁਰਾਣਾ ਸ਼ਹਿਰ ਤੋਂ ਰਾਮ ਬਾਂਸਲ ਨੂੰ ਯੂਥ ਅਕਾਲੀ ਦਲ ਦਾ ਸਰਕਲ ਪ੍ਰਧਾਨ ਨਿਯੁਕਤ ਕੀਤਾ ਗਿਆ। ਨਵ-ਨਿਯੁਕਤ ਸਰਕਲ ਪ੍ਰਧਾਨਾਂ ਨੂੰ ਵਧਾਈ ਦਿੰਦਿਆਂ ਜਥੇਦਾਰ ਤੀਰਥ ਸਿੰਘ ਮਾਹਲਾ ਨੇ ਕਿਹਾ ਕਿ ਪਾਰਟੀ ਨੇ ਹਮੇਸ਼ਾ ਮਿਹਨਤੀ, ਇਮਾਨਦਾਰ ਤੇ ਜ਼ਮੀਨੀ ਪੱਧਰ 'ਤੇ ਕੰਮ ਕਰਨ ਵਾਲੇ ਨੌਜਵਾਨਾਂ ਨੂੰ ਅੱਗੇ ਲਿਆਉਣ ਨੂੰ ਤਰਜੀਹ ਦਿੱਤੀ ਹੈ।ਉਨ੍ਹਾਂ ਕਿਹਾ ਕਿ ਇਹ ਨਿਯੁਕਤੀਆਂ ਪਾਰਟੀ ਨੂੰ ਜੜ੍ਹਾਂ ਨਾਲ ਹੋਰ ਮਜ਼ਬੂਤ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਣਗੀਆਂ।ਜ਼ਿਲ੍ਹਾ ਪ੍ਰਧਾਨ ਨਿਹਾਲ ਸਿੰਘ ਤਲਵੰਡੀ ਭੰਗੇਰੀਆਂ ਨੇ ਕਿਹਾ ਕਿ ਹਰ ਸਰਕਲ ਪ੍ਰਧਾਨ ਆਪਣੇ ਖੇਤਰ ਵਿਚ ਵੱਧ ਤੋਂ ਵੱਧ ਨੌਜਵਾਨਾਂ ਨੂੰ ਪਾਰਟੀ ਨਾਲ ਜੋੜੇ ਤੇ ਪਾਰਟੀ ਦੀਆਂ ਨੀਤੀਆਂ ਨੂੰ ਲੋਕਾਂ ਤੱਕ ਪਹੁੰਚਾਏ।

ਇਸ ਮੌਕੇ ਨਵ-ਨਿਯੁਕਤ ਸਰਕਲ ਪ੍ਰਧਾਨਾਂ ਨੇ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ, ਕੋਰ ਕਮੇਟੀ ਮੈਂਬਰ ਤੇ ਹਲਕਾ ਇੰਚਾਰਜ ਜਥੇਦਾਰ ਤੀਰਥ ਸਿੰਘ ਮਾਹਲਾ, ਜ਼ਿਲ੍ਹਾ ਪ੍ਰਧਾਨ ਨਿਹਾਲ ਸਿੰਘ ਤਲਵੰਡੀ ਭੰਗੇਰੀਆਂ ਤੇ ਯੂਥ ਕੋਰ ਕਮੇਟੀ ਮੈਂਬਰ ਸੁਖਜੀਤ ਸਿੰਘ ਮਾਹਲਾ ਦਾ ਧੰਨਵਾਦ ਕਰਦਿਆਂ ਕਿਹਾ ਕਿ ਪਾਰਟੀ ਨੇ ਉਨ੍ਹਾਂ 'ਤੇ ਜੋ ਵਿਸ਼ਵਾਸ ਪ੍ਰਗਟਾਇਆ ਹੈ, ਉਹ ਉਸ 'ਤੇ ਪੂਰੀ ਤਰ੍ਹਾਂ ਖਰੇ ਉਤਰਨਗੇ।ਇਸ ਮੌਕੇ ਸਾਬਕਾ ਚੇਅਰਮੈਨ ਹਰਮੇਲ ਸਿੰਘ ਮੌੜ, ਸਾਬਕਾ ਚੇਅਰਮੈਨ ਸੁਖਚਰਨ ਸਿੰਘ ਛਿੰਦਾ, ਵਪਾਰ ਮੰਡਲ ਦੇ ਪ੍ਰਧਾਨ ਪਵਨ ਗੋਇਲ, ਸੰਜੀਵ ਬਿੱਟੂ ਰੋਡੇ ਸਰਕਲ ਪ੍ਰਧਾਨ, ਬਲਵਿੰਦਰ ਸਿੰਘ ਜੈਲਦਾਰ, ਸਰਕਲ ਪ੍ਰਧਾਨ ਹਰਜੀਤ ਸਿੰਘ ਗਿੱਲ, ਹਰਜੋਤ ਸਿੰਘ ਡੇਮਰੂ, ਹਰਪ੍ਰੀਤ ਸਿੰਘ ਕਾਲੇਕੇ, ਸੁਖਮੰਦਰ ਸਿੰਘ ਭਲੂਰ, ਬਚਿੱਤਰ ਸਿੰਘ ਕਾਲੇਕੇ, ਕਾਲਾ ਰਾਜੇਆਣਾ ਪ੍ਰਧਾਨ ਐਸ.ਸੀ ਵਿੰਗ ਰੋਡੇ, ਗੋਰਾ ਸੰਗਤਪੁਰਾ, ਇਕੱਤਰ ਸਿੰਘ ਤੇ ਹੋਰ ਹਾਜ਼ਰ ਸਨ।

# ਪਾਵਰਕਾਮ ਪੈਨਸ਼ਨਰਾਂ ਵੱਲੋਂ ਐਕਸੀਅਨ ਖਿਲਾਫ ਸੰਘਰਸ਼ ਦਾ ਐਲਾਨ

**ਮੁੱਲਾਂਪੁਰ ਦਾਖਾ/ਚੌਂਕੀਮਾਨ (ਇੰਜੀ. ਬਲਬੀਰ ਸਿੰਘ ਮਾਨ)**-ਪਾਵਰਕਾਮ ਤੇ ਟਰਾਂਸਕੋ ਪੈਨਸ਼ਨ ਯੂਨੀਅਨ ਰਜਿਸਟਰਡ ਪੰਜਾਬ ਮੰਡਲ ਯੂਨਿਟ ਅੱਡਾ ਦਾਖਾ ਦੀ ਮਹੀਨਾਵਾਰ ਮੀਟਿੰਗ ਪ੍ਰਧਾਨ ਹਰਦਿਆਲ ਸਿੰਘ ਘੁਮਾਣ ਦੀ ਅਗਵਾਈ ਵਿੱਚ ਹੋਈ, ਜਿਸ ਵਿੱਚ ਪੈਨਸ਼ਨ ਸਾਥੀਆਂ ਨੇ ਪਿਛਲੇ ਕੰਮਾਂ ਦਾ ਰੀਵਿਊ ਕਰਦਿਆਂ 17 ਜੁਲਾਈ ਨੂੰ ਮੋਹਾਲੀ ਵਿਖੇ ਕੀਤੀ ਜਾ ਰਹੀ ਪੰਜਾਬ ਪੱਧਰੀ ਸਾਂਝੀ ਰੈਲੀ ਦਾ ਖੁੱਲ੍ਹ ਕੇ ਪ੍ਰਦਰਸ਼ਨ ਕਰਦਿਆਂ ਸ਼ਾਮਲ ਹੋਣ ਦਾ ਅਹਿਦ ਕੀਤਾ।ਮੀਟਿੰਗ ਦੌਰਾਨ ਸਕੱਤਰ ਦਰਸ਼ਨ ਸਿੰਘ ਦਾਖਾ ਵੱਲੋਂ ਮੰਡਲ ਯੂਨਿਟ ਅੱਡਾ ਦਾਖਾ ਦੇ ਐਕਸੀਅਨ ਖਿਲਾਫ ਰੋਸ ਵਿਖਾਉਂਦੇ ਹੋਏ ਦੱਸਿਆ ਕਿ ਪਿਛਲੇ ਇੱਕ ਸਾਲ ਤੋਂ ਪੈਨਸ਼ਨ ਯੂਨੀਅਨ ਦੇ ਕੰਮ ਟਾਲ ਮਟੋਲ ਦੀ ਨੀਤੀ ਨਾਲ ਲਮਕਾ ਅਵਸਥਾ ਵਿੱਚ ਰੱਖ ਕੇ ਪੈਨਸ਼ਨ ਸਾਥੀਆਂ ਨੂੰ ਪ੍ਰੇਸ਼ਾਨ ਕੀਤਾ ਜਾ ਰਿਹਾ ਹੈ, ਜਿਸ ਕਾਰਨ ਬਜ਼ੁਰਗ ਪੈਨਸ਼ਨਰਾਂ ਦੇ ਕੰਮ ਮੈਡੀਕਲ ਵਗੈਰਾ ਆਦਿ ਲਮਕਾ ਅਵਸਥਾ ਵਿੱਚ ਜਿਉਂ ਦੇ ਤਿਉਂ ਪਏ ਹਨ, ਪਿਛਲੇ ਸਮੇਂ ਦੌਰਾਨ ਲਗਾਤਾਰ ਲਿਖਤੀ ਬੇਨਤੀਆਂ ਕਰਨ ਤੋਂ ਬਾਅਦ ਵੀ ਮੀਟਿੰਗਾਂ ਨਾ ਦੇਣਾ, ਮੀਟਿੰਗ ਦੇ ਕੇ ਮੰਗਾਂ ਮੰਨ ਕੇ ਉਨ੍ਹਾਂ ਨੂੰ ਲਾਗੂ ਨਾ ਕਰਨਾ ਜਥੇਬੰਦੀ ਲਈ ਨਿਰਾਸ਼ਾ ਦਾ ਕਾਰਨ ਬਣਿਆ ਹੈ, ਜਿਸ ਕਰਕੇ ਅੱਜ ਲਿਖਤੀ ਮੀਟਿੰਗ ਦੇ ਕੇ ਐਕਸੀਅਨ ਅੱਡਾ ਦਾਖਾ ਨੂੰ ਚੇਤਾਵਨੀ ਦਿੰਦੇ ਨੋਟਿਸ ਦਿੱਤਾ ਕਿ ਜੇਕਰ ਐਕਸੀਅਨ ਅੱਡਾ ਦਾਖਾ ਨੇ ਇੱਕ ਹਫਤੇ ਦੇ ਅੰਦਰ ਲਿਖਤੀ ਮੀਟਿੰਗ ਦੇ ਕੇ ਮੰਨੀਆਂ ਮੰਗਾਂ ਲਾਗੂ ਨਾ ਕੀਤੀਆਂ ਤਾਂ ਜਥੇਬੰਦੀ ਐਕਸੀਅਨ ਦਾਖਾ ਖਿਲਾਫ ਸੰਘਰਸ਼ ਕਰਨ ਲਈ ਮਜਬੂਰ ਹੋਵੇਗੀ, ਜਿਸ ਦੀ ਸਾਰੀ ਜ਼ਿੰਮੇਵਾਰੀ ਉਨ੍ਹਾਂ ਦੀ ਆਪਣੀ ਹੋਵੇਗੀ।ਇਸ ਮੌਕੇ ਸਟੇਟ ਆਗੂ ਬਲਵੀਰ ਸਿੰਘ ਮਾਨ ਨੇ ਕਿਹਾ ਕਿ ਜੇਕਰ ਪੈਨਸ਼ਨ ਸਾਥੀਆਂ ਦੀਆਂ ਮੰਗਾਂ ਨਾ ਮੰਨੀਆਂ ਗਈਆਂ ਤਾਂ ਆਉਣ ਵਾਲੇ ਸੰਘਰਸ਼ ਵਿੱਚ ਸਟੇਟ ਕਮੇਟੀ ਨੂੰ ਸ਼ਾਮਲ ਕਰਕੇ ਐਕਸੀਅਨ ਅੱਡਾ ਦਾਖਾ ਖਿਲਾਫ ਹੋਰ ਤਿੱਖਾ ਸੰਘਰਸ਼ ਕੀਤਾ ਜਾਵੇਗਾ।ਇਸ ਮੌਕੇ ਸਰਕਲ ਆਗੂ ਜਸਮੇਲ ਸਿੰਘ ਮੋਹੀ, ਸੁਖਦੇਵ ਸਿੰਘ ਅੱਬੂਵਾਲ, ਦਰਸ਼ਨ ਸਿੰਘ ਦਾਖਾ, ਦਲਜੀਤ ਸਿੰਘ ਕੁਲਾਰ, ਰਵਿੰਦਰ ਸਿੰਘ ਭੱਠਲ ਸਤਪਾਲ ਸਿੰਘ ਭਨੋਹੜ, ਭਜਨ ਸਿੰਘ ਖੰਡੂਰ, ਮਲਕੀਤ ਸਿੰਘ ਚਚਰਾੜੀ, ਹੰਸ ਰਾਜ ਜੰਮੂ, ਰਮੇਸ਼ ਭੱਟੀ, ਦਰਬਾਰਾ ਸਿੰਘ ਲਲਤੋਂ ਆਦਿ ਨੇ ਵੀ ਸੰਬੋਧਨ ਕੀਤਾ।ਇਸ ਮੌਕੇ ਸਾਰੇ ਸਾਥੀਆਂ ਨੇ 17 ਜੁਲਾਈ ਦੀ ਮੋਹਾਲੀ ਰੈਲੀ ਵਿੱਚ ਭਗਵੰਤ ਮਾਨ ਦੀ ਸਰਕਾਰ ਨੂੰ ਸੁੱਤੀ ਨੀਂਦੇ ਜਗਾਉਣ ਲਈ ਡੀ ਏ ਤੇ ਪੈਨਸ਼ਨ ਸਕੇਲਾਂ ਦੇ ਬਕਾਏ ਜਾਰੀ ਕਰਨ ਲਈ, 200 ਰੁਪਏ ਜਜ਼ੀਆ ਟੈਕਸ ਬੰਦ ਕਰਨ ਲਈ, ਕੈਸ਼ਲੈੱਸ ਸਕੀਮ ਲਾਗੂ ਕਰਨ ਲਈ ਮੋਹਾਲੀ ਦੇ ਸੰਘਰਸ਼ ਵਿੱਚ ਸ਼ਾਮਲ ਹੋਣ ਦਾ ਵੀ ਫੈਸਲਾ ਕੀਤਾ।

# ਪੰਜਾਵਾ, ਕੱਖਾਂਵਾਲੀ ਤੇ ਭੁੱਲਰਵਾਲਾ 'ਚ ਕੈਬਨਿਟ ਮੰਤਰੀ ਖੁੱਡੀਆਂ ਵੱਲੋਂ ਲੋਕ ਮਿਲਣੀ



**ਸ੍ਰੀ ਮੁਕਤਸਰ ਸਾਹਿਬ/ਗਿੱਦੜਬਾਹਾ, (ਸ਼ਮਿੰਦਰਪਾਲ, ਪੂਜਾ/ਜਸਵੰਤ ਗਿੱਲ)**

ਪੰਜਾਬ ਦੇ ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਲੰਬੀ ਵਿਧਾਨ ਸਭਾ ਹਲਕੇ ਦੇ ਪਿੰਡ ਪੰਜਾਵਾ, ਕੱਖਾਂਵਾਲੀ ਤੇ ਭੁੱਲਰਵਾਲਾ ਵਿਖੇ ਲੋਕ ਮਿਲਣੀ ਕਰਕੇ ਇਲਾਕਾ ਵਾਸੀਆਂ ਦੀਆਂ ਸਮੱਸਿਆਵਾਂ ਸੁਣੀਆਂ ਤੇ ਸਬੰਧਤ ਅਧਿਕਾਰੀਆਂ ਨੂੰ ਉਨ੍ਹਾਂ ਦੇ ਜਲਦ ਨਿਪਟਾਰੇ ਲਈ ਲੋੜੀਂਦੇ ਨਿਰਦੇਸ਼ ਦਿੱਤੇ। ਇਸ ਮੌਕੇ ਪਿੰਡ ਵਾਸੀਆਂ ਨੂੰ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਸ੍ਰੀ ਖੁੱਡੀਆਂ ਨੇ ਕਿਹਾ ਕਿ ਪਹਿਲੀਆਂ ਸਰਕਾਰਾਂ ਨੇ ਲੋਕ ਹਿੱਤਾਂ ਦੀ ਬਜਾਏ ਮਨਮਰਜ਼ੀਆਂ ਨਾਲ ਕੰਮ ਕੀਤਾ ਤੇ ਉਨ੍ਹਾਂ ਤੋਂ ਕਿਸੇ ਨੇ ਕੋਈ ਹਿਸਾਬ ਨਹੀਂ ਮੰਗਿਆ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਪਾਰਦਰਸ਼ੀ ਤੇ ਜਵਾਬਦੇਹ ਪ੍ਰਸ਼ਾਸਨ ਦੀ ਨਵੀਂ ਪ੍ਰੰਪਰਾ ਸ਼ੁਰੂ ਕੀਤੀ ਹੈ, ਜਿਸ ਵਿੱਚ ਹਰ ਪੈਸਾ ਲੋਕ ਭਲਾਈ ਲਈ ਖਰਚਿਆ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਪਹਿਲਾਂ ਕਈ ਵਿਧਾਇਕ ਇੱਕ ਤੋਂ ਵੱਧ ਪੈਨਸ਼ਨਾਂ ਦਾ ਲਾਭ ਲੈਂਦੇ ਸਨ, ਪਰ ਮੌਜੂਦਾ ਸਰਕਾਰ ਨੇ ਇਹ ਪ੍ਰਥਾ ਖਤਮ ਕਰਕੇ ਸਿਰਫ ਇੱਕ ਪੈਨਸ਼ਨ ਦਾ ਪ੍ਰਬੰਧ ਕੀਤਾ ਹੈ।ਇਸ ਤੋਂ ਇਲਾਵਾ ਆਮ ਲੋਕਾਂ ਨੂੰ ਰਾਹਤ ਦੇਣ ਲਈ ਹਰ ਮਹੀਨੇ 600 ਯੂਨਿਟ ਤੱਕ ਮੁਫ਼ਤ ਬਿਜਲੀ ਦੀ ਸਹੂਲਤ ਦਿੱਤੀ ਜਾ ਰਹੀ ਹੈ।ਉਨ੍ਹਾਂ ਦੱਸਿਆ ਕਿ ਸੂਬੇ ਵਿੱਚ ਨਹਿਰਾਂ, ਖਾਲਿਆਂ ਤੇ ਕੱਸੀਆਂ ਦੀ ਸਫ਼ਾਈ ਤੇ ਮੁਰੰਮਤ ਦੇ ਕੰਮ ਤੇਜ਼ੀ ਨਾਲ ਕਰਵਾਏ ਗਏ ਹਨ।ਇਸ ਦੇ ਨਾਲ ਹੀ ਨਵੀਆਂ ਸੜਕਾਂ ਦਾ ਨਿਰਮਾਣ ਤੇ ਖਰਾਬ ਸੜਕਾਂ ਦੀ ਮੁਰੰਮਤ ਕਰਵਾ ਕੇ ਲੋਕਾਂ ਨੂੰ ਬਿਹਤਰ ਆਵਾਜਾਈ ਸਹੂਲਤਾਂ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ। ਕੈਬਨਿਟ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਪੂਰੀ ਦ੍ਰਿੜ੍ਹਤਾ ਨਾਲ ਚਲਾਈ ਜਾ ਰਹੀ ਹੈ।ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਸਰਕਾਰ ਦੀਆਂ ਲੋਕ ਭਲਾਈ ਯੋਜਨਾਵਾਂ ਦਾ ਵੱਧ ਤੋਂ ਵੱਧ ਲਾਭ ਲੈਣ ਅਤੇ ਪੰਜਾਬ ਨੂੰ ਤਰੱਕੀ ਤੇ ਖੁਸ਼ਹਾਲੀ ਦੇ ਰਾਹ 'ਤੇ ਅੱਗੇ ਲਿਜਾਣ ਵਿੱਚ ਆਪਣਾ ਯੋਗਦਾਨ ਪਾਉਣ।

ਇਸ ਮੌਕੇ ਜਗਸੀਰ ਸਿੰਘ ਮੁੱਖ ਖੇਤੀਬਾੜੀ ਅਫਸਰ, ਗੁਰਦਿੱਤ ਸਿੰਘ ਡਿਪਟੀ ਡਾਇਰੈਕਟਰ ਪਸ਼ੂ ਪਾਲਣ, ਹਰਬੰਸ ਸਿੰਘ ਧਾਲੀਵਾਲ ਡੀਐੱਸਪੀ ਲੰਬੀ, ਡਾ. ਸ਼ਕਤੀਪਾਲ ਲੰਬੀ, ਅਮਨ ਕੰਬੋਜ ਬੀਈਈ ਲੰਬੀ, ਰਛਪਾਲ ਸਿੰਘ ਚੇਅਰਮੈਨ ਖੁੱਡੀਆਂ, ਗੁਰਬਾਜ ਸਿੰਘ ਪੀ ਏ, ਮੋਹਿਤ ਸੋਨੀ ਮੀਡੀਆ ਇੰਚਰਾਜ, ਰਣਜੀਤ ਸਿੰਘ ਕੰਬੋਜ, ਰਮੇਸ਼ ਸਿੰਘ ਸਰਪੰਚ ਪੰਜਾਵਾ, ਸੰਦੀਪ ਪਾਲ ਕਲੱਬ ਪ੍ਰਧਾਨ ਤੇ ਪਤਵੰਤੇ ਹਾਜ਼ਰ ਸਨ।

## ਗੁਰੂ ਦੁਰਬਲ ਨਾਥ ਸੇਵਾ ਸਮਿਤੀ ਵੱਲੋਂ ਨਗਰ ਕੌਂਸਲ ਪ੍ਰਧਾਨ ਦਾ ਸਨਮਾਨ



**ਗਿੱਦੜਬਾਹਾ/ਮੁਕਤਸਰ (ਜਸਵੰਤ ਗਿੱਲ/ਸ਼ਮਿੰਦਰਪਾਲ/ਪੂਜਾ)**-ਗੁਰੂ ਦੁਰਬਲ ਨਾਥ ਸੇਵਾ ਸਮਿਤੀ (ਖਟੀਕ ਸਮਾਜ) ਗਿੱਦੜਬਾਹਾ ਵੱਲੋਂ ਨਗਰ ਕੌਂਸਲ ਦੇ ਨਵੇਂ ਚੁਣੇ ਗਏ ਪ੍ਰਧਾਨ ਗੌਰਵ ਜੈਨ ਚੀਨੂੰ ਨੂੰ ਉਨ੍ਹਾਂ ਦੀ ਨਿਯੁਕਤੀ 'ਤੇ ਵਧਾਈ ਦਿੱਤੀ ਗਈ।ਇਸ ਮੌਕੇ ਸਮਿਤੀ ਦੇ ਪ੍ਰਧਾਨ ਸ਼ਿਵ ਰਾਜ ਰਾਜੋਰਾ ਦੀ ਅਗਵਾਈ ਹੇਠ ਮੈਂਬਰਾਂ ਨੇ ਗੌਰਵ ਜੈਨ ਦਾ ਮੂੰਹ ਮਿੱਠਾ ਕਰਵਾ ਕੇ ਸ਼ੁਭ-ਕਾਮਨਾਵਾਂ ਭੇਟ ਕੀਤੀਆਂ। ਇਸ ਮੌਕੇ ਵਾਰਡ ਨੰਬਰ 12 ਤੋਂ ਚੁਣੇ ਗਏ ਕੌਂਸਲਰ ਰਮੇਸ਼ ਕੁਮਾਰ ਫੌਜੀ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ।ਸਮਿਤੀ ਦੇ ਪ੍ਰਧਾਨ ਸ਼ਿਵ ਰਾਜ ਰਾਜੋਰਾ ਨੇ ਨਗਰ ਕੌਂਸਲ ਪ੍ਰਧਾਨ ਦੇ ਧਿਆਨ ਵਿੱਚ ਵਾਰਡ ਨੰਬਰ 12 ਦੀਆਂ ਵੱਖ-ਵੱਖ ਲੋਕ ਸਮੱਸਿਆਵਾਂ ਲਿਆਉਂਦਿਆਂ ਉਨ੍ਹਾਂ ਦੇ ਜਲਦੀ ਹੱਲ ਦੀ ਮੰਗ ਕੀਤੀ।ਇਸ ਮੌਕੇ ਨਰੇਸ਼ ਕੁਮਾਰ ਬਾਗੋਰੀਆ, ਕਮਲ ਤੰਵਰ, ਅਜੇ ਬੜਗੁੱਜਰ, ਰਵੀ ਰਾਜੋਰਾ, ਕ੍ਰਿਸ਼ਨ ਮਲਹੋਤਰਾ, ਵਿੱਕੀ ਰਾਜੋਰਾ ਤੇ ਅਮਨ ਚੌਹਾਨ ਸਮੇਤ ਸਮਿਤੀ ਦੇ ਹੋਰ ਮੈਂਬਰ ਮੌਜੂਦ ਸਨ।

## ਚੇਅਰਮੈਨ ਢਿੱਲੋਂ ਨੇ ਘਨੌਰ ਖੁਰਦ ਦੇ ਲੋਕਾਂ ਦੀਆਂ ਸੁਣੀਆਂ ਸਮੱਸਿਆਵਾਂ



**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਪੰਜਾਬ ਲਘੂ ਉਦਯੋਗ ਤੇ ਨਿਰਯਾਤ ਨਿਗਮ ਦੇ ਚੇਅਰਮੈਨ ਦਲਵੀਰ ਸਿੰਘ ਢਿੱਲੋਂ ਨੇ ਪਿੰਡ ਘਨੌਰ ਖੁਰਦ ਵਿਖੇ ਕਰਵਾਏ ਗਏ 'ਲੋਕ ਮਿਲਣੀ' ਪ੍ਰੋਗਰਾਮ ਦੌਰਾਨ ਪਿੰਡ ਵਾਸੀਆਂ ਨਾਲ ਰੂ-ਬ-ਰੂ ਹੋ ਕੇ ਉਨ੍ਹਾਂ ਦੀਆਂ ਸਮੱਸਿਆਵਾਂ ਸੁਣੀਆਂ ਤੇ ਸਬੰਧਤ ਅਧਿਕਾਰੀਆਂ ਨੂੰ ਲੋਕਾਂ ਦੇ ਜਾਇਜ਼ ਮਸਲਿਆਂ ਦਾ ਤਰਜੀਹੀ ਤੇ ਸਮਾਂਬੱਧ ਹੱਲ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ।ਇਸ ਮੌਕੇ ਸੰਬੋਧਨ ਕਰਦਿਆਂ ਚੇਅਰਮੈਨ ਦਲਵੀਰ ਸਿੰਘ ਢਿੱਲੋਂ ਨੇ ਕਿਹਾ ਕਿ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਲੋਕਾਂ ਨੂੰ ਉਨ੍ਹਾਂ ਦੇ ਘਰਾਂ ਦੇ ਨੇੜੇ ਹੀ ਸਰਕਾਰੀ ਸੇਵਾਵਾਂ ਤੇ ਸਮੱਸਿਆਵਾਂ ਦੇ ਤੁਰੰਤ ਹੱਲ ਦੀ ਸਹੂਲਤ ਪ੍ਰਦਾਨ ਕਰਨ ਲਈ ਵਚਨਬੱਧ ਹੈ।ਉਨ੍ਹਾਂ ਕਿਹਾ ਕਿ 'ਲੋਕ ਮਿਲਣੀ' ਪ੍ਰੋਗਰਾਮਾਂ ਰਾਹੀਂ ਸਰਕਾਰ ਤੇ ਲੋਕਾਂ ਵਿਚਾਲੇ ਸਿੱਧਾ ਸੰਵਾਦ ਸਥਾਪਤ ਹੋਇਆ ਹੈ, ਜਿਸ ਨਾਲ ਲੋਕਾਂ ਦੀਆਂ ਸਮੱਸਿਆਵਾਂ ਦਾ ਨਿਪਟਾਰਾ ਹੋਰ ਪ੍ਰਭਾਵਸ਼ਾਲੀ ਤੇ ਤੇਜ਼ੀ ਨਾਲ ਹੋ ਰਿਹਾ ਹੈ।ਉਨ੍ਹਾਂ ਪਿੰਡ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਸਰਕਾਰ ਦੀਆਂ ਲੋਕ ਭਲਾਈ ਸਕੀਮਾਂ ਦਾ ਵੱਧ ਤੋਂ ਵੱਧ ਲਾਭ ਉਠਾਉਣ ਤੇ ਕਿਸੇ ਵੀ ਸਮੱਸਿਆ ਸਬੰਧੀ ਪ੍ਰਸ਼ਾਸਨ ਨਾਲ ਬਿਨਾਂ ਝਿਜਕ ਸੰਪਰਕ ਕਰਨ।

## ਅਰੋੜਵੰਸ਼ ਸਭਾ ਦੀ ਮੀਟਿੰਗ 'ਚ ਸ਼ੇਖਰ ਕਾਲੜਾ ਪ੍ਰਭਾਰੀ ਤੇ ਚਾਰ ਮੁੱਖ ਸਲਾਹਕਾਰ ਨਿਯੁਕਤ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਅਰੋੜਵੰਸ਼ ਸਭਾ ਸ੍ਰੀ ਮੁਕਤਸਰ ਸਾਹਿਬ ਦੀ ਮੀਟਿੰਗ ਸਮਾਜ ਸੇਵੀ ਗੌਰਵ ਮਦਾਨ ਦੇ ਵਿਸ਼ੇਸ਼ ਸੱਦੇ 'ਤੇ ਮਦਾਨ ਹੋਟਲ ਵਿਖੇ ਹੋਈ।ਮੀਟਿੰਗ ਦੀ ਪ੍ਰਧਾਨਗੀ ਜ਼ਿਲ੍ਹਾ ਪ੍ਰਧਾਨ ਬਲਵਿੰਦਰ ਸਿੰਘ (ਮਿੰਕਲ) ਬਜਾਜ ਤੇ ਸ਼ਹਿਰੀ ਪ੍ਰਧਾਨ ਤਰਸੇਮ ਕੁਮਾਰ (ਲਾਡੀ) ਬੱਤਰਾ ਨੇ ਸਾਂਝੇ ਤੌਰ 'ਤੇ ਕੀਤੀ।ਮੀਟਿੰਗ ਦੌਰਾਨ ਸਮਾਜ ਨਾਲ ਸਬੰਧਤ ਵੱਖ-ਵੱਖ ਅਹਿਮ ਮੁੱਦਿਆਂ 'ਤੇ ਵਿਚਾਰ-ਵਟਾਂਦਰਾ ਕੀਤਾ ਗਿਆ।ਸਰਬਸੰਮਤੀ ਨਾਲ ਉੱਘੇ ਸਮਾਜ ਸੇਵੀ ਸ਼ੇਖਰ ਕਾਲੜਾ ਨੂੰ ਅਰੋੜਵੰਸ਼ ਸਭਾ ਸ੍ਰੀ ਮੁਕਤਸਰ ਸਾਹਿਬ ਦਾ ਪ੍ਰਭਾਰੀ ਨਿਯੁਕਤ ਕੀਤਾ ਗਿਆ।ਇਸ ਤੋਂ ਇਲਾਵਾ ਸੁਨੀਲ ਗੁੰਬਰ, ਗੌਰਵ ਮਦਾਨ, ਸਾਗਰ ਖੁਰਾਣਾ, ਪ੍ਰਮੋਦ ਚੁਚਰਾ ਤੇ ਪ੍ਰਮੋਦ ਆਰੀਆ ਨੂੰ ਸਭਾ ਦੇ ਮੁੱਖ ਸਲਾਹਕਾਰ ਬਣਾਉਣ ਦਾ ਵੀ ਫ਼ੈਸਲਾ ਲਿਆ ਗਿਆ।ਮੀਟਿੰਗ ਵਿੱਚ ਪ੍ਰਦੇਸ਼ ਸਚਿਵ ਸੰਦੀਪ ਗਿਰਧਰ, ਮਹਾਂਮੰਤਰੀ ਅਨਿਲ ਅਨੇਜਾ, ਸੈਕਟਰੀ ਸੁਮਿਤ ਸਿਡਾਨਾ, ਵਾਈਸ ਪ੍ਰਧਾਨ ਰਜੇਸ਼ ਕੁਮਾਰ ਨੀਟਾ, ਪਵਨ ਖੁਰਾਣਾ, ਮਨੋਜ ਮਦਾਨ, ਸੰਜੀਵ ਮਦਾਨ, ਅਭਿਸ਼ੇਕ ਗਿਰਧਰ, ਸਾਗਰ ਬਾਗਲਾਂ, ਰਮੇਸ਼ ਚੁੱਘ, ਧੀਰਜ ਖੇੜਾ ਸਮੇਤ ਅਰੋੜਵੰਸ਼ ਸਮਾਜ ਦੇ ਵੱਡੀ ਗਿਣਤੀ ਵਿੱਚ ਮੈਂਬਰ ਹਾਜ਼ਰ ਸਨ।

## ਲਾਇਨਜ਼ ਕਲੱਬ ਵੱਲੋਂ ਪੌਦੇ ਲਾ ਕੇ ਤੇ ਲੋੜਵੰਦਾਂ ਨੂੰ ਭੋਜਨ ਕਰਵਾ ਕੇ ਨਵੇਂ ਸਾਲ ਦੀ ਸ਼ੁਰੂਆਤ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਲਾਇਨਜ਼ ਕਲੱਬ ਫਿਰੋਜ਼ਪੁਰ ਬਾਰਡਰ ਵੱਲੋਂ ਆਪਣੇ ਨਵੇਂ ਲਿਓਨਿਸਟਿਕ ਸਾਲ ਦੀ ਸ਼ੁਰੂਆਤ ਬਹੁਤ ਹੀ ਸ਼ਲਾਘਾਯੋਗ ਤੇ ਸਮਾਜ ਭਲਾਈ ਦੇ ਕਾਰਜਾਂ ਨਾਲ ਕੀਤੀ ਗਈ। ਕਲੱਬ ਦੇ ਮੈਂਬਰਾਂ ਨੇ ਇਸ ਵਿਸ਼ੇਸ਼ ਮੌਕੇ 'ਤੇ ਇਕੱਠੇ ਹੋ ਕੇ ਜਿੱਥੇ ਵਾਤਾਵਰਨ ਦੀ ਸੰਭਾਲ ਦਾ ਹੋਕਾ ਦਿੱਤਾ, ਉੱਥੇ ਹੀ ਬਜ਼ੁਰਗਾਂ ਤੇ ਬੱਚਿਆਂ ਦੀ ਸੇਵਾ ਕਰਕੇ ਮਾਨਵਤਾ ਦੀ ਮਿਸਾਲ ਪੇਸ਼ ਕੀਤੀ। ਕਲੱਬ ਵੱਲੋਂ ਨਵੇਂ ਸਾਲ ਦੇ ਆਗਾਜ਼ ਮੌਕੇ ਸਭ ਤੋਂ ਪਹਿਲਾਂ ਸ੍ਰੀ ਰਾਮ ਬਾਗ ਵੈਦਿਕ ਗੁਰੂਕੁਲ ਵਿਖੇ ਪੌਦੇ ਲਗਾਏ ਗਏ। ਇਸ ਦੌਰਾਨ ਕਲੱਬ ਮੈਂਬਰਾਂ ਨੇ ਵਾਤਾਵਰਨ ਨੂੰ ਹਰਿਆ-ਭਰਿਆ ਅਤੇ ਪ੍ਰਦੂਸ਼ਣ ਮੁਕਤ ਬਣਾਉਣ ਦਾ ਸੰਕਲਪ ਲਿਆ। ਇਸ ਤੋਂ ਬਾਅਦ ਸਮਾਜਿਕ ਜ਼ਿੰਮੇਵਾਰੀ ਨੂੰ ਨਿਭਾਉਂਦੇ ਹੋਏ ਸ੍ਰੀ ਰਾਮ ਬਿਰਧ ਆਸ਼ਰਮ ਵਿਖੇ ਰਹਿ ਰਹੇ ਬੇਸਹਾਰਾ ਬਜ਼ੁਰਗਾਂ ਤੇ ਗੁਰੂਕੁਲ ਦੇ ਮਾਸੂਮ ਬੱਚਿਆਂ ਨੂੰ ਬੜੇ ਹੀ ਪਿਆਰ ਤੇ ਸਤਿਕਾਰ ਸਹਿਤ ਪੇਟ ਭਰ ਕੇ ਭੋਜਨ ਕਰਵਾਇਆ ਗਿਆ। ਬਜ਼ੁਰਗਾਂ ਨੇ ਕਲੱਬ ਦੇ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ ਤੇ ਮੈਂਬਰਾਂ ਨੂੰ ਆਪਣੀਆਂ ਅਸੀਸਾਂ ਦਿੱਤੀਆਂ। ਇਸੇ ਲੜੀ ਤਹਿਤ ਕਲੱਬ ਵੱਲੋਂ ਸ੍ਰੀ ਰਾਮ ਸ਼ਰਨਮ ਆਸ਼ਰਮ ਦੇ ਆਯੁਰਵੇਦ ਕੇਂਦਰ ਵਿਖੇ ਲੋੜਵੰਦ ਮਰੀਜ਼ਾਂ ਦੀ ਸਹੂਲਤ ਲਈ ਮੁਫ਼ਤ ਆਯੁਰਵੇਦ ਦਵਾਈਆਂ ਭੇਟ ਕੀਤੀਆਂ ਗਈਆਂ। ਇਹ ਦਵਾਈਆਂ ਉੱਥੋਂ ਦੇ ਇੰਚਾਰਜ ਡਾਕਟਰ ਅਵਤਾਰ ਗਰੋਵਰ ਨੂੰ ਸੌਂਪੀਆਂ ਗਈਆਂ, ਤਾਂ ਜੋ ਮਰੀਜ਼ਾਂ ਦਾ ਮੁਫ਼ਤ ਤੇ ਵਧੀਆ ਇਲਾਜ ਹੋ ਸਕੇ। ਡਾਕਟਰ ਗਰੋਵਰ ਨੇ ਕਲੱਬ ਦੇ ਇਸ ਸਹਿਯੋਗ ਲਈ ਸਾਰੇ ਮੈਂਬਰਾਂ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ। ਇਸ ਨੇਕ ਤੇ ਪ੍ਰਭਾਵਸ਼ਾਲੀ ਸਮਾਗਮ ਦੌਰਾਨ ਕਲੱਬ ਦੇ ਨਵ-ਨਿਯੁਕਤ ਪ੍ਰਧਾਨ ਲਾਇਨ ਆਸ਼ੀਸ਼ ਅਗਰਵਾਲ ਨੇ ਮੁੱਖ ਭੂਮਿਕਾ ਨਿਭਾਈ। ਉਨ੍ਹਾਂ ਦੇ ਨਾਲ ਕਲੱਬ ਦੇ ਸਕੱਤਰ ਲਾਇਨ ਗੁਰਪ੍ਰੀਤ ਸਿੰਘ, ਪੂਰਵ ਪ੍ਰਧਾਨ ਲਾਇਨ ਗਗਨਦੀਪ, ਲਾਇਨ ਲਵ, ਲਾਇਨ ਮੋਹਿਤ ਗਰਗ, ਲਾਇਨ ਅੰਕਿਤ ਜੈਨ, ਲਾਇਨ ਰਿਤੇਸ਼ ਮਿੱਤਲ, ਲਾਇਨ ਡਾਕਟਰ ਰੋਹਿਤ ਗਰਗ ਤੇ ਲਾਇਨ ਦੀਪਕ ਗੁਪਤਾ ਸਮੇਤ ਕਈ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਤੇ ਮੈਂਬਰ ਉਚੇਚੇ ਤੌਰ 'ਤੇ ਹਾਜ਼ਰ ਸਨ। ਸਾਰੇ ਮੈਂਬਰਾਂ ਨੇ ਭਵਿੱਖ ਵਿੱਚ ਵੀ ਅਜਿਹੇ ਮਾਨਵਤਾ ਭਲਾਈ ਦੇ ਕਾਰਜ ਨਿਰੰਤਰ ਜਾਰੀ ਰੱਖਣ ਦਾ ਪ੍ਰਣ ਲਿਆ।

## ਡਰੇਨਾਂ ਦੀ ਸਫ਼ਾਈ 'ਚ ਲਾਪ੍ਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ : ਭਾਕਿਯੂ ਲੱਖੋਵਾਲ



**ਮੋਗਾ (ਇਕਬਾਲ ਸਿੰਘ ਖਹਿਰਾ)**-ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਬਲਾਕ ਮੋਗਾ-2 ਦੀ ਮਹੀਨਾਵਾਰ ਮੀਟਿੰਗ ਜ਼ਿਲ੍ਹਾ ਦਫਤਰ ਵਿਖੇ ਬਲਾਕ ਜਨਰਲ ਸਕੱਤਰ ਬੰਤ ਸਿੰਘ ਨਿਧਾਵਾਲਾ ਦੀ ਅਗਵਾਈ ਹੇਠ ਹੋਈ।ਮੀਟਿੰਗ ਦੀ ਕਾਰਵਾਈ ਬਲਾਕ ਮੀਤ ਪ੍ਰਧਾਨ ਰਾਜਪਾਲ ਸਿੰਘ ਬਰਾੜ ਨੇ ਚਲਾਈ।ਮੀਟਿੰਗ ਵਿੱਚ ਜ਼ਿਲ੍ਹਾ ਪ੍ਰਧਾਨ ਭੁਪਿੰਦਰ ਸਿੰਘ ਦੌਲਤਪੁਰਾ, ਜ਼ਿਲ੍ਹਾ ਜਨਰਲ ਸਕੱਤਰ ਰਵਿੰਦਰ ਸਿੰਘ ਭੋਲਾ, ਜ਼ਿਲ੍ਹਾ ਮੀਤ ਪ੍ਰਧਾਨ ਲਖਬੀਰ ਸਿੰਘ ਸੰਧੂਆਣਾ (ਸਾਬਕਾ ਸਰਪੰਚ), ਜ਼ਿਲ੍ਹਾ ਮੀਤ ਪ੍ਰਧਾਨ ਮੋਦਨ ਸਿੰਘ ਨਿਧਾਵਾਲਾ (ਸਾਬਕਾ ਸਰਪੰਚ) ਤੇ ਜ਼ਿਲ੍ਹਾ ਮੀਡੀਆ ਸਕੱਤਰ ਬਲਕਰਨ ਸਿੰਘ ਢਿੱਲੋਂ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ।ਮੀਟਿੰਗ ਦੌਰਾਨ ਜ਼ਿਲ੍ਹੇ ਵਿੱਚ ਸੰਭਾਵਿਤ ਹੜ੍ਹਾਂ ਦੇ ਖ਼ਤਰੇ ਨੂੰ ਲੈ ਕੇ ਗੰਭੀਰ ਵਿਚਾਰ-ਵਟਾਂਦਰਾ ਕੀਤਾ ਗਿਆ।ਆਗੂਆਂ ਨੇ ਕਿਹਾ ਕਿ ਬਰਸਾਤੀ ਮੌਸਮ ਸ਼ੁਰੂ ਹੋਣ ਦੇ ਬਾਵਜੂਦ ਪ੍ਰਸ਼ਾਸਨ ਵੱਲੋਂ ਡਰੇਨਾਂ ਦੀ ਸਫ਼ਾਈ ਸਿਰਫ਼ ਕਾਗ਼ਜ਼ਾਂ ਤੱਕ ਸੀਮਤ ਹੈ, ਜਦਕਿ ਜ਼ਮੀਨੀ ਹਕੀਕਤ ਕੁਝ ਹੋਰ ਹੀ ਹੈ।ਉਨ੍ਹਾਂ ਕਿਹਾ ਕਿ ਦੌਲਤਪੁਰਾ, ਨਿਧਾਵਾਲਾ, ਡਗਰੂ, ਸੋਸਣ, ਬਘੇਲਾ, ਡਰੋਲੀ ਭਾਈ ਤੇ ਹੋਰ ਪਿੰਡਾਂ ਵਿੱਚੋਂ ਲੰਘਦੀਆਂ ਡਰੇਨਾਂ ਦੀ ਅਜੇ ਤੱਕ ਸਫ਼ਾਈ ਨਹੀਂ ਕੀਤੀ ਗਈ, ਜਿਸ ਕਾਰਨ ਭਾਰੀ ਬਰਸਾਤ ਦੌਰਾਨ ਪਾਣੀ ਦੀ ਨਿਕਾਸੀ ਪ੍ਰਭਾਵਿਤ ਹੋ ਸਕਦੀ ਹੈ।ਕਿਸਾਨ ਆਗੂਆਂ ਨੇ ਜ਼ਿਲ੍ਹਾ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਸਾਰੀਆਂ ਡਰੇਨਾਂ ਦੀ ਸਫ਼ਾਈ ਜੰਗੀ ਪੱਧਰ 'ਤੇ ਤੁਰੰਤ ਕਰਵਾਈ ਜਾਵੇ ਤਾਂ ਜੋ ਹੜ੍ਹਾਂ ਦੀ ਸਥਿਤੀ ਤੋਂ ਬਚਿਆ ਜਾ ਸਕੇ।ਉਨ੍ਹਾਂ ਚੇਤਾਵਨੀ ਦਿੱਤੀ ਕਿ ਜੇਕਰ ਪ੍ਰਸ਼ਾਸਨ ਦੀ ਲਾਪ੍ਰਵਾਹੀ ਕਾਰਨ ਭਾਰੀ ਬਰਸਾਤ ਨਾਲ ਕਿਸਾਨਾਂ ਦੀਆਂ ਫ਼ਸਲਾਂ ਜਾਂ ਪਿੰਡਾਂ ਦਾ ਕੋਈ ਵੀ ਨੁਕਸਾਨ ਹੁੰਦਾ ਹੈ ਤਾਂ ਇਸ ਦੀ ਪੂਰੀ ਜ਼ਿੰਮੇਵਾਰੀ ਜ਼ਿਲ੍ਹਾ ਪ੍ਰਸ਼ਾਸਨ ਦੀ ਹੋਵੇਗੀ।

## ਅਕਾਲ ਤਖ਼ਤ ਸਾਹਿਬ ਦਾ ਸਨਮਾਨ ਬਰਕਰਾਰ ਰੱਖਿਆ ਜਾਵੇ : ਫੇਰੂਰਾਈਂ



**ਰਾਏਕੋਟ (ਇਕਬਾਲ ਸਿੰਘ)**-ਸਿੱਖ ਕੌਮ ਨਾਲ ਜੁੜੇ ਮੌਜੂਦਾ ਧਾਰਮਿਕ ਤੇ ਸਮਾਜਿਕ ਮਸਲਿਆਂ ਨੂੰ ਲੈ ਕੇ ਇਕਬਾਲ ਸਿੰਘ ਫੇਰੂਰਾਈਂ ਨੇ ਆਪਣਾ ਬਿਆਨ ਜਾਰੀ ਕਰਦਿਆਂ ਕਿਹਾ ਕਿ ਸਿੱਖ ਕੌਮ ਨੂੰ ਵੋਟਾਂ ਦੀ ਰਾਜਨੀਤੀ ਲਈ ਜਾਣਬੁੱਝ ਕੇ ਉਲਝਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਸਿੱਖ ਪੰਥ ਨੂੰ ਅਜਿਹੀਆਂ ਸਿਆਸੀ ਚਾਲਾਂ ਤੋਂ ਸਾਵਧਾਨ ਰਹਿਣ ਦੀ ਲੋੜ ਹੈ ਤੇ ਕਿਸੇ ਵੀ ਤਰ੍ਹਾਂ ਦੇ ਭੜਕਾਊ ਪ੍ਰਚਾਰ ਦਾ ਹਿੱਸਾ ਨਹੀਂ ਬਣਨਾ ਚਾਹੀਦਾ।ਇਕਬਾਲ ਸਿੰਘ ਫੇਰੂਰਾਈਂ ਨੇ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਸਿੱਖ ਪੰਥ ਦੀ ਸਰਵਉੱਚ ਧਾਰਮਿਕ ਸੰਸਥਾ ਹੈ, ਜਿਸ ਦੀ ਮਰਿਆਦਾ ਤੇ ਸਨਮਾਨ ਨੂੰ ਹਰ ਸਿੱਖ ਲਈ ਪਹਿਲ ਦੇਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਮਹਾਨਤਾ 'ਤੇ ਕੋਈ ਵੀ ਸਵਾਲ ਨਹੀਂ ਉਠਾਇਆ ਜਾ ਸਕਦਾ ਤੇ ਇਸ ਸਬੰਧੀ ਬੋਲਦੇ ਸਮੇਂ ਹਰ ਵਿਅਕਤੀ ਨੂੰ ਸੰਜਮ ਤੇ ਸਤਿਕਾਰ ਵਾਲੀ ਭਾਸ਼ਾ ਵਰਤਣੀ ਚਾਹੀਦੀ ਹੈ।ਫੇਰਰਾਈਂ ਨੇ ਕਿਹਾ ਕਿ ਸਿੱਖ ਕੌਮ ਨੂੰ ਸਿਆਸੀ ਮਤਭੇਦਾਂ ਤੋਂ ਉੱਪਰ ਉੱਠ ਕੇ ਪੰਥਕ ਹਿੱਤਾਂ ਨੂੰ ਪਹਿਲ ਦੇਣੀ ਚਾਹੀਦੀ ਹੈ ਤਾਂ ਜੋ ਕੌਮ ਦੀ ਏਕਤਾ ਤੇ ਸਨਮਾਨ ਹਰ ਹਾਲ ਵਿੱਚ ਬਰਕਰਾਰ ਰਹੇ।

# ਨਗਰ ਕੌਂਸਲ ਪਾਤੜਾਂ ਦੇ ਅਹੁਦੇਦਾਰਾਂ ਦੀ ਚੋਣ : ਅੰਮ੍ਰਿਤਪਾਲ ਪ੍ਰਧਾਨ, ਪ੍ਰੀਤੀ ਜੈਨ ਸੀਨੀ. ਮੀਤ ਪ੍ਰਧਾਨ ਤੇ ਰੇਨੂ ਵਧਵਾ ਮੀਤ ਪ੍ਰਧਾਨ ਬਣੇ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**

ਨਗਰ ਕੌਂਸਲ ਚੋਣਾਂ ਦੌਰਾਨ ਆਮ ਆਦਮੀ ਪਾਰਟੀ ਦਾ ਸਪਸ਼ਟ ਬਹੁਮੱਤ ਹੋਣ ਦੇ ਬਾਵਜੂਦ ਚਾਰ ਵਾਰ ਅਹੁਦੇਦਾਰਾਂ ਦੀ ਚੋਣ ਰੱਦ ਹੋਣ ਮਗਰੋਂ ਸੋਮਵਾਰ ਨੂੰ ਨਗਰ ਕੌਂਸਲ ਪਾਤੜਾਂ ਦੇ ਅਹੁਦੇਦਾਰਾਂ ਦੀ ਚੋਣ ਆਖ਼ਰ ਸਿਰੇ ਚੜ੍ਹ ਗਈ।ਐੱਸ ਡੀ ਐੱਮ ਪਾਤੜਾਂ-ਕਮ-ਚੋਣ ਅਧਿਕਾਰੀ ਕਾਲਾ ਰਾਮ ਕਾਂਸਲ ਦੀ ਦੇਖ ਰੇਖ ਹੇਠ ਹੋਈ ਚੋਣ ਪ੍ਰਕਿਰਿਆ ਵਿੱਚ ਵਿਧਾਨ ਸਭਾ ਹਲਕਾ ਸ਼ੁਤਰਾਣਾ ਦੇ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ।ਇਸ ਤੋਂ ਇਲਾਵਾ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੇ ਮੀਡੀਆ ਸਲਾਹਕਾਰ ਬਲਤੇਜ ਸਿੰਘ ਪੰਨੂ ਤੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਏ ਸਾਬਕਾ ਵਿਧਾਇਕਾ ਬੀਬੀ ਵਨਿੰਦਰ ਕੌਰ ਲੂੰਬਾ ਦੇ ਪਤੀ ਕਰਨ ਸਿੰਘ ਡੀਟੀਓ ਮੌਜੂਦ ਸਨ।ਇਸ ਚੋਣ ਦੌਰਾਨ ਵਾਰਡ ਨੰਬਰ ਤਿੰਨ ਤੋਂ ਬਿਨਾਂ ਮੁਕਾਬਲਾ ਜੇਤੂ ਰਹੇ ਕੌਂਸਲਰ ਅੰਮ੍ਰਿਤਪਾਲ ਸਿੰਘ ਕਾਲੇਕਾ ਨੂੰ ਪ੍ਰਧਾਨ, ਵਾਰਡ ਨੰਬਰ 15 ਤੋਂ ਜੇਤੂ ਰਹੀ ਆਪ ਕੌਂਸਲਰ ਪ੍ਰੀਤੀ ਜੈਨ ਨੂੰ ਸੀਨੀਅਰ ਮੀਤ ਪ੍ਰਧਾਨ ਤੇ ਵਾਰਡ ਨੰਬਰ 13 ਤੋਂ ਕੌਂਸਲਰ ਜਿੱਤੀ ਰੇਨੂ ਵਧਵਾ ਨੂੰ ਸਰਬਸੰਮਤੀ ਨਾਲ ਮੀਤ ਪ੍ਰਧਾਨ ਚੁਣ ਲਿਆ ਗਿਆ। ਦੁਪਹਿਰ ਤਿੰਨ ਵਜੇ ਨਗਰ ਕੌਂਸਲ ਦੇ ਮੀਟਿੰਗ ਹਾਲ ਵਿੱਚ ਚੱਲੀ ਚੋਣ ਕਾਰਵਾਈ ਦੌਰਾਨ ਕੌਂਸਲਰ ਪ੍ਰੀਤੀ ਜੈਨ ਨੇ ਪ੍ਰਧਾਨਗੀ ਦੇ ਅਹੁਦੇ ਲਈ ਅੰਮ੍ਰਿਤ ਪਾਲ ਸਿੰਘ ਕਾਲੇਕਾ ਦਾ ਨਾਮ ਪੇਸ਼ ਕੀਤਾ, ਇਸ ਤੋਂ ਇਲਾਵਾ ਵਾਰਡ ਨੰਬਰ ਇੱਕ ਤੋਂ ਬਿਨਾਂ ਮੁਕਾਬਲਾ ਜੇਤੂ ਰਹੇ ਕੌਂਸਲਰ ਕੁਲਦੀਪ ਸਿੰਘ ਥਿੰਦ ਨੇ ਸੀਨੀਅਰ ਮੀਤ ਪ੍ਰਧਾਨ ਦੇ ਅਹੁਦੇ ਲਈ ਪ੍ਰੀਤੀ ਜੈਨ ਤੇ ਮੀਤ ਪ੍ਰਧਾਨ ਦੇ ਅਹੁਦੇ ਲਈ ਰੇਨੂ ਵਧਵਾ ਦਾ ਨਾਮ ਪੇਸ਼ ਕੀਤਾ, ਜਿਸ ਨੂੰ ਹਾਲ ਵਿੱਚ ਹਾਜ਼ਰ ਸਾਰੇ 17 ਮੈਂਬਰਾਂ ਨੇ ਸਰਬ ਸੰਮਤੀ ਨਾਲ ਪ੍ਰਵਾਨ ਕਰ ਲਿਆ। ਇਸ ਚੋਣ ਪ੍ਰਕਿਰਿਆ ਦੌਰਾਨ ਆਮ ਆਦਮੀ ਪਾਰਟੀ ਦੇ ਦਸ, ਕਾਂਗਰਸ ਦੇ ਚਾਰ, ਭਾਰਤੀ ਜਨਤਾ ਪਾਰਟੀ ਦੇ ਦੋ ਤੇ ਇੱਕ ਆਜ਼ਾਦ ਕੌਂਸਲਰ ਨੇ ਹਿੱਸਾ ਲਿਆ। ਨਵੇਂ ਚੁਣੇ ਗਏ ਪ੍ਰਧਾਨ ਅੰਮ੍ਰਿਤ ਪਾਲ ਸਿੰਘ ਕਾਲੇਕਾ, ਸੀਨੀਅਰ ਮੀਤ ਪ੍ਰਧਾਨ ਪ੍ਰੀਤੀ ਜੈਨ ਤੇ ਮੀਤ ਪ੍ਰਧਾਨ ਰੇਨੂ ਵਧਵਾ ਨੇ ਕੌਂਸਲਰਾਂ ਸਮੇਤ ਸ਼ਹਿਰ ਵਾਸੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਜੀ ਜਾਨ ਨਾਲ ਸ਼ਹਿਰ ਦੇ ਵਿਕਾਸ ਕਾਰਜਾਂ ਨੂੰ ਸੰਪੰਨ ਕਰਾਉਣ ਦੇ ਨਾਲ ਨਾਲ ਭਾਈਚਾਰਕ ਸਾਂਝ ਬਣਾ ਕੇ ਰੱਖਣ ਲਈ ਵਚਨਬੱਧ ਹਨ।ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਨੇ ਆਮ ਆਦਮੀ ਪਾਰਟੀ ਹਾਈ ਕਮਾਂਡ ਦਾ ਧੰਨਵਾਦ ਕਰਦੇ ਹਾਂ ਕਿਹਾ ਕਿ ਅੱਜ ਦੀ ਚੋਣ ਨੇ ਸ਼ਹਿਰ ਵਾਸੀਆਂ ਦਾ ਦਿਲ ਜਿੱਤ ਲਿਆ ਹੈ, ਜਿਸ ਤੋਂ ਸਾਬਿਤ ਹੁੰਦਾ ਹੈ ਕਿ ਲੋਕ ਉਨ੍ਹਾਂ ਨੂੰ ਅੱਜ ਵੀ ਉਨਾ ਹੀ ਪਿਆਰ ਕਰਦੇ ਹਨ, ਜਿੰਨਾਂ ਵਿਧਾਇਕ ਬਣਾਉਣ ਸਮੇਂ ਕਰਦੇ ਸਨ।ਦੂਜੇ ਪਾਸੇ ਡੀਟੀਓ ਕਰਨ ਸਿੰਘ ਨੇ ਕਿਹਾ ਕਿ ਉਨ੍ਹਾਂ ਦਾ ਮੁੱਖ ਮਕਸਦ ਇਲਾਕੇ ਵਿੱਚੋਂ ਸਮਾਜਿਕ ਬੁਰਾਈਆਂ ਦਾ ਖਾਤਮਾ ਕਰਨ ਦੇ ਨਾਲ ਨਾਲ ਭ੍ਰਿਸ਼ਟਾਚਾਰ ਦਾ ਖਾਤਮਾ ਕਰਨਾ ਹੈ। ਪਾਰਟੀ ਹਾਈ ਕਮਾਂਡ ਦਾ ਧੰਨਵਾਦ ਕਰਦਿਆਂ ਉਨ੍ਹਾਂ ਨਵੀਂ ਚੁਣੀ ਗਈ ਟੀਮ ਨੂੰ ਮੁਬਾਰਕਬਾਦ ਦਿੱਤੀ।

# ਪਿੱਪਲੀ ਕਤਲ ਕਾਂਡ : ਕੁਝ ਘੰਟਿਆਂ 'ਚ ਹੀ ਮੁਲਜ਼ਮ ਗ੍ਰਿਫ਼ਤਾਰ

## ਗਿਣੀ-ਮਿੱਥੀ ਸਾਜ਼ਿਸ਼ ਤਹਿਤ ਨੌਜਵਾਨ ਨੂੰ ਪਿੰਡ ਸੱਦ ਕੇ ਕੀਤਾ ਕਤਲ



**ਫਰੀਦਕੋਟ (ਐਲਿਗਜੈਂਡਰ ਡਿਸੂਜਾ)**

ਸ੍ਰੀ ਗੁਰਬੰਸ ਸਿੰਘ ਬੈਂਸ ਐੱਸ.ਐੱਸ.ਪੀ. ਫਰੀਦਕੋਟ ਦੀ ਅਗਵਾਈ ਹੇਠ ਜ਼ਿਲ੍ਹਾ ਪੁਲਸ ਨੇ ਮਾੜੇ ਅਨਸਰਾਂ ਖ਼ਿਲਾਫ਼ ਵਿੱਢੀ ਮੁਹਿੰਮ ਤਹਿਤ ਇੱਕ ਵੱਡੀ ਸਫ਼ਲਤਾ ਹਾਸਲ ਕੀਤੀ ਹੈ।ਪੁਲਸ ਨੇ ਪਿੰਡ ਪਿੱਪਲੀ ਵਿਖੇ ਹੋਏ ਅੰਨ੍ਹੇ ਕਤਲ ਦੀ ਗੁੱਥੀ ਨੂੰ ਮਹਿਜ਼ ਕੁਝ ਹੀ ਘੰਟਿਆਂ ਵਿੱਚ ਸੁਲਝਾਉਂਦੇ ਹੋਏ ਵਾਰਦਾਤ ਵਿੱਚ ਸ਼ਾਮਲ ਦੋ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰ ਲਿਆ ਹੈ।ਇਹ ਕਾਰਵਾਈ ਜੋਗੇਸ਼ਵਰ ਸਿੰਘ ਗੋਰਾਇਆ ਐੱਸ ਪੀ (ਇੰਨਵੈਸਟੀਗੇਸ਼ਨ) ਤੇ ਤਰਲੋਚਨ ਸਿੰਘ ਡੀ.ਐੱਸ.ਪੀ. (ਸਬ-ਡਵੀਜ਼ਨ) ਫਰੀਦਕੋਟ ਦੇ ਦਿਸ਼ਾ-ਨਿਰਦੇਸ਼ਾਂ ਹੇਠ ਅਮਲ ਵਿੱਚ ਲਿਆਂਦੀ ਗਈ ਹੈ।ਪੁਲਸ ਨੂੰ ਦਿੱਤੇ ਬਿਆਨਾਂ ਵਿੱਚ ਮੁਦਈ ਮੁਕੱਦਮਾ ਹਰਨੇਕ ਸਿੰਘ ਨੇ ਦੱਸਿਆ ਕਿ ਉਸ ਦੇ ਵੱਡੇ ਲੜਕੇ ਅਰਸ਼ਦੀਪ ਸਿੰਘ ਨੇ ਉਸ ਨੂੰ ਕੁਝ ਸਮਾਂ ਪਹਿਲਾਂ ਦੱਸਿਆ ਸੀ ਕਿ ਹਰਪ੍ਰੀਤ ਕੌਰ ਨਾਂ ਦੀ ਇੱਕ ਲੜਕੀ, ਜੋ ਪਿੰਡ ਪਿੱਪਲੀ ਦੇ ਚਮਕੌਰ ਸਿੰਘ ਦੀ ਬੇਟੀ ਹੈ ਤੇ ਪਿੰਡ ਮਚਾਕੀ ਕਲਾਂ ਵਿਖੇ ਵਿਆਹੀ ਹੋਈ ਹੈ, ਉਸ ਨੂੰ ਵਾਰ-ਵਾਰ ਫ਼ੋਨ ਕਰਕੇ ਗੱਲ ਕਰਨ ਤੇ ਰਿਸ਼ਤਾ ਬਣਾਉਣ ਲਈ ਦਬਾਅ ਪਾ ਰਹੀ ਹੈ।ਅਰਸ਼ਦੀਪ ਇਸ ਗੱਲ ਤੋਂ ਕਾਫ਼ੀ ਡਰਿਆ ਹੋਇਆ ਸੀ ਤੇ ਲੜਕੀ ਨੂੰ ਟਾਲ ਰਿਹਾ ਸੀ।ਬੀਤੇ ਦਿਨ ਜਦੋਂ ਅਰਸ਼ਦੀਪ ਸਿੰਘ ਘਰੋਂ ਲਾਪਤਾ ਹੋ ਗਿਆ, ਤਾਂ ਪਰਵਾਰ ਨੇ ਉਸ ਦੀ ਭਾਲ ਸ਼ੁਰੂ ਕੀਤੀ।ਸ਼ੱਕ ਦੇ ਅਧਾਰ 'ਤੇ ਜਦੋਂ ਹਰਨੇਕ ਸਿੰਘ ਪਿੰਡ ਦੇ ਮੋਹਤਬਰ ਬੰਦਿਆਂ ਨੂੰ ਨਾਲ ਲੈ ਕੇ ਪਿੰਡ ਪਿੱਪਲੀ ਪਹੁੰਚਿਆ, ਤਾਂ ਉੱਥੇ ਰੂਹ ਕੰਬਾਊ ਮੰਜ਼ਰ ਸਾਹਮਣੇ ਆਇਆ।ਅਰਸ਼ਦੀਪ ਸਿੰਘ ਦੇ ਹੱਥ-ਪੈਰ ਤੇ ਮੂੰਹ ਬੰਨ੍ਹ ਕੇ ਕੁਹਾੜੀ ਨਾਲ ਬੇਰਹਿਮੀ ਨਾਲ ਉਸ ਦਾ ਕਤਲ ਕਰ ਦਿੱਤਾ ਗਿਆ ਸੀ।ਮਾਮਲੇ ਦੀ ਮੁਢਲੀ ਪੁੱਛਗਿੱਛ ਤੇ ਤਫ਼ਤੀਸ਼ ਦੌਰਾਨ ਇਹ ਸਾਹਮਣੇ ਆਇਆ ਹੈ ਕਿ ਮੁਲਜ਼ਮ ਹਰਪ੍ਰੀਤ ਕੌਰ ਨੇ ਇੱਕ ਗਿਣੀ-ਮਿੱਥੀ ਸਾਜ਼ਿਸ਼ ਤਹਿਤ ਅਰਸ਼ਦੀਪ ਸਿੰਘ ਨੂੰ ਪਿੰਡ ਪਿੱਪਲੀ ਬੁਲਾਇਆ ਸੀ, ਜਿੱਥੇ ਇਸ ਖ਼ੂਨੀ ਵਾਰਦਾਤ ਨੂੰ ਅੰਜਾਮ ਦਿੱਤਾ ਗਿਆ।ਪੁਲਸ ਨੇ ਮੁਸਤੈਦੀ ਦਿਖਾਉਂਦੇ ਹੋਏ ਨਾਮਜ਼ਦ ਦੋਵਾਂ ਮੁਲਜ਼ਮਾਂ ਹਰਪ੍ਰੀਤ ਕੌਰ ਪਤਨੀ ਸਿਮਰਜੀਤ ਸਿੰਘ, ਵਾਸੀ ਮਚਾਕੀ ਕਲਾਂ ਤੇ ਉਸ ਦੇ ਪਿਤਾ ਚਮਕੌਰ ਸਿੰਘ ਉਰਫ਼ ਕੌਰ ਸਿੰਘ ਪੁੱਤਰ ਮੱਖਣ ਸਿੰਘ ਵਾਸੀ ਪਿੰਡ ਪਿੱਪਲੀ ਨੂੰ ਗ੍ਰਿਫ਼ਤਾਰ ਕਰ ਲਿਆ ਹੈ।ਇਸ ਸਬੰਧੀ ਥਾਣਾ ਸਦਰ ਫਰੀਦਕੋਟ ਵਿਖੇ ਮੁਕੱਦਮਾ ਦਰਜ ਕੀਤਾ ਗਿਆ ਹੈ।

# ਇਕਾਈ ਦੇ ਕੰਮਾਂ 'ਚ ਸਰਗਰਮੀਆਂ ਵਧਾਉਣ ਲਈ ਸੂਬਾ ਆਗੂ ਮੀਟਿੰਗ ਲੈਣਗੇ



**ਸੰਗਰੂਰ (ਪ੍ਰਵੀਨ ਸਿੰਘ)**

ਤਰਕਸ਼ੀਲ ਸੁਸਾਇਟੀ ਪੰਜਾਬ ਜ਼ੋਨ ਬਰਨਾਲਾ-ਸੰਗਰੂਰ ਦੀ ਮੀਟਿੰਗ ਜ਼ੋਨ ਜਥੇਬੰਦਕ ਮੁਖੀ ਮਾਸਟਰ ਪਰਮਵੇਦ ਦੀ ਪ੍ਰਧਾਨਗੀ ਵਿੱਚ ਤਰਕਸ਼ੀਲ ਭਵਨ ਵਿਖੇ ਹੋਈ।ਮੀਟਿੰਗ ਦੀ ਕਾਰਵਾਈ ਸਾਂਝੀ ਕਰਦਿਆਂ ਤਰਕਸ਼ੀਲ ਆਗੂ ਗੁਰਦੀਪ ਸਿੰਘ ਲਹਿਰਾ ਨੇ ਦੱਸਿਆ ਕਿ ਮਾਸਟਰ ਜੀ ਸਭ ਤੋਂ ਪਹਿਲਾਂ ਸਾਰਿਆਂ ਨੂੰ ਸਮੇਂ ਸਿਰ ਮੀਟਿੰਗਾਂ ਵਿੱਚ ਸ਼ਮੂਲੀਅਤ ਕਰਨ ਕਹਿੰਦਿਆਂ ਕਿਹਾ ਸਾਨੂੰ ਲੋਕਾਂ ਦਾ ਸੋਚਣ ਢੰਗ ਵਿਗਿਆਨਕ ਬਣਾ ਕੇ ਉਨ੍ਹਾਂ ਨੂੰ ਹਰ ਤਰਾਂ ਦੇ ਵਹਿਮਾਂ ਭਰਮਾਂ, ਵੇਲਾ ਵਿਹਾਅ ਚੁੱਕੀਆਂ ਫੋਕੀਆਂ ਸਮਾਜਿਕ ਤੇ ਘਰੇਲੂ ਰਸਮਾਂ ਰਿਵਾਜਾਂ, ਜਾਦੂ ਟੂਣੇ ਧਾਗੇ ਤਵੀਤਾਂ ਵਿਚੋਂ ਕੱਢ ਕੇ ਵਿਗਿਆਨਕ ਸੋਚ ਦੇ ਲੜ ਲਾਉਣਾ ਹੈ।ਉਸ ਤੋਂ ਬਾਅਦ ਉਨ੍ਹਾਂ 13 ਤੇ 14 ਜੂਨ ਹੋਈ ਸੂਬਾ ਵਰਕਿੰਗ ਕਮੇਟੀ ਦੀ ਹੋਈ ਮੀਟਿੰਗ ਵਿੱਚ ਲਏ ਫ਼ੈਸਲਿਆਂ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸੂਬਾ ਕਮੇਟੀ ਵਲੋਂ ਇਕਾਈਆਂ ਵਿੱਚ ਜ਼ਿਮੇਵਾਰੀਆਂ ਨਿਭਾਉਣ, ਕੰਮਾਂ ਵਿੱਚ ਨਵੀਨਤਾ ਲਿਆਉਣ, ਸਰਗਰਮੀਆਂ ਵਧਾਉਣ ਲਈ ਸੂਬਾ ਕਮੇਟੀ ਵੱਲੋਂ ਹਰੇਕ ਇਕਾਈ ਦੀ ਮੀਟਿੰਗ ਲੈਣ ਲਈ ਸੂਬਾ ਆਗੂਆਂ ਦੀ ਜ਼ਿਮੇਵਾਰੀ ਲਾਈ ਗਈ ਹੈ, ਸੰਗਰੂਰ ਤੇ ਬਰਨਾਲਾ ਜ਼ੋਨ ਵਿੱਚ ਸ਼ਾਮਲ ਇਕਾਈਆਂ ਲਈ ਤਰਕਸ਼ੀਲ ਮੈਗਜ਼ੀਨ ਦੇ ਸੰਪਾਦਕ ਰਾਜਪਾਲ ਸਿੰਘ ਦੀ ਜ਼ਿਮੇਵਾਰੀ ਲਾਈ ਗਈ ਹੈ।ਜ਼ੋਨ ਵਿੱਚ ਫ਼ੈਸਲਾ ਲਿਆ ਗਿਆ ਕਿ ਜ਼ੋਨ ਜਥੇਬੰਦਕ ਮੁਖੀ ਰਾਜਪਾਲ ਸਿੰਘ ਨਾਲ ਸੰਪਰਕ ਕਰਕੇ ਇਕਾਈਆਂ ਦੀ ਮੀਟਿੰਗ ਦੀ ਮਿਤੀ ਤਹਿ ਕਰਨਗੇ।ਮੀਟਿੰਗ 'ਚ ਸੋਸ਼ਲ ਮੀਡੀਏ ਨੂੰ ਲੋਕਾਂ ਵਿੱਚ ਜਾਗਰੂਕਤਾ ਲਿਆਉਣ ਲਈ ਵਰਤਣ ਲਈ, ਮੈਗਜ਼ੀਨ ਵਧਾਉਣ ਲਈ ਵਿਚਾਰ ਵਟਾਂਦਰਾ ਕੀਤਾ ਗਿਆ।

ਐਨ ਸੀ ਆਰ ਟੀ ਦੀ ਸਮਾਜਿਕ ਵਿਗਿਆਨ ਦੀ ਪੁਸਤਕ 'ਚ ਮਨੂ ਸਮ੍ਰਿਤੀ ਦੇ ਸ਼ਲੋਕ ਜੋੜਨ ਤੇ ਰੂਸ, ਫਰਾਂਸ ਦੀ ਇਨਕਲਾਬੀ ਕ੍ਰਾਂਤੀ ਨੂੰ ਸਿਲੇਬਸ ਤੋਂ ਬਾਹਰ ਕਰਨ ਦੀ ਭਰਪੂਰ ਨਿਖੇਧੀ ਕੀਤੀ।ਉਨ੍ਹਾਂ ਅੱਗੇ ਦੱਸਿਆ ਕਿ ਕੌਮੀ ਤਰਕਸ਼ੀਲ ਆਗੂ ਡਾਕਟਰ ਨਰਿੰਦਰ ਦਾਭੋਲਕਰ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਤ 21, 22 ਤੇ 23 ਅਗਸਤ ਨੂੰ ਬਰਨਾਲਾ ਵਿਖੇ ਤਿੰਨ ਦਿਨਾਂ ਪੁਸਤਕ ਪ੍ਰਦਰਸ਼ਨੀ ਲਾਉਣ, ਸਤੰਬਰ ਵਿੱਚ ਸ਼ਹੀਦ ਭਗਤ ਸਿੰਘ ਦੇ ਜਨਮਦਿਨ ਤੇ ਨਵੰਬਰ ਵਿੱਚ ਕਰਤਾਰ ਸਿੰਘ ਸਰਾਭਾ ਦੇ ਸ਼ਹੀਦੀ ਦਿਹਾੜੇ ਤੇ ਕਾਫ਼ਲੇ ਕੱਢਣ, ਸੈਮੀਨਾਰ ਕਰਨ ਤੇ ਲੀਫਲੈਟ ਵੰਡਣ ਤੇ ਪਰਵਾਰਕ ਮਿਲਣੀਆਂ ਕਰਨ ਦਾ ਫ਼ੈਸਲਾ ਕੀਤਾ ਗਿਆ।

# ਨੈਣਾ ਦੇਵੀ ਮੰਦਰ ਕਮੇਟੀ ਵੱਲੋਂ ਅਮਨ ਅਰੋੜਾ ਤੇ ਐੱਮ ਸੀ ਦਾ ਸਨਮਾਨ

**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**

ਸ੍ਰੀ ਨੈਣਾ ਦੇਵੀ ਮੰਦਰ ਵਿਖੇ ਧਾਰਮਿਕ ਸ਼ਰਧਾ ਤੇ ਆਪਸੀ ਸਦਭਾਵਨਾ ਦੇ ਮਾਹੌਲ ਵਿੱਚ ਕਰਵਾਏ ਇੱਕ ਵਿਸ਼ੇਸ਼ ਸਮਾਗਮ ਦੌਰਾਨ ਮੰਦਰ ਕਮੇਟੀ ਵੱਲੋਂ ਪੰਜਾਬ ਦੇ ਕੈਬਨਿਟ ਮੰਤਰੀ ਸ੍ਰੀ ਅਮਨ ਅਰੋੜਾ ਤੇ ਵੱਖ-ਵੱਖ ਵਿਭਾਗਾਂ ਦੇ ਸੀਨੀਅਰ ਅਧਿਕਾਰੀਆਂ ਦਾ ਨਿੱਘਾ ਸਵਾਗਤ ਕਰਦਿਆਂ ਮਾਤਾ ਜੀ ਦੀ ਚੁੰਨੀ ਤੇ ਯਾਦਗਾਰੀ ਚਿੰਨ੍ਹ ਭੇਟ ਕਰਕੇ ਸਨਮਾਨਤ ਕੀਤਾ ਗਿਆ।ਸਮਾਗਮ ਦੌਰਾਨ ਮੰਦਰ ਕਮੇਟੀ ਦੇ ਅਹੁਦੇਦਾਰਾਂ ਨੇ ਕੈਬਨਿਟ ਮੰਤਰੀ ਦਾ ਸਵਾਗਤ ਕਰਦਿਆਂ ਕਿਹਾ ਕਿ ਉਨ੍ਹਾਂ ਦੀ ਅਗਵਾਈ ਹੇਠ ਹਲਕਾ ਸੁਨਾਮ ਤੇ ਆਸ-ਪਾਸ ਦੇ ਖੇਤਰਾਂ ਵਿੱਚ ਵਿਕਾਸ ਕਾਰਜਾਂ ਨੂੰ ਨਵੀਂ ਗਤੀ ਮਿਲੀ ਹੈ।ਉਨ੍ਹਾਂ ਕਿਹਾ ਕਿ ਸੜਕਾਂ, ਸਿੱਖਿਆ, ਸਿਹਤ, ਖੇਡਾਂ, ਪੀਣ ਵਾਲੇ ਪਾਣੀ, ਸੀਵਰੇਜ ਤੇ ਹੋਰ ਬੁਨਿਆਦੀ ਸਹੂਲਤਾਂ ਦੇ ਵਿਕਾਸ ਲਈ ਕੀਤੇ ਜਾ ਰਹੇ ਯਤਨਾਂ ਨਾਲ ਲੋਕਾਂ ਨੂੰ ਸਿੱਧਾ ਲਾਭ ਮਿਲ ਰਿਹਾ ਹੈ।

ਕਮੇਟੀ ਵੱਲੋਂ ਧਾਰਮਿਕ ਤੇ ਸਮਾਜਿਕ ਸੰਸਥਾਵਾਂ ਪ੍ਰਤੀ ਸਰਕਾਰ ਦੇ ਸਕਾਰਾਤਮਕ ਰਵੱਈਏ ਦੀ ਵੀ ਸ਼ਲਾਘਾ ਕੀਤੀ ਗਈ। ਕੈਬਨਿਟ ਮੰਤਰੀ ਸ੍ਰੀ ਅਮਨ ਅਰੋੜਾ ਨੇ ਮੰਦਰ ਕਮੇਟੀ ਵੱਲੋਂ ਦਿੱਤੇ ਗਏ ਸਨਮਾਨ ਲਈ ਧੰਨਵਾਦ ਪ੍ਰਗਟ ਕਰਦਿਆਂ ਕਿਹਾ ਕਿ ਇਹ ਸਨਮਾਨ ਉਨ੍ਹਾਂ ਲਈ ਹੋਰ ਵੱਧ ਸਮਰਪਣ ਨਾਲ ਲੋਕ ਸੇਵਾ ਕਰਨ ਦੀ ਪ੍ਰੇਰਨਾ ਹੈ।ਉਨ੍ਹਾਂ ਕਿਹਾ ਕਿ ਧਾਰਮਿਕ ਅਸਥਾਨ ਕੇਵਲ ਆਸਥਾ ਦੇ ਕੇਂਦਰ ਹੀ ਨਹੀਂ, ਸਗੋਂ ਸਮਾਜ ਵਿੱਚ ਆਪਸੀ ਭਾਈਚਾਰਾ, ਸਦਭਾਵਨਾ, ਨੈਤਿਕ ਕਦਰਾਂ-ਕੀਮਤਾਂ ਤੇ ਮਨੁੱਖਤਾ ਦੀ ਭਾਵਨਾ ਨੂੰ ਮਜ਼ਬੂਤ ਕਰਨ ਵਾਲੇ ਕੇਂਦਰ ਵੀ ਹਨ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਮੁੱਖ ਮੰਤਰੀ ਦੀ ਅਗਵਾਈ ਹੇਠ 'ਰੰਗਲਾ ਪੰਜਾਬ' ਸਿਰਜਣ ਦੇ ਸੰਕਲਪ ਨਾਲ ਕੰਮ ਕਰ ਰਹੀ ਹੈ ਅਤੇ ਸੂਬੇ ਦੇ ਹਰ ਵਰਗ ਦੀ ਭਲਾਈ ਨੂੰ ਯਕੀਨੀ ਬਣਾਉਣ ਲਈ ਵਚਨਬੱਧ ਹੈ।ਸਰਕਾਰ ਦਾ ਟੀਚਾ ਹੈ ਕਿ ਵਿਕਾਸ ਦੇ ਲਾਭ ਸਮਾਜ ਦੇ ਹਰ ਵਰਗ ਤੱਕ ਬਿਨਾਂ ਕਿਸੇ ਭੇਦਭਾਵ ਦੇ ਪਹੁੰਚਣ ਤੇ ਲੋਕਾਂ ਨੂੰ ਬਿਹਤਰ ਬੁਨਿਆਦੀ ਸਹੂਲਤਾਂ ਉਪਲਬਧ ਕਰਾਈਆਂ ਜਾਣ।ਕੈਬਨਿਟ ਮੰਤਰੀ ਨੇ ਕਿਹਾ ਕਿ ਧਾਰਮਿਕ ਸੰਸਥਾਵਾਂ ਵੱਲੋਂ ਸਮਾਜਿਕ ਏਕਤਾ, ਮਨੁੱਖੀ ਸੇਵਾ ਤੇ ਲੋੜਵੰਦਾਂ ਦੀ ਸਹਾਇਤਾ ਲਈ ਨਿਭਾਈ ਜਾ ਰਹੀ ਭੂਮਿਕਾ ਬੇਹੱਦ ਸ਼ਲਾਘਾਯੋਗ ਹੈ।



ਉਨ੍ਹਾਂ ਕਿਹਾ ਕਿ ਸਰਕਾਰ ਹਮੇਸ਼ਾ ਅਜਿਹੀਆਂ ਸੰਸਥਾਵਾਂ ਨਾਲ ਮਿਲ ਕੇ ਲੋਕ ਭਲਾਈ ਦੇ ਕਾਰਜਾਂ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਲਈ ਯਤਨਸ਼ੀਲ ਰਹੇਗੀ।

# ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਦਾ ਹੋਇਆ ਚੋਣ ਅਜਲਾਸ



**ਬੁਢਲਾਡਾ (ਅਸ਼ੋਕ ਲਾਕੜਾ)**

ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਦਾ ਇਜਲਾਸ ਐਸੋਸੀਏਸ਼ਨ ਦੇ ਸੂਬਾ ਪ੍ਰਧਾਨ ਵੈਦ ਧੰਨਾ ਮੱਲ ਗੋਇਲ ਦੀ ਅਗਵਾਈ ਹੇਠ ਹੋਇਆ।ਸੂਬਾ ਸਹਾਇਕ ਕੈਸ਼ੀਅਰ ਤਾਰਾ ਚੰਦ ਭਾਵਾ, ਜ਼ਿਲ੍ਹਾ ਪ੍ਰਧਾਨ ਸਤਪਾਲ ਰਿਸ਼ੀ, ਜ਼ਿਲ੍ਹਾ ਚੇਅਰਮੈਨ ਰਘਵੀਰ ਚੰਦ ਸ਼ਰਮਾ, ਜ਼ਿਲ੍ਹਾ ਸਕੱਤਰ ਸਿਮਰ ਗਾਗੋਵਾਲ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ ਤੇ ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਬਲਾਕ ਬੁਢਲਾਡਾ (ਦਿਹਾਤੀ) ਦੀ ਨਵੀਂ ਕਮੇਟੀ ਦੀ ਚੋਣ ਕੀਤੀ।

ਚੋਣ ਦੌਰਾਨ ਡਾਕਟਰ ਰਮਜਾਨ ਖ਼ਾਨ ਨੂੰ ਸਰਬਸੰਮਤੀ ਨਾਲ ਬਲਾਕ ਬੁਢਲਾਡਾ ਦਾ ਪ੍ਰਧਾਨ ਬਣਾਇਆ ਗਿਆ।ਸੀਨੀਅਰ ਮੀਤ ਪ੍ਰਧਾਨ ਡਾਕਟਰ ਵਕੀਲ ਖ਼ਾਨ ਦੋਦੜਾ, ਮੀਤ ਪ੍ਰਧਾਨ ਮਹੇਸ਼ ਕੁਮਾਰ ਮੰਟਾ ਬੁਢਲਾਡਾ, ਸੈਕਟਰੀ ਡਾਕਟਰ ਗ਼ਮਦੂਰ ਸਿੰਘ ਦੰਦੜਾ, ਪ੍ਰੈਸ ਸਕੱਤਰ ਡਾਕਟਰ ਗੁਰਲਾਲ ਸਿੰਘ ਬੁਢਲਾਡਾ, ਖ਼ਜ਼ਾਨਚੀ ਡਾਕਟਰ ਅੰਮ੍ਰਿਤਪਾਲ ਅੰਬੀ ਕੁਲਾਨਾ, ਸਹਾਇਕ ਖ਼ਜ਼ਾਨਚੀ ਡਾਕਟਰ ਪਵਨ ਕੁਮਾਰ ਜੈਨ ਬੁਢਲਾਡਾ, ਚੇਅਰਮੈਨ ਡਾਕਟਰ ਪ੍ਰੇਮ ਸਾਗਰ ਬੁਢਲਾਡਾ, ਸਲਾਹਕਾਰ ਡਾਕਟਰ ਜਗਤਾਰ ਸਿੰਘ ਖਾਲਸਾ ਫੂਲਵਾਲਾ, ਸਲਾਹਕਾਰ ਡਾਕਟਰ ਗ਼ਮਦੂਰ ਸਿੰਘ ਰੱਲੀ, ਸਲਾਹਕਾਰ ਡਾਕਟਰ ਮੇਜਰ ਸਿੰਘ ਗੋਬਿੰਦਪੁਰਾ, ਸਰਪ੍ਰਸਤ ਡਾਕਟਰ ਸੁਖਵਿੰਦਰ ਸਿੰਘ ਸੁੱਖੀ, ਭਾਦੜਾ ਨੂੰ ਬਣਾਇਆ ਗਿਆ।ਇਸ ਇਜਲਾਸ ਸ਼ਹੀਦਾਂ ਦੇ ਸਿਰਤਾਜ ਸ੍ਰੀ ਗੁਰੂ ਅਰਜਨ ਦੇਵ ਸਾਹਿਬ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਤ ਕੀਤਾ ਗਿਆ।

ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਦੇ ਸੂਬਾ ਪ੍ਰਧਾਨ ਵੈਦ ਧੰਨਾ ਮੱਲ ਗੋਇਲ ਨੇ ਦੱਸਿਆ ਕਿ ਸਮੇਂ ਦੀਆਂ ਸਰਕਾਰਾਂ ਨੇ ਸਾਡੇ ਨਾਲ ਹਮੇਸ਼ਾ ਹੀ ਮਤਰੇਈ ਮਾਂ ਵਰਗਾ ਵਤੀਰਾ ਕੀਤਾ ਹੈ।ਅਸੀਂ ਆਪਣੀ ਜਥੇਬੰਦੀ ਵੱਲੋਂ ਮੰਗ ਕਰਦੇ ਹਾਂ ਸਾਡੇ ਪਿੰਡਾਂ ਵਿਚ ਬੈਠੇ ਡਾਕਟਰਾਂ ਨੂੰ ਪ੍ਰੈਕਟਿਸ ਕਰਨ ਦਾ ਅਧਿਕਾਰ ਦਿੱਤਾ ਜਾਵੇ, ਚੋਣਾਂ ਵੇਲੇ ਕੀਤੇ ਵਾਅਦਿਆਂ ਨੂੰ ਪੂਰਾ ਕੀਤਾ ਜਾਵੇ।ਉਨ੍ਹਾਂ ਨਵੀਂ ਬਣਾਈ ਕਮੇਟੀ ਨੂੰ ਮੁਬਾਰਕਾਂ ਦਿੱਤੀਆਂ ਆਪਸੀ ਭਾਈਚਾਰਕ ਸਾਂਝ ਬਣਾਕੇ ਰੱਖਣ ਦੀ ਅਪੀਲ ਕੀਤੀ।ਬਲਾਕ ਦੇ ਨਵੇਂ ਬਣੇ ਪ੍ਰਧਾਨ ਡਾਕਟਰ ਰਮਜਾਨ ਖਾਨ ਨੇ ਬੋਲਦਿਆਂ ਕਿਹਾ ਕਿ ਮੈਂ ਹਮੇਸ਼ਾ ਹੀ ਆਪਣੀ ਜਥੇਬੰਦੀ ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਦੀ ਤਨੋਂ-ਮਨੋਂ ਸੇਵਾ ਕਰਾਂਗਾ, ਜਿੱਥੇ ਕਿਤੇ ਵੀ ਮੇਰੀ ਲੋੜ ਹੋਵੇਗੀ, ਤੁਰੰਤ ਹਾਜ਼ਰ ਹੋਵਾਂਗਾ।

## ਡਾ. ਅਖਿਲੇਸ਼ ਗਰੋਵਰ ਨੇ ਐਮ.ਡੀ ਮੈਡੀਸਨ ਵਿਭਾਗ 'ਚ ਸੰਭਾਲਿਆ ਅਹੁਦਾ

**ਸੰਗਰੂਰ (ਪ੍ਰਵੀਨ ਸਿੰਘ)**-ਉਮੀਦ ਹਸਪਤਾਲ ਜੋ 2019 ਤੋਂ ਲੈ ਕੇ ਹੁਣ ਤੱਕ ਆਮ ਲੋਕਾਂ ਦੀ ਉਮੀਦ 'ਤੇ ਖਰਾ ਉੱਤਰ ਰਿਹਾ ਹੈ। ਐਮਡੀ ਮੈਡੀਸਨ ਵਿਭਾਗ ਨੂੰ ਹੋਰ ਮਜ਼ਬੂਤ ਬਣਾਉਣ ਦੇ ਉਦੇਸ਼ ਨਾਲ ਨਵੇਂ ਡਾਕਟਰ ਅਖੀਲੇਸ਼ ਗਰੋਵਰ ਜੋ ਕਿ ਸ਼ੂਗਰ ਦੇ ਰੋਗਾਂ ਦੇ ਮਾਹਿਰ, ਗਠੀਆਂ ਦੇ ਮਾਹਿਰ ਨੇ ਆਪਣਾ ਅਹੁਦਾ ਸੰਭਾਲਿਆ।ਹਸਪਤਾਲ ਪ੍ਰਬੰਧਕਾਂ ਤੇ ਸਟਾਫ਼ ਵੱਲੋਂ ਉਨ੍ਹਾਂ ਦਾ ਗਰਮਜੋਸ਼ੀ ਨਾਲ ਸਵਾਗਤ ਕੀਤਾ ਗਿਆ।ਜੈ ਵਰਧਨ ਸ਼ਰਮਾ, ਚਮਕੌਰ ਸਿੰਘ ਪ੍ਰਬੰਧਕ ਨੇ ਦੱਸਿਆ ਕਿ ਨਵੇਂ ਡਾਕਟਰ ਦੇ ਸ਼ਾਮਲ ਹੋਣ ਵਾਲ ਮਰੀਜ਼ਾਂ ਨੂੰ ਹੋਰ ਬਿਹਤਰ ਤੇ ਸਮੇਂ ਸਿਰ ਇਲਾਜ ਦੀ ਸਹੂਲਤ ਮਿਲੇਗੀ।ਡਾਕਟਰ ਅਖੀਲੇਸ਼ ਗਰੋਵਰ ਨੇ ਵੀ ਭਰੋਸਾ ਦਿੱਤਾ ਕਿ ਉਹ ਮਰੀਜ਼ਾਂ ਨੂੰ ਉੱਚ ਪੱਧਰੀ 'ਤੇ ਸਮਰਪਤ ਸਿਹਤ ਸੇਵਾਵਾਂ ਪ੍ਰਦਾਨ ਕਰਨ ਲਈ ਪੂਰੀ ਨਿਸ਼ਠਾ ਨਾਲ ਕੰਮ ਕਰਨਗੇ।ਹਸਪਤਾਲ ਦੇ ਸਾਰੇ ਡਾਕਟਰਾਂ ਤੇ ਸਟਾਫ਼ ਮੈਂਬਰ ਨੇ ਨਵੇਂ ਡਾਕਟਰ ਨੂੰ ਸ਼ੁਭ ਕਾਮਨਾਵਾਂ ਦਿੱਤੀਆਂ।

# ਅਮਰਜੀਤ ਕੌਰ ਤੇ ਲਖਵੀਰ ਕੌਰ ਬਣੇ ਡੀ ਟੀ ਐੱਫ ਬਲਾਕ ਕਮੇਟੀ ਮੈਂਬਰ

## 11 ਤੇ 17 ਦੀ ਰੈਲੀ 'ਚ ਸ਼ਾਮਲ ਹੋਣ ਦਾ ਫੈਸਲਾ



**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)**-ਬਲਾਕ ਕਮੇਟੀ ਡੈਮੋਕ੍ਰੇਟਿਕ ਟੀਚਰਜ਼ ਫ਼ਰੰਟ ਨਿਹਾਲ ਸਿੰਘ ਵਾਲਾ ਦੀ ਬਲਾਕ ਕਮੇਟੀ ਦੀ ਅਹਿਮ ਮੀਟਿੰਗ ਅਮਨਦੀਪ ਮਾਛੀਕੇ ਬਲਾਕ ਪ੍ਰਧਾਨ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਭਰਵੀਂ ਗਿਣਤੀ ਵਿੱਚ ਅਧਿਆਪਕ ਹਾਜ਼ਰ ਹੋਏ।ਮੀਟਿੰਗ ਦੌਰਾਨ ਕੀਤੇ ਗਏ ਫੈਸਲਿਆਂ ਦੀ ਜਾਣਕਾਰੀ ਦਿੰਦਿਆਂ ਬਲਾਕ ਸਕੱਤਰ ਗੁਰਮੀਤ ਸਿੰਘ ਝੋਰੜਾਂ ਨੇ ਦੱਸਿਆ ਕਿ ਮੀਟਿੰਗ ਵਿੱਚ ਇੱਕ ਬਲਾਕ ਕਮੇਟੀ ਮੈਂਬਰ ਦੀ ਅਚਾਨਕ ਮੌਤ ਹੋ ਜਾਣ ਕਾਰਨ ਤੇ ਇੱਕ ਬਲਾਕ ਕਮੇਟੀ ਮੈਂਬਰ ਦੀ ਬਦਲੀ ਹੋਣ ਕਾਰਨ ਮੈਡਮ ਅਮਰਜੀਤ ਕੌਰ ਪੱਤੋ ਤੇ ਮੈਡਮ ਲਖਵੀਰ ਕੌਰ ਬੁਰਜ ਹਮੀਰਾ ਨੂੰ ਬਤੌਰ ਬਲਾਕ ਕਮੇਟੀ ਮੈਂਬਰ ਸਰਬਸੰਮਤੀ ਨਾਲ ਚੁਣ ਲਿਆ ਗਿਆ।

ਅਧਿਆਪਕ ਆਗੂਆਂ ਨੇ ਕਿਹਾ ਕਿ ਜਥੇਬੰਦੀ ਵਿੱਚ ਔਰਤ ਭੈਣਾਂ ਦਾ ਆਉਣਾ ਇੱਕ ਸ਼ੁਭ ਸ਼ਗਨ ਹੈ ਤੇ ਸਮੇਂ ਦੀ ਅਣਸਰਦੀ ਲੋੜ ਹੈ।ਆਗੂਆਂ ਨੇ ਨਿਹਾਲ ਸਿੰਘ ਵਾਲਾ ਬਲਾਕ ਦੀਆਂ ਸਮੂਹ ਅਧਿਆਪਕਾਵਾਂ ਨੂੰ ਜਥੇਬੰਦੀ ਨਾਲ ਜੁੜਨ ਤੇ ਸੰਘਰਸ਼ਾਂ ਵਿੱਚ ਵੱਧ ਤੋਂ ਵੱਧ ਸ਼ਮੂਲੀਅਤ ਕਰਨ ਦੀ ਅਪੀਲ ਕੀਤੀ।ਬਲਾਕ ਕਮੇਟੀ ਵੱਲੋਂ ਪੰਜਾਬ ਮੁਲਾਜ਼ਮ ਤੇ ਪੈਨਸ਼ਨਰਜ਼ ਫ਼ਰੰਟ, ਸਾਂਝਾ ਮੁਲਜ਼ਮ ਮੰਚ ਵੱਲੋਂ 11 ਜੁਲਾਈ ਨੂੰ ਮੋਗਾ ਦੀ ਐੱਮ. ਐੱਲ. ਏ. ਅਮਨਦੀਪ ਕੌਰ ਅਰੋੜਾ ਦੇ ਘਰ ਅੱਗੇ ਦਿੱਤੇ ਜਾ ਰਹੇ ਰੋਸ ਧਰਨੇ ਤੇ 17 ਜੁਲਾਈ ਨੂੰ ਮੋਹਾਲੀ ਵਿਖੇ ਹੋਣ ਵਾਲੀ ਸੂਬਾ ਪੱਧਰੀ ਮਹਾਂਰੈਲੀ ਵਿੱਚ ਵਧ ਚੜ੍ਹ ਕੇ ਸ਼ਮੂਲੀਅਤ ਕਰਨ ਦਾ ਫ਼ੈਸਲਾ ਲਿਆ ਗਿਆ।

ਬਲਾਕ ਮੀਤ ਪ੍ਰਧਾਨ ਸੁਖਜੀਤ ਸਿੰਘ ਕੁੱਸਾ, ਵਿੱਤ ਸਕੱਤਰ ਜਸਵੀਰ ਸਿੰਘ ਸੈਦੋਕੇ ਤੇ ਬਲਾਕ ਪ੍ਰੈੱਸ ਸਕੱਤਰ ਹੀਰਾ ਸਿੰਘ ਢਿੱਲੋਂ ਨੇ ਦੱਸਿਆ ਕਿ 17 ਜੁਲਾਈ ਦੀ ਸੂਬਾ ਪੱਧਰੀ ਮਹਾਂਰੈਲੀ ਲਈ ਬਲਾਕ ਕਮੇਟੀ ਮੈਂਬਰ ਸਕੂਲਾਂ ਵਿੱਚ ਜਾ ਕੇ ਅਧਿਆਪਕਾਂ ਨਾਲ ਰਾਬਤਾ ਕਾਇਮ ਕਰਨਗੇ ਤੇ ਅਧਿਆਪਕਾਂ ਨੂੰ ਵੱਡੀ ਪੱਧਰ 'ਤੇ ਇਸ ਰੈਲੀ ਵਿੱਚ ਸ਼ਾਮਲ ਹੋਣ ਲਈ ਪ੍ਰੇਰਿਤ ਕਰਨਗੇ। ਇਸ ਸਮੇਂ ਵੱਡੀ ਗਿਣਤੀ ਵਿੱਚ ਅਧਿਆਪਕ ਆਗੂ ਹਾਜ਼ਰ ਸਨ।

# ਸਾਂਸਦ ਘੁਬਾਇਆ ਨੇ ਰਾਜਪਾਲ ਨਾਲ ਕੀਤੀ ਮੁਲਾਕਾਤ

## ਸਰਹੱਦੀ ਜ਼ਿਲ੍ਹਾ ਫਾਜ਼ਿਲਕਾ ਤੇ ਫਿਰੋਜ਼ਪੁਰ ਦੀਆਂ ਮੁਸ਼ਕਲਾਂ ਦਾ ਹੱਲ ਕਰਨ ਬਾਰੇ ਕੀਤੀ ਗੱਲਬਾਤ



**ਜਲਾਲਾਬਾਦ (ਜੰਗੀਰ ਕੌਰ/ਜੀਤ ਕੁਮਾਰ)**-ਫਿਰੋਜ਼ਪੁਰ ਲੋਕ ਸਭਾ ਹਲਕੇ ਦੇ ਮੈਂਬਰ ਪਾਰਲੀਮੈਂਟ ਸ਼ੇਰ ਸਿੰਘ ਘੁਬਾਇਆ ਵੱਲੋਂ ਪੰਜਾਬ ਸੂਬੇ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨਾਲ ਮੁਲਾਕਾਤ ਕਰਕੇ ਜ਼ਿਲ੍ਹਾ ਫਾਜ਼ਿਲਕਾ ਤੇ ਫਿਰੋਜ਼ਪੁਰ ਦੇ ਸਰਹੱਦੀ ਇਲਾਕਿਆਂ ਨਾਲ ਸੰਬੰਧਤ ਅਹਿਮ ਲੋਕ-ਮੁੱਦਿਆਂ ਬਾਰੇ ਵਿਸਥਾਰ ਨਾਲ ਚਰਚਾ ਕੀਤੀ ਤੇ ਇੱਕ ਮੰਗ-ਪੱਤਰ ਸੌਂਪਿਆ।

ਇਸ ਮੌਕੇ ਮੈਂਬਰ ਪਾਰਲੀਮੈਂਟ ਸ਼ੇਰ ਸਿੰਘ ਘੁਬਾਇਆ ਵੱਲੋਂ ਪੰਜਾਬ ਦੇ ਰਾਜਪਾਲ ਨੂੰ ਬੇਨਤੀ ਕੀਤੀ ਕਿ ਫਾਜ਼ਿਲਕਾ ਦੇ ਸਰਹੱਦੀ ਖੇਤਰ ਵਿੱਚ ਬਣਾਏ ਜਾ ਰਹੇ ਡਿਫੈਂਸ ਪੁਲ ਦੇ ਪ੍ਰੋਜੈਕਟ ਨੂੰ ਮੌਜੂਦਾ ਰੂਪ ਵਿੱਚ ਰੱਦ ਕਰਕੇ ਇਸ 'ਤੇ ਮੁੜ ਵਿਚਾਰ ਕੀਤਾ ਜਾਵੇ, ਤਾਂ ਜੋ ਸਰਹੱਦੀ ਵਸਨੀਕਾਂ ਤੇ ਕਿਸਾਨਾਂ ਦੇ ਹਿੱਤਾਂ ਦੀ ਪੂਰੀ ਤਰ੍ਹਾਂ ਰੱਖਿਆ ਹੋ ਸਕੇ ਤੇ ਸਥਾਨਕ ਲੋਕਾਂ ਦੀਆਂ ਭਾਵਨਾਵਾਂ ਦਾ ਸਤਿਕਾਰ ਕੀਤਾ ਜਾਵੇ। ਇਸ ਤੋਂ ਇਲਾਵਾ, ਸਰਹੱਦੀ ਖੇਤਰ ਦੇ ਨੌਜਵਾਨਾਂ ਲਈ ਭਾਰਤੀ ਫੌਜ ਤੇ ਹੋਰ ਸੁਰੱਖਿਆ ਬਲਾਂ ਵਿੱਚ ਵਿਸ਼ੇਸ਼ ਕੋਟੇ ਤਹਿਤ ਭਰਤੀ ਦੀ ਵਿਵਸਥਾ ਕਰਨ ਦੀ ਮੰਗ ਵੀ ਰੱਖੀ ਗਈ, ਤਾਂ ਜੋ ਦੇਸ਼ ਦੀ ਸੇਵਾ ਕਰਨ ਦੇ ਇੱਛੁਕ ਨੌਜਵਾਨਾਂ ਨੂੰ ਵਧੇਰੇ ਮੌਕੇ ਮਿਲ ਸਕਣ। ਸਾਂਸਦ ਸ਼ੇਰ ਸਿੰਘ ਘੁਬਾਇਆ ਨੇ ਸਰਹੱਦੀ ਇਲਾਕੇ ਦੇ ਕਿਸਾਨਾਂ ਨੂੰ ਫਸਲਾਂ ਦੇ ਨੁਕਸਾਨ, ਬਾਰਡਰ ਪਾਬੰਦੀਆਂ ਤੇ ਹੋਰ ਸਮੱਸਿਆਵਾਂ ਕਾਰਨ ਹੋ ਰਹੀਆਂ ਮੁਸ਼ਕਲਾਂ ਦਾ ਜ਼ਿਕਰ ਕਰਦਿਆਂ ਉਚਿਤ ਮੁਆਵਜ਼ਾ, ਰਾਹਤ ਤੇ ਉਨ੍ਹਾਂ ਦੀਆਂ ਲੰਬੇ ਸਮੇਂ ਤੋਂ ਚੱਲ ਰਹੀਆਂ ਸਮੱਸਿਆਵਾਂ ਦਾ ਜਲਦ ਹੱਲ ਕਰਨ ਦੀ ਵੀ ਮੰਗ ਕੀਤੀ ਗਈ। ਇਸ ਦੇ ਨਾਲ ਹੀ ਰਾਜਪਾਲ ਨੂੰ ਇਹ ਵੀ ਬੇਨਤੀ ਕੀਤੀ ਗਈ ਕਿ ਉਹ ਖੁਦ 12 ਜੁਲਾਈ ਤੋਂ ਬਾਅਦ ਜ਼ਿਲ੍ਹਾ ਫਿਰੋਜ਼ਪੁਰ ਤੇ ਫਾਜ਼ਿਲਕਾ ਦੇ ਸਰਹੱਦੀ ਇਲਾਕਿਆਂ ਦਾ ਦੌਰਾ ਕਰਨ, ਤਾਂ ਜੋ ਉਹ ਖੁਦ ਮੌਕੇ 'ਤੇ ਪਹੁੰਚ ਕੇ ਲੋਕਾਂ ਦੀਆਂ ਮੁਸ਼ਕਲਾਂ ਨੂੰ ਵੇਖਣ ਤੇ ਸੰਬੰਧਤ ਅਧਿਕਾਰੀਆਂ ਨੂੰ ਤੁਰੰਤ ਕਾਰਵਾਈ ਕਰਨ ਲਈ ਲੋੜੀਂਦੇ ਨਿਰਦੇਸ਼ ਜਾਰੀ ਕਰ ਸਕਣ। ਸਾਂਸਦ ਸ਼ੇਰ ਸਿੰਘ ਘੁਬਾਇਆ ਨੇ ਦੱਸਿਆ ਕਿ ਰਾਜਪਾਲ ਨੇ ਮੰਗਾਂ ਨੂੰ ਗੰਭੀਰਤਾ ਨਾਲ ਸੁਣਿਆ ਅਤੇ ਉਨ੍ਹਾਂ 'ਤੇ ਹਮਦਰਦੀ ਤੇ ਸਕਾਰਾਤਮਕ ਢੰਗ ਨਾਲ ਵਿਚਾਰ ਕਰਨ ਦਾ ਭਰੋਸਾ ਦਿੱਤਾ। ਇਸ ਮੌਕੇ ਉਨ੍ਹਾਂ ਨਾਲ ਐਡਵੋਕੇਟ ਰੰਜੀਵ ਪਸਰੀਚਾ, ਕਾਂਗਰਸ ਪਾਰਟੀ ਦੇ ਸੀਨੀਅਰ ਨੇਤਾ ਬਲਤੇਜ ਸਿੰਘ ਬਰਾੜ, ਕਾਮਰੇਡ ਹੰਸਾ ਸਿੰਘ, ਸੁਰਿੰਦਰ ਕੰਬੋਜ ਤੇ ਜੰਗੀਰ ਸਿੰਘ ਬਠਿੰਡਾ ਹਾਜ਼ਰ ਸਨ।

## ਮੁੰਡੀਆਂ ਵੱਲੋਂ ਜੈਤੋ ਨਗਰ ਕੌਂਸਲ ਦੇ ਨਵੇਂ ਚੁਣੇ ਅਹੁਦੇਦਾਰਾਂ ਨਾਲ ਮੀਟਿੰਗ

**ਫ਼ਰੀਦਕੋਟ (ਐਲਿਗਜੈਂਡਰ ਡਿਸੂਜਾ)** ਪੰਜਾਬ ਦੇ ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀਆਂ ਨੇ ਨਗਰ ਕੌਂਸਲ ਦੇ ਨਵੇਂ ਚੁਣੇ ਪ੍ਰਧਾਨ, ਸੀਨੀਅਰ ਮੀਤ ਪ੍ਰਧਾਨ, ਮੀਤ ਪ੍ਰਧਾਨ ਤੇ ਸਮੂਹ ਕੌਂਸਲਰਾਂ ਨਾਲ ਇੱਕ ਵਿਸ਼ੇਸ਼ ਮੀਟਿੰਗ ਕੀਤੀ।ਉਨ੍ਹਾਂ ਨਵੀਂ ਚੁਣੀ ਗਈ ਟੀਮ ਨੂੰ ਵਧਾਈ ਦਿੱਤੀ, ਜਿਸ ਵਿੱਚ ਸ੍ਰੀਮਤੀ ਨਿਰਮਲਾ ਦੇਵੀ ਨੂੰ ਨਗਰ ਕੌਂਸਲ ਪ੍ਰਧਾਨ, ਸ੍ਰੀ ਹਰੀਸ਼ ਚੰਦਰ ਨੂੰ ਸੀਨੀਅਰ ਮੀਤ ਪ੍ਰਧਾਨ ਤੇ ਸ੍ਰੀ ਨਰਿੰਦਰਪਾਲ ਸਿੰਘ ਨੂੰ ਮੀਤ ਪ੍ਰਧਾਨ ਚੁਣਿਆ ਗਿਆ ਹੈ।ਹਰਦੀਪ ਸਿੰਘ ਮੁੰਡੀਆਂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਸੂਬੇ ਦੇ ਸ਼ਹਿਰਾਂ ਦੇ ਸਰਵਪੱਖੀ ਵਿਕਾਸ ਲਈ ਪੂਰੀ ਤਰ੍ਹਾਂ ਵਚਨਬੱਧ ਹੈ।ਉਨ੍ਹਾਂ ਭਰੋਸਾ ਜਤਾਇਆ ਕਿ ਜੈਤੋ ਸ਼ਹਿਰ ਦੇ ਵਿਕਾਸ ਨੂੰ ਹੋਰ ਗਤੀ ਦੇਣ ਲਈ ਨਗਰ ਕੌਂਸਲ ਦੀ ਨਵੀਂ ਟੀਮ, ਹਲਕਾ ਵਿਧਾਇਕ ਤੇ ਪੰਜਾਬ ਸਰਕਾਰ ਆਪਸੀ ਤਾਲਮੇਲ ਨਾਲ ਕੰਮ ਕਰਨਗੇ।

ਉਨ੍ਹਾਂ ਨੇ ਨਵੇਂ ਚੁਣੇ ਕੌਂਸਲਰਾਂ ਨੂੰ ਵਿਸ਼ੇਸ਼ ਹਦਾਇਤ ਕੀਤੀ ਕਿ ਉਹ ਲੋਕਾਂ ਨਾਲ ਲਗਾਤਾਰ ਸਿੱਧਾ ਸੰਪਰਕ ਬਣਾ ਕੇ ਰੱਖਣ।ਵਿਧਾਇਕ ਅਮੋਲਕ ਸਿੰਘ ਨੇ ਨਵੇਂ ਚੁਣੇ ਅਹੁਦੇਦਾਰਾਂ ਨੂੰ ਸ਼ੁਭਕਾਮਨਾਵਾਂ ਦਿੰਦਿਆਂ ਕਿਹਾ ਕਿ ਭਾਵੇਂ ਪ੍ਰਧਾਨ ਤੇ ਮੀਤ ਪ੍ਰਧਾਨਾਂ ਦੀ ਚੋਣ ਹੋ ਚੁੱਕੀ ਹੈ, ਪਰ ਉਨ੍ਹਾਂ ਲਈ ਨਗਰ ਕੌਂਸਲ ਦੇ ਸਾਰੇ 17 ਦੇ 17 ਕੌਂਸਲਰ ਬਰਾਬਰ ਮਹੱਤਵ ਰੱਖਦੇ ਹਨ।


### ਉੱਤਰ ਰੇਲਵੇ

**ਈ-ਟੈਂਡਰ ਸੂਚਨਾ**

ਉਪ ਮੁੱਖ ਇੰਜੀਨੀਅਰ/ਪੁਲ/ਵਰਕਸ਼ਾਪ, ਉੱਤਰ ਰੇਲਵੇ, ਜਲੰਧਰ ਛਾਵਣੀ ਦੇ ਦੁਵਾਰਾ ਭਾਰਤ ਦੇ ਰਾਸ਼ਟਰਪਤੀ ਦੀ ਤਰਫ ਤੋਂ, ਓਪਨ ਈ-ਟੈਂਡਰ ਨੂੰ ਏਕਲ ਪੈਕੇਟ ਸਿਸਟਮ ਦੇ ਤਹਿਤ ਮੰਗ ਕੀਤੀ ਗਈ ਹੈ।

| | |
|---|---|
| **ਲੜੀ ਨੰ: 1: ਟੈਂਡਰ ਨੰ:** | OT-18-JRC-2026 |
| **ਕੰਮ ਦਾ ਵੇਰਵਾ :** | ਸਵੀਕ੍ਰਿਤ ਡਰਾਇੰਗ ਦੇ ਅਨੁਸਾਰ 3.05 ਮੀਟਰ ਤੋਂ 12.20 ਮੀਟਰ ਲੰਬਾਈ ਦੀ ਪ੍ਰੀ-ਸਟ੍ਰੇਸਡ ਕੰਕਰੀਟ (PSC) ਸਲੈਬਾਂ ਦੀ ਢਲਾਈ, ਬ੍ਰਿਜ ਵਰਕਸ਼ਾਪ, ਜਲੰਧਰ ਕੈਂਟ ਦੇ PSC ਯਾਰਡ ਵਿਚ ਕਰਨਾ। |
| **ਅਨੁਮਾਨਿਤ ਲਾਗਤ :** | ਰੁ: 3,22,92,668.52 |
| **ਬਿਆਨਾ ਰਾਸ਼ੀ :** | ਰੁ: 6,45,900.00 |
| **ਖੁਲਣ ਦੀ ਮਿਤੀ :** | 27.07.2026 |
| **IREPS ਉਤੇ ਬੋਲੀ ਲਗਾਣ ਦੀ ਮਿਤੀ :** | 13.07.2026 ਤੋਂ 27.07.2026 |
| **ਟੈਂਡਰ ਫਾਰਮ ਦੀ ਲਾਗਤ ਰੁਪਏ :** | 0 |
| **ਕੰਮ ਪੂਰਾ ਕਰਨ ਦਾ ਸਮਾਂ :** | 12 ਮਹੀਨੇ |
| **ਟੈਂਡਰ ਪੇਸ਼ ਕਰਨ ਅਤੇ ਟੈਂਡਰ ਖੁਲਣ ਦੇ ਲਈ ਮਿਤੀ ਅਤੇ ਸਮਾਂ :** | ਹਰੇਕ ਦੇ ਖਿਲਾਫ ਦਿਖਾਏ ਗਈ ਮਿਤੀਆਂ ਉਤੇ 15:00 ਵਜੇ ਤਕ ਅਤੇ ਉਸੀ ਸਮਾਂ 15:00 ਵਜੇ ਦੇ ਬਾਦ। |

**ਵੈੱਬਸਾਈਟ ਵੇਰਵਾ ਜਿਥੋਂ ਟੈਂਡਰ ਦਾ ਪੂਰਾ ਵੇਰਵਾ ਦੇਖਿਆ ਜਾਂ ਸਕਦਾ ਹੈ ਅਤੇ ਡਾਊਨਲੋਡ ਕੀਤਾ ਜਾਂ ਸਕਦਾ ਹੈ :** ਪੂਰੀ ਈ-ਟੈਂਡਰ ਸੂਚਨਾ ਉੱਤਰ ਰੇਲਵੇ ਵੈੱਬਸਾਈਟ www.nr.indianrailways.gov.in ਉਤੇ ਉਪਲਬਧ ਹੈ ਅਤੇ ਟੈਂਡਰ ਦਸਤਾਵੇਜ www.ireps.gov.in ਉਤੇ ਉਪਲਬਧ ਹੈ।

ਨੰ: 80-W/30/Bridges/Invitation ਮਿਤੀ : 04.07.2026 2302/2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ



### UMMEED HOUSING FINANCE PVT. LTD

Registered office at: Unit 2009-14,20th Floor, Magnum Global Park, Golf Course Extension Road,Sec-58, Gurugram (Haryana)-122011)

**ਅੰਤਿਕਾ IV [(ਦੇਖੋ ਰੂਲ 8 (1)] ਕਬਜ਼ਾ ਨੋਟਿਸ**

ਜਦੋਂਕਿ ਨਿਮਨਹਸਤਾਖਰੀ ਨੇ 'ਸਕਿਉਰਿਟੀਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਐਸੇਟਸ ਐਂਡ ਇਨਫੋਰਸਮੈਂਟ ਆਫ ਸਕਿਉਰਿਟੀ ਇੰਟਰੈੱਸਟ (ਐਕਟ 2002 (54 ਆਫ 2002) ਅਧੀਨ ਉਮੀਦ ਹਾਊਸਿੰਗ ਫਾਈਨਾਂਸ ਪ੍ਰਾਈ: ਲਿਮ: ਦਾ ਅਧਿਕਾਰਤ ਅਫਸਰ ਹੋਣ ਦੇ ਨਾਤੇ ਅਤੇ ਸਕਿਉਰਿਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ (ਰੂਲ 3) ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਹੇਠਾਂ ਦਰਸਾਏ ਕਰਜ਼ਦਾਰਾਂ ਨੂੰ ਨੋਟਿਸ 'ਚ ਦਰਸਾਈ ਰਕਮ ਸਮੇਤ ਲਾਗਤਾਂ, ਚਾਰਜਿਜ਼ ਅਤੇ ਖਰਚੇ ਅਦਾਇਗੀ ਦੀ ਅਸਲ ਮਿਤੀ ਤੱਕ ਨੋਟਿਸ ਪ੍ਰਾਪਤੀ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ-ਅੰਦਰ ਵਾਪਸ ਅਦਾ ਕਰਨ ਲਈ ਡਿਮਾਂਡ ਨੋਟਿਸ ਜਾਰੀ ਕੀਤਾ ਸੀ।

ਸੰਬੰਧਤ ਕਰਜ਼ਦਾਰ/ਸਹਿ-ਕਰਜ਼ਦਾਰ/ਗਰੰਟਰ/ਰਹਿਣਕਾਰ ਰਾਸ਼ੀ ਵਾਪਸ ਅਦਾ ਕਰਨ 'ਚ ਅਸਫਲ ਰਹੇ ਹਨ ਅਤੇ ਕਰਜ਼ਦਾਰ/ਸਹਿ-ਕਰਜ਼ਦਾਰ/ਗਰੰਟਰ/ਰਹਿਣਕਾਰ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਸਕਿਉਰਿਟੀ ਇੰਟਰੈੱਸਟ ਇਨਫੋਰਸਮੈਂਟ ਰੂਲਜ਼, 2002 ਦੇ ਰੂਲ 8 ਨਾਲ ਪੜ੍ਹੇ ਜਾਂਦੇ ਸੈਕਸ਼ਨ 13 ਦੇ ਸਬ-ਸੈਕਸ਼ਨ (4) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਹੇਠਾਂ ਦਰਸਾਈ ਜਾਇਦਾਦ ਦਾ ਸੰਕੇਤਕ ਕਬਜ਼ਾ ਪ੍ਰਾਪਤ ਕਰ ਲਿਆ ਹੈ।

ਕਰਜ਼ਦਾਰ/ਸਹਿ-ਕਰਜ਼ਦਾਰ/ਗਰੰਟਰ/ਰਹਿਣਕਾਰ ਨੂੰ ਖਾਸ ਕਰ ਅਤੇ ਆਮ ਜਨਤਾ ਨੂੰ ਆਮ ਤੌਰ 'ਤੇ ਚੇਤਾਵਨੀ ਦਿੱਤੀ ਜਾਂਦੀ ਹੈ ਕਿ ਉਹ ਜਾਇਦਾਦ ਸੰਬੰਧੀ ਕੋਈ ਸੌਦੇਬਾਜ਼ੀ ਨਾ ਕਰਨ ਅਤੇ ਜਾਇਦਾਦ ਸੰਬੰਧੀ ਕੀਤੀ ਗਈ ਕੋਈ ਵੀ ਸੌਦੇਬਾਜ਼ੀ ਉਮੀਦ ਹਾਊਸਿੰਗ ਫਾਈਨਾਂਸ ਪ੍ਰਾਈ: ਲਿਮ: ਨੂੰ ਰਕਮ ਅਤੇ ਉਸ ਉੱਪਰ ਅਗਲਾ ਵਿਆਜ ਲਾਗਤਾਂ ਅਤੇ ਚਾਰਜਿਜ਼ ਆਦਿ ਨੂੰ ਨਿਮਨਲਿਖਤ ਨਿਰਧਾਰਤ ਮਿਤੀਆਂ ਤੋਂ ਮੁਕੰਮਲ ਅਦਾਇਗੀ ਤੱਕ ਹੱਕਦਾਰ ਬਣਾਏਗੀ।

ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ ਸੈਕਸ਼ਨ (8) ਦੀਆਂ ਵਿਵਸਥਾਵਾਂ ਅਧੀਨ ਸਕਿਉਰਡ ਐੱਸਟਸ ਦੇ ਪੁਨਰਗ੍ਰਹਿਣ ਕਰਨ ਲਈ ਉਪਲਬਧ ਸਮੇਂ ਵੱਲ ਦਿਵਾਇਆ ਜਾਂਦਾ ਹੈ।

ਕਰਜ਼ਦਾਰਾਂ, ਸਹਿ-ਕਰਜ਼ਦਾਰਾਂ ਅਤੇ ਗਰੰਟਰਾਂ ਨੂੰ ਸਕਿਉਰਟੀਜ਼, ਬਕਾਇਆ ਰਕਮਾਂ, ਡਿਮਾਂਡ ਨੋਟਿਸ ਦੇ ਵੇਰਵੇ ਸੈਕਸ਼ਨ 13 (2) ਅਧੀਨ ਭੇਜੇ ਗਏ ਹਨ ਅਤੇ ਇਸ ਅਧੀਨ ਦਾਅਵਾ ਕੀਤੀ ਗਈ ਰਕਮ ਅਤੇ ਕਬਜ਼ੇ ਦੀ ਮਿਤੀ ਹੇਠਾਂ ਦਰਸਾਏ ਅਨੁਸਾਰ ਹੈ :

| ਲੜੀ ਨੰ. | ਕਰਜ਼ਦਾਰ, ਸਹਿ-ਕਰਜ਼ਦਾਰ, ਗਰੰਟਰ ਦਾ ਨਾਂਅ ਅਤੇ ਪਤਾ ਕਰਜ਼ਾ ਖਾਤਾ ਨੰ. ਅਤੇ ਕਰਜ਼ਾ ਰਾਸ਼ੀ | ਡਿਮਾਂਡ ਨੋਟਿਸ ਦੀ ਮਿਤੀ | ਸੰਕੇਤਕ ਕਬਜ਼ੇ ਦੀ ਮਿਤੀ |
|---|---|---|---|
| 1. | 1. ਰਣਜੀਤ ਕੁਮਾਰ ਮੰਡਲ ਪੁੱਤਰ ਸਿਪਾਹੀ ਮੰਡਲ (ਕਰਜ਼ਦਾਰ) (2) ਸੁੱਗੋ ਦੇਵੀ ਪਤਨੀ ਰਣਜੀਤ ਕੁਮਾਰ ਮੰਡਲ (ਸਹਿ-ਕਰਜ਼ਦਾਰ) ਦੋਵੇਂ ਵਾਸੀ ਬੀ02914415, ਗਲੀ ਨੰ. 1, ਨੇੜੇ ਰਾਣਾ ਇਲੈਕਟ੍ਰਾਨਿਕ, ਪ੍ਰੇਮ ਨਗਰ, ਲੋਹਾਰਾ, ਲੁਧਿਆਣਾ, ਪੰਜਾਬ-141016 ਕਰਜ਼ਾ ਨੰ. ਐੱਲ ਐਕਸ ਐੱਲ ਯੂ ਡੀ 02924-250048332 ਕਰਜ਼ਾ ਇਕਰਾਰਨਾਮਾ ਮਿਤੀ : 28 ਫਰਵਰੀ 2025 ਕਰਜ਼ਾ ਰਕਮ ਰੁਪਏ 10,54,000/- | 02 ਅਪ੍ਰੈਲ 26<br>ਬਕਾਇਆ ਰਕਮ ਰੁਪਏ 'ਚ<br>02 ਅਪ੍ਰੈਲ 2026 ਨੂੰ ਰੁਪਏ 11,15,425/- (ਗਿਆਰਾਂ ਲੱਖ ਪੰਦਰਾਂ ਹਜ਼ਾਰ ਚਾਰ ਸੌ ਪੱਚੀ ਰੁਪਏ ਕੇਵਲ) + 3 ਅਪ੍ਰੈਲ 2026 ਤੋਂ ਅਗਲਾ ਵਿਆਜ ਅਤੇ ਹੋਰ ਚਾਰਜਿਜ਼ | 03 ਜੁਲਾਈ 2026 |

ਸਕਿਉਰਡ ਐੱਸਟ ਦਾ ਵੇਰਵਾ : ਪਲਾਟ ਰਕਬਾ 49.5 ਵਰਗ ਗਜ਼, ਖਸਰਾ ਨੰ. 991/2, 992, ਖੱਤਾ ਨੰ. 70/71, ਜਮ੍ਹਾਂਬੰਦੀ ਸਾਲ 2009-2010 ਅਨੁਸਾਰ ਲੋਹਾਰਾ ਕਾਲੋਨੀ ਵਿਖੇ ਸਥਿਤ, ਲੋਹਾਰਾ, ਹੱਦਬਸਤ ਨੰ. 260, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ ਨਾਲ ਸੰਬੰਧਤ ਸਭ ਕੁਝ। ਹੱਦਾਂ : ਉੱਤਰ : ਪਲਾਟ, ਦੱਖਣ : ਗਲੀ, ਪੂਰਬ : ਪਲਾਟ, ਪੱਛਮ : ਭੁਪਿੰਦਰ ਸਿੰਘ ਦਾ ਮਕਾਨ।

ਮਿਤੀ : 08 ਜੁਲਾਈ 2026 ਅਧਿਕਾਰਤ ਅਫਸਰ, ਸ੍ਰੀ ਗੌਰਵ ਤ੍ਰਿਪਾਠੀ ਮੋਬਾਇਲ-96500-55701
ਸਥਾਨ : ਗੁਰੂਗ੍ਰਾਮ, ਹਰਿਆਣਾ ਉਮੀਦ ਹਾਊਸਿੰਗ ਫਾਈਨਾਂਸ ਪ੍ਰਾਈ. ਲਿਮ.



### AXIS BANK LTD.

Retail Asset Centre: AXIS Bank Ltd, 2nd Floor, Property # 7-E, Municipal 3903/1142/16, Malhar Road, Sarabha Nagar, Ludhiana -141001.

Corporate Office: 'Axis House', Block-B, Bombay Dyeing Mills Compound, Pandurang Budhkar Marg, Worli, Mumbai-400025, Registered Office: 'Trishul', 3rd floor, opposite Samartheswar Temple, Law garden, Ellisbridge, Ahmadabad-380006

**ਸਰਫੇਸੀ ਐਕਟ 2002 ਦੇ ਸੈਕਸ਼ਨ 13 (4) ਅਧੀਨ ਜਾਇਦਾਦ ਦੇ ਕਬਜ਼ੇ ਸੰਬੰਧੀ ਨੋਟਿਸ ਦੀ ਪ੍ਰਕਾਸ਼ਨਾ**

ਇਸ ਦੁਆਰਾ ਨੋਟਿਸ ਦਿੱਤਾ ਜਾਂਦਾ ਹੈ ਕਿ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਿਟੀ ਇੰਟਰੈੱਸਟ ਐਕਟ 2002 (54 ਆਫ 2002) ਅਧੀਨ ਅਤੇ ਸਕਿਉਰਿਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼, 2002 ਦੇ ਨਿਯਮ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹਰੇਕ ਖਾਤੇ ਅੱਗੇ ਵਰਨਣ ਮਿਤੀਆਂ ਨੂੰ ਡਿਮਾਂਡ ਨੋਟਿਸ ਜਾਰੀ ਕਰਕੇ ਕਰਜ਼ਦਾਰਾਂ ਨੂੰ ਦਰਸਾਏ ਨੋਟਿਸ ਦੇ ਪ੍ਰਾਪਤ ਹੋਣ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ-ਅੰਦਰ ਰਾਸ਼ੀ ਮੋੜਨ ਦਾ ਸੱਦਾ ਦਿੱਤਾ ਗਿਆ ਸੀ।

ਕਰਜ਼ਦਾਰ ਰਾਸ਼ੀ ਮੋੜਨ 'ਚ ਨਾਕਾਮ ਰਹੇ ਹਨ। ਇਸ ਦੁਆਰਾ ਕਰਜ਼ਦਾਰ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਦਰਸਾਏ ਐਕਟ ਦੇ ਨਿਯਮ 9 ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 13 (4) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹਰੇਕ ਖਾਤੇ ਅੱਗੇ ਦਰਸਾਈਆਂ ਮਿਤੀਆਂ ਨੂੰ ਹੇਠਾਂ ਵਰਨਣ ਜਾਇਦਾਦਾਂ ਦਾ ਕਬਜ਼ਾ ਪ੍ਰਾਪਤ ਕਰ ਲਿਆ ਹੈ। ਕਰਜ਼ਦਾਰ ਨੂੰ ਵਿਸ਼ੇਸ਼ ਕਰਕੇ ਅਤੇ ਆਮ ਜਨਤਾ ਜਨਤਾ ਨੂੰ ਜਾਇਦਾਦ ਬਾਰੇ ਕੋਈ ਵੀ ਸੌਦੇਬਾਜ਼ੀ ਨਾ ਕਰਨ ਲਈ ਸੁਚੇਤ ਕੀਤਾ ਜਾਂਦਾ ਹੈ ਅਤੇ ਜਾਇਦਾਦ ਬਾਰੇ ਕੋਈ ਵੀ ਸੌਦੇਬਾਜ਼ੀ ਹੇਠਾਂ ਖਾਤੇ ਅੱਗੇ ਦਰਸਾਈ ਬਕਾਇਆ ਰਾਸ਼ੀ ਅਤੇ ਇਸ ਉਪਰ ਬਣਦੇ ਵਿਆਜ ਲਈ ਐਕਸਿਸ ਬੈਂਕ ਲਿਮਿਟਿਡ ਦੀ ਦੇਣਦਾਰੀ ਦਾ ਵਿਸ਼ਾ ਹੋਵੇਗਾ।

ਉਪਲੱਬਧ ਸਮੇਂ 'ਚ ਸਕਿਉਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

| ਲੜੀ ਨੰ: | |
|---|---|
| | **ਕਰਜ਼ਦਾਰ/ਗਰੰਟਰ/ਰਹਿਣਦਾਰ ਦਾ ਨਾਂਅ:** 1. ਮਨਜਿੰਦਰ ਸਿੰਘ ਪੁੱਤਰ ਮੁਖਤਾਰ ਸਿੰਘ 2. ਸ੍ਰੀਮਤੀ ਪਰਮਜੀਤ ਕੌਰ ਪਤਨੀ ਮਨਜਿੰਦਰ ਸਿੰਘ |
| 1 | 1. **ਡਿਮਾਂਡ ਨੋਟਿਸ ਦੀ ਮਿਤੀ:** 15 ਅਪ੍ਰੈਲ, 2026 2. **ਐਨ ਪੀ ਏ ਮਿਤੀ:** 21 ਮਾਰਚ, 2026, 3. **ਕਬਜ਼ੇ ਦੀ ਮਿਤੀ:** 06 ਜੁਲਾਈ, 2026 4. **13-2 ਨੋਟਿਸ ਅਨੁਸਾਰ ਬਕਾਇਆ ਰਕਮ:** ਰੁ: 11,92,417/- (ਗਿਆਰਾਂ ਲੱਖ ਬਾਨਵੇਂ ਹਜ਼ਾਰ ਚਾਰ ਸੌ ਸਤਾਰਾਂ ਰੁਪਏ ਕੇਵਲ) |

**ਅਚੱਲ ਜਾਇਦਾਦ ਦਾ ਵੇਰਵਾ:** ਪਲਾਟ/ਜਾਇਦਾਦ ਜੋ ਕਿ ਦੋ ਦੁਕਾਨਾਂ ਰਕਬਾ 2 ਮਰਲੇ, 130 ਫੁੱਟ/55, ਕੁੱਲ ਜ਼ਮੀਨ 2 ਕਨਾਲ 15 ਮਰਲੇ 'ਚੋਂ, ਖਾਤਾ/ਖਤੌਨੀ ਨੰ: 321/917, ਖਸਰਾ ਨੰ: 555 (2-15) ਸਾਹਮਣੇ ਵਾਲਾ ਪਾਸਾ 25 ਫੁੱਟ *ਲੰਬਾਈ 27 ਫੁੱਟ, ਜਮ੍ਹਾਂਬੰਦੀ ਸਾਲ 2015-16, ਰਕਬਾ ਪਿੰਡ ਚੋਹਲਾ ਸਾਹਿਬ, ਤਹਿਸੀਲ ਤੇ ਜ਼ਿਲ੍ਹਾ ਤਰਨ ਤਾਰਨ ਨਾਲ ਸੰਬੰਧਤ ਸਭ ਕੁਝ, ਰਾਹੀਂ ਇਸ ਦੇ ਰਜਿਸਟਰਡ ਮਾਲਕ ਸ੍ਰੀਮਤੀ ਪਰਮਜੀਤ ਕੌਰ ਪਤਨੀ ਮਨਜਿੰਦਰ ਸਿੰਘ ਬੈਨਾਮਾ ਨੰ: 2020/21/174/1/182 ਮਿਤੀ 15.10.2020 ਹੱਦਾਂ ਬੈਨਾਮੇ ਅਨੁਸਾਰ, ਉੱਤਰ: ਨੌਨਿਹਾਲ ਸਿੰਘ ਅਤੇ ਨਿਸ਼ਾਨ ਸਿੰਘ ਦੀ ਜਾਇਦਾਦ, ਦੱਖਣ: ਸੜਕ, ਪੂਰਬ: ਨਿਸ਼ਾਨ ਸਿੰਘ ਦੀ ਜਾਇਦਾਦ, ਪੱਛਮ: ਜੱਜ ਸਿੰਘ ਭੁੱਲਾ ਦੀ ਦੁਕਾਨ।

| | |
|---|---|
| 2 | **ਕਰਜ਼ਦਾਰ/ਗਰੰਟਰ/ਰਹਿਣਦਾਰ ਦਾ ਨਾਂਅ:** 1. ਸ੍ਰੀ ਜਸਬੀਰ ਸਿੰਘ ਪੁੱਤਰ ਗੁਰਬਚਨ ਸਿੰਘ 2. ਸ੍ਰੀਮਤੀ ਰਾਜਬੀਰ ਕੌਰ ਪਤਨੀ ਜਸਬੀਰ ਸਿੰਘ |
| | 1. **ਡਿਮਾਂਡ ਨੋਟਿਸ ਦੀ ਮਿਤੀ:** 6 ਮਾਰਚ, 2025 2. **ਐਨ ਪੀ ਏ ਮਿਤੀ:** 26 ਫਰਵਰੀ, 2025, 3. **ਕਬਜ਼ੇ ਦੀ ਮਿਤੀ:** 06 ਜੁਲਾਈ, 2026 4. **13-2 ਨੋਟਿਸ ਅਨੁਸਾਰ ਬਕਾਇਆ ਰਕਮ:** ਰੁਪਏ 26,71,842/- (ਛੱਬੀ ਲੱਖ ਇਕੱਤਰ ਹਜ਼ਾਰ ਅੱਠ ਸੌ ਬਤਾਲੀ ਰੁਪਏ ਕੇਵਲ) |

**ਅਚੱਲ ਜਾਇਦਾਦ ਦਾ ਵੇਰਵਾ:** ਜਾਇਦਾਦ ਦਾ ਉੱਚਿਤ ਗਿਰਵੀਨਾਮਾ ਰਕਬਾ 372.98 ਵਰਗ ਗਜ਼ (0 ਕਨਾਲ 13 ਮਰਲਾ 108 ਫੁੱਟ) ਵੇਰਵਾ ਨਿਮਨ ਅਨੁਸਾਰ। 1. **ਜਾਇਦਾਦ** ਰਕਬਾ 0 ਕਨਾਲ 7 ਮਰਲਾ ਜੋ ਕਿ ਜਾਇਦਾਦ ਰਕਬਾ 5 ਕਨਾਲ 1 ਮਰਲਾ ਦਾ 7/101 ਹਿੱਸਾ ਖੱਤਾ ਖਤੌਨੀ ਨੰ: 4/61, ਖਸਰਾ ਨੰ: 93//11/1 (5-1) ਜਾਇਦਾਦ ਰਕਬਾ 0 ਕਨਾਲ 6 ਮਰਲਾ 108 ਫੁੱਟ ਜੋ ਕਿ ਜਾਇਦਾਦ ਰਕਬਾ 155 ਕਨਾਲ 18 ਮਰਲਾ ਦਾ 1740/808096 ਹਿੱਸਾ, ਖੱਤਾ ਖਤੌਨੀ ਨੰ: 4/37 ਤੋਂ 69, ਖਸਰਾ ਨੰ: 53//2/1(1-12), 94//14/2(0-2), 16/1/2(0-1), 53//8/1/2 (0-6), 93//10/1(4-0), 94//4/1(5-11), 4/2(2-9), 5/4min(0-9), 6/1(1-16i), 94//5/2(3-7), 5/3(0-3), 5/4min(0-15), 57//5/1(4-0), 56//1(8-0), 57//6/2(4-0), 53//8/2(2-0), 57//6/1(4-0), 53//8/1/1(5-14), 57//4/3(4-0), 93//10/2(4-0), 53//14/2(3-16), 53//14/1(4-4), 56/10/1(4-13), 10/2(3-7), 57//4/1(0-18), 53//7/1(1-2), 57//4/2(3-2), 94//5/1(3-7), 53//3(8-0), 57//5/2(4-0), 94//7/1(5-8), 53//2/2(6-0), 94//15/1/1(3-16), 93//11/1(5-1), 94//6/2(6-4), 53//13/2(5-11), 93//20/1/1(2-16), 57//3(8-0), 53//7/2 (6-18), 1//21(5-8), 53//4(8-0), 92//23/4(0-2) ਪਿੰਡ ਝਬਾਲ ਕਲਾਂ (ਬੀ) ਤਹਿਸੀਲ ਤੇ ਜ਼ਿਲ੍ਹਾ ਤਰਨ ਤਾਰਨ, ਜਮਾਂਬੰਦੀ ਸਾਲ 2015-16 ਸ੍ਰੀਮਤੀ ਰਾਜਬੀਰ ਕੌਰ ਪਤਨੀ ਜਸਬੀਰ ਸਿੰਘ ਦੇ ਨਾਂਅ। ਹੱਦਾ: ਉੱਤਰ: ਡਰੇਨ, ਦੱਖਣ: ਅਟਾਰੀ ਰੋਡ, ਪੂਰਬ: ਮਾਲਕ ਦੀ ਜਾਇਦਾਦ, ਪੱਛਮ: ਪਰਮਜੀਤ ਸਿੰਘ ਦੀ ਜਾਇਦਾਦ।

**ਮਿਤੀ 08.07.2026,** ਸਥਾਨ : ਪੰਜਾਬ ਸਹੀ/- ਅਧਿਕਾਰਤ ਅਫ਼ਸਰ, ਐਕਸਿਸ ਬੈਂਕ ਲਿਮਿਟਿਡ

# ਸਾਬਕਾ ਕੈਬਨਿਟ ਮੰਤਰੀ ਬ੍ਰਹਮ ਸ਼ੰਕਰ ਜਿੰਪਾ ਦੇ ਘਰ ਦਾ ਘਿਰਾਓ 11 ਨੂੰ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ, ਓ.ਪੀ. ਰਾਣਾ )**-ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰਜ਼ ਸਾਂਝਾ ਫਰੰਟ ਅਤੇ ਸਾਂਝਾ ਮੁਲਾਜ਼ਮ ਮੰਚ ਜ਼ਿਲ੍ਹਾ ਹੁਸ਼ਿਆਰਪੁਰ ਦੇ ਸੱਦੇ ਤੇ ਪੰਜਾਬ ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ (ਰਜਿ:) ਤਹਿਸੀਲ ਹੁਸ਼ਿਆਰਪੁਰ ਦੀ ਇੱਕ ਵਿਸ਼ੇਸ਼ ਮੀਟਿੰਗ ਤਹਿਸੀਲ ਪ੍ਰਧਾਨ ਸ਼ਮਸ਼ੇਰ ਸਿੰਘ ਧਾਮੀ ਦੀ ਪ੍ਰਧਾਨਗੀ ਹੇਠ ਪੈਨਸ਼ਨਰ ਭਵਨ, ਮਿਨੀ ਸਕੱਤਰੇਤ ਹੁਸ਼ਿਆਰਪੁਰ ਵਿਖੇ ਹੋਈ। ਇਸ ਮੀਟਿੰਗ ਵਿੱਚ ਵੱਖ ਵੱਖ ਵਿਭਾਗਾਂ ਦੇ ਪੈਨਸ਼ਨਰ ਆਗੂਆਂ ਨੇ ਵੱਡੀ ਗਿਣਤੀ ਵਿੱਚ ਹਿੱਸਾ ਲਿਆ। ਇਸ ਮੀਟਿੰਗ ਵਿੱਚ ਕੰਨਫਰਡਰੇਸ਼ਨ ਦੇ ਵਧੀਕ ਜਨਰਲ ਸਕੱਤਰ ਬਲਵੀਰ ਸਿੰਘ ਸੈਣੀ ਵਿਸ਼ੇਸ਼ ਤੌਰ ਤੇ ਸ਼ਾਮਲ ਹੋਏ। ਮੀਟਿੰਗ ਦੀ ਕਾਰਵਾਈ ਪ੍ਰੈਸ ਨੂੰ ਜਾਰੀ ਕਰਦਿਆਂ ਬਲਵੀਰ ਸਿੰਘ ਸੈਣੀ ਜ਼ਿਲ੍ਹਾ ਪ੍ਰੈਸ ਸਕੱਤਰ ਨੇ ਦੱਸਿਆ ਕਿ ਵੱਖ ਵੱਖ ਬੁਲਾਰਿਆਂ ਨੇ ਸੰਬੋਧਨ ਕਰਦਿਆਂ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੂੰ 18% ਡੀ ਏ ਨਾ ਦੇਣ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ ਗਈ। ਬੁਲਾਰਿਆਂ ਨੇ ਦੋਸ਼ ਲਾਇਆ ਕਿ ਇਹ ਪਹਿਲੀ ਸਰਕਾਰ ਹੈ ਜਿਸ ਨੇ ਛੇਵੇਂ ਪੇ ਕਮਿਸ਼ਨ ਦੀ ਮੁਕੰਮਲ ਰਿਪੋਰਟ ਲਾਗੂ ਨਹੀਂ ਕੀਤੀ, ਜਿਸ ਕਰਕੇ 1-1-2016 ਤੋਂ ਪਹਿਲਾਂ ਰਿਟਾਇਰ ਹੋਏ ਪੈਨਸ਼ਨਰਾਂ ਨੂੰ 2.59 ਦੇ ਗੁਣਾਂਕ ਨਾਲ ਪੈਨਸ਼ਨ ਨਹੀਂ ਮਿਲਦੀ ਅਤੇ ਇਸੇ ਹੀ ਤਰ੍ਹਾਂ ਹੋਰ 37 ਭੱਤੇ ਵੀ ਨਹੀਂ ਮਿਲ ਰਹੇ। ਆਗੂਆਂ ਨੇ ਕਿਹਾ ਕਿ ਕੱਚੇ ਮੁਲਾਜ਼ਮ ਪੱਕੇ ਨਹੀਂ ਕੀਤੇ ਜਾ ਰਹੇ, ਪੁਰਾਣੀ ਪੈਨਸ਼ਨ ਬਹਾਲ ਨਹੀਂ ਕੀਤੀ ਜਾ ਰਹੀ, ਮੁਲਾਜ਼ਮਾਂ ਤੇ ਪੈਨਸ਼ਨਰਾਂ ਪੱਖੀ ਮਾਣਯੋਗ ਅਦਾਲਤਾਂ ਵੱਲੋਂ ਕੀਤੇ ਜਾ ਰਹੇ ਫੈਸਲੇ ਵੀ ਸਰਕਾਰ ਵੱਲੋਂ ਲਾਗੂ ਨਹੀਂ ਕੀਤੇ ਜਾ ਰਹੇ। ਮੀਟਿੰਗ ਦੌਰਾਨ ਸਰਬ ਸੰਮਤੀ ਨਾਲ ਫੈਸਲਾ ਕੀਤਾ ਗਿਆ ਕਿ 11 ਜੁਲਾਈ ਨੂੰ ਸਾਬਕਾ ਮੰਤਰੀ ਬ੍ਰਹਮ ਸ਼ੰਕਰ ਜਿੰਪਾ ਦੀ ਕੋਠੀ ਦਾ ਘਰਾਓ ਕੀਤਾ ਜਾਵੇਗਾ। ਇਹ ਵੀ ਫੈਸਲਾ ਕੀਤਾ ਗਿਆ ਕਿ 17 ਜੁਲਾਈ ਦੀ ਮੋਹਾਲੀ ਵਿਖੇ ਸੂਬਾ ਪੱਧਰੀ ਰੈਲੀ ਵਿਚ ਹੁਸ਼ਿਆਰਪੁਰ ਜ਼ਿਲ੍ਹੇ ਤੋਂ ਵੱਡੀ ਗਿਣਤੀ ਵਿੱਚ ਪੈਨਸ਼ਨਰ ਸਾਥੀ ਸ਼ਾਮਿਲ ਹੋਣਗੇ। ਮੀਟਿੰਗ ਵਿੱਚ ਐਸੋਸੀਏਸ਼ਨ ਦੇ ਸਰਪ੍ਰਸਤ ਕਿਰਪਾਲ ਸਿੰਘ, ਜ਼ਿਲ੍ਹਾ ਸਕੱਤਰ ਮਨਜੀਤ ਸਿੰਘ ਸੈਣੀ, ਵਿੱਤ ਸ਼ਕਤਰ ਸੁਦੇਸ਼ ਕੁਮਾਰ, ਮਹਿੰਦਰ ਕੁਮਾਰ ਮਹਿਤਾ ਤਹਿਸੀਲ ਜਨਰਲ ਸਕੱਤਰ, ਵਿੱਤ ਸਕੱਤਰ ਦਿਨੇਸ਼ ਪਠਾਨੀਆ, ਮਹਿੰਦਰ ਸਿੰਘ ਹੀਰ, ਓਮ ਸਿੰਘ ਸਟਿਆਣਾ, ਜਸਵੀਰ ਸਿੰਘ ਪਰਮਾਰ, ਸ਼ਕਤੀ ਕੁਮਾਰ, ਅਤੇ ਗੁਰਚਰਨ ਸਿੰਘ ਆਦਿ ਸ਼ਾਮਿਲ ਸਨ। ਮੀਟਿੰਗ ਦੀ ਕਾਰਵਾਈ ਜਿਲਾ ਜਨਰਲ ਸਕੱਤਰ ਮਨਜੀਤ ਸਿੰਘ ਸੈਣੀ ਨੇ ਬਖੂਬੀ ਨਿਭਾਈ।



## ਮੁੱਖ ਸਰਵਿਸ ਲੇਨ ਦੀ ਮੁਰੰਮਤ ਦਾ ਕੰਮ ਅਗਲੇ ਹਫ਼ਤੇ ਸ਼ੁਰੂ ਹੋਵੇਗਾ: ਚੱਬੇਵਾਲ



**ਫਗਵਾੜਾ ( ਡਾ. ਰਮਨ, ਜਸਵਿੰਦਰ ਢੱਡਾ)** ਸ਼ਹਿਰ ਨਿਵਾਸੀਆਂ ਅਤੇ ਰਾਹਗੀਰਾਂ ਦੀ ਲੰਬੇ ਸਮੇਂ ਤੋਂ ਲਟਕਦੀ ਆ ਰਹੀ ਮੰਗ ਨੂੰ ਪੂਰਾ ਕਰਦੇ ਹੋਏ, ਸੰਸਦ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ ਨੇ ਐਲਾਨ ਕੀਤਾ ਕਿ ਬੱਸ ਸਟੈਂਡ ਦੇ ਸਾਹਮਣੇ ਤੋਂ ਲੈ ਕੇ ਬੰਗਾ ਰੋਡ ਤੱਕ ਦੇ ਹਿੱਸੇ ਦੀ ਮੁੜ-ਕਾਰਪੇਟਿੰਗ ਦਾ ਕੰਮ ਆਉਣ ਵਾਲੇ ਦਿਨਾਂ ਵਿੱਚ ਸ਼ੁਰੂ ਕਰ ਦਿੱਤਾ ਜਾਵੇਗਾ, ਜੋ ਕਿ 60 ਲੱਖ ਰੁਪਏ ਦੀ ਲਾਗਤ ਨਾਲ ਮੁਕੰਮਲ ਕੀਤਾ ਜਾਣਾ ਹੈ, ਜਿਸ ਨਾਲ ਲੋਕਾਂ ਨੂੰ ਸੁਚਾਰੂ ਆਵਾਜਾਈ ਅਤੇ ਟ੍ਰਾਂਸਪੋਰਟ ਦੀ ਸਹੂਲਤ ਮਿਲੇਗੀ।

ਲੋਕ ਸਭਾ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ ਨੇ ਦੱਸਿਆ ਕਿ ਸੜਕ ਦੀ ਹਾਲਤ ਸੁਧਾਰਨ ਅਤੇ ਵਾਹਨਾਂ ਦੀ ਸੁਚਾਰੂ ਤੇ ਸੁਰੱਖਿਅਤ ਆਵਾਜਾਈ ਨੂੰ ਯਕੀਨੀ ਬਣਾਉਣ ਲਈ 550 ਮੀਟਰ ਲੰਬੀ ਲੁੱਕ ਵਾਲੀ ਸਰਵਿਸ ਲੇਨ ਦੀ ਮੁਰੰਮਤ ਨੂੰ ਮਨਜ਼ੂਰੀ ਦਿੱਤੀ ਗਈ ਹੈ। ਉਨ੍ਹਾਂ ਦੱਸਿਆ ਕਿ ਉਸਾਰੀ ਦਾ ਕੰਮ ਅਗਲੇ ਹਫ਼ਤੇ ਸ਼ੁਰੂ ਹੋ ਜਾਵੇਗਾ। ਉਨ੍ਹਾਂ ਕਿਹਾ ਕਿ ਇਹ ਪ੍ਰੋਜੈਕਟ ਸਥਾਨਕ ਨਿਵਾਸੀਆਂ ਅਤੇ ਦੁਕਾਨਦਾਰਾਂ ਦੀ ਲੰਬੇ ਸਮੇਂ ਤੋਂ ਲਟਕਦੀ ਆ ਰਹੀ ਮੰਗ ਦੇ ਹੁੰਗਾਰੇ ਵਜੋਂ ਮਨਜ਼ੂਰ ਕੀਤਾ ਗਿਆ ਹੈ, ਜੋ ਸੜਕ ਦੀ ਹਾਲਤ ਕਾਰਨ ਪਰੇਸ਼ਾਨੀ ਦਾ ਸਾਹਮਣਾ ਕਰ ਰਹੇ ਸਨ। ਇੱਕ ਵਾਰ ਮੁਕੰਮਲ ਹੋਣ ਤੋਂ ਬਾਅਦ, ਮੁੜ-ਕਾਰਪੇਟਿੰਗ ਨਾਲ ਟ੍ਰੈਫਿਕ ਦੇ ਪ੍ਰਵਾਹ ਵਿੱਚ ਕਾਫ਼ੀ ਸੁਧਾਰ ਹੋਵੇਗਾ, ਰਾਹਗੀਰਾਂ ਦੀ ਸੁਰੱਖਿਆ ਵਧੇਗੀ ਅਤੇ ਡਰਾਈਵਿੰਗ ਦਾ ਬਿਹਤਰ ਅਨੁਭਵ ਮਿਲੇਗਾ।

# ਪੰਜਾਬ ਸਰਕਾਰ ਵੱਲੋਂ ਪਿੰਡ-ਪਿੰਡ ਗੁਰੂ ਜੀ ਦੀਆਂ ਸਿੱਖਿਆਵਾਂ 'ਤੇ ਆਧਾਰਤ ਡਾਕੂਮੈਂਟਰੀ ਦਿਖਾਈ ਜਾਵੇਗੀ : ਡਾ. ਇਸ਼ਾਂਕ ਕੁਮਾਰ

**ਹੁਸ਼ਿਆਰਪੁਰ (ਓ ਪੀ ਰਾਣਾ)**-ਪੰਜਾਬ ਸਰਕਾਰ ਵਲੋਂ ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸਾਲ ਭਰ ਚੱਲਣ ਵਾਲੇ ਸਮਾਗਮਾਂ ਦੀ ਲੜੀ ਤਹਿਤ ਸੂਬੇ ਦੇ ਪਿੰਡਾਂ ਵਿਚ ਗੁਰੂ ਜੀ ਦੇ ਜੀਵਨ ਅਤੇ ਸਿੱਖਿਆਵਾਂ 'ਤੇ ਆਧਾਰਤ ਡਾਕੂਮੈਂਟਰੀ ਦਿਖਾਉਣ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵਲੋਂ ਬੀਤੇ ਦਿਨੀਂ ਰਵਾਨਾ ਕੀਤੀਆਂ ਵੈਨਾਂ ਜ਼ਿਲ੍ਹੇ ਵਿਚ ਪਹੁੰਚਣ 'ਤੇ ਵਿਧਾਨ ਸਭਾ ਹਲਕਾ ਚੱਬੇਵਾਲ ਦੇ ਪਿੰਡਾਂ ਲਈ ਵੈਨ ਨੂੰ ਵਿਧਾਇਕ ਡਾ. ਇਸ਼ਾਂਕ ਕੁਮਾਰ ਨੇ ਝੰਡੀ ਦਿਖਾ ਕੇ ਰਵਾਨਾ ਕੀਤਾ। ਸਥਾਨਕ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਤੋਂ ਵੈਨ ਨੂੰ ਰਵਾਨਾ ਕਰਨ ਮੌਕੇ ਵਿਧਾਇਕ ਡਾ. ਇਸ਼ਾਂਕ ਕੁਮਾਰ ਨੇ ਕਿਹਾ ਕਿ ਪੰਜਾਬ ਸਰਕਾਰ ਵਲੋਂ ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਦੇ ਸਬੰਧ ਵਿਚ ਵੱਖ-ਵੱਖ ਧਾਰਮਿਕ ਸਮਾਗਮ ਉਲੀਕੇ ਜਾ ਰਹੇ ਹਨ ਤਾਂ ਜੋ ਗੁਰੂ ਜੀ ਦੀ ਜੀਵਨੀ ਬਾਰੇ ਵੱਧ ਤੋਂ ਵੱਧ ਲੋਕਾਂ ਨੂੰ ਜਾਣੂ ਕਰਵਾਇਆ ਜਾ ਸਕੇ। ਉਨ੍ਹਾਂ ਕਿਹਾ ਕਿ ਇਹ ਵੈਨ ਵਿਧਾਨ ਸਭਾ ਹਲਕਾ ਚੱਬੇਵਾਲ ਦੇ ਹਰੇਕ ਪਿੰਡ ਵਿਚ ਜਾ ਕੇ ਗੁਰੂ ਜੀ ਦੇ ਜੀਵਨ 'ਤੇ ਆਧਾਰਤ ਡਾਕੂਮੈਂਟਰੀ ਦਿਖਾਵੇਗੀ। ਉਨ੍ਹਾਂ ਦੱਸਿਆ ਕਿ ਵੈਨ ਵਲੋਂ ਰੋਜ਼ਾਨਾ ਦੋ ਪਿੰਡਾਂ ਵਿਚ ਡਾਕੂਮੈਂਟਰੀ ਦਿਖਾਈ ਜਾਵੇਗੀ ਜਿਸ ਦੀ ਸ਼ੁਰੂਆਤ ਹਲਕੇ ਦੇ ਪਿੰਡਾਂ ਸਾਹਰੀ ਅਤੇ ਕਾਹਰੀ ਤੋਂ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਗੁਰੂ ਜੀ ਨੇ ਆਪਣਾ ਸਮੁੱਚਾ ਜੀਵਨ ਮਨੁੱਖਤਾ ਦੀ ਭਲਾਈ, ਆਪਸੀ ਸਾਂਝ, ਭਾਈਚਾਰਕ ਏਕਤਾ ਅਤੇ ਸਮਾਜਿਕ ਬਰਾਬਰਤਾ ਦਾ ਸੰਦੇਸ਼ ਦਿੱਤਾ ਜਿਸ ਦੀ ਅਜੋਕੇ ਯੁੱਗ ਵਿਚ ਵੀ ਖਾਸ ਮਹੱਤਤਾ ਹੈ ਅਤੇ ਸਾਨੂੰ ਸਾਰਿਆਂ ਨੂੰ ਇਸ ਸੰਦੇਸ਼ 'ਤੇ ਪਹਿਰਾ ਦੇਣਾ ਚਾਹੀਦਾ ਹੈ। ਵਿਧਾਇਕ ਡਾ. ਇਸ਼ਾਂਕ ਕੁਮਾਰ ਨੇ ਕਿਹਾ ਕਿ ਪੰਜਾਬ ਦੇ ਹਰ ਪਿੰਡ ਵਿਚ ਪਹੁੰਚਣ ਵਾਲੀਆਂ ਇਨ੍ਹਾਂ ਵੈਨਾਂ 'ਤੇ 12 ਫੁੱਟ 8 ਫੁੱਟ ਦੀ ਵੱਡੀ ਐਲ.ਈ.ਡੀ. ਸਕਰੀਨ ਲਗਾਈ ਗਈ ਹੈ ਜਿਸ ਰਾਹੀਂ 30 ਮਿੰਟ ਦੀ ਦਸਤਾਵੇਜ਼ੀ ਸੰਖੇਪ ਰੂਪ ਵਿਚ ਪ੍ਰਭਾਵਸ਼ਾਲੀ ਅਤੇ ਅਰਥਭਰਪੂਰ ਢੰਗ ਨਾਲ ਗੁਰੂ ਜੀ ਦੀਆਂ ਸਿੱਖਿਆਵਾਂ ਬਾਰੇ ਲੋਕਾਂ ਨੂੰ ਜਾਣੂ ਕਰਵਾਏਗੀ।



# ਅਭਿਵਿਅਕਤੀ ਸਾਹਿਤਕ ਸੰਸਥਾ ਨੇ ਕਰਵਾਈ ਗੋਸ਼ਟੀ

**ਚੰਡੀਗੜ੍ਹ (ਸੁਰਜੀਤ ਸੁਮਨ)**-ਅਭਿਵਿਅਕਤੀ ਸੰਸਥਾ ਚੰਡੀਗੜ੍ਹ ਵੱਲੋਂ ਕਰਵਾਈ ਗਈ ਗੋਸ਼ਟੀ ਪੰਜਾਬ ਯੂਨੀਵਰਸਿਟੀ ਦੇ ਮਾਈਕਰੋਬਾਇਲੌਜੀ ਵਿਭਾਗ ਵਿੱਚ ਡਾ. ਨਵੀਨ ਗੁਪਤਾ ਤੇ ਸੰਸਥਾ ਦੇ ਪ੍ਰਧਾਨ ਉੱਘੇ ਸਾਹਿਤਕਾਰ ਤੇ ਰੰਗਕਰਮੀ ਵਿਜੈ ਕਪੂਰ ਦੀ ਪ੍ਰਧਾਨਗੀ ਹੇਠ ਹੋਈ। ਇਹ ਗੋਸ਼ਟੀ ਨਾ ਕੇਵਲ ਸਾਹਿਤ ਸਿਰਜਣ ਦੇ ਹੀ ਇੱਕ ਮੰਚ ਵਜੋਂ ਉੱਭਰੀ, ਸਗੋਂ ਬੌਧਿਕ ਸੰਵਾਦ ਤੇ ਵਿਚਾਰਕ ਆਦਾਨ-ਪ੍ਰਦਾਨ ਦਾ ਇੱਕ ਜੀਵੰਤ ਕੇਂਦਰ ਵੀ ਸਾਬਤ ਹੋਈ। ਇਸ ਗੋਸ਼ਟੀ ਵਿੱਚ ਟਰਾਈਸਿਟੀ ਦੇ ਚਰਚਿਤ ਅਤੇ ਨਵੇਂ ਸਾਹਿਤਕਾਰਾਂ ਨੇ ਭਾਗ ਲਿਆ। ਕਵਿਤਾਵਾਂ ਦੇ ਦੌਰ ਵਿੱਚ ਡਾ. ਨਵੀਨ ਗੁਪਤਾ ਨੇ ਸਭੀ ਅਪਨੇ ਹੈ ਚਾਹੋ ਤੋ ਯਹ ਵਹਿਮ ਪਾਲ ਰੱਖੋ/ ਹਕੀਕਤ ਯਹ ਹੈ ਕਿ ਖੁਦ ਅਪਨਾ ਖਿਆਲ ਰੱਖੋ। ਵਿਜੇ ਕਪੂਰ ਨੇ ਪੀੜਾ ਕਾ ਕੋਈ ਆਕਾਰ ਨਹੀਂ ਹੋਤਾ, ਰਾਜਿੰਦਰ ਸੌਂਧ ਨੇ ਮੇਰੇ ਅਰਮਾਨੋਂ ਕੀ ਕੀਮਤ ਬਹੁਤ ਭਾਰੀ ਪੜੀ, ਐੱਸ ਕੇ ਸਿੰਘ ਨੇ ਤੁਮਨੇ ਸੜਕੋਂ ਪਰ ਸੁਬਹ-ਸ਼ਾਮ ਨਿਕਲਤੇ ਹੁਏ, ਰੇਖਾ ਮਿੱਤਲ ਨੇ ਦੇਖ ਮਾਂ ਕਾ ਆਂਗਨ ਸੁਣਾਈਆਂ। ਇਸੇ ਤਰ੍ਹਾਂ ਰਵਿੰਦਰ ਟੰਡਨ, ਆਰ ਕੇ ਸੁਖਨ, ਡਾ. ਨਿਰਮਲ ਸੂਦ, ਅਸ਼ਵਨੀ ਮਲਹੋਤਰਾ, ਸਤਿੰਦਰ ਕੌਰ, ਡਾ. ਦਲਜੀਤ ਕੌਰ, ਦਰਸ਼ਨਾ ਸੁਭਾਸ਼ ਪਾਹਵਾ, ਨੀਰੂ ਮਿੱਤਲ, ਸ਼ਹਿਲਾ ਜਾਵੇਦ, ਰਸ਼ਿਮ ਸ਼ਰਮਾ ਰਸ਼ਮੀ, ਡਾ. ਸਤਿਆਭਾਮਾ, ਮਨੀਸ਼ ਕੌਸ਼ਲ ਤਾਲਿਬ, ਕੁਸਮ ਧੀਮਾਨ ਕਾਲਕਾ, ਕ੍ਰਿਸ਼ਨਾ ਗੋਇਲ, ਤਿਲਕ ਸੇਠੀ, ਮਮਤਾ ਗਰੋਵਰ, ਖੁਸ਼ਨੂਰ ਕੌਰ, ਪਾਰਸ, ਨਵਨੀਤ ਬਖਸ਼ੀ ਤੇ ਅਨੂ ਰਾਣੀ ਸ਼ਰਮਾ ਆਦਿ ਦੀਆਂ ਰਚਨਾਵਾਂ ਨੇ ਮਾਹੌਲ ਨੂੰ ਕਾਵਿਮਈ ਬਣਾ ਦਿੱਤਾ। ਸਾਹਿਤ ਦੀਆਂ ਇਹ ਪੰਕਤੀਆਂ ਇਹ ਸਿੱਧ ਕਰਦੀਆਂ ਹਨ ਕਿ ਸੰਵੇਦਨਾਵਾਂ ਦਾ ਸੰਸਾਰ ਹਾਲੇ ਵੀ ਜੀਵਤ ਹੈ ਅਤੇ ਸਾਹਿਤਕਾਰ ਸਾਹਿਤ ਦੇ ਮਾਧਿਆਮ ਰਾਹੀਂ ਸਮਾਜ ਪ੍ਰਤੀ ਆਪਣੀ ਜ਼ਿੰਮੇਵਾਰੀ ਨੂੰ ਬਾਖੂਬੀ ਨਿਭਾ ਰਿਹਾ ਹੈ।ਵਿਅੰਗ ਅਤੇ ਲਘੂ ਕਹਾਣੀ ਗੋਸ਼ਟੀ ਦੇ ਦੂਜੇ ਪੜਾਅ ਵਿੱਚ ਡਾ. ਪੰਕਜ ਮਾਲਵੀਆ ਨੇ ਲਘੂ ਕਹਾਣੀ ਨਵਾਬੀ ਸ਼ੌਕ ਦਾ ਪਾਠ ਕੀਤਾ। ਇਹ ਪਾਨ ਮਸਾਲਾ ਖਾਣ ਦੇ ਸ਼ੌਕ ਤੋਂ ਉਪਜੀ ਭਰਮ ਦੀ ਵਿਅੰਗਮਈ ਕਹਾਣੀ ਸੀ। ਵਿਅੰਗ ਵਿਧਾ ਤੇ ਚਰਚਾ ਕਰਦੇ ਹੋਏ ਸਾਹਿਤਕਾਰਾਂ ਨੇ ਮੰਨਿਆਂ ਕਿ ਹਾਸਿਆਂ ਦੇ ਮਾਧਿਅਮ ਰਾਹੀਂ ਕੁਰੀਤੀਆਂ ਉੱਤੇ ਭਰਵਾਂ ਵਾਰ ਕਰਨਾ ਪ੍ਰਭਾਵਸ਼ਾਲੀ ਮਾਧਿਅਮ ਹੈ। ਇਸੇ ਲੜੀ ਵਿੱਚ ਅਸ਼ਵਨੀ ਭੀਮ ਨੇ ਵਿਅੰਗ ਕਠਿਨਾਈਆਂ ਤੇ ਅਵਸਰ ਦਾ ਦਿਲਚਸਪ ਪਾਠ ਕੀਤਾ। ਇਸ ਸਮਾਗਮ ਵਿੱਚ ਡਾ. ਰੋਮਿਕਾ ਬਡੇਰਾ, ਸੁਰਿੰਦਰ ਕੁਮਾਰ, ਡਾ. ਅਸ਼ੋਕ ਬਡੇਰਾ, ਰਵੀਸ਼ ਕਾਲ੍ਹਾ, ਮਹਿੰਦਰ ਸਾਨੀ, ਸੋਨੀਆਂ ਰਾਏ, ਰਾਜਵੀਰ ਅਤੇ ਸਾਹਿਲ ਨੇ ਵੀ ਵਿਸ਼ੇਸ਼ ਰੂਪ ਵਿੱਚ ਭਾਗ ਲਿਆ ਅਤੇ ਆਪਣੀ ਗਤੀਸ਼ੀਲ ਹਾਜ਼ਰੀ ਨਾਲ ਸਮਾਗਮ ਦੀ ਸ਼ੋਭਾ ਵਧਾਈ।



# ਪ੍ਰਣਵ ਕਿਰਪਾਲ ਨੇ ਖੁਰਾਲਗੜ੍ਹ ਸਾਹਿਬ ਦੇ ਕੀਤੇ ਦਰਸ਼ਨ ਦੀਦਾਰੇ



**ਮਾਹਿਲਪੁਰ (ਨਿਰਮਲ ਸਿੰਘ ਮੁੱਗੋਵਾਲ)** ਪੰਜਾਬ ਪ੍ਰਦੇਸ਼ ਯੂਥ ਕਾਂਗਰਸ ਦੇ ਸੂਬਾ ਜਨਰਲ ਸਕੱਤਰ ਚੁਣੇ ਜਾਣ ਤੇ ਪ੍ਰਣਵ ਕ੍ਰਿਪਾਲ ਆਪਣੇ ਸਾਥੀਆਂ ਨਾਲ ਸ੍ਰੀ ਗੁਰੂ ਰਵਿਦਾਸ ਮਹਾਰਾਜ ਦੇ ਤਪ ਸਥਾਨ ਸ੍ਰੀ ਖੁਰਾਲਗੜ੍ਹ ਸਾਹਿਬ ਵਿਖੇ ਨਤਮਸਤਕ ਹੋਏ। ਇਸ ਮੌਕੇ ਸ੍ਰੀ ਖੁਰਾਲਗੜ੍ਹ ਸਾਹਿਬ ਦੇ ਮੁੱਖ ਪ੍ਰਬੰਧਕ ਸੰਤ ਡਾਕਟਰ ਕੇਵਲ ਸਿੰਘ ਅਤੇ ਪ੍ਰਬੰਧਕ ਕਮੇਟੀ ਵਲੋਂ ਪ੍ਰਣਵ ਕ੍ਰਿਪਾਲ ਨੂੰ ਸਿਰੋਪਾਓ ਭੇਟ ਕਰ ਸਨਮਾਨਤ ਕੀਤਾ ਗਿਆ। ਇਸ ਮੌਕੇ ਪ੍ਰਣਵ ਕ੍ਰਿਪਾਲ ਨੇ ਕਿਹਾ ਕਿ ਮੈਂ ਅੱਜ ਗੁਰੂ ਰਵਿਦਾਸ ਮਹਾਰਾਜ ਜੀ ਦੇ ਤਪਸਥਾਨ ਸ੍ਰੀ ਖੁਰਾਲਗੜ੍ਹ ਸਾਹਿਬ ਵਿਖੇ ਨਤਮਸਤਕ ਹੋ ਕੇ ਗੁਰੂ ਸਾਹਿਬ ਦਾ ਓਟ ਆਸਰਾ ਲੈਣ ਆਇਆ ਹਾਂ। ਇਸ ਮੌਕੇ ਜਿਲਾ ਯੂਥ ਕਾਂਗਰਸ ਜਲੰਧਰ ਦਿਹਾਤੀ ਦੇ ਪ੍ਰਧਾਨ ਮਨਪ੍ਰੀਤ ਚੱਢਾ, ਵਿਧਾਨਸਭਾ ਹਲਕਾ ਗੜ੍ਹਸ਼ੰਕਰ ਯੂਥ ਕਾਂਗਰਸ ਦੇ ਸੀਨੀਅਰ ਮੀਤ ਪ੍ਰਧਾਨ ਰੋਹਿਤ ਪੋਸੀ, ਬਲਾਕ ਯੂਥ ਕਾਂਗਰਸ ਗੜ੍ਹਸ਼ੰਕਰ ਦੇ ਸੀਨੀਅਰ ਮੀਤ ਪ੍ਰਧਾਨ ਮਨਜਿੰਦਰ ਸਿੰਘ, ਐਡਵੋਕੇਟ ਪੰਕਜ ਕ੍ਰਿਪਾਲ ਮੈਂਬਰ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ, ਜਗਤਾਰ ਸਿੰਘ ਪ੍ਰਧਾਨ ਬਲਾਕ ਕਾਂਗਰਸ ਐਸ ਸੀ ਡਿਪਾਰਟਮੈਂਟ ਗੜ੍ਹਸ਼ੰਕਰ, ਰਾਜ ਕੁਮਾਰ ਪ੍ਰਧਾਨ ਬਲਾੱਕ ਕਾਂਗਰਸ ਐਸ ਸੀ ਡਿਪਾਰਟਮੈਂਟ ਮਾਹਿਲਪੁਰ, ਆਦਿ ਹਾਜਰ ਹੋਏ।

# ਤਾਜੇਵਾਲ 'ਚ ਗੁਰਮਤਿ ਸਮਾਗਮ ਕਰਵਾਏ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**-ਪਿੰਡ ਤਾਜੇਵਾਲ ਡੇਰਾ ਬੰਗਾ ਸਾਹਿਬ ਵਿਖੇ ਸੰਤ ਬਾਬਾ ਰਾਮ ਸਿੰਘ ਦੇ ਅਸਥਾਨ 'ਤੇ ਸਮੂਹ ਨਗਰ ਨਿਵਾਸੀ, ਗ੍ਰਾਮ ਪੰਚਾਇਤ, ਪ੍ਰਵਾਸੀ ਭਾਰਤੀਆਂ ਅਤੇ ਇਲਾਕੇ ਦੇ ਸਹਿਯੋਗ ਨਾਲ ਸੰਤ ਬਾਬਾ ਰਾਮ ਸਿੰਘ ਦੀ ਸਲਾਨਾ 26ਵੀਂ ਬਰਸੀ ਮੌਕੇ ਮਹਾਨ ਗੁਰਮਤਿ ਸਮਾਗਮ ਡੇਰੇ ਦੇ ਮੁੱਖ ਸੇਵਾਦਾਰ ਸੰਤ ਬਾਬਾ ਮਹਾਂਵੀਰ ਸਿੰਘ ਤਾਜੇਵਾਲ ਦੀ ਅਗਵਾਈ ਹੇਠ ਸ਼ਰਧਾ ਭਾਵਨਾ ਨਾਲ ਕਰਵਾਏ ਗਏ। ਇਸ ਮੌਕੇ ਮੁੱਖ ਸੇਵਾਦਾਰ ਸੰਤ ਬਾਬਾ ਮਹਾਂਵੀਰ ਸਿੰਘ ਤਾਜੇਵਾਲ ਨੇ ਪੱਤਰਕਾਰਾਂ ਨੂੰ ਦੱਸਿਆ ਕਿ ਸਲਾਨਾ ਬਰਸੀ ਸਮਾਗਮ ਮੌਕੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ।ਉਪਰੰਤ ਰਾਗੀ-ਢਾਡੀ, ਪ੍ਰਚਾਰਕ ਤੇ ਕਥਾਵਾਚਕ ਸੰਗਤਾਂ ਨੂੰ ਗੁਰੂ ਜੱਸ ਸਰਵਣ ਕਰਵਾਇਆ ਗਿਆ। ਇਸ ਮੌਕੇ ਗਿਆਨੀ ਜੋਗਿੰਦਰ ਸਿੰਘ ਹੈਡ ਗ੍ਰੰਥੀ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਸੰਤ ਅਮਰਜੀਤ ਸਿੰਘ ਮੁਖੀ ਹਰਖੋਵਾਲ ਸੰਪਰਦਾਇ, ਬਾਬਾ ਸੁਰਜੀਤ ਸਿੰਘ, ਸੰਤ ਹਰਦਿਆਲ ਸਿੰਘ, ਬਾਬਾ ਤਜਿੰਦਰ ਸਿੰਘ ਬੋਹਣ, ਸੰਤ ਬਲਵੀਰ ਸਿੰਘ ਲੰਗੇਰੀ, ਸੰਤ ਕਰਮਜੀਤ ਸਿੰਘ ਤੇ ਸੰਤ ਬਲਵੀਰ ਸਿੰਘ ਟਿੱਬਾ ਸਾਹਿਬ, ਸੰਤ ਗੁਰਿੰਦਰ ਕੌਰ ਬਾਹੋਵਾਲ, ਸੰਤ ਪ੍ਰੀਤਮ ਸਿੰਘ ਡੁਮੇਲੀ, ਸੰਤ ਬਾਬਾ ਭਾਗ ਸਿੰਘ ਬੰਗਿਆਂ ਵਾਲੇ, ਮਹੰਤ ਚਮਕੌਰ ਸਿੰਘ, ਸੰਤ ਤੇਜਾ ਸਿੰਘ ਖੁੱਡੇ ਵਾਲੇ, ਸੰਤ ਰੇਸ਼ਮ ਸਿੰਘ ਨਿਰਮਲ ਪੰਚਾਇਤ ਅਖਾੜਾ ਪਟਿਆਲਾ, ਸੰਤ ਹਾਕਮ ਸਿੰਘ, ਸੰਤ ਸੁਖਜਿੰਦਰ ਸਿੰਘ, ਸੰਤ ਗੁਰਮਿੰਦਰ ਸਿੰਘ ਡੇਰਾ ਸ਼ੇਖਵਾਂ, ਸੰਤ ਸਰਵਣਜੀਤ ਸਿੰਘ, ਭਾਈ ਸੁਰਿੰਦਰ ਸਿੰਘ ਸਤੌਰ, ਬੀਬੀ ਜਸਵੀਰ ਕੌਰ ਬੂੰਗਾ ਸਾਹਿਬ ਮਾਹਿਲਪੁਰ, ਭਾਈ ਸਰਬਜੀਤ ਸਿੰਘ, ਭਾਈ ਸਰੂਪ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ, ਭਾਈ ਹਰਭਜਨ ਸਿੰਘ ਗੁਰਦੁਆਰਾ ਬਾਬਾ ਜਵਾਹਰ ਦਾਸ ਸੂਸਾਂ, ਗਿਆਨੀ ਭੁਪਿੰਦਰ ਸਿੰਘ ਅਣਖੀ ਗੁਰਦੁਆਰਾ ਅਗੰਮਗੜ੍ਹ ਫ਼ਤਿਹਪੁਰ ਕੋਠੀ ਆਦਿ ਸੰਤਾਂ-ਮਹਾਂਪੁਰਸ਼ਾਂ, ਪ੍ਰਚਾਰਕਾਂ ਤੇ ਰਾਗੀ-ਢਾਡੀ ਜਥਿਆਂ ਨੇ ਸੰਗਤਾਂ ਨੂੰ ਮਨੋਹਰ ਕਥਾ-ਕੀਰਤਨ, ਗੁਰਮਤਿ ਵਿਚਾਰਾਂ ਤੇ ਗੁਰਇਤਿਹਾਸ ਰਾਹੀਂ ਨਿਹਾਲ ਕੀਤਾ। ਇਸ ਮੌਕੇ ਸੰਤ ਅਮਰਜੀਤ ਸਿੰਘ ਹਰਖੋਵਾਲ ਵਾਲਿਆਂ ਨੇ ਕਿਹਾ ਕਿ ਅਜਿਹੇ ਪਰਉਪਕਾਰੀ ਸੰਤ-ਮਹਾਂਪੁਰਸ਼ਾਂ ਦੀ ਯਾਦ 'ਚ ਸਮਾਗਮ ਕਰਵਾਉਣ ਦਾ ਤਾਂ ਹੀ ਕੋਈ ਲਾਭ ਹੈ, ਜੇਕਰ ਸੰਗਤਾਂ ਉਨ੍ਹਾਂ ਵਲੋਂ ਦਰਸਾਏ ਗੁਰਸਿੱਖੀ ਦੇ ਮਾਰਗ 'ਤੇ ਚੱਲ ਕੇ ਜੀਵਨ ਸਫ਼ਲ ਕਰਨ।





## ਜਵਾਹਰ ਨਵੋਦਿਆ ਵਿਦਿਆਲਿਆ ਚੋਣ ਪ੍ਰੀਖਿਆ ਲਈ ਆਨਲਾਈਨ ਰਜਿਸਟ੍ਰੇਸ਼ਨ ਸ਼ੁਰੂ

**ਮੁਹਾਲੀ (ਗੁਰਜੀਤ ਬਿੱਲਾ)**-ਜਵਾਹਰ ਨਵੋਦਿਆ ਵਿਦਿਆਲਿਆ ਚੋਣ ਪ੍ਰੀਖਿਆ ਛੇਵੀ ਜਮਾਤ ਸਾਲ 2027-2028 ਵਾਸਤੇ ਆਨਲਾਈਨ ਰਜਿਸਟ੍ਰੇਸ਼ਨ ਪ੍ਰਕਿਰਿਆ ਸ਼ੁਰੂ ਹੋ ਗਈ ਹੈ ਅਤੇ ਇਸ ਦੀ ਆਖਰੀ ਮਿਤੀ 31 ਜੁਲਾਈ 2026 ਤੱਕ ਹੈ। ਆਧੁਨਿਕ ਤੇ ਮਿਆਰੀ ਸਿੱਖਿਆ ਦੇਣ ਲਈ ਮੋਹਾਲੀ ਜ਼ਿਲ੍ਹੇ ਦੇ ਪਿੰਡ ਰਕੌਲੀ ਵਿਚ ਭਾਰਤ ਸਰਕਾਰ ਵੱਲੋਂ ਚਲਾਏ ਜਾ ਰਹੇ ਸਹਿ-ਸਿੱਖਿਆ ਵਾਲੇ ਰਿਹਾਇਸ਼ੀ ਪੀ ਐਮ ਸ੍ਰੀ. ਸਕੂਲ ਜਵਾਹਰ ਨਵੋਦਿਆ ਵਿਦਿਆਲਿਆ ਰਕੌਲੀ, ਵਿਚ ਅਗਲੇ ਵਿੱਦਿਅਕ ਸਾਲ 2027-2028 ਦੀ ਛੇਵੀਂ ਜਮਾਤ ਲਈ ਆਨਲਾਈਨ ਰਜਿਸਟ੍ਰੇਸ਼ਨ ਪ੍ਰਕਿਰਿਆ ਸ਼ੁਰੂ ਹੋ ਗਈ ਹੈ। ਇਸ ਵਿੱਦਿਅਕ ਸਾਲ 2026-2027 ਵਿੱਚ ਵਿਦਿਆਰਥੀ ਪੰਜਵੀਂ ਜਮਾਤ ਵਿਚ ਪੜ੍ਹਦਾ ਹੋਣਾ ਚਾਹੀਦਾ ਹੈ, ਫਾਰਮ ਭਰ ਸਕਦੇ ਹਨ । ਇਸ ਸਬੰਧੀ ਜਾਣਕਾਰੀ ਦਿੰਦਿਆ ਪ੍ਰਿੰਸੀਪਲ ਨੇ ਦੱਸਿਆ ਕਿ ਵਿਦਿਆਰਥੀਆਂ ਦੇ ਮਾਪੇ ਮੁਹਾਲੀ ਜ਼ਿਲ੍ਹੇ ਦੇ ਪੱਕੇ ਵਸਨੀਕ ਹੋਣ, ਵਿਦਿਆਰਥੀ ਪੰਜਵੀ ਜਮਾਤ ਵਿੱਚ ਪੜ੍ਹਦਾ ਹੋਣਾ ਚਾਹੀਦਾ ਹੈ। ਉਸ ਦਾ ਜਨਮ 1 ਮਈ 2015 ਤੋਂ 31 ਜੁਲਾਈ 2017 (ਦੋਹਾਂ ਤਰੀਕਾਂ ਸਮੇਤ) ਤੱਕ ਹੋਇਆ ਹੋਵੇ, ਓ.ਬੀ.ਸੀ. ਵਰਗ ਦੇ ਵਿਦਿਆਰਥੀਆਂ ਦੇ ਮਾਪੇ ਸੇਵਾ ਕੇਂਦਰ ਤੋ ਪਤਾ ਕਰ ਲੈਣ ਕਿ ਉਹ ਕੇਂਦਰੀ ਸੂਚੀ ਵਿਚ ਪੰਜਾਬ ਦੇ ਓ ਬੀ ਸੀ ਵਿਚ ਆਉਂਦੇ ਹਨ ਜਾਂ ਨਹੀਂ। ਜੇਕਰ ਨਹੀਂ ਆਉਂਦੇ ਤਾਂ ਜਨਰਲ ਵਰਗ ਵਿਚ ਰਜਿਸ਼ਟ੍ਰੇਸ਼ਨ ਕਰਾਉਣ। ਉਨ੍ਹਾਂ ਦੱਸਿਆ ਕਿ ਚੋਣ ਪ੍ਰੀਖਿਆ 28 ਨਵੰਬਰ 2026 ਨੂੰ ਮੋਹਾਲੀ ਜ਼ਿਲ੍ਹੇ ਦੇ ਚੋਣ ਸੈਂਟਰਾਂ ਵਿਚ ਹੋਵੇਗੀ।

## ਉਰਦੂ ਆਮੋਜ਼ ਕੋਰਸ 'ਚ ਦਾਖਲੇ ਦੀ ਮਿਤੀ 'ਚ ਵਾਧਾ

**ਮੁਹਾਲੀ (ਗੁਰਜੀਤ ਬਿੱਲਾ)**-ਭਾਸ਼ਾ ਵਿਭਾਗ, ਪੰਜਾਬ ਮਾਂ-ਬੋਲੀ ਪੰਜਾਬੀ ਦੇ ਨਾਲ-ਨਾਲ ਹੋਰਨਾਂ ਜ਼ੁਬਾਨਾਂ ਦੇ ਵਿਕਾਸ ਲਈ ਵੀ ਸਰਗਰਮ ਰਹਿੰਦਾ ਹੈ। ਇਸੇ ਲੜੀ ਤਹਿਤ ਦਫ਼ਤਰ ਜ਼ਿਲ੍ਹਾ ਭਾਸ਼ਾ ਅਫ਼ਸਰ, ਐੱਸ ਏ ਐੱਸ ਨਗਰ ਵਿਖੇ ਉਰਦੂ ਆਮੋਜ਼ ਕੋਰਸ ਸ਼ੁਰੂ ਕੀਤਾ ਗਿਆ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਡਾ. ਦਰਸ਼ਨ ਕੌਰ ਖੋਜ ਅਫ਼ਸਰ, ਐੱਸ ਏ ਐੱਸ ਨਗਰ ਨੇ ਦੱਸਿਆ ਕਿ ਜੂਨ ਮਹੀਨੇ ਦੌਰਾਨ ਗਰਮੀਆਂ ਦੀਆਂ ਛੁੱਟੀਆਂ ਹੋਣ ਕਰਕੇ ਅਤੇ ਦਫ਼ਤਰਾਂ ਦਾ ਸਮਾਂ ਘੱਟ ਹੋਣ ਕਾਰਨ ਉਰਦੂ ਸਿੱਖਣ ਦੇ ਬਹੁਤ ਸਾਰੇ ਚਾਹਵਾਨ ਸਮੇਂ ਸਿਰ ਦਾਖਲਾ ਫਾਰਮ ਨਹੀਂ ਭਰ ਸਕੇ। ਇਸ ਦੇ ਮੱਦੇਨਜ਼ਰ ਦਾਖਲਾ ਫਾਰਮ ਭਰਨ ਦੀ ਆਖਰੀ ਮਿਤੀ ਵਧਾ ਕੇ 15 ਜੁਲਾਈ 2026 ਕਰਨ ਦਾ ਫੈਸਲਾ ਕੀਤਾ ਗਿਆ ਹੈ। ਇਸ ਕੋਰਸ ਦੀ ਦਾਖਲਾ ਅਤੇ ਪ੍ਰੀਖਿਆ ਫੀਸ ਯਕਮੁਸ਼ਤ 500 ਰੁਪਏ ਹੈ। ਇਸ ਕੋਰਸ ਦੀ ਮਿਆਦ 6 ਮਹੀਨੇ ਅਤੇ ਜਮਾਤ ਦਾ ਸਮਾਂ ਰੋਜ਼ਾਨਾ ਇੱਕ ਘੰਟਾ ਹੋਵੇਗਾ। ਕੋਰਸ ਵਿੱਚ ਦਾਖਲੇ ਲਈ ਉਮਰ ਦੀ ਕੋਈ ਪਾਬੰਦੀ ਨਹੀਂ ਹੈ, ਕੋਈ ਵੀ ਆਮ ਨਾਗਰਿਕ ਜਾਂ ਸਰਕਾਰੀ ਅਧਿਕਾਰੀ/ਕਰਮਚਾਰੀ ਇਸ ਦਾ ਲਾਭ ਲੈ ਸਕਦਾ ਹੈ।

## ਬਾਬਾ ਮੋਤੀ ਰਾਮ ਮਹਿਰਾ ਵੈੱਲਫੇਅਰ ਸੁਸਾਇਟੀ ਦੀ ਮੀਟਿੰਗ

**ਫਿਲੌਰ (ਨਿਰਮਲ)**- ਬਾਬਾ ਮੋਤੀ ਰਾਮ ਮਹਿਰਾ ਜੀ ਵੈਲਫੇਅਰ ਸੋਸਾਇਟੀ ਪੰਜਾਬ ਦੀ ਮੀਟਿੰਗ ਤਰਸੇਮ ਰੁਪਾਣਾ ਪ੍ਰਧਾਨ ਪੰਜਾਬ ਦੀ ਅਗਵਾਈ ਹੇਠ ਹੋਈ। ਇਸ ਮੌਕੇ ਸੋਸਾਇਟੀ ਦੇ ਅਹੁਦੇਦਾਰਾਂ ਨੇ ਸਰਬ ਸੰਮਤੀ ਨਾਲ ਚੋਣ ਕਰਕੇ ਹਰਮਿੰਦਰ ਸਿੰਘ ਰਾਣਾ ਮੁਠੱਡਾ ਕਲਾ ਨੂੰ ਮੀਡੀਆ ਸਲਾਹਕਾਰ, ਰਾਜਵਿੰਦਰ ਸਿੰਘ ਮੁਠੱਡਾ ਨੂੰ ਪ੍ਰੈਸ ਸਕੱਤਰ ਨਿਯੁਕਤ ਕੀਤਾ। ਸੋਸਾਇਟੀ ਦੇ ਸਰਪ੍ਰਸਤ ਡਾਕਟਰ ਕੁਲਦੀਪ ਰਾਏ ਨੇ ਸੰਬੋਧਨ ਕਰਦਿਆਂ ਕਿਹਾ ਨਵੇਂ ਹੋਏ ਚੁਣੇ ਅਹੁਦੇਦਾਰਾਂ ਨੂੰ ਸੁਸਾਇਟੀ ਵਿੱਚ ਬਣਦਾ ਮਾਨ ਸਨਮਾਨ ਦਿੱਤਾ ਜਾਵੇਗਾ। ਇਸ ਮੌਕੇ ਚੇਅਰਮੈਨ ਪਲਵਿੰਦਰ ਸਿੰਘ ਦੁਸਾਂਝ, ਅਜੇ ਸਿੰਘ ਨਾਗੀ ਸੀਨੀਅਰ ਮੀਤ ਪ੍ਰਧਾਨ ਪੰਜਾਬ, ਸੰਦੀਪ ਕੁਮਾਰ ਸੀਨੀਅਰ ਮੀਤ ਪ੍ਰਧਾਨ ਪੰਜਾਬ, ਹਰਜੀਤ ਸਿੰਘ ਢੇਸੀ ਜਨਰਲ ਸਕੱਤਰ, ਤਰਸੇਮ ਸਿੰਘ ਢਿੱਲੋ ਧਾਰਮਿਕ ਪ੍ਰਚਾਰਕ ਸਕੱਤਰ, ਸੁਰਿੰਦਰ ਪਾਲ ਸਿੰਘ ਢੇਸੀ ਖਜਾਨਚੀ, ਕੁਲਬੀਰ ਸਿੰਘ ਚੀਮਾ ਵਾਈਸ ਖਜਾਨਚੀ, ਰਣਜੀਤ ਸਿੰਘ ਖੇਲਾ ਸੀਨੀਅਰ ਮੀਤ ਪ੍ਰਧਾਨ ਪੰਜਾਬ ਤੇ ਸੋਸਾਇਟੀ ਦੇ ਅਹੁਦੇਦਾਰ ਹਾਜ਼ਰ ਸਨ।



## ਕੁਇਜ਼ ਮੁਕਾਬਲਿਆਂ ਲਈ ਅਰਜ਼ੀਆਂ ਦੀ ਮੰਗ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ, ਓ.ਪੀ. ਰਾਣਾ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਉਚੇਰੀ ਸਿੱਖਿਆ ਤੇ ਭਾਸ਼ਾਵਾਂ ਵਿਭਾਗ ਦੇ ਮੰਤਰੀ ਹਰਜੋਤ ਸਿੰਘ ਬੈਂਸ ਦੀ ਸੁਯੋਗ ਅਗਵਾਈ ਤੇ ਜਸਵੰਤ ਸਿੰਘ ਜ਼ਫ਼ਰ, ਡਾਇਰੈਕਟਰ, ਭਾਸ਼ਾ ਵਿਭਾਗ, ਪੰਜਾਬ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਹਰ ਸਾਲ ਭਾਸ਼ਾ ਵਿਭਾਗ, ਪੰਜਾਬ, ਪਟਿਆਲਾ ਵੱਲੋਂ ਬਾਲ ਗਿਆਨ ਸਾਹਿਤ ਅਧੀਨ ਜ਼ਿਲ੍ਹਾ ਅਤੇ ਰਾਜ ਪੱਧਰੀ ਬਾਲ ਸਾਹਿਤ ਕੁਇਜ਼ ਮੁਕਾਬਲੇ ਕਰਵਾਏ ਜਾਂਦੇ ਹਨ। ਇਨ੍ਹਾਂ ਮੁਕਾਬਲਿਆਂ ਦਾ ਉਦੇਸ਼ ਵਿੱਦਿਆਰਥੀਆਂ ਵਿੱਚ ਮੁਕਾਬਲੇ ਦੀ ਭਾਵਨਾ ਨੂੰ ਉਤਸ਼ਾਹਿਤ ਕਰਨਾ ਹੈ। ਇਸੇ ਕੜੀ ਤਹਿਤ ਸਾਲ 2026 ਦੇ ਮੁਕਾਬਲੇ ਕਰਵਾਏ ਜਾਣੇ ਹਨ। ਇਨ੍ਹਾਂ ਬਾਲ ਸਾਹਿਤ ਕੁਇਜ਼ ਮੁਕਾਬਲਿਆਂ ਦਾ ਵਿਸ਼ਾ ਪੰਜਾਬੀ ਸਾਹਿਤ, ਧਰਮ, ਭਾਸ਼ਾ, ਸਭਿਆਚਾਰ, ਇਤਿਹਾਸ ਤੇ ਭੂਗੋਲ ਵਿਸ਼ੇ ਨਾਲ ਸੰਬੰਧਤ ਹੁੰਦਾ ਹੈ। ਖੋਜ ਅਫ਼ਸਰ, ਜ਼ਿਲ੍ਹਾ ਭਾਸ਼ਾ ਦਫ਼ਤਰ, ਹੁਸ਼ਿਆਰਪੁਰ ਡਾ. ਜਸਵੰਤ ਰਾਏ ਨੇ ਦੱਸਿਆ ਕਿ ਇਹ ਮੁਕਾਬਲੇ ਤਿੰਨ ਵਰਗਾਂ ਵਿੱਚ ਕਰਵਾਏ ਜਾਣੇ ਹਨ, ਜਿਸ 'ਚ ਪਹਿਲਾ ੳ-ਵਰਗ ਛੇਵੀਂ ਤੋਂ ਅੱਠਵੀਂ ਸ਼੍ਰੇਣੀ, ਦੂਸਰਾ ਅ ਵਰਗ ਨੌਵੀਂ ਤੋਂ ਬਾਰ੍ਹਵੀਂ ਸ਼੍ਰੇਣੀ ਅਤੇ ਤੀਜਾ ੲ ਵਰਗ ਗ੍ਰੈਜੂਏਸ਼ਨ ਤੱਕ ਦੇ ਵਿਦਿਆਰਥੀਆਂ ਦਾ ਹੋਵੇਗਾ। ਭਾਗ ਲੈਣ ਵਾਲੇ ਵਿਦਿਆਰਥੀ ਦੀ ਜਮਾਤ ਤੇ ਜਨਮ ਮਿਤੀ ਦਾ ਸੰਸਥਾ ਮੁਖੀ ਵੱਲੋਂ ਲਿਖਤੀ ਰੂਪ ਵਿੱਚ ਤਸਦੀਕ ਹੋਣਾ ਲਾਜ਼ਮੀ ਹੈ। ਹਰ ਵਰਗ 'ਚ ਇੱਕ ਸੰਸਥਾ ਵਿੱਚੋਂ ਵੱਧ ਤੋਂ ਵੱਧ ਦੋ ਵਿਦਿਆਰਥੀ ਹੀ ਭੇਜੇ ਜਾ ਸਕਦੇ ਹਨ। ਜ਼ਿਲ੍ਹਾ ਪੱਧਰ 'ਤੇ ਹਰ ਵਰਗ 'ਚੋਂ ਪਹਿਲੇ ਸਥਾਨ 'ਤੇ ਅਉਣ ਵਾਲੇ ਵਿਦਿਆਰਥੀ ਰਾਜ ਪੱਧਰ ਦੇ ਮੁਕਾਬਲੇ 'ਚ ਹਿੱਸਾ ਲੈਣਗੇ। ਹਰ ਵਰਗ ਦੇ ਜ਼ਿਲ੍ਹਾ ਪੱਧਰੀ ਮੁਕਾਬਲੇ 'ਚ ਪਹਿਲੇ ਸਥਾਨ 'ਤੇ ਆਉਣ ਵਾਲੇ ਵਿਦਿਆਰਥੀ ਨੂੰ 1000/- ਰੁਪਏ, ਦੂਸਰੇ ਸਥਾਨ ਵਾਲੇ ਵਿਦਿਆਰਥੀ ਨੂੰ 750/-ਰੁਪਏ ਤੇ ਤੀਜੇ ਸਥਾਨ ਵਾਲੇ ਵਿਦਿਆਰਥੀ ਨੂੰ 500/-ਰੁਪਏ ਨਕਦ ਜਾਂ ਵਿਭਾਗੀ ਪੁਸਤਕਾਂ ਦੇ ਸੈੱਟ ਦੇ ਰੂਪ ਵਿੱਚ ਦਿੱਤੇ ਜਾਣਗੇ। ਡਾ. ਜਸਵੰਤ ਰਾਏ ਨੇ ਹੋਰ ਜਾਣਕਾਰੀ ਦਿੰਦਿਆਂ ਇਹ ਵੀ ਦੱਸਿਆ ਕਿ ਇਸ ਸੰਬੰਧੀ ਜ਼ਿਲ੍ਹਾ ਹੁਸ਼ਿਆਰਪੁਰ ਦੇ ਸਮੂਹ (ਸਰਕਾਰੀ/ਪ੍ਰਾਈਵੇਟ/ਏਡਿਡ) ਸਕੂਲਾਂ ਅਤੇ ਕਾਲਜਾਂ ਦੇ ਵਿਦਿਆਰਥੀਆਂ ਦਾ ਇਸ ਵਿੱਚ ਭਾਗ ਲੈਣਾ ਯਕੀਨੀ ਬਣਾਇਆ ਜਾਵੇ।



# 'ਦੋ ਪੁਸਤਕਾਂ ਦੋ ਸੰਵਾਦ' ਸਮਾਗਮ ਸਫ਼ਲਤਾ ਨਾਲ ਸੰਪੰਨ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**-ਪੰਜਾਬੀ ਸਾਹਿਤ ਸਭਾ ਹੁਸ਼ਿਆਰਪੁਰ ਵੱਲੋਂ ਭਾਸ਼ਾ ਵਿਭਾਗ ਦੇ ਸਹਿਯੋਗ ਨਾਲ਼ ਜ਼ਿਲ੍ਹਾ ਭਾਸ਼ਾ ਦਫ਼ਤਰ ਹੁਸ਼ਿਆਰਪੁਰ ਵਿਖੇ ਕਰਵਾਇਆ 'ਦੋ ਪੁਸਤਕਾਂ ਦੋ ਸੰਵਾਦ' ਸਮਾਗਮ ਸਫ਼ਲਤਾ ਨਾਲ ਸੰਪੰਨ ਹੋਇਆ। ਸਮਾਗਮ ਦੀ ਪ੍ਰਧਾਨਗੀ ਸਾਹਿਤ ਸਭਾ ਦੇ ਮੀਤ ਪ੍ਰਧਾਨ ਸੁਰਿੰਦਰ ਕੰਗਵੀ ਨੇ ਕੀਤੀ। ਆਏ ਹੋਏ ਮਹਿਮਾਨਾਂ ਤੇ ਅਦੀਬਾਂ ਨੂੰ ਜੀ ਆਇਆਂ ਸ਼ਬਦ ਡਾ. ਜਸਵੰਤ ਰਾਏ ਖੋਜ ਅਫ਼ਸਰ ਭਾਸ਼ਾ ਵਿਭਾਗ ਨੇ ਸਮਾਗਮ ਦੀ ਰੂਪ ਰੇਖਾ ਸਾਂਝੀ ਕਰਦਿਆਂ ਆਖੇ। ਉਨ੍ਹਾਂ ਭਾਸ਼ਾ ਵਿਭਾਗ ਦੀਆਂ ਗਤੀਵਿਧੀਆਂ ਅਤੇ ਲਗਾਤਾਰ ਪੰਜਾਬੀ ਭਾਸ਼ਾ ਦੇ ਪ੍ਰਚਾਰ ਤੇ ਪ੍ਰਸਾਰ ਲਈ ਮਾਰੇ ਜਾਂਦੇ ਹੰਭਲਿਆਂ ਸੰਬੰਧੀ ਤੁਆਰਫ਼ ਕਰਵਾਇਆ। ਪ੍ਰਧਾਨਗੀ ਮੰਡਲ ਨੇ ਬਚਿੱਤਰ ਸਿੰਘ ਹੁਸ਼ਿਆਰਪੁਰੀ ਦੀ ਪਲੇਠੀ ਪੁਸਤਕ 'ਸਾਹਿਤਕ ਗੁੱਲਦਸਤਾ' ਤੇ ਰਾਜ ਕੁਮਾਰ ਘਾਸੀਪੁਰੀਆ ਦਾ ਕਾਵਿ ਸੰਗ੍ਰਹਿ 'ਸਵਰਗ ਜਿਹਾ ਮੇਰਾ ਪਿੰਡ' ਦਾ ਲੋਕ ਅਰਪਣ ਕੀਤਾ। ਇਸ ਉਪਰੰਤ ਸਾਹਿਤਕ ਗੁਲਦਸਤਾ 'ਤੇ ਆਪਣਾ ਪਰਚਾ ਪੇਸ਼ ਕਰਦਿਆਂ ਭਾਸ਼ਾ ਵਿਭਾਗ ਦੇ ਸਾਬਕਾ ਡਾਇਰੈਕਟਰ ਚੇਤਨ ਸਿੰਘ ਨੇ ਕਿਹਾ ਕਿ ਬਚਿੱਤਰ ਸਿੰਘ ਨੇ ਇਸ ਪੁਸਤਕ ਵਿਚ ਆਪਣੇ ਪਿਤਾ ਦੀਆਂ ਬਹੁਤ ਆਹਲਾ ਵਾਰਤਕ ਟੁਕੜੀਆਂ ਦੇ ਨਾਲ ਨਾਲ ਆਪਣੀ ਸ਼ਾਇਰੀ ਦੇ ਰੰਗ ਵੀ ਭਰੇ ਹਨ। ਇਸ ਮੌਕੇ ਸਾਬਕਾ ਜ਼ਿਲ੍ਹਾ ਭਾਸ਼ਾ ਅਫ਼ਸਰ ਹੁਸ਼ਿਆਰਪੁਰ ਸ੍ਰੀਮਤੀ ਅਮਰਜੀਤ ਕੌਰ ਨੇ ਦੋਹਾਂ ਲੇਖਕਾਂ ਨੂੰ ਵਧਾਈ ਦਿੰਦਿਆਂ ਹੁਸ਼ਿਆਰਪੁਰ ਦਫ਼ਤਰ ਵਿਖੇ ਗੁਜ਼ਾਰੇ ਪਲਾਂ ਨੂੰ ਵੀ ਸਾਂਝਿਆਂ ਕੀਤਾ। ਇਸ ਤੋਂ ਬਾਅਦ ਕਰਵਾਏ ਗਏ ਕਵੀ ਦਰਬਾਰ ਵਿਚ ਮਦਨ ਵੀਰਾ, ਸਤੀਸ਼ ਕੁਮਾਰ, ਜ਼ਿਲ੍ਹਾ ਸਿੱਖਿਆ ਅਫ਼ਸਰ ਐਲੀਮੈਂਟਰੀ ਹੁਸ਼ਿਆਰਪੁਰ ਅਮਨਦੀਪ ਸ਼ਰਮਾ, ਜੱਸ ਸਰੋਆ, ਰਬਿੰਦਰ ਸ਼ਰਮਾ, ਪ੍ਰਿੰਸੀਪਲ ਗੁਰਦਿਆਲ ਸਿੰਘ ਫੁੱਲ, ਨਵਤੇਜ ਗੜ੍ਹਦੀਵਾਲਾ, ਧਰਮਪਾਲ ਸਾਹਿਲ, ਕੁਲਤਾਰ ਸਿੰਘ ਕੁਲਤਾਰ, ਰੈਪੀ ਰਾਜੀਵ, ਅਸ਼ੋਕ ਕੁਮਾਰ, ਬਲਜੀਤ ਕੌਰ ਝੂੱਟੀ, ਪ੍ਰਭਜੋਤ ਕੌਰ, ਦਰਸ਼ਨ ਸਿੰਘ ਦਰਸ਼ਨ, ਸ਼ਮਸ਼ੇਰ ਸਿੰਘ, ਸੁਭਾਸ਼ ਗੁਪਤਾ, ਰਜਿੰਦਰ ਸੱਚਦੇਵਾ, ਪ੍ਰਿੰਕਲ , ਅਵਤਾਰ ਸਿੰਘ, ਸ਼ਸ਼ੀ ਕੁਮਾਰ, ਮਹਿੰਦਰ ਝੱਮਟ, ਅਨੰਤਵੀਰ ਸਿੰਘ ਨੇ ਹਾਜ਼ਰੀ ਲਗਵਾਈ। ਭਾਸ਼ਾ ਵਿਭਾਗ ਵਲੋਂ ਚੇਤਨ ਸਿੰਘ, ਅਮਰਜੀਤ ਕੌਰ, ਬਚਿੱਤਰ ਸਿੰਘ ਅਤੇ ਰਾਜ ਕੁਮਾਰ ਘਾਸੀਪੁਰੀਆ ਦਾ ਲੋਈਆਂ ਅਤੇ ਪੁਸਤਕਾਂ ਦੇ ਸੈੱਟਾਂ ਨਾਲ਼ ਸਨਮਾਨ ਕੀਤਾ ਗਿਆ। ਪ੍ਰਧਾਨਗੀ ਭਾਸ਼ਣ ਸੁਰਿੰਦਰ ਕੰਗਵੀ ਨੇ ਆਪਣੀਆਂ ਭਾਵਪੂਰਤ ਟਿੱਪਣੀਆਂ ਨਾਲ ਦਿੱਤਾ। ਸਟੇਜ ਦੀ ਕਾਰਵਾਈ ਡਾ. ਜਸਵੰਤ ਰਾਏ ਨੇ ਬਾਖ਼ੂਬੀ ਨਿਭਾਈ। ਇਸ ਮੌਕੇ ਭਾਸ਼ਾ ਵਿਭਾਗ ਤੋਂ ਰਾਹੁਲ ਸੀਨੀਅਰ ਸਹਾਇਕ, ਲਾਲ ਸਿੰਘ ਸਮੇਤ ਸਾਹਿਤ ਪ੍ਰੇਮੀ ਹਾਜ਼ਰ ਸਨ।



# ਸ੍ਰੀ ਗੁਰੂ ਰਵਿਦਾਸ ਦਾ 650ਵਾਂ ਪ੍ਰਕਾਸ਼ ਪੁਰਬ

### ਸਰਕਾਰ ਵੱਲੋਂ 13 ਹਜ਼ਾਰ ਤੋਂ ਵੱਧ ਪਿੰਡਾਂ 'ਚ ਵਿਖਾਈ ਜਾ ਰਹੀ ਦਸਤਾਵੇਜ਼ੀ ਫ਼ਿਲਮ

**ਚੰਡੀਗੜ੍ਹ (ਗੁਰਜੀਤ ਬਿੱਲਾ)**-ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਮਨਾਉਣ ਦੇ ਉਦੇਸ਼ ਨਾਲ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ ਅਤੇ ਸਿੱਖਿਆਵਾਂ ਨੂੰ ਮੋਬਾਈਲ ਐੱਲ ਈ ਡੀ ਵੈਨਾਂ ਰਾਹੀਂ ਹਰ ਪਿੰਡ ਤੱਕ ਪਹੁੰਚਾ ਰਹੀ ਹੈ। ਇਹ ਪ੍ਰਗਟਾਵਾ ਇੱਥੇ ਪੰਜਾਬ ਦੇ ਸੈਰ-ਸਪਾਟਾ ਅਤੇ ਸੱਭਿਆਚਾਰ ਮਾਮਲਿਆਂ ਬਾਰੇ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਕੀਤਾ।ਡਿਜੀਟਲ ਸਿਸਟਮ ਅਧਾਰਤ ਸਮਾਗਮ ਦੇ ਵੇਰਵੇ ਸਾਂਝੇ ਕਰਦਿਆਂ ਸੌਂਦ ਨੇ ਦੱਸਿਆ ਕਿ ਸ੍ਰੀ ਗੁਰੂ ਰਵਿਦਾਸ ਜੀ ਦੇ ਪਿਆਰ, ਭਗਤੀ ਅਤੇ ਸਮਾਨਤਾ ਦੇ ਸੰਦੇਸ਼ ਨੂੰ ਪਿੰਡਾਂ ਤੱਕ ਪਹੁੰਚਾਉਣ ਲਈ ਵਾਹਨਾਂ 'ਤੇ ਵੱਡੀਆਂ ਐੱਲ ਈ ਡੀ ਸਕ੍ਰੀਨਾਂ ਲਗਾ ਕੇ 13000 ਤੋਂ ਵੱਧ ਪਿੰਡਾਂ ਵਿੱਚ 30 ਮਿੰਟ ਦੀ ਦਸਤਾਵੇਜ਼ੀ ਫ਼ਿਲਮ ਵਿਖਾ ਰਹੀ ਹੈ।ਸੈਰ-ਸਪਾਟਾ ਮੰਤਰੀ ਨੇ ਦੱਸਿਆ ਕਿ ਪੰਜਾਬ ਸਰਕਾਰ ਦਾ ਉਦੇਸ਼ ਇਸ ਇਤਿਹਾਸਕ ਮੌਕੇ ਨੂੰ ਵੱਡੇ ਪੈਮਾਨੇ 'ਤੇ ਮਨਾਉਣਾ ਹੈ, ਤਾਂ ਜੋ ਸ੍ਰੀ ਗੁਰੂ ਰਵਿਦਾਸ ਦੇ ਸਮਾਜ 'ਤੇ ਡੂੰਘੇ ਪ੍ਰਭਾਵ ਨੂੰ ਦਰਸਾਇਆ ਜਾ ਸਕੇ। ਇਸੇ ਤਰ੍ਹਾਂ ਵਾਰਾਣਸੀ, ਫਰੀਦਕੋਟ, ਜੰਮੂ ਅਤੇ ਬਠਿੰਡਾ ਤੋਂ ਚਾਰ ਸ਼ੋਭਾ ਯਾਤਰਾਵਾਂ ਜਲਦ ਸ੍ਰੀ ਖੁਰਾਲਗੜ੍ਹ ਸਾਹਿਬ ਵਿਖੇ ਇਕੱਠੀਆਂ ਹੋਣਗੀਆਂ ਅਤੇ ਸਾਰੇ ਪੰਜਾਬ ਦੇ ਸ਼ਰਧਾਲੂ ਤੀਰਥ ਯਾਤਰਾਵਾਂ ਜ਼ਰੀਏ ਵਾਰਾਣਸੀ ਵਿੱਚ ਉਨ੍ਹਾਂ ਦੇ ਜਨਮ ਅਸਥਾਨ ਵਿਖੇ ਨਤਮਸਤਕ ਹੋਣਗੇ।ਸੂਬੇ ਭਰ ਦੇ ਸਕੂਲਾਂ, ਕਾਲਜਾਂ ਅਤੇ ਯੂਨੀਵਰਸਿਟੀਆਂ ਵਿੱਚ ਸ੍ਰੀ ਗੁਰੂ ਰਵਿਦਾਸ ਦੇ ਜੀਵਨ ਅਤੇ ਸਿੱਖਿਆਵਾਂ 'ਤੇ ਸੈਮੀਨਾਰ ਵੀ ਕਰਵਾਏ ਜਾਣਗੇ, ਤਾਂ ਜੋ ਗੁਰੂ ਜੀ ਦਾ ਫ਼ਲਸਫ਼ਾ ਨੌਜਵਾਨ ਪੀੜ੍ਹੀ ਤੱਕ ਸਾਰਥਕ ਢੰਗ ਨਾਲ ਪਹੁੰਚਾਉਣਾ ਯਕੀਨੀ ਬਣਾਇਆ ਜਾ ਸਕੇ ਸੌਂਦ ਨੇ ਦੱਸਿਆ ਕਿ ਸ੍ਰੀ ਗੁਰੂ ਰਵਿਦਾਸ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਪੰਜਾਬ ਸਰਕਾਰ ਵੱਲੋਂ ਹਰੇਕ ਜ਼ਿਲ੍ਹੇ ਵਿੱਚ 6.5 ਲੱਖ ਬੂਟੇ ਵੀ ਲਗਾਏ ਜਾਣਗੇ, ਉਨ੍ਹਾਂ ਨੇ ਇਸ ਮੁਹਿੰਮ ਨੂੰ ਸ੍ਰੀ ਗੁਰੂ ਰਵਿਦਾਸ ਦੀਆਂ ਵਾਤਾਵਰਣ ਸਬੰਧੀ ਸਿੱਖਿਆਵਾਂ ਨਾਲ ਵੀ ਜੋੜਿਆ। ਸਾਲ ਭਰ ਚੱਲਣ ਵਾਲੇ ਇਨ੍ਹਾਂ ਸਮਾਗਮਾਂ ਦੌਰਾਨ ਸੂਬੇ ਭਰ ਵਿੱਚ ਖ਼ੂਨਦਾਨ ਕੈਂਪ, ਮੈਰਾਥਨ, ਸਾਈਕਲ ਰੈਲੀਆਂ ਅਤੇ ਕੀਰਤਨ ਸਮਾਗਮ ਵੀ ਕਰਵਾਏ ਜਾਣਗੇ।



## ਮੋਹਾਲੀ 'ਚ ਬਣੇਗਾ ਆਧੁਨਿਕ ਬਿਰਧ ਆਸ਼ਰਮ: ਡਾ. ਬਲਜੀਤ ਕੌਰ

**ਚੰਡੀਗੜ੍ਹ (ਗੁਰਜੀਤ ਬਿੱਲਾ)**-ਪੰਜਾਬ ਦੇ ਬਜ਼ੁਰਗਾਂ ਨੂੰ ਸੁਰੱਖਿਅਤ ਅਤੇ ਸਨਮਾਨਜਨਕ ਜੀਵਨ ਪ੍ਰਦਾਨ ਕਰਨ ਦੀ ਦਿਸ਼ਾ ਵਿੱਚ ਇੱਕ ਵੱਡਾ ਕਦਮ ਪੁੱਟਦਿਆਂ ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਵਿਭਾਗ ਵੱਲੋਂ ਐੱਸ ਏ ਐੱਸ ਨਗਰ (ਮੋਹਾਲੀ) ਵਿਖੇ ਇੱਕ ਆਧੁਨਿਕ ਬਿਰਧ ਆਸ਼ਰਮ (ਸੀਨੀਅਰ ਸਿਟੀਜ਼ਨ ਹੋਮ) ਦਾ ਨਿਰਮਾਣ ਕੀਤਾ ਜਾ ਰਿਹਾ ਹੈ। ਸਰਕਾਰੀ ਮਲਕੀਅਤ ਅਤੇ ਪ੍ਰਬੰਧਨ ਅਧੀਨ ਬਣਨ ਵਾਲੇ ਇਸ ਆਸ਼ਰਮ ਲਈ ਗਮਾਡਾ ਵੱਲੋਂ ਸੈਕਟਰ-78 ਵਿਖੇ 2.92 ਏਕੜ ਜ਼ਮੀਨ ਅਲਾਟ ਕਰ ਦਿੱਤੀ ਗਈ ਹੈ। ਇਹ ਪ੍ਰਗਟਾਵਾ ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਕੀਤਾ।ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਬਜ਼ੁਰਗਾਂ ਦੀ ਭਲਾਈ ਅਤੇ ਉਨ੍ਹਾਂ ਦੇ ਸਤਿਕਾਰ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਸਾਡੇ ਬਜ਼ੁਰਗ ਸਾਡਾ ਸਰਮਾਇਆ ਅਤੇ ਮਾਰਗਦਰਸ਼ਕ ਹਨ, ਅਤੇ ਜ਼ਿੰਦਗੀ ਦੇ ਇਸ ਪੜਾਅ 'ਤੇ ਉਨ੍ਹਾਂ ਦੀ ਦੇਖਭਾਲ ਕਰਨਾ ਸਰਕਾਰ ਦਾ ਸਭ ਤੋਂ ਪਹਿਲਾ ਫ਼ਰਜ਼ ਹੈ।ਸੂਬੇ ਦੇ ਮੁਖੀ ਦੇ ਦ੍ਰਿਸ਼ਟੀਕੋਣ ਨੂੰ ਸਾਂਝਾ ਕਰਦਿਆਂ ਡਾ. ਬਲਜੀਤ ਕੌਰ ਨੇ ਭਾਵੁਕ ਹੋ ਕੇ ਕਿਹਾ: 'ਸਾਡੀ ਸਰਕਾਰ ਸਿਰਫ਼ ਇੱਟ-ਪੱਥਰ ਦੀਆਂ ਇਮਾਰਤਾਂ ਨਹੀਂ ਬਣਾ ਰਹੀ, ਸਗੋਂ ਇੱਕ ਅਜਿਹਾ 'ਸੁਰੱਖਿਅਤ ਘਰ' ਤਿਆਰ ਕਰ ਰਹੀ ਹੈ ਜਿੱਥੇ ਬੇਸਹਾਰਾ ਬਜ਼ੁਰਗਾਂ ਨੂੰ ਆਪਣਾਪਨ, ਮਾਣ-ਸਤਿਕਾਰ ਅਤੇ ਪਰਿਵਾਰ ਵਰਗਾ ਨਿੱਘ ਮਿਲ ਸਕੇ। ਕੰਮ ਦੀ ਪ੍ਰਗਤੀ ਬਾਰੇ ਦੱਸਦਿਆਂ ਮੰਤਰੀ ਨੇ ਅੱਗੇ ਕਿਹਾ ਕਿ ਪ੍ਰੋਜੈਕਟ ਨੂੰ ਤੇਜ਼ੀ ਨਾਲ ਨੇਪਰੇ ਚਾੜ੍ਹਨ ਲਈ ਐਸਟੇਟ ਅਫਸਰ (ਪਲਾਟਸ), ਗਮਾਡਾ, ਪੂਡਾ ਭਵਨ, ਮੋਹਾਲੀ ਨੂੰ ਪੱਤਰ ਜਾਰੀ ਕਰ ਦਿੱਤਾ ਗਿਆ ਹੈ।



# ਗੁਰਦੁਆਰਾ ਸਿੰਘ ਸ਼ਹੀਦਾ ਸੋਹਾਣਾ ਵਿਖੇ ਮਹਾਨ ਜੱਗ ਤੇ ਗੁਰਮਤਿ ਸਮਾਗਮ

ਮੁਹਾਲੀ (ਗੁਰਜਰੀਤ ਬਿੱਲਾ)-ਧੰਨ ਧੰਨ ਅਮਰ ਸ਼ਹੀਦ ਜੱਥੇਦਾਰ ਬਾਬਾ ਹਨੂੰਮਾਨ ਸਿੰਘ ਦੇ ਇਤਿਹਾਸਕ ਸ਼ਹੀਦੀ ਅਸਥਾਨ ਗੁਰਦੁਆਰਾ ਸਿੰਘ ਸ਼ਹੀਦਾਂ, ਸੋਹਾਣਾ ਵਿਖੇ ਬ੍ਰਹਮਲੀਨ ਬ੍ਰਹਮ ਗਿਆਨੀ ਸੰਤ ਬਾਬਾ ਅਜੀਤ ਸਿੰਘ ਹੰਸਾਲੀ ਵਾਲਿਆਂ ਦੇ ਵਚਨਾਂ ਸਦਕਾ 29 ਨਵੰਬਰ 1993 ਤੋਂ ਨਿਰੰਤਰ ਚੱਲ ਰਹੀ ਸਦੀਵੀ ਲੜੀ ਵਿੱਚ ਸ੍ਰੀ ਅਖੰਡ ਪਾਠ ਸਾਹਿਬ ਜੀ ਦੀ 59ਵੀਂ ਲੜੀ ਦੇ 5959ਵੇਂ ਸ੍ਰੀ ਅਖੰਡ ਪਾਠ ਸਾਹਿਬ ਦੇ ਸੰਪੂਰਨ ਹੋਣ ਦੀ ਖੁਸ਼ੀ ਵਿੱਚ ਮਹਾਨ ਜੱਗ ਅਤੇ ਗੁਰਮਤਿ ਸਮਾਗਮ ਦਾ ਆਯੋਜਨ ਕੀਤਾ ਗਿਆ। ਇਸ ਦਿਨ ਸਵੇਰੇ 9 ਵਜੇ ਸ੍ਰੀ ਅਖੰਡ ਪਾਠ ਸਾਹਿਬ ਜੀ ਭੋਗ ਪਾਏ ਗਏ । ਇਸ ਉਪਰੰਤ ਸਾਰਾ ਦਿਨ ਗੁਰਮਤਿ ਸਮਾਗਮ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਬੀਬੀ ਰਾਜਵੰਤ ਕੌਰ ਤੇ ਸ੍ਰੀ ਫਤਿਹਗੜ੍ਹ ਸਾਹਿਬ ਵਾਲੀਆਂ ਬੀਬੀਆਂ ਦੇ ਇੰਟਰਨੈਸ਼ਨਲ ਢਾਡੀ ਜੱਥੇ ਨੇ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਮਹਾਰਾਜ ਵਿੱਚ ਦਰਜ ਧੁਰ ਕੀ ਬਾਨੀ ਬਾਰੇ ਸੰਗਤਾਂ ਨੂੰ ਢਾਡੀ ਵਾਰਾਂ ਵਿੱਚ ਵਿਸਥਾਰ ਸਹਿਤ ਜਾਣੂ ਕਰਵਾਇਆ। ਭਾਈ ਅਮਨਦੀਪ ਸਿੰਘ ਜੀ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਵਾਲਿਆਂ ਨੇ ਆਪਣੇ ਰਸ ਭਿੰਨੇ ਕੀਰਤਨ ਰਾਹੀਂ ਸੰਗਤਾਂ ਨੂੰ ਇਲਾਹੀ ਬਾਣੀ ਨਾਲ ਗਵਾ ਕੇ ਗੁਰੂ ਨਾਲ ਜੋੜਨ ਦਾ ਉਪਰਾਲਾ ਕੀਤਾ। ਸ਼੍ਰੋਮਣੀ ਪ੍ਰਚਾਰਕ ਭਾਈ ਗੁਰਭੇਜ ਸਿੰਘ ਜੀ ਰਾਣੀਮਾਜਰਾ ਵਾਲਿਆਂ ਨੇ ਆਪਣੇ ਪ੍ਰਵਚਨਾਂ ਰਾਹੀਂ ਸੰਗਤਾਂ ਖੰਡੇ ਬਾਟੇ ਦੀ ਅੰਮ੍ਰਿਤ ਦੀ ਮਹੱਤਤਾ ਦੱਸਦੇ ਹੋਏ ਸੰਗਤਾਂ ਨੂੰ ਅੰਮ੍ਰਿਤ ਛਕ ਗੁਰੂ ਵਾਲੇ ਬਣਨ ਲਈ ਪ੍ਰੇਰਿਆ। ਇਸ ਤੋਂ ਇਲਾਵਾ ਸ਼੍ਰੋਮਣੀ ਪ੍ਰਚਾਰਕ ਭਾਈ ਮਨਪ੍ਰੀਤ ਸਿੰਘ ਜੀ, ਭਾਈ ਸੰਤੋਖ ਸਿੰਘ ਜੀ, ਭਾਈ ਰਣਜੀਤ ਸਿੰਘ ਜੀ, ਭਾਈ ਸਤਵੰਤ ਸਿੰਘ ਜੀ ਪਟਿਆਲੇ ਵਾਲੇ, ਭਾਈ ਮਨਦੀਪ ਸਿੰਘ ਜੀ ਪਿਹੋਵਾ ਵਾਲੇ, ਭਾਈ ਰਜਿੰਦਰ ਸਿੰਘ ਜੀ ਲੁਧਿਆਣੇ ਵਾਲੇ, ਅਕਾਲ ਕਵੀਸ਼ਰੀ ਜੱਥਾ, ਮਿੱਤਰ ਪਿਆਰੇ ਨੂੰ ਕੀਰਤਨੀ ਜੱਥਾ, ਸ਼ੇਰੇ ਪੰਜਾਬ ਕਵੀਸ਼ਰੀ ਜੱਥਾ, ਭਾਈ ਹਰਪ੍ਰੀਤ ਸਿੰਘ ਦੇ ਜੱਥਿਆਂ ਤੋਂ ਇਲਾਵਾ ਇਲਾਵਾ ਗੁਰਦੁਆਰਾ ਸਿੰਘ ਸ਼ਹੀਦਾਂ ਦੇ ਹਜ਼ੂਰੀ ਜੱਥੇ, ਭਾਈ ਗੁਰਮੀਤ ਸਿੰਘ, ਭਾਈ ਜਸਵੰਤ ਸਿੰਘ, ਭਾਈ ਇੰਦਰਜੀਤ ਸਿੰਘ ਜੀ, ਭਾਈ ਬਲਜਿੰਦਰ ਸਿੰਘ ਅਤੇ ਭਾਈ ਸੰਦੀਪ ਸਿੰਘ ਨੇ ਕਥਾ, ਕੀਰਤਨ, ਕਵੀਸ਼ਰੀ ਅਤੇ ਗੁਰਮਤਿ ਵਿਚਾਰਾਂ ਰਾਹੀਂ ਸੰਗਤਾਂ ਨੂੰ ਸਾਰਾ ਦਿਨ ਹਰਿ ਜਸ ਸੁਣਾ ਕੇ ਨਿਹਾਲ ਕੀਤਾ । ਸਾਰੇ ਜੱਥਿਆਂ ਨੂੰ ਸਿਰੋਪਾਓ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਸ੍ਰੀ ਦਰਬਾਰ ਸਾਹਿਬ ਦੀ ਅੰਦਰੋਂ ਫੁੱਲਾਂ ਨਾਲ ਵਿਸ਼ੇਸ਼ ਸਜਾਵਟ ਕੀਤੀ ਗਈ ਸੀ । ਦਰਬਾਰ ਸਾਹਿਬ ਨੂੰ ਬਾਹਰੋਂ ਅਤੇ ਗੇਟ ਤੱਕ ਦੇ ਰਸਤੇ ਨੂੰ ਬਹੁਤ ਸੁੰਦਰ ਢੰਗ ਨਾਲ ਸਜਾਇਆ ਗਿਆ ਸੀ। ਇਸ ਦਿਹਾੜੇ ਤੇ ਹਜਾਰਾਂ ਸੰਗਤਾਂ ਨੇ ਇਸ ਸਥਾਨ ਦੇ ਪਵਿੱਤਰ ਸਰੋਵਰ ਵਿੱਚ ਇਸ਼ਨਾਨ ਕੀਤਾ। ਸੰਤ ਬਾਬਾ ਪਰਮਜੀਤ ਸਿੰਘ ਜੀ ਹੰਸਾਲੀ ਵਾਲੇ ਅਤੇ ਕਈ ਮਹਾਪੁਰਸ਼ਾਂ ਨੇ ਪਹੁੰਚ ਕੇ ਸੰਗਤਾਂ ਦੇ ਦਰਸ਼ਨ ਕੀਤੇ। ਮਾਹਿਰ ਡਾਕਟਰਾਂ ਵੱਲੋਂ ਮਰੀਜ਼ਾਂ ਦਾ ਮੁਆਇਨਾ ਕੀਤਾ ਗਿਆ ਅਤੇ ਦਵਾਈ ਗੁ: ਪ੍ਰਬੰਧਕ ਕਮੇਟੀ ਵੱਲੋਂ ਦਿੱਤੀ ਗਈ। ਲੱਡੂ, ਜਲੈਬੀਆਂ ਕਈ ਤਰਾਂ ਦੇ ਮਿਸ਼ਠਾਨਾ ਅਤੇ ਗੁਰੂ ਕਾ ਅਤੁੱਟ ਲੰਗਰ ਵਿੱਚ ਸੰਗਤਾਂ ਨੂੰ ਵਰਤਾਇਆ ਗਿਆ ।



## ਗੜ੍ਹਾ ਰੋਡ ਗੋਲੀਬਾਰੀ ਮਾਮਲੇ 'ਚ ਮੁਲਜ਼ਮ ਮੁਕਾਬਲੇ ਦੌਰਾਨ ਗ੍ਰਿਫ਼ਤਾਰ

**ਜਲੰਧਰ (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)**-ਜਲੰਧਰ ਪੁਲਸ ਨੇ ਗੜ੍ਹਾ ਰੋਡ ਗੋਲੀਬਾਰੀ ਮਾਮਲੇ ਵਿੱਚ ਇੱਕ ਮੁਲਜ਼ਮ ਨੂੰ ਮੁਕਾਬਲੇ ਦੌਰਾਨ ਗ੍ਰਿਫ਼ਤਾਰ ਕੀਤਾ। ਮੁਲਜ਼ਮ ਦੀ ਪਛਾਣ ਸ਼ਿਆਮ ਲਾਲ ਵਜੋਂ ਹੋਈ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਪੁਲਸ ਨੂੰ ਮੁਲਜ਼ਮ ਦੀ ਮੌਜੂਦਗੀ ਦੀ ਗੁਪਤ ਸੂਚਨਾ ਮਿਲਣ ਤੋਂ ਬਾਅਦ ਇੱਕ ਪੁਲਸ ਟੀਮ ਸਵੇਰੇ 1:30 ਵਜੇ ਦੇ ਕਰੀਬ ਜਲੰਧਰ ਛਾਉਣੀ ਦੇ ਜਮਸ਼ੇਰ ਖਾਸ ਇਲਾਕੇ ਵਿੱਚ ਪਹੁੰਚੀ। ਜਦੋਂ ਮੁਲਜ਼ਮ ਨੂੰ ਘੇਰ ਕੇ ਆਤਮ ਸਮਰਪਣ ਕਰਨ ਲਈ ਕਿਹਾ ਗਿਆ ਤਾਂ ਉਸਨੇ ਅਚਾਨਕ ਪੁਲਸ ਟੀਮ 'ਤੇ ਗੋਲੀਬਾਰੀ ਕਰਨੀ ਸ਼ੁਰੂ ਕਰ ਦਿੱਤੀ। ਪੁਲਸ ਵਾਲੇ ਵਾਲ-ਵਾਲ ਬਚ ਗਏ। ਪੁਲਸ ਨੇ ਜਵਾਬੀ ਕਾਰਵਾਈ ਕਰਦਿਆਂ ਇੱਕ ਗੋਲੀ ਚਲਾਈ ਜੋ ਮੁਲਜ਼ਮ ਦੀ ਲੱਤ ਵਿੱਚ ਲੱਗੀ। ਮੁਲਜ਼ਮ ਮੌਕੇ 'ਤੇ ਡਿੱਗ ਪਿਆ, ਜ਼ਖਮੀ ਮੁਲਜ਼ਮ ਨੂੰ ਸਿਵਲ ਹਸਪਤਾਲ, ਜਲੰਧਰ ਵਿੱਚ ਦਾਖਲ ਕਰਵਾਇਆ ਜਾ ਰਿਹਾ ਹੈ। ਪੁਲਸ ਨੇ ਦੱਸਿਆ ਕਿ ਮੁਲਜ਼ਮ ਗੜ੍ਹਾ ਰੋਡ 'ਤੇ ਇੱਕ ਘਰ ਵਿੱਚ ਹੋਈ ਗੋਲੀਬਾਰੀ ਦੀ ਘਟਨਾ ਦੇ ਸਬੰਧ ਵਿੱਚ ਲੋੜੀਂਦਾ ਸੀ।ਉਸ ਦੇ ਕਬਜ਼ੇ ਵਿੱਚੋਂ ਇੱਕ ਹਥਿਆਰ ਵੀ ਬਰਾਮਦ ਕੀਤਾ ਗਿਆ ਹੈ। ਪੁਲਸ ਪੂਰੇ ਮਾਮਲੇ ਦੀ ਜਾਂਚ ਕਰ ਰਹੀ ਹੈ।



## ਮਾਈ ਭਾਰਤ ਵੱਲੋਂ ਰਜਿਸਟ੍ਰੇਸ਼ਨ ਮੁਹਿੰਮ ਦੀ ਸ਼ੁਰੂਆਤ

**ਮੁਹਾਲੀ (ਗੁਰਜੀਤ ਬਿੱਲਾ)**-ਭਾਰਤ ਸਰਕਾਰ ਦੇ ਯੁਵਾ ਕਾਜ ਅਤੇ ਖੇਡ ਮੰਤਰਾਲੇ ਅਧੀਨ ਚੱਲ ਰਹੇ ਮਾਈ ਭਾਰਤ ਵੱਲੋਂ ਜ਼ਿਲ੍ਹਾ ਐੱਸ ਏ ਐੱਸ ਨਗਰ ਵਿੱਚ 1 ਜੁਲਾਈ 2026 ਤੋਂ 15 ਅਗਸਤ 2026 ਤੱਕ ਵਿਸ਼ੇਸ਼ ਰਜਿਸਟ੍ਰੇਸ਼ਨ ਅਤੇ ਜਾਗਰੂਕਤਾ ਮੁਹਿੰਮ ਚਲਾਈ ਜਾ ਰਹੀ ਹੈ। ਇਸ ਮੁਹਿੰਮ ਦਾ ਉਦੇਸ਼ ਵੱਧ ਤੋਂ ਵੱਧ ਨੌਜਵਾਨਾਂ ਨੂੰ ਮਾਈ ਭਾਰਤ ਪੋਰਟਲ ਨਾਲ ਜੋੜ ਕੇ ਰਾਸ਼ਟਰ ਨਿਰਮਾਣ ਦੀਆਂ ਗਤੀਵਿਧੀਆਂ ਵਿੱਚ ਉਨ੍ਹਾਂ ਦੀ ਸਰਗਰਮ ਭਾਗੀਦਾਰੀ ਨੂੰ ਯਕੀਨੀ ਬਣਾਉਣਾ ਹੈ। ਇਸ ਮੁਹਿੰਮ ਤਹਿਤ ਜ਼ਿਲ੍ਹੇ ਦੇ ਸਾਰੇ ਸਕੂਲਾਂ, ਕਾਲਜਾਂ, ਸਿੱਖਿਆ ਸੰਸਥਾਵਾਂ, ਐੱਨ ਐੱਸ ਐੱਸ, ਐੱਨ ਸੀ ਸੀ, ਯੂਥ ਕਲੱਬਾਂ ਅਤੇ 15 ਤੋਂ 29 ਸਾਲ ਉਮਰ ਵਰਗ ਦੇ ਸਾਰੇ ਨੌਜਵਾਨਾਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਉਹ ਮਾਈ ਭਾਰਤ ਪੋਰਟਲ 'ਤੇ ਆਪਣੀ ਰਜਿਸਟ੍ਰੇਸ਼ਨ ਕਰਵਾਉਣ ਅਤੇ ਵਲੰਟੀਅਰਿੰਗ, ਹੁਨਰ ਵਿਕਾਸ, ਟ੍ਰੇਨਿੰਗ, ਕਮਿਊਨਿਟੀ ਸਰਵਿਸ, ਮੁਕਾਬਲਿਆਂ, ਯੂਥ ਕੈਂਪਾਂ ਅਤੇ ਵੱਖ-ਵੱਖ ਰਾਸ਼ਟਰੀ ਪ੍ਰੋਗਰਾਮਾਂ ਦਾ ਲਾਭ ਪ੍ਰਾਪਤ ਕਰਨ। ਮਾਈ ਭਾਰਤ ਨੌਜਵਾਨਾਂ ਨੂੰ ਰਾਸ਼ਟਰ ਨਿਰਮਾਣ ਦੀ ਮੁੱਖ ਧਾਰਾ ਨਾਲ ਜੋੜਨ ਲਈ ਇੱਕ ਮਜ਼ਬੂਤ ਮੰਚ ਹੈ। ਵੱਧ ਤੋਂ ਵੱਧ ਨੌਜਵਾਨਾਂ ਦੀ ਭਾਗੀਦਾਰੀ ਨਾਲ ਹੀ 'ਵਿਕਸਿਤ ਭਾਰਤ 2047' ਦੇ ਸੰਕਲਪ ਨੂੰ ਸਾਕਾਰ ਕੀਤਾ ਜਾ ਸਕਦਾ ਹੈ। ਮਾਈ ਭਾਰਤ ਐੱਸ ਏ ਐੱਸ. ਨਗਰ ਦੇ ਡਿਪਟੀ ਡਾਇਰੈਕਟਰ ਸਮੋਹਿਤ ਕੁਮਾਰ ਸੈਣੀ ਨੇ ਜ਼ਿਲ੍ਹੇ ਦੇ ਸਾਰੇ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਵੱਧ ਤੋਂ ਵੱਧ ਗਿਣਤੀ ਵਿੱਚ ਮਾਈ ਭਾਰਤ ਪੋਰਟਲ ਤੇ ਆਪਣੀ ਰਜਿਸਟ੍ਰੇਸ਼ਨ ਕਰਵਾਉਣ।

## ਯੂਰੀਆ ਦੀ ਕੋਈ ਘਾਟ ਨਹੀਂ, ਕਿਸਾਨ ਅਫਵਾਹਾਂ ਤੋਂ ਸੁਚੇਤ ਰਹਿਣ: ਮੁੱਖ ਖੇਤੀਬਾੜੀ ਅਫ਼ਸਰ

**ਡੇਰਾਬੱਸੀ (ਵਿਨੈ ਕੁਮਾਰ ਜੈਨ)**-ਡਿਪਟੀ ਕਮਿਸ਼ਨਰ ਕੋਮਲ ਮਿੱਤਲ ਦੇ ਦਿਸ਼ਾ ਨਿਰਦੇਸ਼ਾਂ ਅਧੀਨ ਜ਼ਿਲ੍ਹੇ ਦੇ ਸਮੂਹ ਖਾਦ, ਬੀਜ ਅਤੇ ਦਵਾਈਆਂ ਐਸੋਸੀਏਸ਼ਨ ਐੱਸ ਏ ਐੱਸ ਨਗਰ ਦੇ ਡੀਲਰਾਂ ਨਾਲ ਖੇਤੀ ਇਨਪੁਟਸ ਦੇ ਉਚਿਤ ਪ੍ਰਬੰਧਾਂ ਲਈ ਮੁੱਖ ਖੇਤੀਬਾੜੀ ਅਫਸਰ ਡਾ. ਰਾਕੇਸ਼ ਕੁਮਾਰ ਸ਼ਰਮਾ ਵੱਲੋਂ ਬਲਾਕ ਪੱਧਰ ਤੇ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ। ਉੱਚ ਅਧਿਕਾਰੀਆਂ ਵੱਲੋ ਕੀਤੀਆ ਗਈਆ ਹਦਾਇਤਾਂ ਅਨੁਸਾਰ ਮੁੱਖ ਖੇਤੀਬਾੜੀ ਅਫਸਰ ਵੱਲੋ ਬਲਾਕ ਖੇਤੀਬਾੜੀ ਡੇਰਾਬੱਸੀ ਦੇ ਦਫਤਰ ਵਿਖੇ ਨਿੱਜੀ ਤੌਰ ਤੇ ਬਲਾਕ ਡੇਰਾਬੱਸੀ ਦੇ ਡੀਲਰਾਂ ਨਾਲ ਮੀਟਿੰਗ ਕੀਤੀ ਗਈ ਤੇ ਯੂਰੀਆ ਦੀ ਘਾਟ ਸੰਬੰਧੀ ਫੈਲ ਰਹੀਆਂ ਅਫਵਾਹਾਂ ਤੇ ਗੰਭੀਰ ਚਰਚਾ ਕੀਤੀ ਗਈ। ਉਨ੍ਹਾਂ ਵੱਲੋਂ ਕਿਹਾ ਗਿਆ ਕਿ ਕਿਸਾਨਾਂ ਨੂੰ ਘਬਰਾਉਣ ਦੀ ਕੋਈ ਲੋੜ ਨਹੀਂ ਹੈ ਅਤੇ ਜਿਲ੍ਹੇ ਵਿੱਚ ਯੂਰੀਆ ਖਾਦ ਦਾ ਲੋੜੀਂਦੀ ਮਾਤਰਾ ਦਾ ਸਟਾਕ ਮੌਜੂਦ ਹੈ। ਇਸ ਦੌਰਾਨ ਮੁੱਖ ਖੇਤੀਬਾੜੀ ਅਫਸਰ ਨੇ ਕਿਹਾ ਕਿ ਸਮੂਹ ਡੀਲਰ ਖਾਦ, ਬੀਜ ਅਤੇ ਪੈਸਟੀਸਾਈਡ ਦੀ ਸਟਾਕ ਅਤੇ ਵਿਕਰੀ ਸੰਬੰਧੀ ਸਰਕਾਰੀ ਨਿਯਮਾਂ ਦੀ ਪੂਰੀ ਪਾਲਣਾ ਕਰਨ। ਕਿਸੇ ਵੀ ਤਰ੍ਹਾਂ ਦੀ ਕਾਲਾਬਜ਼ਾਰੀ ਜਾਂ ਟੈਗਿੰਗ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਮੁੱਖ ਖੇਤੀਬਾੜੀ ਅਫਸਰ ਵੱਲੋਂ ਡੀਲਰਾਂ ਨੂੰ ਹਦਾਇਤ ਕੀਤੀ ਗਈ ਕਿ ਖਾਦਾਂ ਦੀ ਪਾਰਦਰਸ਼ੀ ਅਤੇ ਨਿਆਂਪੂਰਨ ਵੰਡ ਕਿਸਾਨਾਂ ਤੱਕ ਯਕੀਨੀ ਬਣਾਈ ਜਾਵੇ, ਨਾਲ ਹੀ ਚਿਤਵਾਨੀ ਦਿੱਤੀ ਗਈ ਕਿ ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਖਿਲਾਫ ਸਖਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।



## 26 ਹੋਣਹਾਰ ਤੇ ਲੋੜਵੰਦ ਵਿਦਿਆਰਥੀਆਂ ਨੂੰ 8.32 ਲੱਖ ਦੀ ਸਕਾਲਰਸ਼ਿਪ ਦਿੱਤੀ

**ਆਦਮਪੁਰ (ਪਰਮਜੀਤ ਸਿੰਘ)**-ਸਤਿਕਾਰ ਯੋਗ ਸੰਤ ਬਾਬਾ ਮਲਕੀਤ ਸਿੰਘ (ਬਾਨੀ ਚਾਂਸਲਰ) ਅਤੇ ਸੰਤ ਬਾਬਾ ਦਿਲਾਵਰ ਸਿੰਘ (ਬ੍ਰਹਮ ਜੀ) ਦੇ ਆਸ਼ੀਰਵਾਦ ਨਾਲ ਮਾਣਯੋਗ ਚਾਂਸਲਰ ਸੰਤ ਬਾਬਾ ਮਨਮੋਹਨ ਸਿੰਘ ਅਤੇ ਹਰਦਮਨ ਸਿੰਘ ਮਿਨਹਾਸ ਜੀ (ਸਕੱਤਰ) ਦੀ ਅਗਵਾਈ ਹੇਠ ਸੰਤ ਬਾਬਾ ਭਾਗ ਸਿੰਘ ਯੂਨੀਵਰਸਿਟੀ, ਖਿਆਲਾ ਦੇ ਵਿਦਿਆਰਥੀਆਂ ਨੂੰ ਸਿੱਖ ਹਿਊਮਨ ਡਿਵੈਲਪਮੈਂਟ ਫਾਊਂਡੇਸ਼ਨ ਵੱਲੋਂ 26 ਹੋਣਹਾਰ ਅਤੇ ਲੋੜਵੰਦ ਵਿਦਿਆਰਥੀਆਂ ਨੂੰ 8.32 ਲੱਖ (ਅੱਠ ਲੱਖ ਬੱਤੀ ਹਜ਼ਾਰ ਰੁਪਏ) ਦੀ ਸਕਾਲਰਸ਼ਿਪ ਦਿੱਤੀ ਗਈ। ਇਸ ਸਕਾਲਰਸ਼ਿਪ ਦਾ ਉਦੇਸ਼ ਆਰਥਿਕ ਤੰਗੀ ਕਰਕੇ ਪੜ੍ਹਾਈ ਵਿੱਚ ਆਉਣ ਵਾਲੀਆਂ ਰੁਕਾਵਟਾਂ ਨੂੰ ਦੂਰ ਕਰਦੇ ਹੋਏ, ਯੋਗ ਵਿਦਿਆਰਥੀਆਂ ਨੂੰ ਉੱਚ ਸਿੱਖਿਆ ਜਾਰੀ ਰੱਖਣ ਲਈ ਉਤਸ਼ਾਹਿਤ ਕਰਨਾ ਹੈ। ਇਸ ਮੌਕੇ ਸੰਤ ਬਾਬਾ ਭਾਗ ਸਿੰਘ ਯੂਨੀਵਰਸਿਟੀ ਦੇ ਮਾਣਯੋਗ ਚਾਂਸਲਰ ਮਨਮੋਹਨ ਸਿੰਘ ਨੇ ਸਿੱਖ ਹਿਊਮਨ ਡਿਵੈਲਪਮੈਂਟ ਫਾਊਂਡੇਸ਼ਨ ਦਾ ਦਿਲੋਂ ਧੰਨਵਾਦ ਕਰਦਿਆਂ ਕਿਹਾ ਕਿ ਸਿੱਖਿਆ ਦੇ ਖੇਤਰ ਵਿੱਚ ਇਸ ਤਰ੍ਹਾਂ ਦਾ ਸਹਿਯੋਗ ਸਮਾਜ ਦੇ ਹੋਣਹਾਰ ਨੌਜਵਾਨਾਂ ਦੇ ਸੁਨਹਿਰੇ ਭਵਿੱਖ ਦੀ ਸਿਰਜਣਾ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੀ ਹੈ। ਉਨ੍ਹਾਂ ਕਿਹਾ ਕਿ ਯੂਨੀਵਰਸਿਟੀ ਹਮੇਸ਼ਾ ਹੀ ਯੋਗ ਅਤੇ ਲੋੜਵੰਦ ਵਿਦਿਆਰਥੀਆਂ ਨੂੰ ਹਰ ਸੰਭਵ ਸਹਾਇਤਾ ਪ੍ਰਦਾਨ ਕਰਨ ਲਈ ਵਚਨਬੱਧ ਹੈ। ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋ. ਪਲਵਿੰਦਰ ਸਿੰਘ ਨੇ ਕਿਹਾ ਕਿ ਇਹ ਸਕਾਲਰਸ਼ਿਪ ਵਿਦਿਆਰਥੀਆਂ ਲਈ ਨਾ ਸਿਰਫ਼ ਆਰਥਿਕ ਸਹਾਰਾ ਬਣੇਗੀ, ਸਗੋਂ ਉਨ੍ਹਾਂ ਨੂੰ ਹੋਰ ਵੱਧ ਮਿਹਨਤ ਅਤੇ ਸਮਰਪਣ ਨਾਲ ਆਪਣੇ ਅਕਾਦਮਿਕ ਟੀਚਿਆਂ ਨੂੰ ਹਾਸਲ ਕਰਨ ਲਈ ਵੀ ਪ੍ਰੇਰਿਤ ਕਰੇਗੀ। ਉਨ੍ਹਾਂ ਸਿੱਖ ਹਿਊਮਨ ਡਿਵੈਲਪਮੈਂਟ ਫਾਊਂਡੇਸ਼ਨ ਵੱਲੋਂ ਸਿੱਖਿਆ ਦੇ ਖੇਤਰ ਵਿੱਚ ਕੀਤੇ ਜਾ ਰਹੇ ਇਸ ਸ਼ਲਾਘਾਯੋਗ ਉਪਰਾਲੇ ਦੀ ਭਰਪੂਰ ਪ੍ਰਸ਼ੰਸਾ ਕੀਤੀ। ਸਿੱਖ ਹਿਊਮਨ ਡਿਵੈਲਪਮੈਂਟ ਫਾਊਂਡੇਸ਼ਨ ਦੇ ਕਾਰਜਸ਼ੀਲ ਅਧਿਕਾਰੀ ਗੁਰਬੀਰ ਸਿੰਘ ਬਰਾੜ ਦਾ ਧੰਨਵਾਦ ਕੀਤਾ। ਜਿਨ੍ਹਾਂ ਦੀ ਸਹਿਯੋਗ ਸਦਕਾ ਇਹ ਰਾਸ਼ੀ ਯੂਨੀਵਰਸਿਟੀ ਦੇ ਵਿਦਿਆਰਥੀਆਂ ਨੂੰ ਪ੍ਰਾਪਤ ਹੋਈ।

# ਡਿਪਟੀ ਕਮਿਸ਼ਨਰ ਤੇ ਪੁਲਸ ਕਮਿਸ਼ਨਰ ਨੇ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਨੂੰ ਹੋਰ ਮਜ਼ਬੂਤ ਕਰਨ 'ਤੇ ਦਿੱਤਾ ਜ਼ੋਰ

**ਜਲੰਧਰ (ਸੁਰਿੰਦਰ ਕੁਮਾਰ)**- 'ਯੁੱਧ ਨਸ਼ਿਆਂ ਵਿਰੁੱਧ+ ਵਿੱਚ ਲੱਗੇ ਵਿਭਾਗ ਦੇ ਕਰਮਚਾਰੀਆ ਵੱਲੋ ਕੀਤੇ ਜਾ ਰਹੇ ਕੰਮਾਂ ਦੀ ਡਿਪਟੀ ਕਮਿਸ਼ਨਰ ਵਰਜੀਤ ਵਾਲੀਆ ਅਤੇ ਪੁਲਸ ਕਮਿਸ਼ਨਰ ਸਤਿੰਦਰ ਸਿੰਘ ਨੇ ਨਸ਼ਾ ਮੁਕਤੀ ਮੋਰਚਾ ਦੇ ਅਹੁਦੇਦਾਰਾਂ ਅਤੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਦੌਰਾਨ ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਨੂੰ ਜ਼ਮੀਨੀ ਪੱਧਰ 'ਤੇ ਹੋਰ ਮਜ਼ਬੂਤੀ ਅਤੇ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ 'ਤੇ ਜ਼ੋਰ ਦਿੱਤਾ।ਇਥੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਨੇ ਪੁਲਿਸ ਕਮਿਸ਼ਨਰ ਸਮੇਤ ਵੱਖ-ਵੱਖ ਵਿਭਾਗਾਂ ਵੱਲੋਂ ਨਸ਼ਿਆਂ ਖਿਲਾਫ਼ ਚੁੱਕੇ ਜਾ ਰਹੇ ਕਦਮਾਂ ਦਾ ਜਾਇਜ਼ਾ ਲਿਆ। ਉਨ੍ਹਾਂ ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ ਨਸ਼ਾ ਵਿਰੋਧੀ ਮੁਹਿੰਮ ਨੂੰ ਹੋਰ ਅਸਰਦਾਰ ਬਣਾਉਣ ਲਈ ਇਸ ਦੀ ਨਿਯਮਿਤ ਸਮੀਖਿਆ 'ਤੇ ਜ਼ੋਰ ਦਿੱਤਾ ਤਾਂ ਜੋ ਨਸ਼ਿਆਂ ਖਿਲਾਫ਼ ਚੱਲ ਰਹੀਆਂ ਗਤੀਵਿਧੀਆਂ ਦੀ ਲਗਾਤਾਰ ਨਿਗਰਾਨੀ ਕੀਤੀ ਜਾ ਸਕੇ ਅਤੇ ਲੋੜੀਂਦੇ ਸੁਧਾਰ ਕੀਤੇ ਜਾ ਸਕਣ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਦਿਵਿਆ ਪੀ. ਅਤੇ ਵਧੀਕ ਡਿਪਟੀ ਕਮਿਸ਼ਨਰ (ਸ਼ਹਿਰੀ ਵਿਕਾਸ) ਅਮਰਜੀਤ ਬੈਂਸ ਵੀ ਮੌਜੂਦ ਸਨ। ਪੰਜਾਬ ਸਰਕਾਰ ਵੱਲੋਂ ਨਸ਼ਿਆਂ ਦੇ ਮੁਕੰਮਲ ਖਾਤਮੇ ਦੀ ਵਚਨਬੱਧਤਾ ਦੁਹਰਾਉਂਦਿਆਂ ਸ਼੍ਰੀ ਵਾਲੀਆ ਨੇ ਕਿਹਾ ਕਿ ਇਸ ਅਲਾਮਤ ਨੂੰ ਜ਼ਿਲ੍ਹੇ ਵਿੱਚੋਂ ਜੜ੍ਹੋਂ ਖ਼ਤਮ ਕਰਨਾ ਪ੍ਰਸ਼ਾਸਨ ਦੀ ਪਹਿਲੀ ਤਰਜੀਹ ਹੈ। ਪੁਲਿਸ ਕਮਿਸ਼ਨਰ ਸਤਿੰਦਰ ਸਿੰਘ ਨੇ ਕਿਹਾ ਕਿ ਨਸ਼ਿਆਂ ਨਾਲ ਸਬੰਧਤ ਗਤੀਵਿਧੀਆਂ ਵਿੱਚ ਸ਼ਾਮਲ ਵਿਅਕਤੀਆਂ ਖਿਲਾਫ਼ ਸਖ਼ਤ ਕਾਰਵਾਈ ਜਾਰੀ ਰਹੇਗੀ ਅਤੇ ਅਜਿਹੇ ਕਿਸੇ ਵੀ ਅਨਸਰ ਨੂੰ ਬਖ਼ਸ਼ਿਆ ਨਹੀਂ ਜਾਵੇਗਾ।



# ਸਕੂਲ ਨੂੰ ਵਾਟਰ ਕੂਲਰ ਕੀਤਾ ਦਾਨ




**ਮੇਹਟਿਆਣਾ (ਜਗਤਾਰ ਸਿੰਘ ਭੁੰਗਰਨੀ)**-ਸਰਕਾਰੀ ਸੀਨਅਰ ਸੈਕੰਡਰੀ ਸਕੂਲ ਕੋਟ ਫਤੂਹੀ ਵਿਖੇ ਪੜ੍ਹਦੇ ਵਿਦਿਆਰਥੀਆਂ ਲਈ ਠੰਡਾ ਪਾਨੀ ਪੀਣ ਲਈ ਅਸ਼ਵਨੀ ਦੱਤਾ ਰੀਜਨਲ ਮੈਨੇਜਰ ਹੁਸ਼ਿਆਰਪੁਰ ਦੇ ਸਹਿਯੋਗ ਨਾਲ ਪੰਜਾਬ ਗ੍ਰਾਮੀਣ ਬੈਂਕ ਕੋਟ ਫਤੂਹੀ ਦੇ ਮੈਨੇਜਰ ਹਰਮਨ ਸਿੰਘ ਅਤੇ ਸਟਾਫ ਮੈਂਬਰਜ ਵਲੋਂ ਵਾਟਰ ਕੂਲਰ ਦਾਨ ਕੀਤਾ।ਇਸ ਮੌਕੇ ਬੈਂਕ ਮੈਨੇਜਰ ਹਰਮਨ ਸਿੰਘ ਅਤੇ ਸਟਾਫ ਨੇ ਵਿਦਿਆਰਥੀਆਂ ਨੂੰ ਹੋਰ ਵਧੇਰੇ ਪੜ੍ਹਾਈ ਕਰਨ ਲਈ ਪ੍ਰੇਰਿਤ ਕੀਤਾ ਅਤੇ ਸਕੂਲ ਦੀ ਅੱਗੇ ਤੋਂ ਹੋਰ ਵੀ ਹਰ ਸੰਭਵ ਸਹਾਇਤਾ ਕਰਨ ਦਾ ਵਾਅਦਾ ਕੀਤਾ।ਸਕੂਲ ਮੁਖੀ ਪਰਮਿੰਦਰ ਕੁਮਾਰ ਨੇ ਬੈਂਕ ਮੈਨੇਜਰ ਤੇ ਸਟਾਫ ਦਾ ਇਸ ਸਹਿਯੋਗ ਲਈ ਧੰਨਵਾਦ ਕੀਤਾ, ਸਨਮਾਨ ਚਿੰਨ ਤੇ ਸਿਰੋਪਾਓ ਦੇਕੇ ਸਨਮਾਨਤ ਕੀਤਾ।ਇਸ ਮੌਕੇ ਸਕੂਲ ਇੰਚਾਰਜ ਪਰਮਿੰਦਰ ਕੁਮਾਰ, ਲੋਨ ਅਫਸਰ ਵੰਸ਼ ਗੋਇਲ, ਕੈਸ਼ੀਅਰ ਨਿਤਿਨ ਕੁਮਾਰ, ਗੁਰਮੀਤ ਸਿੰਘ ਬਾਗਲਾ, ਕਿਰਪਾਲ ਸਿੰਘ, ਸੁਰੇਸ਼ ਕੁਮਾਰ, ਰਾਮ ਗੋਪਾਲ, ਬਲਦੇਵ ਸਿੰਘ, ਹਰਮਿੰਦਰ ਸਿੰਘ, ਸੁਖਮੀਨ ਕੌਰ, ਗੁਰਿੰਦਰ ਸਿੰਘ, ਮਨਿੰਦਰ ਕੁਮਾਰ, ਹਰਜਿੰਦਰ ਕੌਰ, ਰਿਕੂ ਸਿੰਘ, ਪਰਮਿੰਦਰ ਕੌਰ, ਸੁਖਬੀਰ ਸਿੰਘ, ਅਸ਼ਵਨੀ ਕੁਮਾਰ, ਗੁਰਵਿੰਦਰ ਸਿੰਘ, ਮਨਜਿੰਦਰ ਸਿੰਘ, ਅਮਰਜੀਤ ਕੌਰ, ਰੂਬੀ ਰਾਣੀ, ਜਗਦੀਪ ਕੌਰ, ਅਰਵਿੰਦਰ ਕੌਰ, ਜਸਪ੍ਰੀਤ ਕੌਰ, ਚਰਨਜੀਤ ਕੌਰ, ਰੂਬੀ ਰਾਣੀ, ਕੌਸ਼ਲਿਆ ਕੁਮਾਰੀਅਤੇ ਚਮਕੌਰ ਸਿੰਘ ਸਮੇਤ ਵਿਦਿਆਰਥੀ ਹਾਜ਼ਰ ਸਨ।

# ਮੈਲੀ ਦੇ ਵਿਕਾਸ ਲਈ 61 ਲੱਖ ਦੀਆਂ ਗ੍ਰਾਂਟਾਂ ਜਾਰੀ : ਡਾ. ਈਸ਼ਾਂਕ ਕੁਮਾਰ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ, ਓ.ਪੀ. ਰਾਣਾ)**-ਹਲਕਾ ਚੱਬੇਵਾਲ ਦੇ ਪਿੰਡ ਮੈਲੀ ਵਿਖੇ ਕਰਵਾਏ ਗਏ ਫੁੱਟਬਾਲ ਟੂਰਨਾਮੈਂਟ ਵਿੱਚ ਸ਼ਿਰਕਤ ਕਰਨ ਪਹੁੰਚੇ ਵਿਧਾਇਕ ਡਾ. ਈਸ਼ਾਂਕ ਕੁਮਾਰ ਨੇ ਖਿਡਾਰੀਆਂ ਦੀ ਹੌਸਲਾ ਅਫ਼ਜ਼ਾਈ ਕਰਦਿਆਂ ਆਯੋਜਕਾਂ ਨੂੰ ਇਸ ਉਪਰਾਲੇ ਲਈ ਵਧਾਈ ਦਿੱਤੀ। ਪਿੰਡ ਵਾਸੀਆਂ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਮੈਲੀ ਦੇ ਵਿਕਾਸ ਲਈ ਜਾਰੀ ਕੀਤੀਆਂ 61 ਲੱਖ ਰੁਪਏ ਦੀਆਂ ਗ੍ਰਾਂਟਾਂ ਅਤੇ ਉਨ੍ਹਾਂ ਤਹਿਤ ਚੱਲ ਰਹੇ ਅਤੇ ਮੁਕੰਮਲ ਹੋ ਚੁੱਕੇ ਵਿਕਾਸ ਕਾਰਜਾਂ ਦੀ ਜਾਣਕਾਰੀ ਸਾਂਝੀ ਕੀਤੀ। ਉਹਨਾਂ ਦੱਸਿਆ ਕਿ ਨੌਜਵਾਨਾਂ ਨੂੰ ਖੇਡਾਂ ਲਈ ਬਿਹਤਰ ਸਹੂਲਤਾਂ ਮੁਹੱਈਆ ਕਰਵਾਉਣ ਵਾਸਤੇ 15 ਲੱਖ ਰੁਪਏ ਦੀ ਲਾਗਤ ਨਾਲ ਸਟੇਡੀਅਮ ਦੇ ਵਿਕਾਸ ਦਾ ਕੰਮ ਜਾਰੀ ਹੈ।ਡਾ. ਈਸ਼ਾਂਕ ਕੁਮਾਰ ਨੇ ਕਿਹਾ ਕਿ ਪਿੰਡ ਦੇ ਬੁਨਿਆਦੀ ਢਾਂਚੇ ਨੂੰ ਹੋਰ ਮਜ਼ਬੂਤ ਬਣਾਉਣ ਲਈ ਵੱਖ-ਵੱਖ ਪ੍ਰੋਜੈਕਟ ਯੋਜਨਾਬੱਧ ਢੰਗ ਨਾਲ ਪੂਰੇ ਕੀਤੇ ਜਾ ਰਹੇ ਹਨ। 10 ਲੱਖ ਰੁਪਏ ਦੀ ਲਾਗਤ ਨਾਲ ਹੜ੍ਹਾਂ ਕਾਰਨ ਨੁਕਸਾਨੀ ਗਈ ਹੁਸ਼ਿਆਰਪੁਰ-ਮਾਹਿਲਪੁਰ ਰੋਡ ਤੋਂ ਮੈਲੀ ਤੱਕ ਦੀ ਸੜਕ ਦੀ ਮੁਰੰਮਤ ਕਰਵਾਈ ਗਈ ਜਿਸ ਨਾਲ ਇਲਾਕੇ ਦੇ ਨਿਵਾਸੀਆਂ ਨੂੰ ਆਵਾਜਾਈ ਵਿੱਚ ਵੱਡੀ ਰਾਹਤ ਮਿਲੀ । ਇਸ ਤੋਂ ਇਲਾਵਾ 9 ਲੱਖ ਰੁਪਏ ਦੀ ਲਾਗਤ ਨਾਲ ਗਲੀਆਂ ਅਤੇ ਨਾਲੀਆਂ ਦੇ ਵਿਕਾਸ ਕਾਰਜ ਵੀ ਪੂਰੇ ਹੋ ਚੁੱਕੇ ਹਨ। ਪਿੰਡ ਦੇ ਸ਼ਮਸ਼ਾਨਘਾਟ ਵਿੱਚ ਸ਼ੈੱਡ ਦੇ ਨਿਰਮਾਣ ਅਤੇ ਬਰਸਾਤੀ ਪਾਣੀ ਦੀ ਨਿਕਾਸੀ ਲਈ ਰਨ-ਆਫ ਕੰਟਰੋਲ ਨਾਲ ਸੰਬੰਧਿਤ ਕੰਮ ਵੀ ਸਫਲਤਾਪੂਰਵਕ ਮੁਕੰਮਲ ਕੀਤੇ ਗਏ ਹਨ। ਉਨ੍ਹਾਂ ਅੱਗੇ ਦੱਸਿਆ ਕਿ ਇਸ ਤੋਂ ਇਲਾਵਾ ਪਾਣੀ ਦੀ ਸੰਭਾਲ ਅਤੇ ਧਰਤੀ ਹੇਠਲੇ ਪਾਣੀ ਦੇ ਪੱਧਰ ਨੂੰ ਸੁਧਾਰਨ ਦੇ ਉਦੇਸ਼ ਨਾਲ 21.62 ਲੱਖ ਰੁਪਏ ਦੀ ਲਾਗਤ ਨਾਲ ਰੇਨ ਵਾਟਰ ਰੀਚਾਰਜ ਕਮ ਸਿਲਟ ਡਿਟੈਨਸ਼ਨ ਸਟਰੱਕਚਰ ਦਾ ਨਿਰਮਾਣ ਵੀ ਕੀਤਾ ਜਾ ਰਿਹਾ ਹੈ, ਜੋ ਭਵਿੱਖ ਵਿੱਚ ਪਾਣੀ ਸੰਭਾਲ ਅਤੇ ਹੜ੍ਹਾਂ ਦੇ ਪ੍ਰਭਾਵ ਨੂੰ ਘਟਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਏਗਾ। ਸਰਪੰਚ ਅਸ਼ੋਕ ਕੁਮਾਰ, ਕੁਲਦੀਪ ਰਾਜ ਲੱਡੂ, ਸੁਖਵੀਰ ਸਿੰਘ, ਸੰਮਤੀ ਮੈਂਬਰ ਕੁੰਦਨ ਲਾਲ ਆਦਿ ਵੀ ਇਸ ਅਵਸਰ 'ਤੇ ਮੌਜੂਦ ਸਨ।



# ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਚੱਬੇਵਾਲ ਨੇ ਬੱਸ ਕੀਤੀ ਰਵਾਨਾ

**ਫਗਵਾੜਾ, (ਡਾ. ਰਮਨ, ਜਸਵਿੰਦਰ ਢੱਡਾ)**- ਲੋਕ ਸਭਾ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ ਨੇ ਫਗਵਾੜਾ ਸਬ-ਡਵੀਜ਼ਨ ਦੇ ਪਿੰਡ ਨਰੂੜ ਤੋਂ ਮੁੱਖ ਮੰਤਰੀ ਤੀਰਥ ਯਾਤਰਾ ਸਕੀਮ ਤਹਿਤ ਸ੍ਰੀ ਅਨੰਦਪੁਰ ਸਾਹਿਬ, ਸ੍ਰੀ ਕੀਰਤਪੁਰ ਸਾਹਿਬ ਅਤੇ ਸ੍ਰੀ ਨੈਣਾ ਦੇਵੀ ਮੰਦਰ ਦੇ ਦਰਸ਼ਨਾਂ ਲਈ ਜਾ ਰਹੇ ਸ਼ਰਧਾਲੂਆਂ ਦੀ ਬੱਸ ਨੂੰ ਝੰਡੀ ਦੇ ਕੇ ਰਵਾਨਾ ਕੀਤਾ। ਬੱਸ ਰਵਾਨਾ ਕਰਨ ਮੌਕੇ ਸ਼ਰਧਾਲੂਆਂ ਨਾਲ ਗੱਲਬਾਤ ਕਰਦਿਆਂ ਮੈਂਬਰ ਪਾਰਲੀਮੈਂਟ ਡਾ. ਰਾਜ ਚੱਬੇਵਾਲ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਤੀਰਥ ਯਾਤਰਾ ਸਕੀਮ ਦਾ ਉਦੇਸ਼ ਹਰ ਵਰਗ ਦੇ ਲੋਕਾਂ ਨੂੰ ਪ੍ਰਮੁੱਖ ਧਾਰਮਿਕ ਸਥਾਨਾਂ ਦੇ ਦਰਸ਼ਨ ਕਰਵਾਉਣਾ ਹੈ ਅਤੇ ਲੋਕਾਂ ਵੱਲੋਂ ਪੂਰੇ ਉਤਸ਼ਾਹ ਅਤੇ ਸ਼ਰਧਾ ਨਾਲ ਯਾਤਰਾਵਾਂ ਕੀਤੀਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਇਸ ਸਕੀਮ ਤਹਿਤ ਸ਼ਰਧਾਲੂਆਂ ਨੂੰ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅਨੰਦਪੁਰ ਸਾਹਿਬ ਸਮੇਤ ਹੋਰ ਪਵਿੱਤਰ ਧਾਰਮਿਕ ਸਥਾਨਾਂ ਦੇ ਦਰਸ਼ਨ ਕਰਵਾਏ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਯਾਤਰਾ ਦੌਰਾਨ ਆਵਾਜਾਈ, ਰਿਹਾਇਸ਼ ਅਤੇ ਭੋਜਨ ਸਮੇਤ ਸਮੁੱਚਾ ਖ਼ਰਚਾ ਪੰਜਾਬ ਸਰਕਾਰ ਵੱਲੋਂ ਚੁੱਕਿਆ ਜਾਂਦਾ ਹੈ।



# ਕਿੱਕ ਬਾਕਸਿੰਗ ਚੈਂਪੀਅਨਸ਼ਿਪ ਸ਼ਾਨੋ-ਸ਼ੌਕਤ ਨਾਲ ਸੰਪੰਨ

**ਬੰਗਾ (ਅਵਤਾਰ ਕਲੇਰ)**-ਕਿੱਕਬਾਕਸਿੰਗ ਐਸੋਸੀਏਸ਼ਨ ਐੱਸ ਬੀ ਐੱਸ ਨਗਰ ਵੱਲੋਂ 3 ਤੋਂ 5 ਜੁਲਾਈ ਤੱਕ ਡਾ.ਅੰਬੇਡਕਰ ਮੈਮੋਰੀਅਲ ਪਬਲਿਕ ਹਾਈ ਸਕੂਲ ਸੂੰਢ ਵਿਖੇ 23ਵੀਂ ਸੀਨੀਅਰ ਸਟੇਟ ਅਤੇ 3ਵੀਂ ਮਾਸਟਰਜ਼ ਕਿੱਕਬਾਕਸਿੰਗ ਚੈਂਪੀਅਨਸ਼ਿਪ 2026-27 ਦਾ ਸਫ਼ਲ ਆਯੋਜਨ ਕੀਤਾ ਗਿਆ। ਤਿੰਨ ਦਿਨਾਂ ਤੱਕ ਚੱਲੇ ਇਸ ਰਾਜ ਪੱਧਰੀ ਮੁਕਾਬਲੇ ਵਿੱਚ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਤੋਂ 250 ਤੋਂ ਵੱਧ ਖਿਡਾਰੀਆਂ ਨੇ ਭਾਗ ਲਿਆ ਤੇ ਸ਼ਾਨਦਾਰ ਖੇਡ ਦਾ ਪ੍ਰਦਰਸ਼ਨ ਕੀਤਾ। ਟੂਰਨਾਮੈਂਟ ਦੀ ਸ਼ੋਭਾ ਵਧਾਉਣ ਤੇ ਖਿਡਾਰੀਆਂ ਦਾ ਹੌਸਲਾ ਅਫ਼ਜ਼ਾਈ ਕਰਨ ਲਈ ਪੰਜਾਬ ਕਿੱਕਬਾਕਸਿੰਗ ਐਸੋਸੀਏਸ਼ਨ ਦੇ ਜਨਰਲ ਸਕੱਤਰ ਕਰਤਾਰ ਸਿੰਘ ਅਤੇ ਜ਼ਿਲ੍ਹਾ ਖੇਡ ਅਫ਼ਸਰ ਮੈਡਮ ਵੰਦਨਾ ਚੌਹਾਨ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਕਾਂਗਰਸੀ ਆਗੂ ਸੁਮਨਪ੍ਰੀਤ ਸਿੰਘ ਅਤੇ ਸਮਾਜ ਸੇਵੀ ਹਰਪ੍ਰੀਤ ਸਿੰਘ ਰੱਕੜ ਨੇ ਵਿਸ਼ੇਸ਼ ਮਹਿਮਾਨ ਵਜੋਂ ਹਾਜ਼ਰੀ ਭਰੀ। ਅੰਤਰਰਾਸ਼ਟਰੀ ਖਿਡਾਰਨ ਅਤੇ ਅੰਤਰਰਾਸ਼ਟਰੀ ਤਗ਼ਮਾ ਜੇਤੂ ਬਲਜੀਤ ਕੌਰ (ਪੰਜਾਬ ਪੁਲਿਸ) ਨੇ ਸਟਾਰ ਗੈਸਟ ਵਜੋਂ ਸਮਾਗਮ ਵਿੱਚ ਸ਼ਿਰਕਤ ਕਰਕੇ ਖਿਡਾਰੀਆਂ ਨੂੰ ਪ੍ਰੇਰਿਤ ਕੀਤਾ। ਇਨਾਮ ਵੰਡ ਸਮਾਰੋਹ ਦੌਰਾਨ ਡਾ. ਅੰਬੇਡਕਰ ਮੈਮੋਰੀਅਲ ਬੁੱਧਿਸਟ ਰਿਸੋਰਸ ਸੈਂਟਰ ਐਂਡ ਮੈਨੇਜਿੰਗ ਕਮੇਟੀ ਪੰਜਾਬ ਦੇ ਪ੍ਰਧਾਨ ਐਡਵੋਕੇਟ ਕੁਲਦੀਪ ਭੱਟੀ, ਵਾਈਸ ਪ੍ਰਧਾਨ ਹਰਬਲਾਸ ਬਸਰਾ ਅਤੇ ਡਾ. ਅੰਬੇਡਕਰ ਮੈਮੋਰੀਅਲ ਪਬਲਿਕ ਹਾਈ ਸਕੂਲ ਦੇ ਪ੍ਰਿੰਸੀਪਲ ਮਨਜੀਤ ਸਿੰਘ ਲੌਂਗੀਆ ਨੇ ਜੇਤੂ ਖਿਡਾਰੀਆਂ ਨੂੰ ਮੈਡਲ ਅਤੇ ਸਨਮਾਨ ਚਿੰਨ੍ਹ ਭੇਟ ਕਰਕੇ ਸ਼ੁਭਕਾਮਨਾਵਾਂ ਦਿੱਤੀਆਂ।ਇਸ ਮੌਕੇ ਕਿੱਕਬਾਕਸਿੰਗ ਐਸੋਸੀਏਸ਼ਨ ਐੱਸ ਬੀ ਐੱਸ ਨਗਰ ਦੇ ਜਨਰਲ ਸਕੱਤਰ ਮਨਜੋਤ ਲੌਂਗੀਆ ਨੇ ਦੱਸਿਆ ਕਿ ਇਸ ਚੈਂਪੀਅਨਸ਼ਿਪ ਵਿੱਚ ਸੋਨ ਤਗ਼ਮਾ ਜਿੱਤਣ ਵਾਲੇ ਖਿਡਾਰੀ 1 ਤੋਂ 5 ਅਗਸਤ 2026 ਤੱਕ ਗੁਜਰਾਤ ਵਿਖੇ ਹੋਣ ਵਾਲੀ ਨੈਸ਼ਨਲ ਕਿੱਕਬਾਕਸਿੰਗ ਚੈਂਪੀਅਨਸ਼ਿਪ ਵਿੱਚ ਪੰਜਾਬ ਦੀ ਨੁਮਾਇੰਦਗੀ ਕਰਨਗੇ। ਉਨ੍ਹਾਂ ਕਿਹਾ ਕਿ ਨੈਸ਼ਨਲ ਚੈਂਪੀਅਨਸ਼ਿਪ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਖਿਡਾਰੀਆਂ ਦੀ ਚੋਣ ਏਸ਼ੀਅਨ ਕਿੱਕਬਾਕਸਿੰਗ ਚੈਂਪੀਅਨਸ਼ਿਪ ਲਈ ਵੀ ਕੀਤੀ ਜਾਵੇਗੀ, ਜਿਸ ਨਾਲ ਉਨ੍ਹਾਂ ਨੂੰ ਭਾਰਤ ਦੀ ਨੁਮਾਇੰਦਗੀ ਕਰਨ ਦਾ ਮੌਕਾ ਮਿਲੇਗਾ।ਅੰਤ ਵਿੱਚ ਕਿੱਕਬਾਕਸਿੰਗ ਐਸੋਸੀਏਸ਼ਨ ਐਸ.ਬੀ.ਐਸ. ਨਗਰ ਵੱਲੋਂ ਸਮੂਹ ਮਹਿਮਾਨਾਂ, ਅਧਿਕਾਰੀਆਂ, ਰੈਫਰੀਆਂ, ਕੋਚਾਂ, ਵਲੰਟੀਅਰਾਂ, ਸਕੂਲ ਪ੍ਰਬੰਧਕ ਕਮੇਟੀ ਅਤੇ ਖਿਡਾਰੀਆਂ ਦਾ ਟੂਰਨਾਮੈਂਟ ਨੂੰ ਸਫ਼ਲ ਬਣਾਉਣ ਲਈ ਧੰਨਵਾਦ ਕੀਤਾ ਗਿਆ।




# ਜਪਾਨ ਵਿਖੇ ਹੋਣ ਵਾਲੀ ਕਨਵੈਨਸ਼ਨ 'ਚ ਭਾਰਤ ਦੀ ਨੁਮਾਇੰਦਗੀ ਕਰੇਗਾ ਮੌਰਿਆ ਸਹਿਦੇਵ

**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)**- ਕੈਂਬਰਿਜ ਇੰਟਰਨੈਸ਼ਨਲ ਸਕੂਲ ਫਗਵਾੜਾ ਦੇ ਹੋਣਹਾਰ ਵਿਦਿਆਰਥੀ ਮਾਸਟਰ ਮੌਰਿਆ ਸਾਹਦੇਵ ਦੀ ਚੋਣ ਵੱਕਾਰੀ ਏਸ਼ੀਆ ਪੈਸਿਫਿਕ ਚਿਲਡਰਨਜ਼ ਕਨਵੈਨਸ਼ਨ (ਏ ਪੀ ਸੀ ਸੀ-2026) ਲਈ ਭਾਰਤ ਦੇ ਅਧਿਕਾਰਤ ਵਿਦਿਆਰਥੀ ਪ੍ਰਤੀਨਿਧ ਵਜੋਂ ਹੋਈ ਹੈ। ਵਧੇਰੇ ਜਾਣਕਾਰੀ ਦਿੰਦਿਆਂ ਮੌਰਿਆ ਸਹਿਦੇਵ ਦੇ ਮਾਤਾ-ਪਿਤਾ ਅਤੇ ਗਿਲਟਜ਼ ਜਵੈਲਜ਼ ਦੇ ਮਾਲਕ ਜੇ ਸੀ ਜਯੋਤੀ ਸਹਿਦੇਵ ਅਤੇ ਜੇ ਸੀ ਗੌਰਵ ਸਹਿਦੇਵ ਨੇ ਦੱਸਿਆ ਕਿ ਇਹ ਅੰਤਰਰਾਸ਼ਟਰੀ ਕਨਵੈਨਸ਼ਨ 11 ਜੁਲਾਈ ਤੋਂ 22 ਜੁਲਾਈ 2026 ਤੱਕ ਜਾਪਾਨ ਦੇ ਫੁਕੂਓਕਾ ਸ਼ਹਿਰ ਵਿੱਚ ਕਰਵਾਈ ਜਾਵੇਗੀ। ਬ੍ਰਿਜ ਕਲੱਬ, ਜਾਪਾਨ ਵੱਲੋਂ ਹਰ ਸਾਲ ਕਰਵਾਏ ਜਾਣ ਵਾਲੇ ਇਸ ਅੰਤਰਰਾਸ਼ਟਰੀ ਸਮਾਗਮ ਦਾ ਮੁੱਖ ਉਦੇਸ਼ ਵੱਖ-ਵੱਖ ਦੇਸ਼ਾਂ ਦੇ ਬੱਚਿਆਂ ਵਿੱਚ ਆਪਸੀ ਭਾਈਚਾਰਾ, ਸੱਭਿਆਚਾਰਕ ਸਾਂਝ, ਵਿਸ਼ਵ ਸ਼ਾਂਤੀ ਅਤੇ ਸਥਾਈ ਦੋਸਤੀ ਦੀ ਭਾਵਨਾ ਨੂੰ ਮਜ਼ਬੂਤ ਕਰਨਾ ਹੈ। ਇਸ ਸਾਲ ਇਸ ਕਨਵੈਨਸ਼ਨ ਵਿੱਚ ਏਸ਼ੀਆ ਦੇ 37 ਦੇਸ਼ਾਂ ਦੇ ਬਾਲ ਪ੍ਰਤੀਨਿਧੀ ਹਿੱਸਾ ਲੈਣਗੇ। ਉਹਨਾਂ ਦੱਸਿਆ ਕਿ ਜੇ ਸੀ ਆਈ ਇੰਡੀਆ ਵੱਲੋਂ ਕਰਵਾਈ ਜਾਣ ਵਾਲੀ ਚੋਣ ਪ੍ਰਕਿਰਿਆ ਬਹੁਤ ਹੀ ਸਖ਼ਤ ਅਤੇ ਮੁਕਾਬਲੇ ਵਾਲੀ ਹੁੰਦੀ ਹੈ, ਕਿਉਂਕਿ ਹਰ ਦੇਸ਼ ਨੂੰ 11 ਤੋਂ 12 ਸਾਲ ਦੀ ਉਮਰ ਵਰਗ ਦੇ ਸਿਰਫ 4 ਤੋਂ 6 ਬੱਚਿਆਂ ਨੂੰ ਹੀ ਭੇਜਣ ਦੀ ਇਜਾਜ਼ਤ ਹੁੰਦੀ ਹੈ। ਇਸ ਦੌਰਾਨ ਲਘੂ ਉਦਯੋਗ ਭਾਰਤੀ ਦੇ ਸ਼ਾਖਾ ਪ੍ਰਧਾਨ ਅਤੇ ਪ੍ਰਸਿੱਧ ਉਦਯੋਗਪਤੀ ਇੰਦਰ ਪਾਲ ਖੁਰਾਨਾ ਨੇ ਕਿਹਾ ਗੌਰਵ ਸਹਿਦੇਵ ਅਤੇ ਜਯੋਤੀ ਸਹਿਦੇਵ ਨੂੰ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਮੌਰਿਆ ਸਹਿਦੇਵ ਦਾ ਭਾਰਤ ਦੇ ਛੇ ਅਧਿਕਾਰਤ ਪ੍ਰਤੀਨਿਧਾਂ ਵਿੱਚ ਸ਼ਾਮਲ ਹੋਣਾ ਉਸ ਦੀ ਵਿਲੱਖਣ ਯੋਗਤਾ, ਪ੍ਰਤਿਭਾ ਅਤੇ ਕਾਬਲੀਅਤ ਦਾ ਪ੍ਰਮਾਣ ਹੈ। ਜੇ.ਸੀ.ਆਈ. ਫਗਵਾੜਾ ਈਵਜ਼ ਦੇ ਪ੍ਰਧਾਨ ਅਤੇ ਸਮੂਹ ਮੈਂਬਰਾਂ ਨੇ ਵੀ ਮੌਰਿਆ ਸਹਿਦੇਵ ਤੇ ਸਹਿਦੇਵ ਪਰਵਾਰ ਨੂੰ ਇਸ ਸ਼ਾਨਦਾਰ ਪ੍ਰਾਪਤੀ ਲਈ ਸ਼ੁੱਭ ਇੱਛਾਵਾਂ ਦਿੱਤੀਆਂ।



# ਮੇਹਲੀ ਵਿਖੇ ਡਾ. ਸੁੱਖੀ ਨੇ ਰਾਸ਼ਨ ਕਿੱਟਾਂ ਵੰਡੀਆਂ





**ਬੰਗਾ (ਅਵਤਾਰ ਕਲੇਰ)**-ਪਿੰਡ ਮੇਹਲੀ ਵਿਖੇ ਵਿਖੇ ਹਲਕਾ ਵਿਧਾਇਕ ਡਾ. ਸੁਖਵਿੰਦਰ ਕੁਮਾਰ ਸੁੱਖੀ ਵੱਲੋਂ ਮੇਰੀ ਰਸੋਈ ਸਕੀਮ ਤਹਿਤ ਰਾਸ਼ਨ ਕਿੱਟਾਂ ਵੰਡੀਆ। ਡਾ. ਸੁੱਖੀ ਨੇ ਸੰਗਤਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਲੋਕਾਂ ਨਾਲ ਕੀਤਾ ਹਰ ਵਾਅਦਾ ਪੂਰਾ ਕੀਤਾ।ਉਨ੍ਹਾਂ ਕਿਹਾ ਕਿ 90 ਫੀਸਦੀ ਪਰਵਾਰਾਂ ਨੂੰ ਮੁਫਤ ਅਤੇ ਨਿਰੰਤਰ ਬਿਜਲੀ ਦੀ ਸਪਲਾਈ ਮਿਲ ਰਹੀ ਹੈ। ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਹਰ ਪਰਵਾਰ ਲਈ 10 ਲੱਖ ਰੁਪਏ ਤੱਕ ਦਾ ਮੁਫ਼ਤ ਇਲਾਜ ਸੰਭਵ ਕੀਤਾ ਗਿਆ ਹੈ। ਇਸ ਮੌਕੇ ਸੋਹਣ ਲਾਲ ਢੰਡਾ ਮੈਂਬਰ ਜ਼ਿਲ੍ਹਾ ਪ੍ਰੀਸ਼ਦ, ਪਵਨਜੀਤ ਸਿੰਘ ਸਿੱਧੂ ਸੰਗਠਨ ਇੰਚਾਰਜ,ਕਮਲਜੀਤ ਸਿੰਘ ਮੇਹਲੀ ਨੇ ਵੀ ਆਪਣੇ ਵਿਚਾਰ ਰੱਖੇ। ਐੱਸ ਸੀ ਮਹਿਲਾਵਾਂ ਦੇ ਖਾਤਿਆਂ ਵਿਚ 4500 ਰੁਪਏ ਅਤੇ ਜਨਰਲ ਭੈਣਾਂ ਦੇ ਖਾਤਿਆਂ ਵਿਚ 3000 ਰੁਪਏ ਆ ਚੁੱਕੇ ਹਨ। ਅਧਿਕਾਰਤ ਪੰਚ ਬੀਬੀ ਸਰਬਜੀਤ ਕੌਰ ਵਲੋਂ ਪਹੁੰਚੀਆਂ ਹੋਈਆਂ ਸ਼ਖ਼ਸੀਅਤ ਨੂੰ ਜੀ ਆਇਆਂ ਕਿਹਾ ਅਤੇ ਸਾਰਿਆਂ ਦਾ ਧੰਨਵਾਦ ਕੀਤਾ।ਇਸ ਮੌਕੇ ਫੂਡ ਇੰਸਪੈਕਟਰ, ਸਰਪੰਚ ਸਤਨਾਮ, ਅਧਿਕਾਰਤ ਪੰਚ ਬੀਬੀ ਸਰਬਜੀਤ ਕੌਰ, ਕਮਲਜੀਤ ਸਿੰਘ ਪੰਚ, ਕੇਵਲ ਰਾਮ ਪੰਚ, ਲਖਵੀਰ ਰਾਮ ਪੰਚ, ਡਾ. ਜਸਪਾਲ ਕਲੇਰ, ਮਾਸਟਰ ਜੋਗਿੰਦਰ ਸਿੰਘ, ਨਰੰਜਣ ਲਵਲੀ, ਅਵਤਾਰ ਰਾਮ ਤਾਰਾ, ਸੋਮਨਾਥ ਬਿੱਟੂ ਤੋਂ ਇਲਾਵਾ ਸੰਗਤਾਂ ਹਾਜ਼ਰ ਸਨ।

# ਕੈਬਨਿਟ ਮੰਤਰੀ ਨੇ 'ਲੋਕ ਮਿਲਣੀ' ਪ੍ਰੋਗਰਾਮ ਦੌਰਾਨ ਲੋਕ ਮਸਲਿਆਂ ਦਾ ਕੀਤਾ ਨਿਪਟਾਰਾ

**ਜਲੰਧਰ (ਸ਼ੈਲੀ ਐਲਬਰਟ)**-ਪੰਜਾਬ ਦੇ ਬਾਗਬਾਨੀ, ਸੁਤੰਤਰਤਾ ਸੈਨਾਨੀ ਅਤੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮੋਹਿੰਦਰ ਭਗਤ ਨੇ ਨਿਊ ਮਾਡਲ ਹਾਊਸ ਵਿਖੇ ਲੋਕ ਮਿਲਣੀ ਪ੍ਰੋਗਰਾਮ ਦੌਰਾਨ ਇਲਾਕੇ ਦੇ ਲੋਕਾਂ ਦੀਆਂ ਸਮੱਸਿਆਵਾਂ ਦੀ ਸੁਣਵਾਈ ਕਰਦਿਆਂ ਉਨ੍ਹਾਂ ਦਾ ਮੌਕੇ 'ਤੇ ਨਿਪਟਾਰਾ ਕੀਤਾ। ਇਸ ਮੌਕੇ ਲੋਕਾਂ ਦੇ ਭਰਵੇਂ ਇਕੱਠ ਨੂੰ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਦਰਪੇਸ਼ ਸਮੱਸਿਆਵਾਂ ਦਾ ਮੌਕੇ 'ਤੇ ਹੀ ਹੱਲ ਕਰਨ ਲਈ 'ਲੋਕ ਮਿਲਣੀ' ਪ੍ਰੋਗਰਾਮਾਂ ਦੀ ਨਿਵੇਕਲੀ ਪਹਿਲ ਕੀਤੀ ਗਈ ਹੈ, ਜਿਸ ਨੂੰ ਸੂਬਾ ਵਾਸੀਆਂ ਵਲੋਂ ਭਰਵਾਂ ਹੁੰਗਾਰਾ ਦਿੱਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਮੌਜੂਦਾ ਸਰਕਾਰ ਲੋਕਾਂ ਦੀਆਂ ਮੁਸ਼ਕਲਾਂ ਦਾ ਨਿਬੇੜਾ ਕਰਕੇ ਉਨ੍ਹਾਂ ਨੂੰ ਰਾਹਤ ਪਹੁੰਚਾਉਣ ਲਈ ਵਚਨਬੱਧ ਹੈ। ਭਗਤ ਨੇ ਕਿਹਾ ਕਿ ਪੰਜਾਬ ਸਰਕਾਰ ਸੂਬੇ ਦੇ ਲੋਕਾਂ ਦੀ ਭਲਾਈ ਅਤੇ ਬਿਹਤਰੀ ਲਈ ਲਗਾਤਾਰ ਲੋਕ-ਪੱਖੀ ਉਪਰਾਲੇ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਰਾਜ ਸਰਕਾਰ ਵੱਲੋਂ ਲੋਕ ਭਲਾਈ ਸਕੀਮਾਂ ਨੂੰ ਜ਼ਮੀਨੀ ਪੱਧਰ 'ਤੇ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕੀਤਾ ਗਿਆ ਹੈ ਤਾਂ ਜੋ ਹਰੇਕ ਯੋਗ ਵਿਅਕਤੀ ਨੂੰ ਸਕੀਮਾਂ ਦਾ ਲਾਭ ਮਿਲ ਸਕੇ। 'ਮਾਵਾਂ-ਧੀਆਂ ਸਤਿਕਾਰ' ਯੋਜਨਾ ਨੂੰ ਇਤਿਹਾਸਕ ਕਦਮ ਦੱਸਦਿਆਂ ਕੈਬਨਿਟ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਹਾਲ ਹੀ ਵਿੱਚ ਸ਼ੁਰੂ ਕੀਤੀ ਗਈ ਇਸ ਸਕੀਮ ਨਾਲ ਮਹਿਲਾਵਾਂ ਨੂੰ ਆਰਥਿਕ ਮਜ਼ਬੂਤੀ ਮਿਲੇਗੀ। ਰਾਜ ਸਰਕਾਰ ਵੱਲੋਂ ਲੋਕਾਂ ਦੀ ਭਲਾਈ ਲਈ ਕੀਤੇ ਗਏ ਉਪਰਾਲਿਆਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੰਦਿਆਂ ਉਨ੍ਹਾਂ ਕਿਹਾ ਕਿ ਮੌਜੂਦਾ ਸਰਕਾਰ ਨੇ ਸਿੱਖਿਆ ਕ੍ਰਾਂਤੀ ਮੁਹਿੰਮ ਤਹਿਤ ਜਿਥੇ ਸਕੂਲਾਂ ਦੀ ਨੁਹਾਰ ਬਦਲੀ ਹੈ ਉਥੇ ਜ਼ਰੂਰਤਮੰਦ ਪਰਿਵਾਰਾਂ ਨੂੰ 'ਮੇਰੀ ਰਸੋਈ' ਯੋਜਨਾ ਤਹਿਤ ਮੁਫ਼ਤ ਰਾਸ਼ਨ ਮੁਹੱਈਆ ਕਰਵਾਇਆ ਜਾ ਰਿਹਾ ਹੈ। ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਸੂਬੇ ਦੇ ਲੋਕਾਂ ਨੂੰ 10 ਲੱਖ ਰੁਪਏ ਤੱਕ ਦੇ ਨਗਦੀ ਰਹਿਤ ਇਲਾਜ ਦੀ ਸਹੂਲਤ ਦਿੱਤੀ ਜਾ ਰਹੀ ਹੈ। ਇਸ ਤੋਂ ਇਲਾਵਾ ਰਾਜ ਸਰਕਾਰ ਨੇ 600 ਯੂਨਿਟ ਬਿਜਲੀ ਮੁਆਫੀ, ਬੁਨਿਆਦੀ ਢਾਂਚੇ ਦਾ ਵਿਕਾਸ, ਮੈਰਿਟ ਦੇ ਆਧਾਰ 'ਤੇ ਨੌਂਕਰੀਆਂ ਸਮੇਤ ਅਨੇਕਾਂ ਲੋਕ ਪੱਖੀ ਕਦਮ ਚੁੱਕੇ ਹਨ। ਇਸ ਮੌਕੇ ਕੌਂਸਲਰ ਰੋਮੀ ਰੰਧਾਵਾ ਤੋਂ ਇਲਾਵਾ ਹੋਰ ਸ਼ਖ਼ਸੀਅਤਾਂ ਵੀ ਮੌਜੂਦ ਸਨ।



# ਪੰਜਾਬ ਸਰਕਾਰ ਲੋਕਾਂ ਨੂੰ ਬੁਨਿਆਦੀ ਸਹੂਲਤਾਂ ਦੇਣ ਲਈ ਵਚਨਬੱਧ : ਪ੍ਰਵੀਨ ਗੋਰੀਆ

**ਜਲੰਧਰ (ਲਖਵਿੰਦਰ ਸਿੰਘ ਆਧੀ)**-ਆਮ ਆਦਮੀ ਪਾਰਟੀ ਦੀ ਸਰਕਾਰ ਸੂਬੇ ਦੇ ਹਰ ਵਰਗ ਨੂੰ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਇਸੇ ਉਦੇਸ਼ ਤਹਿਤ ਪੰਜਾਬ ਸਰਕਾਰ ਵੱਖ-ਵੱਖ ਲੋਕ ਭਲਾਈ ਸਕੀਮਾਂ ਰਾਹੀਂ ਲੋਕਾਂ ਨੂੰ ਸਿੱਧਾ ਲਾਭ ਪਹੁੰਚਾ ਰਹੀ ਹੈ। ਇਹ ਵਿਚਾਰ ਆਮ ਆਦਮੀ ਪਾਰਟੀ ਮਹਿਲਾ ਵਿੰਗ ਦੀ ਜ਼ਿਲ੍ਹਾ ਸ਼ਹਿਰੀ ਉਪ-ਪ੍ਰਮੁੱਖ ਪ੍ਰਵੀਨ ਗੋਰੀਆ ਨੇ ਨਿਊ ਕਰਤਾਰ ਨਗਰ, ਵਾਰਡ ਨੰਬਰ 51 ਵਿਖੇ ਮਹਿਲਾਵਾਂ ਵੱਲੋਂ ਆਯੋਜਿਤ ਇੱਕ ਪ੍ਰੋਗਰਾਮ ਦੌਰਾਨ ਪ੍ਰਗਟ ਕੀਤੇ।

ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਿੱਚ ਪੰਜਾਬ ਸਰਕਾਰ ਜ਼ਮੀਨੀ ਪੱਧਰ 'ਤੇ ਕੰਮ ਕਰਦਿਆਂ ਹਰ ਵਰਗ ਤੱਕ ਸਰਕਾਰੀ ਸਕੀਮਾਂ ਦਾ ਲਾਭ ਪਹੁੰਚਾ ਰਹੀ ਹੈ। ਬਿਜਲੀ ਬਿੱਲ ਮੁਆਫ਼ੀ ਸਮੇਤ ਕਈ ਲੋਕ ਹਿਤੈਸ਼ੀ ਸਕੀਮਾਂ ਨੇ ਆਮ ਜਨਤਾ ਨੂੰ ਵੱਡੀ ਰਾਹਤ ਦਿੱਤੀ ਹੈ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਅਸਲ ਵਿੱਚ ਆਮ ਲੋਕਾਂ ਦੀ ਸਰਕਾਰ ਹੈ ਅਤੇ ਪਹਿਲੀ ਵਾਰ ਸੂਬੇ ਦੇ ਲੋਕਾਂ ਨੂੰ ਅਜਿਹੀਆਂ ਸਹੂਲਤਾਂ ਦਾ ਵਿਆਪਕ ਲਾਭ ਮਿਲ ਰਿਹਾ ਹੈ।

ਇਹ ਪ੍ਰੋਗਰਾਮ ਸ਼ਬਨਮ, ਸਲਮਾ ਅਤੇ ਫਹੀਮ ਅਹਿਮਦ ਵੱਲੋਂ ਕਰਵਾਇਆ ਗਿਆ ਸੀ। ਇਸ ਦੌਰਾਨ ਵਾਰਡ ਇੰਚਾਰਜ ਅਤੇ ਮਹਿਲਾ ਵਿੰਗ ਦੀ ਜ਼ਿਲ੍ਹਾ ਸ਼ਹਿਰੀ ਉਪ-ਪ੍ਰਮੁੱਖ ਪ੍ਰਵੀਨ ਗੋਰੀਆ ਦਾ ਮਹਿਲਾਵਾਂ ਵੱਲੋਂ ਨਿੱਘਾ ਸਵਾਗਤ ਕੀਤਾ ਗਿਆ। ਪ੍ਰੋਗਰਾਮ ਦੇ ਅੰਤ ਵਿੱਚ ਮਹਿਲਾਵਾਂ ਨੇ 'ਮਾਵਾਂ-ਧੀਆਂ ਸਤਿਕਾਰ ਯੋਜਨਾ' ਤਹਿਤ ਆਪਣੇ ਖਾਤਿਆਂ ਵਿੱਚ ਰਾਸ਼ੀ ਆਉਣ 'ਤੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਲੱਡੂ ਵੰਡੇ ਅਤੇ 'ਆਪ' ਸਰਕਾਰ ਦੇ ਹੱਕ ਵਿੱਚ ਨਾਅਰੇਬਾਜ਼ੀ ਕੀਤੀ। ਮਹਿਲਾਵਾਂ ਨੇ ਕਿਹਾ ਕਿ ਜਲੰਧਰ ਵੈਸਟ ਦੇ ਵਿਧਾਇਕ ਮੋਹਿੰਦਰ ਭਗਤ ਨੇ ਆਪਣੇ ਹਲਕੇ ਵਿੱਚ ਇਹ ਸਹੂਲਤ ਪਹੁੰਚਾ ਕੇ ਲੋਕਾਂ ਨੂੰ ਵੱਡਾ ਲਾਭ ਦਿੱਤਾ ਹੈ।ਇਸ ਮੌਕੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਸੁਭਾਸ਼ ਗੋਰੀਆ, ਮਹਿਲਾ ਵਿੰਗ ਦੀ ਜ਼ਿਲ੍ਹਾ ਜੁਆਇੰਟ ਸੈਕਟਰੀ ਪ੍ਰਵੀਨ ਬਾਲਾ, ਵਿਜੇ ਮਿੰਟੂ, ਸ਼ੁਭਮ ਸਵਾਲੀਆ, ਮਾਲਾ ਬਰਾੜ, ਸੁਭਾਸ਼ ਬਰਾੜ, ਦਲੀਪ ਭਗਤ, ਸੋਨੀਆ ਭਗਤ, ਸ਼ਾਮ ਸਿੰਘ, ਗੁਰਜੀਤ ਕੌਰ, ਹਿਮਾਂਸ਼ੀ, ਰਜਨੀ ਭਗਤ, ਸੁਨੀਤਾ ਭਗਤ, ਹੀਨਾ ਭਗਤ, ਸਿਮਰਨਜੀਤ ਕੌਰ, ਸਵਿਤਾ ਸ਼ਰਮਾ, ਕੰਚਨ ਕੌਰ, ਸੀਮਾ ਭਗਤ, ਪਰਸ਼ੋਤਮ ਭਗਤ ਅਤੇ ਵਿਨੋਦ ਭਗਤ ਆਦਿ ਹਾਜ਼ਰ ਸਨ।



# ਅਵਿਨਾਸ਼ ਚੰਦਰ ਵੱਲੋਂ ਸਫ਼ਾਈ ਕਰਮਚਾਰੀਆਂ ਦੀਆਂ ਮੰਗਾਂ ਸੰਬੰਧੀ ਹਰਦੀਪ ਗਿੱਲ ਨਾਲ ਮੁਲਾਕਾਤ

**ਫਿਲੌਰ (ਨਿਰਮਲ)**-ਅਵਿਨਾਸ਼ ਚੰਦਰ ਕਲੇਰ ਸਾਬਕਾ ਵਿਧਾਇਕ ਫਿਲੌਰ ਨੇ ਰਾਸ਼ਟਰੀ ਸਫਾਈ ਕਰਮਚਾਰੀ ਆਯੋਗ ਦੇ ਵਾਈਸ ਚੇਅਰਮੈਨ ਹਰਦੀਪ ਸਿੰਘ ਗਿੱਲ ਨਾਲ ਮੁਲਾਕਾਤ ਕਰਕੇ ਸਫਾਈ ਕਰਮਚਾਰੀਆਂ ਨਾਲ ਸੰਬੰਧਤ ਗੰਭੀਰ ਮੁੱਦਿਆਂ 'ਤੇ ਵਿਚਾਰ ਚਰਚਾ ਕੀਤੀ। ਜਿਸ ਦੌਰਾਨ ਸਫ਼ਾਈ ਕਰਮਚਾਰੀਆਂ ਦੀਆਂ ਹੱਕੀ ਮੰਗਾਂ ਜਿਨ੍ਹਾਂ ਵਿੱਚ ਸਫ਼ਾਈ ਕਰਮਚਾਰੀਆਂ ਨੂੰ ਸਮੇਂ ਸਿਰ ਤਨਖ਼ਾਹ ਮਿਲਣਾ, ਕੰਮ ਕਰਦੇ ਸਮੇਂ ਸੁਰੱਖਿਆ ਉਪਕਰਣਾਂ ਦੀ ਉਪਲਬਧਤਾ, ਈ.ਐਸ.ਆਈ. ਪੀ.ਐਫ. ਸਮਾਜਿਕ ਸੁਰੱਖਿਆ ਅਤੇ ਹੋਰ ਕਾਨੂੰਨੀ ਹੱਕਾਂ ਨਾਲ ਜੁੜੀਆਂ ਮੰਗਾਂ ਉਨ੍ਹਾਂ ਦੇ ਧਿਆਨ ਵਿੱਚ ਲਿਆਂਦੀਆਂ ਗਈਆਂ। ਜਿਸ ਤੋਂ ਬਾਅਦ ਗਿੱਲ ਨੇ ਅਵਿਨਾਸ਼ ਚੰਦਰ ਕਲੇਰ ਅਤੇ ਸਫਾਈ ਕਰਮਚਾਰੀਆਂ ਨੂੰ ਭਰੋਸਾ ਦਿਵਾਇਆ ਕਿ ਸਫਾਈ ਕਰਮਚਾਰੀਆਂ ਦੇ ਹੱਕਾਂ ਦੀ ਰੱਖਿਆ ਲਈ ਆਯੋਗ ਆਪਣੇ ਅਧਿਕਾਰ ਖੇਤਰ ਅੰਦਰ ਹਰ ਸੰਭਵ ਲੋੜੀਂਦੀ ਕਾਰਵਾਈ ਕਰੇਗਾ ਅਤੇ ਜਲਦ ਹੀ ਉਨ੍ਹਾਂ ਦੀਆਂ ਹੱਕੀ ਮੰਗਾਂ ਤੇ ਗੌਰ ਕਰਕੇ ਪੂਰੀਆਂ ਕੀਤੀਆਂ ਜਾਣਗੀਆਂ ।



# ਕੁੱਤੇ ਦੇ ਵੱਢਣ ਨਾਲ ਰੇਬਿਜ਼ ਬਿਮਾਰੀ ਹੋ ਸਕਦੀ : ਡਾ. ਕਰਨ ਸੈਣੀ



**ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)**- ਟਾਂਡਾ ਉੜਮੁੜ ਸ਼ਹਿਰ ਵਿੱਚ ਅਵਾਰਾ ਖੂੰਖਾਰ ਕੁੱਤਿਆਂ ਦੀ ਭਰਮਾਰ ਲੱਗੀ ਹੋਈ ਹੈ। ਇਹ ਆਵਾਰਾ ਕੁੱਤੇ ਟੂ ਵਹੀਕਲ ਦੇ ਲੰਘਣ ਤੇ ਉਸਦੇ ਪਿੱਛੇ ਦੌੜਦੇ ਹਨ ਜਿਸ ਕਾਰਨ ਡਰਦੇ ਹੋਏ ਵਹੀਕਲ ਦਾ ਕਈ ਵਾਰ ਬੈਲੰਸ ਵਿਗੜ ਜਾਂਦਾ ਹੈ ਤੇ ਉਹ ਡਿੱਗ ਜਾਂਦੇ ਹਨ ਜਿਸ ਨਾਲ ਉਨ੍ਹਾਂ ਨੂੰ ਜਿੱਥੇ ਸੱਟਾਂ ਲੱਗ ਜਾਂਦੀਆਂ ਹਨ ਉਥੇ ਕਈ ਵਾਰ ਇਹ ਅਵਾਰਾ ਕੁੱਤੇ ਉਨ੍ਹਾਂ ਨੂੰ ਕੱਟ ਵੀ ਲੈਂਦੇ ਹਨ ਜਿਸ ਕਰਕੇ ਜਲਦੀ ਇਲਾਜ ਨਾ ਕਰਵਾਉਣ ਕਾਰਨ ਇਨਸਾਨ ਕਈ ਖਤਰਨਾਕ ਬਿਮਾਰੀਆਂ ਦਾ ਸ਼ਿਕਾਰ ਵੀ ਹੋ ਸਕਦਾ ਹੈ। ਇਨ੍ਹਾਂ ਬਿਮਾਰੀਆਂ ਤੋਂ ਹੋਣ ਵਾਲੇ ਨੁਕਸਾਨ ਸਬੰਧੀ ਜਾਣਕਾਰੀ ਦਿੰਦੇ ਹੋਏ ਸਰਕਾਰੀ ਹਸਪਤਾਲ ਟਾਂਡਾ ਦੇ ਐਸ.ਐਮ.ਓ ਡਾਕਟਰ ਕਰਨ ਸੈਣੀ ਨੇ ਕਿਹਾ ਕਿ ਅਵਾਰਾ ਕੁੱਤਿਆਂ ਦੇ ਕੱਟਣ ਨਾਲ ਰੈਬਿਜ਼ ਨਾਂ ਦਾ ਵਾਇਰਸ ਅਕਸਰ ਇਨਸਾਨ ਦੇ ਸਰੀਰ ਵਿੱਚ ਚਲਾ ਜਾਂਦਾ ਹੈ ਅਤੇ ਇਸ ਵਾਇਰਸ ਕਾਰਨ ਇਨਸਾਨ ਨੂੰ ਕਈ ਖਤਰਨਾਕ ਪ੍ਰਕਾਰ ਦੀਆਂ ਬਿਮਾਰੀਆਂ ਲੱਗ ਸਕਦੀਆਂ ਹਨ। ਉਨ੍ਹਾਂ ਕਿਹਾ ਕਿ ਇਸ ਤੋਂ ਇਲਾਵਾ ਸ਼ਰੀਰ ਵਿੱਚ ਹੋਏ ਜ਼ਖ਼ਮ ਤੋਂ ਜਰਾਸੀਮ ਫੈਲਣ ਕਾਰਨ ਇਨਫੈਕਸ਼ਨ ਵੀ ਹੋ ਸਕਦਾ ਹੈ ਜਿਹੜਾ ਕਿ ਜਾਨ ਲੇਵਾ ਸਾਬਿਤ ਹੋ ਸਕਦਾ ਹੈ। ਡਾ. ਕਰਨ ਕੁਮਾਰ ਸੈਣੀ ਨੇ ਕਿਹਾ ਕਿ ਜੇਕਰ ਕਿਸੇ ਨੂੰ ਕੁੱਤਾ ਵੱਢ ਲਵੇ ਤਾਂ ਫੌਰਨ ਆਪਣੇ ਹੱਥ ਸਾਬਣ ਨਾਲ ਧੋ ਕੇ ਜਖ਼ਮ ਨੂੰ ਸਾਬਣ ਅਤੇ ਪਾਣੀ ਨਾਲ ਲਗਭਗ 5-7 ਮਿੰਟ ਤੱਕ ਉਸ ਨੂੰ ਸਾਫ ਕਰਦੇ ਰਹਿਣਾ ਚਾਹੀਦਾ ਹੈ ਅਤੇ ਐਂਟੀ ਬਾਇਟਿਕ ਮਲਮ ਉਸ ਜਖ਼ਮ ਤੇ ਲਗਾ ਕੇ ਪੱਟੀ ਨਾਲ ਢੱਕ ਦੇਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਜੇਕਰ ਕੁੱਤੇ ਦੇ ਵੱਢਣ ਨਾਲ ਜ਼ਖਮ ਗਹਿਰਾ ਹੋ ਗਿਆ ਹੋਵੇ ਤਾਂ ਜਲਦ ਤੋਂ ਜਲਦ ਉਸਨੂੰ ਆਪਣੇ ਨਜ਼ਦੀਕੀ ਸਰਕਾਰੀ ਹਸਪਤਾਲ ਲੈ ਆਵੋ ਤਾਂ ਜੋ ਉਸਨੂੰ ਟੀਕਾ ਲਗਾ ਕੇ ਉਸਦਾ ਸਹੀ ਅਤੇ ਪੂਰਾ ਇਲਾਜ ਕੀਤਾ ਜਾ ਸਕੇ। ਉਨ੍ਹਾਂ ਕਿਹਾ ਕਿ ਜਿਹੜੇ ਲੋਕਾਂ ਨੇ ਆਪਣੇ ਘਰਾਂ ਵਿੱਚ ਕੁੱਤੇ ਪਾਲੇ ਹੋਏ ਹਨ ਉਨ੍ਹਾਂ ਨੂੰ ਵੀ ਚਾਹੀਦਾ ਹੈ ਕਿ ਉਹ ਆਪਣੇ ਕੁਤਿਆਂ ਨੂੰ ਰੈਬੀਜ਼ ਟਿਕਾ ਕਰਨ ਜਰੂਰ ਕਰਵਾ ਲੈਣ ਤਾਂ ਜੋ ਉਨ੍ਹਾਂ ਦੇ ਕੁੱਤਿਆਂ ਅੰਦਰ ਇਹ ਬਿਮਾਰੀ ਨਾ ਫੈਲ ਸਕੇ।

# ਫੁੱਟਬਾਲ ਪਲੇਅਰਜ਼ ਵੈੱਲਫੇਅਰ ਸੁਸਾਇਟੀ ਦੇ ਵਫਦ ਵੱਲੋਂ ਖੈਰੜ ਅੱਛਰਵਾਲ ਦਾ ਦੌਰਾ

**ਮਾਹਿਲਪੁਰ (ਸ਼ਫਰੀ)**-ਨਾਮੀ ਫੁੱਟਬਾਲਰਾਂ ਦੀਆਂ ਪੈੜਾਂ ਨੂੰ ਨੱਪਦਿਆਂ ਫੁੱਟਬਾਲ ਪਲੇਅਰਜ਼ ਵੈਲਫੇਅਰ ਸੁਸਾਇਟੀ ਮਾਹਿਲਪੁਰ ਦਾ ਵਫ਼ਦ ਹਰ ਪਿੰਡ ਤੱਕ ਜਾ ਕੇ ਪਹੁੰਚ ਕੇ ਖਿਡਾਰੀਆਂ ਨਾਲ ਸੰਪਰਕ ਕਰਨ ਦੇ ਆਪਣੇ ਪ੍ਰੋਗਰਾਮ ਤਹਿਤ ਸਭ ਤੋਂ ਪਹਿਲਾਂ ਬੀਤੇ ਦਿਨੀ ਅਰਜਨਾ ਐਵਾਰਡੀ ਸਰਦਾਰ ਗੁਰਦੇਵ ਸਿੰਘ ਗਿੱਲ, ਇੰਟਰਨੈਸ਼ਨਲ ਫੁੱਟਬਾਲਰ ਮਨਜੀਤ ਸਿੰਘ ਗਿੱਲ, ਕੁਲਤਾਰ ਸਿੰਘ ਤਾਰੀ, ਮਦਨ ਲਾਲ ਮੱਦੋ, ਮਹਿੰਦਰ ਸਿੰਘ ਘੋਗਾ, ਓਂਕਾਰ ਸਿੰਘ, ਇੰਟਰਨੈਸ਼ਨਲ ਰੈਫਰੀ ਹਰਭਜਨ ਸਿੰਘ, ਪਰਮਜੀਤ ਸਿੰਘ ਪੱਪੂ, ਪਰਮਿੰਦਰ ਸਿੰਘ, ਸੁਰਜੀਤ ਸਿੰਘ ਸੀਤ, ਦਰਸ਼ਨ ਸਿੰਘ ਦਰਸ਼ਾ, ਪਾਲੂ, ਦਵਿੰਦਰ ਸਿੰਘ ਘੋਗਾ,ਫੌਜੀ ਹਰਭਜਨ ਸਿੰਘ, ਪੱਤਰਕਾਰ ਜਸਵੀਰ ਵਿਰਦੀ ਸਮੇਤ ਅਣਗਿਣਤ ਰਾਸ਼ਟਰੀ ਤੇ ਅੰਤਰਰਾਸ਼ਟਰੀ ਪੱਧਰ ਦੇ ਫੁੱਟਬਾਲਰ ਪੈਦਾ ਕਰਨ ਵਾਲੇ ਪਿੰਡ ਦੀ ਪੂਜਣਯੋਗ ਧਰਤੀ ਨੂੰ ਸਿਜਦਾ ਕਰਨ ਫੁੱਟਬਾਲਰਾਂ ਦੀ ਰਾਜਧਾਨੀ ਪਿੰਡ ਖੈਰੜ ਅੱਛਰਵਾਲ ਪਹੁੰਚਿਆ।ਸੇਵਾ ਮੁਕਤ ਇੰਸਪੈਕਟਰ ਗੁਰਦਿਆਲ ਸਿੰਘ ਬੈਂਸ ਦੇ ਸਮਕਾਲੀ ਕਰੀਬੀ ਦੋਸਤ ਪੰਜਾਬ ਯੂਨੀਵਰਸਿਟੀ ਦੇ ਤਿੰਨ ਵਾਰ ਕਪਤਾਨ ਰਹੇ ਤੇ ਆਲ ਇੰਡੀਆ ਕੰਬਾਈਂਡ ਯੂਨੀਵਰਸਿਟੀ ਦੇ ਕਪਤਾਨ ਪਰਮਜੀਤ ਸਿੰਘ ਪੱਪੂ (ਯੂ ਕੇ) ਵਾਲਿਆਂ ਦੇ ਘਰ ਬੈਠ ਕੇ ਖੇਡਾਂ ਦੇ ਖੇਤਰ ਦੇ ਅਤੀਤ ਤੇ ਵਰਤਮਾਨ ਬਾਰੇ ਗੰਭੀਰ ਵਿਚਾਰਾਂ ਹੋਈਆਂ ਤੇ ਸੁਧਾਰ ਲਈ ਸੁਝਾਅ ਦਿੱਤੇ ਗਏ।ਬਾਕੀ ਸਭ ਖਿਲਾੜੀਆਂ ਵਾਂਗ ਹੀ ਆਪਣੇਂ ਪਿੰਡ, ਇਲਾਕੇ, ਸੂਬੇ ਤੇ ਦੇਸ਼ ਦੇ ਫੁੱਟਬਾਲ ਵਿੱਚ ਆਏ ਨਿਘਾਰ ਤੋਂ ਚਿੰਤਤ ਪਰਮਜੀਤ ਸਿੰਘ ਪੱਪੂ ਫੁੱਟਬਾਲ ਦੀ ਖੇਡ ਨੂੰ ਮੁੜ ਬੁਲੰਦੀਆਂ ਤੇ ਦੇਖਣ ਲਈ ਉਤਾਵਲਾ ਹੈ ਤੇ ਉਹ ਫੁੱਟਬਾਲ ਦੀ ਬਿਹਤਰੀ ਲਈ ਹਰ ਸੰਭਵ ਮੱਦਦ ਕਰਨ ਲਈ ਤਿਆਰ ਹੈ।ਫੁੱਟਬਾਲ ਪਲੇਅਰਜ਼ ਵੈਲਫੇਅਰ ਸੁਸਾਇਟੀ ਮਾਹਿਲਪੁਰ ਦੇ ਮੈਂਬਰਾਂ ਵਲੋਂ ਇਲਾਕੇ ਵਿੱਚ ਚੱਲਦੇ ਸਾਰੇ ਖੇਡ ਕਲੱਬਾਂ ਤੇ ਖੇਡ ਅਕੈਡਮੀਆਂ ਦਾ ਹਰ ਸੰਭਵ ਸਹਿਯੋਗ ਕਰਨ ਦੇ ਆਪਣੇਂ ਪ੍ਰੋਗਰਾਮ ਬਾਰੇ ਵਿਸਥਾਰਤ ਜਾਣਕਾਰੀ ਦਿੱਤੀ ਗਈ।



# ਗੁਰਦੁਆਰਾ ਸਾਹਿਬ ਦੀਆਂ ਨਵੀਆਂ ਇਮਾਰਤਾਂ ਦਾ ਰੱਖਿਆ ਨੀਂਹ ਪੱਥਰ

**ਅੱਡਾ ਸਰਾਂ (ਜਸਵੀਰ ਕਾਜਲ)**- ਪਿੰਡ ਮਿਰਜ਼ਾਪੁਰ (ਖਡਿਆਲਾ) ਵਿਖੇ ਸਥਿਤ ਗੁਰਦੁਆਰਾ ਸਾਹਿਬ ਦੀਆਂ ਨਵੀਆਂ ਇਮਾਰਤਾਂ ਦੇ ਨਿਰਮਾਣ ਕਾਰਜ ਦੀ ਸ਼ੁਰੂਆਤ ਸਰਬੱਤ ਦੇ ਭਲੇ ਦੀ ਅਰਦਾਸ ਉਪਰੰਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਾਵਨ ਹਜ਼ੂਰੀ ਵਿਚ ਸੰਤ ਮਹਾਂਪੁਰਖ ਸੰਤ ਬਾਬਾ ਨਿਹਾਲ ਸਿੰਘ ਜੀ ਹਰੀਆਂ ਬੇਲਾਂ ਵਾਲਿਆਂ ਨੇ ਗੁਰਦੁਆਰਾ ਸਾਹਿਬ ਦੀਆਂ ਨਵੀਆਂ ਇਮਾਰਤਾਂ ਦਾ ਨੀਂਹ ਪੱਥਰ ਰੱਖ ਕੇ ਨਿਰਮਾਣ ਕਾਰਜ ਦਾ ਸ਼ੁਭ ਆਰੰਭ ਕੀਤਾ। ਇਸ ਮੌਕੇ ਆਪਣੇ ਪ੍ਰਵਚਨਾਂ ਦੌਰਾਨ ਸੰਤ ਬਾਬਾ ਨਿਹਾਲ ਸਿੰਘ ਜੀ ਨੇ ਕਿਹਾ ਕਿ ਗੁਰੂ ਘਰ ਦੀ ਸੇਵਾ ਕਰਨਾ ਹਰ ਸਿੱਖ ਲਈ ਸਭ ਤੋਂ ਵੱਡਾ ਭਾਗ ਹੈ। ਉਨ੍ਹਾਂ ਕਿਹਾ ਕਿ ਗੁਰਦੁਆਰਿਆਂ ਦੀ ਉਸਾਰੀ ਸਿਰਫ਼ ਇਮਾਰਤਾਂ ਬਣਾਉਣ ਦਾ ਕੰਮ ਨਹੀਂ, ਸਗੋਂ ਇਹ ਗੁਰੂ ਸਾਹਿਬ ਦੀ ਬਖ਼ਸ਼ੀ ਹੋਈ ਸੇਵਾ ਹੈ, ਜਿਸ ਨਾਲ ਮਨੁੱਖ ਦਾ ਜੀਵਨ ਵੀ ਪਵਿੱਤਰ ਹੁੰਦਾ ਹੈ। ਉਨ੍ਹਾਂ ਸੰਗਤਾਂ ਨੂੰ ਅਪੀਲ ਕੀਤੀ ਕਿ ਉਹ ਆਪਣੀ ਸਮਰੱਥਾ ਅਨੁਸਾਰ ਤਨ, ਮਨ ਅਤੇ ਧਨ ਨਾਲ ਇਸ ਮਹਾਨ ਕਾਰਜ ਵਿਚ ਸਹਿਯੋਗ ਦੇਣ ਤਾਂ ਜੋ ਗੁਰੂ ਘਰ ਦਾ ਨਿਰਮਾਣ ਕਾਰਜ ਜਲਦੀ ਅਤੇ ਸ਼ਾਨਦਾਰ ਢੰਗ ਨਾਲ ਮੁਕੰਮਲ ਹੋ ਸਕੇ। ਇਸ ਮੌਕੇ ਨਗਰ ਦੀਆਂ ਸੰਗਤਾਂ, ਗੁਰਦੁਆਰਾ ਸਾਹਿਬ ਦੇ ਪ੍ਰਬੰਧਕਾਂ ਤੇ ਸੇਵਾਦਾਰਾਂ ਤੋਂ ਇਲਾਵਾ ਗੁਰਵੀਰ ਸਿੰਘ ਚੌਟਾਲਾ, ਕਮਲ, ਟਿੰਮੀ ਸ਼ਾਹੀ, ਸੰਦੀਪ ਸਿੰਘ ਸੀਕਰੀ, ਓਂਪਕਾਰ ਸਿੰਘ, ਸਰਪੰਚ ਰਮਿੰਦਰ ਸਿੰਘ ਮਿਰਜਾਪੁਰ, ਮੇਵਾ ਸਿੰਘ, ਨਵਜੋਤ ਸਿੰਘ, ਗੁਰਨਾਮ ਸਿੰਘ, ਗੁਰਪਾਲ ਸਿੰਘ, ਸੋਹਣ ਸਿੰਘ, ਮੋਹਣ ਸਿੰਘ, ਗੁਰਦੇਵ ਸਿੰਘ, ਸੁਖਜੀਤ ਸਿੰਘ, ਤਰਲੋਕ ਸਿੰਘ, ਕਰਮਵੀਰ ਸਿੰਘ, ਮਨਜੀਤ ਸਿੰਘ, ਸ਼ਲਿੰਦਰ ਸਿੰਘ, ਸੋਨੂੰ ਮਿਸਤਰੀ, ਹੈਪੀ ਸਮੇਤ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ। ਸਮਾਗਮ ਦੇ ਅੰਤ ਵਿਚ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ ਅਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।

# ਹਿੰਦੂਆਂ ਨੂੰ ਇੱਕਜੁੱਟ ਕਰਨ ਲਈ ਹਿੰਦੂ ਮਹਾਂ ਪੰਚਾਇਤ ਕਰਵਾਈ ਜਾਏਗੀ : ਮਿੱਕੀ ਪੰਡਤ

**ਟਾਂਡਾ ਉੜਮੁੜ (ਮਿਥਲੇਸ ਗਰਗ, ਜਸਵਿੰਦਰ ਸੰਧੂ)**-ਸਨਾਤਨ ਧਰਮ ਦੀ ਹੋਂਦ ਨੂੰ ਕਾਇਮ ਰੱਖਣ ਲਈ ਭਾਰਤ ਦੇ ਸਾਰੇ ਹਿੰਦੂ ਸੰਗਠਨਾਂ ਨੂੰ ਇੱਕ ਮੰਚ ਤੇ ਇਕੱਠਾ ਕਰਕੇ ਟਾਂਡਾ ਉੜਮੁੜ ਵਿਖੇ ਇੱਕ ਵਿਸ਼ਾਲ ਹਿੰਦੂ ਧਰਮ ਮਹਾਂ ਪੰਚਾਇਤ ਕਰਵਾਉਣ ਸੰਬੰਧੀ ਸ਼ਿਵ ਸੈਨਾ ਪੰਜਾਬ ਵੱਲੋਂ ਇੱਕ ਮੁਹਿਮ ਚਲਾਈ ਹੋਈ ਹੈ ਜਿਸ ਦੇ ਤਹਿਤ ਸ਼ਿਵ ਸੈਨਾ ਪੰਜਾਬ ਦੇ ਉਤਰੀ ਭਾਰਤ ਪ੍ਰਧਾਨ ਮਿੱਕੀ ਪੰਡਿਤ ਭਾਰਤ ਦੇ ਵੱਖ-ਵੱਖ ਹਿੰਦੂ ਸੰਗਠਨਾਂ ਦੇ ਸੰਸਥਾਪਕ ਅਤੇ ਹਿੰਦੂ ਸੰਗਠਨਾਂ ਦੇ ਨੇਤਾਵਾਂ ਨਾਲ ਮੁਲਾਕਾਤ ਕਰਕੇ ਪੰਜਾਬ ਦੇ ਹਿੰਦੂਆਂ ਨੂੰ ਦਰਪੇਸ਼ ਆ ਰਹੀ ਔਕੜਾਂ ਤੋਂ ਜਾਣੂ ਕਰਵਾ ਰਹੇ ਹਨ।ਇਨ੍ਹਾਂ ਮੁਲਾਕਾਤਾਂ ਸਬੰਧੀ ਜਾਣਕਾਰੀ ਦਿੰਦੇ ਹੋਏ ਪ੍ਰਧਾਨ ਮਿੱਕੀ ਪੰਡਿਤ ਨੇ ਕਿਹਾ ਕਿ ਸ਼ਿਵ ਸੈਨਾ ਪੰਜਾਬ ਦੇ ਦੋਆਬਾ ਪ੍ਰਧਾਨ ਪੰਡਿਤ ਸ਼ਿਵਮ ਵੈਦ, ਹਿੰਦੂ ਨੇਤਾ ਹਰਜੀਤ ਸਿੰਘ ਬਘੇਲ, ਵਰਦਾਨ ਵੈਦ, ਸੋਰਵ, ਆਸ਼ੂ ਦਾ ਇੱਕ ਵਫਦ ਭਾਰਤ ਦੇ ਵੱਖ-ਵੱਖ ਧਾਰਮਿਕ ਆਗੂਆਂ, ਹਿੰਦੂ ਧਰਮਾਂ ਦੇ ਸੰਤ ਮਹਾਂਪੁਰਸ਼ਾਂ ਅਤੇ ਮਹਾਂ ਮੰਡਲੇਸ਼ਵਰ ਧਾਮਾ ਤੋਂ ਇਲਾਵਾ ਹਿੰਦੂ ਸੰਗਠਨਾਂ ਦੇ ਨੇਤਾਵਾਂ ਨਾਲ ਮੁਲਾਕਾਤ ਕਰਕੇ ਉਨ੍ਹਾਂ ਨੂੰ ਪੰਜਾਬ ਦੇ ਹਿੰਦੂਆਂ ਨਾਲ ਹੋ ਰਹੇ ਵਿਤਕਰੇ ਸਬੰਧੀ ਜਾਣਕਾਰੀ ਦਿੱਤੀ।ਮਿੱਕੀ ਪੰਡਿਤ ਨੇ ਕਿਹਾ ਕਿ ਹਿੰਦੂ ਧਰਮ ਮੁਸਲਮਾਨ, ਇਸਾਈ, ਬੋਧੀ, ਜੈਨੀ, ਯਹੂਦੀ ਤੇ ਪਾਰਸੀ ਤੋਂ ਇਲਾਵਾ ਹੋਰ ਹਰ ਧਰਮ ਦਾ ਆਦਰ ਸਤਿਕਾਰ ਕਰਦਾ ਹੈ ਪਰ ਜਿਹੜੇ ਇਨਸਾਨ ਜਿਨ੍ਹਾਂ ਦਾ ਕੋਈ ਧਰਮ ਨਹੀਂ ਉਹ ਲੋਕ ਹਿੰਦੂਆਂ ਦੀ ਆਸਥਾ ਗਊ ਦਾ ਅਨਾਦਰ ਕਰਕੇ ਹਿੰਦੂਆਂ ਦੀਆਂ ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚਾ ਰਹੇ ਹਨ ਅਤੇ ਸਰਕਾਰ ਉਨ੍ਹਾਂ ਲੋਕਾਂ ਖਿਲਾਫ਼ ਕੋਈ ਵੀ ਸਖਤ ਕਾਰਵਾਈ ਨਹੀਂ ਕਰ ਰਹੀ।ਉਨ੍ਹਾਂ ਕਿਹਾ ਕਿ ਸ਼੍ਰੀ ਸ਼ੰਕਰਾਚਾਰੀਆ ਮੱਠ ਦੇ ਸੰਚਾਲਕ ਤੋਂ ਇਲਾਵਾ ਹੋਰ ਹਿੰਦੂ ਸੰਗਠਨਾਂ ਦੇ ਨੇਤਾਵਾਂ ਨੇ ਸਾਡੇ ਵਫ਼ਦ ਨੂੰ ਇਹ ਭਰੋਸਾ ਦਿੱਤਾ ਕਿ ਹਿੰਦੂਆਂ ਦੇ ਹੱਕਾਂ ਦੀ ਰਾਖੀ ਲਈ ਜਦੋਂ ਵੀ ਸ਼ਿਵ ਸੈਨਾ ਪੰਜਾਬ ਟਾਂਡਾ ਉੜਮੁੜ ਵਿਖੇ ਹਿੰਦੂ ਵਿਸ਼ਾਲ ਮਹਾ ਪੰਚਾਇਤ ਦਾ ਆਯੋਜਨ ਕਰੇਗੀ।



# ਕਿਸਾਨਾਂ, ਮਜ਼ਦੂਰਾਂ, ਮੁਲਾਜ਼ਮਾਂ ਤੇ ਹੋਰਨਾਂ ਵੱਲੋਂ ਵਿੱਢੇ ਜਨ-ਅੰਦੋਲਨ ਨੂੰ ਸਮਰਥਨ ਦਿੱਤਾ ਜਾਵੇ : ਰਾਣਾ

**ਬਲਾਚੌਰ /ਪੋਜੇਵਾਲ (ਜਸਵਿੰਦਰ ਬੈਂਸ/ਰਾਮ ਲਾਲ)**-ਰਾਜਨੀਤਕ ਧਿਰਾਂ ਪੰਜਾਬ ਵਿੱਚ ਚੱਲ ਰਹੇ ਜਨ ਅੰਦੋਲਨ ਦੀਆਂ ਹਿੱਸੇਦਾਰ ਨਹੀਂ ਬਣ ਰਹੀਆਂ। ਬਲਕਿ ਕੇਂਦਰ ਸਰਕਾਰ ਅਤੇ ਪੰਜਾਬ ਸਰਕਾਰ ਕਿਸਾਨਾਂ, ਮਜ਼ਦੂਰਾਂ ਅਤੇ ਮੁਲਾਜ਼ਮਾਂ ਦੇ ਅੰਦੋਲਨਾਂ ਨੂੰ ਕੁਰਾਹੇ ਪਾਉਣ, ਬਦਨਾਮ ਕਰਨ ਅਤੇ ਪੁਲਸ ਦੇ ਜ਼ੋਰ ਦਬਾਉਣ ਦਾ ਯਤਨ ਕਰ ਰਹੀਆਂ ਹਨ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸਾਥੀ ਕਰਨ ਸਿੰਘ ਰਾਣਾ ਜਨਰਲ ਸਕੱਤਰ ਸਾਂਝਾ ਕਿਸਾਨ ਮਜ਼ਦੂਰ ਮੋਰਚਾ ਸੰਬੰਧਤ ਭਾਈ ਲਾਲੋ ਲੋਕ ਮੰਚ ਪੰਜਾਬ ਨੇ ਵੱਖ ਵੱਖ ਪਿੰਡਾਂ ਵਿੱਚ ਮੀਟਿੰਗਾਂ ਨੂੰ ਸੰਬੋਧਨ ਕਰਦੇ ਹੋਏ ਕੀਤਾ, ਜਿਸ ਵਿਚ ਵੱਡੀ ਗਿਣਤੀ ਵਿੱਚ ਕਿਸਾਨਾਂ, ਮਜ਼ਦੂਰਾਂ ਅਤੇ ਔਰਤਾਂ ਨੇ ਹਿੱਸਾ ਲਿਆ। ਉਨ੍ਹਾਂ ਕਿਹਾ ਕਿ ਕਾਰਪੋਰੇਟ ਪੂੰਜੀਵਾਦ ਵੱਧ ਤੋਂ ਵੱਧ ਮੁਨਾਫਾ ਕਮਾਉਣ ਲਈ ਲਗਾਤਾਰ ਸਰਕਾਰਾਂ ਰਾਹੀਂ ਲੋਕ ਵਿਰੋਧੀ ਨੀਤੀਆਂ ਧੱਕੇ ਨਾਲ ਠੋਸ ਰਿਹਾ ਹੈ। ਕੇਂਦਰ ਸਰਕਾਰ ਵੱਲੋਂ ਅਮਰੀਕਾ ਨਾਲ ਕੀਤਾ ਜਾ ਰਿਹਾ ਮੁਕਤ ਵਪਾਰ ਸਮਝੌਤਾ ਖੇਤੀ ਖੇਤਰ ਨਾਲ ਜੁੜੇ ਕਿਸਾਨਾਂ, ਮਜ਼ਦੂਰਾਂ, ਛੋਟੇ ਕਾਰੋਬਾਰੀਆਂ ਅਤੇ ਦੁਕਾਨਦਾਰਾਂ ਨੂੰ ਤਬਾਹ ਕਰ ਦੇਵੇਗਾ। ਕੇਂਦਰ ਸਰਕਾਰ ਵੱਲੋਂ ਮਨਰੇਗਾ ਕਾਨੂੰਨ ਨੂੰ ਖਤਮ ਕਰਕੇ ਮਜ਼ਦੂਰਾਂ ਦੇ ਚੁੱਲ੍ਹੇ ਠੰਢੇ ਕੀਤੇ ਜਾ ਰਹੇ ਹਨ, 29 ਲੇਬਰ ਕਾਨੂੰਨਾਂ ਨੂੰ ਖਤਮ ਕਰਕੇ ਚਾਰ ਲੇਬਰ ਕੋਡ ਬਣਾ ਦਿੱਤੇ ਗਏ ਹਨ ਜਿਸ ਨਾਲ ਮਜ਼ਦੂਰ ਨੂੰ ਗੁਲਾਮ ਬਣਾ ਦਿੱਤਾ ਜਾਵੇਗਾ। ਇਸੇ ਤਰ੍ਹਾਂ ਸਰਕਾਰੀ ਨੌਕਰੀ ਖਤਮ ਕਰਕੇ ਠੇਕੇਦਾਰੀ ਸਿਸਟਮ ਤੇ ਆਊਟ ਸੋਰਸਿੰਗ ਸਿਸਟਮ ਲਾਗੂ ਕੀਤਾ ਜਾ ਰਿਹਾ ਹੈ। ਕੇਂਦਰ ਸਰਕਾਰ ਦੀਆਂ ਲੋਕ ਵਿਰੋਧੀ ਨੀਤੀਆਂ ਤੋਂ ਪੀੜਤ ਜਨਤਾ ਨੇ ਸੰਘਰਸ਼ਾਂ ਦਾ ਪਿੜ ਮੱਲਿਆ ਹੋਇਆ ਹੈ। ਇਸੇ ਤਰ੍ਹਾਂ ਪੰਜਾਬ ਸਰਕਾਰ ਲੈਂਡ ਪੋਲਿੰਗ ਸਕੀਮ ਰਾਹੀਂ ਪਿੰਡਾਂ ਨੂੰ ਬਰਬਾਦ ਕਰੇਗੀ ਅਤੇ ਕਾਰਪੋਰੇਟਾਂ ਦੇ ਮੁਨਾਫੇ ਲਈ ਪੁਲਸ ਰਾਹੀਂ ਧੱਕਾ ਕਰਨ ਦਾ ਯਤਨ ਕਰ ਰਹੀ ਹੈ।ਮੀਟਿੰਗਾਂ ਨੂੰ ਸੰਬੋਧਨ ਕਰਦੇ ਹੋਏ ਸਾਥੀ ਕਰਨੈਲ ਸਿੰਘ ਭੱਲਾ ਕਿਸਾਨ ਆਗੂ ਅਤੇ ਮਨੋਹਰ ਲਾਲ ਮਜ਼ਦੂਰ ਆਗੂ ਅਤੇ ਬੀਬੀ ਸ਼ਸ਼ੀ ਰਾਣਾ ਨੇ ਕਿਹਾ ਕਿ ਕੇਂਦਰ ਅਤੇ ਸੂਬਾ ਸਰਕਾਰ ਜਨ ਅੰਦੋਲਨਾਂ ਨੂੰ ਧਾਰਮਿਕ ਮੁੱਦੇ ਉਭਾਰ ਕੇ ਕਮਜ਼ੋਰ ਕਰ ਰਹੀਆਂ ਹਨ। ਉਨਾਂ ਕਿਹਾ ਕਿ ਰਾਜਨੀਤਿਕ ਧਿਰਾਂ ਧਰਮ ਅਤੇ ਰਾਜਨੀਤੀ ਨੂੰ ਰਲਗੱਡ ਨਾ ਕਰਨ। ਧਰਮ ਮਨੁੱਖਤਾ ਦੇ ਭਲੇ ਲਈ ਆਪਣਾ ਪਵਿੱਤਰ ਕਾਜ ਕਰਦਾ ਹੈ ਜਦ ਕਿ ਰਾਜਨੀਤੀ ਦਾ ਕੰਮ ਲੋਕਾਂ ਨੂੰ ਰੋਜ਼ਗਾਰ, ਸਰਕਾਰੀ ਵਿੱਦਿਆ, ਸਰਕਾਰੀ ਇਲਾਜ, ਸਨਮਾਨਜਨਕ ਜੀਵਨ, ਭ੍ਰਿਸ਼ਟਾਚਾਰ ਮੁਕਤ ਪ੍ਰਸ਼ਾਸਨ ਅਤੇ ਭਰੋਸੇਯੋਗ ਅਮਨ ਕਾਨੂੰਨ ਦੇਣਾ ਕਰਨਾ ਹੁੰਦਾ ਹੈ। ਆਗੂਆਂ ਨੇ ਬਹੁਜਨ ਸਮਾਜ ਪੱਖੀ ਲੋਕਾਂ ਅਤੇ ਖੱਬੇ ਪੱਖੀ ਲੋਕਾਂ ਨੂੰ ਅਪੀਲ ਕੀਤੀ ਕਿ ਕਿਸਾਨਾਂ, ਮਜ਼ਦੂਰਾਂ, ਮੁਲਾਜ਼ਮਾਂ ਅਤੇ ਹੋਰ ਲੋਕਾਂ ਵੱਲੋਂ ਵਿੱਢੇ ਜਨ ਅੰਦੋਲਨ ਨੂੰ ਸਮਰਥਨ ਦੇਣ।



## ਐਨਰਜੀ ਡਰਿੰਕਸ : ਤੁਰੰਤ ਊਰਜਾ ਦੇ ਨਾਂਅ

(ਸ਼ਫਾ 4 ਦੀ ਬਾਕੀ)

ਗੁੰਮਰਾਹ ਕਰਦੀਆਂ ਹਨ ਤਾਂ ਜੋ ਲੋਕ ਇਸ ਨੂੰ ਹੈੱਲਥ ਡਰਿੰਕ ਸਮਝਣ, ਜਦੋਂ ਕਿ ਇਨ੍ਹਾਂ ਵਿਟਾਮਿਨਾਂ ਦਾ ਫਾਇਦਾ ਕੈਫੀਨ ਅਤੇ ਖੰਡ ਦੇ ਨੁਕਸਾਨ ਅੱਗੇ ਬਿਲਕੁਲ ਜ਼ੀਰੋ ਹੁੰਦਾ ਹੈ। ਸਾਲ 2026 ਵਿੱਚ ਐਨਰਜੀ ਡਰਿੰਕਸ ਦੇ ਖ਼ਿਲਾਫ਼ ਭਾਰਤ ਵਿੱਚ ਬਹੁਤ ਵੱਡੀਆਂ ਰੈਗੂਲੇਟਰੀ ਕਾਰਵਾਈਆਂ ਹੋਈਆਂ ਹਨ। ਭਾਰਤੀ ਖਾਧ ਸੁਰੱਖਿਆ ਅਤੇ ਮਾਨਕ ਅਥਾਰਟੀ (ਐੱਫ ਐੱਸ ਐੱਸ ਏ ਆਈ) ਨੇ ਦੇਸ਼ ਦੇ ਪ੍ਰਮੁੱਖ ਬ੍ਰਾਂਡਾਂ ਨੂੰ ਗੁੰਮਰਾਹਕੁੰਨ ਇਸ਼ਤਿਹਾਰਬਾਜ਼ੀ ਲਈ ਸਖ਼ਤ ਨੋਟਿਸ ਜਾਰੀ ਕੀਤੇ ਹਨ। ਐੱਫ ਐੱਸ ਐੱਸ ਏ ਆਈ ਨੇ ਸਾਫ਼ ਕਿਹਾ ਹੈ ਕਿ ਭਾਰਤੀ ਕਾਨੂੰਨ ਵਿੱਚ ਐਨਰਜੀ ਡਰਿੰਕ ਨਾਂਅ ਦਾ ਕੋਈ ਮਾਨਕ ਨਹੀਂ ਹੈ ਅਤੇ ਕੰਪਨੀਆਂ ਦੇ ਦਾਅਵਿਆਂ ਦਾ ਕੋਈ ਵਿਗਿਆਨਕ ਆਧਾਰ ਨਹੀਂ ਹੈ। ਹੁਣ ਇਨ੍ਹਾਂ ਡਰਿੰਕਸ ਨੂੰ ਕੈਫੀਨੇਟਿਡ ਬੇਵਰੇਜ ਲਿਖਣਾ ਪਵੇਗਾ ਅਤੇ ਕੈਨ ਦੇ ਉੱਪਰ ਸਪੱਸ਼ਟ ਚੇਤਾਵਨੀ ਲਿਖਣੀ ਲਾਜ਼ਮੀ ਹੋਵੇਗੀ ਕਿ ਇਹ ਬੱਚਿਆਂ ਅਤੇ ਗਰਭਵਤੀ ਔਰਤਾਂ ਲਈ ਉਚਿੱਤ ਨਹੀਂ ਹੈ। ਸਿਹਤ ਮਾਹਰਾਂ ਨੇ ਦੋ ਸਥਿਤੀਆਂ ਵਿੱਚ ਐਨਰਜੀ ਡਰਿੰਕਸ ਦੇ ਸੇਵਨ ਨੂੰ ਬੇਹੱਦ ਜਾਨਲੇਵਾ ਦੱਸਿਆ ਹੈ: ਸ਼ਰਾਬ ਦੇ ਨਾਲ ਮਿਲਾ ਕੇ ਪੀਣਾ: ਅੱਜ-ਕੱਲ੍ਹ ਪਾਰਟੀਆਂ ਵਿੱਚ ਸ਼ਰਾਬ ਦੇ ਅੰਦਰ ਰੈੱਡ ਬੁਲ ਜਾਂ ਮੌਨਸਟਰ ਮਿਲਾ ਕੇ ਪੀਣ ਦਾ ਫੈਸ਼ਨ ਹੈ। ਸ਼ਰਾਬ ਇੱਕ ਡਿਪਰੈਸ਼ਨਟ (ਸਰੀਰ ਨੂੰ ਸ਼ਾਂਤ ਕਰਨ ਵਾਲੀ) ਹੈ ਅਤੇ ਐਨਰਜੀ ਡਰਿੰਕ ਇੱਕ ਸਟਿਮੂਲੈਂਟ (ਸਰੀਰ ਨੂੰ ਉਤੇਜਿਤ ਕਰਨ ਵਾਲੀ) ਹੈ। ਜਦੋਂ ਇਹ ਦੋਵੇਂ ਇਕੱਠੇ ਮਿਲਦੇ ਹਨ ਤਾਂ ਦਿਮਾਗ ਦਾ ਸੰਤੁਲਨ ਵਿਗੜ ਜਾਂਦਾ ਹੈ ਅਤੇ ਵਿਅਕਤੀ ਨੂੰ ਨਸ਼ੇ ਦਾ ਅਹਿਸਾਸ ਨਹੀਂ ਹੁੰਦਾ, ਜਿਸ ਨਾਲ ਅਲਕੋਹਲ ਪੋਇਜ਼ਨਿੰਗ ਅਤੇ ਅਚਾਨਕ ਹਾਰਟ ਫੇਲ੍ਹ ਹੋਣ ਦੀਆਂ ਘਟਨਾਵਾਂ ਵਾਪਰਦੀਆਂ ਹਨ। ਭਾਰੀ ਵਰਕਆਊਟ ਤੋਂ ਬਾਅਦ ਪੀਣਾ: ਜਿਮ ਵਿੱਚ ਭਾਰੀ ਕਸਰਤ ਕਰਨ ਤੋਂ ਤੁਰੰਤ ਬਾਅਦ ਦਿਲ ਪਹਿਲਾਂ ਹੀ ਬਹੁਤ ਤੇਜ਼ ਧੜਕ ਰਿਹਾ ਹੁੰਦਾ ਹੈ। ਉਸ ਸਮੇਂ ਅਜਿਹੀ ਹਾਈ-ਕੈਫੀਨ ਡਰਿੰਕ ਪੀਣ ਨਾਲ ਦਿਲ 'ਤੇ ਦਬਾਅ ਏਨਾ ਵਧ ਜਾਂਦਾ ਹੈ ਕਿ ਕਾਰਡੀਅਕ ਅਰੈਸਟ ਹੋ ਸਕਦਾ ਹੈ। ਐਨਰਜੀ ਡਰਿੰਕਸ ਅਸਲ ਵਿੱਚ ਸਿਹਤ ਲਈ ਇੱਕ ਮਿੱਠਾ ਜ਼ਹਿਰ ਹਨ, ਜੋ ਸਰੀਰ ਨੂੰ ਕੋਈ ਅਸਲੀ ਕੈਲੋਰੀ ਜਾਂ ਪੋਸ਼ਣ ਨਹੀਂ ਦਿੰਦੀਆਂ, ਬਲਕਿ ਸਿਰਫ਼ ਦਿਮਾਗ ਨੂੰ ਕੁਝ ਸਮੇਂ ਲਈ ਝੂਠੀ ਊਰਜਾ ਦਾ ਅਹਿਸਾਸ ਕਰਵਾਉਂਦੀਆਂ ਹਨ। ਜੇਕਰ ਤੁਹਾਨੂੰ ਸੱਚਮੁੱਚ ਊਰਜਾ ਦੀ ਲੋੜ ਹੈ, ਤਾਂ ਨਕਲੀ ਕੈਮੀਕਲਸ ਦੀ ਬਜਾਏ ਕੁਦਰਤੀ ਚੀਜ਼ਾਂ ਵੱਲ ਮੁੜਨਾ ਚਾਹੀਦਾ ਹੈ: ਕੁਦਰਤੀ ਇਲੈਕਟ੍ਰੋਲਾਈਟਸ ਨਾਲ ਭਰਪੂਰ ਤਾਜ਼ਾ ਨਾਰੀਅਲ ਪਾਣੀ। ਘਰ ਦੀ ਬਣੀ ਨਿੰਬੂ ਕਾਂਜੀ ਜਾਂ ਪੁਦੀਨੇ ਦਾ ਰਸ। ਤਾਜ਼ੇ ਫਲਾਂ ਦਾ ਜੂਸ। ਇਸ ਦੇ ਨਾਲ ਹੀ ਪੂਰੇ ਦਿਨ ਵਿੱਚ ਭਰਪੂਰ ਪਾਣੀ ਪੀਣਾ ਅਤੇ 7-8 ਘੰਟਿਆਂ ਦੀ ਚੰਗੀ ਨੀਂਦ ਲੈਣੀ ਚਾਹੀਦੀ ਹੈ, ਕਿਉਂਕਿ ਡੀਹਾਈਡਰੇਸ਼ਨ ਅਤੇ ਨੀਂਦ ਦੀ ਕਮੀ ਹੀ ਸਰੀਰਕ ਥਕਾਵਟ ਦਾ ਮੁੱਖ ਕਾਰਨ ਹੁੰਦੀ ਹੈ। ਆਪਣੇ ਸਰੀਰ ਦੀ ਪ੍ਰਾਕ੍ਰਿਤਿਕ ਊਰਜਾ ਦਾ ਸਤਿਕਾਰ ਕਰੋ ਅਤੇ ਇਨ੍ਹਾਂ ਡੱਬਾਬੰਦ ਕੈਮੀਕਲਾਂ ਤੋਂ ਦੂਰ ਰਹਿ ਕੇ ਆਪਣੀ ਅਤੇ ਆਪਣੇ ਪਰਵਾਰ ਦੀ ਸਿਹਤ ਦੀ ਰੱਖਿਆ ਕਰੋ।

# ਸੰਪਰਕ : 62831-16797

## ਬਾਬਾ ਬੰਦਾ ਸਿੰਘ ਬਹਾਦਰ ਖ਼ਾਲਸਾ ਕਿਸਾਨ ਜਥੇਬੰਦੀ ਦੀ ਮੀਟਿੰਗ

### ਕੇਂਦਰ ਤੇ ਪੰਜਾਬ ਸਰਕਾਰ ਅੱਗੇ ਚੁੱਕੀਆਂ ਅਹਿਮ ਮੰਗਾਂ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਬਾਬਾ ਬੰਦਾ ਸਿੰਘ ਬਹਾਦਰ ਖ਼ਾਲਸਾ ਕਿਸਾਨ ਜਥੇਬੰਦੀ ਭਾਰਤ ਦੀ ਇੱਕ ਅਹਿਮ ਮੀਟਿੰਗ ਸੂਬਾ ਪ੍ਰਧਾਨ ਜਸਵੀਰ ਸਿੰਘ ਬਰਾੜ ਦੀ ਅਗਵਾਈ ਹੇਠ ਭਾਈ ਮਹਾਂ ਸਿੰਘ ਹਾਲ ਸ੍ਰੀ ਮੁਕਤਸਰ ਸਾਹਿਬ ਵਿਖੇ ਹੋਈ।ਮੀਟਿੰਗ ਦੌਰਾਨ ਕਿਸਾਨਾਂ ਤੇ ਮਜ਼ਦੂਰਾਂ ਨਾਲ ਜੁੜੇ ਮੁੱਦਿਆਂ 'ਤੇ ਵਿਚਾਰ-ਵਟਾਂਦਰਾ ਕੀਤਾ ਗਿਆ।ਜਥੇਬੰਦੀ ਨੇ ਕੇਂਦਰ ਸਰਕਾਰ ਤੋਂ ਅਮਰੀਕਾ ਨਾਲ ਹੋਏ ਵਪਾਰ ਸਮਝੌਤੇ ਰੱਦ ਕਰਨ, ਸਵਾਮੀਨਾਥਨ ਰਿਪੋਰਟ ਲਾਗੂ ਕਰਨ, ਐੱਮ ਐੱਸ ਪੀ ਨੂੰ ਕਾਨੂੰਨੀ ਗਾਰੰਟੀ ਦੇਣ, ਕਿਸਾਨਾਂ-ਮਜ਼ਦੂਰਾਂ ਦੇ ਕਰਜ਼ੇ ਮੁਆਫ਼ ਕਰਨ ਤੇ ਬਿਜਲੀ ਸਮਝੌਤੇ ਰੱਦ ਕਰਨ ਦੀ ਮੰਗ ਕੀਤੀ।ਆਗੂਆਂ ਨੇ ਪੰਜਾਬ ਸਰਕਾਰ ਵੱਲੋਂ ਪ੍ਰਦੂਸ਼ਣ ਦੇ ਨਾਂ 'ਤੇ ਜ਼ਮੀਨਾਂ ਅਕਵਾਇਰ ਕਰਨ ਦੇ ਕਥਿਤ ਫ਼ੈਸਲੇ ਦੀ ਨਿਖੇਧੀ ਕਰਦਿਆਂ ਆਊਟਸੋਰਸਿੰਗ ਤੇ ਠੇਕਾ ਮੁਲਾਜ਼ਮਾਂ ਨੂੰ ਪੱਕਾ ਕਰਨ ਦੀ ਮੰਗ ਵੀ ਕੀਤੀ। ਇਸ ਮੌਕੇ ਟੋਲ ਪਲਾਜ਼ਿਆਂ ਸਬੰਧੀ ਸਰਕਾਰ ਦੇ ਫ਼ੈਸਲੇ 'ਤੇ ਵੀ ਇਤਰਾਜ਼ ਜਤਾਇਆ ਗਿਆ।ਮੀਟਿੰਗ ਵਿੱਚ ਜਨਰਲ ਸਕੱਤਰ ਨੇਕ ਮਾਨ ਕੋਟਭਾਈ, ਸੀਨੀਅਰ ਮੀਤ ਪ੍ਰਧਾਨ ਮੰਗਲ ਸਿੰਘ ਸੰਧੂ, ਬਲਦੇਵ ਸਿੰਘ ਸ਼ਾਮਖੇੜਾ, ਭਗਤ ਸਿੰਘ, ਸੇਵਕ ਸਿੰਘ ਕੋਹਰਿਆਂਵਾਲੀ, ਜਗਜੀਤ ਸਿੰਘ ਬੁੱਢਾਮੱਲ ਸਮੇਤ ਵੱਖ-ਵੱਖ ਜ਼ਿਲ੍ਹਿਆਂ ਤੇ ਬਲਾਕਾਂ ਦੇ ਆਗੂ ਹਾਜ਼ਰ ਸਨ।

## ਡੀ.ਏ.ਵੀ. ਸੈਂਟਨਰੀ ਪਬਲਿਕ ਸਕੂਲ ਦੇ ਹੋਣਹਾਰ ਵਿਦਿਆਰਥੀਆਂ ਦਾ ਸਨਮਾਨ



**ਮਾਲੇਰਕੋਟਲਾ (ਅਸਗਰ ਪਰਿਹਾਰ)**-ਡੀ.ਏ.ਵੀ. ਸੈਂਟਨਰੀ ਪਬਲਿਕ ਸਕੂਲ ਲਈ ਬੇਹੱਦ ਮਾਣ ਵਾਲੀ ਗੱਲ ਰਹੀ, ਜਦੋਂ ਸਕੂਲ ਦੇ ਦੋ ਹੋਣਹਾਰ ਵਿਦਿਆਰਥੀਆਂ ਨੂੰ ਸੀ.ਬੀ.ਐੱਸ.ਈ. ਜਮਾਤ 12ਵੀਂ ਦੀ ਬੋਰਡ ਪ੍ਰੀਖਿਆ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਨ ਲਈ ਪੰਜਾਬ ਸਰਕਾਰ ਵੱਲੋਂ ਕਰਾਏ ਗਏ 'ਬਰਾਈਟ ਮਾਈਂਡਸ ਪੰਜਾਬ 2026' ਸਨਮਾਨ ਸਮਾਰੋਹ ਵਿੱਚ ਸਨਮਾਨਤ ਕੀਤਾ ਗਿਆ।ਵਿਦਿਆਰਥੀਆਂ ਨੂੰ ਉਨ੍ਹਾਂ ਦੀ ਵਿੱਦਿਅਕ ਉੱਤਮਤਾ ਲਈ ਪੰਜਾਬ ਦੇ ਸਿੱਖਿਆ ਮੰਤਰੀ ਤੇ ਦਿੱਲੀ ਦੇ ਸਾਬਕਾ ਸਿੱਖਿਆ ਮੰਤਰੀ ਵੱਲੋਂ ਸਨਮਾਨਤ ਕੀਤਾ ਗਿਆ।12ਵੀਂ ਕਾਮਰਸ ਦੀ ਟਾਪਰ ਅਨੁਸ਼ਾ ਕਾਂਸਲ ਨੇ 96 ਪ੍ਰਤੀਸ਼ਤ ਅੰਕ ਪ੍ਰਾਪਤ ਕੀਤੇ, ਜਦਕਿ 12ਵੀਂ ਆਰਟਸ (ਕਲਾ) ਦੀ ਟਾਪਰ ਸਹਿਜਪ੍ਰੀਤ ਕੌਰ ਨੇ 96.6 ਪ੍ਰਤੀਸ਼ਤ ਅੰਕ ਹਾਸਲ ਕਰਕੇ ਸਕੂਲ ਦਾ ਨਾਂਅ ਰੌਸ਼ਨ ਕੀਤਾ। ਉਨ੍ਹਾਂ ਦੀ ਇਸ ਸ਼ਾਨਦਾਰ ਪ੍ਰਾਪਤੀ ਨੇ ਨਾ ਸਿਰਫ਼ ਉਨ੍ਹਾਂ ਨੂੰ ਪੰਜਾਬ ਸਰਕਾਰ ਵੱਲੋਂ ਸਨਮਾਨ ਦਿਵਾਇਆ, ਬਲਕਿ ਸਕੂਲ ਦੀ ਮਾਣਮੱਤੀ ਵਿੱਦਿਅਕ ਪ੍ਰੰਪਰਾ ਵਿੱਚ ਇੱਕ ਹੋਰ ਸੁਹਿਰਦ ਅਧਿਆਏ ਵੀ ਜੋੜ ਦਿੱਤਾ।ਇਸ ਪ੍ਰਾਪਤੀ 'ਤੇ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਸਕੂਲ ਦੇ ਪ੍ਰਿੰਸੀਪਲ ਸੈਣੀ ਰਣਵੀਰ ਸਿੰਘ ਨੇ ਕਿਹਾ ਕਿ ਉਨ੍ਹਾਂ ਦੀ ਇਹ ਸਫ਼ਲਤਾ ਸਖ਼ਤ ਮਿਹਨਤ, ਦ੍ਰਿੜ ਇਰਾਦੇ ਤੇ ਉੱਤਮਤਾ ਪ੍ਰਤੀ ਅਟੁੱਟ ਸਮਰਪਣ ਦਾ ਨਤੀਜਾ ਹੈ।ਉਨ੍ਹਾਂ ਕਿਹਾ ਕਿ ਇਹ ਸਨਮਾਨ ਵਿਦਿਆਰਥੀਆਂ ਦੀ ਲਗਨ ਦੇ ਨਾਲ-ਨਾਲ ਉਨ੍ਹਾਂ ਦੇ ਮਾਪਿਆਂ ਦੇ ਨਿਰੰਤਰ ਸਹਿਯੋਗ ਅਤੇ ਸਕੂਲ ਦੇ ਸਮਰਪਤ ਅਧਿਆਪਕਾਂ ਦੀ ਅਣਥੱਕ ਅਗਵਾਈ ਦਾ ਵੀ ਸਿੱਟਾ ਹੈ, ਜਿਨ੍ਹਾਂ ਨੇ ਉਨ੍ਹਾਂ ਦੇ ਵਿੱਦਿਅਕ ਸਫ਼ਰ ਨੂੰ ਸਫ਼ਲ ਬਣਾਉਣ 'ਚ ਅਹਿਮ ਭੂਮਿਕਾ ਨਿਭਾਈ।ਸਨਮਾਨ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੇ ਆਪਣੇ ਮਾਪਿਆਂ, ਅਧਿਆਪਕਾਂ ਤੇ ਸਕੂਲ ਪ੍ਰਬੰਧਕਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਵੱਕਾਰੀ ਸਨਮਾਨ ਉਨ੍ਹਾਂ ਨੂੰ ਭਵਿੱਖ ਵਿੱਚ ਵੀ ਸ਼ਾਨਦਾਰ ਪ੍ਰਦਰਸ਼ਨ ਕਰਨ ਤੇ ਨਵੀਆਂ ਬੁਲੰਦੀਆਂ ਨੂੰ ਛੂਹਣ ਲਈ ਪ੍ਰੇਰਤ ਕਰੇਗਾ।

## ਕਿਰਤੀ ਕਿਸਾਨ ਯੂਨੀਅਨ ਦੀ ਮੋਗਾ 'ਚ ਜ਼ਿਲ੍ਹਾ ਪੱਧਰੀ ਮੀਟਿੰਗ



**ਮੋਗਾ (ਇਕਬਾਲ ਸਿੰਘ ਖਹਿਰਾ)**-ਕਿਰਤੀ ਕਿਸਾਨ ਯੂਨੀਅਨ ਨੇ ਜ਼ਿਲ੍ਹਾ ਮੋਗਾ ਵੱਲੋ ਜ਼ਿਲ੍ਹੇ ਦੀ ਵਿਸਥਾਰੀ ਮੀਟਿੰਗ ਕੀਤੀ, ਜੋ ਕਿ ਮੋਗੇ ਸੁਤੰਤਰਤਾ ਸੰਘਰਾਮੀ ਹਾਲ ਵਿੱਚ ਕੀਤੀ ਗਈ।ਇਸ ਮੌਕੇ ਸੂਬਾ ਪ੍ਰਧਾਨ ਨਿਰਭੈ ਸਿੰਘ ਢੁੱਡੀਕੇ, ਸੂਬਾ ਕਮੇਟੀ ਮੈਂਬਰ ਚਮਕੌਰ ਸਿੰਘ ਰੋਡੇ ਨੇ ਵਿਸ਼ੇਸ਼ ਸ਼ਿਰਕਤ ਕੀਤੀ।ਇਹ ਮੀਟਿੰਗ ਜ਼ਿਲ੍ਹਾ ਪ੍ਰਧਾਨ ਪਰਗਟ ਸਿੰਘ ਸਾਫੂਵਾਲਾ ਦੀ ਪ੍ਰਧਾਨਗੀ ਹੇਠ ਕੀਤੀ ਗਈ।ਇਸ ਸਮੇਂ ਬੁਲਾਰਿਆਂ ਨੇ ਦੱਸਿਆ ਕਿ ਸੰਸਾਰ ਵਿੱਚ ਅਮਰੀਕਾ ਆਪਣੇ ਮੁਨਾਫ਼ੇ ਲਈ ਭਾਰਤ ਉੱਪਰ ਦਬਾਅ ਪਾ ਕੇ ਇੱਥੋਂ ਦੇ ਖੇਤੀ ਤੇ ਡੇਅਰੀ ਸੈਕਟਰ ਨੂੰ ਤਬਾਹ ਕਰਕੇ ਆਪਣੀਆਂ ਖੇਤੀ ਵਸਤਾਂ ਤੇ ਪੈਕਿੰਗ ਵਾਲਾ ਦੁੱਧ ਭਾਰਤ ਵਿੱਚ ਲਿਆ ਕੇ ਸਸਤੇ ਰੇਟਾਂ ਉੱਤੇ ਵੇਚੇਗਾ, ਜਿਸ ਕਰਕੇ ਮਹਿੰਗਾਈ ਦੀ ਮਾਰ ਝੱਲ ਰਹੇ ਲੋਕ ਇੱਕ ਵਾਰ ਤਾਂ ਸਸਤੇ ਸਾਮਾਨ ਨੂੰ ਲੈਣ ਲਈ ਜਾਣਗੇ, ਪਰ ਜਦੋਂ ਦੇਸ਼ ਦੇ ਕਿਸਾਨਾਂ ਦੀਆਂ ਖੇਤੀ ਵਸਤਾਂ ਤੇ ਦੁੱਧ ਨਾ ਵਿਕੇਗਾ, ਉਹ ਖਤਮ ਹੋ ਜਾਣਗੇ, ਬਾਅਦ ਵਿੱਚ ਵਿਦੇਸ਼ੀ ਕੰਪਨੀਆਂ ਆਪਣੀਆਂ ਵਸਤਾਂ ਦੀਆਂ ਕੀਮਤਾਂ ਮਨਮਰਜ਼ੀ ਨਾਲ ਤੈਅ ਕਰਨਗੇ, ਜਿਸ ਕਰਕੇ ਮਹਿੰਗਾਈ ਬਹੁਤ ਹੱਦ ਤੱਕ ਵੱਧ ਜਾਵੇਗੀ।ਇਸ ਦੇ ਵਿਰੋਧ ਵਿੱਚ ਸੰਯੁਕਤ ਕਿਸਾਨ ਮੋਰਚੇ ਵੱਲੋਂ 22 ਜੁਲਾਈ ਨੂੰ ਬੀਜੇਪੀ ਸਰਕਾਰ ਖਿਲਾਫ ਰੋਸ ਪ੍ਰਦਰਸ਼ਨ ਕਰਨ ਲਈ ਬੀਜੇਪੀ ਦੇ ਲੀਡਰਾਂ ਦੇ ਘਰਾਂ ਦਾ ਘਿਰਾਓ ਤੇ ਟੂਲ ਪਲਾਜ਼ੇ ਰੋਕ ਕੇ ਕੀਤਾ ਜਾਵੇਗਾ।ਮੋਗੇ ਜ਼ਿਲ੍ਹੇ ਵਿੱਚ ਕਿਰਤੀ ਕਿਸਾਨ ਯੂਨੀਅਨ ਦੇ 5 ਬਲਾਕ ਹਨ, ਜੋ ਕਿ ਵੱਖ-ਵੱਖ ਥਾਂਵਾਂ 'ਤੇ ਪ੍ਰਦਰਸ਼ਨ ਕਰਨਗੇ। ਇਸ ਮੌਕੇ ਜਸਪਾਸ ਸਿੰਘ ਪੁਰਾਣੇ ਵਾਲਾ ਜ਼ਿਲ੍ਹਾ ਮੀਤ ਪ੍ਰਧਾਨ, ਜ਼ਿਲ੍ਹਾ ਵਿੱਤ ਸਕੱਤਰ ਛਿੰਦਰਪਾਲ ਕੌਰ ਰੋਡੇ ਖੁਰਦ, ਜ਼ਿਲ੍ਹਾ ਪ੍ਰੈੱਸ ਸਕੱਤਰ ਤੀਰਥਵਿੰਦਰ ਸਿੰਘ ਘੱਲ ਕਲਾਂ, ਸਹਾਇਕ ਪ੍ਰੈਸ ਸਕੱਤਰ ਜਸਮੇਲ ਸਿੰਘ ਰਾਜਿਆਣਾ, ਮੁਖਤਿਆਰ ਸਿੰਘ ਕਾਹਨ ਸਿੰਘ ਵਾਲਾ ਬਲਾਕ ਪ੍ਰਧਾਨ ਮੋਗਾ-2, ਬੇਅੰਤ ਸਿੰਘ ਮੱਲੇਆਣਾ ਬਲਾਕ ਪ੍ਰਧਾਨ ਨਿਹਾਲ ਸਿੰਘ ਵਾਲਾ, ਬੂਟਾ ਸਿੰਘ ਤਖਾਣਵੱਧ ਬਲਾਕ ਪ੍ਰਧਾਨ ਮੋਗਾ-1, ਅਵਤਾਰ ਸਿੰਘ ਡਾਲਾ, ਅਜਮੇਰ ਸਿੰਘ ਛੋਟਾ ਘਰ ਬਲਾਕ ਪ੍ਰਧਾਨ ਬਾਘਾ ਪੁਰਾਣਾ, ਨਿਰਮਲ ਸਿੰਘ ਕਾਲੀਏ ਵਾਲਾ, ਨਾਜਰ ਸਿੰਘ ਖਾਈ, ਬਲਕਰਨ ਸਿੰਘ ਵੈਰੋਕੇ, ਬਲਵਿੰਦਰ ਸਿੰਘ ਧਰਮ ਸਿੰਘ ਵਾਲਾ, ਜਗਵਿੰਦਰ ਕੌਰ, ਲਖਵੀਰ ਸਿੰਘ ਆਦਿ ਹਾਜ਼ਰ ਸਨ।

## ਲਾਈਫ ਲਾਈਨ ਵੈੱਲਫੇਅਰ ਕਲੱਬ ਨੇ ਲੋੜਵੰਦਾਂ ਨੂੰ ਰਾਸ਼ਨ ਵੰਡਿਆ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਸਮਾਜ ਸੇਵਾ ਦੇ ਖੇਤਰ ਵਿੱਚ ਲਗਾਤਾਰ ਆਪਣਾ ਯੋਗਦਾਨ ਪਾ ਰਹੇ ਲਾਈਫ ਲਾਈਨ ਵੈੱਲਫੇਅਰ ਕਲੱਬ ਵੱਲੋਂ ਲੋੜਵੰਦ ਤੇ ਆਰਥਿਕ ਤੌਰ 'ਤੇ ਕਮਜ਼ੋਰ ਪਰਵਾਰਾਂ ਦੀ ਸਹਾਇਤਾ ਲਈ ਇੱਕ ਵਿਸ਼ੇਸ਼ ਰਾਸ਼ਨ ਵੰਡ ਸਮਾਗਮ ਕੀਤਾ ਗਿਆ।ਇਸ ਮੌਕੇ ਕਲੱਬ ਦੇ ਸੇਵਾਦਾਰਾਂ ਨੇ ਕਈ ਲੋੜਵੰਦ ਪਰਵਾਰਾਂ ਨੂੰ ਆਟਾ, ਦਾਲਾਂ, ਚੌਲ, ਖਾਣ ਵਾਲਾ ਤੇਲ, ਖੰਡ ਤੇ ਹੋਰ ਜ਼ਰੂਰੀ ਘਰੇਲੂ ਸਾਮਾਨ ਮੁਹੱਈਆ ਕਰਵਾਇਆ।ਇਸ ਉਪਰਾਲੇ ਦਾ ਉਦੇਸ਼ ਮਹਿੰਗਾਈ ਤੇ ਆਰਥਿਕ ਤੰਗੀ ਦਾ ਸਾਹਮਣਾ ਕਰ ਰਹੇ ਪਰਵਾਰਾਂ ਨੂੰ ਕੁਝ ਹੱਦ ਤੱਕ ਰਾਹਤ ਪ੍ਰਦਾਨ ਕਰਨਾ ਸੀ।ਇਹ ਸੇਵਾ ਕਾਰਜ ਰਮਨਦੀਪ ਅਰੋੜਾ ਦੀ ਅਗਵਾਈ ਹੇਠ ਕਰਵਾਇਆ ਗਿਆ।ਉਨ੍ਹਾਂ ਕਿਹਾ ਕਿ ਲਾਈਫ ਲਾਈਨ ਵੈੱਲਫੇਅਰ ਕਲੱਬ ਹਮੇਸ਼ਾ ਸਮਾਜ ਦੇ ਗਰੀਬ, ਬੇਸਹਾਰਾ ਤੇ ਲੋੜਵੰਦ ਲੋਕਾਂ ਦੀ ਮਦਦ ਲਈ ਵਚਨਬੱਧ ਰਿਹਾ ਹੈ ਅਤੇ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੇ ਸੇਵਾ ਕਾਰਜ ਲਗਾਤਾਰ ਜਾਰੀ ਰਹਿਣਗੇ।ਉਨ੍ਹਾਂ ਕਿਹਾ ਕਿ ਮਨੁੱਖਤਾ ਦੀ ਸੇਵਾ ਹੀ ਸਭ ਤੋਂ ਵੱਡਾ ਧਰਮ ਹੈ ਤੇ ਹਰ ਸਮਰੱਥ ਵਿਅਕਤੀ ਨੂੰ ਆਪਣੇ ਸਮਾਜ ਪ੍ਰਤੀ ਆਪਣੀ ਜ਼ਿੰਮੇਵਾਰੀ ਨੂੰ ਸਮਝਦਿਆਂ ਲੋੜਵੰਦਾਂ ਦੀ ਮਦਦ ਲਈ ਅੱਗੇ ਆਉਣਾ ਚਾਹੀਦਾ ਹੈ।ਇਸ ਮੌਕੇ ਚੰਡੀਗੜ੍ਹ ਯੂਨੀਵਰਸਿਟੀ ਤੋਂ ਵਿਸ਼ੇਸ਼ ਤੌਰ 'ਤੇ ਪਹੁੰਚੇ ਵਿਦਿਆਰਥੀਆਂ ਨੇ ਵੀ ਸਮਾਗਮ ਵਿੱਚ ਸਰਗਰਮ ਭੂਮਿਕਾ ਨਿਭਾਈ।ਸਮਾਗਮ ਦੌਰਾਨ ਵਿਜੇ ਮਿੱਤਲ, ਪਵਨ ਕੁਕਰੇਜਾ, ਬਿਰਬਲ ਸ਼ਰਮਾ, ਅਜੇ ਮਿੱਤਲ, ਕਮਲ, ਬੱਬੂ ਸਮੇਤ ਕਲੱਬ ਦੇ ਹੋਰ ਮੈਂਬਰ ਤੇ ਸਮਾਜ ਸੇਵੀ ਵੀ ਹਾਜ਼ਰ ਸਨ।

## ਪੀ ਏ ਯੂ ਪੈਨਸ਼ਨਰ ਵੈੱਲਫੇਅਰ ਐਸੋਸੀਏਸ਼ਨ ਦੀ ਜਨਰਲ ਬਾਡੀ ਮੀਟਿੰਗ



**ਲੁਧਿਆਣਾ (ਸਤੀਸ਼ ਸਚਦੇਵਾ)**-ਪੀਏਯੂ ਪੈਨਸ਼ਨਰ ਵੈੱਲਫੇਅਰ ਐਸੋਸੀਏਸ਼ਨ ਦੀ ਜਨਰਲ ਬਾਡੀ ਮੀਟਿੰਗ ਸਥਾਨਕ ਵਿਦਿਆਰਥੀ ਭਵਨ ਵਿਖੇ ਐਗਜ਼ੈਕਟਿਵ ਕਮੇਟੀ ਦੀ ਪ੍ਰਧਾਨਗੀ ਹੇਠ ਹੋਈ। ਪਿਛਲੇ ਦਿਨੀਂ ਸਦੀਵੀ ਵਿਛੋੜਾ ਦੇ ਗਏ ਸਾਥੀਆਂ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ।ਮੀਟਿੰਗ ਦੀ ਕਾਰਵਾਈ ਪ੍ਰੈੱਸ ਨੂੰ ਜਾਰੀ ਕਰਦਿਆਂ ਜਨਰਲ ਸਕੱਤਰ ਆਸ਼ਾ ਸਿੰਘ ਪੰਨੂ ਨੇ ਦੱਸਿਆ ਕਿ ਪਿਛਲੇ ਦਿਨੀਂ ਐਗਜ਼ੈਕਟਿਵ ਕਮੇਟੀ ਵੱਲੋਂ ਜਸਵੰਤ ਜ਼ੀਰਖ ਨੂੰ ਜਥੇਬੰਦੀ ਦਾ ਪ੍ਰਧਾਨ ਨਿਯੁਕਤ ਕਰਨ ਦੇ ਸਰਵਸੰਮਤੀ ਨਾਲ ਲਏ ਫੈਸਲੇ ਨੂੰ ਅੱਜ ਜਨਰਲ ਬਾਡੀ ਮੀਟਿੰਗ ਨੇ ਵੀ ਸਰਬਸੰਮਤੀ ਨਾਲ ਪ੍ਰਵਾਨ ਕੀਤਾ।ਪਿਛਲੇ ਦਿਨੀਂ ਵਾਇਸ ਚਾਂਸਲਰ ਸਤਬੀਰ ਸਿੰਘ ਗੋਸਲ ਨਾਲ ਪੈਨਸ਼ਨਰਾਂ ਦੇ ਮਸਲਿਆਂ ਸਬੰਧੀ ਇੱਕ ਘੰਟਾ ਚੱਲੀ ਗੱਲਬਾਤ ਦੀ ਰਿਪੋਰਟ ਵੀ ਆਸ਼ਾ ਸਿੰਘ ਪੰਨੂੰ ਜਨਰਲ ਸਕੱਤਰ ਵੱਲੋਂ ਮੀਟਿੰਗ ਦੌਰਾਨ ਵਿਸਥਾਰ ਨਾਲ ਸਾਂਝੀ ਕੀਤੀ ਗਈ।ਪੈਨਸ਼ਨਰਾਂ ਦੇ ਐੱਲ ਟੀ ਏ, ਮੈਡੀਕਲ ਬਿੱਲਾਂ ਤੇ ਰਹਿੰਦੇ ਬਕਾਇਆਂ ਬਾਰੇ ਵਾਇਸ ਚਾਂਸਲਰ ਵੱਲੋਂ ਦਿੱਤੇ ਹਾਂ-ਪੱਖੀ ਹੁੰਗਾਰੇ ਤੇ ਆਡਟ ਵਿੱਚ ਆ ਰਹੀਆਂ ਰੁਕਾਵਟਾਂ ਹੱਲ ਕਰਨ ਲਈ ਕੀਤੀਆਂ ਕੋਸ਼ਿਸ਼ਾਂ ਦੇ ਸਿੱਟੇ ਛੇਤੀ ਹੀ ਸਾਹਮਣੇ ਆਉਣ ਦਾ ਵਿਸ਼ਵਾਸ ਜਤਾਇਆ।ਇਸ ਮੌਕੇ ਐਸੋਸੀਏਸ਼ਨ ਦੇ 80 ਸਾਲ ਦੀ ਉਮਰ ਪਾਰ ਕਰ ਗਏ ਮੈਂਬਰਾਂ ਨੂੰ ਸਨਮਾਨਤ ਕੀਤਾ ਗਿਆ।ਇਸ ਮੌਕੇ ਸੁਰਿੰਦਰ ਮੋਹੀ ਤੇ ਜੈ ਪਾਲ ਸਿੰਘ ਨੇ ਆਪਣੇ ਗੀਤਾਂ ਰਾਹੀਂ ਹਾਜ਼ਰੀ ਲਗਵਾਈ।ਸਵਰਨ ਸਿੰਘ ਰਾਣਾ, ਐੱਮ ਐੱਸ ਪਰਮਾਰ, ਸੁਖਦੇਵ ਸਿੰਘ, ਤਰਸੇਮ ਸਿੰਘ, ਫ਼ਤਿਹ ਸਿੰਘ ਵਿੱਤ ਸਕੱਤਰ, ਤਜਿੰਦਰ ਮਹਿੰਦਰੂ, ਪ੍ਰੀਤਮਹਿੰਦਰ ਸਿੰਘ, ਨਛੱਤਰ ਸਿੰਘ, ਕੁਲਵੰਤ ਸਿੰਘ, ਨਿਰਮਲ ਸਿੰਘ, ਬਲਵੀਰ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਮੈਂਬਰ ਸ਼ਾਮਲ ਸਨ।

# ਰੂਹੀ ਸਿੰਘ ਤੇ ਅਲਫਾਜ਼ ਮਹਿੰਦਰ ਸਾਥੀ ਕਾਵਿ ਤੇ ਜਰਨੈਲ ਸੇਖਾ ਗਲਪ ਪੁਰਸਕਾਰਾਂ ਨਾਲ ਸਨਮਾਨਤ



**ਮੋਗਾ (ਇਕਬਾਲ ਸਿੰਘ ਖਹਿਰਾ)**

ਮਹਿੰਦਰ ਸਾਥੀ ਯਾਦਗਾਰੀ ਮੰਚ ਮੋਗਾ ਵੱਲੋਂ ਸਥਾਨਕ ਡੀ ਐੱਮ ਕਾਲਜ ਵਿੱਚ ਰਾਸ਼ਟਰੀ ਪੱਧਰ ਦਾ ਵਿਸ਼ਾਲ ਕਵੀ ਦਰਬਾਰ ਤੇ ਸਨਮਾਨ ਸਮਾਰੋਹ ਕਰਵਾਇਆ ਗਿਆ।ਸਮਾਗਮ ਦੇ ਮੁੱਖ ਮਹਿਮਾਨ ਵਜੋਂ ਪੰਜਾਬੀ ਦੇ ਨਾਮਵਰ ਸ਼ਾਇਰ ਤੇ ਸਾਹਿਤ ਅਕਾਦਮੀ ਐਵਾਰਡ ਪ੍ਰਾਪਤ ਕਰਤਾ ਦਰਸ਼ਨ ਸਿੰਘ ਬੁੱਟਰ ਸ਼ਾਮਲ ਹੋਏ।ਸਮਾਗਮ ਦੀ ਪ੍ਰਧਾਨਗੀ ਪ੍ਰਸਿੱਧ ਵਿਅੰਗਕਾਰ ਕੇ ਐੱਲ ਗਰਗ, ਮੰਚ ਦੇ ਸਰਪ੍ਰਸਤ ਕਹਾਣੀਕਾਰ ਗੁਰਮੀਤ ਕੜਿਆਲਵੀ, ਨੌਜਵਾਨ ਸ਼ਾਇਰ ਵਾਹਿਦ, ਚਿੰਤਕ ਸੁਖਜਿੰਦਰ ਫਿਰੋਜ਼ਪੁਰ ਤੇ ਆਲੋਚਕ ਡਾ. ਸੁਰਜੀਤ ਬਰਾੜ ਨੇ ਕੀਤੀ।ਸਮਾਗਮ ਵਿੱਚ ਪੰਜਾਬੀ ਦੀ ਯੁਵਾ ਕਵਿੱਤਰੀ ਰੂਹੀ ਸਿੰਘ ਨੂੰ ਮਹਿੰਦਰ ਸਾਥੀ ਯੁਵਾ ਕਾਵਿ ਪੁਰਸਕਾਰ ਨਾਲ ਸਨਮਾਨਤ ਕੀਤਾ ਗਿਆ।ਰੂਹੀ ਸਿੰਘ ਬਾਰੇ ਸਨਮਾਨ ਪੱਤਰ ਮੰਚ ਦੀ ਸੀਨੀਅਰ ਮੀਤ ਪ੍ਰਧਾਨ ਅਮਰਪ੍ਰੀਤ ਕੌਰ ਸੰਘਾ ਨੇ ਪੇਸ਼ ਕੀਤਾ।ਉਨ੍ਹਾਂ ਕਿਹਾ ਕਿ ਰੂਹੀ ਸਿੰਘ ਆਪਣੀ ਸ਼ਾਇਰੀ ਨਾਲ ਸਮਕਾਲੀ ਰਾਜਨੀਤਕ ਤੇ ਸਮਾਜਿਕ ਵਿਵਸਥਾ ਉੱਪਰ ਤਿੱਖਾ ਵਿਅੰਗ ਕਰਦੀ ਹੈ।ਉਸ ਦੀ ਸ਼ਾਇਰੀ ਸਮਾਜਿਕ ਸਰੋਕਾਰਾਂ ਨਾਲ ਜੁੜੀ ਹੋਣ ਕਰਕੇ ਅਰਥ ਭਰਪੂਰ ਵੀ ਹੈ ਤੇ ਸਮੇਂ ਦੇ ਹਾਣ ਦੀ ਵੀ ਹੈ।ਰੂਹੀ ਸਿੰਘ ਨੇ ਆਪਣੇ ਭਾਵਪੂਰਤ ਸ਼ੇਅਰਾਂ ਨਾਲ ਭਰਵੀਂ ਹਾਜ਼ਰੀ ਲਵਾਈ।

ਪੰਜਾਬੀ ਦੇ ਸਮਰੱਥ ਗਲਪਕਾਰ ਤੇ ਨਾਬਰ, ਵਿਗੋਚਾ, ਭਗੌੜਾ ਵਰਗੇ ਨਾਵਲਾਂ ਦੇ ਰਚਨਕਾਰ ਜਰਨੈਲ ਸਿੰਘ ਸੇਖਾ ਦੇ ਨਾਂ 'ਤੇ ਦਿੱਤਾ ਜਾਂਦਾ ਜਰਨੈਲ ਸਿੰਘ ਸੇਖਾ ਗਲਪ ਪੁਰਸਕਾਰ ਪੰਜਾਬੀ ਦੇ ਚਰਚਿਤ ਨੌਜਵਾਨ ਕਹਾਣੀਕਾਰ ਅਲਫਾਜ਼ ਨੂੰ ਪ੍ਰਦਾਨ ਕੀਤਾ ਗਿਆ।ਪੰਜਾਬੀ ਕਹਾਣੀਕਾਰ ਜਸਵਿੰਦਰ ਧਰਮਕੋਟ ਨੇ ਕਹਾਣੀਕਾਰ ਅਲਫਾਜ਼ ਬਾਰੇ ਸਨਮਾਨ ਪੱਤਰ ਪੇਸ਼ ਕਰਦਿਆਂ ਕਿਹਾ ਕਿ ਆਪਣੀ ਪਹਿਲੀ ਹੀ ਪੁਸਤਕ 'ਛਲਾਵਿਆਂ ਦੀ ਰੁੱਤ' ਰਾਹੀਂ ਅਲਫਾਜ਼ ਨੇ ਪੰਜਾਬੀ ਕਹਾਣੀ ਵਿੱਚ ਆਪਣਾ ਜ਼ਿਕਰਯੋਗ ਸਥਾਨ ਬਣਾਇਆ ਹੈ।ਅਲਫਾਜ਼ ਨੇ ਆਪਣੀ ਸਿਰਜਣ ਪ੍ਰਕਿਰਿਆ ਬਾਰੇ ਸੰਖੇਪ ਪਰ ਭਾਵਪੂਰਤ ਗੱਲਾਂ ਕੀਤੀਆਂ। ਸਮਾਗਮ ਦੇ ਮੁੱਖ ਮਹਿਮਾਨ ਦਰਸ਼ਨ ਬੁੱਟਰ ਵੱਲੋਂ ਨਵੇਂ ਸ਼ਾਇਰਾਂ ਨੂੰ ਸੰਬੋਧਨ ਹੁੰਦਿਆਂ ਬੜੀਆਂ ਸਾਰਥਿਕ ਗੱਲਾਂ ਕੀਤੀਆਂ।ਨਾਮਵਰ ਲੇਖਕ ਕੇ ਐਲ ਗਰਗ ਨੇ ਮਹਿੰਦਰ ਸਾਥੀ ਮੰਚ ਵੱਲੋਂ ਹਰ ਸਾਲ ਕਰਵਾਏ ਜਾਂਦੇ ਸਾਹਿਤਕ ਸਮਾਗਮਾਂ ਦੀ ਭਰਪੂਰ ਸ਼ਲਾਘਾ ਕੀਤੀ।ਆਲੋਚਕ ਡਾ. ਸੁਰਜੀਤ ਬਰਾੜ ਨੇ ਮਹਿੰਦਰ ਸਾਥੀ ਦੀ ਕਾਵਿ ਚੇਤਨਾ ਬਾਰੇ ਵਿਸਥਾਰ ਸਹਿਤ ਚਰਚਾ ਕੀਤੀ।ਪ੍ਰਧਾਨਗੀ ਮੰਡਚ 'ਚ ਬਿਰਾਜ਼ਮਾਨ ਉੱਘੇ ਨੌਜਵਾਨ ਚਿੰਤਕ ਸੁਖਜਿੰਦਰ ਫਿਰੋਜ਼ਪੁਰ ਨੇ ਇਨਕਲਾਬੀ ਸ਼ਾਇਰਾਂ ਸੰਤ ਰਾਮ ਉਦਾਸੀ, ਲਾਲ ਸਿੰਘ ਦਿਲ ਤੇ ਮਹਿੰਦਰ ਸਾਥੀ ਦੇ ਹਵਾਲੇ ਨਾਲ ਅਜੋਕੇ ਸਮੇਂ ਵਿੱਚ ਉਨ੍ਹਾਂ ਦੀ ਵਿਚਾਰਧਾਰਾ ਨੂੰ ਅੱਗੇ ਤੋਰਨ ਦੀ ਲੋੜ 'ਤੇ ਜ਼ੋਰ ਦਿੱਤਾ।ਗੁਰਮੀਤ ਕੜਿਆਲਵੀ ਨੇ ਮੰਚ ਦੀਆਂ ਪ੍ਰਾਪਤੀਆਂ ਦੀ ਚਰਚਾ ਕੀਤੀ।ਮੀਤ ਪ੍ਰਧਾਨ ਧਾਮੀ ਗਿੱਲ ਨੇ ਸਾਥੀ ਬਾਰੇ ਨਜ਼ਮ ਪੇਸ਼ ਕੀਤੀ।

ਇਸ ਮੌਕੇ ਗੁਰਪ੍ਰੀਤ ਧਰਮਕੋਟ ਦੀ ਸੰਚਾਲਨਾ ਅਧੀਨ ਹੋਏ ਰਾਸ਼ਟਰੀ ਯੁਵਾ ਕਵੀ ਦਰਬਾਰ ਵਿੱਚ ਬਟਾਲਾ ਤੋਂ ਆਏ ਸ਼ਾਇਰ ਸੁਰਿੰਦਰ ਸਿੰਘ ਬਟਾਲਾ ਤੇ ਕੇਵਲ ਕ੍ਰਾਂਤੀ ਨੇ ਆਪਣੀਆਂ ਗ਼ਜ਼ਲਾਂ ਨਾਲ ਸਮਾਗਮ ਨੂੰ ਸਿਖਰਾਂ 'ਤੇ ਪਹੁੰਚਾ ਦਿੱਤਾ।ਰਾਜਬੀਰ ਮੱਤਾ, ਗਗਨਦੀਪ ਸਿੰਘ ਦੀਪ, ਮਨਦੀਪ ਕੌਰ ਰਤਨ, ਰਣਧੀਰ, ਵੈਤਰਨੀ ਪੁਸਤਕ ਦੇ ਲੇਖਕ ਨੌਜਵਾਨ ਕਵੀ ਸੁਰਖ਼ਾਬ, ਹਰਮਨ ਸੂਫੀ, ਜਸਵੰਤ ਕੜਿਆਲ ਨੇ ਵੀ ਭਾਵਪੂਰਤ ਸ਼ਾਇਰੀ ਪੇਸ਼ ਕੀਤੀ।ਦਰਸ਼ਨ ਸੰਘਾ, ਪਿਆਰਾ ਸਿੰਘ ਚਾਹਲ ਦੀਆਂ ਤਰੰਨਮ ਭਰਪੂਰ ਰਚਨਾਵਾਂ ਨੇ ਵੀ ਭਰਪੂਰ ਪਿਆਰ ਲਿਆ।

## ਬਾਬਾ ਬੰਸੀ ਵਾਲਾ ਦੀ ਬਰਸੀ ਮੌਕੇ ਧਾਰਮਿਕ ਸਮਾਗਮ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਗੁਰੂ ਪਰਿਵਾਰ ਬਾਬਾ ਬੰਸੀ ਵਾਲਾ ਸ੍ਰੀ ਮੁਕਤਸਰ ਸਾਹਿਬ ਵੱਲੋਂ ਬਾਬਾ ਬੰਸੀ ਵਾਲਾ ਜੀ ਦੀ ਪੰਜਵੀਂ ਬਰਸੀ ਸ਼ਰਧਾ ਤੇ ਸਤਿਕਾਰ ਨਾਲ ਮਨਾਈ ਗਈ।ਇਸ ਮੌਕੇ ਸ਼ਿਵ ਸ਼ਕਤੀ ਕੁਸ਼ਟ ਆਸ਼ਰਮ ਸ੍ਰੀ ਮੁਕਤਸਰ ਸਾਹਿਬ ਵਿਖੇ ਜਲਜ਼ੀਰਾ, ਬਿਸਕੁਟ ਤੇ ਹੋਰ ਪ੍ਰਸ਼ਾਦ ਦਾ ਭੰਡਾਰਾ ਲਗਾਇਆ ਗਿਆ।ਸਮਾਗਮ ਦੌਰਾਨ ਪੰਡਿਤ ਹਰਿੰਦਰ ਮਿਸਰਾ ਵੱਲੋਂ ਪੂਜਾ-ਪਾਠ ਕਰਵਾਇਆ ਗਿਆ ਅਤੇ ਸੰਗਤ ਨੂੰ ਬਾਬਾ ਬੰਸੀ ਵਾਲਾ ਜੀ ਦੇ ਦੱਸੇ ਹੋਏ ਮਾਰਗ 'ਤੇ ਚੱਲਣ ਦਾ ਸੰਦੇਸ਼ ਦਿੱਤਾ ਗਿਆ।ਇਸ ਮੌਕੇ ਸੇਵਾਦਾਰ ਹਰਿੰਦਰ ਢੋਸੀਵਾਲ ਨੰਬਰਦਾਰ (ਪ੍ਰਧਾਨ, ਨੰਬਰਦਾਰ ਐਸੋਸੀਏਸ਼ਨ), ਗੁਣਵਾਨ ਸਿੰਘ ਢੋਸੀਵਾਲ, ਰਜਿੰਦਰ ਬੱਬੂ ਬਾਂਸਲ, ਗੋਰਾ ਬਾਂਸਲ, ਨਰੇਸ਼ ਗਿਰਧਰ (ਪੇੜਾ), ਰਾਮ ਕ੍ਰਿਸ਼ਨ, ਕਸਤੂਰੀ ਲਾਲ ਬਾਂਸਲ ਤੇ ਹੋਰ ਸੇਵਾਦਾਰ ਹਾਜ਼ਰ

## ਵਿਧਾਇਕ ਭੁੱਲਰ ਨੇ 1.71 ਕਰੋੜ ਲਾਗਤ ਵਾਲੀਆਂ ਸੜਕਾਂ ਦੇ ਕਾਰਜ ਸ਼ੁਰੂ ਕਰਵਾਏ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਫ਼ਿਰੋਜ਼ਪੁਰ ਸ਼ਹਿਰੀ ਹਲਕੇ ਦੇ ਲੋਕਾਂ ਨੂੰ ਬਿਹਤਰ ਤੇ ਸੁਵਿਧਾਜਨਕ ਸੜਕੀ ਸਹੂਲਤਾਂ ਮੁਹੱਈਆ ਕਰਵਾਉਣ ਦੇ ਉਦੇਸ਼ ਨਾਲ ਹਲਕੇ ਦੇ ਵਿਧਾਇਕ ਰਣਬੀਰ ਸਿੰਘ ਭੁੱਲਰ ਵੱਲੋਂ ਦੋ ਮਹੱਤਵਪੂਰਨ ਸੜਕਾਂ ਦੇ ਨਿਰਮਾਣ ਕਾਰਜਾਂ ਦੀ ਸ਼ੁਰੂਆਤ ਕਰਵਾਈ ਗਈ। ਇਨ੍ਹਾਂ ਵਿਚ ਕਸੂਰੀ ਗੇਟ ਤੋਂ ਬਾਰੇ ਕੇ ਚੌਂਕ ਤੱਕ 4.40 ਕਿਲੋਮੀਟਰ ਤੇ ਕਿਲ੍ਹੇ ਵਾਲਾ ਚੌਂਕ ਤੋਂ ਬਸਤੀ ਭੱਟੀਆਂ ਵਾਲੀ ਤੱਕ 1.65 ਕਿਲੋਮੀਟਰ ਲੰਬੀ ਸੜਕ ਦਾ ਨਿਰਮਾਣ ਸ਼ਾਮਲ ਹੈ। ਇਸ ਮੌਕੇ ਵਿਧਾਇਕ ਰਣਬੀਰ ਸਿੰਘ ਭੁੱਲਰ ਨੇ ਦੱਸਿਆ ਕਿ ਇਨ੍ਹਾਂ ਵਿਕਾਸ ਕਾਰਜਾਂ 'ਤੇ ਲਗਭਗ 1.71 ਕਰੋੜ ਰੁਪਏ ਦੀ ਲਾਗਤ ਆਵੇਗੀ। ਉਨ੍ਹਾਂ ਕਿਹਾ ਕਿ ਇਨ੍ਹਾਂ ਸੜਕਾਂ ਦੇ ਨਿਰਮਾਣ ਨਾਲ ਆਵਾਜਾਈ ਹੋਰ ਸੁਗਮ ਅਤੇ ਸੁਰੱਖਿਅਤ ਬਣੇਗੀ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਲੋਕਾਂ ਨੂੰ ਬੁਨਿਆਦੀ ਸਹੂਲਤਾਂ ਪ੍ਰਦਾਨ ਕਰਨ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਹਲਕੇ ਦੇ ਹਰ ਖੇਤਰ ਵਿਚ ਵੱਡੀ ਪੱਧਰ 'ਤੇ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ ਤਾਂ ਜੋ ਲੋਕਾਂ ਨੂੰ ਬਿਹਤਰ ਬੁਨਿਆਦੀ ਢਾਂਚਾ ਅਤੇ ਸੁਵਿਧਾਵਾਂ ਮੁਹੱਈਆ ਕਰਵਾਈਆਂ ਜਾ ਸਕਣ। ਉਨ੍ਹਾਂ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਵੀ ਲੋਕਾਂ ਦੀਆਂ ਲੋੜਾਂ ਨੂੰ ਧਿਆਨ ਵਿੱਚ ਰੱਖਦਿਆਂ ਵਿਕਾਸ ਕਾਰਜ ਇਸੇ ਤਰ੍ਹਾਂ ਜਾਰੀ ਰਹਿਣਗੇ।

## ਕੈਨੇਡਾ ਵਾਸੀ ਕੁੜੀ ਨੂੰ ਜਗਰਾਉਂ ਦੀ ਅਦਾਲਤ ਨੇ ਭਗੌੜਾ ਐਲਾਨਿਆ

### ਵਿਆਹ ਬਾਅਦ ਪਤੀ ਨੂੰ ਧੋਖਾ ਦੇਣ ਦੇ ਮਾਮਲੇ 'ਚ ਦਰਜ ਹੈ ਕੇਸ

**ਰਾਏਕੋਟ (ਸੰਤੋਖ ਗਿੱਲ)**-ਜ਼ਿਲ੍ਹਾ ਮਲੇਰਕੋਟਲਾ ਦੇ ਪਿੰਡ ਜਲਵਾਣਾ ਦੀ ਰਹਿਣ ਵਾਲੀ ਤੇ ਇਸ ਵੇਲੇ ਕੈਨੇਡਾ ਦੇ ਓਂਟਾਰੀਓ ਸੂਬੇ ਵਿੱਚ ਰਹਿ ਰਹੀ ਗਗਨਦੀਪ ਕੌਰ ਨੂੰ ਅਦਾਲਤ ਵਿੱਚ ਪੇਸ਼ ਨਾ ਹੋਣ ਕਾਰਨ ਜਗਰਾਉਂ ਦੀ ਅਦਾਲਤ ਨੇ ਭਗੌੜਾ ਕਰਾਰ ਦੇ ਦਿੱਤਾ ਹੈ।ਥਾਣਾ ਸਦਰ ਰਾਏਕੋਟ ਵਿੱਚ ਸਾਲ 2022 ਵਿੱਚ ਦਰਜ ਮੁਕੱਦਮੇ ਨਾਲ ਸਬੰਧਤ ਹੈ।ਇਹ ਮੁਕੱਦਮਾ ਲਵਪ੍ਰੀਤ ਸਿੰਘ ਦੀ ਸ਼ਿਕਾਇਤ 'ਤੇ ਦਰਜ ਕੀਤਾ ਗਿਆ ਸੀ।ਸ਼ਿਕਾਇਤ ਵਿੱਚ ਦੋਸ਼ ਲਾਇਆ ਸੀ ਕਿ ਉਸ ਦਾ ਵਿਆਹ ਗਗਨਦੀਪ ਕੌਰ ਨਾਲ ਇੱਕ ਕਥਿਤ 'ਇਕਰਾਰ ਅਧਾਰਤ ਵਿਆਹ' ਹੋਇਆ ਸੀ।ਇਕਰਾਰਨਾਮੇ ਅਨੁਸਾਰ ਲਵਪ੍ਰੀਤ ਸਿੰਘ ਦੇ ਪਰਿਵਾਰ ਨੇ ਗਗਨਦੀਪ ਕੌਰ ਨੂੰ ਉੱਚ ਸਿੱਖਿਆ ਲਈ ਕੈਨੇਡਾ ਭੇਜਣ ਦਾ ਸਾਰਾ ਖ਼ਰਚਾ ਚੁੱਕਿਆ ਸੀ।ਬਦਲੇ ਵਿੱਚ ਗਗਨਦੀਪ ਕੌਰ ਨੇ ਆਪਣੇ ਪਤੀ ਨੂੰ ਕੈਨੇਡਾ ਬੁਲਾ ਕੇ ਉਸ ਦੀ ਸਥਾਈ ਨਾਗਰਿਕਤਾ ਦਿਵਾਉਣ ਵਿੱਚ ਸਹਿਯੋਗ ਕਰਨਾ ਸੀ।ਸ਼ਿਕਾਇਤਕਰਤਾ ਅਨੁਸਾਰ ਕੈਨੇਡਾ ਪਹੁੰਚਣ ਤੋਂ ਕੁਝ ਸਮੇਂ ਬਾਅਦ ਹੀ ਗਗਨਦੀਪ ਕੌਰ ਨੇ ਆਪਣੇ ਪਤੀ ਨਾਲ ਗੱਲਬਾਤ ਘੱਟ ਕਰਨੀ ਸ਼ੁਰੂ ਕਰ ਦਿੱਤੀ।ਹੌਲੀ-ਹੌਲੀ ਉਸ ਨੇ ਫ਼ੋਨ 'ਤੇ ਸੰਪਰਕ ਲਗਭਗ ਖ਼ਤਮ ਕਰ ਦਿੱਤਾ ਤੇ ਬਾਅਦ ਵਿੱਚ ਵਿਆਹ ਵਾਲਾ ਰਿਸ਼ਤਾ ਵੀ ਤੋੜ ਲਿਆ।ਲਵਪ੍ਰੀਤ ਸਿੰਘ ਤੇ ਉਸ ਦੇ ਪਰਿਵਾਰ ਨੇ ਕਈ ਵਾਰ ਗਗਨਦੀਪ ਕੌਰ ਤੇ ਉਸ ਦੇ ਪੇਕੇ ਪਰਿਵਾਰ ਨਾਲ ਗੱਲਬਾਤ ਕਰਕੇ ਮਾਮਲਾ ਸੁਲਝਾਉਣ ਦੀ ਕੋਸ਼ਿਸ਼ ਕੀਤੀ।ਪੰਚਾਇਤਾਂ ਵੀ ਹੋਈਆਂ ਤੇ ਵਿਚੋਲਿਆਂ ਰਾਹੀਂ ਸਮਝੌਤੇ ਦੀਆਂ ਕੋਸ਼ਿਸ਼ਾਂ ਵੀ ਕੀਤੀਆਂ ਗਈਆਂ, ਪਰ ਕੋਈ ਹੱਲ ਨਹੀਂ ਨਿਕਲਿਆ।ਪੀੜਤ ਪਰਿਵਾਰ ਵੱਲੋਂ ਜ਼ਿਲ੍ਹਾ ਪੁਲਸ ਮੁਖੀ ਨੂੰ ਦਿੱਤੀ ਸ਼ਿਕਾਇਤ ਦੀ ਲੰਬੀ ਜਾਂਚ ਤੋਂ ਬਾਅਦ ਪੁਲਸ ਨੇ ਧੋਖਾਧੜੀ ਨਾਲ ਸਬੰਧਤ ਧਾਰਾਵਾਂ ਤਹਿਤ ਮਾਮਲਾ ਦਰਜ ਕਰ ਲਿਆ ਸੀ।

## ਨਸ਼ਿਆਂ ਦੇ ਮਾਮਲੇ 'ਚ ਕਿਸੇ ਨੂੰ ਵੀ ਬਖਸ਼ਿਆ ਨਹੀਂ ਜਾਵੇਗਾ : ਡੀ ਐੱਸ ਪੀ ਗਿੱਲ



**ਮਾਨਸਾ (ਆਤਮਾ ਸਿੰਘ ਪਮਾਰ)**-ਪੁਲਸ ਸਬ ਡਵੀਜ਼ਨ ਮਾਨਸਾ ਦਫ਼ਤਰ ਵਿਖੇ ਯੁੱਧ ਨਸ਼ਿਆਂ ਵਿਰੁੱਧ ਟੀਮ ਵੱਲੋਂ ਡੀ ਐੱਸ ਪੀ ਹਰਜਿੰਦਰ ਸਿੰਘ ਗਿੱਲ ਨਾਲ ਇੱਕ ਅਹਿਮ ਮੀਟਿੰਗ ਕੀਤੀ ਗਈ।ਮੀਟਿੰਗ ਦੌਰਾਨ ਨਸ਼ਿਆਂ ਦੇ ਖਾਤਮੇ, ਨਸ਼ਾ-ਮੁਕਤ ਸਮਾਜ ਦੀ ਸਿਰਜਣਾ ਤੇ ਲੋਕਾਂ 'ਚ ਜਾਗਰੂਕਤਾ ਵਧਾਉਣ ਸਬੰਧੀ ਵਿਸਥਾਰਤ ਵਿਚਾਰ-ਵਟਾਂਦਰਾ ਕੀਤਾ ਗਿਆ।

ਗਿੱਲ ਨੇ ਕਮੇਟੀ ਆਗੂਆਂ ਨੂੰ ਕਿਹਾ ਕਿ ਖੁੱਲ੍ਹ ਕੇ ਨਸ਼ਿਆਂ ਖ਼ਿਲਾਫ਼ ਜਾਗਰੂਕਤਾ ਤੇ ਮਾੜੇ ਅਨਸਰਾਂ ਸਬੰਧੀ ਜਾਣਕਾਰੀ ਦਿਓ, ਜੇਕਰ ਕੋਈ ਵੀ ਪੁਲਸ ਮੁਲਾਜ਼ਮ ਜਾਂ ਕਰਮਚਾਰੀ ਕਿਸੇ ਮਾੜੇ ਅਨਸਰਾਂ ਦਾ ਨਸ਼ਾ ਤਸਕਰਾਂ ਦੀ ਮੱਦਦ ਕਰਦਾ ਹੈ, ਉਸ ਖ਼ਿਲਾਫ਼ ਵੀ ਸਖ਼ਤ ਕਾਰਵਾਈ ਕੀਤੀ ਜਾਵੇਗੀ।ਜੇਕਰ ਕਿਸੇ ਨੂੰ ਕੋਈ ਵੀ ਸ਼ਿਕਾਇਤ ਹੈ, ਉਹ ਦੱਸਣ ਤਾਂ ਕਿ ਉਸ ਦਾ ਹੱਲ ਕੀਤਾ ਜਾ ਸਕੇ।ਉਨ੍ਹਾਂ ਕਿਹਾ ਕਿ ਨਸ਼ਾ ਕਈ ਪੀੜ੍ਹੀਆਂ ਦੀ ਬਰਬਾਦੀ ਕਰਦਾ ਹੈ।ਉਨ੍ਹਾਂ ਕਿਹਾ ਕਿ ਜੇਕਰ ਕਮੇਟੀ ਬਾਜ਼ ਅੱਖ ਰੱਖੇ ਤਾਂ ਸਾਡੇ ਤੱਕ ਸਹੀ ਤੇ ਸੱਚੀ ਇਤਲਾਹ ਮਿਲੇਗੀ ਤਾਂ ਹੀ ਮੁਹਿੰਮ ਦੇ ਚੰਗੇ ਨਤੀਜੇ ਜਨਤਾ ਸਾਹਮਣੇ ਆ ਸਕਣਗੇ।ਡਿਪਟੀ ਗਿੱਲ ਨੇ ਕਿਹਾ ਕਿ ਜੇਕਰ ਕਿਸੇ ਨੂੰ ਥਾਣਿਆਂ ਸਬੰਧੀ ਵੀ ਕੋਈ ਸਮੱਸਿਆ ਹੈ ਤਾਂ ਕਮੇਟੀ ਮੈਂਬਰ ਦੱਸ ਸਕਦੇ ਹਨ।ਇਸ ਮੌਕੇ ਹਾਜ਼ਰ ਮੈਂਬਰਾਂ ਨੇ ਡੀ ਐੱਸ ਪੀ ਗਿੱਲ ਨੂੰ ਵਿਸ਼ਵਾਸ ਦਿਵਾਇਆ ਕਿ ਪੁਲਸ ਨੂੰ ਮਾੜੇ ਅਨਸਰਾਂ ਖਿਲਾਫ਼ ਹਰ ਤਰ੍ਹਾਂ ਦਾ ਸਹਿਯੋਗ ਕੀਤਾ ਜਾਵੇਗਾ।

ਇਸ ਮੌਕੇ ਵਾਈਸ ਡਿਸਟ੍ਰਿਕਟ ਕੋਆਰਡੀਨੇਟਰ ਗੁਰਮੇਜ ਸਿੰਘ ਸਮਾਓਂ, ਅਸੈਂਬਲੀ ਕੋਆਰਡੀਨੇਟਰ ਮਲਕੀਤ ਸਿੰਘ, ਬਲਾਕ ਕੋਆਰਡੀਨੇਟਰ ਡਾ. ਗੁਰਤੇਜ ਸਿੰਘ, ਗੁਰਪ੍ਰੀਤ ਸਿੰਘ ਜੋਗਾ, ਗੁਰਸੇਵਕ ਸਿੰਘ, ਹਰਦੀਪ ਸਿੰਘ, ਜੱਗਾ ਸਿੰਘ ਤੇ ਸੇਵਕ ਅਕਲੀਆ ਹਾਜ਼ਰ ਸਨ।

## ਪਬਲਿਕ ਕਾਲਜ 'ਚ ਸ਼ਿਵ ਕੁਮਾਰ ਬਟਾਲਵੀ ਨੂੰ ਸਮਰਪਤ ਕਾਵਿ-ਮੁਕਾਬਲਾ



**ਸਮਾਣਾ (ਗੁਰਪਿਆਰ ਸਿੰਘ ਬੱਲ)**-ਪਬਲਿਕ ਕਾਲਜ ਸਮਾਣਾ ਵਿੱਚ ਪ੍ਰਿੰਸੀਪਲ ਡਾ. ਹਰਕੀਰਤ ਸਿੰਘ ਦੀ ਅਗਵਾਈ ਹੇਠ ਕਾਲਜ ਦੇ ਯੁਵਕ ਭਲਾਈ ਵਿਭਾਗ ਤੇ ਪੰਜਾਬੀ ਵਿਭਾਗ ਵੱਲੋਂ ਉਚੇਰੀ ਸਿੱਖਿਆ ਵਿਭਾਗ ਪੰਜਾਬ, ਵਣ ਤੇ ਜੰਗਲੀ ਸਮਾਗਮ ਦੀ ਸ਼ੁਰੂਆਤ ਵਿੱਚ ਕਾਲਜ ਦੇ ਯੁਵਕ ਭਲਾਈ ਵਿਭਾਗ ਦੇ ਇੰਚਾਰਜ ਕਾਵਿ-ਮੁਕਾਬਲੇ ਕੰਡਕਟ ਕਰਵਾਏ ਗਏ।ਇਸ ਮੌਕੇ ਡਾ. ਇਕਬਾਲ ਸਿੰਘ ਨੇ ਦੱਸਿਆ ਕਿ ਇਹ ਸਮਾਗਮ ਪੰਜਾਬੀ ਦੇ ਪ੍ਰਸਿੱਧ ਮਰਹੂਮ ਕਵੀ ਸ਼ਿਵ ਕੁਮਾਰ ਬਟਾਲਵੀ ਨੂੰ ਸਮਰਪਤ ਕੀਤਾ ਜਾ ਰਿਹਾ ਹੈ।ਉਨ੍ਹਾਂ ਦੱਸਿਆ ਕਿ ਦੇਸ਼ ਭਰ ਦੇ ਵਿਦਿਆਰਥੀ ਇਸ ਮੁਕਾਬਲੇ ਵਿੱਚ ਹਿੱਸਾ ਲੈ ਰਹੇ ਹਨ ਅਤੇ ਦੇਸ਼ ਭਰ 'ਚੋਂ ਸਰਵ-ਉੱਤਮ ਕਵਿਤਾ ਲਿਖਣ ਵਾਲੇ ਜੇਤੂ ਵਿਦਿਆਰਥੀ ਨੂੰ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵੱਲੋਂ ਸਾਲ-2025 ਦਾ ਸ਼ਿਵ ਕੁਮਾਰ ਬਟਾਲਵੀ ਸੋਨ ਤਮਗਾ ਦਿੱਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਇਸ ਕੌਮੀ ਪੱਧਰ ਦੇ ਮੁਕਾਬਲੇ ਹਿੱਤ ਹੀ ਕਾਲਜ ਵਿੱਚੋਂ ਉੱਤਮ ਕਵਿਤਾ ਲਿਖਣ ਵਾਲੇ ਵਿਦਿਆਰਥੀਆਂ ਦੀ ਚੋਣ ਲਈ ਮੁਕਾਬਲੇ ਕਰਵਾਏ ਗਏ ਹਨ।ਪੰਜਾਬੀ ਵਿਭਾਗ ਦੇ ਮੁਖੀ ਡਾ. ਅਰਵਿੰਦਰ ਕੌਰ ਨੇ ਹਾਜ਼ਰ ਵਿਦਿਆਰਥੀਆਂ ਨੂੰ ਸ਼ਿਵ ਕੁਮਾਰ ਬਟਾਲਵੀ ਦੀ ਕਵਿਤਾ ਦੇ ਮੁੱਖ ਸਰੋਕਾਰਾਂ ਬਾਰੇ ਜਾਣੂੰ ਕਰਵਾਇਆ।ਅੰਤਿਮ ਨਿਰਣੇ ਦੀ ਭੂਮਿਕਾ ਡਾ. ਬਲਕਾਰ ਸਿੰਘ ਤੇ ਪ੍ਰੋ. ਨਰਿੰਦਰ ਸਿੰਘ ਨੇ ਬਾਖ਼ੂਬੀ ਨਿਭਾਈ।ਇਸ ਮੁਕਾਬਲੇ ਵਿੱਚ ਪਹਿਲਾ, ਦੂਜਾ ਤੇ ਤੀਜਾ ਸਥਾਨ ਬੀ.ਏ. ਭਾਗ ਤੀਜਾ ਦੀਆਂ ਕ੍ਰਮਵਾਰ ਵਿਦਿਆਰਥਣਾਂ ਹਰਕੀਰਤ ਕੌਰ, ਸੋਨੀਆ ਰਾਣੀ ਤੇ ਮਨਬੀਰ ਕੌਰ ਨੇ ਹਾਸਲ ਕੀਤਾ।ਸਮਾਗਮ ਦੇ ਅੰਤ ਵਿੱਚ ਪ੍ਰੋ. ਨਰਿੰਦਰ ਸਿੰਘ ਨੇ ਸਭ ਦਾ ਧੰਨਵਾਦ ਕੀਤਾ।

## ਹੁਕਮਰਾਨ 'ਸਤਲੁਜ' ਫਿਲਮ ਨੂੰ ਰੋਕ ਕੇ ਸਿੱਖ ਜਬਰ-ਜ਼ੁਲਮ ਦੇ ਸੱਚ ਨੂੰ ਨਹੀਂ ਦਬਾਅ ਸਕਣਗੇ : ਟਿਵਾਣਾ

**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਇੰਡੀਆ ਤੇ ਪੰਜਾਬ ਦੇ ਹੁਕਮਰਾਨ ਅਤੇ ਹੁਕਮਰਾਨਾਂ ਦਾ ਗੁਲਾਮ ਬਣਿਆ ਮੀਡੀਆ ਅਕਸਰ ਪੰਜਾਬ ਸੂਬੇ ਤੇ ਸਿੱਖ ਕੌਮ ਉਤੇ ਹੋਣ ਵਾਲੇ ਹਕੂਮਤੀ ਜਬਰ ਤੇ ਸਾਜ਼ਿਸ਼ਾਂ ਨੂੰ ਉਜਾਗਰ ਕਰਨ ਦੀ ਬਜਾਇ ਪੰਜਾਬੀਆਂ ਤੇ ਸਿੱਖ ਕੌਮ, ਜੋ ਸਰਬੱਤ ਦੇ ਭਲੇ ਵਾਲੀ ਸੋਚ ਉੱਤੇ ਅਮਲ ਕਰਦੀ ਆਈ ਹੈ, ਉਸ ਨੂੰ ਬਦਨਾਮ ਵੀ ਕਰਦੇ ਆ ਰਹੇ ਹਨ ਅਤੇ ਉਨ੍ਹਾਂ ਉੱਤੇ ਨਿਰੰਤਰ ਜਬਰ ਜ਼ੁਲਮ ਵੀ ਢਾਹੁੰਦੇ ਆ ਰਹੇ ਹਨ, ਜੋ ਸਤਲੁਜ ਫਿਲਮ ਜਿਸ ਦਾ ਪਹਿਲਾ ਨਾਮ ਪੰਜਾਬ-95 ਸੀ, ਜਿਸ ਵਿੱਚ ਪੰਜਾਬ ਵਿੱਚ ਹੋਏ ਹਕੂਮਤੀ ਜਬਰ ਤੇ ਕਤਲੇਆਮ ਦੇ ਸੱਚ ਨੂੰ ਇਸ ਫਿਲਮ ਦੇ ਨਿਰਦੇਸ਼ਕ ਤੇ ਨਾਇਕਾਂ ਨੇ ਬਹੁਤ ਅੱਛੇ ਢੰਗ ਨਾਲ ਫਿਲਮਾਇਆ ਹੈ, ਜੋ ਪੰਜਾਬ ਸੂਬੇ ਤੇ ਸਿੱਖ ਕੌਮ ਸੰਬੰਧੀ ਘਟੀਆ ਸਾਜ਼ਿਸ਼ਾਂ ਨੂੰ ਪ੍ਰਤੱਖ ਕਰਦੀ ਹੈ।ਉਸ ਉਤੇ ਪੰਜਾਬ ਵਿੱਚ ਰਿਲੀਜ਼ ਹੋਣ 'ਤੇ ਪਹਿਲੇ ਰੋਕ ਲਗਾਈ ਗਈ, ਹੁਣ ਜੀ-5 ਤੋਂ ਹੁਣ ਚੱਲਣ ਵਾਲੀ ਫਿਲਮ ਨੂੰ ਰੋਕ ਕੇ ਹੁਕਮਰਾਨ ਅਸਲ ਸੱਚ ਨੂੰ ਉਜਾਗਰ ਹੋਣ ਤੋਂ ਨਾ ਤਾਂ ਕਦਾਚਿਤ ਰੋਕ ਸਕਣਗੇ ਅਤੇ ਨਾ ਹੀ ਸਿੱਖ ਕੌਮ ਦੇ ਉੱਚੇ-ਸੁੱਚੇ ਮਨੁੱਖਤਾ ਪੱਖੀ ਕਿਰਦਾਰ ਨੂੰ ਦਾਗੀ ਕਰਨ ਵਿੱਚ ਕਾਮਯਾਬ ਹੋ ਸਕਣਗੇ।ਇਹ ਵਿਚਾਰ ਸ੍ਰ. ਇਕਬਾਲ ਸਿੰਘ ਟਿਵਾਣਾ ਮੁੱਖ ਬੁਲਾਰਾ ਸਿਆਸੀ ਤੇ ਮੀਡੀਆ ਸਲਾਹਕਾਰ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਸਤਲੁਜ ਜਾਂ ਪੰਜਾਬ-95 ਦੀ ਪੰਜਾਬ ਤੇ ਸਿੱਖ ਕੌਮ ਦੇ ਅਸਲ ਸਾਜ਼ਿਸ਼ੀ ਦੁਖਾਂਤ ਨੂੰ ਸਹੀ ਰੂਪ ਵਿੱਚ ਪ੍ਰਗਟ ਕਰਨ ਵਾਲੀ ਫਿਲਮ ਉਤੇ ਸੈਂਟਰ ਤੇ ਪੰਜਾਬ ਸਰਕਾਰ ਵੱਲੋਂ ਜਬਰੀ ਰੋਕ ਲਗਾਉਣਾ ਤੇ ਸੋਸ਼ਲ ਮੀਡੀਏ ਉੱਤੇ ਪਾਬੰਦੀ ਲਗਾਉਣ ਦੀ ਅਤਿ ਸ਼ਰਮਨਾਕ ਕਾਰਵਾਈਆਂ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕਰਦੇ ਹੋਏ ਪ੍ਰਗਟ ਕੀਤੇ।

ਉਨ੍ਹਾਂ ਸ਼੍ਰੋਮਣੀ ਅਕਾਲੀ ਦਲ ਦੇ ਵੱਖ-ਵੱਖ ਧਿਰਾਂ, ਸਮਾਜਿਕ-ਧਾਰਮਿਕ ਸੰਸਥਾ ਤੇ ਸਿੱਖੀ ਸੰਸਥਾਵਾਂ ਨੂੰ ਇਹ ਸੰਜੀਦਗੀ ਭਰੀ ਅਪੀਲ ਕੀਤੀ ਕਿ ਉਹ ਸਤਲੁਜ ਫਿਲਮ ਨੂੰ ਆਪਣੇ ਪਿੰਡਾਂ, ਸ਼ਹਿਰਾਂ, ਕਸਬਿਆ ਦੇ ਗੁਰੂਘਰਾਂ ਤੇ ਹੋਰ ਸਮਾਜਿਕ ਸਥਾਨਾਂ ਵਿੱਚ ਪ੍ਰੋਜੈਕਟਰਾਂ ਰਾਹੀਂ ਵੱਧ ਤੋਂ ਵੱਧ ਸੰਗਤਾਂ ਨੂੰ ਇਸ ਫਿਲਮ ਨੂੰ ਦਿਖਾਉਣ ਦੀ ਜ਼ਿੰਮੇਵਾਰੀ ਨੂੰ ਦ੍ਰਿੜ੍ਹਤਾ ਤੇ ਸੰਜੀਦਗੀ ਨਾਲ ਨਿਭਾਉਣ ਤਾਂ ਕਿ ਹੁਕਮਰਾਨ, ਜੋ ਲੰਮੇ ਸਮੇਂ ਤੋਂ ਪੰਜਾਬ ਸੂਬੇ ਵਿੱਚ ਗੁੰਦਾਂ ਗੁੰਦ ਕੇ ਪੰਜਾਬੀਆਂ ਤੇ ਸਿੱਖ ਕੌਮ ਨੂੰ ਬਿਨਾਂ ਵਜ੍ਹਾ ਬਦਨਾਮ ਕਰਕੇ ਸਾਡੇ ਵਿਰੁੱਧ ਨਫਰਤ ਦੀ ਕੰਧ ਖੜੀ ਕਰਨ ਦੀ ਕੋਸ਼ਿਸ਼ ਕਰ ਰਿਹਾ ਹੈ, ਉਸ ਦੇ ਸੱਚ ਤੋਂ ਸਮੁੱਚੇ ਮੁਲਕ ਨਿਵਾਸੀਆਂ ਨੂੰ ਜਾਣੂ ਕਰਵਾਇਆ ਜਾ ਸਕੇ।ਉਨ੍ਹਾਂ ਕਿਹਾ ਕਿ ਕਿਸੇ ਸੱਚ ਨੂੰ ਛੁਪਾਉਣ ਲਈ ਹੁਕਮਰਾਨ ਕਿੰਨੇ ਵੀ ਅਮਲ ਕਿਉਂ ਨਾ ਕਰੇ, ਪਰ ਸੱਚ ਨੇ ਹਰ ਕੀਮਤ 'ਤੇ ਉਜਾਗਰ ਹੋਣਾ ਹੁੰਦਾ ਹੈ।ਸਰਬੱਤ ਦਾ ਭਲਾ ਲੋੜਨ ਵਾਲੀ ਹਰ ਦੀਨ ਦੁੱਖੀ, ਮਜ਼ਲੂਮ, ਲੋੜਵੰਦ ਤੇ ਔਖੇ ਸਮੇਂ ਵਿੱਚ ਕੰਮ ਆਉਣ ਵਾਲੀ ਸਿੱਖ ਕੌਮ ਦੇ ਉੱਚੇ-ਸੁੱਚੇ ਮਨੁੱਖਤਾ ਪੱਖੀ ਕਿਰਦਾਰ ਦਾ ਨੁਕਸਾਨ ਨਹੀਂ ਪਹੁੰਚਾ ਸਕੇਗੀ।

## ਸ਼ਹਿਰ ਦੇ ਆਰ ਓ ਪਲਾਂਟ ਬੰਦ, ਲੋਕ ਦੂਸ਼ਿਤ ਪਾਣੀ ਪੀਣ ਲਈ ਮਜਬੂਰ

**ਬਰੇਟਾ (ਰੀਤਵਾਲ)**-ਸ਼ਹਿਰ ਵਿੱਚ ਲੋਕਾਂ ਨੂੰ ਸਾਫ਼ ਤੇ ਸ਼ੁੱਧ ਪੀਣ ਵਾਲਾ ਪਾਣੀ ਮੁਹੱਈਆ ਕਰਵਾਉਣ ਲਈ ਲਗਾਏ ਗਏ ਆਰ. ਓ. ਪਲਾਂਟ ਲੰਬੇ ਸਮੇਂ ਤੋਂ ਬੰਦ ਪਏ ਹਨ।ਇਸ ਕਾਰਨ ਆਮ ਲੋਕ ਦੂਸ਼ਿਤ ਤੇ ਅਸੁਰੱਖਿਅਤ ਪਾਣੀ ਪੀਣ ਲਈ ਮਜਬੂਰ ਹੋ ਰਹੇ ਹਨ, ਜਿਸ ਨਾਲ ਪਾਣੀ ਰਾਹੀਂ ਫੈਲਣ ਵਾਲੀਆਂ ਬਿਮਾਰੀਆਂ ਦਾ ਖ਼ਤਰਾ ਵੀ ਵਧ ਗਿਆ ਹੈ।ਸਥਾਨਕ ਵਸਨੀਕਾਂ ਨੇ ਦੱਸਿਆ ਕਿ ਆਰ. ਓ. ਪਲਾਂਟ ਬੰਦ ਹੋਣ ਕਾਰਨ ਉਨ੍ਹਾਂ ਨੂੰ ਮਹਿੰਗੇ ਭਾਅ 'ਤੇ ਪਾਣੀ ਖ਼ਰੀਦਣਾ ਪੈਂਦਾ ਹੈ ਜਾਂ ਫਿਰ ਘਰਾਂ ਵਿੱਚ ਆਉਣ ਵਾਲੇ ਪਾਣੀ 'ਤੇ ਹੀ ਨਿਰਭਰ ਰਹਿਣਾ ਪੈਂਦਾ ਹੈ, ਜਿਸ ਦੀ ਗੁਣਵੱਤਾ ਨੂੰ ਲੈ ਕੇ ਲੋਕਾਂ ਵਿੱਚ ਚਿੰਤਾ ਹੈ।ਲੋਕਾਂ ਦਾ ਕਹਿਣਾ ਹੈ ਕਿ ਸਬੰਧਤ ਵਿਭਾਗ ਤੇ ਪ੍ਰਸ਼ਾਸਨ ਨੂੰ ਕਈ ਵਾਰ ਇਸ ਸਮੱਸਿਆ ਤੋਂ ਜਾਣੂ ਕਰਵਾਇਆ ਗਿਆ ਹੈ, ਪਰ ਅਜੇ ਤੱਕ ਕੋਈ ਢੁੱਕਵੀਂ ਕਾਰਵਾਈ ਨਹੀਂ ਕੀਤੀ ਗਈ।

ਉਨ੍ਹਾਂ ਮੰਗ ਕੀਤੀ ਕਿ ਸ਼ਹਿਰ ਦੇ ਸਾਰੇ ਬੰਦ ਪਏ ਆਰ. ਓ. ਪਲਾਂਟਾਂ ਨੂੰ ਜਲਦ ਤੋਂ ਜਲਦ ਚਾਲੂ ਕੀਤਾ ਜਾਵੇ ਤਾਂ ਜੋ ਲੋਕਾਂ ਨੂੰ ਸਾਫ਼ ਤੇ ਸੁਰੱਖਿਅਤ ਪੀਣ ਵਾਲਾ ਪਾਣੀ ਮਿਲ ਸਕੇ।ਸ਼ਹਿਰ ਵਾਸੀਆਂ ਨੇ ਚੇਤਾਵਨੀ ਦਿੱਤੀ ਕਿ ਜੇਕਰ ਇਸ ਸਮੱਸਿਆ ਦਾ ਜਲਦੀ ਹੱਲ ਨਾ ਕੀਤਾ ਗਿਆ ਤਾਂ ਉਹ ਪ੍ਰਸ਼ਾਸਨ ਖ਼ਿਲਾਫ਼ ਸੰਘਰਸ਼ ਕਰਨ ਲਈ ਮਜਬੂਰ ਹੋਣਗੇ।

## ਅਨੁਵ੍ਰਤ ਪਬਲਿਕ ਸਕੂਲ ਵੱਲੋਂ ਵਾਤਾਵਰਣ ਜਾਗਰੂਕਤਾ ਮੁਹਿੰਮ ਸ਼ੁਰੂ



**ਜਗਰਾਉਂ (ਅਮਿਤ ਖੰਨਾ)**-ਅਨੁਵ੍ਰਤ ਵਿਸ਼ਵ ਭਾਰਤੀ ਸੋਸਾਇਟੀ ਦੀ ਸਰਪ੍ਰਸਤੀ ਹੇਠ ਅਨੁਵ੍ਰਤ ਕਮੇਟੀ ਨੇ ਜਗਰਾਉਂ ਦੇ ਅਨੁਵ੍ਰਤ ਪਬਲਿਕ ਸੀ. ਐੱਸ. ਸਕੂਲ ਵਿਖੇ 'ਮੇਰਾ ਪੌਦਾ' ਨਾਲ ਅਨੁਵ੍ਰਤ ਵਾਤਾਵਰਣ ਜਾਗਰੂਕਤਾ ਮੁਹਿੰਮ ਤੇ ਅਨੁਵ੍ਰਤ ਰਚਨਾਤਮਕਤਾ ਮੁਕਾਬਲਾ 2026 ਸ਼ੁਰੂ ਕੀਤਾ।ਮੁੱਖ ਥੀਮ ਸਾਡੀ ਤਾਕਤ, ਸਾਡਾ ਪਰਿਵਾਰ ਸੀ ਤੇ ਏ.ਸੀ.ਸੀ. ਬੈਨਰ ਦਾ ਉਦਘਾਟਨ ਕੀਤਾ ਗਿਆ।ਚੇਅਰਮੈਨ ਸ੍ਰੀ ਪ੍ਰਵੀਨ ਜੈਨ ਨੇ ਕਿਹਾ ਕਿ ਆਉਣ ਵਾਲੇ ਮੁਕਾਬਲਿਆਂ ਦਾ ਥੀਮ 'ਸਾਡੀ ਤਾਕਤ, ਸਾਡਾ ਪਰਿਵਾਰ', ਭਵਿੱਖ ਦੀਆਂ ਪੀੜ੍ਹੀਆਂ ਨੂੰ ਪ੍ਰਾਚੀਨ ਤੇ ਅਮੀਰ ਸੱਭਿਆਚਾਰ ਨਾਲ ਜੋੜਨ ਤੇ ਪਰਿਵਾਰ ਦੀ ਮਹੱਤਤਾ ਨੂੰ ਸਮਝਣ ਲਈ ਇੱਕ ਸਕਾਰਾਤਮਕ ਯਤਨ ਹੈ।ਕਮੇਟੀ ਦੇ ਪ੍ਰਧਾਨ ਰਾਜਪਾਲ ਜੈਨ ਨੇ ਕਿਹਾ ਕਿ 'ਮੇਰਾ ਪੌਦਾ, ਨਾਲ ਅਨੁਵ੍ਰਤ' ਲਗਾਉਣ ਦਾ ਉਦੇਸ਼ ਬੱਚਿਆਂ ਨੂੰ ਵਾਤਾਵਰਣ ਸੁਰੱਖਿਆ ਤੇ ਸੰਭਾਲ ਬਾਰੇ ਸਿੱਖਿਅਤ ਕਰਨਾ ਹੈ।ਅਨੁਵ੍ਰਤ ਪਬਲਿਕ ਸੀ. ਐੱਸ. ਦੇ ਚੇਅਰਮੈਨ ਜਨਕ ਰਾਜ ਜੈਨ ਵੀ ਇਸ ਮੌਕੇ ਮੌਜੂਦ ਸਨ।ਇਸ ਮੌਕੇ ਸ਼੍ਰੀਮਤੀ ਅਮਰਜੀਤ ਕੌਰ ਡਾਇਰੈਕਟਰ ਅਨੁਵ੍ਰਤ ਪਬਲਿਕ ਸੀਨੀਅਰ ਸੈਕੰਡਰੀ ਸਕੂਲ, ਸ਼੍ਰੀਮਤੀ ਗੋਲਡੀ ਜੈਨ ਪ੍ਰਿੰਸੀਪਲ, ਸ਼੍ਰੀਮਤੀ ਪੂਜਾ ਜੈਨ ਸੰਯੁਕਤ ਸਕੱਤਰ ਤੇ ਹੋਰ ਕਮੇਟੀ ਮੈਂਬਰ ਆਦਿ ਮੌਜੂਦ ਸਨ।

## ਨੌਜਵਾਨਾਂ ਵੱਲੋਂ ਆਧੁਨਿਕ ਸਟੇਡੀਅਮ ਬਣਾਉਣ ਦੀ ਮੰਗ

**ਬਰੇਟਾ (ਰੀਤਵਾਲ)**-ਸ਼ਹਿਰ ਤੇ ਆਸ-ਪਾਸ ਦੇ ਇਲਾਕਿਆਂ ਦੇ ਨੌਜਵਾਨਾਂ, ਖਿਡਾਰੀਆਂ ਤੇ ਸਮਾਜਿਕ ਸੰਸਥਾਵਾਂ ਨੇ ਸਰਕਾਰ ਤੇ ਪ੍ਰਸ਼ਾਸਨ ਤੋਂ ਸ਼ਹਿਰ ਵਿੱਚ ਇੱਕ ਆਧੁਨਿਕ ਸਟੇਡੀਅਮ ਬਣਾਉਣ ਦੀ ਮੰਗ ਕੀਤੀ ਹੈ।ਉਨ੍ਹਾਂ ਦਾ ਕਹਿਣਾ ਹੈ ਕਿ ਖੇਡਾਂ ਲਈ ਉਚਿਤ ਸਹੂਲਤਾਂ ਨਾ ਹੋਣ ਕਾਰਨ ਨੌਜਵਾਨਾਂ ਦੀ ਪ੍ਰਤਿਭਾ ਨਿਖਰ ਨਹੀਂ ਪਾ ਰਹੀ।ਖਿਡਾਰੀਆਂ ਨੇ ਦੱਸਿਆ ਕਿ ਉਨ੍ਹਾਂ ਨੂੰ ਅਭਿਆਸ ਲਈ ਦੂਜੇ ਸ਼ਹਿਰਾਂ ਦਾ ਰੁਖ ਕਰਨਾ ਪੈਂਦਾ ਹੈ, ਜਿਸ ਨਾਲ ਸਮਾਂ ਤੇ ਪੈਸੇ ਦੋਵਾਂ ਦੀ ਬਰਬਾਦੀ ਹੁੰਦੀ ਹੈ।ਉਨ੍ਹਾਂ ਕਿਹਾ ਕਿ ਜੇਕਰ ਸ਼ਹਿਰ ਵਿੱਚ ਆਧੁਨਿਕ ਸਟੇਡੀਅਮ ਬਣਾਇਆ ਜਾਵੇ ਤਾਂ ਐਥਲੈਟਿਕਸ, ਕ੍ਰਿਕਟ, ਫੁੱਟਬਾਲ, ਕਬੱਡੀ ਤੇ ਹੋਰ ਖੇਡਾਂ ਨੂੰ ਉਤਸ਼ਾਹ ਮਿਲੇਗਾ ਅਤੇ ਨੌਜਵਾਨ ਨਸ਼ਿਆਂ ਤੋਂ ਦੂਰ ਰਹਿ ਕੇ ਖੇਡਾਂ ਵੱਲ ਪ੍ਰੇਰਿਤ ਹੋਣਗੇ।

ਇਲਾਕਾ ਵਾਸੀਆਂ ਨੇ ਸਰਕਾਰ ਤੋਂ ਮੰਗ ਕੀਤੀ ਕਿ ਜਲਦ ਤੋਂ ਜਲਦ ਸਟੇਡੀਅਮ ਦੀ ਉਸਾਰੀ ਲਈ ਯੋਗ ਜ਼ਮੀਨ ਦੀ ਚੋਣ ਕਰਕੇ ਪ੍ਰੋਜੈਕਟ ਨੂੰ ਮਨਜ਼ੂਰੀ ਦਿੱਤੀ ਜਾਵੇ, ਤਾਂ ਜੋ ਖਿਡਾਰੀਆਂ ਨੂੰ ਬਿਹਤਰ ਖੇਡ ਸਹੂਲਤਾਂ ਮਿਲ ਸਕਣ ਤੇ ਇਲਾਕੇ ਦਾ ਨਾਮ ਖੇਡਾਂ ਦੇ ਖੇਤਰ ਵਿੱਚ ਰੌਸ਼ਨ ਹੋ ਸਕੇ।

## ਫੂਡ ਕਮਿਸ਼ਨ ਦੇ ਮੈਂਬਰ ਸੇਖੋਂ ਵੱਲੋਂ ਡੀਪੂ ਹੋਲਡਰਾਂ, ਟਰੱਕ ਤੇ ਮਜ਼ਦੂਰ ਯੂਨੀਅਨਾਂ ਨਾਲ ਬੈਠਕ



**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਪੰਜਾਬ ਸਟੇਟ ਫੂਡ ਕਮਿਸ਼ਨ ਦੇ ਮੈਂਬਰ ਜਸਵੀਰ ਸਿੰਘ ਸੇਖੋਂ ਨੇ ਮੁੱਖ ਮੰਤਰੀ ਸਹਾਇਤਾ ਕੇਂਦਰ ਧੂਰੀ ਵਿਖੇ ਖੁਰਾਕ, ਸਿਵਲ ਸਪਲਾਈ ਤੇ ਖਪਤਕਾਰ ਮਾਮਲੇ ਵਿਭਾਗ ਦੇ ਅਧਿਕਾਰੀਆਂ, ਡੀਪੂ ਹੋਲਡਰਾਂ, ਟਰੱਕ ਯੂਨੀਅਨ ਤੇ ਮਜ਼ਦੂਰ ਯੂਨੀਅਨ ਦੇ ਨੁਮਾਇੰਦਿਆਂ ਨਾਲ ਮੀਟਿੰਗ ਕਰਦਿਆਂ ਲੋਕਾਂ ਨੂੰ ਜਨਤਕ ਵੰਡ ਪ੍ਰਣਾਲੀ ਤਹਿਤ ਸਮੇਂ ਸਿਰ ਉੱਚ ਗੁਣਵੱਤਾ ਵਾਲਾ ਅਨਾਜ ਮੁਹੱਈਆ ਕਰਵਾਉਣ ਲਈ ਆਪਸੀ ਤਾਲਮੇਲ ਨੂੰ ਹੋਰ ਮਜ਼ਬੂਤ ਬਣਾਉਣ 'ਤੇ ਜ਼ੋਰ ਦਿੱਤਾ।ਇਸ ਮੌਕੇ ਜਸਵੀਰ ਸਿੰਘ ਸੇਖੋਂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਪਹਿਲ ਹੈ ਕਿ ਹਰ ਯੋਗ ਲਾਭਪਾਤਰੀ ਨੂੰ ਨਿਰਧਾਰਤ ਸਮੇਂ ਅੰਦਰ ਮਿਆਰੀ ਤੇ ਵਧੀਆ ਗੁਣਵੱਤਾ ਵਾਲਾ ਅਨਾਜ ਮਿਲੇ।ਉਨ੍ਹਾਂ ਸਪੱਸ਼ਟ ਕੀਤਾ ਕਿ ਅਨਾਜ ਦੀ ਗੁਣਵੱਤਾ ਨਾਲ ਕਿਸੇ ਵੀ ਤਰ੍ਹਾਂ ਦਾ ਸਮਝੌਤਾ ਜਾਂ ਅਣਗਹਿਲੀ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤੀ ਜਾਵੇਗੀ ਤੇ ਇਸ ਸਬੰਧੀ ਲਾਪ੍ਰਵਾਹੀ ਕਰਨ ਵਾਲਿਆਂ ਖ਼ਿਲਾਫ਼ ਬਣਦੀ ਕਾਰਵਾਈ ਕੀਤੀ ਜਾਵੇਗੀ।ਉਨ੍ਹਾਂ ਡੀਪੂ ਹੋਲਡਰਾਂ, ਟਰੱਕ ਯੂਨੀਅਨ ਤੇ ਮਜ਼ਦੂਰ ਯੂਨੀਅਨ ਨੂੰ ਅਪੀਲ ਕੀਤੀ ਕਿ ਉਹ ਖੁਰਾਕ ਤੇ ਸਿਵਲ ਸਪਲਾਈ ਵਿਭਾਗ ਨਾਲ ਪੂਰੇ ਤਾਲਮੇਲ ਨਾਲ ਕੰਮ ਕਰਦਿਆਂ ਲੋਕਾਂ ਤੱਕ ਸਮੇਂ ਸਿਰ ਅਨਾਜ ਪਹੁੰਚਾਉਣਾ ਯਕੀਨੀ ਬਣਾਉਣ। ਉਨ੍ਹਾਂ ਮਜ਼ਦੂਰ ਯੂਨੀਅਨ ਦੇ ਨੁਮਾਇੰਦਿਆਂ ਨੂੰ ਲੇਬਰ ਸਮੇਂ ਸਿਰ ਗੋਦਾਮਾਂ ਵਿੱਚ ਪਹੁੰਚਣਾ ਯਕੀਨੀ ਬਣਾਉਣ ਲਈ ਕਿਹਾ, ਤਾਂ ਜੋ ਅਨਾਜ ਦੀ ਲੋਡਿੰਗ ਤੇ ਵੰਡ ਵਿੱਚ ਕਿਸੇ ਤਰ੍ਹਾਂ ਦੀ ਦੇਰੀ ਨਾ ਹੋਵੇ।ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਸੁਖਚੈਨ ਸਿੰਘ, ਮੁੱਖ ਮੰਤਰੀ ਫੀਲਡ ਅਫ਼ਸਰ ਅਰਵਿੰਦ ਕੁਮਾਰ, ਜ਼ਿਲ੍ਹਾ ਖੁਰਾਕ ਤੇ ਸਿਵਲ ਸਪਲਾਈ ਕੰਟਰੋਲਰ (ਡੀ.ਐੱਫ਼.ਐੱਸ.ਸੀ.) ਗੁਰਪ੍ਰੀਤ ਸਿੰਘ ਕੰਗ, ਖੁਰਾਕ ਤੇ ਸਿਵਲ ਸਪਲਾਈ ਵਿਭਾਗ ਦੇ ਹੋਰ ਅਧਿਕਾਰੀ, ਡੀਪੂ ਹੋਲਡਰ, ਟਰੱਕ ਯੂਨੀਅਨ ਤੇ ਮਜ਼ਦੂਰ ਯੂਨੀਅਨ ਦੇ ਨੁਮਾਇੰਦੇ ਹਾਜ਼ਰ ਸਨ।

## ਹੋਲੀ ਹਾਰਟ ਸਕੂਲ ਅਜੀਤਵਾਲ 'ਚ ਹੋਏ ਰੋਮਾਂਚਕ ਕ੍ਰਿਕਟ ਮੈਚ



**ਅਜੀਤਵਾਲ (ਨਛੱਤਰ ਸੰਧੂ)**-ਹੋਲੀ ਹਾਰਟ ਅਜੀਤਵਾਲ ਵਿਖੇ ਖੇਡ ਮੈਦਾਨ ਵਿੱਚ ਇੱਕ ਬਹੁਤ ਹੀ ਰੋਮਾਂਚਕ ਅਤੇ ਯਾਦਗਾਰੀ ਕ੍ਰਿਕਟ ਮੈਚ ਖੇਡਿਆ ਗਿਆ।ਇਹ ਵਿਸ਼ੇਸ਼ ਮੁਕਾਬਲਾ ਦਸਵੀਂ ਤੇ ਨੌਵੀਂ ਜਮਾਤ ਦੇ ਵਿਦਿਆਰਥੀਆਂ ਵਿਚਕਾਰ ਕਰਾਇਆ ਗਿਆ ਸੀ, ਜਿਸ ਨੂੰ ਦੇਖਣ ਲਈ ਪੂਰੇ ਸਕੂਲ ਦੇ ਵਿਦਿਆਰਥੀ ਅਤੇ ਅਧਿਆਪਕ ਬਹੁਤ ਉਤਸ਼ਾਹਤ ਸਨ।ਮੈਚ ਦੀ ਸ਼ੁਰੂਆਤ ਸਵੇਰੇ 9 ਵਜੇ ਸਕੂਲ ਦੇ ਪ੍ਰਿੰਸੀਪਲ ਸ਼ਾਕਸ਼ੀ ਗੁਲੇਰੀਆ ਜੀ ਵੱਲੋਂ ਟਾਸ ਕਰਾ ਕੇ ਕੀਤੀ ਗਈ।ਨੌਵੀਂ ਜਮਾਤ ਦੇ ਕਪਤਾਨ ਨੇ ਟਾਸ ਜਿੱਤ ਕੇ ਪਹਿਲਾਂ ਗੇਂਦਬਾਜ਼ੀ ਦਾ ਫੈਸਲਾ ਕੀਤਾ।ਦਸਵੀਂ ਜਮਾਤ ਦੀ ਟੀਮ ਨੇ ਪਹਿਲਾਂ ਬੱਲੇਬਾਜ਼ੀ ਕਰਦਿਆਂ ਬਹੁਤ ਹੀ ਸ਼ਾਨਦਾਰ ਪ੍ਰਦਰਸ਼ਨ ਕੀਤਾ।ਉਨ੍ਹਾਂ ਦੇ ਸਲਾਮੀ ਬੱਲੇਬਾਜ਼ਾਂ ਨੇ ਮੈਦਾਨ ਦੇ ਚਾਰੇ ਪਾਸੇ ਚੌਕੇ ਅਤੇ ਛੱਕੇ ਲਗਾ ਕੇ ਸਕੋਰ ਬੋਰਡ ਨੂੰ ਤੇਜ਼ੀ ਨਾਲ ਅੱਗੇ ਵਧਾਇਆ।ਸਕੂਲ ਦੇ ਚੇਅਰਮੈਨ ਸ਼ੁਭਾਸ਼ ਪਲਤਾ ਜੀ ਅਤੇ ਡਾਇਰੈਕਟਰ ਸ਼੍ਰੇਆ ਪਲਤਾ ਜੀ ਹਾਜ਼ਰ ਹੋਏ ਤੇ ਉਨ੍ਹਾਂ ਨੇ ਦੋਨਾਂ ਟੀਮਾਂ ਨੂੰ ਹੌਸਲਾ ਦਿੰਦੇ ਹੋਏ ਪੂਰੇ ਜੋਸ਼ ਨਾਲ ਖੇਡਣ ਲਈ ਪ੍ਰੇਰਿਤ ਕੀਤਾ।ਨਾਲ ਹੀ ਉਨ੍ਹਾਂ ਨੇ ਦੋਨਾਂ ਟੀਮਾਂ ਦੇ ਲਈ ਰਿਫਰੈਸ਼ਮੈਂਟ ਡਰਿੰਕਸ ਦਾ ਪ੍ਰਬੰਧ ਕੀਤਾ।ਪਾਰੀ ਦੇ ਹਾਫ਼-ਟਾਈਮ ਦੌਰਾਨ ਸਕੂਲ ਦੀ ਸੱਭਿਆਚਾਰਕ ਕਮੇਟੀ ਅਤੇ ਬੈਂਡ ਵੱਲੋਂ ਖ਼ੂਬਸੂਰਤ ਪੇਸ਼ਕਾਰੀ ਕੀਤੀ ਗਈ, ਜਿਸ ਨੇ ਮੈਦਾਨ ਵਿੱਚ ਮੌਜੂਦ ਸਭਨਾਂ ਦਾ ਮਨ ਮੋਹ ਲਿਆ ਅਤੇ ਖਿਡਾਰੀਆਂ ਦਾ ਤਣਾਅ ਘੱਟ ਕੀਤਾ।ਮੈਚ ਦੀ ਸਮਾਪਤੀ ਤੋਂ ਤੁਰੰਤ ਬਾਅਦ ਮੈਦਾਨ ਦੇ ਮੁੱਖ ਮੰਚ 'ਤੇ ਇਨਾਮ ਵੰਡ ਸਮਾਰੋਹ ਦਾ ਆਯੋਜਨ ਕੀਤਾ ਗਿਆ।ਸਕੂਲ ਦੀ ਪੂਰੀ ਪ੍ਰਬੰਧਨ ਕਮੇਟੀ ਅਤੇ ਪ੍ਰਿੰਸੀਪਲ ਨੇ ਜੇਤੂ ਟੀਮ ਦੇ ਕਪਤਾਨ ਨੂੰ ਚਮਕਦੀ ਹੋਈ ਸੁਨਹਿਰੀ ਟਰਾਫੀ ਸੌਂਪੀ ਤੇ ਦੋਵਾਂ ਟੀਮਾਂ ਦੇ ਖਿਡਾਰੀਆਂ ਦੀ ਖੇਡ ਭਾਵਨਾ ਤੇ ਅਨੁਸ਼ਾਸਨ ਦੀ ਭਰਪੂਰ ਸ਼ਲਾਘਾ ਕੀਤੀ।

## ਸ਼੍ਰੋਮਣੀ ਲਿਖਾਰੀ ਬੋਰਡ ਨੇ ਨਾਵਲਕਾਰ ਅਵਤਾਰ ਸਿੰਘ ਤੂਫਾਨ ਦਾ ਜਨਮ ਦਿਨ ਮਨਾਇਆ

**ਲੁਧਿਆਣਾ (ਰੈਕਟਰ ਕਥੂਰੀਆ)**

ਬਹੁਪੱਖੀ ਸਾਹਿਤਕਾਰ, ਪੰਜਾਬੀ ਭਾਸ਼ਾ ਦੇ ਪਹਿਲੇ ਜਾਸੂਸੀ ਨਾਵਲਕਾਰ ਤੇ ਪੰਥਕ ਕਵੀ ਸਵ: ਅਵਤਾਰ ਸਿੰਘ ਤੂਫਾਨ ਦਾ 94ਵਾਂ ਜਨਮ ਦਿਨ ਕੈਰੀਅਰ ਕਾਲਜ ਦੇ ਦਫਤਰ ਵਿਖੇ ਸ਼੍ਰੋਮਣੀ ਲਿਖਾਰੀ ਬੋਰਡ ਪੰਜਾਬ ਰਜਿ ਵੱਲੋਂ ਕਰਾਈ ਗਈ ਮਹੀਨਾਵਾਰ ਸਾਹਿਤਕ ਮਿਲਣੀ ਦੌਰਾਨ ਬੋਰਡ ਦੇ ਪ੍ਰਧਾਨ ਪ੍ਰਭ ਕਿਰਨ ਸਿੰਘ ਦੀ ਪ੍ਰਧਾਨਗੀ ਤੇ ਉਸਤਾਦ ਕਵੀਆਂ ਹਰਦੇਵ ਸਿੰਘ ਕਲਸੀ, ਭੁਪਿੰਦਰ ਸਿੰਘ ਸੈਣੀ ਤੇ ਜੁਗਿੰਦਰ ਸਿੰਘ ਕੰਗ ਦੀ ਸਰਪ੍ਰਸਤੀ ਹੇਠ ਮਨਾਇਆ ਗਿਆ।ਪ੍ਰਧਾਨ ਪ੍ਰਭ ਕਿਰਨ ਸਿੰਘ ਨੇ ਪਿਤਾ ਅਵਤਾਰ ਸਿੰਘ ਤੂਫਾਨ ਵੱਲੋਂ ਲਿਖਿਆ ਹਾਸ ਵਿਅੰਗ 'ਡੈਡੀ ਦਾ ਜਨਮ ਦਿਨ' ਬਾਖੂਬੀ ਸੁਣਾ ਕੇ ਸਾਹਿਤਕ ਮਿਲਣੀ ਦਾ ਆਗਾਜ਼ ਕੀਤਾ ਗਿਆ।ਬੋਰਡ ਦੇ ਜ. ਸਕੱਤਰ ਤੇ ਗਾਇਕ ਪ੍ਰਮਿੰਦਰ ਸਿੰਘ ਅਲਬੇਲਾ ਨੇ ਮੰਚ ਸੰਚਾਲਨ ਕਰਦਿਆਂ ਗੀਤ ਪੇਸ਼ ਕੀਤਾ।



ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਏ ਹਿੰਦੀ ਦੇ ਸ਼ਾਇਰ ਆਸ਼ੂ ਗਰਗ ਨੇ 'ਨਹੀਂ ਸਰ ਕੋ ਝੁਕਾਨਾ ਚਾਹੀਏ ਥਾ' ਨਾਲ ਖੂਬ ਰੰਗ ਬੰਨ੍ਹੀ ਰੱਖਿਆ, ਜਦਕਿ ਸ਼ਾਇਰਾ ਜੋਤੀ ਬਜਾਜ ਨੇ ਬੱਚਿਆਂ ਵਲੋਂ ਕੀਤੀਆਂ ਜਾਂਦੀਆਂ ਸ਼ਰਾਰਤਾਂ ਤੇ ਗੀਤਕਾਰ ਸੁਖਬੀਰ ਸੰਧੇ ਨੇ ਮੁਫਤ ਦੀਆਂ ਟੈਨਸ਼ਨਾਂ ਨੂੰ ਦਰਸਾਉਂਦੀਆਂ ਕਵਿਤਾਵਾਂ ਪੀੜ੍ਹੀਆਂ।'ਧੰਨ ਲਿਖਾਰੀ ਨਾਨਕਾ' ਦੀ ਸੰਚਾਲਿਕਾ ਸਿਮਰਨ ਧੁੱਗਾ, ਗੀਤਕਾਰ ਜਗਪਾਲ ਸਿੰਘ ਜੱਗਾ ਜਮਾਲਪੁਰੀ ਤੇ ਬਜ਼ੁਰਗ ਕਵੀ ਹਰਦੇਵ ਸਿੰਘ ਕਲਸੀ ਨੇ ਆਪਣੇ-ਆਪਣੇ ਅੰਦਾਜ਼ ਵਿੱਚ ਤੂਫਾਨ ਸਾਹਿਬ ਦੇ ਜੀਵਨ 'ਤੇ ਅਧਾਰਤ ਬਾਕਮਾਲ ਕਾਵਿ ਚਿਤਰਣ ਪੇਸ਼ ਕੀਤੇ।ਕਹਾਣੀਕਾਰ ਪੰਮੀ ਹਬੀਬ ਨੇ 'ਬੱਚੇ ਦੋ ਹੀ ਅੱਛੇ' ਮਿੰਨੀ ਕਹਾਣੀ ਨਾਲ ਸਮਾਜ ਨੂੰ ਖੂਬਸੂਰਤ ਸੰਦੇਸ਼ ਦਿੱਤਾ, ਜਦਕਿ ਵਿਸ਼ਵ ਪੰਜਾਬੀ ਕਵੀ ਸਭਾ ਦੇ ਪ੍ਰਧਾਨ ਜੁਗਿੰਦਰ ਸਿੰਘ ਕੰਗ ਨੇ ਛੇਵੇਂ ਪਾਤਸ਼ਾਹ ਹਰਗੋਬਿੰਦ ਸਾਹਿਬ ਜੀ ਦੇ ਪ੍ਰਕਾਸ਼ ਪੁਰਬ 'ਤੇ ਕਵਿਤਾ ਬੋਲੀ।ਦਲਬੀਰ ਸਿੰਘ ਕਲੇਰ ਤੇ ਜੁਗਰਾਜ ਐਲੋਵਾਲੀਆ (ਮੁੰਦਰਾਂ ਵਾਲਾ ਮੁੰਡਾ) ਗਾਇਕਾਂ ਵੱਲੋਂ ਗਾਏ ਗੀਤਾਂ ਨੇ ਖੂਬ ਵਾਹ ਵਾਹ ਬਟੋਰੀ।ਹਾਜ਼ਰ ਸਾਹਿਤਕਾਰਾਂ ਵੱਲੋਂ ਤੂਫ਼ਾਨ ਸਾਹਿਬ ਦੀ ਤਸਵੀਰ ਦੀ ਥਾਂ ਉਨ੍ਹਾਂ ਦੀਆਂ ਪ੍ਰਕਾਸ਼ਤ ਪੁਸਤਕਾਂ ਨੂੰ ਪ੍ਰਦਰਸ਼ਿਤ ਕਰਦਿਆਂ ਕੇਕ ਕੱਟ ਕੇ ਨਾਲ ਜਨਮ ਦਿਨ ਦੀ ਰਸਮ ਨਿਭਾਈ ਗਈ।ਤੂਫ਼ਾਨ ਸਾਹਿਬ ਮੈਮੋਰੀਅਲ ਐਜੂਕੇਸ਼ਨਲ ਸੁਸਾਇਟੀ ਰਜਿ ਵੱਲੋਂ ਵਿਜੇ ਕਲਿਆਣ ਨੇ ਸਾਹਿਤਕਾਰਾਂ ਦੀ ਖ਼ਿਦਮਤ ਲਈ ਸ਼ਲਾਘਾਯੋਗ ਪ੍ਰਬੰਧ ਕੀਤਾ ਹੋਇਆ ਸੀ।

## ਖੁੱਲ੍ਹੇ ਪਏ ਬੋਰਵੈੱਲਾਂ ਨੂੰ ਤੁਰੰਤ ਭਰਨ ਦੇ ਨਿਰਦੇਸ਼

**ਬਠਿੰਡਾ (ਪਰਵਿੰਦਰ ਜੀਤ ਸਿੰਘ)**

ਡਿਪਟੀ ਕਮਿਸ਼ਨਰ ਸ੍ਰੀ ਰਾਜੇਸ਼ ਧੀਮਾਨ ਨੇ ਜ਼ਿਲ੍ਹੇ ਦੇ ਸਮੂਹ ਕਿਸਾਨਾਂ, ਜ਼ਮੀਨ ਮਾਲਕਾਂ ਤੇ ਆਮ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਆਪਣੇ ਖੇਤਾਂ ਜਾਂ ਹੋਰ ਥਾਵਾਂ 'ਤੇ ਖੁੱਲ੍ਹੇ ਪਏ ਬੋਰਵੈੱਲ, ਟਿਊਬਵੈੱਲ ਜਾਂ ਅਣਵਰਤੇ ਬੋਰਹੋਲ ਨੂੰ ਤੁਰੰਤ ਭਰ ਕੇ ਜਾਂ ਸੁਰੱਖਿਅਤ ਢੰਗ ਨਾਲ ਪਲੱਗ ਕੀਤਾ ਜਾਵੇ।ਖੁੱਲ੍ਹੇ ਬੋਰਵੈੱਲ ਮਨੁੱਖਾਂ ਤੇ ਪਸ਼ੂਆਂ ਲਈ ਗੰਭੀਰ ਹਾਦਸਿਆਂ ਦਾ ਕਾਰਨ ਬਣ ਸਕਦੇ ਹਨ।ਡਿਪਟੀ ਕਮਿਸ਼ਨਰ ਨੇ ਕਿਹਾ ਕਿ ਜੇਕਰ ਕੋਈ ਬੋਰਵੈੱਲ ਵਰਤੋਂ ਵਿੱਚ ਨਹੀਂ ਹੈ ਤਾਂ ਉਸ ਨੂੰ ਨਿਰਧਾਰਤ ਸੁਰੱਖਿਆ ਮਾਪਦੰਡਾਂ ਅਨੁਸਾਰ ਪੱਕੇ ਤੌਰ 'ਤੇ ਬੰਦ ਕੀਤਾ ਜਾਵੇ, ਤਾਂ ਜੋ ਕਿਸੇ ਵੀ ਤਰ੍ਹਾਂ ਦੀ ਅਣਸੁਖਾਵੀਂ ਘਟਨਾ ਤੋਂ ਬਚਿਆ ਜਾ ਸਕੇ।ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਵੀ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ ਕਿ ਉਹ ਆਪਣੇ ਖੇਤਰ ਵਿੱਚ ਖੁੱਲ੍ਹੇ ਪਏ ਬੋਰਵੈੱਲਾਂ ਦੀ ਪਛਾਣ ਕਰਕੇ ਉਨ੍ਹਾਂ ਨੂੰ ਤੁਰੰਤ ਭਰਨ ਜਾਂ ਪਲੱਗ ਕਰਵਾਉਣ ਨੂੰ ਯਕੀਨੀ ਬਣਾਉਣ।ਇਸ ਤੋਂ ਇਲਾਵਾ ਲੋਕਾਂ ਨੂੰ ਅਪੀਲ ਕੀਤੀ ਗਈ ਕਿ ਜੇਕਰ ਉਨ੍ਹਾਂ ਦੀ ਨਜ਼ਰ ਵਿੱਚ ਕੋਈ ਖੁੱਲ੍ਹਾ ਬੋਰਵੈੱਲ ਜਾਂ ਟਿਊਬਵੈੱਲ ਆਉਂਦਾ ਹੈ ਤਾਂ ਇਸ ਦੀ ਸੂਚਨਾ ਤੁਰੰਤ ਸਬੰਧਤ ਪ੍ਰਸ਼ਾਸਨਕ ਅਧਿਕਾਰੀਆਂ ਨੂੰ ਦਿੱਤੀ ਜਾਵੇ।

## ਚੰਨੀ ਕਰੇਗਾ ਪੰਜਾਬ ਵਾਸੀਆਂ ਦੇ ਮਸਲੇ ਹੱਲ : ਕਾਂਗਰਸੀ ਆਗੂ



**ਬਠਿੰਡਾ (ਰਾਜੀਵ ਗੋਇਲ)**-ਪੰਜਾਬ ਕਾਂਗਰਸ 'ਚ ਚੱਲ ਰਹੇ ਘਮਸਾਨ ਨੂੰ ਲੈ ਕੇ ਕੁੱਝ ਕਾਂਗਰਸੀ ਆਗੂਆਂ ਨੇ ਕਿਹਾ ਕਿ ਇਸ ਵਾਰ ਸੂਬੇ ਦੇ ਹਰ ਵੋਟਰ ਦੇ ਨਾਲ-ਨਾਲ ਬੱਚਿਆਂ ਦੇ ਮੂੰਹ 'ਚੋਂ ਸੂਬੇ ਦੇ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਦੀ ਅਵਾਜ਼ ਉੱਭਰ ਰਹੀ ਹੈ 'ਚੰਨੀ ਕਰੇਗਾ ਪੰਜਾਬ ਵਾਸੀਆਂ ਦੇ ਮਸਲੇ ਦਾ ਹੱਲ'। ਕਾਂਗਰਸੀ ਆਗੂ ਬੂਟਾ ਸਿੰਘ ਸਿੱਧੂ, ਅਮਨਦੀਪ ਸਿੰਘ ਸਲਾਬਤਪੁਰਾ, ਪਰਮਿੰਦਰ ਸਿੰਘ ਜਲਾਲ, ਇੰਦਰਜੀਤ ਸਿੰਘ ਭੋਡੀਪੁਰਾ, ਜਗਜੀਤ ਸਿੰਘ ਕੋਇਰ ਸਿੰਘ ਵਾਲਾ ਤੇ ਸ਼ੰਮਾ ਸਿੱਧੂ ਨੇ ਆਖਿਆ ਕਿ ਉਹ ਜ਼ਮੀਨੀ ਪੱਧਰ 'ਤੇ ਪਿੰਡਾਂ 'ਚ ਵਸਦੇ ਹਰ ਵੋਟਰ ਦੇ ਸੰਪਰਕ ਵਿੱਚ ਹਨ ਅਤੇ ਆਮ ਲੋਕ ਚੰਨੀ ਦੀਆਂ ਰਾਹਾਂ ਤੱਕਦੇ ਨਜ਼ਰ ਆ ਰਹੇ ਹਨ। ਦੱਬੀ ਹੋਈ ਅਵਾਜ਼ 'ਚ ਉਨ੍ਹਾਂ ਕਿਹਾ ਕਿ ਸ਼ਾਇਦ ਪੰਜਾਬ ਦੇ ਲੋਕ ਕਾਂਗਰਸ ਦੀ ਸਰਕਾਰ ਬਣਾਉਣ ਲਈ ਉਤਾਵਲੇ ਹਨ, ਪਰ ਵੱਡੇ ਆਗੂਆਂ ਦੀ ਆਪਸੀ ਖਿੱਚੋਤਾਣ ਅਤੇ ਹਾਈਕਮਾਨ ਵੱਲੋਂ ਭਵਿੱਖ ਵਿੱਚ ਲਏ ਜਾਣ ਵਾਲੇ ਫ਼ੈਸਲਿਆਂ ਦੀ ਦੇਰੀ ਕਾਰਨ ਇਹ ਅਸੰਭਵ ਜਾਪ ਰਿਹਾ ਹੈ। ਉਨ੍ਹਾਂ ਕਾਂਗਰਸ ਦੀ ਦਿੱਲੀ ਹਾਈਕਮਾਨ ਨੂੰ ਅਪੀਲ ਕੀਤੀ ਹੈ ਕਿ ਉਹ ਸੂਬੇ ਦੇ ਕਿਸੇ ਵੀ ਆਗੂ ਦੇ ਖਿਲਾਫ ਨਹੀਂ ਹਨ, ਸਗੋਂ ਉਹ ਤਾਂ ਸੂਬੇ ਅੰਦਰ 2027 ਦੀਆਂ ਚੋਣਾਂ ਵਿੱਚ ਕਾਂਗਰਸ ਸਰਕਾਰ ਬਣਾਉਣ ਦਾ ਸੁਪਨਾ ਲੈ ਕੇ ਤੁਰੇ ਹੋਏ ਹਨ ਤੇ ਇਸ ਸੁਪਨੇ ਨੂੰ ਪੂਰਾ ਕਰਨ ਲਈ ਸੂਬੇ ਦੇ ਲੋਕਾਂ ਵੱਲ ਵੀ ਦੇਖਣਾ ਚਾਹੀਦਾ ਹੈ ਕਿ ਉਹ ਕੀ ਚਾਹੁੰਦੇ ਹਨ।

# ਨਵੀਆਂ ਵਿਕਸਿਤ ਹੋ ਰਹੀਆਂ ਅਣ-ਅਧਿਕਾਰਤ ਕਲੋਨੀਆਂ 'ਤੇ ਚੱਲਿਆ ਪੀਲਾ ਪੰਜਾ

ਅੰਮ੍ਰਿਤਸਰ, (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਪੰਜਾਬ ਸਰਕਾਰ ਵੱਲੋਂ ਜਾਰੀ ਦਿਸ਼ਾ-ਨਿਰਦੇਸ਼ਾਂ ਅਤੇ ਅੰਮ੍ਰਿਤਸਰ ਵਿਕਾਸ ਅਥਾਰਟੀ (ਏ. ਡੀ. ਏ.) ਦੇ ਮੁੱਖ ਪ੍ਰਸ਼ਾਸਕ ਸ੍ਰੀ ਨਿਤੇਸ਼ ਕੁਮਾਰ ਜੈਨ, ਆਈ. ਏ. ਐੱਸ. ਅਤੇ ਵਧੀਕ ਮੁੱਖ ਪ੍ਰਸ਼ਾਸਕ ਸ੍ਰੀਮਤੀ ਇਨਾਯਤ, ਪੀ. ਸੀ. ਐੱਸ. ਦੇ ਹੁਕਮਾਂ ਦੀ ਪਾਲਣਾ ਕਰਦਿਆਂ ਏ.ਡੀ.ਏ. ਦੇ ਜ਼ਿਲ੍ਹਾ ਟਾਊਨ ਪਲਾਨਰ (ਰੈਗੂਲੇਟਰੀ) ਵਿੰਗ ਵੱਲੋਂ ਥਾਣਾ ਕੰਬੋ ਦੀ ਪੁਲਿਸ ਦੀ ਮੌਜੂਦਗੀ ਵਿੱਚ ਤਿੰਨ ਨਵੀਆਂ ਵਿਕਸਿਤ ਹੋ ਰਹੀਆਂ ਅਣ-ਅਧਿਕਾਰਤ ਕਲੋਨੀਆਂ ਵਿਰੁੱਧ ਡੈਮੋਲੀਸ਼ਨ ਦੀ ਕਾਰਵਾਈ ਕੀਤੀ ਗਈ। ਇਹ ਕਾਰਵਾਈ ਪਿੰਡ ਕੰਬੋ (ਰਾਮਤੀਰਥ ਰੋਡ), ਪਿੰਡ ਖੈਰਾਬਾਦ (ਮੀਰਾਂਕੋਟ ਚੌਂਕ ਤੋਂ ਰਾਮਤੀਰਥ ਰੋਡ, ਵੈਲਕਮ ਸਿਟੀ ਦੇ ਨਾਲ) ਅਤੇ ਪਿੰਡ ਦਾਲਮ (ਅਜਨਾਲਾ ਰੋਡ) ਵਿਖੇ ਵਿਕਸਿਤ ਕੀਤੀਆਂ ਜਾ ਰਹੀਆਂ ਅਣ-ਅਧਿਕਾਰਤ ਕਲੋਨੀਆਂ ਵਿੱਚ ਕੀਤੀ ਗਈ, ਜਿੱਥੇ ਗੈਰ-ਕਾਨੂੰਨੀ ਵਿਕਾਸ ਕਾਰਜਾਂ ਨੂੰ ਢਾਹ ਦਿੱਤਾ ਗਿਆ। ਜ਼ਿਲ੍ਹਾ ਟਾਊਨ ਪਲਾਨਰ ਨੇ ਦੱਸਿਆ ਕਿ ਭਵਿੱਖ ਦੇ ਯੋਜਨਾਬੱਧ ਵਿਕਾਸ ਨੂੰ ਯਕੀਨੀ ਬਣਾਉਣ ਲਈ ਪਾਪਰਾ ਐਕਟ-1995 ਅਧੀਨ ਇਨ੍ਹਾਂ ਕਲੋਨੀਆਂ ਦੇ ਵਿਕਾਸਕਾਰਾਂ ਨੂੰ ਨੋਟਿਸ ਜਾਰੀ ਕਰਕੇ ਕੰਮ ਬੰਦ ਕਰਨ ਦੇ ਨਿਰਦੇਸ਼ ਦਿੱਤੇ ਗਏ ਸਨ। ਨੋਟਿਸਾਂ ਦੇ ਬਾਵਜੂਦ ਵਿਕਾਸ ਕਾਰਜ ਜਾਰੀ ਰੱਖੇ ਜਾਣ ਕਾਰਨ 3 ਜੁਲਾਈ 2026 ਨੂੰ



ਡੈਮੋਲੀਸ਼ਨ ਦੇ ਹੁਕਮ ਜਾਰੀ ਕੀਤੇ ਗਏ, ਜਿਨ੍ਹਾਂ ਦੀ ਪਾਲਣਾ ਕਰਦਿਆਂ ਇਹ ਕਾਰਵਾਈ ਅਮਲ ਵਿੱਚ ਲਿਆਂਦੀ ਗਈ।

ਉਨ੍ਹਾਂ ਦੱਸਿਆ ਕਿ ਪਿੰਡ ਕੰਬੋ ਵਿਖੇ ਸਥਿਤ ਅਣ-ਅਧਿਕਾਰਤ ਕਲੋਨੀ ਵਿਰੁੱਧ ਪਹਿਲਾਂ ਵੀ 10 ਅਕਤੂਬਰ 2025 ਨੂੰ ਡੈਮੋਲੀਸ਼ਨ ਦੀ ਕਾਰਵਾਈ ਕੀਤੀ ਜਾ ਚੁੱਕੀ ਹੈ ਅਤੇ ਪੁਲਸ ਵਿਭਾਗ ਨੂੰ ਕਾਨੂੰਨੀ ਕਾਰਵਾਈ ਲਈ ਲਿਖਿਆ ਗਿਆ ਸੀ। ਇਸੇ ਤਰ੍ਹਾਂ ਪਿੰਡ ਦਾਲਮ ਵਿਖੇ ਸਥਿਤ ਕਲੋਨੀ ਵਿਰੁੱਧ 12 ਜੂਨ 2026 ਨੂੰ ਵੀ ਡੈਮੋਲੀਸ਼ਨ ਕੀਤੀ ਗਈ ਸੀ, ਪਰ ਕਲੋਨੀ ਵਿਕਾਸਕਾਰਾਂ ਵੱਲੋਂ ਦੁਬਾਰਾ ਗੈਰ-ਕਾਨੂੰਨੀ ਵਿਕਾਸ ਸ਼ੁਰੂ ਕਰ ਦਿੱਤਾ ਗਿਆ, ਜਿਸ ਕਾਰਨ ਨਵੇਂ ਕੀਤੇ ਗਏ ਵਿਕਾਸ ਕਾਰਜਾਂ ਨੂੰ ਮੁੜ ਢਾਹ ਦਿੱਤਾ ਗਿਆ। ਉਨ੍ਹਾਂ ਕਿਹਾ ਕਿ ਪਾਪਰਾ ਐਕਟ-1995 (ਸੋਧ-2024) ਅਨੁਸਾਰ ਅਣ-ਅਧਿਕਾਰਤ ਕਲੋਨੀਆਂ ਵਿਕਸਿਤ ਕਰਨ ਵਾਲਿਆਂ ਨੂੰ 5 ਤੋਂ 10 ਸਾਲ ਤੱਕ ਦੀ ਕੈਦ ਅਤੇ 25 ਲੱਖ ਤੋਂ 5 ਕਰੋੜ ਰੁਪਏ ਤੱਕ ਜੁਰਮਾਨੇ ਦੀ ਸਜ਼ਾ ਹੋ ਸਕਦੀ ਹੈ। ਇਸ ਸਬੰਧੀ ਰੈਵੀਨਿਊ ਰਿਕਾਰਡ ਦੇ ਆਧਾਰ 'ਤੇ ਜ਼ਮੀਨ ਮਾਲਕਾਂ ਅਤੇ ਕਲੋਨੀ ਵਿਕਾਸਕਾਰਾਂ ਖ਼ਿਲਾਫ਼ ਲੋੜੀਂਦੀ ਕਾਨੂੰਨੀ ਕਾਰਵਾਈ ਲਈ ਪੁਲਸ ਵਿਭਾਗ ਨੂੰ ਵੀ ਲਿਖਿਆ ਜਾ ਰਿਹਾ ਹੈ। ਏ. ਡੀ. ਏ. ਦੇ ਰੈਗੂਲੇਟਰੀ ਵਿੰਗ ਨੇ ਆਮ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਕਿਸੇ ਵੀ ਕਲੋਨੀ ਵਿੱਚ ਪਲਾਟ ਖਰੀਦਣ ਤੋਂ ਪਹਿਲਾਂ ਇਹ ਯਕੀਨੀ ਬਣਾਉਣ ਕਿ ਸਬੰਧਤ ਕਲੋਨੀ ਨੂੰ ਪੁੱਡਾ/ਏ. ਡੀ. ਏ. ਤੋਂ ਵਿਧੀਵਤ ਮਨਜ਼ੂਰੀ ਪ੍ਰਾਪਤ ਹੈ। ਲੋਕ ਅੰਮ੍ਰਿਤਸਰ ਵਿਕਾਸ ਅਥਾਰਟੀ ਦੀ ਵੈੱਬਸਾਈਟ 'ਤੇ ਉਪਲਬਧ ਅਣ-ਅਧਿਕਾਰਤ ਕਲੋਨੀਆਂ ਦੀ ਸੂਚੀ ਵੀ ਜ਼ਰੂਰ ਵੇਖਣ ਤਾਂ ਜੋ ਉਹ ਆਰਥਿਕ ਨੁਕਸਾਨ ਅਤੇ ਬੇਲੋੜੀਆਂ ਕਾਨੂੰਨੀ ਪਰੇਸ਼ਾਨੀਆਂ ਤੋਂ ਬਚ ਸਕਣ। ਉਨ੍ਹਾਂ ਇਹ ਵੀ ਅਪੀਲ ਕੀਤੀ ਕਿ ਜ਼ਿਲ੍ਹੇ ਵਿੱਚ ਕਿਸੇ ਵੀ ਪ੍ਰਕਾਰ ਦੀ ਉਸਾਰੀ ਸ਼ੁਰੂ ਕਰਨ ਤੋਂ ਪਹਿਲਾਂ ਪੁੱਡਾ ਵਿਭਾਗ ਤੋਂ ਲੋੜੀਂਦੀਆਂ ਮਨਜ਼ੂਰੀਆਂ ਪ੍ਰਾਪਤ ਕਰਨ ਉਪਰੰਤ ਹੀ ਉਸਾਰੀ ਕੀਤੀ ਜਾਵੇ।

# ਪਾਵਰਕਾਮ ਮੁਲਾਜ਼ਮ ਵਰਕ-ਟੂ-ਰੂਲ ਤਹਿਤ 8 ਘੰਟੇ ਤੋਂ ਵੱਧ ਡਿਊਟੀ ਨਹੀਂ ਦੇਣਗੇ: ਪ੍ਰਧਾਨ ਗਿੱਲ



ਧਾਰੀਵਾਲ (ਮਨਦੀਪ ਵਿੱਕੀ)- ਜਾਇੰਟ ਫੋਰਮ ਅਤੇ ਏਕਤਾ ਮੰਚ ਪੰਜਾਬ ਦੇ ਸਾਂਝੇ ਫੋਰਮ ਵੱਲੋਂ ਪੰਜਾਬ ਰਾਜ ਬਿਜਲੀ ਬੋਰਡ ਕਰਮਚਾਰੀ ਦਲ ਦੇ ਸੂਬਾ ਸੱਕਤਰ/ਡਵੀਜ਼ਨ ਪ੍ਰਧਾਨ ਸੁਖਵਿੰਦਰ ਸਿੰਘ ਗਿੱਲ ਅਤੇ ਬਾਰਡਰ ਜ਼ੋਨ ਅੰਮ੍ਰਿਤਸਰ ਦੇ ਪ੍ਰਧਾਨ ਜਸਵਿੰਦਰ ਸਿੰਘ ਗਿੱਲ ਦੀ ਅਗਵਾਈ ਹੇਠ ਪਾਵਰਕਾਮ ਡਵੀਜ਼ਨ ਦਫਤਰ ਧਾਰੀਵਾਲ ਵਿਖੇ ਐਕਸੀਅਨ ਦੇ ਨਾਂਅ ਹੇਠ ਐੱਚ. ਡੀ. ਐੱਮ. ਜਸਵਿੰਦਰ ਸਿੰਘ ਔਲਖ ਨੂੰ ਵਰਕ-ਟੂ-ਰੂਲ ਅੱਠ ਘੰਟੇ ਕੰਮ ਕਰਨ ਦੀ ਸੂਚਨਾ ਸੰਬੰਧੀ ਕਾਪੀ ਸੌਂਪੀ ਗਈ।ਇਸ ਮੌਕੇ ਬਿਜਲੀ ਮੁਲਾਜ਼ਮ ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਅਤੇ ਪਾਵਰਕੌਮ ਮੈਨੇਜਮੈਂਟ ਬਿਜਲੀ ਮੁਲਾਜ਼ਮਾਂ ਦੀਆਂ ਮੰਨੀਆਂ ਮੰਗਾਂ ਜਾਣ ਬੁੱਝ ਕੇ ਲਾਗੂ ਨਹੀਂ ਕਰ ਰਹੀ।ਇਸ ਕਰਕੇ ਬਿਜਲੀ ਮੁਲਾਜ਼ਮਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ।ਬੁਲਾਰਿਆਂ ਨੇ ਰੋਸ ਜਤਾਉਂਦੇ ਹੋਏ ਕਿਹਾ ਕਿ ਪੰਜਾਬ ਸਰਕਾਰ ਜਿੰਨੀ ਦੇਰ ਤੱਕ ਬਿਜਲੀ ਮੁਲਾਜ਼ਮਾਂ ਦਾ ਪਿਛਲਾ ਡੀ. ਏ. ਦਾ ਬਕਾਇਆ ਨਹੀਂ ਦਿੰਦੀ ਅਤੇ ਪੁਰਾਣੀ ਪੈਨਸ਼ਨ ਸਕੀਮ 1972 ਲਾਗੂ ਨਹੀਂ ਕਰਦੀ ਉਦੋਂ ਤੱਕ ਪਾਵਰਕਾਮ ਦੇ ਸਮੂਹ ਮੁਲਾਜ਼ਮ ਵਰਕ-ਟੂ-ਰੂਲ ਅਨੁਸਾਰ ਆਪਣੀ ਡਿਊਟੀ 8 ਘੰਟੇ ਹੀ ਕਰਨਗੇ ਅਤੇ ਅਗਰ ਇਸ ਚੱਲ ਰਹੇ ਪੈਡੀ ਸੀਜ਼ਨ ਦੌਰਾਨ ਬਿਜਲੀ ਸਪਲਾਈ ਵਿੱਚ ਕੋਈ ਵਿਘਨ ਪੈਂਦਾ ਹੈ ਤਾਂ ਉਸ ਦੀ ਜ਼ੁੰਮੇਵਾਰ ਪੰਜਾਬ ਸਰਕਾਰ ਅਤੇ ਪਾਵਰਕਾਮ ਮੈਨੇਜਮੈਂਟ ਹੋਵੇਗੀ। ਇਸ ਮੌਕੇ ਪ੍ਰਧਾਨ ਸੁਖਵਿੰਦਰ ਸਿੰਘ ਗਿੱਲ ਤੋਂ ਇਲਾਵਾ ਜਸਵਿੰਦਰ ਸਿੰਘ ਗਿੱਲ, ਗੁਰਦੀਪ ਸਿੰਘ ਗਿੱਲ, ਮਨੋਜ ਕੁਮਾਰ, ਰਜਿੰਦਰ ਸਿੰਘ ਰਣੀਆਂ, ਮਨਜੀਤ ਸਿੰਘ ਕਲੇਰ, ਜੇਈ ਹਰਵਿੰਦਰ ਸਿੰਘ ਕਲੇਰ, ਜੇਈ. ਦਵਿੰਦਰ ਸਿੰਘ ਵੜੈਚ, ਤਰਲੋਕ ਸਿੰਘ ਖੁੰਡੀ, ਮੁਖਵਿੰਦਰ ਸਿੰਘ ਖਾਲਸਾ, ਅੰਗਰੇਜ ਸਿੰਘ ਗਿੱਲ, ਰਛਪਾਲ ਸਿੰਘ ਸੋਹਲ ਸਾਥੀ ਹਾਜ਼ਰ ਸਨ।

# ਮਾਨ ਸਰਕਾਰ ਨੇ ਲਾਰੇ ਲੱਪਿਆਂ 'ਚ ਟਪਾਇਆ ਸਮਾਂ : ਸੀਮਾ ਸੋਹਲ

ਝਬਾਲ (ਹਰਜਿੰਦਰ ਸਿੰਘ ਸੋਨੀ)-ਆਲ ਇੰਡੀਆ ਆਸ਼ਾ/ਫੈਸਿਲੀਟੇਟਰ ਵਰਕਰਜ਼ ਯੂਨੀਅਨ ਜ਼ਿਲ੍ਹਾ ਤਰਨ ਤਾਰਨ ਵੱਲੋਂ ਸਥਾਨਕ ਐੱਸ ਡੀ ਐੱਮ ਦਫਤਰ ਵਿਖੇ ਪੁਤਲਾ ਫੂਕਿਆ।ਆਸ਼ਾ ਆਗੂ ਮਨਜੀਤ ਕੌਰ, ਗੁਰਵੰਤ ਕੌਰ ਤੇ ਬਲਵਿੰਦਰ ਕੌਰ ਦੀ ਅਗਵਾਈ ਵਿੱਚ ਇਕੱਠੀਆਂ ਹੋਈਆਂ ਆਸ਼ਾ/ਫੈਸਿਲੀਟੇਟਰ ਵਰਕਰਜ਼ ਨੇ ਸਰਕਾਰ ਵਿਰੁੱਧ ਜ਼ੋਰਦਾਰ ਨਾਅਰੇਬਾਜ਼ੀ ਕੀਤੀ।



ਇਸ ਮੌਕੇ ਰੋਸ ਪ੍ਰਦਰਸ਼ਨ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਜਨਰਲ ਸਕੱਤਰ ਸੀਮਾ ਸੋਹਲ ਤੇ ਟ੍ਰੇਡ ਯੂਨੀਅਨ ਆਗੂ ਸਵਰਨ ਸਿੰਘ ਕੁਹਾੜਕਾ ਨੇ ਕਿਹਾ ਕਿ ਭਗਵੰਤ ਮਾਨ ਸਰਕਾਰ ਨੇ ਪਿਛਲਾ ਸਾਰਾ ਸਮਾਂ ਲਾਰੇ ਲੱਪਿਆਂ 'ਚ ਟਪਾਇਆ ਹੈ।ਆਸ਼ਾ ਵਰਕਰਜ਼ ਤੇ ਫੈਸਿਲੀਟੇਟਰ ਨੂੰ ਬਹੁਤ ਨਿਗੂਣਾ ਮਾਣ ਭੱਤਾ ਦਿੱਤਾ ਜਾਂਦਾ ਹੈ, ਜਦੋਂ ਕਿ ਕੰਮ ਪੱਕੇ ਮੁਲਾਜ਼ਮਾਂ ਨਾਲੋਂ ਵੀ ਵੱਧ ਲਿਆ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਸਿਹਤ ਮੰਤਰੀ ਵੀ ਆਸ਼ਾ/ਫੈਸਿਲੀਟੇਟਰ ਵਰਕਰਜ਼ ਦੀ ਗੱਲ ਨਹੀਂ ਸੁਣਦਾ। ਸਰਕਾਰ ਢੀਠਤਾਈ ਦੀਆਂ ਸਭ ਹੱਦਾਂ ਬੰਨੇ ਟੱਪ ਗਈ ਹੈ।ਇਸ ਕਰਕੇ ਆਲ ਇੰਡੀਆ ਆਸ਼ਾ/ਫੈਸਿਲੀਟੇਟਰ ਵਰਕਰਜ਼ ਯੂਨੀਅਨ ਨੇ ਫੈਸਲਾ ਕੀਤਾ ਹੈ ਕਿ ਸੋਲਾਂ ਜੁਲਾਈ ਤੱਕ ਵੱਖ-ਵੱਖ ਜ਼ਿਲ੍ਹਿਆਂ ਵਿੱਚ ਸਰਕਾਰ ਦੇ ਪੁਤਲੇ ਫੂਕੇ ਜਾਣਗੇ।ਇਸ ਮੌਕੇ ਪ੍ਰਭਜੀਤ ਕੌਰ, ਪਰਮਜੀਤ ਕੌਰ ਮੂਸੇ, ਦਮਨਜੀਤ ਕੌਰ ਮੰਨਣ, ਪਰਸਿੰਨ ਮੰਨਣ, ਪੂਨਮ ਤਰਨ ਤਾਰਨ, ਦਵਿੰਦਰ ਕੌਰ ਝਬਾਲ, ਲਵਜੀਤ ਕੌਰ, ਅਮਰਜੀਤ ਕੌਰ ਸਮੇਤ ਕਈ ਹੋਰ ਆਗੂ ਹਾਜ਼ਰ ਸਨ।

# ਪੰਜਾਬ ਸਰਕਾਰ ਨੇ ਲੋਕਾਂ ਨਾਲ ਕੀਤੇ ਸਾਰੇ ਵਾਅਦੇ ਤੋੜ ਨਿਭਾਏ: ਕਰਮਜੀਤ ਸਿੰਘ ਰਿੰਟੂ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਨਗਰ ਸੁਧਾਰ ਟਰੱਸਟ ਅੰਮ੍ਰਿਤਸਰ ਦੇ ਚੇਅਰਮੈਨ ਅਤੇ ਉੱਤਰੀ ਵਿਧਾਨ ਸਭਾ ਹਲਕੇ ਲਈ ਆਮ ਆਦਮੀ ਪਾਰਟੀ ਦੇ ਇੰਚਾਰਜ ਕਰਮਜੀਤ ਸਿੰਘ ਰਿੰਟੂ ਨੇ ਵਾਰਡ ਨੰਬਰ 5 ਵਿੱਚ ਲੋਕ ਮਿਲਣੀ ਦਾ ਆਯੋਜਨ ਕੀਤਾ। ਰਿੰਟੂ ਨੇ ਸਮਾਗਮ ਵਿੱਚ ਸ਼ਾਮਲ ਸੈਂਕੜੇ ਲੋਕਾਂ ਨਾਲ ਪੰਜਾਬ ਸਰਕਾਰ ਦੀਆਂ ਪ੍ਰਾਪਤੀਆਂ ਸਾਂਝੀਆਂ ਕੀਤੀਆਂ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਲੋਕਾਂ ਨਾਲ ਕੀਤੇ ਆਪਣੇ ਸਾਰੇ ਵਾਅਦੇ ਪੂਰੇ ਕੀਤੇ ਹਨ। ਪਹਿਲਾਂ, ਸਰਕਾਰ ਬਣਨ 'ਤੇ ਇਸਨੇ ਪੰਜਾਬ ਦੇ ਘਰਾਂ ਨੂੰ ਦੋ ਮਹੀਨਿਆਂ ਲਈ 600 ਯੂਨਿਟ ਮੁਫ਼ਤ ਬਿਜਲੀ ਦੇਣਾ ਸ਼ੁਰੂ ਕਰ ਦਿੱਤਾ, ਜਿਸ ਨਾਲ ਪੰਜਾਬ ਦੇ 90 ਪ੍ਰਤੀਸ਼ਤ ਘਰਾਂ ਲਈ ਬਿਜਲੀ ਦੇ ਬਿੱਲ ਜ਼ੀਰੋ ਹੋ ਗਏ। ਕਰਮਜੀਤ ਸਿੰਘ ਰਿੰਟੂ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਮੁਹੱਲਾ ਕਲੀਨਿਕ ਅਤੇ ਸੁਧਾਰੇ ਗਏ ਸਕੂਲਾਂ ਦੀ ਸ਼ੁਰੂਆਤ ਕੀਤੀ ਹੈ। ਉਨ੍ਹਾਂ ਅੱਗੇ ਕਿਹਾ ਕਿ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਜਾਰੀ ਹੈ ਅਤੇ ਇਸਦਾ ਵਿਸਥਾਰ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਪੰਜਾਬ ਦੇ ਲੋਕਾਂ ਲਈ 10 ਲੱਖ ਰੁਪਏ ਦੀ ਸਿਹਤ ਬੀਮਾ ਯੋਜਨਾ ਲਾਗੂ ਕੀਤੀ ਗਈ ਹੈ, ਅਤੇ ਲੋਕ ਇਸ ਦਾ ਲਾਭ ਉਠਾ ਰਹੇ ਹਨ। ਕਰਮਜੀਤ ਸਿੰਘ ਰਿੰਟੂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਨਾ ਸਿਰਫ਼ ਲੋਕਾਂ ਨਾਲ ਕੀਤੇ ਆਪਣੇ ਵਾਅਦੇ ਪੂਰੇ ਕੀਤੇ ਹਨ, ਸਗੋਂ ਇਤਿਹਾਸਕ ਪ੍ਰਾਪਤੀਆਂ ਕਰਕੇ ਉਨ੍ਹਾਂ ਦਾ ਦਿਲ



ਵੀ ਜਿੱਤਿਆ ਹੈ। ਉਨ੍ਹਾਂ ਕਿਹਾ ਕਿ ਸਰਕਾਰ ਨੇ ਮਾਂ-ਧੀ ਸਤਿਕਾਰ ਯੋਜਨਾ ਰਾਹੀਂ ਆਪਣੀ ਆਖਰੀ ਗਰੰਟੀ ਵੀ ਪੂਰੀ ਕੀਤੀ ਹੈ, ਜੋ ਔਰਤਾਂ ਨੂੰ ਮਹੱਤਵਪੂਰਨ ਵਿੱਤੀ ਸਹਾਇਤਾ ਪ੍ਰਦਾਨ ਕਰੇਗੀ ਅਤੇ ਸਮਾਜ ਵਿੱਚ ਉਨ੍ਹਾਂ ਦੀ ਸਥਿਤੀ ਨੂੰ ਮਜ਼ਬੂਤ ਕਰੇਗੀ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ 2027 ਦੀਆਂ ਚੋਣਾਂ ਵਿੱਚ ਪੰਜਾਬ ਵਿੱਚ ਇੱਕ ਵਾਰ ਫਿਰ ਬਹੁਮਤ ਵਾਲੀ ਸਰਕਾਰ ਬਣਾਏਗੀ। ਉਨ੍ਹਾਂ ਇਲਾਕੇ ਦੇ ਲੋਕਾਂ ਦਾ ਦਿਲੋਂ ਧੰਨਵਾਦ ਕੀਤਾ ਜੋ ਉਨ੍ਹਾਂ ਦੇ ਪਿਆਰ, ਸਤਿਕਾਰ ਅਤੇ ਵਿਸ਼ਵਾਸ ਲਈ ਵੱਡੀ ਗਿਣਤੀ ਵਿੱਚ ਜਨਤਕ ਮੀਟਿੰਗ ਵਿੱਚ ਆਏ ਸਨ। ਲੋਕਾਂ ਦੀ ਭਲਾਈ ਲਈ ਪੰਜਾਬ ਸਰਕਾਰ ਦੇ ਕੰਮਾਂ ਅਤੇ ਅੰਮ੍ਰਿਤਸਰ ਉੱਤਰੀ ਵਿਧਾਨ ਸਭਾ ਹਲਕੇ ਵਿੱਚ ਕੀਤੇ ਗਏ ਵਿਕਾਸ ਕਾਰਜਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਸਾਂਝੀ ਕੀਤੀ ਗਈ। ਉਨ੍ਹਾਂ ਲੋਕਾਂ ਦੀਆਂ ਸਮੱਸਿਆਵਾਂ ਅਤੇ ਸੁਝਾਵਾਂ ਨੂੰ ਧਿਆਨ ਨਾਲ ਸੁਣਿਆ ਅਤੇ ਉਨ੍ਹਾਂ ਦੇ ਤੁਰੰਤ ਹੱਲ ਦਾ ਭਰੋਸਾ ਦਿੱਤਾ।

# ਬਿੱਲਾਂ ਦੇ ਵਿਰੋਧ 'ਚ ਰਈਆ ਮੰਡਲ ਬਿਆਸ ਵਿਖੇ ਹੰਗਾਮੀ ਮੀਟਿੰਗ

ਬਿਆਸ (ਪਰਮਜੀਤ ਸਿੰਘ ਰੱਖੜਾ)-ਰਈਆ ਮੰਡਲ ਬਿਆਸ ਦੀ ਮਹੀਨਾਵਾਰ ਮੀਟਿੰਗ ਪ੍ਰਧਾਨ ਸਤਨਾਮ ਸਿੰਘ ਦੀ ਅਗਵਾਈ ਹੇਠ ਕੀਤੀ ਗਈ। ਇਸ ਮੌਕੇ ਸਟੇਜ ਸਕੱਤਰ ਦੀ ਭੂਮਿਕਾ ਰਣਜੀਤ ਸਿੰਘ ਬੱਲ ਨੇ ਨਿਭਾਈ, ਜਿਸ ਵਿੱਚ ਵੱਖ-ਵੱਖ ਬੁਲਾਰਿਆਂ ਵੱਲੋਂ ਸਰਕਾਰ ਦੁਆਰਾ ਲਿਆਂਦੇ ਜਾ ਰਹੇ ਬਿੱਲਾਂ ਦਾ ਵਿਰੋਧ ਕੀਤਾ ਗਿਆ ਅਤੇ ਸਰਕਾਰ ਕੋਲੋਂ ਮੰਗ ਕੀਤੀ ਗਈ ਕਿ ਪੈਨਸ਼ਨਰਾਂ ਦਾ ਬਨਦਾ ਡੀ ਏ ਦਾ ਬਕਾਇਆ ਨਕਦ ਰੂਪ ਵਿੱਚ ਦਿੱਤਾ ਜਾਵੇ, ਬਿਜਲੀ ਸੋਧ ਬਿੱਲ-2025, ਬਿਜਲੀ ਬੋਰਡ ਦੀਆਂ ਜਾਇਦਾਦਾਂ ਵੇਚਣ ਤੇ ਕਿਰਤ ਕਾਨੂੰਨ ਦੀ ਨਿਖੇਧੀ ਕੀਤੀ ਗਈ। ਨਾਲ ਹੀ ਇਹ ਮੰਗ ਵੀ ਕੀਤੀ ਗਈ ਕਿ ਇਹ ਕਿਸਾਨ ਮੁਲਾਜ਼ਮ ਤੇ ਪੈਨਸ਼ਨਰਾਂ ਵਿਰੋਧੀ ਬਿੱਲ ਵਾਪਿਸ ਲਏ ਜਾਣ।

ਇਹ ਸਾਰੇ ਮਸਲੇ ਹੱਲ ਨਾਂ ਹੋਣ ਦੀ ਸੂਰਤ ਵਿੱਚ ਜਥੇਬੰਦੀ ਵੱਲੋਂ ਸੰਘਰਸ਼ ਦਾ ਰਾਹ ਅਪਣਾਇਆ ਜਾਵੇਗਾ ਜਿਸ ਦੇ ਸਬੰਧ ਵਿੱਚ 17 ਜੁਲਾਈ ਨੂੰ ਚੰਡੀਗੜ੍ਹ ਵਿੱਚ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ।ਇਸ ਮੌਕੇ ਸਾਥੀ ਹਰਭਜਨ ਸਿੰਘ ਬੁਟਾਰੀ, ਮਨਜੀਤ ਸਿੰਘ, ਕੁਲਵੰਤ ਸਿੰਘ ਜੇ ਈ, ਗੁਲਸ਼ਨ ਕੁਮਾਰ, ਕੰਵਲਜੀਤ ਸਿੰਘ, ਰਾਕੇਸ਼ ਕੁਮਾਰ, ਸੁਭਾਸ਼ ਚੰਦਰ, ਰਾਜ ਸਿੰਘ,ਚੈਂਚਲ ਸਿੰਘ, ਪਿਆਰਾ ਸਿੰਘ, ਸਵਰਨ ਸਿੰਘ, ਸਲਵੰਤ ਸਿੰਘ, ਮੁਖਤਾਰ ਅਲੀ, ਜਸਦੀਸ਼ ਸਿੰਘ ਅਤੇ ਹੋਰ ਸਾਥੀ ਹਾਜ਼ਰ ਸਨ।

# ਹੜ੍ਹਾਂ ਤੋਂ ਬਚਾਅ ਲਈ ਅਗੇਤੇ ਪ੍ਰਬੰਧਾਂ ਦੇ ਮੱਦੇਨਜ਼ਰ ਵੱਖ-ਵੱਖ ਵਿਭਾਗਾਂ ਨੇ ਕੀਤੀ ਮੀਟਿੰਗ

**ਡੇਰਾ ਬਾਬਾ ਨਾਨਕ/ਗੁਰਦਾਸਪੁਰ, (ਰਮੇਸ਼ ਕੁਮਾਰ/ਦਿਨੇਸ਼ ਕੁਮਾਰ)**-ਡਿਪਟੀ ਕਮਿਸ਼ਨਰ ਆਦਿਤਿਆ ਉੱਪਲ ਦੇ ਦਿਸ਼ਾ ਨਿਰਦੇਸ਼ਾਂ ਹੇਠ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਮਾਨਸੂਨ ਸੀਜ਼ਨ ਦੌਰਾਨ ਹੜ੍ਹਾਂ ਦੇ ਕਿਸੇ ਵੀ ਸੰਭਾਵਿਤ ਖਤਰੇ ਦੇ ਟਾਕਰੇ ਲਈ ਅਗੇਤੇ ਪ੍ਰਬੰਧਾਂ ਹਿੱਤ ਮੀਟਿੰਗ ਕੀਤੀ ਗਈ ਜਿਸ ਵਿੱਚ ਜ਼ਿਲ੍ਹਾ ਮਾਲ ਅਫਸਰ ਗੁਰਦਾਸਪੁਰ ਜਸਕਰਨ ਸਿੰਘ ਸਮੇਤ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ, ਪੰਜਾਬ ਪੁਲਿਸ ਅਤੇ ਆਰਮੀ ਅਤੇ ਬੀਐੱਸਐੱਫ ਦੇ ਅਧਿਕਾਰੀ ਮੌਜੂਦ ਸਨ।ਮੀਟਿੰਗ ਦੌਰਾਨ ਜ਼ਿਲ੍ਹਾ ਮਾਲ ਅਫਸਰ ਜਸਕਰਨ ਸਿੰਘ ਸਾਰੇ ਵਿਭਾਗਾਂ ਦੇ ਅਧਿਕਾਰੀਆਂ ਨੂੰ ਕਿਹਾ ਕਿ ਮਾਨਸੂਨ ਨੂੰ ਧਿਆਨ ਵਿੱਚ ਰੱਖਦਿਆਂ ਅਗੇਤੇ ਪ੍ਰਬੰਧ ਮੁਕੰਮਲ ਕਰ ਲਏ ਜਾਣ ।ਉਨ੍ਹਾਂ ਨੇ ਡਰੇਨੇਜ ਵਿਭਾਗ ਨੂੰ ਹਦਾਇਤ ਕੀਤੀ ਕਿ ਜਿੱਥੇ ਕਿਤੇ ਸੇਮ ਨਾਲਿਆਂ ਦੀ ਸਫਾਈ/ਰਿਪੇਅਰ ਦਾ ਕੰਮ ਬਕਾਇਆ ਹੈ, ਉਸ ਨੂੰ ਤੁਰੰਤ ਪੂਰਾ ਕੀਤਾ ਜਾਵੇ ।ਉਨ੍ਹਾਂ ਨੇ ਨਹਿਰੀ ਵਿਭਾਗ ਨੂੰ ਹਦਾਇਤ ਕੀਤੀ ਕਿ ਨਹਿਰਾਂ ਦੀ ਪੂਰੀ ਚੌਕਸੀ ਰੱਖੀ ਜਾਵੇ ਤਾਂ ਜੋ ਨਹਿਰਾਂ ਨੂੰ ਟੁੱਟਣ ਤੋਂ ਬਚਾਇਆ ਜਾ ਸਕੇ।ਉਨ੍ਹਾਂ ਨੇ ਬਿਜਲੀ ਵਿਭਾਗ ਨੂੰ ਹਦਾਇਤ ਕੀਤੀ ਕਿ ਜੇ ਹੜ੍ਹ ਦੌਰਾਨ ਜਿਥੇ ਬਿਜਲੀ ਦੀ ਸਪਲਾਈ ਦੇਣ ਦੇ ਨੁਕਸਾਨ ਹੋਣ ਦਾ ਡਰ ਹੋਵੇ ਉਥੇ ਬਿਜਲੀ ਦੀ ਸਪਲਾਈ ਤੁਰੰਤ ਬੰਦ ਕਰ ਦਿੱਤੀ ਜਾਵੇ। ਇਸੇ ਤਰ੍ਹਾਂ ਉਨ੍ਹਾਂ ਨੇ ਨਗਰ ਕੌਂਸਲਾਂ ਨੂੰ ਹਦਾਇਤ ਕੀਤੀ ਕਿ ਸ਼ਹਿਰਾਂ ਵਿੱਚ ਸੀਵਰੇਜ ਅਤੇ ਨਾਲੇ ਸਾਫ ਕੀਤੇ ਜਾਣੇ ਯਕੀਨੀ ਬਣਾਏ ਜਾਣ।ਉਨ੍ਹਾਂ ਸਿਹਤ



ਵਿਭਾਗ ਨੂੰ ਦਵਾਇਆ/ਡਾਕਟਰਾਂ ਦਾ ਪ੍ਰਬੰਧ ਕਰਨ ਦੀ ਹਦਾਇਤ ਕੀਤੀ।ਉਨ੍ਹਾਂ ਜਲ ਸਪਲਾਈ ਵਿਭਾਗ ਤੋਂ ਹੜ੍ਹਾਂ ਦੀ ਤਿਆਰੀਆਂ ਦੌਰਾਨ ਪੀਣ ਵਾਲੇ ਪਾਣੀ ਬਾਰੇ ਜਾਣਕਾਰੀ ਹਾਸ਼ਿਤ ਕੀਤੀ ਅਤੇ ਸਾਫ ਪਾਣੀ ਦਾ ਪ੍ਰਬੰਧ ਕਰਨ ਦੀ ਹਦਾਇਤ ਕੀਤੀ ਗਈ।ਉਨ੍ਹਾਂ ਲੋਕ ਨਿਰਮਾਣ ਵਿਭਾਗ ਅਤੇ ਮੰਡੀ ਅਫਸਰ ਨੂੰ ਹੜ੍ਹ ਦੌਰਾਨ ਪ੍ਰਭਾਵਿਤ ਹੋਣ ਵਾਲੀਆਂ ਸੜਕਾਂ ਅਤੇ ਪੁੱਲਾਂ ਦੀ ਮੁਰੰਮਤ ਦਾ ਕੰਮ ਮੁਕੰਮਲ ਕਰਨ ਦੀ ਹਦਾਇਤ ਕੀਤੀ।

ਉਨ੍ਹਾਂ ਪਸ਼ੂ ਪਾਲਣ ਵਿਭਾਗ ਤੋਂ ਪਸ਼ੂਆਂ ਦੀ ਸੁਰੱਖਿਆ/ਦਵਾਈਆਂ, ਚਾਰੇ ਦੇ ਪ੍ਰਬੰਧ ਬਾਰੇ ਜਾਣਕਾਰੀ ਹਾਸਲ ਕੀਤੀ।ਉਨ੍ਹਾਂ ਪੇਂਡੂ ਵਿਕਾਸ ਵਿਭਾਗ ਨੂੰ ਹਦਾਇਤ ਕੀਤੀ ਕਿ ਨਰੇਗਾ ਤਹਿਤ ਜੋ ਹੜ੍ਹ ਰੋਕੂ ਪ੍ਰਬੰਧ ਹੋ ਸਕਦੇ ਹਨ ਉਹ ਕਰ ਲਏ ਜਾਣ।ਉਨ੍ਹਾਂ ਨੇ ਸਿੱਖਿਆ ਵਿਭਾਗ ਤੋਂ ਪਿਛਲੇ ਸਾਲ ਹੜ੍ਹ ਦੌਰਾਨ ਪ੍ਰਭਾਵਿਤ ਸਕੂਲਾਂ ਦੀਆਂ ਜਾਣਕਾਰੀ ਲਈ ਅਤੇ ਵਿਭਾਗ ਨੂੰ ਜ਼ਰੂਰੀ ਦਿਸ਼ਾ-ਨਿਰਦੇਸ਼ ਦਿੱਤੇ ਗਏ। ਉਨ੍ਹਾਂ ਸਕੂਲਾਂ ਵਿੱਚ ਰਾਹਤ ਕੈਂਪ ਬਣਾਉਣ ਸਬੰਧੀ ਵੀ ਲੋੜੀਂਦੇ ਦਿਸ਼ਾ ਨਿਰਦੇਸ਼ ਦਿੱਤੇ।

# ਲੋਕਾਂ ਦੀਆਂ ਸਮੱਸਿਆਵਾਂ ਦਾ ਹੱਲ ਹੀ ਮਾਨ ਸਰਕਾਰ ਦੀ ਪਹਿਲ: ਪੰਨੂ

ਫਤਿਹਗੜ੍ਹ ਚੂੜੀਆਂ (ਜਸਦੇਵ ਮਾਨ)-ਪੰਜਾਬ ਦੇ ਪਿੰਡਾਂ ਨੂੰ ਵਿਕਾਸ ਦੀ ਨਵੀਂ ਰਫ਼ਤਾਰ ਦੇਣ ਲਈ ਮਾਨ ਸਰਕਾਰ ਦੀ ਲੋਕ ਮਿਲਣੀ ਮੁਹਿੰਮ ਲਗਾਤਾਰ ਜਾਰੀ ਹੈ।ਇਸਦੇ ਚੱਲਦਿਆਂ ਹਲਕਾ ਫਤਿਹਗੜ੍ਹ ਚੂੜੀਆਂ ਦੇ ਪਿੰਡ ਮਾਨ ਸੈਂਡਵਾਲ ਵਿਖੇ ਹੋਈ ਲੋਕ ਮਿਲਣੀ ਦੌਰਾਨ ਹਲਕਾ ਇੰਚਾਰਜ ਬਲਬੀਰ ਸਿੰਘ ਪੰਨੂ ਨੇ ਲੋਕਾਂ ਦੀਆਂ ਸਮੱਸਿਆਵਾਂ ਨੂੰ ਧਿਆਨ ਨਾਲ ਸੁਣਿਆ ਅਤੇ ਮੌਕੇ ਤੇ ਮੌਜੂਦ ਅਧਿਕਾਰੀਆਂ ਨੂੰ ਉਨ੍ਹਾਂ ਦੇ ਜਲਦ ਹੱਲ ਲਈ ਲੋੜੀਂਦੇ ਦਿਸ਼ਾ-ਨਿਰਦੇਸ਼ ਜਾਰੀ ਕੀਤੇ ਗਏ।ਇਸ ਮੌਕੇ ਸਰਪੰਚ ਬਖਸ਼ੀਸ਼ ਸਿੰਘ, ਦਿਲਬਾਗ ਸਿੰਘ, ਮਨਦੀਪ ਕੌਰ, ਲਵਪ੍ਰੀਤ ਸਿੰਘ, ਸਵਿੰਦਰ ਸਿੰਘ ਬਾਬਾ, ਸੁਖਜਿੰਦਰ ਸਿੰਘ ਅਤੇ ਹੋਰ ਪਤਵੰਤੇ ਸੱਜਣ ਵੀ ਹਾਜ਼ਰ ਰਹੇ।



# ਟੁੱਟੀਆਂ ਸੜਕਾਂ ਨੂੰ ਲੈ ਕੇ ਭੁੱਖ ਹੜਤਾਲ ਦੂਜੇ ਦਿਨ ਵੀ ਜਾਰੀ ਰਹੀ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਅੱਜ ਸੱਤ ਜੁਲਾਈ ਨੂੰ ਸਥਾਨਕ ਢਪੱਈ ਫਾਟਕ ਤੋਂ ਲੈ ਕੇ ਗੁਰਦੁਆਰਾ ਬੋਹੜੀ ਸਾਹਿਬ ਤੱਕ ਬੇਹੱਦ ਖ਼ਰਾਬ ਤੇ ਟੁੱਟੀ ਹੋਈ ਸੜਕ ਨੂੰ ਬਰਸਾਤਾਂ ਤੋਂ ਪਹਿਲਾਂ ਬਨਾਉਣ ਲਈ ਅਤੇ ਸ਼ਹਿਰ ਦੀਆਂ ਸੀਵਰੇਜ ਤੇ ਨਾਲੀਆਂ ਆਦਿ ਦੀ ਸਫ਼ਾਈ ਬਰਸਾਤਾਂ ਤੋਂ ਪਹਿਲਾਂ ਪਹਿਲਾਂ ਸਫਾਈ ਕਰਵਾਉਣ ਲਈ ਢਪੱਈ ਫਾਟਕ ਦੇ ਲਾਗੇ ਲੋਕ ਭਲਾਈ ਮੰਚ ਪੰਜਾਬ ਵਲੋਂ ਕੀਤੀ ਜਾ ਰਹੀ ਭੁੱਖ ਹੜਤਾਲ ਅੱਜ ਦੂਜੇ ਦਿਨ ਵਿੱਚ ਦਾਖਲ ਹੋ ਗਈ ਹੈ। ਭੁਖ ਹੜਤਾਲੀ ਸਾਥੀਆਂ ਵਿੱਚ ਜੀਤ ਲਾਲ, ਅਮਰੀਕ ਸਿੰਘ, ਤੀਰਥ ਰਾਮ ਤੇ ਵਰਿਆਮ ਚੰਦ ਸ਼ਾਮਲ ਹਨ। ਇਸ ਸਮੇਂ ਉਪਰੋਕਤ ਤੋਂ ਇਲਾਵਾ ਬਲਬੀਰ ਸਿੰਘ ਝਾਮਕਾ, ਸਵਰਨ ਸਿੰਘ ਡੇਅਰੀ ਵਾਲੇ, ਕੁਲਦੀਪ ਸਿੰਘ, ਡਾ. ਅਵਤਾਰ ਸਿੰਘ, ਸਤੀਸ਼ ਕੁਮਾਰ, ਕਸ਼ਮੀਰ ਵਿਚ ਢਪੱਈ, ਸਰਦੂਲ ਸਿੰਘ ਢਪੱਈ, ਕਿਸ਼ਨ ਲਾਲ, ਵਿਜੇ ਸਿੰਧਰਾ, ਬਲਦੇਵ ਸਿੰਘ ਤੇ ਮਾਸਟਰ ਅਵਤਾਰ ਸਿੰਘ ਆਦਿ ਹਾਜ਼ਰ ਸਨ।



# 40 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਜੌੜਾ ਛੱਤਰਾਂ ਦੇ ਮੇਨ ਬਜ਼ਾਰ ਦੀ ਸੜਕ ਲੋਕਾਂ ਨੂੰ ਸਮਰਪਿਤ

ਗੁਰਦਾਸਪੁਰ, (ਦਿਨੇਸ਼ ਕੁਮਾਰ)-ਪਿੰਡ ਜੌੜਾ ਛੱਤਰਾਂ ਦੇ ਮੇਨ ਬਜ਼ਾਰ ਵਿੱਚ ਲਗਭਗ 1000 ਫੁੱਟ ਲੰਬੀ ਅਤੇ 18 ਫੁੱਟ ਚੌੜੀ ਕੰਕਰੀਟ ਸੜਕ, ਸੀਵਰੇਜ ਪ੍ਰਣਾਲੀ ਅਤੇ ਇੰਟਰਲਾਕਿੰਗ ਟਾਇਲਾਂ ਦਾ ਕੰਮ ਕਰੀਬ 40 ਲੱਖ ਰੁਪਏ ਦੀ ਲਾਗਤ ਨਾਲ ਮੁਕੰਮਲ ਕੀਤਾ ਗਿਆ ਹੈ। ਇਸ ਮਹੱਤਵਪੂਰਨ ਵਿਕਾਸ ਪ੍ਰੋਜੈਕਟ ਦਾ ਉਦਘਾਟਨ ਹਲਕਾ ਇੰਚਾਰਜ ਗੁਰਦਾਸਪੁਰ ਰਮਨ ਬਹਿਲ ਵੱਲੋਂ ਆਪਣੇ ਕਰ-ਕਮਲਾਂ ਨਾਲ ਕੀਤਾ ਗਿਆ।ਇਸ ਮੌਕੇ ਸੰਬੋਧਨ ਕਰਦਿਆਂ ਰਮਨ ਬਹਿਲ ਨੇ ਕਿਹਾ ਕਿ ਇਹ ਸੜਕ ਪਿੰਡ ਜੌੜਾ ਛੱਤਰਾਂ ਦੇ ਮੇਨ ਬਜ਼ਾਰ ਵਿੱਚੋਂ ਹੋ ਕੇ ਧਾਰੀਵਾਲ ਮੇਨ ਰੋਡ ਨਾਲ ਜੁੜਦੀ ਹੈ, ਜਿਸ ਕਾਰਨ ਇਸ ਰਸਤੇ 'ਤੇ ਹਰ ਰੋਜ਼ ਵੱਡੀ ਗਿਣਤੀ ਵਿੱਚ ਲੋਕਾਂ ਅਤੇ ਵਾਹਨਾਂ ਦੀ ਆਵਾਜਾਈ ਰਹਿੰਦੀ ਹੈ।ਪਹਿਲਾਂ ਲੋਕਾਂ ਨੂੰ ਕਾਫ਼ੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਸੀ, ਪਰ ਹੁਣ ਇਸ ਸੜਕ ਦੇ ਬਣਨ ਨਾਲ ਨਾ ਸਿਰਫ਼ ਪਿੰਡ ਦੇ ਮੇਨ ਬਜ਼ਾਰ ਨੂੰ ਵੱਡਾ ਲਾਭ ਮਿਲੇਗਾ, ਸਗੋਂ ਧਾਰੀਵਾਲ ਵੱਲ ਆਉਣ-ਜਾਣ ਵਾਲੇ ਹਜ਼ਾਰਾਂ ਰਾਹਗੀਰਾਂ ਨੂੰ ਵੀ ਸੁਚੱਜੀ, ਸੁਰੱਖਿਅਤ ਅਤੇ ਆਰਾਮਦਾਇਕ ਆਵਾਜਾਈ ਦੀ ਸਹੂਲਤ ਮਿਲੇਗੀ।ਰਮਨ ਬਹਿਲ ਨੇ ਕਿਹਾ ਕਿ ਪੰਜਾਬ ਸਰਕਾਰ ਹਰ ਪਿੰਡ ਅਤੇ ਸ਼ਹਿਰ ਵਿੱਚ ਬੁਨਿਆਦੀ ਸਹੂਲਤਾਂ ਨੂੰ ਮਜ਼ਬੂਤ ਕਰਨ ਲਈ ਵਚਨਬੱਧ ਹੈ ਅਤੇ ਲੋਕਾਂ ਦੀਆਂ ਲੋੜਾਂ ਅਨੁਸਾਰ ਵਿਕਾਸ ਕਾਰਜ ਪਹਿਲ ਦੇ ਆਧਾਰ 'ਤੇ ਕਰਵਾਏ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਹਲਕਾ ਗੁਰਦਾਸਪੁਰ ਦੇ ਸਰਬਪੱਖੀ ਵਿਕਾਸ ਲਈ ਆਉਣ ਵਾਲੇ ਸਮੇਂ ਵਿੱਚ ਵੀ ਇਸੇ ਤਰ੍ਹਾਂ ਦੇ ਹੋਰ ਵਿਕਾਸ ਕਾਰਜ ਕਰਵਾਏ ਜਾਣਗੇ।ਇਸ ਮੌਕੇ ਰਮਨ ਬਹਿਲ ਨੇ ਪਿੰਡ ਜੌੜਾ ਛੱਤਰਾਂ ਦੇ ਇਸ ਮਹੱਤਵਪੂਰਨ ਵਿਕਾਸ ਪ੍ਰੋਜੈਕਟ ਨੂੰ ਮਨਜ਼ੂਰੀ ਦੇਣ ਅਤੇ ਲੋਕ ਭਲਾਈ ਦੇ ਵਿਕਾਸ ਕਾਰਜਾਂ ਨੂੰ ਨਿਰੰਤਰ ਜਾਰੀ ਰੱਖਣ ਲਈ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦਾ ਦਿਲੋਂ ਧੰਨਵਾਦ ਕੀਤਾ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਦੀ ਦੂਰਅੰਦੇਸ਼ੀ ਸੋਚ ਅਤੇ ਵਿਕਾਸ ਪੱਖੀ ਨੀਤੀਆਂ ਸਦਕਾ ਪੰਜਾਬ ਦੇ ਪਿੰਡਾਂ ਅਤੇ ਸ਼ਹਿਰਾਂ ਦੀ ਨੁਹਾਰ ਤੇਜ਼ੀ ਨਾਲ ਬਦਲ ਰਹੀ ਹੈ ਅਤੇ ਆਮ ਲੋਕਾਂ ਨੂੰ ਸਿੱਧਾ ਲਾਭ ਮਿਲ ਰਿਹਾ ਹੈ। ਇਸ ਮੌਕੇ ਚੇਅਰਮੈਨ ਭਾਰਤ ਭੂਸ਼ਣ ਸ਼ਰਮਾ, ਹਨੀ ਬਹਿਲ, ਅਜੇ ਬਹਿਲ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਸੁੱਚਾ ਸਿੰਘ ਮੁਲਤਾਨੀ, ਜੋਗਿੰਦਰ ਸਿੰਘ ਬਾਜਵਾ ਪਾਰਟੀ ਆਗੂ , ਨਿਸ਼ਾਨ ਸਿੰਘ ਸਰਪੰਚ ਜੋੜਾ ਛੱਤਰਾਂ, ਪ੍ਰਭਜੀਤ ਸਿੰਘ, ਜਤਿੰਦਰ ਸਿੰਘ, ਸਤਨਾਮ ਸਿੰਘ, ਸਾਜਨ ਮਹਾਜਨ ਅਤੇ ਪਿੰਡ ਦੀ ਪੰਚਾਇਤ, ਪਤਵੰਤੇ ਸੱਜਣ, ਪਾਰਟੀ ਆਗੂ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।




# 'ਅਕਾਲੀ ਦਲ ਵਾਰਿਸ ਪੰਜਾਬ ਦੇ' ਦੀ ਲੀਡਰਸ਼ਿਪ ਵੱਲੋਂ ਰਾਜਪਾਲ ਦੇ ਨਾਂਅ ਮੰਗ-ਪੱਤਰ

ਤਰਨ ਤਾਰਨ/ਝਬਾਲ (ਪ੍ਰਿਤਪਾਲ ਸਿੰਘ/ਹਰਜਿੰਦਰ ਸਿੰਘ ਸੋਨੀ)-'ਅਕਾਲੀ ਦਲ ਵਾਰਿਸ ਪੰਜਾਬ ਦੇ' ਦੀ ਲੀਡਰਸ਼ਿਪ ਵੱਲੋਂ ਸ਼ਹੀਦ ਭਾਈ ਜਸਵੰਤ ਸਿੰਘ ਖਾਲੜਾ ਦੇ ਜੀਵਨ ਅਤੇ ਸੰਘਰਸ਼ 'ਤੇ ਆਧਾਰਿਤ ਫ਼ਿਲਮ 'ਸਤਲੁਜ' ਨੂੰ ਪਲੇਟਫਾਰਮ ਤੋਂ ਹਟਾਏ ਜਾਣ ਦੇ ਵਿਰੋਧ ਵਿੱਚ ਇੱਕ ਵਿਸ਼ਾਲ ਰੋਸ ਮਾਰਚ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਦੇ ਪਿਤਾ ਬਾਪੂ ਤਰਸੇਮ ਸਿੰਘ, ਮਨਪ੍ਰੀਤ ਸਿੰਘ ਇਆਲੀ ਐੱਮ. ਐੱਲ. ਏ. ਹਲਕਾ ਦਾਖਾ ਅਤੇ ਸੀਨੀਅਰ ਲੀਡਰਸ਼ਿਪ ਦੀ ਅਗਵਾਈ ਵਿੱਚ ਕੱਢਿਆ ਗਿਆ। ਉਪਰੰਤ ਪੰਜਾਬ ਦੇ ਰਾਜਪਾਲ ਦੇ ਨਾਂਅ ਇੱਕ ਮੰਗ-ਪੱਤਰ ਡਿਪਟੀ ਕਮਿਸ਼ਨਰ ਤਰਨ ਤਾਰਨ ਰਾਹੀਂ ਭੇਜਿਆ ਗਿਆ।ਇਸ ਮੌਕੇ ਸੀਨੀਅਰ ਲੀਡਰਸ਼ਿਪ ਵਿੱਚੋਂ ਹਲਕਾ ਦਾਖਾ ਤੋਂ ਵਿਧਾਇਕ ਮਨਪ੍ਰੀਤ ਸਿੰਘ ਇਆਲੀ, ਭਾਈ ਅਮਰਜੀਤ ਸਿੰਘ ਵੰਨਚਿੜੀ, ਭਾਈ ਹਰਭਜਨ ਸਿੰਘ ਤੁੜ, ਐਡਵੋਕੇਟ ਕਰਮਵੀਰ ਸਿੰਘ, ਭਾਈ ਸੁਖਦੇਵ ਸਿੰਘ ਕਾਦੀਆਂ, ਭਾਈ ਪ੍ਰਗਟ ਸਿੰਘ ਮੀਆਂਵਿੰਡ, ਭਾਈ ਜੁਗਰਾਜ ਸਿੰਘ ਮਹਿਤਾ, ਭਾਈ ਸ਼ਮਸ਼ੇਰ ਸਿੰਘ ਪੱਧਰੀ, ਭਾਈ ਜਸਕਰਨ ਸਿੰਘ ਰਿਆੜ, ਭਾਈ ਸਰਬਜੀਤ ਸਿੰਘ ਖਾਨਪੁਰ, ਭਾਈ ਦਲਜੀਤ ਸਿੰਘ ਮਿਆਦੀਆਂ, ਭਾਈ ਰਛਪਾਲ ਸਿੰਘ ਸੋਸਣ, ਸਰਪੰਚ ਹਰਜਿੰਦਰ ਸਿੰਘ ਜ਼ੀਰਾ, ਭਾਈ ਦਯਾ ਸਿੰਘ, ਭਾਈ ਦਲਜੀਤ ਸਿੰਘ ਜਵੰਦਾ, ਭਾਈ ਅਮਨਦੀਪ ਸਿੰਘ ਨਾਰਲੀ, ਬਾਬਾ ਹਰਪ੍ਰੀਤ ਸਿੰਘ, ਬਾਬਾ ਜਰਮਨਜੀਤ ਸਿੰਘ, ਭਾਈ ਸੁਖਬੀਰ ਸਿੰਘ ਵਲਟੋਹਾ, ਭਾਈ ਨਾਥਵਿੰਦਰ ਸਿੰਘ ਅਲਕੜੇ, ਭਾਈ ਗੁਰਦੇਵ ਸਿੰਘ ਸੰਧੂ, ਭਾਈ ਪਰਮਜੀਤ ਸਿੰਘ ਵਣੀਏਕੇ, ਭਾਈ ਮਨਵਿੰਦਰ ਸਿੰਘ ਦਕੋਹਾ, ਭਾਈ ਸੁਰਿੰਦਰਪਾਲ ਸਿੰਘ ਤਾਲਿਬਪੁਰਾ, ਭਾਈ ਚਰਨਜੀਤ ਸਿੰਘ ਗਾਲਿਬ, ਭਾਈ ਸੁਰਜੀਤ ਸਿੰਘ ਭੂਰਾ, ਬਾਬਾ ਬਿਬੇਕ ਸਿੰਘ, ਭਾਈ ਅਮਰੀਕ ਸਿੰਘ ਬਿੱਟਾ, ਭਾਈ ਗੁਰਪ੍ਰੀਤ ਸਿੰਘ ਕੰਮੋਕੇ, ਭਾਈ ਬਲਦੇਵ ਸਿੰਘ ਜੱਲੂਪੁਰ, ਭਾਈ ਜਗਜੀਤ ਸਿੰਘ ਰਾਮੂਵਾਲ, ਭਾਈ ਸੁਖਰਾਜ ਸਿੰਘ ਸੁਲਤਾਨਵਿੰਡ, ਭਾਈ ਮਹਿੰਦਰਪਾਲ ਸਿੰਘ ਤੁੰਗ, ਭਾਈ ਜਗਨੰਦਨ ਸਿੰਘ, ਭਾਈ ਕੁਲਵਿੰਦਰ ਸਿੰਘ ਵਡਾਲੀ, ਭਾਈ ਹਰਪ੍ਰੀਤ ਸਿੰਘ ਅਤੇ ਵੱਡੀ ਗਿਣਤੀ ਵਿੱਚ ਪਾਰਟੀ ਦੇ ਆਗੂਆਂ ਅਤੇ ਵਰਕਰਾਂ ਨੇ ਸ਼ਮੂਲੀਅਤ ਕੀਤੀ।ਇਸ ਮੌਕੇ ਸੰਬੋਧਨ ਕਰਦਿਆਂ ਬਾਪੂ ਤਰਸੇਮ ਸਿੰਘ ਨੇ ਕਿਹਾ ਕਿ ਸ਼ਹੀਦ ਭਾਈ ਜਸਵੰਤ ਸਿੰਘ ਖਾਲੜਾ ਨੇ ਮਨੁੱਖੀ ਅਧਿਕਾਰਾਂ ਦੀ ਰਾਖੀ ਅਤੇ ਸੱਚ ਨੂੰ ਦੁਨੀਆ ਸਾਹਮਣੇ ਲਿਆਉਣ ਲਈ ਆਪਣਾ ਜੀਵਨ ਕੁਰਬਾਨ ਕੀਤਾ। ਉਨ੍ਹਾਂ ਦੇ ਜੀਵਨ ਤੇ ਆਧਾਰਿਤ ਫ਼ਿਲਮ ਨੂੰ ਪਹਿਲਾਂ ਲੰਬੇ ਸਮੇਂ ਤੱਕ ਰਿਲੀਜ਼ ਤੋਂ ਰੋਕਿਆ ਗਿਆ ਅਤੇ ਬਾਅਦ ਵਿੱਚ 'ਸਤਲੁਜ' ਨਾਂਅ ਹੇਠ ਰਿਲੀਜ਼ ਹੋਣ ਤੋਂ ਕੇਵਲ ਦੋ ਦਿਨ ਬਾਅਦ ਹੀ ਇਸ ਨੂੰ ਪਲੇਟਫਾਰਮ ਤੋਂ ਹਟਾ ਦੇਣਾ ਬੇਹੱਦ ਨਿੰਦਣਯੋਗ ਅਤੇ ਲੋਕਤੰਤਰੀ ਕਦਰਾਂ-ਕੀਮਤਾਂ ਦੇ ਉਲਟ ਕਦਮ ਹੈ।ਉਨ੍ਹਾਂ ਕਿਹਾ ਕਿ ਅਜਿਹੀਆਂ ਕਾਰਵਾਈਆਂ ਇਹ ਪ੍ਰਭਾਵ ਪੈਦਾ ਕਰਦੀਆਂ ਹਨ ਕਿ ਸਿੱਖ ਕੌਮ ਨਾਲ ਜੁੜੇ ਇਤਿਹਾਸਕ ਅਤੇ ਮਨੁੱਖੀ ਅਧਿਕਾਰਾਂ ਦੇ ਸੰਵੇਦਨਸ਼ੀਲ ਮੁੱਦਿਆਂ ਨੂੰ ਲੋਕਾਂ ਤੱਕ ਪਹੁੰਚਣ ਤੋਂ ਰੋਕਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਇਤਿਹਾਸਕ ਸੱਚ ਨੂੰ ਦਬਾਉਣ ਦੀ ਬਜਾਏ ਲੋਕਾਂ ਸਾਹਮਣੇ ਆਉਣ ਦੇਣਾ ਹੀ ਲੋਕਤੰਤਰ ਦੀ ਅਸਲ ਭਾਵਨਾ ਹੈ।ਪਾਰਟੀ ਆਗੂਆਂ ਨੇ ਮੰਗ ਕੀਤੀ ਕਿ ਫ਼ਿਲਮ 'ਸਤਲੁਜ' ਨੂੰ ਤੁਰੰਤ ਪਲੇਟਫਾਰਮ 'ਤੇ ਮੁੜ ਬਹਾਲ ਕੀਤਾ ਜਾਵੇ ਜਾਂ ਇਸ ਨੂੰ ਹਟਾਉਣ ਦੇ ਅਸਲ ਕਾਰਨਾਂ ਬਾਰੇ ਜਨਤਕ ਤੌਰ 'ਤੇ ਸਪੱਸ਼ਟੀਕਰਨ ਦਿੱਤਾ ਜਾਵੇ ਅਤੇ ਭਵਿੱਖ ਵਿੱਚ ਕਿਸੇ ਵੀ ਮਨੁੱਖੀ ਅਧਿਕਾਰਾਂ ਨਾਲ ਸੰਬੰਧਿਤ ਫ਼ਿਲਮ ਨੂੰ ਇਸ ਤਰ੍ਹਾਂ ਰੋਕਣ ਦੀ ਪ੍ਰਵਿਰਤੀ ਤੋਂ ਗੁਰੇਜ਼ ਕੀਤਾ ਜਾਵੇ।



# ਜੇ ਈ ਬਣੇ ਦਿਲਬਾਗ ਸਿੰਘ ਜੀਉਬਾਲਾ ਦਾ ਕਰਮਚਾਰੀ ਦਲ ਵੱਲੋਂ ਸਨਮਾਨ

ਸਰਾਏ ਅਮਾਨਤ ਖਾਂ (ਮੱਖਣ ਮਨੋਜ)-ਕਰਮਚਾਰੀ ਦਲ ਸ਼ਹਿਰੀ ਮੰਡਲ ਤਰਨਤਾਰਨ ਦੀ ਹੰਗਾਮੀ ਮੀਟਿੰਗ ਸੋਮਵਾਰ ਨੂੰ ਸਬ ਡਵੀਜ਼ਨ ਝਬਾਲ ਵਿਖੇ ਪ੍ਰਧਾਨ ਰਤਨ ਸਿੰਘ ਲਾਲੂ ਘੁੰਮਣ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਵਿੱਚ ਡਵੀਜ਼ਨ ਭਰ ਦੇ ਸਾਰੇ ਅਹੁਦੇਦਾਰ ਸ਼ਾਮਲ ਹੋਏ।ਮੀਟਿੰਗ 'ਚ ਲਾਈਨਮੈਨ ਤੋਂ ਜੇਈ ਦੀ ਪ੍ਰਮੋਸ਼ਨ ਮਿਲਣ 'ਤੇ ਦਿਲਬਾਗ ਸਿੰਘ ਜੀਉਬਾਲਾ ਨੂੰ ਜਥੇਬੰਦੀ ਵੱਲੋਂ ਫੁੱਲਾਂ ਦਾ ਗੁਲਦਸਤਾ ਭੇਟ ਕਰਕੇ ਅਤੇ ਸਿਰੋਪਾ ਦੇ ਕੇ ਸਨਮਾਨਿਤ ਕੀਤਾ ਗਿਆ।ਆਗੂਆਂ ਨੇ ਉਨ੍ਹਾਂ ਨੂੰ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ ਅਤੇ ਜੀ ਆਇਆਂ ਆਖਿਆ।ਇਸ ਤੋਂ ਬਾਅਦ ਮੁਲਾਜ਼ਮਾਂ ਦੇ ਪੈਂਡਿੰਗ ਮਸਲਿਆਂ 'ਤੇ ਖੁੱਲ੍ਹ ਕੇ ਚਰਚਾ ਹੋਈ।ਆਗੂਆਂ ਨੇ ਕਿਹਾ ਕਿ ਸਰਕਾਰ ਵੱਲੋਂ ਮੰਨੀਆਂ ਗਈਆਂ ਮੰਗਾਂ ਅਜੇ ਤੱਕ ਹੱਲ ਨਹੀਂ ਹੋਈਆਂ, ਜਿਸ ਕਾਰਨ ਮੁਲਾਜ਼ਮਾਂ 'ਚ ਭਾਰੀ ਰੋਸ ਹੈ।ਜਥੇਬੰਦੀ ਨੇ ਮੰਗ ਕੀਤੀ ਕਿ ਪੈਂਡਿੰਗ ਮਸਲਿਆਂ ਦੇ ਹੱਲ ਲਈ ਤੁਰੰਤ ਮੀਟਿੰਗ ਸੱਦੀ ਜਾਵੇ।ਆਗੂਆਂ ਨੇ ਕਿਹਾ ਕਿ ਮੁਲਾਜ਼ਮਾਂ ਦਾ ਬਕਾਇਆ ਤੁਰੰਤ ਜਾਰੀ ਕੀਤਾ ਜਾਵੇ ਅਤੇ 3% ਤਰੁੱਟੀ ਨੂੰ ਠੀਕ ਕਰਕੇ ਮਹਿੰਗਾਈ ਭੱਤੇ 'ਚ ਵਾਧਾ ਕੀਤਾ ਜਾਵੇ।ਮੀਟਿੰਗ ਵਿੱਚ ਬਾਬਾ ਚਰਨਜੀਤ ਸਿੰਘ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਏ।ਇਸ ਤੋਂ ਇਲਾਵਾ ਮਨਪ੍ਰੀਤ ਸਿੰਘ, ਜੇਈ ਮਨਦੀਪ ਸਿੰਘ, ਤਰਲੋਚਨ ਸਿੰਘ ਜੇਈ, ਭੁਪਿੰਦਰ ਸਿੰਘ ਜੇਈ, ਦਿਲਬਾਗ ਸਿੰਘ ਜੇਈ, ਸਬ ਤਹਿਸੀਲ ਪ੍ਰਧਾਨ ਸੁਖਚੈਨ ਸਿੰਘ ਭੱਟੀ, ਸਾਹਿਬ ਸਿੰਘ ਸੀਨੀਅਰ ਮੀਤ ਪ੍ਰਧਾਨ, ਸੁਖਜਿੰਦਰ ਸਿੰਘ ਲਾਈਨਮੈਨ, ਦਲਬੀਰ ਸਿੰਘ ਲਾਈਨਮੈਨ, ਨਵਿੰਦਰ ਸਿੰਘ, ਪਰਵੇਜ਼ ਕੁਮਾਰ, ਖਜਾਨ ਸਿੰਘ, ਹਰਜੀਤ ਸਿੰਘ, ਪ੍ਰਭਜੋਤ ਸਿੰਘ, ਨੱਥਾ ਸਿੰਘ ਜੇਈ, ਚਰਨਜੀਤ ਸਿੰਘ ਛਾਪਾ, ਬਲਵਿੰਦਰ ਸਿੰਘ, ਸੰਦੀਪ ਸਿੰਘ, ਨਸੀਬ ਸਿੰਘ, ਕੰਵਲਜੀਤ ਸਿੰਘ ਸਮੇਤ ਕਰਮਚਾਰੀ ਦਲ ਦੇ ਹੋਰ ਅਹੁਦੇਦਾਰ ਹਾਜ਼ਰ ਸਨ।



# ਫਿਲਮ 'ਸਤਲੁਜ' ਤੋਂ ਰੋਕ ਹਟਾਉਣ ਦੀ ਮੰਗ



ਬਟਾਲਾ (ਤਰਲੋਕ ਬੱਗਾ)-ਸੀਪੀਆਈ ਐੱਮਐੱਲ ਲਿਬਰੇਸ਼ਨ ਨੇ ਦਲਜੀਤ ਦੋਸਾਂਝ ਦੀ ਸਤਲੁਜ ਨਾਂਅ ਹੇਠ ਰਿਲੀਜ਼ ਹੋਈ ਮੂਵੀ ਉਪਰ ਬੈਨ ਲਾਉਣ ਦੀ ਕਾਰਵਾਈ ਨੂੰ ਤਾਨਾਸ਼ਾਹੀ ਫੈਸਲਾ ਦੱਸਿਆ ਹੈ।ਇਸ ਸਬੰਧੀ ਲਿਬਰੇਸ਼ਨ ਆਗੂ ਕਾ. ਗੁਰਮੀਤ ਸਿੰਘ ਬਖਤਪੁਰਾ ਨੇ ਪ੍ਰੈੱਸ ਬਿਆਨ ਰਾਹੀਂ ਦਲਜੀਤ ਦੋਸਾਂਝ ਦੇ ਇਸ ਕਦਮ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਮੂਵੀ ਵਿੱਚ ਦਰਸਾਈ ਗਈ ਕਹਾਣੀ ਕੋਈ ਕਲਪਤ ਨਹੀਂ ਹੈ ਬਲਕਿ 90 ਦੇ ਦਹਾਕੇ ਦਾ ਅਸਲ ਇਤਿਹਾਸਕ ਸੱਚ ਹੈ, ਜਿਸ ਦਹਾਕੇ ਵਿਚ ਪੁਲਸ ਨੇ ਸਭ ਸੰਵਿਧਾਨਕ ਹੱਦਾਂ ਨੂੰ ਉਲੰਘਦਿਆਂ ਪੈਸੇ ਅਤੇ ਪਦਉੱਨਤੀਆ ਪ੍ਰਾਪਤ ਕਰਨ ਲਈ ਪੰਜਾਬ ਦੇ ਹਜ਼ਾਰਾਂ ਨੌਜਵਾਨਾਂ ਨੂੰ ਝੂਠੇ ਪੁਲਸ ਮੁਕਾਬਲਿਆਂ ਵਿੱਚ ਮਾਰ ਮੁਕਾਇਆ ਸੀ ਅਤੇ ਲਾਸ਼ਾਂ ਵੀ ਸਬੰਧਤ ਪਰਿਵਾਰਾਂ ਨੂੰ ਦੇਣ ਦੀ ਕੋਈ ਪਰਵਾਹ ਨਹੀਂ ਸੀ ਕੀਤੀ ਜੋ ਹਰ ਤਰ੍ਹਾਂ ਦੇ ਜਮਹੂਰੀ ਹੱਕਾਂ ਦਾ ਘਾਣ ਸੀ। ਇਸ ਪੁਲਸ ਰਾਜ ਬਾਬਤ ਜਦੋਂ ਪੀੜਤ ਪਰਿਵਾਰਾਂ ਨਾਲ ਖੜਦਿਆਂ ਜਸਵੰਤ ਸਿੰਘ ਖਾਲੜਾ ਨੇ ਪੁਲਸ ਦੇ ਇਸ ਘਿਨਾਉਣੇ ਜ਼ੁਲਮ ਨੂੰ ਨੰਗਾ ਕੀਤਾ ਤਾਂ ਪੁਲਸ ਨੇ ਉਸ ਦਾ ਵੀ ਕਤਲ ਕਰ ਦਿੱਤਾ ਸੀ, ਜਿਸ ਦੇ ਆਲੇ-ਦੁਆਲੇ ਹੀ ਸਤਲੁਜ ਮੂਵੀ ਦੀ ਕਹਾਣੀ ਘੁੰਮਦੀ ਹੈ।ਬਖਤਪੁਰਾ ਨੇ ਕਿਹਾ ਕਿ ਮੋਦੀ ਸਰਕਾਰ ਦੀ ਇਹ ਪਾਬੰਦੀ ਪੁਲਸ ਰਾਜ ਨੂੰ ਉਤਸ਼ਾਹਿਤ ਕਰਨ ਵਾਲੀ ਹੈ ਅਤੇ ਇਹ ਪਾਬੰਦੀ ਵਾਪਸ ਲਈ ਜਾਣੀ ਚਾਹੀਦੀ ਹੈ।ਉਨ੍ਹਾਂ ਕਿਹਾ ਕਿ ਕਨੂੰਨ ਤਾਂ ਇਹ ਮੰਗ ਕਰਦਾ ਸੀ ਕਿ ਇਸ ਦੌਰ ਦੇ ਸਮੁੱਚੇ ਗੈਰ-ਮਨੁੱਖੀ ਪੁਲਸ ਮੁਕਾਬਲਿਆਂ ਦੀ ਜਾਂਚ ਕਰਵਾਈ ਜਾਂਦੀ ਪਰ ਅਕਾਲੀ ਦਲ ਦੀ 10 ਸਾਲਾਂ ਦੇ ਸਮੇਂ ਦੀ ਸਰਕਾਰ ਸਮੇਤ ਕਿਸੇ ਵੀ ਸਰਕਾਰ ਨੇ ਇਸ ਦਾ ਨੋਟਿਸ ਲੈਣਾ ਜ਼ਰੂਰੀ ਨਹੀਂ ਸਮਝਿਆ

# ਯਾਦਗਾਰੀ ਹੋ ਨਿੱਬੜੀ ਰਣਜੀਤ ਐਵੀਨਿਊ 'ਚ ਲੱਗੀ 'ਗਲਾਸ ਆਰਟਿਸਟਰੀ ਵਰਕਸ਼ਾਪ'

ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)-ਸਥਾਨਕ ਰਣਜੀਤ ਐਵੀਨਿਊ ਵਿਖੇ 'ਮੋਮੈਂਟ ਮੇਕਰਜ਼ ਐਂਟਰਪ੍ਰਾਈਜ਼ਿਜ਼' ਵੱਲੋਂ 'ਗਲਾਸ ਆਰਟਿਸਟਰੀ ਵਰਕਸ਼ਾਪ' ਦਾ ਆਯੋਜਨ ਪ੍ਰਬੰਧਕ ਮਹਿਕਪ੍ਰੀਤ ਕੌਰ ਦੀ ਅਗਵਾਈ ਹੇਠ ਕੀਤਾ ਗਿਆ।ਇਸ ਵਰਕਸ਼ਾਪ ਵਿਚ ਛੋਟੇ ਬੱਚਿਆਂ ਤੋਂ ਲੈ ਕੇ ਹਰ ਉਮਰ ਦੇ ਪ੍ਰਤੀਭਾਗੀਆਂ ਨੇ ਸ਼ਮੂਲੀਅਤ ਕੀਤੀ ਅਤੇ ਆਪਣਾ ਹੁਨਰ ਦਿਖਾਇਆ।ਇਸ ਮੌਕੇ ਮੁੱਖ ਮਹਿਮਾਨ ਵਜੋਂ ਅੰਕਿਤ ਅਰੋੜਾ ਅਤੇ ਪੰਜਾਬ ਸਰਕਾਰ ਵੱਲੋਂ ਡਿਸਟ੍ਰਿਕ ਐਵਾਰਡੀ ਤੇ ਸੀਨੀਅਰ ਰਿਪੋਰਟਰ ਅਮਨਦੀਪ ਸਿੰਘ ਸ਼ਾਮਿਲ ਹੋਏ।ਪ੍ਰਬੰਧਕ ਮਹਿਕਪ੍ਰੀਤ ਕੌਰ ਨੇ ਮਹਿਮਾਨਾਂ ਦਾ ਨਿੱਘਾ ਸਵਾਗਤ ਕਰਦਿਆਂ ਜੀ ਆਇਆਂ ਆਖਿਆ।ਬੱਚਿਆਂ ਨੇ ਕੱਚ ਦੀਆਂ ਬੋਤਲਾਂ 'ਤੇ ਆਪਣੇ ਹੁਨਰ ਨੂੰ ਤਰਾਸ਼ਦਿਆਂ ਬਹੁਤ ਹੀ ਸੁੰਦਰ ਕਲਾਕ੍ਰਿਤੀਆਂ ਬਣਾਈਆਂ।ਮਹਿਕਪ੍ਰੀਤ ਕੌਰ ਨੇ ਦੱਸਿਆ ਕਿ ਇਹ ਉਹ ਇਸ ਤੋਂ ਪਹਿਲਾਂ ਵੀ ਕਈ ਸਮਾਰੋਹ ਕਰਵਾ ਚੁੱਕੇ ਹਨ, ਪਰ ਇਹ ਅਜਿਹੀ ਵਰਕਸ਼ਾਪ ਉਨ੍ਹਾਂ ਵੱਲੋਂ ਪਹਿਲੀ ਵਾਰ ਆਯੋਜਿਤ ਕੀਤੀ ਗਈ ਅਤੇ ਭਾਗੀਦਾਰਾਂ ਦੇ ਉਤਸ਼ਾਹ ਨਾਲ ਭਰਵਾਂ ਹੁੰਗਾਰਾ ਮਿਲਿਆ ਹੈ।ਉਨ੍ਹਾਂ ਦੱਸਿਆ ਕਿ ਅਕਰੈਲਿਕ ਕਲਰ ਦੀ ਵਰਤੋਂ ਨਾਲ ਭਾਗੀਦਾਰਾਂ ਨੇ ਬਹੁਤ ਸੁੰਦਰ ਕਲਾਕਾਰੀ ਦਿਖਾਈ ਹੈ।ਇਸ ਸਮਾਰੋਹ ਦੇ ਪ੍ਰਬੰਧਕ ਟੀਮ ਵਿਚ ਸੋਨੀਆ, ਮਨਪ੍ਰੀਤ ਕੌਰ ਅਤੇ ਸੋਸ਼ਲ ਮੀਡੀਆ ਮੈਨੇਜਰ ਭੁਵਨ ਸ਼ਰਮਾ ਸ਼ਾਮਲ ਸਨ, ਜਿਨ੍ਹਾਂ ਦੇ ਸਮਰਪਿਤ ਯਤਨਾਂ ਨੇ ਪ੍ਰੋਗਰਾਮ ਨੂੰ ਸਫਲ ਬਣਾਇਆ।ਮਹਿਕਪ੍ਰੀਤ ਕੌਰ ਨੇ ਕਿਹਾ ਅਜਿਹੇ ਸਮਾਰੋਹ ਬੱਚਿਆਂ ਅਤੇ ਔਰਤਾਂ ਦੇ ਅੰਦਰਲੇ ਹੁਨਰ ਨੂੰ ਤਰਾਸ਼ਣ ਵਿਚ ਸਹਾਈ ਹੁੰਦੇ ਹਨ। ਉਹ ਸਮੇਂ-ਸਮੇਂ 'ਤੇ ਅਜਿਹੇ ਸਮਾਰੋਹ ਕਰਵਾਉਂਦੇ ਰਹਿੰਦੇ ਹਨ।ਇਸ ਦੌਰਾਨ ਪਹੁੰਚੇ ਬੱਚਿਆਂ ਦੇ ਮਾਪਿਆਂ ਨੇ ਵੀ ਮਹਿਕਪ੍ਰੀਤ ਕੌਰ ਵਲੋਂ ਕੀਤੇ ਉਪਰਾਲੇ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਅਜਿਹੇ ਸਮਾਰੋਹ ਬੱਚਿਆਂ ਨੂੰ ਮੰਚ ਮੁਹੱਈਆ ਕਰਵਾਉਂਦੇ ਹਨ। ਬੱਚੇ ਇਥੇ ਆ ਕੇ ਆਪਣਾ ਹੁਨਰ ਦਿਖਾਉਂਦੇ ਹਨ।ਵੱਖ-ਵੱਖ ਡਿਜ਼ਾਈਨਾਂ ਵਿਚ ਪ੍ਰੇਰਨਾਦਾਇਕ ਸੁਨੇਹਿਆਂ ਨਾਲ ਵਾਤਾਵਰਣ ਪ੍ਰਤੀ ਵੀ ਜਾਗਰੂਕਤਾ ਦਾ ਸੰਦੇਸ਼ ਦਿੱਤਾ ਗਿਆ।ਇਸ ਵਰਕਸ਼ਾਪ ਵਿੱਚ ਰਿਹਾਨ ਟੁਟੇਜਾ, ਉਦੇ ਸਿੰਘ ਤੁਲਸੀ, ਸਨੇਹਾ ਅਟਵਾਲ, ਅਮੀਸ਼ਾ ਸਿੱਧੂ, ਭਵਯਾ ਜੈਨ, ਸਾਂਝ ਗਿੱਲ, ਚਾਰਵੀ ਕਪੂਰ, ਆਰਵ ਮਹਾਜਨ ਆਦਿ ਸ਼ਾਮਿਲ ਹੋਏ। ਸਨੇਹਾ ਅਟਵਾਲ ਤੇ ਅਮੀਸ਼ਾ ਸਿੱਧੂ ਨੇ ਕਿਹਾ ਕਿ ਇਹ ਵਰਕਸ਼ਾਪ ਉਨ੍ਹਾਂ ਲਈ ਹਮੇਸ਼ਾਂ ਯਾਦਗਾਰੀ ਰਹੇਗੀ।ਇਹ ਪ੍ਰੋਗਰਾਮ 'ਮੋਮੈਂਟ ਮੇਕਰਜ਼ ਐਂਟਰਪ੍ਰਾਈਜ਼ਿਜ਼' ਦੁਆਰਾ ਆਯੋਜਿਤ ਕੀਤਾ ਗਿਆ ਸੀ।ਇਸ ਦੌਰਾਨ ਮਹਿਕਪ੍ਰੀਤ ਕੌਰ, ਅਮਨਦੀਪ ਸਿੰਘ ਅਤੇ ਅੰਕਿਤ ਅਰੋੜਾ ਨੇ ਵਰਕਸ਼ਾਪ ਵਿਚ ਹਿੱਸਾ ਲੈਣ ਵਾਲੇ ਸਾਰੇ ਭਾਗੀਦਾਰਾਂ ਨੂੰ ਸਰਟੀਫਿਕੇਟ ਪ੍ਰਦਾਨ ਕੀਤੇ ਅਤੇ ਉਨ੍ਹਾਂ ਦੇ ਉਜਵਲ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ।ਪ੍ਰਬੰਧਕਾਂ ਨੇ ਸਾਰੇ ਭਾਗੀਦਾਰਾਂ, ਮਾਪਿਆਂ ਅਤੇ ਸਮਰਥਕਾਂ ਦਾ ਉਨ੍ਹਾਂ ਦੇ ਵਿਸ਼ਵਾਸ ਅਤੇ ਉਤਸ਼ਾਹ ਲਈ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਇਸ ਵਰਕਸ਼ਾਪ ਦੀ ਸ਼ਾਨਦਾਰ ਸਫਲਤਾ ਤੋਂ ਬਾਅਦ ਭਵਿੱਖ ਵਿੱਚ ਹੋਰ ਬਹੁਤ ਸਾਰੀਆਂ ਰਚਨਾਤਮਕ ਅਤੇ ਹੁਨਰ-ਅਧਾਰਤ ਵਰਕਸ਼ਾਪਾਂ ਕੀਤੀਆਂ ਜਾਣਗੀਆਂ।



# ਮਿਸ਼ੇਲਿਨ ਇੰਡੀਆ ਨੇ ਅੰਮ੍ਰਿਤਸਰ 'ਚ ਵੀ ਖੋਲ੍ਹਿਆ ਨਵਾਂ ਸਟੋਰ

ਅੰਮ੍ਰਿਤਸਰ, : ਦੁਨੀਆ ਦੀ ਮੋਹਰੀ ਟਾਇਰ ਤਕਨਾਲੋਜੀ ਕੰਪਨੀ, ਮਿਸ਼ੇਲਿਨ ਨੇ ਨੈਸ਼ਨਲ ਆਟੋ ਨਾਲ ਸਾਂਝੇਦਾਰੀ ਵਿੱਚ ਅੰਮ੍ਰਿਤਸਰ ਵਿੱਚ ਇੱਕ ਨਵਾਂ ਮਿਸ਼ੇਲਿਨ ਟਾਇਰਸ ਐਂਡ ਸਰਵਿਸਿਜ਼ (ਐਮਟੀਐਸ) ਸਟੋਰ ਲਾਂਚ ਕੀਤਾ ਹੈ।ਨਵੇਂ ਮਿਸ਼ੇਲਿਨ ਟਾਇਰਸ ਐਂਡ ਸਰਵਿਸਿਜ਼ ਸਟੋਰ ਨੂੰ ਇੱਕ ਆਧੁਨਿਕ ਆਟੋਮੋਟਿਵ ਸੇਵਾ ਸਥਾਨ ਵਜੋਂ ਡਿਜ਼ਾਈਨ ਕੀਤਾ ਗਿਆ ਹੈ ਜੋ ਕਿ ਉਨਤ ਵ੍ਹੀਲ ਅਲਾਈਨਮੈਂਟ, ਵ੍ਹੀਲ ਬੈਲੇਂਸਿੰਗ ਅਤੇ ਨਾਈਟ੍ਰੋਜਨ ਇਨਫਲੇਸ਼ਨ ਸੇਵਾਵਾਂ ਵੀ ਪ੍ਰਦਾਨ ਕਰਦਾ ਹੈ।ਇਹ ਸਹੂਲਤ ਆਧੁਨਿਕ ਬੁਨਿਆਦੀ ਢਾਂਚੇ ਨੂੰ ਉੱਨਤ ਸੇਵਾ ਸਮਰੱਥਾਵਾਂ ਨਾਲ ਜੋੜਦੀ ਹੈ ।ਨਵੀਂ ਸਹੂਲਤ ਦਾ ਉਦਘਾਟਨ ਪ੍ਰਸ਼ਾਂਤ ਸ਼ਰਮਾ -ਸੇਲਜ਼ ਡਾਇਰੈਕਟਰ ਦੁਆਰਾ ਕੀਤਾ ਗਿਆ।ਮਿਸ਼ੇਲਿਨ ਇੰਡੀਆ ਦੇ ਮੈਨੇਜਿੰਗ ਡਾਇਰੈਕਟਰ ਸ਼ਾਂਤਨੂ ਦੇਸ਼ਪਾਂਡੇ ਨੇ ਕਿਹਾ ਕਿ ਭਾਰਤ ਵਿੱਚ ਮਿਸ਼ੇਲਿਨ ਦੇ ਵਿਕਾਸ ਸਫ਼ਰ ਵਿੱਚ ਪੰਜਾਬ ਇੱਕ ਮਹੱਤਵਪੂਰਨ ਬਾਜ਼ਾਰ ਬਣਿਆ ਹੋਇਆ ਹੈ, ਜੋ ਕਿ ਵਾਹਨ ਮਾਲਕੀ ਵਿੱਚ ਵਾਧਾ, ਸੜਕੀ ਬੁਨਿਆਦੀ ਢਾਂਚੇ ਵਿੱਚ ਸੁਧਾਰ ਅਤੇ ਪ੍ਰੀਮੀਅਮ ਗਤੀਸ਼ੀਲਤਾ ਹੱਲਾਂ ਦੀ ਵਧਦੀ ਮੰਗ ਦੁਆਰਾ ਸੰਚਾਲਿਤ ਹੈ।

# ਮਿਊਂਸੀਪਲ ਮੁਲਾਜ਼ਮ ਅੱਜ ਤੋਂ ਅਣਮਿਥੇ ਸਮੇਂ ਦੀ ਹੜਤਾਲ 'ਤੇ

ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-ਸੇਵਕ ਕਰਮਚਾਰੀ ਯੂਨੀਅਨ ਕਾਦੀਆਂ ਦੇ ਪ੍ਰਧਾਨ ਰਹਿਮਤ ਵੱਲੋਂ ਇੱਕ ਪ੍ਰੈੱਸ ਨੋਟ ਜਾਰੀ ਕਰਕੇ ਦੱਸਿਆ ਗਿਆ ਹੈ ਕਿ ਪੰਜਾਬ ਦੇ ਸਮੂਹ ਮਿਊਂਸੀਪਲ ਮੁਲਾਜ਼ਮ ਸਫਾਈ ਸੀਵਰਮੈਨ ਆਦਿ ਦੀਆਂ ਜਾਇਜ਼ ਮੰਗਾਂ ਨੂੰ ਮਨਾਉਣ ਲਈ ਜਥੇਬੰਦੀ ਪਿਛਲੇ ਲੰਬੇ ਸਮੇਂ ਤੋਂ ਸੰਘਰਸ਼ ਕਰਦੀ ਆ ਰਹੀ ਹੈ। ਉਨ੍ਹਾਂ ਦੱਸਿਆ ਕਿ ਸਰਕਾਰ ਨੂੰ ਹੁਣ ਤੱਕ ਹੋਈਆਂ ਮੀਟਿੰਗਾਂ ਵਿੱਚ ਮੰਗਾਂ ਬਾਰੇ ਲਗਾਤਾਰ ਸਾਢੇ ਚਾਰ ਸਾਲ ਤੋਂ ਜਾਣੂ ਕਰਵਾਇਆ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਹੁਣ ਤੱਕ ਨਤੀਜਾ ਨਾਂਹ-ਪੱਖੀ ਹੀ ਰਿਹਾ ਹੈ ਅਤੇ ਇਸ ਤੋਂ ਇਲਾਵਾ 2 ਜੁਲਾਈ ਨੂੰ ਵਿੱਤ ਮੰਤਰੀ ਪੰਜਾਬ ਸਰਕਾਰ ਵੱਲੋਂ ਕੀਤੀ ਗਈ ਮੀਟਿੰਗ ਵਿੱਚ ਵੀ ਸਾਡੀਆਂ ਮੰਗਾਂ ਪ੍ਰਤੀ ਇਨਸਾਫ ਨਾ ਕਰਨ ਕਰਕੇ ਸਫਾਈ ਸੇਵਕ ਸੀਵਰਮੈਨ ਅਤੇ ਬਾਕੀ ਦੀਆਂ ਸਮੂਹ ਕੈਟਾਗਰੀਆਂ ਦੇ ਮਿਊਂਸੀਪਲ ਮੁਲਾਜ਼ਮਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ ਜਿਸ ਦੇ ਕਰਕੇ ਸੂਬੇ ਦੇ ਸਮੁੱਚੇ ਮਿਊਂਸੀਪਲ ਮੁਲਾਜ਼ਮ ਸਫਾਈ ਸੇਵਕ ਅਤੇ ਸੀਵਰ ਮੈਨਾ ਵੱਲੋਂ 8 ਜੁਲਾਈ ਤੋਂ ਲਗਾਤਾਰ ਅਣਮਿਥੇ ਸਮੇਂ ਲਈ ਸੂਬਾ ਪੱਧਰ ਤੇ ਕੰਮ ਛੋੜ ਹੜਤਾਲ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਜਿਸ ਦੀ ਸਾਰੀ ਜ਼ਿੰਮੇਵਾਰੀ ਸਰਕਾਰ ਦੀ ਹੋਵੇਗੀ।





*ਮਾਂ ਚਿੰਤਪੁਰਨੀ ਸੇਵਕ ਸਭਾ ਵੱਲੋਂ ਕਰਵਾਏ ਗਏ ਜਗਰਾਤੇ ਦੌਰਾਨ ਸਮਾਜ ਸੇਵਕ ਅਨੁਜ ਖੇਮਕਾ, ਨਸ਼ਾ ਵਿਰੋਧੀ ਸਮਾਜ ਨਿਰਮਾਣ ਸੰਸਥਾ ਦੇ ਚੇਅਰਮੈਨ ਬਾਲਕ੍ਰਿਸ਼ਨ ਸ਼ਰਮਾ, ਅਸ਼ਵਨੀ ਜੋਸ਼ੀ, ਅਸ਼ੀਸ਼ ਖੇਮਕਾ, ਕਪਿਸ਼ ਖੇਮਕਾ ਤੇ ਸਿਧਾਂਤ ਅਗਰਵਾਲ ਨੂੰ ਸਨਮਾਨਿਤ ਕਰਦੇ ਹੋਏ ਪ੍ਰਸਿੱਧ ਭਜਨ ਗਾਇਕ ਨਵਲ ਵਰਮਾ। (ਤਸਵੀਰ ਤੇ ਵੇਰਵਾ : ਮਨੋਜ ਕੁਮਾਰ, ਛੇਹਰਟਾ)*

# ਲੋਕ ਨਿਰਮਾਣ ਮੰਤਰੀ ਈਟੀਓ ਵੱਲੋਂ ਡਾਕੂਮੈਂਟਰੀ ਵੈਨਾਂ ਨੂੰ ਹਰੀ ਝੰਡੀ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸ਼ਰਧਾ ਨਾਲ ਮਨਾਉਣ ਅਤੇ ਉਨ੍ਹਾਂ ਦੇ ਜੀਵਨ ਫਲਸਫ਼ੇ ਅਤੇ ਸਿੱਖਿਆਵਾਂ ਨੂੰ ਘਰ-ਘਰ ਪਹੁੰਚਾਉਣ ਲਈ ਪੰਜਾਬ ਸਰਕਾਰ ਵੱਲੋਂ ਵਿਸ਼ੇਸ਼ ਦਸਤਾਵੇਜ਼ੀ ਪ੍ਰੋਜੈਕਟ ਦੀ ਸ਼ੁਰੂਆਤ ਕੀਤੀ ਗਈ ਹੈ, ਜਿਸ ਤਹਿਤ ਜ਼ਿਲ੍ਹਾ ਅੰਮ੍ਰਿਤਸਰ ਲਈ 3 ਡਾਕੂਮੈਂਟਰੀ ਵੈਨਾਂ ਨੂੰ ਅੱਜ ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਈ.ਟੀ.ਓ. ਵੱਲੋਂ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ ਗਿਆ। ਇਸ ਮੌਕੇ ਉਨ੍ਹਾਂ ਨਾਲ ਜ਼ਿਲ੍ਹਾ ਯੋਜਨਾ ਕਮੇਟੀ ਦੇ ਚੇਅਰਮੈਨ ਗੁਰਪ੍ਰਤਾਪ ਸਿੰਘ ਸੰਧੂ, ਜ਼ਿਲ੍ਹਾ ਸੈਰ ਸਪਾਟਾ ਅਫ਼ਸਰ ਸੁਖਮਨਦੀਪ ਸਿੰਘ, ਜ਼ਿਲ੍ਹਾ ਸਿੱਖਿਆ ਅਫ਼ਸਰ (ਸ.) ਕੰਵਲਜੀਤ ਸਿੰਘ, ਡਿਪਟੀ ਡੀ.ਈ.ਓ. ਰਾਜੇਸ਼ ਖੰਨਾ ਤੋਂ ਇਲਾਵਾ ਸ੍ਰੀ ਗੁਰੂ ਰਵਿਦਾਸ ਭਾਈਚਾਰੇ ਦੇ ਨੁਮਾਇੰਦੇ ਜਗਜੀਤ ਸਿੰਘ ਜੈਕੀ, ਗੁਰਚਰਨ, ਰਾਮ, ਕੌਂਸਲਰ ਸਤਨਾਮ ਸਿੰਘ ਸਾਬਾ ਵੀ ਮੌਜੂਦ ਸਨ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਲੋਕ ਨਿਰਮਾਣ ਮੰਤਰੀ ਸ. ਹਰਭਜਨ ਸਿੰਘ ਈਟੀਓ ਨੇ ਕਿਹਾ ਕਿ ਪੰਜਾਬ ਸਰਕਾਰ ਵਲੋਂ ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ ਫਲਸਫ਼ੇ ਅਤੇ ਸਿੱਖਿਆਵਾਂ ਤੇ ਅਧਾਰਿਤ ਪਿੰਡਾਂ ਵਿੱਚ ਦਸਤਾਵੇਜ਼ੀ ਫਿਲਮ ਦਿਖਾਉਣ ਲਈ ਵਿਸ਼ੇਸ਼ ਉੱਦਮ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਅੰਮ੍ਰਿਤਸਰ ਲਈ ਇਹ ਤਿੰਨ ਵੈਨਾਂ ਅਲਾਟ ਹੋਈਆਂ ਹਨ। ਇਸ ਵੈਨ ਤੇ 12 ਫੁੱਟ ਗੁਣਾ 8 ਫੁੱਟ ਦੀ ਵੱਡੀ ਐੱਲ. ਈ. ਡੀ. ਸਕਰੀਨ ਲਗਾਈ ਗਈ ਹੈ ਜਿਸ 'ਤੇ ਇਹ 30 ਮਿੰਟ ਦੀ ਦਸਤਾਵੇਜ਼ੀ ਫਿਲਮ ਸੰਖੇਪ, ਅਰਥਪੂਰਨ ਅਤੇ ਬਹੁਤ ਪ੍ਰਭਾਵਸ਼ਾਲੀ ਹੈ, ਜੋ ਸ੍ਰੀ ਗੁਰੂ ਰਵਿਦਾਸ ਮਹਾਰਾਜ ਦੀਆਂ ਸਿੱਖਿਆਵਾਂ ਨੂੰ ਲੋਕਾਂ ਤੱਕ ਪਹੁੰਚਾਏਗੀ। ਕੈਬਨਿਟ ਮੰਤਰੀ ਨੇ ਦੱਸਿਆ ਕਿ ਪਹਿਲੇ 15 ਦਿਨ ਇਹ ਵੈਨਾਂ ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ, ਬਾਬਾ ਬਕਾਲਾ ਸਾਹਿਬ ਅਤੇ ਅਜਨਾਲਾ ਦੇ ਪਿੰਡਾਂ ਵਿੱਚ ਡਾਕੂਮੈਂਟਰੀ ਫਿਲਮ ਦਿਖਾਉਣਗੀਆਂ। ਉਨ੍ਹਾਂ ਕਿਹਾ ਕਿ ਜ਼ਿਲ੍ਹੇ ਦੇ ਸਾਰੇ ਪਿੰਡ ਕਵਰ ਕੀਤੇ ਜਾਣਗੇ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦਾ ਉਦੇਸ਼ ਸ੍ਰੀ ਗੁਰੂ ਰਵਿਦਾਸ ਜੀ ਵੱਲੋਂ ਦਿੱਤੇ ਸਮਾਜਿਕ ਬਰਾਬਰੀ, ਸਦਭਾਵਨਾ, ਸੱਚ, ਮਿਹਨਤ ਅਤੇ ਮਨੁੱਖਤਾ ਦੇ ਸੰਦੇਸ਼ ਨੂੰ ਘਰ-ਘਰ ਤੱਕ ਪਹੁੰਚਾਉਣਾ ਹੈ। ਇਹ ਡਾਕੂਮੈਂਟਰੀ ਫਿਲਮ ਨੌਜਵਾਨ ਪੀੜ੍ਹੀ ਨੂੰ ਗੁਰੂ ਸਾਹਿਬ ਦੇ ਆਦਰਸ਼ਾਂ ਨਾਲ ਜੋੜਨ ਅਤੇ ਉਨ੍ਹਾਂ ਦੇ ਜੀਵਨ ਤੋਂ ਪ੍ਰੇਰਨਾ ਲੈਣ ਦਾ ਇੱਕ ਮਹੱਤਵਪੂਰਨ ਉਪਰਾਲਾ ਸਾਬਤ ਹੋਵੇਗੀ। ਇੱਕ ਵੈਨ ਰੋਜ਼ਾਨਾ ਦੋ ਪਿੰਡ ਕਵਰ ਕਰੇਗੀ ਅਤੇ ਸ਼ਾਮ ਨੂੰ 5:00 ਵਜੇ ਤੋਂ 7:30 ਵਜੇ ਤੱਕ ਦੋ ਵੱਖ-ਵੱਖ ਪਿੰਡਾਂ ਵਿੱਚ ਡਾਕੂਮੈਂਟਰੀ ਫਿਲਮ ਦਿਖਾਈ ਜਾਵੇਗੀ। ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਪਿੰਡਾਂ ਵਿੱਚ ਡਾਕੂਮੈਂਟਰੀ ਵੈਨ ਦੇ ਪਹੁੰਚਣ ਸਮੇਂ ਵੱਧ ਤੋਂ ਵੱਧ ਗਿਣਤੀ ਵਿੱਚ ਹਾਜ਼ਰ ਹੋ ਕੇ ਇਸ ਵਿਲੱਖਣ ਉਪਰਾਲੇ ਦਾ ਲਾਭ ਉਠਾਉਣ ਅਤੇ ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ, ਉਪਦੇਸ਼ਾਂ ਅਤੇ ਸਮਾਜ ਸੁਧਾਰ ਲਈ ਦਿੱਤੇ ਅਮੁੱਲੇ ਯੋਗਦਾਨ ਤੋਂ ਪ੍ਰੇਰਨਾ ਪ੍ਰਾਪਤ ਕਰਨ। ਉਨ੍ਹਾਂ ਕਿਹਾ ਕਿ ਅਜਿਹੇ ਉਪਰਾਲੇ ਸਮਾਜ ਵਿੱਚ ਆਪਸੀ ਭਾਈਚਾਰੇ, ਸਮਾਨਤਾ ਅਤੇ ਸਾਂਝੀਵਾਲਤਾ ਦੀ ਭਾਵਨਾ ਨੂੰ ਹੋਰ ਮਜ਼ਬੂਤ ਕਰਨ ਵਿੱਚ ਸਹਾਈ ਸਿੱਧ ਹੋਣਗੇ।



# ਮਾਈ ਭਾਰਤ ਵੱਲੋਂ 'ਤੀਬਰ ਰਜਿਸਟ੍ਰੇਸ਼ਨ ਤੇ ਜਾਗਰੂਕਤਾ ਮੁਹਿੰਮ' 1 ਜੁਲਾਈ ਤੋਂ 15 ਅਗਸਤ ਤੱਕ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਜ਼ਿਲ੍ਹਾ ਯੂਥ ਅਫ਼ਸਰ ਸੰਦੀਪ ਕੌਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਭਾਰਤ ਸਰਕਾਰ ਦੇ ਯੁਵਾ ਮਾਮਲੇ ਅਤੇ ਖੇਡ ਮੰਤਰਾਲੇ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਮਾਈ ਭਾਰਤ (ਮੇਰਾ ਯੁਵਾ ਭਾਰਤ) ਵੱਲੋਂ ਦੇਸ਼ ਭਰ ਵਿੱਚ 1 ਜੁਲਾਈ ਤੋਂ 15 ਅਗਸਤ, 2026 ਤੱਕ ਤੀਬਰ ਰਜਿਸਟ੍ਰੇਸ਼ਨ ਅਤੇ ਜਾਗਰੂਕਤਾ ਮੁਹਿੰਮ ਚਲਾਈ ਜਾ ਰਹੀ ਹੈ। ਇਸ ਮੁਹਿੰਮ ਦਾ ਉਦੇਸ਼ ਵੱਧ ਤੋਂ ਵੱਧ ਨੌਜਵਾਨਾਂ ਨੂੰ ਪੋਰਟਲ ਨਾਲ ਜੋੜਨਾ ਅਤੇ ਉਨ੍ਹਾਂ ਨੂੰ ਰਾਸ਼ਟਰ ਨਿਰਮਾਣ ਨਾਲ ਸਬੰਧਿਤ ਗਤੀਵਿਧੀਆਂ ਵਿੱਚ ਭਾਗੀਦਾਰ ਬਣਾਉਣਾ ਹੈ।

ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਦੇ ਕਾਲਜਾਂ, ਯੂਨੀਵਰਸਿਟੀਆਂ, ਉਦਯੋਗਿਕ ਸਿਖਲਾਈ ਸੰਸਥਾਵਾਂ (ਆਈ.ਟੀ.ਆਈ.), ਸਕੂਲਾਂ, ਐਨ.ਐੱਸ.ਐੱਸ. ਇਕਾਈਆਂ, ਨਹਿਰੂ ਯੁਵਾ ਕੇਂਦਰ ਨਾਲ ਸਬੰਧਤ ਯੂਥ ਕਲੱਬਾਂ ਅਤੇ ਹੋਰ ਵਿੱਦਿਅਕ ਅਤੇ ਸਮਾਜਿਕ ਸੰਸਥਾਵਾਂ ਵਿੱਚ ਵਿਸ਼ੇਸ਼ ਰਜਿਸਟ੍ਰੇਸ਼ਨ ਕੈਂਪ, ਜਾਗਰੂਕਤਾ ਪ੍ਰੋਗਰਾਮ, ਰੈਲੀਆਂ ਅਤੇ ਜਨ-ਸੰਪਰਕ ਗਤੀਵਿਧੀਆਂ ਕਰਵਾਈਆਂ ਜਾਣਗੀਆਂ। ਇਸ ਤੋਂ ਇਲਾਵਾ ਹੁਨਰ ਵਿਕਾਸ ਪ੍ਰੋਗਰਾਮਾਂ, ਸਫਾਈ ਮੁਹਿੰਮਾਂ, ਰੁੱਖ ਲਗਾਉਣ ਦੀਆਂ ਮੁਹਿੰਮਾਂ, ਖੂਨਦਾਨ ਕੈਂਪਾਂ, ਸਮਾਜ ਸੇਵਾ ਗਤੀਵਿਧੀਆਂ ਅਤੇ ਹੋਰ ਯੁਵਾ ਕੇਂਦਰਿਤ ਪ੍ਰੋਗਰਾਮਾਂ ਦੌਰਾਨ ਵੀ ਨੌਜਵਾਨਾਂ ਨੂੰ ਰਜਿਸਟ੍ਰੇਸ਼ਨ ਲਈ ਪ੍ਰੇਰਿਤ ਕੀਤਾ ਜਾਵੇਗਾ। ਜ਼ਿਲ੍ਹਾ ਯੂਥ ਅਫ਼ਸਰ ਨੇ ਕਿਹਾ ਕਿ ਸਿਰਫ਼ ਇੱਕ ਰਜਿਸਟ੍ਰੇਸ਼ਨ ਪੋਰਟਲ ਨਹੀਂ, ਸਗੋਂ ਨੌਜਵਾਨਾਂ ਨੂੰ ਦੇਸ਼ ਦੇ ਵਿਕਾਸ ਨਾਲ ਜੋੜਨ ਲਈ ਇੱਕ ਮਹੱਤਵਪੂਰਨ ਪਹਿਲ ਹੈ। ਇਸ ਪਲੇਟਫਾਰਮ ਰਾਹੀਂ ਨੌਜਵਾਨਾਂ ਨੂੰ ਸਵੈ-ਸੇਵਾ, ਲੀਡਰਸ਼ਿਪ ਵਿਕਾਸ, ਸ਼ਖਸੀਅਤ ਨਿਰਮਾਣ ਅਤੇ ਵੱਖ-ਵੱਖ ਸਰਕਾਰੀ ਅਤੇ ਸਮਾਜਿਕ ਪ੍ਰੋਗਰਾਮਾਂ ਵਿੱਚ ਭਾਗ ਲੈਣ ਦੇ ਮੌਕੇ ਪ੍ਰਾਪਤ ਹੋਣਗੇ। ਸ੍ਰੀਮਤੀ ਸੰਦੀਪ ਕੌਰ ਨੇ ਜ਼ਿਲ੍ਹਾ ਅੰਮ੍ਰਿਤਸਰ ਦੇ ਸਾਰੇ ਕਾਲਜਾਂ, ਸਕੂਲਾਂ, ਆਈ. ਟੀ. ਆਈ., ਯੂਥ ਕਲੱਬਾਂ, ਸਵੈ-ਸੇਵੀ ਸੰਸਥਾਵਾਂ ਅਤੇ 15 ਤੋਂ 29 ਸਾਲ ਦੀ ਉਮਰ ਵਰਗ ਦੇ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਇਸ ਮੁਹਿੰਮ ਵਿੱਚ ਵੱਧ ਤੋਂ ਵੱਧ ਭਾਗ ਲੈਣ।

# ਖੁਜਾਲਾ, ਨਾਜੋਆਣੀ ਤੇ ਮਹਿਣੀਆਂ ਬ੍ਰਾਹਮਣਾਂ 'ਚ ਲੋਕ ਮਿਲਣੀਆਂ; ਈਟੀਓ ਨੇ ਕੀਤੀ ਸ਼ਿਰਕਤ

ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)-ਸੂਬੇ ਦੇ ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਈ.ਟੀ.ਓ. ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਪਿਛਲੇ ਸਾਢੇ ਚਾਰ ਸਾਲਾਂ ਦੌਰਾਨ ਪੰਜਾਬ ਦੇ ਸਰਬਪੱਖੀ ਵਿਕਾਸ ਦੇ ਨਾਲ-ਨਾਲ ਆਮ ਲੋਕਾਂ ਦੀ ਭਲਾਈ ਲਈ ਇਤਿਹਾਸਕ ਉਪਰਾਲੇ ਕੀਤੇ ਹਨ, ਜਿਸ ਕਾਰਨ ਲੋਕ ਸਰਕਾਰ ਦੇ ਕੰਮਾਂ ਤੋਂ ਸੰਤੁਸ਼ਟ ਹਨ।ਉਨ੍ਹਾਂ ਕਿਹਾ ਕਿ ਲੋਕਾਂ ਦਾ ਭਰੋਸਾ ਸਰਕਾਰ ਦੀਆਂ ਲੋਕ-ਪੱਖੀ ਨੀਤੀਆਂ ਤੇ ਲਗਾਤਾਰ ਮਜ਼ਬੂਤ ਹੋ ਰਿਹਾ ਹੈ।ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਦੇ ਪਿੰਡ ਖੁਜਾਲਾ, ਨਾਜੋਆਣੀ ਅਤੇ ਮਹਿਣੀਆਂ ਬ੍ਰਾਹਮਣਾਂ ਵਿਖੇ ਕਰਵਾਏ ਗਏ ਲੋਕ ਮਿਲਣੀ ਪ੍ਰੋਗਰਾਮਾਂ ਦੌਰਾਨ ਜਨਤਕ ਇਕੱਠਾਂ ਨੂੰ ਸੰਬੋਧਨ ਕਰਦਿਆਂ ਉਨ੍ਹਾ ਕਿਹਾ ਕਿ ਸਰਕਾਰ ਨੇ ਵਿਧਾਨ ਸਭਾ ਚੋਣਾਂ ਦੌਰਾਨ ਲੋਕਾਂ ਨਾਲ ਕੀਤੇ ਵਾਅਦਿਆਂ ਨੂੰ ਪੂਰਾ ਕਰਨ ਲਈ ਵਚਨਬੱਧਤਾ ਨਾਲ ਕੰਮ ਕੀਤਾ ਹੈ। ਉਨ੍ਹਾਂ ਕਿਹਾ ਕਿ ਲੋਕ ਭਲਾਈ ਨੂੰ ਸਮਰਪਿਤ ਯੋਜਨਾਵਾਂ ਦਾ ਲਾਭ ਸੂਬੇ ਦੇ ਹਰ ਵਰਗ ਤੱਕ ਪਹੁੰਚਾਇਆ ਗਿਆ ਹੈ।ਉਨ੍ਹਾਂ ਕਿਹਾ ਕਿ ਮਾਵਾਂ-ਧੀਆਂ ਸਤਿਕਾਰ ਯੋਜਨਾ ਤਹਿਤ ਸੂਬੇ ਦੀਆਂ ਮਹਿਲਾਵਾਂ ਨੂੰ ਸਨਮਾਨ ਰਾਸ਼ੀ ਦਿੱਤੀ ਜਾ ਰਹੀ ਹੈ, ਜਿਸ ਨਾਲ ਮਹਿਲਾਵਾਂ ਨੂੰ ਆਰਥਿਕ ਸਹਾਰਾ ਮਿਲਿਆ ਹੈ।ਇਸ ਤੋਂ ਇਲਾਵਾ 300 ਯੂਨਿਟ ਮੁਫ਼ਤ ਬਿਜਲੀ ਦੀ ਸਹੂਲਤ ਨੇ ਆਮ ਲੋਕਾਂ ਨੂੰ ਵੱਡੀ ਰਾਹਤ ਦਿੱਤੀ ਹੈ ਅਤੇ ਵੱਡੀ ਗਿਣਤੀ ਵਿੱਚ ਪਰਿਵਾਰਾਂ ਨੂੰ ਜ਼ੀਰੋ ਬਿਜਲੀ ਬਿੱਲ ਦਾ ਲਾਭ ਮਿਲ ਰਿਹਾ ਹੈ।ਕੈਬਨਿਟ ਮੰਤਰੀ ਨੇ ਕਿਹਾ ਕਿ ਮੁੱਖ ਮੰਤਰੀ ਸੇਹਤ ਯੋਜਨਾ ਲੋਕਾਂ ਲਈ ਇੱਕ ਮਹੱਤਵਪੂਰਨ ਭਲਾਈ ਸਕੀਮ ਹੈ, ਜਿਸ ਤਹਿਤ ਯੋਗ ਲਾਭਪਾਤਰੀਆਂ ਨੂੰ ਮਿਆਰੀ ਅਤੇ ਮੁਫ਼ਤ ਇਲਾਜ ਦੀ ਸਹੂਲਤ ਮਿਲ ਰਹੀ ਹੈ। ਉਨ੍ਹਾਂ ਕਿਹਾ ਕਿ ਸਰਕਾਰ ਨੇ ਸਿੱਖਿਆ ਕ੍ਰਾਂਤੀ ਅਤੇ ਸਿਹਤ ਕ੍ਰਾਂਤੀ ਰਾਹੀਂ ਇਨ੍ਹਾਂ ਦੋਵੇਂ ਖੇਤਰਾਂ ਵਿੱਚ ਵੀ ਵਿਆਪਕ ਸੁਧਾਰ ਕਰਕੇ ਲੋਕਾਂ ਨੂੰ ਬਿਹਤਰ ਸਹੂਲਤਾਂ ਮੁਹੱਈਆ ਕਰਵਾਈਆਂ ਹਨ।ਹਲਕਾ ਜੰਡਿਆਲਾ ਗੁਰੂ ਦੇ ਵਿਕਾਸ ਦਾ ਜ਼ਿਕਰ ਕਰਦਿਆਂ ਈ.ਟੀ.ਓ. ਨੇ ਕਿਹਾ ਕਿ ਪਿਛਲੇ ਸਾਢੇ ਚਾਰ ਸਾਲਾਂ ਦੌਰਾਨ ਹਲਕੇ ਵਿੱਚ ਰਿਕਾਰਡ ਪੱਧਰ ਤੇ ਵਿਕਾਸ ਕਾਰਜ ਕਰਵਾਏ ਗਏ ਹਨ। ਉਨ੍ਹਾਂ ਕਿਹਾ ਕਿ ਅੱਜ ਹਲਕੇ ਦੇ ਹਰ ਪਿੰਡ ਵਿੱਚ ਵਿਕਾਸ ਦੇ ਕੰਮ ਜਾਰੀ ਹਨ ਅਤੇ ਬੁਨਿਆਦੀ ਢਾਂਚੇ ਤੋਂ ਲੈ ਕੇ ਲੋਕ ਸਹੂਲਤਾਂ ਤੱਕ ਹਰ ਖੇਤਰ ਵਿੱਚ ਮਹੱਤਵਪੂਰਨ ਤਬਦੀਲੀ ਆਈ ਹੈ। ਉਨ੍ਹਾਂ ਕਿਹਾ ਕਿ ਵਿਕਾਸ ਪੱਖੋਂ ਜੰਡਿਆਲਾ ਗੁਰੂ ਹਲਕੇ ਦੀ ਨੁਹਾਰ ਪੂਰੀ ਤਰ੍ਹਾਂ ਬਦਲ ਚੁੱਕੀ ਹੈ।ਉਨ੍ਹਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਵਿਕਾਸ ਅਤੇ ਲੋਕ ਭਲਾਈ ਦੀ ਇਸ ਯਾਤਰਾ ਵਿੱਚ ਆਪਣਾ ਸਹਿਯੋਗ ਜਾਰੀ ਰੱਖਣ ਤਾਂ ਜੋ ਪੰਜਾਬ ਨੂੰ ਹੋਰ ਤਰੱਕੀ ਦੀਆਂ ਨਵੀਆਂ ਉਚਾਈਆਂ ਤੇ ਲਿਜਾਇਆ ਜਾ ਸਕੇ।



# ਖੇਡਾਂ ਦੀ ਅਮੀਰ ਵਿਰਾਸਤ ਨੂੰ ਅੱਗੇ ਵਧਾ ਰਿਹੈ ਜ਼ੋਰਾਵਰ ਸਿੰਘ ਚਹਿਲ

**ਚੰਡੀਗੜ੍ਹ**-ਖੇਡਾਂ ਵਿੱਚ ਪਰਵਾਰ ਦੀ ਅਮੀਰ ਵਿਰਾਸਤ ਨੂੰ ਅੱਗੇ ਵਧਾਉਂਦਿਆਂ ਦਸ ਵਰ੍ਹਿਆਂ ਦੇ ਜ਼ੋਰਾਵਰ ਸਿੰਘ ਚਹਿਲ ਨੇ ਇੰਡੀਅਨ ਗੋਲਫ ਯੂਨੀਅਨ ਦੇ ਉੱਤਰੀ ਜ਼ੋਨ ਫੀਡਰ ਦੇ ਛੇਵੇਂ ਈਵੈਂਟ ਵਿਚ ਗੋਲਡ ਮੈਡਲ ਜਿੱਤਿਆ। ਸਟ੍ਰਾਅਬੇਰੀ ਫੀਲਡ ਹਾਈ ਸਕੂਲ ਚੰਡੀਗੜ੍ਹ ਵਿਖੇ ਪੰਜਵੀਂ ਕਲਾਸ ਦੇ ਵਿਦਿਆਰਥੀ ਜ਼ੋਰਾਵਰ ਸਿੰਘ ਨੇ ਇਹ ਟੂਰਨਾਮੈਂਟ ਅੰਬਾਲਾ ਦੇ ਖੜਗਾ ਵਾਤਾਵਰਣ ਪਾਰਕ ਅਤੇ ਸਿਖਲਾਈ ਕੇਂਦਰ ਵਿਚ ਜਿੱਤਿਆ ਜਿਸ ਵਿੱਚ ਉਸ ਨੇ ਅੰਡਰ 6 ਸਕੋਰ ਨਾਲ ਗੋਲਡ ਮੈਡਲ ਜਿੱਤਿਆ ਸੀ। ਜ਼ੋਰਾਵਰ ਸਿੰਘ ਜੋ ਸੀ ਕੈਟਾਗਿਰੀ ਵਿਚ ਖੇਡ ਰਿਹਾ ਹੈ, ਨੇ ਦਿਖਾ ਦਿੱਤਾ ਕਿ ਉਹ ਆਪਣੇ ਪਰਵਾਰ ਦੀ ਖੇਡ ਵਿਰਾਸਤ ਨੂੰ ਬਰਕਰਾਰ ਰੱਖੇਗਾ। ਭਾਰਤੀ ਹਾਕੀ ਟੀਮ ਦੇ ਸਾਬਕਾ ਕਪਤਾਨ ਤੇ ਓਲੰਪੀਅਨ ਗਗਨ ਅਜੀਤ ਸਿੰਘ ਜੋ ਕਿ ਫਾਜ਼ਿਲਕਾ ਦੇ ਐੱਸ ਐੱਸ ਪੀ ਹਨ, ਦੇ ਬੇਟੇ ਅਤੇ ਸਾਬਕਾ ਓਲੰਪੀਅਨ ਅਜੀਤ ਸਿੰਘ ਦੇ ਪੋਤਰੇ ਜ਼ੋਰਾਵਰ ਸਿੰਘ ਦੀ ਖੇਡਾਂ ਪ੍ਰਤੀ ਸ਼ੁਰੂ ਤੋਂ ਹੀ ਰੁਚੀ ਸੀ, ਇਸ ਲਈ ਉਨ੍ਹਾਂ ਦੇ ਪਿਤਾ ਨੇ ਬਹੁਤ ਸਹਿਯੋਗ ਕੀਤਾ। ਜ਼ੋਰਾਵਰ ਸਿੰਘ ਨੇ ਸਾਲ 2023 ਵਿਚ ਯੂ ਐੱਸ ਜੂਨੀਅਰ ਚੈਂਪੀਅਨਸ਼ਿੱਪ ਵਿਚ ਪਹਿਲਾਂ ਸਥਾਨ ਹਾਸਿਲ ਕੀਤਾ। ਸਾਲ 2024 ਵਿਚ ਯੂ ਐੱਸ ਕਿਡਜ਼



ਜੂਨੀਅਰ ਚੈਂਪੀਅਨਸ਼ਿਪ ਵਿਚ ਵੀ ਪਹਿਲਾਂ ਸਥਾਨ ਹਾਸਿਲ ਕਰ ਚੁੱਕਾ ਹੈ। ਹੁਣ ਇਸ ਸਾਲ ਆਈ ਜੀ ਯੂ (ਇੰਡੀਅਨ ਗੌਲਫ ਯੂਨੀਅਨ) ਦੇ ਉੱਤਰੀ ਜ਼ੋਨ ਦੇ ਟੂਰਨਾਮੈਂਟ ਵਿਚ ਦੂਜਾ ਸਥਾਨ ਹਾਸਿਲ ਕੀਤਾ ਸੀ ਜੋ ਪਟਿਆਲਾ ਵਿਚ ਹੋਇਆ ਸੀ ਤੇ ਫਿਰ ਹੁਣ ਆਈ ਜੀ ਯੂ ਜ਼ੋਨ ਫੀਡਰ ਦੇ ਛੇਵੇਂ ਈਵੈਂਟ ਵਿਚ ਜਿੱਤ ਕੇ ਦੱਸ ਦਿੱਤਾ ਕਿ ਉਹ ਆਪਣੇ ਪਰਵਾਰ ਦੀ ਵਿਰਾਸਤ ਨੂੰ ਹੋਰ ਅੱਗੇ ਲੈ ਕੇ ਜਾਵੇਗਾ।ਜ਼ੋਰਾਵਰ ਸਿੰਘ ਦੇ ਪਿਤਾ ਗਗਨ ਅਜੀਤ ਸਿੰਘ ਦੋ ਵਾਰ ਉਲੰਪਿਕ ਖੇਡਾਂ ਵਿਚ ਹਿੱਸਾ ਲੈ ਚੁੱਕੇ ਹਨ। 2001 ਵਿੱਚ ਉਨ੍ਹਾਂ ਦੀ ਕਪਤਾਨੀ ਹੇਠ ਜੂਨੀਅਰ ਵਿਸ਼ਵ ਕੱਪ ਜਿੱਤਿਆ। ਏਸ਼ੀਅਨ ਗੇਮਜ਼ ਵਿੱਚ ਚਾਂਦੀ ਦਾ ਤਮਗਾ ਜਿੱਤਿਆ। ਜ਼ੋਰਾਵਰ ਸਿੰਘ ਦੇ ਦਾਦਾ ਅਜੀਤ ਸਿੰਘ ਨੇ 1976 ਮਾਂਟਰੀਅਲ ਓਲੰਪਿਕਸ ਵਿੱਚ ਸਭ ਤੋਂ ਤੇਜ਼ ਗੋਲ ਕੀਤਾ ਸੀ ਅਤੇ 1973 ਵਿਸ਼ਵ ਕੱਪ ਵਿੱਚ ਚਾਂਦੀ ਦਾ ਤਮਗਾ ਜਿੱਤਿਆ। ਅਜੀਤ ਸਿੰਘ ਦੇ ਵੱਡੇ ਭਰਾ ਹਰਮੀਕ ਸਿੰਘ ਦੀ ਕਪਤਾਨੀ ਹੇਠ 1972 ਮਿਊਨਿਖ ਓਲੰਪਿਕ ਵਿੱਚ ਕਾਂਸੀ ਦਾ ਤਮਗਾ ਜਿੱਤਿਆ। 1968 ਓਲੰਪਿਕਸ ਵਿੱਚ ਕਾਂਸੀ ਦਾ ਤਮਗਾ ਤੇ 1971 ਵਿਸ਼ਵ ਕੱਪ ਵਿੱਚ ਕਾਂਸੀ ਤੇ 1973 ਵਿਸ਼ਵ ਕੱਪ ਵਿੱਚ ਚਾਂਦੀ ਦਾ ਤਮਗਾ ਜਿੱਤਿਆ।

# ਨਿਤਿਨ ਕੋਹਲੀ ਵੱਲੋਂ ਓਲੰਪੀਅਨ ਮਨਪ੍ਰੀਤ ਸਿੰਘ ਦਾ ਸ਼ਾਨਦਾਰ ਸਵਾਗਤ

**ਜਲੰਧਰ ( ਸ਼ੈਲੀ ਐਲਬਰਟ)**-ਭਾਰਤੀ ਹਾਕੀ ਟੀਮ ਦੇ ਸਾਬਕਾ ਕਪਤਾਨ ਅਤੇ ਸੀਨੀਅਰ ਖਿਡਾਰੀ ਮਨਪ੍ਰੀਤ ਸਿੰਘ ਦੇ ਆਪਣੇ ਜੱਦੀ ਪਿੰਡ ਮਿੱਠਾਪੁਰ ਪਹੁੰਚਣ 'ਤੇ ਹਾਕੀ ਪੰਜਾਬ ਦੇ ਪ੍ਰਧਾਨ ਤੇ ਆਮ ਆਦਮੀ ਪਾਰਟੀ ਤੋਂ ਜਲੰਧਰ ਸੈਂਟਰਲ ਹਲਕਾ ਇੰਚਾਰਜ ਨਿਤਿਨ ਕੋਹਲੀ ਦੀ ਅਗਵਾਈ ਵਿਚ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ ਗਿਆ। ਮਿੱਠਾਪੁਰ ਹਾਕੀ ਸਟੇਡੀਅਮ ਵਿਖੇ ਆਯੋਜਿਤ ਇਸ ਸਮਾਗਮ ਦੌਰਾਨ ਨਿਤਿਨ ਕੋਹਲੀ ਨੇ ਮਨਪ੍ਰੀਤ ਸਿੰਘ ਅਤੇ ਉਨ੍ਹਾਂ ਦੇ ਪਰਵਾਰ ਨੂੰ ਫੁੱਲਾਂ ਦੇ ਹਾਰ ਪਾ ਕੇ ਜੀ ਆਇਆਂ ਨੂੰ ਆਖਿਆ।ਇਸ ਮੌਕੇ ਨਿਤਿਨ ਕੋਹਲੀ ਨੇ ਕਿਹਾ ਕਿ ਮਨਪ੍ਰੀਤ ਸਿੰਘ ਨੇ 413 ਅੰਤਰਰਾਸ਼ਟਰੀ ਹਾਕੀ ਮੈਚ ਖੇਡ ਕੇ ਇੱਕ ਨਵਾਂ ਰਿਕਾਰਡ ਸਥਾਪਿਤ ਕੀਤਾ ਹੈ, ਜਿਸ ਨਾਲ ਨਾ ਸਿਰਫ਼ ਜਲੰਧਰ ਬਲਕਿ ਪੂਰੇ ਦੇਸ਼ ਦਾ ਨਾਮ ਰੌਸ਼ਨ ਹੋਇਆ ਹੈ।ਮਨਪ੍ਰੀਤ ਸਿੰਘ ਨੇ ਇਸ ਮੌਕੇ ਨੌਜਵਾਨਾਂ ਨੂੰ ਨਸ਼ਿਆਂ ਦਾ ਤਿਆਗ ਕਰਕੇ ਖੇਡਾਂ ਵੱਲ ਪ੍ਰੇਰਿਤ ਹੋਣ ਦੀ ਅਪੀਲ ਕੀਤੀ।ਖਿਡਾਰੀਆਂ ਨੇ ਵਿਸ਼ਵਾਸ ਜਤਾਇਆ ਕਿ ਭਾਰਤੀ ਟੀਮ ਆਉਣ ਵਾਲੇ ਵਿਸ਼ਵ ਕੱਪ ਅਤੇ 2028 ਦੀਆਂ



ਓਲੰਪਿਕ ਖੇਡਾਂ ਵਿੱਚ ਗੋਲਡ ਮੈਡਲ ਜਿੱਤ ਕੇ ਇਤਿਹਾਸ ਰਚੇਗੀ। ਇਸ ਦੇ ਨਾਲ ਹੀ ਮਨਪ੍ਰੀਤ ਸਿੰਘ ਨੇ ਨੌਜਵਾਨਾਂ ਨੂੰ ਅਪੀਲ ਕੀਤੀ ਹੈ ਕਿ ਉਹ ਨਸ਼ਿਆਂ ਤੋਂ ਦੂਰ ਰਹਿਣ ਅਤੇ ਸੁਨਹਿਰੀ ਭਵਿੱਖ ਯਕੀਨੀ ਬਣਾਉਣ ਲਈ ਖੇਡਾਂ ਵਿਚ ਹਿੱਸਾ ਲੈਣ। ਉਨ੍ਹਾਂ ਦੱਸਿਆ ਕਿ ਉਨ੍ਹਾਂ ਨੇ ਆਪਣੀ ਹਾਕੀ ਯਾਤਰਾ ਮਿੱਠਾਪੁਰ ਮੈਦਾਨ ਤੋਂ ਸ਼ੁਰੂ ਕੀਤੀ ਸੀ, ਜਿਸ ਨੂੰ ਅਕਸਰ ਹਾਕੀ ਦਾ ਮੱਕਾ ਕਿਹਾ ਜਾਂਦਾ ਹੈ ਅਤੇ ਉਸ ਫਾਉਂਡੇਸ਼ਨ ਦੀ ਬਦੌਲਤ ਉਹ ਆਪਣੇ ਮੌਜੂਦਾ ਪੱਧਰ 'ਤੇ ਪਹੁੰਚੇ ਹਨ।ਮਨਪ੍ਰੀਤ ਸਿੰਘ ਨੇ ਕਿਹਾ ਕਿ ਮੈਨੂੰ ਬਹੁਤ ਮਾਣ ਮਹਿਸੂਸ ਹੋ ਰਿਹਾ ਹੈ ਕਿ ਇਸੇ ਮੈਦਾਨ ਵਿਚ ਖੇਡ ਕੇ ਉਹ ਅੱਜ ਭਾਰਤੀ ਹਾਕੀ ਟੀਮ ਵਿਚ ਖੇਡ ਕੇ ਨਵਾਂ ਵਿਸ਼ਵ ਰਿਕਾਰਡ ਬਣਾਉਣ ਵਿਚ ਸਮਰੱਥ ਹੋਏ ਹਨ। ਮਨਪ੍ਰੀਤ ਦੇ ਸਵਾਗਤ ਬਾਰੇ ਬੋਲਦਿਆਂ, ਫਾਰਵਰਡ ਹਾਕੀ ਖਿਡਾਰੀ ਮਨਦੀਪ ਸਿੰਘ ਨੇ ਕਿਹਾ ਕਿ 413 ਮੈਚ ਖੇਡ ਕੇ ਮਨਪ੍ਰੀਤ ਨੇ ਜੋ ਰਿਕਾਰਡ ਕਾਇਮ ਕੀਤਾ ਹੈ, ਉਸੇ ਲਈ ਉਸ ਦਾ ਸਨਮਾਨ ਕੀਤਾ ਜਾ ਰਿਹਾ ਹੈ। ਉਨ੍ਹਾਂ ਵਿਸ਼ਵਾਸ ਪ੍ਰਗਟ ਕੀਤਾ ਕਿ ਭਾਰਤੀ ਹਾਕੀ ਟੀਮ ਆਉਣ ਵਾਲੇ ਵਿਸ਼ਵ ਕੱਪ ਵਿੱਚ ਸੋਨ ਤਗਮਾ ਜਿੱਤੇਗੀ ਅਤੇ ਓਲੰਪਿਕ ਲਈ ਕੁਆਲੀਫਾਈ ਕਰ ਕੇ ਗੋਲਡ ਮੈਡਲ ਦਾ ਸੁਪਨਾ ਸਾਕਾਰ ਕਰੇਗੀ।ਇਸ ਮੌਕੇ ਖੇਡ ਅਤੇ ਪ੍ਰਸ਼ਾਸਨਿਕ ਜਗਤ ਦੀਆਂ ਕਈ ਨਾਮਵਰ ਸ਼ਖ਼ਸੀਅਤਾਂ ਮੌਜੂਦ ਸਨ, ਜਿਨ੍ਹਾਂ ਵਿਚ ਡਿਪਟੀ ਮੇਅਰ ਮਲਕੀਤ ਸੁਭਾਣਾ, ਏ.ਸੀ.ਪੀ. ਟ੍ਰੈਫਿਕ ਅਜੈ ਸਿੰਘ, ਓਲੰਪੀਅਨ ਸੰਜੀਵ ਕੁਮਾਰ, ਹਾਕੀ ਸੈਕਟਰੀ ਅਮਰੀਕ ਸਿੰਘ ਪਵਾਰ ਅਤੇ ਓਲੰਪੀਅਨ ਹਰਪ੍ਰੀਤ ਸਿੰਘ ਮੰਡੇਰ (ਐੱਸ.ਐੱਸ.ਪੀ. ਵਿਜੀਲੈਂਸ) ਸ਼ਾਮਲ ਸਨ। ਇਨ੍ਹਾਂ ਤੋਂ ਇਲਾਵਾ ਨਵਜੋਤ ਸਿੰਘ, ਸੁਰਿੰਦਰ ਸਿੰਘ, ਓਲੰਪੀਅਨ ਮਨਦੀਪ ਸਿੰਘ, ਸਰਬਜੀਤ ਸਿੰਘ ਸਾਬੀ, ਕੁਲਦੀਪ ਸਿੰਘ, ਜ਼ੋਰਾਵਰ ਸਿੰਘ, ਦਵਿੰਦਰ ਸੰਘਾ, ਹਾਕੀ ਖਿਡਾਰੀ ਭੁਪਿੰਦਰ ਸਿੰਘ ਅਤੇ ਅੰਤਰਰਾਸ਼ਟਰੀ ਹਾਕੀ ਖਿਡਾਰੀ ਤੇਜਾ ਸਿੰਘ ਨੇ ਵੀ ਆਪਣੀ ਹਾਜ਼ਰੀ ਲਗਵਾਈ।

## ਜਨਮ ਦਿਨ ਮੁਬਾਰਕ



ਮਹਿਕਪ੍ਰੀਤ ਕੌਰ
ਪਿੰਡ: ਕੋਟਲੀ ਬਾਵਾ ਦਾਸ



ਅਨੰਤ ਚਾਵਲਾ
ਕੋਟਕਪੂਰਾ (ਫ਼ਰੀਦਕੋਟ)



ਅਜੇਪ੍ਰਤਾਪ ਸਿੰਘ ਰੰਧਾਵਾ
ਪਿੰਡ: ਮੁਰੀਦਕੇ (ਗੁਰਦਾਸਪੁਰ)



ਚਾਰਵੀ ਸਿੰਗਲਾ
ਬੁਢਲਾਡਾ



ਗੁਰਬਾਜ ਸਿੰਘ
ਗੁਰਦਾਸਪੁਰ

# ਡਾਕਟਰ ਸ਼ਿਆਮਾ ਪ੍ਰਸਾਦ ਮੁਖਰਜੀ ਦਾ ਜਨਮ ਦਿਹਾੜਾ ਮਨਾਉਣ ਸੰਬੰਧੀ ਸਮਾਰੋਹ




**ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)**- ਇੱਕ ਮਹਾਨ ਭਾਰਤੀ ਸਿਆਸਤਦਾਨ ਸਿੱਖਿਆ ਸ਼ਾਸਤਰੀ ਅਤੇ ਭਾਰਤੀ ਜਨ ਸੰਘ ਦੇ ਸੰਸਥਾਪਕ ਡਾਕਟਰ ਸ਼ਿਆਮਾ ਪ੍ਰਸਾਦ ਮੁਖਰਜੀ ਦਾ ਜਨਮ ਦਿਹਾੜਾ ਮਨਾਉਣ ਸਬੰਧੀ ਭਾਜਪਾ ਪੰਜਾਬ ਦੇ ਐਗਜ਼ੈਕਟਿਵ ਮੈਂਬਰ ਸੁਰਿੰਦਰ ਜਾਜਾ ਦੀ ਅਗਵਾਈ ਵਿੱਚ ਇੱਕ ਸਮਾਰੋਹ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਵੱਖ-ਵੱਖ ਧਾਰਮਿਕ, ਸਮਾਜਿਕ ਅਤੇ ਸਵੈਸੇਵੀ ਸੰਸਥਾਵਾਂ ਦੇ ਆਗੂਆਂ ਤੋਂ ਇਲਾਵਾ ਭਾਜਪਾ ਵਰਕਰਾਂ ਨੇ ਭਾਗ ਲਿਆ।ਸਮਾਰੋਹ 'ਚ ਸ਼ਾਮਲ ਪਰਮਜੀਤ ਬਾਬੂ, ਸੂਰਜ ਸੈਣੀ, ਬਲਰਾਜ ਸੈਣੀ, ਮੋਹਿਤ ਧੀਰ, ਸੁਰਜੀਤ ਰਾਜਾ, ਧੀਰਜ ਪੁਰੀ, ਰਾਜ ਅਹੀਆਪੁਰ, ਨਵਜੋਤ ਸਿੰਘ, ਕਰਨ ਕੁਮਾਰ ਅਤੇ ਦਵਿੰਦਰ ਕੁਮਾਰ ਤੋਂ ਇਲਾਵਾ ਹੋਰ ਹਾਜ਼ਰ ਲੋਕਾਂ ਨੇ ਡਾਕਟਰ ਸ਼ਿਆਮਾ ਪ੍ਰਸ਼ਾਦ ਮੁਖਰਜੀ ਦੇ ਜਨਮ ਦਿਹਾੜੇ ਦੀਆਂ ਇਕ ਦੂਜੇ ਨੂੰ ਵਧਾਈਆਂ ਦਿੰਦੇ ਹੋਏ ਮੁਖਰਜੀ ਦੀ ਮੂਰਤੀ 'ਤੇ ਫੁੱਲ ਮਾਲਾਵਾਂ ਚੜ੍ਹਾ ਕੇ ਉਨ੍ਹਾਂ ਵੱਲੋਂ ਕੀਤੀ ਗਈ ਦੇਸ਼ ਏਕਤਾ ਨੂੰ ਨਮਨ ਕੀਤਾ ਗਿਆ।ਹਾਜ਼ਰ ਇਕੱਠ ਨੂੰ ਸੰਬੋਧਨ ਕਰਦੇ ਹੋਏ ਸੁਰਿੰਦਰ ਜਾਜਾ ਨੇ ਕਿਹਾ ਕਿ ਡਾਕਟਰ ਸ਼ਿਆਮਾ ਪ੍ਰਸਾਦ ਮੁਖਰਜੀ ਨੇ ਸਾਰਾ ਜੀਵਨ ਦੇਸ਼ ਦੀ ਏਕਤਾ ਅਤੇ ਅਖੰਡਤਾ ਲਈ ਸਮਰਪਣ ਕੀਤਾ ਸੀ। ਉਨ੍ਹਾਂ ਕਿਹਾ ਕਿ ਮੁਖਰਜੀ ਆਪਣੀ ਸਾਰੀ ਉਮਰ ਦੇਸ਼ ਵਿੱਚ ਇੱਕ ਵਿਧਾਨ, ਇੱਕ ਪ੍ਰਧਾਨ ਤੇ ਇੱਕ ਨਿਸ਼ਾਨ ਲਈ ਸੰਘਰਸ਼ ਕਰਦੇ ਰਹੇ ਅਤੇ ਇਸ ਨੂੰ ਲਾਗੂ ਕਰਨ ਵਿੱਚ ਆਪਣਾ ਵਡਮੁੱਲਾ ਯੋਗਦਾਨ ਦਿੱਤਾ। ਉਨ੍ਹਾਂ ਕਿਹਾ ਕਿ ਮੁਖਰਜੀ ਦੇ ਸੰਘਰਸ਼ ਦੀ ਬਦੌਲਤ ਹੀ ਅੱਜ ਬੰਗਾਲ ਅਤੇ ਅਸਾਮ ਭਾਰਤ ਦੇ ਮਾਣਮੱਤੇ ਹਿੱਸੇ ਬਣੇ ਹੋਏ ਹਨ। ਉਨ੍ਹਾਂ ਕਿਹਾ ਕਿ ਭਾਰਤ ਦਾ ਸ਼ਾਸਨ ਦੇਸ਼ ਦੀਆਂ ਸਭਿਆਚਾਰਕ ਪਰੰਪਰਾਵਾਂ, ਸਥਾਨਕ ਵਿਸ਼ਵਾਸਾਂ ਅਤੇ ਰਾਸ਼ਟਰੀ ਕਦਰਾਂ ਕੀਮਤਾਂ ਅਨੁਸਾਰ ਚਲਾਉਣ ਲਈ ਉਨ੍ਹਾਂ ਨੇ ਜਨ ਸੰਘ ਦੀ ਸਥਾਪਨਾ ਕੀਤੀ ਸੀ।

# ਰਜਿੰਦਰ ਪਾਲ ਸਿੰਘ ਨੇ ਸਹਾਇਕ ਫੂਡ ਕਮਿਸ਼ਨਰ ਵਜੋਂ ਸੰਭਾਲਿਆ ਅਹੁਦਾ

**ਜਲੰਧਰ (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)**-ਕਮਿਸ਼ਨਰੇਟ ਫੂਡ ਅਤੇ ਡਰੱਗਜ਼ ਐਡਮਿਨਸਟ੍ਰੇਸ਼ਨ ਪੰਜਾਬ ਦੇ ਹੁਕਮਾਂ ਤਹਿਤ ਰਜਿੰਦਰ ਪਾਲ ਸਿੰਘ ਵੱਲੋਂ ਸਿਵਲ ਸਰਜਨ ਦਫ਼ਤਰ ਵਿਖੇ ਸਹਾਇਕ ਫੂਡ ਕਮਿਸ਼ਨਰ (ਏ ਸੀ ਐੱਫ) ਵਜੋਂ ਅਹੁਦਾ ਸੰਭਾਲ ਲਿਆ ਗਿਆ ਹੈ। ਅਹੁਦਾ ਸੰਭਾਲਣ ਉਪਰੰਤ ਸਿਵਲ ਸਰਜਨ ਜਲੰਧਰ ਡਾ. ਰਾਜੇਸ਼ ਗਰਗ ਵੱਲੋਂ ਅਤੇ ਫੂਡ ਸੇਫਟੀ ਵਿੰਗ ਦੇ



ਸਮੂਹ ਸਟਾਫ਼ ਮੈਂਬਰਾਂ ਵੱਲੋਂ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ ਗਿਆ।ਸਿਵਲ ਸਰਜਨ ਡਾ. ਰਾਜੇਸ਼ ਗਰਗ ਵੱਲੋਂ ਰਜਿੰਦਰ ਪਾਲ ਸਿੰਘ ਨੂੰ ਵਧਾਈ ਦਿੰਦੇ ਹੋਏ ਤੰਦਰੁਸਤ ਅਤੇ ਸਿਹਤਮੰਦ ਸਮਾਜ ਦੀ ਸਿਰਜਣਾ ਲਈ ਲੋਕ ਹਿੱਤ ਦੇ ਮੱਦੇਨਜ਼ਰ ਆਪਣੀ ਡਿਊਟੀ ਤਨਦੇਹੀ ਨਾਲ ਕਰਨ ਲਈ ਕਿਹਾ। ਰਜਿੰਦਰ ਪਾਲ ਸਿੰਘ ਵੱਲੋਂ ਏ ਸੀ ਐੱਫ (ਫੂਡ ਸੇਫਟੀ) ਦਾ ਅਹੁਦਾ ਸੰਭਾਲਣ ਉਪਰੰਤ ਸਟਾਫ ਨਾਲ ਮੀਟਿੰਗ ਕੀਤੀ ਗਈ ਅਤੇ ਜ਼ਿਲ੍ਹੇ ਦੇ ਫੂਡ ਬਿਜ਼ਨਸ ਆਪਰੇਟਰਾਂ ਨੂੰ ਜ਼ਰੂਰੀ ਦਿਸ਼ਾ-ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ ਜ਼ਿਲ੍ਹੇ ਅੰਦਰ ਕਿਸੇ ਵੀ ਵਿਅਕਤੀ ਨੂੰ ਬਿਨਾਂ ਵੈਧ ਲਾਇਸੰਸ ਜਾਂ ਰਜਿਸਟ੍ਰੇਸ਼ਨ ਦੇ ਖਾਧ ਪਦਾਰਥਾਂ ਦਾ ਵਪਾਰ ਕਰਨ ਦੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ ਅਤੇ ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਖ਼ਿਲਾਫ਼ ਕਾਨੂੰਨ ਮੁਤਾਬਕ ਸਖ਼ਤ ਤੋਂ ਸਖ਼ਤ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

# ਏਸ਼ੀਆ ਪੈਸੀਫਿਕ ਟਚਬਾਲ ਚੈਂਪੀਅਨਸ਼ਿਪ ਭਲਕ ਤੋਂ



**ਜਲੰਧਰ (ਸੁਰਿੰਦਰ ਕੁਮਾਰ)**-ਪੰਜਾਬ ਪੁਲਿਸ ਦੀ ਖਿਡਾਰਨ ਕੁਲਦੀਪ ਕੌਰ ਨੂੰ 9 ਤੋਂ 12 ਜੁਲਾਈ ਤੱਕ ਤਾਈਵਾਨ (ਚਾਈਨੀਜ਼ ਤਾਈਪੇ) ਵਿੱਚ ਹੋਣ ਵਾਲੀ ਏਸ਼ੀਆ ਪੈਸੀਫਿਕ ਟਚਬਾਲ ਚੈਂਪੀਅਨਸ਼ਿਪ ਲਈ ਭਾਰਤੀ ਮਹਿਲਾ ਟੀਮ ਦਾ ਕਪਤਾਨ ਨਿਯੁਕਤ ਕੀਤਾ ਗਿਆ ਹੈ। ਇਸੇ ਤਰ੍ਹਾਂ ਪੰਜਾਬ ਪੁਲਿਸ ਦੀ ਮਨਦੀਪ ਕੌਰ ਨੂੰ ਟੀਮ ਦਾ ਉਪ ਕਪਤਾਨ ਬਣਾਇਆ ਗਿਆ ਹੈ। ਇਸ ਅੰਤਰਰਾਸ਼ਟਰੀ ਚੈਂਪੀਅਨਸ਼ਿਪ ਵਿੱਚ ਭਾਰਤੀ ਟੀਮ ਦੇਸ਼ ਦੀ ਨੁਮਾਇੰਦਗੀ ਕਰੇਗੀ।ਭਾਰਤੀ ਟੀਮ ਵਿੱਚ ਕੁਲਦੀਪ ਕੌਰ ਅਤੇ ਮਨਦੀਪ ਕੌਰ ਤੋਂ ਇਲਾਵਾ ਕਰਿਸ਼ਮਾ ਰਾਠੌਰ, ਦਲਜੀਤ ਕੌਰ, ਸੋਨਮ ਕੁਮਾਰੀ, ਸਰਬਜੀਤ ਕੌਰ, ਜਗਰੂਪ ਕੌਰ, ਖੁਸ਼ਬੀਰ ਕੌਰ, ਮੰਜੂ ਗਿੱਲ, ਮੁਸਕਾਨ ਅਤੇ ਮਮਤਾ ਸਿੰਘ ਨੂੰ ਵੀ ਸ਼ਾਮਲ ਕੀਤਾ ਗਿਆ ਹੈ। ਇਸ ਮੌਕੇ 'ਤੇ ਇੰਡੀਅਨ ਟਚਬਾਲ ਫੈਡਰੇਸ਼ਨ ਦੇ ਪ੍ਰਧਾਨ ਐੱਮ. ਐੱਫ. ਫਾਰੂਕੀ ਏ ਡੀ ਜੀ ਪੀ/ਐੱਸ ਏ ਪੀ ਤੇ ਭਾਰਤੀ ਟਚਬਾਲ ਟੀਮ ਦੀ ਜਨਰਲ ਸਕੱਤਰ ਡਾ. ਰਸ਼ਮੀ ਵਿਜ ਨੇ ਸਮੂਹ ਖਿਡਾਰੀਆਂ ਨੂੰ ਆਸ਼ੀਰਵਾਦ ਦਿੰਦਿਆਂ ਚੈਂਪੀਅਨਸ਼ਿਪ ਲਈ ਸ਼ੁਭਕਾਮਨਾਵਾਂ ਦਿੱਤੀਆਂ ਅਤੇ ਸ਼ਾਨਦਾਰ ਪ੍ਰਦਰਸ਼ਨ ਕਰਕੇ ਦੇਸ਼ ਦਾ ਨਾਮ ਰੌਸ਼ਨ ਕਰਨ ਲਈ ਪ੍ਰੇਰਿਤ ਕੀਤਾ।ਟੀਮ ਦੇ ਨਾਲ ਕੋਚ ਗੌਰਵ ਸ਼ਰਮਾ ਅਤੇ ਮੈਨੇਜਰ ਰਾਕੇਸ਼ ਕੁਮਾਰ ਵੀ ਤਾਈਵਾਨ ਰਵਾਨਾ ਹੋਣਗੇ।

### ਗੋਡਿਆਂ ਦੀਆਂ ਦਰਦਾਂ ਨੂੰ ਨਜ਼ਰਅੰਦਾਜ਼ ਨਾ ਕਰੋ

# ਸਮੇਂ ਸਿਰ ਇਲਾਜ ਨਾਲ ਅਪਰੇਸ਼ਨ ਤੋਂ ਬਚਿਆ ਜਾ ਸਕਦਾ : ਡਾ. ਪਰਮਿੰਦਰ ਸਿੰਘ ਵਾਰੀਆ

**ਬੰਗਾ (ਅਵਤਾਰ ਕਲੇਰ)**-ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਦੇ ਹੱਡੀਆਂ ਅਤੇ ਜੋੜਾਂ ਦੇ ਰੋਗਾਂ ਦੇ ਮਾਹਿਰ ਡਾ. ਪਰਮਿੰਦਰ ਸਿੰਘ ਵਾਰੀਆ ਐੱਮ ਐੱਸ (ਆਰਥੋਪੀਡਿਕਸ) ਨੇ ਕਿਹਾ ਹੈ ਕਿ ਗੋਡਿਆਂ ਦੇ ਦਰਦਾਂ ਨੂੰ ਕਦੇ ਵੀ ਆਮ ਸਮੱਸਿਆ ਸਮਝ ਕੇ ਨਜ਼ਰਅੰਦਾਜ਼ ਨਹੀਂ ਕਰਨਾ ਚਾਹੀਦਾ। ਸਮੇਂ ਸਿਰ ਸਹੀ ਜਾਂਚ ਅਤੇ ਮਾਹਿਰ ਇਲਾਜ ਨਾਲ ਨਾ ਸਿਰਫ਼ ਦਰਦ ਤੋਂ ਰਾਹਤ ਮਿਲ ਸਕਦੀ ਹੈ,



ਸਗੋਂ ਭਵਿੱਖ ਵਿੱਚ ਹੋਣ ਵਾਲੀਆਂ ਗੰਭੀਰ ਪੇਚੀਦਗੀਆਂ ਅਤੇ ਵੱਡੇ ਆਪ੍ਰੇਸ਼ਨਾਂ ਤੋਂ ਵੀ ਬਚਾਅ ਸੰਭਵ ਹੈ।ਡਾ. ਪਰਮਿੰਦਰ ਸਿੰਘ ਵਾਰੀਆ ਨੇ ਦੱਸਿਆ ਕਿ ਅੱਜ ਦੇ ਸਮੇਂ ਵਿੱਚ ਗੋਡਿਆਂ ਦੇ ਦਰਦ ਦੀ ਸਮੱਸਿਆ ਸਿਰਫ਼ ਬਜ਼ੁਰਗਾਂ ਤੱਕ ਸੀਮਿਤ ਨਹੀਂ ਰਹੀ, ਬਲਕਿ ਨੌਜਵਾਨਾਂ ਵਿੱਚ ਵੀ ਇਹ ਤੇਜ਼ੀ ਨਾਲ ਵਧ ਰਹੀ ਹੈ। ਉਨ੍ਹਾਂ ਕਿਹਾ ਕਿ ਵੱਧਦਾ ਸਰੀਰਕ ਭਾਰ, ਪੁਰਾਣੀਆਂ ਸੱਟਾਂ, ਕੈਲਸ਼ੀਅਮ ਅਤੇ ਵਿਟਾਮਿਨ-ਡੀ ਦੀ ਘਾਟ, ਗਠੀਆ, ਜੋੜਾਂ ਦਾ ਘਿਸਣਾ ਅਤੇ ਬੈਠਣ ਵਾਲੀ ਜੀਵਨ ਸ਼ੈਲੀ ਇਸ ਦੇ ਮੁੱਖ ਕਾਰਨ ਹਨ । ਉਨ੍ਹਾਂ ਕਿਹਾ ਕਿ ਜੇਕਰ ਤੁਰਨ-ਫਿਰਨ ਦੌਰਾਨ ਗੋਡਿਆਂ ਵਿੱਚ ਦਰਦ, ਸੋਜ਼, ਅਕੜਾਅ, ਪੌੜੀਆਂ ਚੜ੍ਹਨ-ਉਤਰਣ ਵਿੱਚ ਦਿੱਕਤ ਜਾਂ ਬੈਠਣ ਤੋਂ ਬਾਅਦ ਉੱਠਣ ਵੇਲੇ ਦਰਦ ਮਹਿਸੂਸ ਹੋਵੇ ਤਾਂ ਇਸ ਨੂੰ ਹਲਕੇ ਵਿੱਚ ਨਾ ਲਿਆ ਜਾਵੇ ਅਤੇ ਤੁਰੰਤ ਹੱਡੀਆਂ ਅਤੇ ਜੋੜ੍ਹਾਂ ਦੇ ਮਾਹਿਰ ਡਾਕਟਰ ਸਾਹਿਬਾਨ ਨਾਲ ਸੰਪਰਕ ਕੀਤਾ ਜਾਵੇ। ਸ਼ੁਰੂਆਤ ਵਿੱਚ ਦਵਾਈਆਂ, ਫਿਜ਼ੀਓਥੈਰੇਪੀ, ਕਸਰਤਾਂ ਅਤੇ ਸਾਡੀ ਜੀਵਨ ਸ਼ੈਲੀ ਵਿੱਚ ਕੁਝ ਤਬਦੀਲੀਆਂ ਕਰਨ ਨਾਲ ਬਿਮਾਰੀ ਨੂੰ ਕਾਬੂ ਕੀਤਾ ਜਾ ਸਕਦਾ ਹੈ । ਡਾ. ਵਾਰੀਆ ਨੇ ਦੱਸਿਆ ਕਿ ਗੁਰੂ ਨਾਨਕ ਮਿਸ਼ਨ ਹਸਪਤਾਲ, ਢਾਹਾਂ ਕਲੇਰਾਂ ਦਾ ਹੱਡੀਆਂ ਦਾ ਵਿਭਾਗ ਅਤੇ ਜਾਇੰਟ ਰਿਪਲੇਸਮੈਂਟਰ ਕੇਂਦਰ ਆਧੁਨਿਕ ਮੈਡੀਕਲ ਤਕਨੀਕ ਅਤੇ ਉੱਚ ਪੱਧਰੀ ਉਪਕਰਨਾਂ ਜਿਵੇਂ ਕਿ ਡਿਜੀਟਲ ਐਕਸ-ਰੇ, ਸੀ.ਟੀ. ਸਕੈਨ ਅਤੇ ਸੀ-ਆਰਮ ਨਾਲ ਲੈਸ ਹੈ। ਡਾ. ਵਾਰੀਆ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਗੋਡਿਆਂ ਦੇ ਦਰਦ ਜਾਂ ਤੁਰਨ-ਫਿਰਨ ਵਿੱਚ ਕਿਸੇ ਵੀ ਤਰ੍ਹਾਂ ਦੀ ਤਕਲੀਫ਼ ਹੋਵੇ ਤਾਂ ਸਮੇਂ ਸਿਰ ਮਾਹਿਰ ਡਾਕਟਰ ਦੀ ਸਲਾਹ ਅਤੇ ਸਹੀ ਇਲਾਜ ਨਾਲ ਬਿਮਾਰੀ ਨੂੰ ਸ਼ੁਰੂਆਤੀ ਪੜਾਅ ਵਿੱਚ ਹੀ ਕਾਬੂ ਕੀਤਾ ਜਾ ਸਕਦਾ ਹੈ।

# ਰੂਮੀ ਮੀਟ ਕਬੀਰ ਸੰਗੀਤਕ ਸਮਾਗਮ ਦੌਰਾਨ ਪੁਸਤਕ 'ਸਲਾਹੀਯਤ' ਲੋਕ ਅਰਪਣ

**ਚੰਡੀਗੜ੍ਹ (ਸੁਰਜੀਤ ਸੁਮਨ)**-ਪੰਜਾਬ ਕਲਾ ਭਵਨ ਦੇ ਰੰਧਾਵਾ ਆਡੀਟੋਰੀਅਮ ਵਿਖੇ ਮਹਾਨ ਵਿਦਵਾਨ ਪ੍ਰੋ. ਮਾਲਵਿੰਦਰ ਜੀਤ ਸਿੰਘ ਵੜੈਚ ਨੂੰ ਸਮਰਪਿਤ 'ਰੂਮੀ ਮੀਟ ਕਬੀਰ' ਸਮਾਗਮ ਕਰਵਾਇਆ ਗਿਆ। ਇਸ ਸਮਾਗਮ ਵਿੱਚ ਪੂਨੇ ਤੋਂ ਆਏ ਰਾਸ਼ਟਰੀ ਪੁਰਸਕਾਰ ਜੇਤੂ, ਮਰਾਠੀ ਫਿਲਮ 'ਸ਼ਵਾਸ' ਦੇ ਅਦਾਕਾਰ ਅਸ਼ਵਿਨ ਅਫਰਾ ਅਤੇ ਸਾਵਨੀ ਸ਼ਿਖਾਰੇ ਕਲਾਸੀਕਲ ਸਿਖਲਾਈ ਪ੍ਰਾਪਤ ਗਾਇਕ ਨੇ ਵਿਸ਼ੇਸ਼ ਤੌਰ 'ਤੇ ਰੂਹਾਨੀਅਤ ਭਰੀ ਮਹਿਫ਼ਲ ਸਜਾਈ । ਇਸ ਮਹਿਫ਼ਲ ਵਿਚ ਕਬੀਰ ਜੀ ਦੇ ਦੋਹੇ ਅਤੇ ਜੀਵਨ ਕਥਾਵਾਂ ਸੁਣਾ ਕੇ ਪ੍ਰਮਾਤਮਾ ਨੂੰ ਮਿਲਣ ਦੇ ਅਰਥ ਸਮਝਾਏ ਗਏ। ਆਤਮ ਰਾਮ ਅਤੇ ਆਤਮ ਰਸ ਬਾਰੇ ਜਾਣਕਾਰੀ ਦਿੱਤੀ ਗਈ ਜੋ ਕਿਵੇਂ ਸਾਡੀ ਆਤਮਾ ਲਈ ਸਹਾਇਕ ਸਿੱਧ ਹੁੰਦੇ ਹਨ। ਇਸ ਸਮਾਗਮ ਦੇ ਅੰਤ ਵਿੱਚ ਦੋਹਾਂ ਕਲਾਕਾਰਾਂ ਅਸ਼ਵਿਨ ਅਫਰਾ ਅਤੇ ਸਾਵਨੀ ਸ਼ਿਖਾਰੇ ਵਲੋਂ ਵਿਸ਼ਵ ਪੰਜਾਬੀ ਪ੍ਰਚਾਰ ਸਭਾ ਚੰਡੀਗੜ੍ਹ ਦੇ ਪ੍ਰਧਾਨ ਪ੍ਰਿੰ. ਬਹਾਦਰ ਸਿੰਘ ਗੋਸਲ ਦੀ ਨਵੀਂ ਪੁਸਤਕ 'ਸਲਾਹੀਯਤ' ਦਾ ਲੋਕ ਅਰਪਣ ਕੀਤਾ ਗਿਆ। ਇਸ ਮੌਕੇ ਬਲਜਿੰਦਰ ਕੌਰ



ਸ਼ੇਰਗਿਲ, ਅਵਤਾਰ ਸਿੰਘ ਮਹਿਤਪੁਰੀ, ਜਗਤਾਰ ਸਿੰਘ ਜੋਗ, ਰਾਜ ਕੁਮਾਰ ਸਾਹੋਵਾਲੀਆ, ਡਾ ਰਵਿੰਦਰ ਸਿੰਘ ਲੁਬਾਣਾ, ਡਾ. ਪੰਨਾ ਲਾਲ ਮੁਸਤਫ਼ਾਬਾਦੀ, ਬਲਵਿੰਦਰ ਸਿੰਘ, ਪਿਆਰਾ ਸਿੰਘ ਰਾਹੀਂ, ਕ੍ਰਿਸ਼ਨ ਗੋਇਲ, ਤਰਲੋਚਨ ਸਿੰਘ, ਰਜਿੰਦਰ ਸਿੰਘ ਧੀਮਾਨ, ਤੇਜਾ ਸਿੰਘ ਥੂਹਾ, ਅਮਰਜੀਤ ਸਿੰਘ ਬਠਲਾਣਾ, ਜਸਵਿੰਦਰ ਸਿੰਘ ਕਾਈਨੌਰ, ਰਾਮੇਸ਼ ਚਾਨੌਲੀਆ, ਮੰਦਰ ਗਿੱਲ, ਚਰਨਜੀਤ ਕੌਰ ਬਾਠ ਆਦਿ ਸਾਹਿਤਕਾਰ ਮੌਜੂਦ ਸਨ। ਇਸ ਸਮਾਗਮ ਵਿੱਚ ਸ਼ਹਿਰ ਦੇ ਪ੍ਰਸਿੱਧ ਬੁੱਧੀਜੀਵੀ, ਸਾਹਿਤਕਾਰ, ਕਲਾ ਪ੍ਰੇਮੀ ਅਤੇ ਲੇਖਕ ਵੀ ਵੱਡੀ ਗਿਣਤੀ ਵਿੱਚ ਹਾਜ਼ਰ ਸਨ। ਵਿਸ਼ਵ ਪੰਜਾਬੀ ਪ੍ਰਚਾਰ ਸਭਾ ਚੰਡੀਗੜ੍ਹ ਦੇ ਸਮੂਹ ਮੈਂਬਰਾਂ ਨੇ ਪੁਸਤਕ 'ਸਲਾਹੀਯਤ' ਦੀ ਸੰਪਾਦਕ ਪ੍ਰਿੰ. ਬਹਾਦਰ ਸਿੰਘ ਗੋਸਲ ਨੂੰ ਵਧਾਈ ਦਿੱਤੀ। ਇਸ ਮੌਕੇ ਪੁਸਤਕ ਵਿਚਲੇ ਲੇਖਕਾਂ ਨੂੰ ਸਨਮਾਨ ਸਹਿਤ ਪੁਸਤਕਾਂ ਵੀ ਵੰਡੀਆਂ ਗਈਆਂ। ਪ੍ਰਿੰ. ਬਹਾਦਰ ਸਿੰਘ ਗੋਸਲ ਨੇ ਚੇਅਰਮੈਨ ਡਾ. ਸੁਨੀਲ ਭਾਟੀਆ ਨੂੰ ਇਸ ਵਿਲੱਖਣ ਅਤੇ ਸਫਲ ਸਮਾਗਮ ਲਈ ਵਧਾਈ ਦਿੱਤੀ, ਕਿਉਂਕਿ ਇਸ ਸਮਾਗਮ ਲਈ ਵਿਸ਼ਵ ਪੰਜਾਬੀ ਪ੍ਰਚਾਰ ਸਭਾ ਚੰਡੀਗੜ੍ਹ ਦਾ ਵੀ ਸਹਿਯੋਗ ਸੀ ਅਤੇ ਅੱਗੇ ਤੋਂ ਵੀ ਉਨ੍ਹਾਂ ਨੂੰ ਪੂਰਾ ਸਹਿਯੋਗ ਦੇਣ ਦਾ ਭਰੋਸਾ ਦਿੱਤਾ।

# ਨਗਰ ਕੌਂਸਲ ਨੰਗਲ ਦੇ ਪ੍ਰਧਾਨ, ਸੀਨੀਅਰ ਮੀਤ ਪ੍ਰਧਾਨ ਤੇ ਮੀਤ ਪ੍ਰਧਾਨ ਦੀ ਚੋਣ ਮੁਕੰਮਲ

**ਨੰਗਲ (ਸੁਰਜੀਤ ਸਿੰਘ ਢੇਰ)**-ਨਗਰ ਕੌਂਸਲ ਨੰਗਲ ਦੇ ਪ੍ਰਧਾਨ, ਸੀਨੀਅਰ ਮੀਤ ਪ੍ਰਧਾਨ ਅਤੇ ਮੀਤ ਪ੍ਰਧਾਨ ਦੀ ਨਗਰ ਕੌਂਸਲ ਦਫਤਰ ਦੇ ਮੀਟਿੰਗ ਹਾਲ ਵਿੱਚ ਹੋਈ ਚੋਣ ਦੌਰਾਨ ਕਿਰਨ ਬਾਲਾ ਨੂੰ ਪ੍ਰਧਾਨ, ਰਮੇਸ਼ ਕੁਮਾਰ ਨੂੰ ਸੀਨੀਅਰ ਮੀਤ ਪ੍ਰਧਾਨ ਅਤੇ ਜਸਪ੍ਰੀਤ ਕੌਰ ਨੂੰ ਮੀਤ ਪ੍ਰਧਾਨ ਚੁਣੇ ਗਏ। ਹਾਜ਼ਰ ਸਾਰੇ ਕੌਂਸਲਰਾਂ ਨੇ ਸਰਬਸੰਮਤੀ ਨਾਲ ਕੌਂਸਲ ਦੇ ਅਹੁਦੇਦਾਰਾਂ ਦੀ ਚੋਣ ਕੀਤੀ ਅਤੇ ਇਸ ਪ੍ਰਕਿਰਿਆ ਵਿੱਚ ਸ੍ਰੀ ਅਨੰਦਪੁਰ ਸਾਹਿਬ ਹਲਕੇ ਦੇ ਵਿਧਾਇਕ ਹਰਜੋਤ ਸਿੰਘ ਬੈਂਸ ਕੈਬਨਿਟ ਮੰਤਰੀ ਸਿੱਖਿਆ, ਸਥਾਨਕ



ਸਰਕਾਰਾਂ, ਸੂਚਨਾ ਤੇ ਲੋਕ ਸੰਪਰਕ ਵਿਭਾਗ ਨੇ ਵੀ ਸ਼ਮੂਲੀਅਤ ਕੀਤੀ। ਸਮੁੱਚੀ ਚੋਣ ਪ੍ਰਕਿਰਿਆ ਬਾਰੇ ਜਾਣਕਾਰੀ ਦਿੰਦੇ ਹੋਏ ਚੋਣ ਆਬਜ਼ਰਵਰ ਕਮ ਉਪ ਮੰਡਲ ਮੈਜਿਸਟ੍ਰੇਟ ਸਚਿਨ ਪਾਠਕ ਪੀ ਸੀ ਐੱਸ ਨੇ ਦੱਸਿਆ ਕਿ ਨਗਰ ਕੌਂਸਲ ਦਫਤਰ ਦੇ ਮੀਟਿੰਗ ਹਾਲ ਵਿੱਚ ਚੋਣ ਪ੍ਰਕਿਰਿਆ ਮੁਕੰਮਲ ਹੋਈ। ਸਾਰੇ ਚੁਣੇ ਗਏ ਕੌਂਸਲਰਾਂ ਨੂੰ ਨਿਯਮਾਂ ਅਨੁਸਾਰ ਏਜੰਡਾ ਭੇਜਿਆ ਗਿਆ ਸੀ ਤੇ ਇਸ ਚੋਣ ਪ੍ਰਕਿਰਿਆਂ ਨੂੰ ਮੁਕੰਮਲ ਕਰ ਲਿਆ ਹੈ। ਉਨ੍ਹਾਂ ਨੇ ਦੱਸਿਆ ਕਿ ਸਮੁੱਚੀ ਚੋਣ ਪ੍ਰਕਿਰਿਆ ਦੀ ਵੀਡੀਓਗ੍ਰਾਫੀ ਕੀਤੀ ਗਈ ਹੈ, ਜਿਸ ਵਿੱਚ ਹਾਜ਼ਰ ਸਾਰੇ ਕੌਂਸਲਰਾਂ ਨੇ ਸਰਬਸੰਮਤੀ ਨਾਲ ਪ੍ਰਧਾਨ, ਸੀਨੀਅਰ ਮੀਤ ਪ੍ਰਧਾਨ ਤੇ ਮੀਤ ਪ੍ਰਧਾਨ ਦੀ ਚੋਣ ਕਰ ਲਈ ਹੈ। ਚੋਣ ਪ੍ਰਕਿਰਿਆ ਮੁਕੰਮਲ ਹੋਣ ਉਪਰੰਤ ਨਗਰ ਕੌਂਸਲ ਦੇ ਬਾਹਰ ਆਮ ਆਦਮੀ ਪਾਰਟੀ ਦੇ ਹਜ਼ਾਰਾ ਵਰਕਰ ਹਾਜ਼ਰ ਸਨ, ਜਿਨ੍ਹਾਂ ਵਿੱਚ ਭਾਰੀ ਉਤਸ਼ਾਹ ਸੀ। ਸਾਰੇ ਸ਼ਹਿਰ ਵਿੱਚੋਂ ਇਹ ਕਾਫਲਾ ਲੰਘਦਾ ਹੋਇਆ, ਸ੍ਰੀ ਹਨੂੰਮਾਨ ਮੰਦਿਰ ਅਤੇ ਹੋਰ ਧਾਰਮਿਕ ਅਸਥਾਨਾਂ ਤੇ ਨਤਮਸਤਕ ਹੋਇਆ, ਜਿੱਥੇ ਕੈਬਨਿਟ ਮੰਤਰੀ ਹਰਜੋਤ ਬੈਂਸ ਅਤੇ ਸਾਥੀਆਂ ਨੇ ਪ੍ਰਮਾਤਮਾ ਦਾ ਸ਼ੁਕਰਾਨਾ ਕੀਤਾ। ਮੀਟਿੰਗ ਵਿੱਚ ਮਨੋਜ ਸਿੰਘ ਕੌਂਸਲਰ, ਜਸਪ੍ਰੀਤ ਕੌਰ ਕੌਂਸਲਰ, ਕਮਲਾ ਦੇਵੀ ਕੌਂਸਲਰ, ਰਾਜੇਸ਼ ਕੁਮਾਰ ਕੌਂਸਲਰ, ਕਸ਼ਿਸ ਵਰਮਾ ਕੌਂਸਲਰ, ਹਰਦੀਪ ਸਿੰਘ ਕੌਂਸਲਰ,ਕਿਰਨ ਬਾਲਾ ਕੌਂਸਲਰ, ਰਮੇਸ਼ ਕੁਮਾਰ ਕੌਂਸਲਰ ਹਾਜ਼ਰ ਸਨ।

# ਬਲਾਕ ਸੰਮਤੀ ਨੇ ਮਨਰੇਗਾ ਮੁਲਾਜ਼ਮਾਂ ਦੇ ਧਰਨੇ ਨੂੰ ਦਿੱਤਾ ਸਮਰਥਨ



**ਮੋਰਿੰਡਾ (ਨਿਹਾਲ ਸਿੰਘ ਕਲਸੀ)**-ਬਲਾਕ ਮੋਰਿੰਡਾ ਵਿਖੇ ਲੰਬੇ ਸਮੇਂ ਤੋਂ ਧਰਨੇ 'ਤੇ ਬੈਠੇ ਮਨਰੇਗਾ ਮੁਲਾਜ਼ਮਾਂ ਨੂੰ ਬਲਾਕ ਸਮਤੀ ਮੋਰਿੰਡਾ ਅਤੇ ਇਲਾਕੇ ਦੇ ਸਰਪੰਚਾਂ ਵੱਲੋਂ ਸਮਰਥਨ ਦਿੱਤਾ ਗਿਆ।ਜਾਣਕਾਰੀ ਦਿੰਦਿਆਂ ਮਨਰੇਗਾ ਮੁਲਾਜ਼ਮਾਂ ਨੇ ਦੱਸਿਆ ਕਿ ਉਨ੍ਹਾਂ ਨੂੰ ਪਿਛਲੇ ਛੇ ਮਹੀਨਿਆਂ ਤੋਂ ਤਨਖ਼ਾਹ ਨਹੀਂ ਮਿਲੀ। ਇਸ ਤੋਂ ਇਲਾਵਾ ਉਨ੍ਹਾਂ ਦੀ ਵਿਭਾਗ ਵਿੱਚ ਮਰਜ਼ (ਮਰਜਰ) ਕਰਨ ਦੀ ਮੰਗ ਵੀ ਲੰਬੇ ਸਮੇਂ ਤੋਂ ਲਟਕ ਰਹੀ ਹੈ, ਜਿਸ ਕਾਰਨ ਉਹ ਸੰਘਰਸ਼ ਕਰਨ ਲਈ ਮਜਬੂਰ ਹਨ। ਧਰਨੇ ਦੌਰਾਨ ਬਲਾਕ ਸੰਮਤੀ ਚੇਅਰਪਰਸਨ ਹਰਵਿੰਦਰ ਕੌਰ ਸੰਧੂ, ਉਪ ਚੇਅਰਮੈਨ ਨਰਿੰਦਰ ਸਿੰਘ, ਬਲਾਕ ਸੰਮਤੀ ਮੈਂਬਰ ਰਣਜੀਤ ਕੌਰ, ਵਿਕਾਸ ਫੂਲ, ਬਲਵਿੰਦਰ ਸਿੰਘ, ਤੇਜਿੰਦਰ ਸਿੰਘ, ਹਰਕੀਰਤ ਸਿੰਘ ਮੜੌਲੀ, ਸੁਰਿੰਦਰ ਕੌਰ, ਸੁਰਜੀਤ ਸਿੰਘ, ਜਸਵਿੰਦਰ ਕੌਰ ਮੁੰਡੀਆ, ਪ੍ਰਿਤਪਾਲ ਸਿੰਘ ਉਇੰਦ, ਦਵਿੰਦਰ ਕੌਰ, ਗੁਰਚਰਨ ਕੌਰ, ਮਨਦੀਪ ਕੌਰ ਬਾਲਾ, ਕਿਰਨਜੀਤ ਕੌਰ, ਗੁਰਚਰਨ ਸਿੰਘ ਅਤੇ ਵੱਖ-ਵੱਖ ਪਿੰਡਾਂ ਦੇ ਸਰਪੰਚਾਂ ਗੁਰਮੀਤ ਕੌਰ ਅਰਨੋਲੀ, ਹਰਵਿੰਦਰ ਸਿੰਘ ਕੋਟਲਾ, ਗੁਰਜੀਤ ਸਿੰਘ ਮੰਡਾਂ, ਅੰਜਾ ਧਨੋਰੀ,ਜਗਤਾਰ ਸਿੰਘ ਸਹੇੜੀ ਅਤੇ ਪੰਚਾਇਤ ਮੈਂਬਰਾਂ ਨੇ ਮੁਲਾਜ਼ਮਾਂ ਦੀਆਂ ਮੰਗਾਂ ਦਾ ਸਮਰਥਨ ਕਰਦਿਆਂ ਸਰਕਾਰ ਤੋਂ ਜਲਦੀ ਹੱਲ ਕਰਨ ਦੀ ਅਪੀਲ ਕੀਤੀ।ਇਸ ਮੌਕੇ ਬਲਾਕ ਪ੍ਰਧਾਨ ਵਰਿੰਦਰ ਕੌਰ, ਦਲਜੀਤ ਕੌਰ, ਦਿਲਬਾਗ ਸਿੰਘ, ਚੰਦਰ ਸੈਨ, ਸੀਤਲ ਸਿੰਘ, ਰਣਧੀਰ ਸਿੰਘ (ਜੀ ਆਰ ਐੱਸ.), ਸਾਹਿਬ ਰਾਮ (ਤਕਨੀਕੀ ਸਹਾਇਕ), ਸਤਨਾਮ ਸਿੰਘ (ਏ ਪੀ ਓ) ਅਤੇ ਜਗਦੀਪ ਕੌਰ (ਲੇਖਾਕਾਰ) ਵੀ ਹਾਜ਼ਰ ਸਨ।

# ਆਰ ਟੀ ਏ ਨੇ ਤੂੜੀ-ਭੂੰਗ ਵਾਲੇ ਟਰੈਕਟਰਾਂ ਦੇ ਕੀਤੇ ਚਲਾਨ

**ਬਲਾਚੌਰ (ਜਸਵਿੰਦਰ ਬੈਂਸ)**-ਸੜਕ ਸੁਰੱਖਿਆ ਅਤੇ ਟ੍ਰੈਫਿਕ ਨਿਯਮਾਂ ਦੀ ਪਾਲਣਾ ਨੂੰ ਯਕੀਨੀ ਬਣਾਉਣ ਲਈ ਰਿਜਨਲ ਟਰਾਂਸਪੋਰਟ ਅਥਾਰਟੀ ਇੰਦਰਪਾਲ ਵੱਲੋਂ ਜ਼ਿਲ੍ਹੇ ਵਿੱਚ ਵਿਸ਼ੇਸ਼ ਚੈਕਿੰਗ ਮੁਹਿਮ ਚਲਾਈ ਗਈ। ਇਸ ਦੌਰਾਨ ਨਿਯਮਾਂ ਦੀ ਉਲੰਘਣਾ ਕਰਨ ਵਾਲੇ ਤੂੜੀ-ਭੂੰਗ ਨਾਲ ਭਰੇ ਤਿੰਨ ਟਰੈਕਟਰਾਂ ਦੇ ਚਲਾਨ ਕੀਤੇ ਗਏ। ਇਸ ਤੋਂ ਇਲਾਵਾ ਬਾਕੀ ਹੋਰ ਓਵਰਲੋਡ



ਵਾਹਨਾਂ ਦੇ 4 ਚਲਾਨ ਕੀਤੇ ਗਏ। ਰਿਜਨਲ ਟਰਾਂਸਪੋਰਟ ਅਫ਼ਸਰ ਨੇ ਦੱਸਿਆ ਕਿ ਟਰੈਕਟਰਾਂ 'ਤੇ ਤੂੜੀ ਅਤੇ ਭੂੰਗ ਨੂੰ ਬਹੁਤ ਬੁਰੇ ਢੰਗ ਨਾਲ ਓਵਰਲੋਡ ਕਰਕੇ ਲਿਜਾਇਆ ਜਾ ਰਿਹਾ ਸੀ ਜਿਸ ਕਰਕੇ ਟਰੈਕਟਰਾਂ ਦੇ ਚਲਾਨ ਕੀਤੇ। ਕੁਝ ਟਰੈਕਟਰਾਂ 'ਤੇ ਰਿਫਲੈਕਟਰ ਅਤੇ ਲਾਈਟਾਂ ਵੀ ਨਹੀਂ ਲੱਗੀਆਂ ਹੋਈਆਂ ਸਨ। ਇੰਦਰਪਾਲ ਨੇ ਆਮ ਲੋਕਾਂ ਅਤੇ ਟਰੈਕਟਰ ਚਾਲਕਾਂ ਨੂੰ ਅਪੀਲ ਕੀਤੀ ਕਿ ਉਹ ਟ੍ਰੈਫਿਕ ਨਿਯਮਾਂ ਦੀ ਪਾਲਣਾ ਨੂੰ ਯਕੀਨੀ ਬਣਾਉਣ ਤਾਂ ਜੋ ਕੋਈ ਵੀ ਅਣਸੁਖਾਵੀ ਘਟਨਾ ਨਾ ਵਾਪਰ ਸਕੇ। ਉਨ੍ਹਾਂ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ ਵੀ ਇਹ ਚੈਕਿੰਗ ਮੁਹਿਮ ਜਾਰੀ ਰਹੇਗੀ। ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਖਿਲਾਫ ਮੋਟਰ ਵਹੀਕਲ ਐਕਟ ਤਹਿਤ ਸਖ਼ਤ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਪ੍ਰਸ਼ਾਸਨ ਦਾ ਮਕਸਦ ਕਿਸੇ ਨੂੰ ਪ੍ਰੇਸ਼ਾਨ ਕਰਨਾ ਨਹੀਂ, ਸਗੋਂ ਸੜਕ ਹਾਦਸਿਆਂ ਨੂੰ ਰੋਕ ਕੇ ਲੋਕਾਂ ਦੀ ਜਾਨ ਬਚਾਉਣਾ ਹੈ।

# ਡੇਅਰੀ ਸਿਖ਼ਲਾਈ ਕੋਰਸ 13 ਤੋਂ ਸ਼ੁਰੂ

**ਜਲੰਧਰ (ਸੁਰਿੰਦਰ ਕੁਮਾਰ)**-ਡਿਪਟੀ ਡਾਇਰੈਕਟਰ ਡੇਅਰੀ ਵਿਕਾਸ ਕਸ਼ਮੀਰ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਡੇਅਰੀ ਵਿਕਾਸ ਵਿਭਾਗ ਵਲੋਂ ਦੋ ਹਫ਼ਤੇ ਦਾ ਡੇਅਰੀ ਸਿਖ਼ਲਾਈ ਕੋਰਸ 13 ਜੁਲਾਈ ਤੋਂ ਡੇਅਰੀ ਟ੍ਰੇਨਿੰਗ ਸੈਂਟਰ ਫਗਵਾੜਾ ਵਿਖੇ ਸ਼ੁਰੂ ਕੀਤਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਇਸ ਟ੍ਰੇਨਿੰਗ ਵਿੱਚ ਸਿਖਿਆਰਥੀਆਂ ਨੂੰ ਦੁਧਾਰੂ ਪਸ਼ੂਆਂ ਦੀ ਖ਼ਰੀਦ ਤੋਂ ਲੈ ਕੇ ਪਸ਼ੂ ਖੁਰਾਕ, ਨਸਲ ਸੁਧਾਰ, ਸਾਂਭ-ਸੰਭਾਲ ਅਤੇ ਸੁਚੱਜੇ ਮੰਡੀਕਰਨ ਦੀਆਂ ਨਵੀਨਤਮ ਤਕਨੀਕਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਜਾਵੇਗੀ ਅਤੇ ਸਿਖਿਆਰਥੀਆਂ ਨੂੰ ਵਿਭਾਗੀ ਲਿਟਰੇਚਰ ਮੁਫ਼ਤ ਦਿੱਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਡੇਅਰੀ ਸਿਖ਼ਲਾਈ ਕੋਰਸ ਕਰਨ ਦੇ ਚਾਹਵਾਨ (ਮਰਦ ਤੇ ਔਰਤ), ਜਿਨ੍ਹਾਂ ਦੀ ਉਮਰ 18 ਤੋਂ 55 ਸਾਲ ਦੇ ਵਿੱਚ ਹੋਵੇ, ਪੰਜਵੀਂ ਪਾਸ ਹੋਵੇ, ਪੇਂਡੂ ਪਿਛੋਕੜ ਨਾਲ ਸੰਬੰਧ ਰੱਖਦਾ ਹੋਵੇ, ਟ੍ਰੇਨਿੰਗ ਦਾ ਲਾਭ ਉਠਾ ਸਕਦੇ ਹਨ। ਉਨ੍ਹਾਂ ਦੱਸਿਆ ਕਿ ਟ੍ਰੇਨਿੰਗ ਉਪਰੰਤ ਉਮੀਦਵਾਰਾਂ ਨੂੰ 2,5, ਤੇ 10 ਦੁਧਾਰੂ ਪਸ਼ੂਆਂ ਦੀ ਖਰੀਦ 'ਤੇ 33% ਅਤੇ 25% ਵਿੱਤੀ ਸਹਾਇਤਾ ਦਿੱਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਜਨਰਲ ਕੈਟਾਗਰੀ ਦੇ ਸਿਖਿਆਰਥੀਆਂ ਲਈ ਫੀਸ 1000 ਰੁਪਏ ਅਤੇ ਅਨੁਸੂਚਿਤ ਜਾਤੀ ਲਈ 750 ਰੁਪਏ ਫੀਸ ਹੋਵੇਗੀ। ਉਨ੍ਹਾਂ ਦੱਸਿਆ ਕਿ ਸਿਖ਼ਲਾਈ ਲੈਣ ਲਈ ਜ਼ਿਲ੍ਹਾ ਜਲੰਧਰ ਦੇ ਚਾਹਵਾਨ ਉਮੀਦਵਾਰ 10 ਜੁਲਾਈ ਤੱਕ ਦਫ਼ਤਰ ਡਿਪਟੀ ਡਾਇਰੈਕਟਰ ਡੇਅਰੀ ਵਿਕਾਸ ਜਲੰਧਰ, ਆਰ ਡੀ ਡੀ ਐਲ. ਕੰਪਲੈਕਸ ਲਾਡੋਵਾਲੀ ਰੋਡ ਵਿਖੇ ਪਹੁੰਚ ਕਰ ਸਕਦੇ ਹਨ।

# ਸ੍ਰੀ ਗੁਰੂ ਰਵਿਦਾਸ ਦੇ ਪ੍ਰਕਾਸ਼ ਪੁਰਬ ਨੂੰ ਸਮਰਪਤ ਡਿਜੀਟਲ ਵੈਨਾਂ ਨੂੰ ਹਰੀ ਝੰਡੀ

**ਬਲਾਚੌਰ (ਜਸਵਿੰਦਰ ਬੈਂਸ)**-ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ ਆਉਣ ਵਾਲੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਇੱਕ ਬਲਾਚੌਰ ਸੰਤੋਸ਼ ਕਟਾਰੀਆ ਨੇ ਸਮਾਨਤਾ ਅਤੇ ਸਮਾਜਿਕ ਸਦਭਾਵਨਾ ਦਾ ਗੁਰੂ ਜੀ ਦਾ ਸੰਦੇਸ਼ ਪਿੰਡ-ਪਿੰਡ ਤੱਕ ਪਹੁੰਚਾਉਣ




ਵੱਡੇ ਉਪਰਾਲੇ ਤਹਿਤ ਵਿਧਾਇਕ ਬੰਗਾ ਸੁਖਵਿੰਦਰ ਸਿੰਘ ਸੁੱਖੀ ਅਤੇ ਵਿਧਾਇਕ ਲਈ ਵਿਸ਼ੇਸ਼ ਡਿਜੀਟਲ ਵੈਨਾਂ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ।ਇਹਨਾਂ ਵਿਸ਼ੇਸ਼ ਮੋਬਾਈਲ ਯੂਨਿਟਾਂ ਵਿੱਚ ਵੱਡੀਆਂ ਐੱਲ ਈ ਡੀ ਸਕ੍ਰੀਨਾਂ ਲਗਾਈਆਂ ਗਈਆਂ ਹਨ ਜਿਨ੍ਹਾਂ ਰਾਹੀਂ ਸਤਿਗੁਰੂ ਰਵਿਦਾਸ ਦੇ ਜੀਵਨ, ਗਹਿਰੀ ਫਿਲਾਸਫੀ ਅਤੇ ਪਵਿੱਤਰ ਉਪਦੇਸ਼ਾਂ 'ਤੇ ਅਧਾਰਿਤ 30 ਮਿੰਟ ਦੀ ਦਸਤਾਵੇਜ਼ੀ ਫਿਲਮ ਦਿਖਾਈ ਜਾਵੇਗੀ।ਇਸ ਮੌਕੇ ਬੋਲਦਿਆਂ ਵਿਧਾਇਕ ਸੁਖਵਿੰਦਰ ਸਿੰਘ ਸੁੱਖੀ ਅਤੇ ਸੰਤੋਸ਼ ਕਟਾਰੀਆ ਨੇ 650ਵੇਂ ਪ੍ਰਕਾਸ਼ ਪੁਰਬ ਦੀਆਂ ਵਧਾਈਆਂ ਦਿੱਤੀਆਂ ਅਤੇ ਇਸ ਵਿਸ਼ਾਲ ਰਾਜ-ਪੱਧਰੀ ਮੁਹਿੰਮ ਦੀ ਸ਼ੁਰੂਆਤ ਕਰਨ ਲਈ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਧੰਨਵਾਦ ਕੀਤਾ। ਇਸ ਮੁਹਿੰਮ ਦਾ ਉਦੇਸ਼ ਰਾਜ ਦੇ 23 ਜ਼ਿਲ੍ਹਿਆਂ ਦੇ ਲਗਭਗ 13,000 ਪਿੰਡਾਂ ਤੱਕ ਪਹੁੰਚ ਕਰਨਾ ਹੈ।

# ਸੈਣੀ ਨੇ 198 ਖਿਡਾਰੀਆਂ ਨੂੰ 20.59 ਕਰੋੜ ਦੇ ਨਕਦ ਇਨਾਮ ਨਾਲ ਕੀਤਾ ਸਨਮਾਨਤ




**ਚੰਡੀਗੜ੍ਹ (ਕ੍ਰਿਸ਼ਨ ਗਰਗ)**-ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਸਾਡਾ ਟੀਚਾ ਸਿਰਫ਼ ਤਗਮੇ ਜਿੱਤਣਾ ਨਹੀਂ, ਸਗੋਂ ਇੱਕ ਅਜਿਹਾ ਮਜ਼ਬੂਤ ਖੇਡ ਸੱਭਿਆਚਾਰ ਪੈਦਾ ਕਰਨਾ ਹੈ ਜਿੱਥੇ ਪ੍ਰਤਿਭਾ ਨੂੰ ਮੌਕਾ ਮਿਲੇ, ਮਿਹਨਤ ਨੂੰ ਸਨਮਾਨ ਮਿਲੇ ਅਤੇ ਹਰ ਨੌਜਵਾਨ ਨੂੰ ਆਪਣੇ ਸੁਪਨਿਆਂ ਨੂੰ ਸਾਕਾਰ ਕਰਨ ਦਾ ਵਿਸ਼ਵਾਸ ਮਿਲੇ। ਉਨ੍ਹਾਂ ਕਿਹਾ ਕਿ ਸਰਕਾਰ ਸਿਰਫ਼ ਇਨਾਮ ਨਹੀਂ ਦੇ ਰਹੀ, ਸਗੋਂ ਵਿਕਸਤ ਭਾਰਤ ਲਈ ਖੇਡ ਸ਼ਕਤੀ ਦੀ ਮਜ਼ਬੂਤ ਨੀਂਹ ਤਿਆਰ ਕਰ ਰਹੀ ਹੈ। ਮੁੱਖ ਮੰਤਰੀ ਨਾਇਬ ਸਿੰਘ ਸੈਣੀ ਮੰਗਲਵਾਰ ਨੂੰ ਪੀ ਡਬਲਯੂ ਡੀ ਰੈਸਟ ਹਾਊਸ, ਪੰਚਕੂਲਾ ਦੇ ਆਡੀਟੋਰੀਅਮ ਸੈਕਟਰ-1 ਵਿੱਚ ਰਾਜ ਦੇ ਉੱਤਮ ਖਿਡਾਰੀਆਂ ਦੇ ਸਨਮਾਨ ਵਿੱਚ ਆਯੋਜਿਤ ਨਕਦ ਇਨਾਮ ਵੰਡ ਸਮਾਰੋਹ ਵਿੱਚ ਮੁੱਖ ਮਹਿਮਾਨ ਵਜੋਂ ਸੰਬੋਧਿਤ ਕਰ ਰਹੇ ਸਨ। ਇਸ ਮੌਕੇ ਖੇਡ ਰਾਜ ਮੰਤਰੀ ਸ੍ਰੀ ਗੌਰਵ ਗੌਤਮ ਵੀ ਮੌਜੂਦ ਸਨ।ਇਸ ਮੌਕੇ ਮੁੱਖ ਮੰਤਰੀ ਨੇ ਰਾਜ ਦੇ ਅੰਤਰਰਾਸ਼ਟਰੀ ਅਤੇ ਰਾਸ਼ਟਰੀ ਪੱਧਰ ਦੇ ਪ੍ਰਮੁੱਖ ਖੇਡ ਮੁਕਾਬਲਿਆਂ ਵਿੱਚ ਤਗਮੇ ਜਿੱਤਣ ਵਾਲੇ ਅਤੇ ਹਿੱਸਾ ਲੈਣ ਵਾਲੇ 198 ਖਿਡਾਰੀਆਂ ਨੂੰ 20.59 ਕਰੋੜ ਰੁਪਏ ਦੀ ਨਕਦ ਇਨਾਮੀ ਰਕਮ ਦੇ ਕੇ ਸਨਮਾਨਤ ਕੀਤਾ।

# ਚੀਮਾ ਵੱਲੋਂ ਮੁਲਾਜ਼ਮ ਯੂਨੀਅਨਾਂ ਦੇ ਮੁੱਦਿਆਂ ਦੇ ਹੱਲ ਲਈ ਮੀਟਿੰਗ

**ਚੰਡੀਗੜ੍ਹ (ਗੁਰਜੀਤ ਬਿੱਲਾ)**-ਪੰਜਾਬ ਸਰਕਾਰ ਨੇ ਸੂਬੇ ਦੀਆਂ ਵੱਖ-ਵੱਖ ਮੁਲਾਜ਼ਮ ਐਸੋਸੀਏਸ਼ਨਾਂ ਅਤੇ ਯੂਨੀਅਨਾਂ ਦੀਆਂ ਜਾਇਜ਼ ਮੰਗਾਂ ਦੇ ਹੱਲ ਲਈ ਆਪਣੇ ਯਤਨ ਤੇਜ਼ ਕਰ ਦਿੱਤੇ ਹਨ। ਇੱਕ ਅਹਿਮ ਕਦਮ ਚੁੱਕਦਿਆਂ, ਮੀਟਿੰਗਾਂ ਦੌਰਾਨ ਸੌਂਪੇ ਗਏ ਮੰਗ ਪੱਤਰਾਂ ਦੀ ਬਾਰੀਕੀ ਨਾਲ ਸਮੀਖਿਆ ਕੀਤੀ ਗਈ ਅਤੇ ਮੁਲਜ਼ਮ ਯੂਨੀਅਨਾਂ ਵੱਲੋਂ ਉਠਾਈਆਂ ਗਈਆਂ ਪੇਸ਼ੇਵਰ ਅਤੇ ਵਿੱਤੀ ਸ਼ਿਕਾਇਤਾਂ ਦੇ ਹੱਲ ਲਈ ਵਿਚਾਰ ਚਰਚਾ ਕੀਤੀ ਗਈ।ਇਸ ਵਿਸਤ੍ਰਿਤ



ਪੰਜਾਬ ਦੇ ਵਿੱਤ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਦੀ ਅਗਵਾਈ ਵਾਲੀ ਕੈਬਨਿਟ ਸਬ-ਕਮੇਟੀ ਨੇ ਕਈ ਯੂਨੀਅਨਾਂ ਦੇ ਨੁਮਾਇੰਦਿਆਂ ਨਾਲ ਸਿੱਧੀ ਗੱਲਬਾਤ ਕਰਨ ਲਈ ਅਹਿਮ ਮੀਟਿੰਗਾਂ ਕੀਤੀਆਂ। ਇਨ੍ਹਾਂ ਗੱਲਬਾਤ ਦੌਰਾਨ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਸਿੱਖਿਆ ਕਾਮਿਆਂ ਨਾਲ ਵਿਸਥਾਰਪੂਰਵਕ ਵਿਚਾਰ-ਵਟਾਂਦਰਾ ਕੀਤਾ, ਜਿਸ ਵਿੱਚ 3704 ਅਧਿਆਪਕ ਯੂਨੀਅਨ, ਈ ਟੀ ਟੀ 2364 ਅਧਿਆਪਕ ਯੂਨੀਅਨ, ਈ ਟੀ ਟੀ ਟੈੱਟ ਪਾਸ ਅਧਿਆਪਕ ਯੂਨੀਅਨ (ਜੈ ਸਿੰਘ ਵਾਲਾ) ਅਤੇ 10 ਸਾਲ ਸਰਵਿਸ ਪੂਰੀ ਕਰ ਚੁੱਕੇ ਕੱਚੇ ਅਧਿਆਪਕ ਯੂਨੀਅਨ ਦੇ ਮੰਗ ਪੱਤਰਾਂ ਦੀ ਸਮੀਖਿਆ ਕੀਤੀ ਗਈ। ਮੀਟਿੰਗ ਵਿੱਚ ਤਨਖਾਹ ਨਿਰਧਾਰਣ, ਬਦਲੀਆਂ ਅਤੇ ਰੈਗੂਲਰ ਕਰਨ ਸਬੰਧੀ ਮੁੱਦਿਆਂ 'ਤੇ ਵਿਸਥਾਰ ਨਾਲ ਚਰਚਾ ਕੀਤੀ ਗਈ। ਉਠਾਏ ਗਏ ਮਸਲਿਆਂ ਦਾ ਤੁਰੰਤ ਨੋਟਿਸ ਲੈਂਦਿਆਂ ਵਿੱਤ ਮੰਤਰੀ ਨੇ ਵਿਭਾਗ ਨੂੰ ਇਨ੍ਹਾਂ ਜਾਇਜ਼ ਮੰਗਾਂ ਦਾ ਤੇਜ਼ੀ ਨਾਲ ਹੱਲ ਕਰਨ ਦੇ ਨਿਰਦੇਸ਼ ਦਿੱਤੇ।ਸਿੱਖਿਆ ਖੇਤਰ ਤੋਂ ਇਲਾਵਾ, ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਪੰਜਾਬ ਦੇ ਵਫ਼ਦ ਨਾਲ ਵੀ ਮੁਲਾਕਾਤ ਕੀਤੀ। ਐਸੋਸੀਏਸ਼ਨ ਨੇ ਸੂਬੇ ਵਿੱਚ ਮੈਡੀਕਲ ਪ੍ਰੈਕਟੀਸ਼ਨਰਾਂ ਵੱਲੋਂ ਨਿਭਾਈ ਜਾ ਰਹੀ ਅਹਿਮ ਭੂਮਿਕਾ ਨੂੰ ਦਰਸਾਉਂਦਾ ਇੱਕ ਵਿਸਤ੍ਰਿਤ ਮੰਗ ਪੱਤਰ ਸੌਂਪਿਆ। ਮੀਟਿੰਗ ਦੌਰਾਨ, ਵਿਸ਼ੇਸ਼ ਸਿਖਲਾਈ ਪ੍ਰੋਗਰਾਮਾਂ ਨੂੰ ਤੁਰੰਤ ਸ਼ੁਰੂ ਕਰਨ ਬਾਰੇ ਉਨ੍ਹਾਂ ਦੀ ਮੁੱਖ ਮੰਗ ਦਾ ਮੁਲਾਂਕਣ ਕੀਤਾ ਗਿਆ।

# ਪ੍ਰਕਾਸ਼ ਪੁਰਬ ਨੂੰ ਸਮਰਪਿਤ 3 ਡਾਕੂਮੈਂਟਰੀ ਵੈਨਾਂ ਰਵਾਨਾ

**ਜਲੰਧਰ (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)**-ਪੰਜਾਬ ਦੇ ਬਾਗਬਾਨੀ, ਸੁਤੰਤਰਤਾ ਸੈਨਾਨੀ ਅਤੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮੋਹਿੰਦਰ ਭਗਤ ਵੱਲੋਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਪੰਜਾਬ ਸਰਕਾਰ ਵੱਲੋਂ ਚਲਾਈਆਂ ਗਈਆਂ 3 ਡਾਕੂਮੈਂਟਰੀ ਵੈਨਾਂ ਨੂੰ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਲਈ ਸਥਾਨਕ ਰੈੱਡ ਕਰਾਸ ਭਵਨ ਤੋਂ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ ਗਿਆ।ਇਸ ਮੌਕੇ ਆਪਣੇ ਸੰਬੋਧਨ ਦੌਰਾਨ ਕੈਬਨਿਟ ਮੰਤਰੀ ਨੇ ਕਿਹਾ ਕਿ ਇਹ ਵੈਨਾਂ ਪਿੰਡ-ਪਿੰਡ ਜਾ ਕੇ ਲੋਕਾਂ ਨੂੰ ਸ੍ਰੀ ਗੁਰੂ ਰਵਿਦਾਸ ਦੇ ਜੀਵਨ, ਫਲਸਫੇ ਅਤੇ ਸਿੱਖਿਆਵਾਂ ਤੋਂ ਜਾਣੂ ਕਰਵਾਉਣਗੀਆਂ। ਉਨ੍ਹਾਂ ਕਿਹਾ ਕਿ ਇਨ੍ਹਾਂ ਵੈਨਾਂ ਜ਼ਰੀਏ ਗੁਰੂ ਜੀ ਦੇ ਸਰਬ ਸਾਂਝੀਵਾਲਤਾ, ਬਰਾਬਰੀ, ਸਮਾਜਿਕ ਨਿਆਂ ਅਤੇ ਵਿਸ਼ਵ ਭਾਈਚਾਰੇ ਦੇ ਸਦੀਵੀ ਸੰਦੇਸ਼ ਨੂੰ ਘਰ-ਘਰ ਪਹੁੰਚਾਇਆ ਜਾਵੇਗਾ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਦਿਵਿਆ ਪੀ ਵੀ ਮੌਜੂਦ ਸਨ ਭਗਤ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਵੱਡੇ ਪੱਧਰ 'ਤੇ ਮਨਾਉਣ ਦੀ



ਵਚਨਬੱਧਤਾ ਤਹਿਤ ਸੂਬੇ ਭਰ ਵਿੱਚ ਇਹ ਵੈਨਾਂ ਚਲਾਈਆਂ ਗਈਆਂ ਹਨ। ਉਨ੍ਹਾਂ ਦੱਸਿਆ ਕਿ ਐੱਲ ਈ ਡੀ ਸਕਰੀਨਾਂ ਨਾਲ ਲੈਸ ਇਨ੍ਹਾਂ ਵੈਨਾਂ ਰਾਹੀਂ ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ, ਫਲਸਫੇ ਅਤੇ ਸਿੱਖਿਆਵਾਂ 'ਤੇ ਆਧਾਰਿਤ ਦਸਤਾਵੇਜ਼ੀ ਫਿਲਮ ਦਿਖਾਈ ਜਾਵੇਗੀ। ਉਨ੍ਹਾਂ ਲੋਕਾਂ ਨੂੰ ਗੁਰੂ ਜੀ ਦੇ ਜੀਵਨ ਅਤੇ ਉਪਦੇਸ਼ 'ਤੇ ਆਧਾਰਿਤ ਦਸਤਾਵੇਜ਼ੀ ਫਿਲਮ ਦੇਖਣ ਲਈ ਵੱਡੀ ਗਿਣਤੀ ਵਿੱਚ ਸ਼ਾਮਲ ਹੋਣ ਦਾ ਸੱਦਾ ਦਿੱਤਾ।ਇਸ ਮੌਕੇ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ ਅਰੁਣ ਚੌਧਰੀ, ਸਕੱਤਰ ਰੈੱਡ ਕਰਾਸ ਸੁਸਾਇਟੀ ਡਾ. ਸੁਰਜੀਤ ਲਾਲ ਤੇ ਹੋਰ ਸ਼ਖਸੀਅਤਾਂ ਵੀ ਮੌਜੂਦ ਸਨ।